ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

ਚੜ੍ਹਦੀਕਲਾ

ਬੀਤੀ ਅੱਧੀ ਸਦੀ ਤੋਂ ਧਰੂ ਤਾਰੇ ਵਾਂਗ ਚਮਕ ਰਿਹਾ ਰੋਜ਼ਾਨਾ 'ਚੜ੍ਹਦੀਕਲਾ' ਅਖ਼ਬਾਰ

- ਦੇਸ਼ ਦੇ ਸਭ ਤੋਂ ਸੀਨੀਅਰ ਪੱਤਰਕਾਰਾਂ ਵਿਚੋਂ ਇੱਕ ਸ੍ਰ. ਜਗਜੀਤ ਸਿੰਘ ਦਰਦੀ ਦੀ ਯੋਗ ਰਹਿਨੁਮਾਈ
- ਬਿਨਾਂ ਕਿਸੇ ਸਿਆਸੀ ਦਬਾਅ ਜਾਂ ਲਾਲਚ ਤੋਂ ਨਿਰਪੱਖਤਾ ਅਤੇ ਨਿਡਰਤਾ ਨਾਲ ਲੋਕ ਮੁੱਦਿਆਂ ਨੂੰ ਪੇਸ਼ ਕਰਨਾ
- ਧਾਰਮਿਕ ਕੱਟੜਤਾ ਅਤੇ ਵਪਾਰਕ ਲਾਭਾਂ ਜਿਹੀ ਸੌੜੀ ਸੋਚ ਤੋਂ ਕੋਹਾਂ ਦੂਰ, ਕੌਮੀ ਹਿੱਤਾਂ ਨੂੰ ਸਮਰਪਿਤ ਸੋਚ
- ਪੇਸ਼ੇ ਪ੍ਰਤੀ ਇਮਾਨਦਾਰ, ਸਮਰਪਿਤ ਅਤੇ ਸੰਵੇਦਨਸ਼ੀਲ ਪੱਤਰਕਾਰ ਅਤੇ ਸੰਪਾਦਕ ਸਟਾਫ
- ਹਰ ਵਰਗ ਦੇ ਪਾਠਕਾਂ ਲਈ ਉਸਾਰੂ ਸਮੱਗਰੀ ਦੀ ਭਰਮਾਰ

ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ

ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ

ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ

ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ

ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Tuesday, 8 July, 2025) ਪਟਿਆਲਾ ਮੰਗਲਵਾਰ, 8 ਜੁਲਾਈ, 2025, 24 ਹਾੜ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 187 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com

## ਅਸ਼ਵਨੀ ਕੁਮਾਰ ਸ਼ਰਮਾ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਨਿਯੁਕਤ

ਚੰਡੀਗੜ੍ਹ, 7 ਜੁਲਾਈ (ਚੜ੍ਹਦੀਕਲਾ ਬਿਊਰੋ) : ਭਾਰਤੀ ਜਨਤਾ ਪਾਰਟੀ ਵੱਲੋਂ ਵਿਧਾਇਕ ਅਸ਼ਵਨੀ ਕੁਮਾਰ ਸ਼ਰਮਾ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਨੂੰ ਭਾਜਪਾ ਪੰਜਾਬ ਰਾਜ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਪੰਜਾਬ ਭਾਜਪਾ ਵੱਲੋਂ ਇਕ ਪੱਤਰ ਵੀ ਜਾਰੀ ਕੀਤਾ ਗਿਆ ਹੈ। ਭਾਜਪਾ ਨੇ ਆਪਣੇ ਪੱਤਰ ਵਿਚ ਲਿਖਿਆ ਹੈ ਕਿ ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਜਗਤ ਪ੍ਰਕਾਸ਼ ਨੱਡਾ ਨੇ ਵਿਧਾਇਕ ਸ੍ਰੀ ਅਸ਼ਵਨੀ ਕੁਮਾਰ ਸ਼ਰਮਾ ਨੂੰ ਭਾਰਤੀ ਜਨਤਾ ਪਾਰਟੀ ਪੰਜਾਬ ਰਾਜ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਹੈ।

### ਪੰਜਾਬ ਕੈਬਨਿਟ ਦੀ ਮੀਟਿੰਗ 'ਚ ਅਹਿਮ ਫ਼ੈਸਲੇ

## ਭਾਖੜਾ ਡੈਮ ਵਿਖੇ ਸੀ.ਆਈ.ਐਸ.ਐਫ. ਤਾਇਨਾਤ ਕਰਨ ਬਾਰੇ ਕਾਂਗਰਸ ਸਰਕਾਰ ਦਾ ਫ਼ੈਸਲਾ ਵਾਪਸ ਲਿਆ

### '3600 ਅਧਿਆਪਕ ਕੀਤੇ ਜਾਣਗੇ ਭਰਤੀ'



ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 7 ਜੁਲਾਈ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਵਜ਼ਾਰਤ ਨੇ ਅੱਜ ਇਕ ਮਹੱਤਵਪੂਰਨ ਕਦਮ ਚੁੱਕਦਿਆਂ ਕਾਂਗਰਸ ਸਰਕਾਰ ਵੱਲੋਂ ਭਾਖੜਾ ਡੈਮ 'ਤੇ ਕੇਂਦਰੀ ਉਦਯੋਗਿਕ ਸੁਰੱਖਿਆ ਬਲ (ਸੀ.ਆਈ.ਐਸ.ਐਫ.) ਤਾਇਨਾਤ ਕਰਨ ਦੇ ਫੈਸਲੇ ਨੂੰ ਵਾਪਸ ਲੈਣ ਦਾ ਫੈਸਲਾ ਲਿਆ।

ਇਸ ਸਬੰਧੀ ਫੈਸਲਾ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਪੰਜਾਬ ਸਿਵਲ ਸਕੱਤਰੇਤ-1 ਵਿਖੇ ਉਨ੍ਹਾਂ ਦੇ ਦਫਤਰ ਵਿਖੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਅੱਜ ਇੱਥੇ ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਕਿਹਾ ਕਿ ਮੰਤਰੀ ਮੰਡਲ ਨੇ ਇਸ ਗੱਲ 'ਤੇ ਦੁੱਖ ਪ੍ਰਗਟਾਇਆ ਕਿ ਤਤਕਾਲੀ ਕਾਂਗਰਸ ਸਰਕਾਰ ਨੇ 23 ਜੁਲਾਈ, 2021 ਨੂੰ ਆਪਣੇ ਫੈਸਲੇ ਰਾਹੀਂ ਭਾਖੜਾ ਡੈਮ 'ਤੇ ਸੀ.ਆਈ.ਐਸ.ਐਫ. ਤਾਇਨਾਤ ਕਰਨ ਲਈ ਆਪਹੁਦਰੇ ਢੰਗ ਨਾਲ ਪ੍ਰਵਾਨਗੀ ਦਿੱਤੀ ਸੀ। ਇਹ ਪੰਜਾਬ ਵਿਰੋਧੀ ਕਦਮ ਸੂਬੇ ਲਈ ਘੋਰ ਨਿਰਾਦਰ ਸੀ ਕਿਉਂਕਿ ਪੰਜਾਬ ਪੁਲਿਸ ਡੈਮਾਂ ਦੀ ਰਾਖੀ ਕਰਨ ਦੇ ਪੂਰੀ ਤਰ੍ਹਾਂ ਸਮਰੱਥ ਸੀ। ਅੱਜ ਮੰਤਰੀ ਮੰਡਲ ਨੇ ਸੂਬੇ ਦੇ ਵਡੇਰੇ ਹਿੱਤ ਵਿੱਚ ਇਸ ਫੈਸਲੇ ਨੂੰ ਵਾਪਸ ਲੈ ਲਿਆ। ਮੀਟਿੰਗ ਦੌਰਾਨ ਇਹ ਵੀ ਫੈਸਲਾ ਲਿਆ ਗਿਆ ਕਿ ਭਾਖੜਾ ਡੈਮ 'ਤੇ ਸੀ.ਆਈ.ਐਸ.ਐਫ. ਤਾਇਨਾਤ ਕਰਨ ਦੇ ਕਦਮ ਦੀ ਸਖ਼ਤ ਮੁਖਾਲਫਤ ਕਰਨ ਲਈ ਮਤਾ ਵਿਧਾਨ ਸਭਾ ਦੇ ਅਗਾਮੀ ਇਜਲਾਸ ਵਿੱਚ ਪਾਸ ਕੀਤਾ ਜਾਵੇਗਾ। ਮੰਤਰੀ ਮੰਡਲ ਨੇ ਡੈਮ (ਬਾਕੀ ਸਫਾ 2 'ਤੇ)

### ਲੁਧਿਆਣਾ ਅਤੇ ਗੁਜਰਾਤ ਦੀ ਜਿੱਤ ਨਾਲ ਸੈਮੀਫ਼ਾਈਨਲ ਕਲੀਅਰ

# ਹੁਣ 2027 'ਚ ਪੰਜਾਬ-ਗੁਜਰਾਤ ਵਿਚ 'ਆਪ' ਦੀ ਸਰਕਾਰ ਬਣਨੀ ਤੈਅ: ਕੇਜਰੀਵਾਲ

## 'ਆਪ' ਸਰਕਾਰ ਆਮ ਲੋਕਾਂ ਦੀ ਸਰਕਾਰ, ਇਸ ਨੂੰ ਆਮ ਲੋਕ ਹੀ ਚਲਾਉਣਗੇ: ਮਾਨ

ਜਤਿੰਦਰ ਪਾਲ ਸਿੰਘ ਛਾਬੜਾ
================



ਲੁਧਿਆਣਾ, 7 ਜੁਲਾਈ : ਜ਼ਿਮਨੀ ਚੋਣਾਂ ਵਿੱਚ ਵੱਡੀ ਜਿੱਤ ਤੋਂ ਬਾਅਦ, ਆਮ ਆਦਮੀ ਪਾਰਟੀ 'ਆਪ' ਨੇ ਲੁਧਿਆਣਾ ਵਿੱਚ 'ਧੰਨਵਾਦ ਸਭਾ' ਦਾ ਆਯੋਜਨ ਕੀਤਾ ਅਤੇ ਲੋਕਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਦੇ ਨਾਲ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਅਮਨ ਅਰੋੜਾ, ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ (ਸ਼ੈਰੀ ਕਲਸੀ) ਅਤੇ ਪਾਰਟੀ ਦੇ ਕਈ ਪ੍ਰਮੁੱਖ ਆਗੂ ਮੌਜੂਦ ਸਨ।

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਲੁਧਿਆਣਾ ਪੱਛਮੀ ਅਤੇ ਗੁਜਰਾਤ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ 'ਤੇ ਲੋਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਗੁਜਰਾਤ, ਜੋ ਕਿ ਭਾਰਤੀ ਜਨਤਾ ਪਾਰਟੀ ਦਾ ਗੜ੍ਹ ਹੈ, ਵਿੱਚ 'ਆਪ' ਉਮੀਦਵਾਰ ਨੇ 17,000 ਤੋਂ ਵੱਧ ਵੋਟਾਂ ਨਾਲ ਜਿੱਤ ਪ੍ਰਾਪਤ ਕੀਤੀ, ਜੋ ਕਿ ਬਹੁਤ ਮਹੱਤਵਪੂਰਨ ਹੈ।

ਕੇਜਰੀਵਾਲ ਨੇ ਕਿਹਾ ਕਿ ਭਾਜਪਾ ਗੁਜਰਾਤ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਤੋਂ ਇੰਨੀ ਗੁੱਸੇ ਵਿੱਚ ਸੀ ਕਿ ਉਹਨਾਂ ਨੇ ਤੁਰੰਤ ਸਾਡੀ ਪਾਰਟੀ ਦੇ ਇੱਕ ਵਿਧਾਇਕ ਨੂੰ ਗ੍ਰਿਫ਼ਤਾਰ ਕਰ ਲਿਆ। ਉਹਨਾਂ ਨੇ ਭਾਜਪਾ ਨੂੰ ਚੁਣੌਤੀ ਦਿੰਦੇ ਹੋਏ ਕਿਹਾ ਕਿ ਭਾਜਪਾ ਵਾਲੇ ਸਾਨੂੰ ਜਿੰਨਾ ਮਰਜ਼ੀ ਡਰਾਉਣ, ਅਸੀਂ ਡਰਨ ਵਾਲੇ ਨਹੀਂ ਹਾਂ। ਉਨ੍ਹਾਂ ਕਿਹਾ ਕਿ ਭਾਜਪਾ ਜਿੰਨੇ ਜ਼ਿਆਦਾ ਜ਼ੁਲਮ ਕਰੇਗੀ, ਜਨਤਾ ਓਨੀ ਹੀ ਮਜ਼ਬੂਤੀ ਨਾਲ ਆਮ ਆਦਮੀ ਪਾਰਟੀ ਨਾਲ ਖੜ੍ਹੀ ਹੋਵੇਗੀ।

ਕੇਜਰੀਵਾਲ ਨੇ ਕਿਹਾ ਕਿ ਲੁਧਿਆਣਾ ਅਤੇ ਗੁਜਰਾਤ ਜ਼ਿਮਨੀ ਚੋਣਾਂ 2027 ਦੀਆਂ ਚੋਣਾਂ ਦਾ ਸੈਮੀਫਾਈਨਲ ਹਨ। ਉਨ੍ਹਾਂ ਦਾਅਵਾ ਕੀਤਾ ਕਿ ਜਿਸ ਤਰ੍ਹਾਂ ਇਨ੍ਹਾਂ ਦੋਵਾਂ ਜ਼ਿਮਨੀ ਚੋਣਾਂ ਵਿੱਚ ਪਾਰਟੀ ਨੂੰ ਸਮਰਥਨ ਮਿਲਿਆ ਹੈ, ਉਸ ਤੋਂ ਇਹ ਸਪੱਸ਼ਟ ਹੋ ਗਿਆ ਹੈ ਕਿ 2027 ਵਿੱਚ ਆਮ ਆਦਮੀ ਪਾਰਟੀ ਪੰਜਾਬ ਅਤੇ ਗੁਜਰਾਤ ਵਿੱਚ ਭਾਰੀ ਬਹੁਮਤ ਨਾਲ ਸਰਕਾਰ ਬਣਾਏਗੀ।

ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਬਹੁਤ ਕੰਮ ਕੀਤਾ ਹੈ ਅਤੇ ਲੁਧਿਆਣਾ ਵਿੱਚ ਜਿੱਤ ਇਸ 'ਤੇ ਜਨਤਾ ਦੀ ਪ੍ਰਵਾਨਗੀ ਦੀ ਮੋਹਰ ਹੈ।

ਕੇਜਰੀਵਾਲ ਨੇ ਕਾਂਗਰਸ ਅਤੇ ਭਾਜਪਾ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਉਹਨਾਂ ਕੋਲ ਹੁਣ ਕੋਈ ਵੀ ਜਨਹਿੱਤ ਮੁੱਦਾ ਨਹੀਂ ਬਚਿਆ ਹੈ। ਉਹਨਾਂ ਨੇ ਕਿਹਾ ਕਿ ਅਸੀਂ ਲੁਧਿਆਣਾ ਜ਼ਿਮਨੀ ਚੋਣ ਵਿੱਚ ਸਿੱਖਿਆ, ਸਿਹਤ, ਸੜਕਾਂ, ਬਿਜਲੀ, ਪਾਣੀ ਅਤੇ ਨਸ਼ਾ ਛੁਡਾਊ ਦੀ ਗੱਲ ਕਰ ਰਹੇ ਸੀ, ਇਹ ਲੋਕ ਸਿਰਫ਼ ਇੱਕ ਹੀ ਗੱਲ ਕਹਿੰਦੇ ਸਨ ਕਿ ਕੇਜਰੀਵਾਲ ਨੂੰ ਰਾਜ ਸਭਾ ਵਿੱਚ ਜਾਣ ਤੋਂ ਰੋਕਣਾ ਹੈ।

ਉਹਨਾਂ ਨੇ ਕਿਹਾ ਕਿ ਵਿਰੋਧੀ ਧਿਰ ਨੇ ਮੇਰੇ ਰਾਜ ਸਭਾ ਜਾਣ ਦੀ ਅਫਵਾਹ ਸਿਰਫ ਜਨਤਾ ਨੂੰ ਗੁੰਮਰਾਹ ਕਰਨ ਲਈ ਫੈਲਾਈ ਸੀ। ਨਤੀਜੇ ਆਉਣ ਤੋਂ ਤੁਰੰਤ ਬਾਅਦ, ਮੈਂ ਪ੍ਰੈਸ ਕਾਨਫਰੰਸ ਕਰਕੇ ਸਪੱਸ਼ਟ ਕਰ ਦਿੱਤਾ ਸੀ ਕਿ ਮੈਂ ਰਾਜ ਸਭਾ ਨਹੀਂ ਜਾਵਾਂਗਾ। ਕੇਜਰੀਵਾਲ ਨੇ ਭਾਜਪਾ ਅਤੇ ਕਾਂਗਰਸ 'ਤੇ ਮਿਲੀਭੁਗਤ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਪਹਿਲਾਂ ਦਿੱਲੀ ਵਿੱਚ ਅਤੇ ਹੁਣ ਪੰਜਾਬ ਵਿੱਚ ਵੀ, ਉਹ ਸਾਂਝੇ ਤੌਰ 'ਤੇ ਆਮ ਆਦਮੀ ਪਾਰਟੀ ਦਾ ਵਿਰੋਧ ਕਰ ਰਹੇ ਹਨ।

ਉਨ੍ਹਾਂ ਪਿਛਲੀਆਂ ਕਾਂਗਰਸ, ਅਕਾਲੀ-ਭਾਜਪਾ ਸਰਕਾਰਾਂ 'ਤੇ ਪੰਜਾਬ ਵਿੱਚ ਨਸ਼ਾ ਫੈਲਾਉਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਸਰਕਾਰਾਂ ਨੇ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਜਾਲ ਵਿੱਚ ਫਸਾ ਕੇ ਬਰਬਾਦ ਕੀਤਾ, ਜਦੋਂ ਕਿ 'ਆਪ' ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਛੇੜੀ ਹੈ। ਉਨ੍ਹਾਂ ਕਿਹਾ ਕਿ ਅਸੀਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੇ ਹਾਂ ਅਤੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਸੁਟ ਰਹੇ ਹਾਂ।

ਕੇਜਰੀਵਾਲ ਨੇ ਅੱਗੇ ਕਿਹਾ ਕਿ ਜਦੋਂ 2017 ਵਿੱਚ ਸਰਵੇਖਣ ਕੀਤਾ ਗਿਆ ਸੀ, ਤਾਂ ਪੰਜਾਬ ਸਿੱਖਿਆ ਦੇ ਮਾਮਲੇ ਵਿੱਚ ਦੇਸ਼ ਵਿੱਚ 29ਵੇਂ ਸਥਾਨ 'ਤੇ ਸੀ, ਪਰ ਹੁਣ ਆਮ ਆਦਮੀ ਪਾਰਟੀ ਦੀ ਮਿਹਨਤ ਕਾਰਨ ਇਹ ਪਹਿਲੇ ਸਥਾਨ 'ਤੇ ਪਹੁੰਚ ਗਿਆ ਹੈ। (ਬਾਕੀ ਸਫਾ 2 'ਤੇ)

## ਸ਼ਾਂਤੀ ਦਾ ਸਮਾਂ ਸਿਰਫ਼ ਇੱਕ ਭਰਮ, ਹੋਰ ਕੁਝ ਨਹੀਂ: ਰਾਜਨਾਥ ਸਿੰਘ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 7 ਜੁਲਾਈ : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ 'ਆਪ੍ਰੇਸ਼ਨ ਸਿੰਦੂਰ' ਦੌਰਾਨ ਹਥਿਆਰਬੰਦ ਬਲਾਂ ਦੁਆਰਾ ਦਿਖਾਈ ਗਈ ਬਹਾਦਰੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸ਼ਾਂਤੀ ਦਾ ਸਮਾਂ ਇੱਕ 'ਭਰਮ' ਤੋਂ ਇਲਾਵਾ ਕੁਝ ਹੋਰ ਨਹੀਂ ਹੈ। ਭਾਰਤ ਨੂੰ ਮੁਕਾਬਲਤਨ ਸ਼ਾਂਤੀਪੂਰਨ ਸਮੇਂ ਦੌਰਾਨ ਅਨਿਸ਼ਚਿਤਤਾ ਲਈ ਤਿਆਰ ਰਹਿਣਾ ਚਾਹੀਦਾ ਹੈ। ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਸਿੰਘ ਨੇ ਕਿਹਾ ਕਿ ਆਪ੍ਰੇਸ਼ਨ ਵਿੱਚ ਸਵਦੇਸ਼ੀ ਤੌਰ 'ਤੇ ਨਿਰਮਿਤ ਉਪਕਰਣਾਂ ਅਤੇ ਪ੍ਰਣਾਲੀਆਂ ਦੇ ਪ੍ਰਦਰਸ਼ਨ ਨੇ ਭਾਰਤ ਵਿੱਚ ਬਣੇ ਫੌਜੀ ਉਤਪਾਦਾਂ ਦੀ ਵਿਸ਼ਵਵਿਆਪੀ ਮੰਗ ਨੂੰ ਵਧਾ ਦਿੱਤਾ ਹੈ। ਉਨ੍ਹਾਂ ਕਿਹਾ,'ਦੁਨੀਆਂ ਸਾਡੇ ਰੱਖਿਆ ਖੇਤਰ ਨੂੰ ਨਵੇਂ ਸਤਿਕਾਰ ਨਾਲ ਦੇਖ ਰਹੀ ਹੈ। ਵਿੱਤੀ ਪ੍ਰਕਿਰਿਆਵਾਂ ਵਿੱਚ ਇੱਕ ਵੀ ਦੇਰੀ ਜਾਂ ਗਲਤੀ ਸਿੱਧੇ ਤੌਰ 'ਤੇ ਕਾਰਜਸ਼ੀਲ ਤਿਆਰੀ ਨੂੰ ਪ੍ਰਭਾਵਿਤ ਕਰ ਸਕਦੀ ਹੈ।' ਸਿੰਘ ਨੇ ਕਿਹਾ,'ਜ਼ਿਆਦਾਤਰ ਉਪਕਰਣ ਜੋ ਅਸੀਂ ਪਹਿਲਾਂ ਆਯਾਤ ਕਰਦੇ ਸੀ, ਹੁਣ ਭਾਰਤ ਵਿੱਚ ਬਣਾਏ ਜਾ ਰਹੇ ਹਨ। ਸਾਡੇ ਸੁਧਾਰ ਉੱਚ ਪੱਧਰ 'ਤੇ ਸਪੱਸ਼ਟ ਦ੍ਰਿਸ਼ਟੀਕੋਣ ਅਤੇ ਵਚਨਬੱਧਤਾ ਕਾਰਨ ਸਫਲ ਹੋ ਰਹੇ ਹਨ।' ਰੱਖਿਆ ਮੰਤਰੀ ਡਿਫੈਂਸ ਅਕਾਊਂਟਸ ਡਿਪਾਰਟਮੈਂਟ (ਡੀ.ਏ.ਡੀ.) ਦੇ ਕੰਟਰੋਲਰਾਂ ਦੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਰੱਖਿਆ ਵਿਭਾਗ ਨੂੰ ਰੱਖਿਆ ਵਿੱਚ ਨਿੱਜੀ ਖੇਤਰ ਦੀ ਵਧਦੀ (ਬਾਕੀ ਸਫਾ 2 'ਤੇ)

### '84 ਸਿੱਖ ਨਸਲਕੁਸ਼ੀ ਮਾਮਲੇ 'ਚ ਸੱਜਣ ਕੁਮਾਰ ਆਪਣੇ ਗੁਨਾਹਾਂ ਤੋਂ ਮੁਕਰਿਆ

## 'ਜਦੋਂ ਨਸਲਕੁਸ਼ੀ ਹੋਈ ਉਸ ਵੇਲੇ ਮੈਂ ਮੌਕੇ 'ਤੇ ਮੌਜੂਦ ਨਹੀਂ ਸੀ'

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 7 ਜੁਲਾਈ :ਦਿੱਲੀ ਦੀ ਇਕ ਕੋਰਟ ਨੇ ਸੋਮਵਾਰ ਨੂੰ 1984 ਸਿੱਖ ਵਿਰੋਧੀ ਦੰਗਿਆਂ ਦੌਰਾਨ ਰਾਜਧਾਨੀ ਦੇ ਜਨਕਪੁਰੀ ਅਤੇ ਵਿਕਾਸਪੁਰੀ ਇਲਾਕਿਆਂ 'ਚ ਹੋਈ ਹਿੰਸਾ ਦੇ ਮਾਮਲੇ ਵਿਚ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਦਾ ਬਿਆਨ ਦਰਜ ਕੀਤਾ ਹੈ। ਸੱਜਣ ਕੁਮਾਰ ਨੇ ਕੋਰਟ ਵਿਚ ਦਾਅਵਾ ਕੀਤਾ ਹੈ ਕਿ ਉਹ ਬੇਕਸੂਰ ਹੈ। ਮੇਰੇ ਖਿਲਾਫ਼ ਇਕ ਵੀ ਸਬੂਤ ਨਹੀਂ ਹੈ। ਵਿਸ਼ੇਸ਼ ਜੱਜ ਦਿਗ ਵਿਨਯ ਸਿੰਘ ਨੇ ਸੱਜਣ ਦਾ ਬਿਆਨ ਦਰਜ ਕੀਤਾ ਹੈ। ਸੱਜਣ ਕੁਮਾਰ ਨੇ ਅੱਗੇ ਕਿਹਾ ਕਿ ਨਿਰਪੱਖ ਜਾਂਚ ਨਹੀਂ ਕੀਤੀ ਗਈ ਸੀ ਅਤੇ ਉਨ੍ਹਾਂ ਨੂੰ ਬੇਬੁਨਿਆਦ ਦੋਸ਼ਾਂ ਨਾਲ ਫਸਾਇਆ ਜਾ ਰਿਹਾ। ਕਿਸੇ ਵੀ ਗਵਾਹ ਨੇ ਮੇਰਾ ਨਾਂ ਨਹੀਂ ਲਿਆ। ਦਹਾਕਿਆਂ ਬਾਅਦ ਮੇਰਾ ਨਾਂ ਲਿਆ ਗਿਆ। ਮੇਰੇ ਖਿਲਾਫ਼ ਕੇਸ ਝੂਠਾ ਅਤੇ ਸਿਆਸਤ ਤੋਂ ਪ੍ਰੇਰਿਤ ਹੈ। ਸੱਜਣ ਨੇ ਕਿਹਾ ਕਿ ਮੇਰਾ ਲਾਈਵ ਡਿਟੈਕਟਰ ਟੈਸਟ ਕੀਤਾ ਗਿਆ, ਜਿੱਥੇ ਮੈਂ ਖੁਦ ਨੂੰ ਬੇਕਸੂਰ ਸਾਬਤ ਕਰਨ ਲਈ ਸਵੈ-ਇੱਛਾ ਨਾਲ ਹਿੱਸਾ ਲਿਆ। ਹਾਲਾਂਕਿ ਸੱਜਣ ਕੁਮਾਰ ਵਲੋਂ ਬਿਆਨ ਦਰਜ ਕਰਨ ਮਗਰੋਂ ਕੋਰਟ ਨੇ ਸੁਣਵਾਈ ਮਗਰੋਂ ਅਗਲੀ ਤਾਰੀਖ਼ 29 ਜੁਲਾਈ ਨੂੰ ਸੁਣਵਾਈ ਕਰਨ ਲਈ ਮੁਕਰਰ ਕੀਤੀ ਹੈ। ਦਰਅਸਲ 9 ਨਵੰਬਰ, 2023 ਨੂੰ ਇਸ ਮਾਮਲੇ ਦੀ ਪੀੜਤ ਮਨਜੀਤ ਕੌਰ ਨੇ ਆਪਣਾ ਬਿਆਨ ਦਰਜ ਕਰਵਾਇਆ ਸੀ। ਬਿਆਨ ਵਿੱਚ ਮਨਜੀਤ ਕੌਰ ਨੇ ਕਿਹਾ ਸੀ ਕਿ ਮੈਂ ਭੀੜ ਦੇ ਲੋਕਾਂ ਤੋਂ ਸੁਣਿਆ ਸੀ ਕਿ ਸੱਜਣ ਕੁਮਾਰ ਭੀੜ ਵਿੱਚ ਸ਼ਾਮਲ ਸੀ, ਪਰ ਮੈਂ ਸੱਜਣ ਕੁਮਾਰ ਨੂੰ ਆਪਣੀਆਂ ਅੱਖਾਂ ਨਾਲ ਨਹੀਂ ਦੇਖਿਆ ਸੀ। ਇਸ ਤੋਂ ਪਹਿਲਾਂ 23 ਅਗਸਤ, 2023 ਨੂੰ ਅਦਾਲਤ ਨੇ ਸੱਜਣ ਕੁਮਾਰ ਵਿਰੁਧ ਦੋਸ਼ ਤੈਅ ਕੀਤੇ ਸਨ। ਅਦਾਲਤ ਨੇ ਸੱਜਣ ਕੁਮਾਰ ਵਿਰੁੱਧ (ਬਾਕੀ ਸਫਾ 2 'ਤੇ)

## ਆਲਮੀ ਪੱਧਰ 'ਤੇ ਮੰਗ ਘਟਣ ਕਾਰਨ ਸੋਨੇ ਦੀਆਂ ਕੀਮਤਾਂ ਡਿੱਗੀਆਂ



ਨਵੀਂ ਦਿੱਲੀ, 7 ਜੁਲਾਈ (ਚੜ੍ਹਦੀਕਲਾ ਬਿਊਰੋ) : ਆਲਮੀ ਰੁਝਾਨਾਂ ਵਿੱਚ ਕਮੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਲਗਾਤਾਰ ਟੈਕਸ ਧਮਕੀਆਂ ਦੇ ਮੱਦੇਨਜ਼ਰ ਕੌਮੀ ਰਾਜਧਾਨੀ ਵਿੱਚ ਸੋਮਵਾਰ ਨੂੰ ਸੋਨੇ ਦੀਆਂ ਕੀਮਤਾਂ 550 ਰੁਪਏ ਘੱਟ ਕੇ 98,570 ਰੁਪਏ ਪ੍ਰਤੀ 10 ਗ੍ਰਾਮ 'ਤੇ ਆ ਗਈਆਂ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਅਨੁਸਾਰ 99.9 ਪ੍ਰਤੀਸ਼ਤ ਸ਼ੁੱਧਤਾ ਵਾਲੀ ਕੀਮਤੀ ਧਾਤੂ ਸ਼ਨਿੱਚਰਵਾਰ ਨੂੰ 99,120 ਰੁਪਏ (ਬਾਕੀ ਸਫਾ 2 'ਤੇ)

### ਭਾਜਪਾ ਸਾਂਸਦ ਨਿਸ਼ੀਕਾਂਤ ਦੂਬੇ ਦਾ ਵੱਡਾ ਦਾਅਵਾ

## 'ਆਪ੍ਰੇਸ਼ਨ ਬਲੂਸਟਾਰ 'ਚ ਸ਼ਾਮਲ ਸਨ ਬ੍ਰਿਟਿਸ਼ ਅਧਿਕਾਰੀ'

ਚੜ੍ਹਦੀਕਲਾ ਬਿਊਰੋ
================



ਗੁਹਾਟੀ, 7 ਜੁਲਾਈ : ਭਾਜਪਾ ਸਾਂਸਦ ਨਿਸ਼ੀਕਾਂਤ ਨੇ ਨਵੀਂ ਚਰਚਾ ਛੇੜ ਦਿੱਤੀ ਹੈ। ਭਾਜਪਾ ਸਾਂਸਦ ਵੱਲੋਂ ਵੱਡਾ ਦਾਅਵਾ ਕੀਤਾ ਗਿਆ ਹੈ। ਉਨ੍ਹਾਂ ਟਵੀਟ ਕਰਕੇ ਕਿਹਾ ਕਿ ਆਪ੍ਰੇਸ਼ਨ ਬਲੂਸਟਾਰ 'ਚ ਬ੍ਰਿਟਿਸ਼ ਅਧਿਕਾਰੀ ਸ਼ਾਮਿਲ ਸਨ।

ਕਾਂਗਰਸ ਸਰਕਾਰ 'ਤੇ ਸਿੱਖਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਦੇ ਇਲਜ਼ਾਮ ਹਨ। ਉਨ੍ਹਾਂ ਕਿਹਾ ਕਿ 1984 ਵਿਚ ਸ੍ਰੀ ਹਰਿਮੰਦਰ ਸਾਹਿਬ 'ਤੇ ਇੰਦਰਾ ਗਾਂਧੀ ਨੇ ਬ੍ਰਿਟੇਨ ਨਾਲ ਮਿਲ ਕੇ ਹਮਲਾ ਕੀਤਾ। ਬ੍ਰਿਟੇਨ ਦੀ ਫੌਜ ਦੇ ਅਧਿਕਾਰੀ ਉਸ ਸਮੇਂ ਅੰਮ੍ਰਿਤਸਰ ਵਿਚ ਮੌਜੂਦ ਸਨ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਨੇ ਸਿੱਖਾਂ ਨੂੰ ਖਿਡੌਣੇ ਵਾਂਗ ਇਸਤੇਮਾਲ ਕੀਤਾ।ਗੋਲਡਨ ਟੈਂਪਲ 'ਤੇ 1984 ਦੇ ਹਮਲੇ ਤੇ ਨਿਰਦੋਸ਼ ਸ਼ਰਧਾਲੂਆਂ ਨੂੰ ਮਾਰਨ ਸਮੇਂ ਰਾਸ਼ਟਰੀ (ਬਾਕੀ ਸਫਾ 2 'ਤੇ)

## ਪੰਜਾਬ 'ਚ 3 ਦਿਨਾਂ ਲਈ ਨਹੀਂ ਚੱਲਣਗੀਆਂ ਸਰਕਾਰੀ ਬੱਸਾਂ !

ਚੰਡੀਗੜ੍ਹ, 7 ਜੁਲਾਈ (ਚੜ੍ਹਦੀਕਲਾ ਬਿਊਰੋ) : ਸਰਕਾਰੀ ਬੱਸਾਂ ਵਿਚ ਸਫਰ ਕਰਨ ਵਾਲਿਆਂ ਨਾਲ ਜੁੜੀ ਵੱਡੀ ਖਬਰ ਸਾਹਮਣੇ ਆਈ ਹੈ। ਪੰਜਾਬ ਵਿਚ ਚੱਕਾ ਜਾਮ ਕੀਤਾ ਜਾਵੇਗਾ। 9, 10 ਤੇ 11 ਜੁਲਾਈ ਨੂੰ ਸਰਕਾਰੀ ਬੱਸਾਂ ਨਹੀਂ ਚੱਲਣਗੀਆਂ। ਪੀ.ਆਰ.ਟੀ.ਸੀ., ਪਨਬਸ ਤੇ ਪੰਜਾਬ ਰੋਡਵੇਜ਼ ਬੱਸ ਦੇ ਠੇਕਾ ਮੁਲਾਜ਼ਮਾਂ ਵੱਲੋਂ ਹੜਤਾਲ ਕੀਤੀ ਜਾਵੇਗੀ। ਜਾਣਕਾਰੀ ਦਿੰਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਦੱਸਿਆ ਕਿ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਠੇਕੇਦਾਰ ਨੂੰ ਵਿਭਾਗ ਵਿਚੋਂ ਬਾਹਰ ਕੱਢਣ, ਕਿਲੋਮੀਟਰ ਸਕੀਮ ਦੀਆਂ ਬੱਸਾਂ ਦੀ ਯੋਜਨਾ ਨੂੰ ਬੰਦ ਕਰਨ, ਵਿਭਾਗ ਵਿਚ ਨਵੀਆਂ ਬੱਸਾਂ ਪਾਉਣ ਵਰਗੀਆਂ ਪੈਂਡਿੰਗ ਮੰਗਾਂ ਨੂੰ ਲੈ ਕੇ 3 ਦਿਨਾਂ ਲਈ ਸਰਕਾਰੀ ਬੱਸਾਂ ਦੀ ਹੜਤਾਲ (ਬਾਕੀ ਸਫਾ 2 'ਤੇ)

## ਦਸੂਹਾ 'ਚ ਬੱਸ ਤੇ ਕਾਰ ਵਿਚਾਲੇ ਟੱਕਰ ਦੌਰਾਨ 8 ਦੀ ਮੌਤ

ਚੜ੍ਹਦੀਕਲਾ ਬਿਊਰੋ
================



ਹੁਸ਼ਿਆਰਪੁਰ/ਟਾਂਡਾ/ਦਸੂਹਾ,7 ਜੁਲਾਈ : ਹੁਸ਼ਿਆਰਪੁਰ ਦੇ ਦਸੂਹਾ ਵਿਚ ਭਿਆਨਕ ਹਾਦਸਾ ਵਾਪਰਨ ਦੀ ਵੱਡੀ ਖ਼ਬਰ ਸਾਹਮਣੇ ਆਈ ਹੈ। ਇਸ ਹਾਦਸੇ ਵਿਚ 8 ਲੋਕਾਂ ਦੀ ਦਰਦਨਾਕ ਮੌਤ ਹੋ ਗਈ ਜਦਕਿ 32 ਲੋਕ ਜ਼ਖ਼ਮੀ ਹੋ ਗਏ। ਮਿਲੀ ਜਾਣਕਾਰੀ ਮੁਤਾਬਕ ਦਸੂਹਾ ਦੇ ਪਿੰਡ ਸਗਰਾ ਨੇੜੇ ਨਿੱਜੀ ਬੱਸ ਅਤੇ ਕਾਰ ਵਿਚਾਲੇ ਭਿਆਨਕ ਟੱਕਰ ਹੋਣ ਕਾਰਨ ਦਰਦਨਾਕ ਹਾਦਸਾ ਵਾਪਰ ਗਿਆ। ਦੱਸਿਆ ਜਾ ਰਿਹਾ ਹੈ ਕਿ ਉਕਤ ਬੱਸ ਤਲਵਾੜਾ ਤੋਂ ਦਸੂਹਾ ਵੱਲ ਜਾ ਰਹੀ ਸੀ ਕਿ ਹਾਦਸੇ ਦਾ ਸ਼ਿਕਾਰ ਹੋ ਗਈ। ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਹੈ। ਹਾਦਸੇ ਵਿਚ 8 ਲੋਕਾਂ ਦੀ ਦਰਦਨਾਕ ਮੌਤ ਹੋਈ ਹੈ। ਮੌਕੇ ਉਤੇ ਪਹੁੰਚੀ ਪੁਲਿਸ ਨੇ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਹਾਦਸਾ ਇੰਨਾ ਭਿਆਨਕ ਸੀ ਕਿ ਦੋਵੇਂ ਵਾਹਨ ਪਲਟ ਗਏ। ਪ੍ਰਾਪਤ ਸੂਚਨਾ ਅਨੁਸਾਰ ਅੱਜ ਸਵੇਰੇ ਲਗਭਗ 10 ਵਜੇ ਕਰਤਾਰ ਬੱਸ ਨੰਬਰ ਪੀ. ਬੀ. 07 ਐਕਸ 6091 ਹਾਜੀਪੁਰ ਤੋਂ ਦਸੂਹਾ ਵੱਲ ਆ ਰਹੀ ਸੀ ਤਾਂ ਜਦੋਂ ਪਿੰਡ ਸੱਗਰਾਂ ਕੋਲੋਂ ਪਹੁੰਚੀ ਤਾਂ ਬੱਸ ਬੇਕਾਬੂ ਹੋ ਕੇ ਕਾਰ ਨਾਲ ਟਕਰਾ ਗਈ। ਇਸ ਤੋਂ ਬਾਅਦ ਬੱਸ ਪਲਟ ਗਈ।

ਬੱਸ ਪਲਟਣ ਨਾਲ ਬੱਸ ਵਿੱਚ ਚੀਕ-ਚਿਹਾੜਾ ਪੈ ਗਿਆ ਅਤੇ ਪਿੰਡ ਸਗਰਾ ਅਤੇ ਆਸਪਾਸ ਦੇ ਲੋਕਾਂ ਨੇ ਬੱਸ ਵਿੱਚੋਂ ਜ਼ਖ਼ਮੀ ਸਵਾਰੀਆਂ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ ਅਤੇ ਕੁਝ ਸਵਾਰੀਆਂ ਨੂੰ ਬਾਹਰ ਕੱਢਿਆ ਅਤੇ ਫਿਰ ਜੇ.ਸੀ.ਬੀ. ਨਾਲ ਦਸੂਹਾ ਪੁਲਿਸ ਅਤੇ ਐੱਸ.ਐੱਸ.ਐੱਫ. ਅਤੇ ਹਾਜ਼ਰ ਲੋਕਾਂ ਦੀ ਮਦਦ ਨਾਲ ਬੱਸ ਦੇ ਇਕ ਹਿੱਸੇ ਨੂੰ ਜੇ. ਸੀ. ਬੀ. ਨਾਲ ਤੋੜ ਕੇ ਜ਼ਖ਼ਮੀਆ ਨੂੰ ਬਾਹਰ ਕੱਢਿਆ। ਇਸ ਹਾਦਸੇ ਵਿੱਚ ਹੁਣ 8 ਸਵਾਰੀਆਂ ਦੀ ਮੌਤ ਹੋ ਚੁੱਕੀ ਹੈ, ਜਿਨ੍ਹਾਂ 'ਚ ਗੁਰਮੀਤ ਰਾਮ ਪੁੱਤਰ ਬਚਨਾ ਰਾਮ ਸਿੰਘ ਵਾਸੀ ਹਲੇੜ ਘੋਗਰਾ, 5 ਸਾਲਾ ਬੱਚੀ ਰੱਜੂ ਪੁੱਤਰੀ ਅਸ਼ਰਫ ਵਾਸੀ ਪਿੰਡ ਬੁੱਢਾਬੜ, ਸਤਵਿੰਦਰ ਕੌਰ ਵਾਸੀ ਜਲਾਲਚੱਕ, ਲਵ ਕੁਮਾਰ ਪੁੱਤਰ ਦਰਸ਼ਨ ਸਿੰਘ ਘਾਟੀ (ਬਾਕੀ ਸਫਾ 2 'ਤੇ)

## ਬਰਖ਼ਾਸਤ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਦੀ ਜ਼ਮਾਨਤ ਪਟੀਸ਼ਨ ਰੱਦ

ਬਠਿੰਡਾ , 7 ਜੁਲਾਈ (ਚੜ੍ਹਦੀਕਲਾ ਬਿਊਰੋ) : ਪੰਜਾਬ ਦੇ ਬਠਿੰਡਾ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਮਲੇ ਕਾਰਨ ਖ਼ਬਰਾਂ ਵਿੱਚ ਆਈ ਪੰਜਾਬ ਪੁਲਿਸ ਦੀ ਬਰਖਾਸਤ ਮਹਿਲਾ ਕਾਂਸਟੇਬਲ ਅਤੇ ਥਾਰ ਵਾਲੀ ਬੀਬੀ ਅਮਨਦੀਪ ਕੌਰ ਦੀਆਂ ਮੁਸ਼ਕਲਾਂ ਘੱਟ ਹੋਣ ਦਾ ਨਾਮ ਨਹੀਂ ਲੈ ਰਹੀਆਂ ਹਨ। ਥਾਰ ਦੇ ਕਾਂਸਟੇਬਲ ਨੂੰ ਵਿਜੀਲੈਂਸ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਕੋਈ ਰਾਹਤ ਨਹੀਂ ਮਿਲੀ ਹੈ। ਬਰਖਾਸਤ ਕੀਤੇ ਗਏ ਕਾਂਸਟੇਬਲ ਨੇ ਅਦਾਲਤ ਵਿੱਚ ਜ਼ਮਾਨਤ ਲਈ ਪਟੀਸ਼ਨ ਦਾਇਰ ਕੀਤੀ ਸੀ, ਪਰ ਅਦਾਲਤ ਨੇ ਉਸ ਦੀ ਪਟੀਸ਼ਨ ਰੱਦ ਕਰ ਦਿੱਤੀ ਹੈ। ਅਮਨਦੀਪ ਕੌਰ ਇਸ ਸਮੇਂ ਬਠਿੰਡਾ ਜੇਲ੍ਹ ਵਿੱਚ ਬੰਦ ਹੈ, ਜਿਸ ਨੂੰ ਵਿਜੀਲੈਂਸ ਬਿਊਰੋ ਦੀ ਟੀਮ ਨੇ 26 ਮਈ ਨੂੰ ਪਿੰਡ ਬਾਦਲ ਦੇ ਇੱਕ ਮਸ਼ਹੂਰ ਗਾਇਕਾ ਦੇ (ਬਾਕੀ ਸਫਾ 2 'ਤੇ)

## ਪੰਜਾਬ 'ਚ 11 ਜੁਲਾਈ ਤੱਕ ਮੀਂਹ ਅਤੇ ਅਸਮਾਨੀ ਬਿਜਲੀ ਡਿੱਗਣ ਦੀ ਚੇਤਾਵਨੀ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 7 ਜੁਲਾਈ :ਪੰਜਾਬ 'ਚ ਮੌਸਮ ਨੇ ਇਕ ਵਾਰ ਫਿਰ ਆਪਣਾ ਰੁਖ ਬਦਲਿਆ ਹੈ। ਭਾਰਤੀ ਮੌਸਮ ਵਿਭਾਗ ਨੇ 11 ਜੁਲਾਈ, 2025 ਤੱਕ ਪੰਜਾਬ 'ਚ ਮੌਸਮ ਸਬੰਧੀ ਚਿਤਾਵਨੀਆਂ ਜਾਰੀ ਕੀਤੀਆਂ ਹਨ। ਮੌਸਮ ਵਿਭਾਗ ਵੱਲੋਂ ਅੱਜ ਪੰਜਾਬ ਦੇ ਕਈ ਹਿੱਸਿਆਂ ਵਿੱਚ ਮੀਂਹ ਅਤੇ ਅਸਮਾਨੀ ਬਿਜਲੀ ਦੀ ਸੰਭਾਵਨਾ ਜਤਾਈ ਗਈ ਹੈ। ਵਿਭਾਗ ਦੀ ਭਵਿੱਖਬਾਣੀ ਮੁਤਾਬਕ ਮਾਨਸਾ, ਸੰਗਰੂਰ, ਬਰਨਾਲਾ, ਬਠਿੰਡਾ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਤਰਨ ਤਾਰਨ ਅਤੇ ਮੋਗਾ ਜ਼ਿਲ੍ਹਿਆਂ ਵਿੱਚ ਦਰਮਿਆਨਾ ਮੀਂਹ ਪੈਣ ਦੀ ਸੰਭਾਵਨਾ ਹੈ। ਇਸ ਦੌਰਾਨ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲ ਸਕਦੀਆਂ ਹਨ ਅਤੇ ਕੁਝ ਹਿੱਸਿਆਂ ਵਿੱਚ ਅਸਮਾਨੀ ਬਿਜਲੀ ਲਿਸ਼ਕਣ ਦੀ ਵੀ ਚੇਤਾਵਨੀ ਦਿੱਤੀ ਗਈ ਹੈ।ਇਹ ਮੌਸਮ ਤਬਦੀਲੀ ਨਾ ਸਿਰਫ਼ ਆਮ ਲੋਕਾਂ ਲਈ ਸਾਵਧਾਨੀ ਦੀ ਲੋੜ ਬਣਾਈ ਹੋਈ ਹੈ, ਸਗੋਂ ਕਿਸਾਨਾਂ ਵਾਸਤੇ ਵੀ ਇੱਕ ਚੁਣੌਤੀਪੂਰਨ ਘੜੀ ਸਾਬਤ ਹੋ ਸਕਦੀ ਹੈ। 8 ਜੁਲਾਈ ਨੂੰ ਜ਼ਿਲ੍ਹਾ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਹੁਸ਼ਿਆਰਪੁਰ, ਰੂਪਨਗਰ, ਐੱਸ.ਏ.ਐੱਸ. ਨਗਰ, ਪਟਿਆਲਾ, ਸੰਗਰੂਰ, ਫਰੀਦਕੋਟ, ਫਾਜ਼ਿਲਕਾ ਆਦਿ ਜ਼ਿਲ੍ਹਿਆਂ ਵਿੱਚ ਮੀਂਹ ਦੀ ਸੰਭਾਵਨਾ ਜਤਾਈ ਗਈ ਹੈ। 9 ਜੁਲਾਈ ਨੂੰ ਕੁਝ ਜ਼ਿਲ੍ਹਿਆਂ ਵਿੱਚ ਮੀਂਹ ਦੀ ਸੰਭਾਵਨਾ ਹੈ। ਉੱਥੇ ਵਿਭਾਗ ਨੇ 10 ਅਤੇ 11 ਜੁਲਾਈ ਨੂੰ ਪੂਰੇ ਪੰਜਾਬ ਵਿੱਚ ਕੋਈ ਚਿਤਾਵਨੀ ਨਹੀਂ ਦਿੱਤੀ।

## ਪੂਰੇ ਦੇਸ਼ 'ਚ ਹੀ ਮਾਨਸੂਨ ਨੇ ਕੀਤਾ ਬੁਰਾ ਹਾਲ

ਨਵੀਂ ਦਿੱਲੀ, 7 ਜੁਲਾਈ (ਚੜ੍ਹਦੀਕਲਾ ਬਿਊਰੋ) : ਉਤਰਾਖੰਡ ਵਿੱਚ ਭਾਰੀ ਮੀਂਹ ਜਾਰੀ ਹੈ। ਉੱਤਰਕਾਸ਼ੀ ਦੇ ਯਮੁਨੋਤਰੀ ਹਾਈਵੇਅ 'ਤੇ ਓਜਰੀ ਖੇਤਰ ਵਿਚ ਪੁਲ ਦੇ ਵਹਿ ਜਾਣ ਕਾਰਨ ਆਲੇ-ਦੁਆਲੇ ਦੇ ਇਲਾਕਿਆਂ ਨਾਲ ਸੜਕ ਸੰਪਰਕ ਟੁੱਟ ਗਿਆ ਹੈ। ਭਾਰੀ ਮੀਂਹ ਤੋਂ ਬਾਅਦ ਜ਼ਮੀਨ ਖਿਸਕਣ ਕਾਰਨ ਬਦਰੀਨਾਥ ਹਾਈਵੇਅ ਬੰਦ ਹੋ ਗਿਆ ਹੈ। ਮੱਧ ਪ੍ਰਦੇਸ਼ ਦੇ ਸ਼ਹਿਦੋਲ ਵਿੱਚ ਪਿਛਲੇ 24 ਘੰਟਿਆਂ ਵਿੱਚ 4 ਇੰਚ ਮੀਂਹ ਪਿਆ। ਅੱਧੀ ਰਾਤ ਨੂੰ 3 ਹਜ਼ਾਰ ਤੋਂ ਵੱਧ ਘਰ ਪਾਣੀ ਵਿੱਚ ਡੁੱਬ ਗਏ। ਹਸਪਤਾਲ ਵਿੱਚ ਪਾਣੀ ਭਰ ਜਾਣ ਕਾਰਨ ਮਰੀਜ਼ਾਂ ਨੂੰ ਹੋਰ ਥਾਂ ਤਬਦੀਲ ਕਰਨਾ ਪਿਆ। (ਬਾਕੀ ਸਫਾ 2 'ਤੇ)

## ਅਬੋਹਰ 'ਚ ਕੱਪੜਾ ਵਪਾਰੀ ਦਾ ਤਿੰਨ ਮੋਟਰਸਾਈਕਲ ਸਵਾਰਾਂ ਵੱਲੋਂ ਗੋਲ਼ੀਆਂ ਮਾਰ ਕੇ ਕਤਲ

### ਲਾਰੈਂਸ ਗਰੁੱਪ ਨੇ ਲਈ ਜ਼ਿੰਮੇਵਾਰੀ

ਚੜ੍ਹਦੀਕਲਾ ਬਿਊਰੋ
================



ਅਬੋਹਰ ,7 ਜੁਲਾਈ : ਉੱਤਰ ਭਾਰਤ ਦੇ ਪ੍ਰਸਿੱਧ ਡਰੈੱਸ ਡਿਜ਼ਾਈਨਰ ਜਗਤ ਵਰਮਾ ਦੇ ਭਰਾ ਸੰਜੇ ਵਰਮਾ ਨੂੰ ਅੱਜ ਸਵੇਰੇ ਕਰੀਬ ਸਵਾ ਦਸ ਵਜੇ ਮੋਟਰਸਾਈਕਲ 'ਤੇ ਆਏ ਤਿੰਨ ਹਮਲਾਵਰਾਂ ਨੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਹਮਲਾ ਹੋਣ ਦੀ ਸੂਚਨਾ ਮਿਲਦੇ ਹੀ ਸ਼ਹਿਰ ਵਿਚ ਸੋਗ ਦੀ ਲਹਿਰ ਦੌੜ ਗਈ ਅਤੇ ਡਰ ਦਾ ਮਾਹੌਲ ਪੈਦਾ ਹੋ ਗਿਆ। ਸੰਜੇ ਵਰਮਾ ਕਰੀਬ ਤਿੰਨ ਦਹਾਕਿਆਂ ਤੋਂ ਡਰੈਸ ਡਿਜ਼ਾਈਨਿੰਗ ਵਿਚ ਉੱਤਰ ਭਾਰਤ ਵਿਚ ਇਕ ਚਰਚਿਤ ਚਿਹਰਾ ਮੰਨੇ ਜਾਂਦੇ ਸਨ। ਸ਼ਹੀਦ ਭਗਤ ਸਿੰਘ ਚੌਂਕ 'ਤੇ ਸੰਜੇ ਵਰਮਾ ਅਤੇ ਜਗਤ ਵਰਮਾ ਦੋਵੇਂ ਭਰਾ ਮਿਲ ਕੇ ਵੀਅਰ ਵੈਲ ਨਾਂ ਦੇ ਸ਼ੋਅਰੂਮ ਦਾ ਸੰਚਾਲਨ ਕਰਦੇ ਸਨ। ਸ਼ੋਅਰੂਮ ਦੇ ਕਰਮਚਾਰੀਆਂ ਨੇ ਪੁਲਿਸ ਨੂੰ ਦੱਸਿਆ ਕਿ ਅੱਜ ਸਵੇਰੇ ਸੰਜੇ ਵਰਮਾ ਜਿਵੇਂ ਹੀ ਆਪਣੀ ਕਾਰ 'ਤੇ ਸਵਾਰ ਹੋ ਕੇ ਸ਼ੋਅਰੂਮ ਦੇ ਬਾਹਰ ਆਏ ਤਾਂ ਪਹਿਲਾਂ ਤੋਂ ਤਿਆਰ ਬੈਠੇ ਹਮਲਾਵਰਾਂ ਨੇ ਸੰਜੇ ਵਰਮਾ 'ਤੇ ਕਾਰ ਵਿਚ ਹੀ (ਬਾਕੀ ਸਫਾ 2 'ਤੇ)

## ਬਿਹਾਰ ਦੀਆਂ ਵੋਟਰ ਸੂਚੀਆਂ ਦੇ ਮਾਮਲੇ 'ਤੇ ਸੁਪਰੀਮ ਕੋਰਟ ਵੱਲੋਂ ਸੁਣਵਾਈ 10 ਨੂੰ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 7 ਜੁਲਾਈ : ਸੁਪਰੀਮ ਕੋਰਟ ਨੇ ਇਸ ਸਾਲ ਦੇ ਅਖ਼ੀਰ ਵਿਚ ਚੋਣਾਂ ਦਾ ਸਾਹਮਣਾ ਕਰਨ ਜਾ ਰਹੇ ਸੂਬੇ ਬਿਹਾਰ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ (ਐਸ.ਆਈ.ਆਰ.) ਕਰਨ ਦੇ ਚੋਣ ਕਮਿਸ਼ਨ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ ਵੱਖ-ਵੱਖ ਪਟੀਸ਼ਨਾਂ 'ਤੇ 10 ਜੁਲਾਈ ਨੂੰ ਸੁਣਵਾਈ ਕਰਨ ਲਈ ਸੋਮਵਾਰ ਨੂੰ ਸਹਿਮਤੀ ਦੇ ਦਿੱਤੀ ਹੈ। ਜਸਟਿਸ ਸੁਧਾਂਸ਼ੂ ਧੂਲੀਆ ਅਤੇ ਜਸਟਿਸ ਜੋਇਮਲਿਆ ਬਾਗਚੀ ਦੇ ਇੱਕ ਅੰਸ਼ਕ ਕੰਮ-ਕਾਜ ਵਾਲੇ ਦਿਨ (ਪੀ.ਡਬਲਿਊ.ਡੀ.) ਬੈਂਚ ਨੇ ਕਈ ਪਟੀਸ਼ਨਰਾਂ ਵੱਲੋਂ ਕਪਿਲ ਸਿੱਬਲ ਦੀ ਅਗਵਾਈ ਵਾਲੇ ਸੀਨੀਅਰ ਵਕੀਲਾਂ ਦੇ ਇੱਕ ਸਮੂਹ ਦੀਆਂ ਬੇਨਤੀਆਂ ਦਾ ਨੋਟਿਸ ਲਿਆ ਅਤੇ ਵੀਰਵਾਰ ਨੂੰ ਪਟੀਸ਼ਨਾਂ 'ਤੇ ਸੁਣਵਾਈ ਕਰਨ ਲਈ ਸਹਿਮਤੀ ਦਿੱਤੀ ਹੈ।

ਰਾਸ਼ਟਰੀ ਜਨਤਾ ਦਲ (ਆਰਜੇਡੀ) ਸੰਸਦ ਮੈਂਬਰ ਮਨੋਜ ਝਾਅ ਵੱਲੋਂ ਪੇਸ਼ ਹੋਏ ਸਿੱਬਲ ਨੇ ਬੈਂਚ ਨੂੰ ਪਟੀਸ਼ਨਾਂ 'ਤੇ ਚੋਣ ਪੈਨਲ ਨੂੰ ਨੋਟਿਸ ਜਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦਾ ਕਹਿਣਾ ਸੀ ਕਿ ਸਮਾਂ ਸੀਮਾ ਦੇ ਅੰਦਰ ਸੁਧਾਈ ਮੁਕੰਮਲ ਕਰਨਾ ਇੱਕ ਅਸੰਭਵ ਕੰਮ ਹੈ (ਕਿਉਂਕਿ ਚੋਣਾਂ ਨਵੰਬਰ ਵਿੱਚ ਹੋਣ ਦੀ ਸੰਭਾਵਨਾ ਹੈ)।

ਇੱਕ ਹੋਰ ਪਟੀਸ਼ਨਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਅਭਿਸ਼ੇਕ ਸਿੰਘਵੀ ਨੇ ਕਿਹਾ ਕਿ ਰਾਜ ਵਿੱਚ ਲਗਭਗ ਅੱਠ ਕਰੋੜ ਵੋਟਰ ਹਨ ਜਿਨ੍ਹਾਂ ਵਿੱਚੋਂ ਲਗਭਗ ਚਾਰ ਕਰੋੜ ਵੋਟਰਾਂ ਨੂੰ ਇਸ ਅਭਿਆਸ ਤਹਿਤ ਆਪਣੇ ਦਸਤਾਵੇਜ਼ ਜਮ੍ਹਾਂ ਕਰਨੇ ਪੈਣਗੇ। ਸਿੰਘਵੀ ਨੇ ਅੱਗੇ ਕਿਹਾ, ਸਮਾਂ-ਸਾਰਣੀ ਬਹੁਤ ਸਖ਼ਤ ਹੈ ਅਤੇ ਜੇ ਤੁਸੀਂ 25 ਜੁਲਾਈ ਤੱਕ ਦਸਤਾਵੇਜ਼ ਜਮ੍ਹਾਂ ਨਹੀਂ ਕਰਦੇ, ਤਾਂ ਤੁਸੀਂ ਵੋਟਰ ਸੂਚੀਆਂ ਤੋਂ ਬਾਹਰ ਹੋ ਜਾਓਗੇ ।

ਇੱਕ ਹੋਰ ਪਟੀਸ਼ਨਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਗੋਪਾਲ ਸ਼ੰਕਰਨਾਰਾਇਣਨ ਨੇ ਕਿਹਾ ਕਿ ਚੋਣ ਪੈਨਲ ਅਧਿਕਾਰੀ ਆਧਾਰ ਕਾਰਡ ਅਤੇ ਵੋਟਰ ਕਾਰਡਾਂ ਨੂੰ ਇਸ ਅਭਿਆਸ ਲਈ ਦਸਤਾਵੇਜ਼ਾਂ ਵਜੋਂ ਸਵੀਕਾਰ ਨਹੀਂ ਕਰ ਰਹੇ ਹਨ।ਜਸਟਿਸ ਧੂਲੀਆ ਨੇ ਕਿਹਾ ਕਿ ਮਾਮਲਾ ਵੀਰਵਾਰ ਨੂੰ ਸੂਚੀਬੱਧ ਕੀਤਾ ਜਾਵੇਗਾ (ਬਾਕੀ ਸਫਾ 2 'ਤੇ)

### ਬਿਹਾਰ ਦੇ ਲੋਕਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨ ਦੀ ਸਾਜਿਸ਼: ਖੜਗੇ

ਨਵੀਂ ਦਿੱਲੀ , 7 ਜੁਲਾਈ (ਚੜ੍ਹਦੀਕਲਾ ਬਿਊਰੋ) : ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਐਤਵਾਰ ਨੂੰ ਭਾਜਪਾ 'ਤੇ ਵੋਟਰ ਸੂਚੀ ਦੀ ਵਿਸ਼ੇਸ਼ ਸਮੀਖਿਆ (ਐੱਸ.ਆਈ.ਆਰ.) ਰਾਹੀਂ ਬਿਹਾਰ ਦੇ ਲੋਕਾਂ ਨੂੰ ਉਨ੍ਹਾਂ ਦੇ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨ ਦੀ ਸਾਜਿਸ਼ ਰਚਣ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਸੂਬੇ ਦੇ ਵੋਟਰ 'ਲੋਕਤੰਤਰ ਅਤੇ ਸੰਵਿਧਾਨ 'ਤੇ ਹਮਲੇ' ਲਈ ਭਾਜਪਾ ਨੂੰ ਸਬਕ ਜ਼ਰੂਰ ਸਿਖਾਉਣਗੇ। ਦੱਸ ਦੇਈਏ ਕਿ ਖੜਗੇ ਨੇ ਚੋਣ ਕਮਿਸ਼ਨ ਵੱਲੋਂ ਜਾਰੀ ਇਕ ਨਵੇਂ (ਬਾਕੀ ਸਫਾ 2 'ਤੇ)

## ਕੇਂਦਰੀ ਏਜੰਸੀਆਂ ਵੱਲੋਂ ਹੈਪੀ ਪਾਸੀਆ ਨੂੰ ਭਾਰਤ ਲਿਆਉਣ ਦੀ ਤਿਆਰੀ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 7 ਜੁਲਾਈ :ਕੇਂਦਰੀ ਏਜੰਸੀਆਂ ਨੇ ਖਾਲਿਸਤਾਨੀ ਦਹਿਸ਼ਤਗਰਦ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆ ਨੂੰ ਭਾਰਤ ਲਿਆਉਣ ਦੀ ਤਿਆਰੀ ਖਿੱਚ ਲਈ ਹੈ। ਸੂਤਰਾਂ ਮੁਤਾਬਕ ਕੇਂਦਰੀ ਏਜੰਸੀਆਂ ਅਮਰੀਕੀ ਏਜੰਸੀਆਂ ਦੇ ਸੰਪਰਕ ਵਿਚ ਹਨ।

ਬੱਬਰ ਖ਼ਾਲਸਾ ਇੰਟਰਨੈਸ਼ਨਲ (ਬੀਕੇਆਈ) ਨਾਲ ਸਬੰਧਤ ਪਾਸੀਆ ਨੂੰ ਇਸ ਸਾਲ 17 ਅਪਰੈਲ ਨੂੰ ਅਮਰੀਕਾ ਵਿਚ ਗ੍ਰਿਫ਼ਤਾਰ ਕੀਤਾ ਗਿਆ ਸੀ। ਸੂਤਰਾਂ ਦੀ ਮੰਨੀਏ ਤਾਂ ਪੰਜਾਬ ਪੁਲਿਸ ਨੇ ਪਾਸੀਆ ਨੂੰ ਵਾਪਸ ਭਾਰਤ ਲਿਆਉਣ ਲਈ ਅਮਰੀਕੀ ਕੇਂਦਰੀ ਏਜੰਸੀਆਂ ਨਾਲ ਰਾਬਤਾ ਬਣਾਇਆ ਹੋਇਆ ਹੈ। ਪੰਜਾਬ ਪੁਲਿਸ ਨੇ ਪਾਸੀਆ ਦੀ ਹਵਾਲਗੀ ਲਈ ਗ੍ਰਹਿ ਮੰਤਰਾਲੇ ਨੂੰ ਇੱਕ ਰਸਮੀ ਬੇਨਤੀ ਸੌਂਪੀ ਸੀ। ਪਾਸੀਆ 'ਤੇ ਪੰਜਾਬ ਵਿੱਚ ਘੱਟੋ-ਘੱਟ 14 ਗ੍ਰਨੇਡ ਹਮਲਿਆਂ ਦੀ ਸਾਜਿਸ਼ ਰਚਣ ਦਾ ਦੋਸ਼ ਹੈ, ਜਿਸ ਵਿੱਚ ਪੁਲਿਸ ਥਾਣੇ, ਧਾਰਮਿਕ ਸਥਾਨਾਂ ਅਤੇ ਜਨਤਕ ਸ਼ਖਸੀਅਤਾਂ ਦੇ ਘਰਾਂ ਨੂੰ ਨਿਸ਼ਾਨਾ ਬਣਾਉਣ ਦਾ ਦੋਸ਼ ਹੈ।

ਪਾਸੀਆ ਇਸ ਵੇਲੇ ਕੈਲੀਫੋਰਨੀਆ ਦੇ ਸੈਕਰਾਮੈਂਟੋ ਵਿਚ ਅਮਰੀਕੀ ਏਜੰਸੀਆਂ ਦੀ ਹਿਰਾਸਤ ਵਿਚ ਹੈ। ਕਾਬਿਲੇਗੌਰ ਹੈ ਕਿ ਬੱਬਰ ਖਾਲਸਾ ਇੰਟਰਨੈਸ਼ਨਲ (ਬਾਕੀ ਸਫਾ 2 'ਤੇ)

# ਸਰਕਾਰ ਦੇ ਭਾਰਤ 'ਚ 'ਬਰਾਬਰੀ' ਬਾਰੇ ਦਾਅਵੇ ਕਾਂਗਰਸ ਵੱਲੋਂ 'ਬੌਧਿਕ ਬੇਈਮਾਨੀ' ਕਰਾਰ ਦਿੰਦਿਆਂ ਖ਼ਾਰਜ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 7 ਜੁਲਾਈ :ਕਾਂਗਰਸ ਨੇ ਸੋਮਵਾਰ ਨੂੰ ਸਰਕਾਰ ਦੇ ਇਸ ਦਾਅਵੇ ਕਿ ਭਾਰਤ ਦੁਨੀਆਂ ਦੇ ਸਭ ਤੋਂ ਵੱਧ ਬਰਾਬਰੀ ਵਾਲੇ ਮੁਲਕਾਂ ਵਿਚ ਸ਼ੁਮਾਰ ਹੈ, ਨੂੰ 'ਧੋਖਾਧੜੀ' ਅਤੇ 'ਬੌਧਿਕ ਤੌਰ 'ਤੇ ਬੇਈਮਾਨੀ' ਕਰਾਰ ਦਿੰਦਿਆਂ ਕਿਹਾ ਕਿ ਮੋਦੀ ਸਰਕਾਰ ਦੇਸ਼ ਵਿਚ ਵੱਧ ਰਹੀਆਂ ਅਸਮਾਨਤਾਵਾਂ ਦੀ ਹਕੀਕਤ ਨੂੰ ਮਹਿਜ਼ 'ਡੇਟਾ ਦੀ ਕਾਂਟ-ਛਾਂਟ' ਰਾਹੀਂ ਨਜ਼ਰਅੰਦਾਜ਼ ਨਹੀਂ ਕਰ ਸਕਦੀ।
ਵਿਰੋਧੀ ਪਾਰਟੀ ਦਾ ਇਹ ਹਮਲਾ ਸੰਸਾਰ ਬੈਂਕ ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਇੱਕ ਸਰਕਾਰੀ ਰਿਲੀਜ਼ ਤੋਂ ਬਾਅਦ ਆਇਆ ਹੈ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਭਾਰਤ ਵਿੱਚ ਗ਼ੈਰ-ਬਰਾਬਰੀ 2011-12 ਅਤੇ 2022-23 ਦੇ ਵਿਚਕਾਰ ਕਾਫ਼ੀ ਘਟ ਗਈ ਹੈ, ਜਿਸ ਨਾਲ ਇਹ ਵਿਸ਼ਵ ਪੱਧਰ 'ਤੇ ਚੌਥਾ ਸਭ ਤੋਂ ਵੱਧ 'ਬਰਾਬਰੀ' ਵਾਲਾ ਮੁਲਕ ਬਣ ਗਿਆ ਹੈ।

ਕਾਂਗਰਸ ਨੇ ਮੰਗ ਕੀਤੀ ਕਿ ਪ੍ਰੈਸ ਇਨਫਰਮੇਸ਼ਨ ਬਿਊਰੋ ਇਸ ਪ੍ਰੈਸ ਰਿਲੀਜ਼ ਦੇ ਮੂਲ ਬਾਰੇ ਸਪੱਸ਼ਟ ਕਰੇ ਅਤੇ ਇਸ ਨੂੰ ਫ਼ੌਰੀ ਵਾਪਸ ਲਵੇ। ਕਾਂਗਰਸ ਦੇ ਜਨਰਲ ਸਕੱਤਰ ਇੰਚਾਰਜ ਸੰਚਾਰ ਜੈਰਾਮ ਰਮੇਸ਼ ਨੇ ਕਿਹਾ,
ਆਪ ਕਰੌਨੋਲੋਜੀ (ਕਾਲਕ੍ਰਮ) ਸਮਝੀਏ। ਵਿਸ਼ਵ ਬੈਂਕ ਨੇ ਅਪਰੈਲ 2025 ਵਿੱਚ ਭਾਰਤ ਲਈ ਆਪਣੀ ਗਰੀਬੀ ਅਤੇ ਸਮਾਨਤਾ ਜਾਣਕਾਰੀ ਜਾਰੀ ਕੀਤੀ। ਇਸ ਤੋਂ ਤੁਰੰਤ ਬਾਅਦ, ਕਾਂਗਰਸ ਨੇ ਇੱਕ ਬਿਆਨ ਜਾਰੀ ਕੀਤਾ, ਜਿਸ ਵਿੱਚ ਕਈ ਚੇਤਾਵਨੀ ਸੰਕੇਤਾਂ ਦੀ ਪਛਾਣ ਕੀਤੀ ਗਈ ਜੋ ਵਿਸ਼ਵ ਬੈਂਕ ਨੇ ਭਾਰਤ ਵਿੱਚ ਗਰੀਬੀ ਅਤੇ ਅਸਮਾਨਤਾ ਲਈ ਉਭਾਰੇ ਸਨ - ਜਿਸ ਵਿੱਚ ਸਰਕਾਰੀ ਅੰਕੜਿਆਂ ਰਾਹੀਂ ਅਸਮਾਨਤਾ ਨੂੰ ਘੱਟ ਕਰ ਕੇ ਦਿਖਾਉਣ ਬਾਰੇ ਚੇਤਾਵਨੀਆਂ ਸ਼ਾਮਲ ਹਨ।
ਰਮੇਸ਼ ਨੇ ਇੱਕ ਬਿਆਨ ਵਿੱਚ ਕਿਹਾ ਕਿ ਇਸ ਦੇ ਜਾਰੀ ਹੋਣ ਤੋਂ ਤਿੰਨ ਮਹੀਨੇ ਬਾਅਦ 5 ਜੁਲਾਈ ਨੂੰ, 'ਪ੍ਰੈਸ (ਮਿਸ)ਇਨਫਰਮੇਸ਼ਨ ਬਿਊਰੋ' ਵਿੱਚ ਮੋਦੀ ਸਰਕਾਰ ਦੇ ਪ੍ਰਚਾਰਕਾਂ ਅਤੇ ਚੀਅਰਲੀਡਰਾਂ ਨੇ ਇੱਕ ਪ੍ਰੈਸ ਰਿਲੀਜ਼ ਜਾਰੀ ਕੀਤੀ, ਜਿਸ ਵਿੱਚ 'ਹੈਰਾਨੀਜਨਕ' ਦਾਅਵਾ ਕੀਤਾ ਗਿਆ ਕਿ ਭਾਰਤ ਦੁਨੀਆਂ ਦੇ ਸਭ ਤੋਂ ਵੱਧ 'ਬਰਾਬਰੀ' ਵਾਲੇ ਸਮਾਜਾਂ ਵਿੱਚੋਂ ਇੱਕ ਹੈ।ਉਨ੍ਹਾਂ ਕਿਹਾ ਕਿ 6 ਜੁਲਾਈ ਨੂੰ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਕਾਂਗਰਸ ਨੇ ਇੱਕ ਵਾਰ ਫਿਰ ਚਿਤਾਵਨੀ ਦਿੱਤੀ ਕਿ ਸਰਕਾਰ ਦੀ ਡੇਟਾ ਵਿਆਖਿਆ ਮੌਜੂਦਾ ਡੇਟਾ ਦੀ ਸੀਮਤ ਉਪਲੱਬਧਤਾ ਅਤੇ ਅਨਿਸ਼ਚਿਤ ਗੁਣਵੱਤਾ ਦੇ ਨਾਲ-ਨਾਲ ਗਰੀਬੀ ਨੂੰ ਮਾਪਣ ਲਈ ਪੁਰਾਣੇ ਪੈਮਾਨਿਆਂ ਦੀ ਚੋਣ 'ਤੇ ਅਧਾਰਤ ਹੈ। ਉਨ੍ਹਾਂ ਹੋਰ ਕਿਹਾ ਕਿ ਹੁਣ ਇਹ ਗੱਲ ਸਾਹਮਣੇ ਆਈ ਹੈ ਕਿ ਮੋਦੀ ਸਰਕਾਰ ਵਿਸ਼ਵ ਬੈਂਕ ਦੀ ਰਿਪੋਰਟ ਦੇ ਵਿਸ਼ਲੇਸ਼ਣ ਵਿੱਚ ਨਾ ਸਿਰਫ਼ ਲਾਪ੍ਰਵਾਹ ਸੀ, ਸਗੋਂ ਇਹ ਪੂਰੀ ਤਰ੍ਹਾਂ ਬੌਧਿਕ ਤੌਰ 'ਤੇ ਬੇਈਮਾਨ ਵੀ ਸੀ।
ਉਨ੍ਹਾਂ ਦਾਅਵਾ ਕੀਤਾ ਕਿ ਆਪਣੇ ਸਿੱਟੇ 'ਤੇ ਪਹੁੰਚਣ ਲਈ ਮੋਦੀ ਸਰਕਾਰ ਨੇ ਜਾਣਬੁੱਝ ਕੇ ਦੋ ਵੱਖ-ਵੱਖ ਮਾਪਦੰਡਾਂ ਦੀ ਵਰਤੋਂ ਕੀਤੀ: ਭਾਰਤ ਵਿੱਚ ਖਪਤ ਅਸਮਾਨਤਾ ਅਤੇ ਦੂਜੇ ਦੇਸ਼ਾਂ ਵਿੱਚ ਆਮਦਨ ਅਸਮਾਨਤਾ। ਰਮੇਸ਼ ਨੇ ਕਿਹਾ, ਦੋ ਚੀਜ਼ਾਂ ਵਿਚਕਾਰ ਤੁਲਨਾ ਕਰਨ ਲਈ ਸਾਨੂੰ ਇੱਕੋ ਮਾਪਦੰਡ ਦੀ ਵਰਤੋਂ ਕਰਨ ਦੀ ਲੋੜ ਹੈ। ਇਹ ਸਿਰਫ਼ ਆਰਥਿਕ ਵਿਸ਼ਲੇਸ਼ਣ ਦਾ ਇੱਕ ਬੁਨਿਆਦੀ ਸਿਧਾਂਤ ਨਹੀਂ ਹੈ, ਸਗੋਂ ਆਮ ਸਮਝ ਦਾ ਇੱਕ ਸਿਧਾਂਤ ਵੀ ਹੈ।
ਉਨ੍ਹਾਂ ਕਿਹਾ ਕਿ ਭਾਰਤ ਵਿੱਚ ਖਪਤ ਅਸਮਾਨਤਾ ਨੂੰ ਮਾਪਣ ਦੀ ਚੋਣ ਵੀ ਜਾਣਬੁੱਝ ਕੇ ਕੀਤੀ ਗਈ ਸੀ। ਰਮੇਸ਼ ਨੇ ਦੱਸਿਆ ਕਿ ਖਪਤ ਨਾਬਰਾਬਰੀ ਹਮੇਸ਼ਾ ਹੀ ਆਮਦਨ ਨਾਬਰਾਬਰੀ ਤੋਂ ਘੱਟ ਹੁੰਦੀ ਹੈ।ਕਿਉਂਕਿ ਅਮੀਰ ਆਪਣੀ ਆਮਦਨ ਦਾ ਇੱਕ ਵੱਡਾ ਹਿੱਸਾ ਬਚਾਉਂਦੇ ਹਨ।
ਉਨ੍ਹਾਂ ਦਾਅਵਾ ਕੀਤਾ, ਜਦੋਂ ਅਸੀਂ ਭਾਰਤ ਦੀ ਆਮਦਨ ਸਮਾਨਤਾ ਦੀ ਤੁਲਨਾ ਦੁਨੀਆਂ ਦੇ ਬਾਕੀ ਹਿੱਸਿਆਂ ਨਾਲ ਕਰਦੇ ਹਾਂ, ਤਾਂ ਭਾਰਤ ਦਾ ਪ੍ਰਦਰਸ਼ਨ ਬਹੁਤ ਮਾੜਾ ਦਿਖਾਈ ਦਿੰਦਾ ਹੈ: 2019 ਵਿੱਚ ਭਾਰਤ ਕੁੱਲ 216 ਦੇਸ਼ਾਂ ਵਿੱਚੋਂ 176ਵੇਂ ਸਥਾਨ 'ਤੇ ਸੀ। ਦੂਜੇ ਸ਼ਬਦਾਂ ਵਿੱਚ, ਭਾਰਤ ਚੌਥਾ ਸਭ ਤੋਂ ਵੱਧ ਬਰਾਬਰੀ ਵਾਲਾ ਸਮਾਜ ਨਹੀਂ ਹੈ - ਇਹ ਅਸਲ ਵਿੱਚ ਦੁਨੀਆਂ ਦਾ 40ਵਾਂ ਸਭ ਤੋਂ ਵੱਧ ਨਾਬਰਾਬਰੀ ਵਾਲਾ ਸਮਾਜ ਹੈ।

# ਸੁਖਬੀਰ ਸਿੰਘ ਬਾਦਲ ਵੱਲੋਂ 33 ਜ਼ਿਲ੍ਹਾ ਸ਼ਹਿਰੀ ਤੇ ਦਿਹਾਤੀ ਪ੍ਰਧਾਨਾਂ ਦੀ ਨਿਯੁਕਤੀ ਦਾ ਐਲਾਨ

ਚੰਡੀਗੜ੍ਹ, 7 ਜੁਲਾਈ (ਚ.ਨ.ਸ.) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਜ਼ਿਲ੍ਹਾ ਡੈਲੀਗੇਟਾਂ ਤੇ ਪਾਰਟੀ ਆਬਜ਼ਰਵਰਾਂ ਨਾਲ ਸਲਾਹ ਮਸ਼ਵਰਾਂ ਕਰਨ ਉਪਰੰਤ 33 ਜ਼ਿਲ੍ਹਾ ਪ੍ਰਧਾਨ (ਸ਼ਹਿਰੀ ਤੇ ਦਿਹਾਤੀ) ਦੀ ਨਿਯੁਕਤੀ ਕੀਤੀ ਹੈ।
ਇਸ ਗੱਲ ਦੀ ਜਾਣਕਾਰੀ ਦਿੰਦਿਆਂ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਜ਼ਿਲ੍ਹਾ ਡੈਲੀਗੇਟਾਂ ਨੇ ਜ਼ਿਲ੍ਹਾ ਪ੍ਰਧਾਨਾਂ ਦੀ ਨਿਯੁਕਤੀ ਵਾਸਤੇ ਮੀਟਿੰਗਾਂ ਕੀਤੀਆਂ ਜਿਹਨਾਂ ਦੀ ਪ੍ਰਧਾਨਗੀ ਪਾਰਟੀ ਆਬਜ਼ਰਵਰਾਂ ਨੇ ਕੀਤੀ। ਉਹਨਾਂ ਦੱਸਿਆ ਕਿ ਇਸ ਮਗਰੋਂ ਆਬਜ਼ਰਵਰਾਂ ਨੇ ਪਾਰਟੀ ਮੁਖੀ ਨੂੰ ਸਿਫਾਰਸ਼ਾਂ ਸੌਂਪੀਆਂ, ਜਿਸ ਮਗਰੋਂ ਨਿਯੁਕਤੀਆਂ ਕੀਤੀਆਂ ਗਈਆਂ ਹਨ। ਪਠਾਟਕੋਟ ਵਾਸਤੇ ਸ਼ਹਿਰੀ ਤੇ ਦਿਹਾਤੀ ਪ੍ਰਧਾਨਾਂ ਦੀ ਨਿਯੁਕਤੀ ਨਹੀਂ ਕੀਤੀ ਗਈ। ਇਸ ਜ਼ਿਲ੍ਹੇ ਵਿਚ ਪਾਰਟੀ ਦੇ ਪੁਨਰ ਗਠਨ ਦੀ ਜ਼ਿੰਮੇਵਾਰੀ ਸੀਨੀਅਰ ਆਗੂ ਤੇ ਕੋਰ ਕਮੇਟੀ ਮੈਂਬਰ ਸਰਦਾਰ ਗੁਰਬਚਨ ਸਿੰਘ ਬੱਬੇਹਾਲੀ ਨੂੰ ਦਿੱਤੀ ਗਈ ਹੈ।
ਦਿਹਾਤੀ ਤੇ ਸ਼ਹਿਰੀ 33 ਪ੍ਰਧਾਨਾਂ ਦੀ ਸੂਚੀ ਹੇਠ ਲਿਖੇ ਅਨੁਸਾਰ ਹੈ :
ਅੰਮ੍ਰਿਤਸਰ ਸ਼ਹਿਰੀ ਸੁਰਜੀਤ ਸਿੰਘ ਪਹਿਲਵਾਨ, ਅੰਮ੍ਰਿਤਸਰ ਦਿਹਾਤੀ ਰਾਜਵਿੰਦਰ ਸਿੰਘ ਰਾਜਾ ਲਾਦੇਹ, ਬਰਨਾਲਾ ਸ਼ਹਿਰੀ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਬਰਨਾਲਾ ਦਿਹਾਤੀ ਸਤਨਾਮ ਸਿੰਘ ਰਾਹੀ, ਬਠਿੰਡਾ ਦਿਹਾਤੀ ਜਗਸੀਰ ਸਿੰਘ ਕਲਿਆਣ, ਬਠਿੰਡਾ ਸ਼ਹਿਰੀ ਸੁਸ਼ੀਲ ਕੁਮਾਰ ਗੋਲਡੀ, ਫਤਿਹਗੜ੍ਹ ਸਾਹਿਬ ਦਿਹਾਤੀ ਸ਼ਰਨਜੀਤ ਸਿੰਘ ਚਰਨਾਰਥਲ, ਫਰੀਦਕੋਟ ਦਿਹਾਤੀ ਸ਼ੇਰ ਸਿੰਘ ਮੰਡਵਾਲਾ, ਫਰੀਦਕੋਟ ਸ਼ਹਿਰੀ ਸਤੀਸ਼ ਗਰੋਵਰ, ਫਿਰੋਜ਼ਪੁਰ ਜੋਗਿੰਦਰ ਸਿੰਘ ਜਿੰਦੂ, ਫਾਜ਼ਿਲਕਾ ਦਿਹਾਤੀ ਨਰਦੇਵ ਸਿੰਘ ਮਾਨ, ਗੁਰਦਾਸਪੁਰ ਸੁੱਚਾ ਸਿੰਘ ਲੰਗਾਹ, ਹੁਸ਼ਿਆਰਪੁਰ ਦਿਹਾਤੀ ਲਖਵਿੰਦਰ ਸਿੰਘ ਲੱਖੀ, ਹੁਸ਼ਿਆਰਪੁਰ ਸ਼ਹਿਰੀ ਜਤਿੰਦਰ ਸਿੰਘ ਲਾਲੀ ਬਾਜਵਾ, ਜਲੰਧਰ ਸ਼ਹਿਰੀ ਇਕਬਾਲ ਸਿੰਘ ਬਾਜਵਾ, ਜਲੰਧਰ ਦਿਹਾਤੀ ਬਚਿੱਤਰ ਸਿੰਘ ਕੋਹਾੜ, ਕਪੂਰਥਲਾ ਦਲਵਿੰਦਰ ਸਿੰਘ ਸਿੱਧੂ, ਲੁਧਿਆਣਾ ਦਿਹਾਤੀ-ਪੁਲਿਸ ਜ਼ਿਲ੍ਹਾ ਖੰਨਾ ਪਰਮਜੀਤ ਸਿੰਘ ਢਿੱਲੋਂ, ਲੁਧਿਆਣਾ ਦਿਹਾਤੀ-ਪੁਲਿਸ ਜ਼ਿਲ੍ਹਾ ਜਗਰਾਓਂ-ਚੰਦ ਸਿੰਘ ਡੱਲਾ, ਲੁਧਿਆਣਾ ਸ਼ਹਿਰੀ-ਭੁਪਿੰਦਰ ਸਿੰਘ ਭਿੰਦਾ, ਮੋਗਾ ਨਿਹਾਲ ਸਿੰਘ ਤਲਵੰਡੀ, ਮਾਨਸਾ (ਦਿਹਾਤੀ) ਬਲਬੀਰ ਸਿੰਘ ਬੀਰੋਕੇ, ਸ੍ਰੀ ਮੁਕਤਸਰ ਸਾਹਿਬ ਕੰਵਰਜੀਤ ਸਿੰਘ ਬਰਕੰਦੀ, ਮੋਹਾਲੀ ਪਰਮਿੰਦਰ ਸਿੰਘ ਸੋਹਾਣਾ, ਪਟਿਆਲਾ ਦਿਹਾਤੀ ਜਗਮੀਤ ਸਿੰਘ ਹਰਿਆਊ, ਪਟਿਆਲਾ ਸ਼ਹਿਰੀ ਤੋਂ ਅਮਿਤ ਰਾਠੀ, ਪਠਾਨਕੋਟ ਤੋਂ ਗੁਰਬਚਨ ਸਿੰਘ ਬੱਲੇਹਾਲੀ, ਰੋਪੜ ਦਿਹਾਤੀ ਤੋਂ ਦਰਬਾਰਾ ਸਿੰਘ ਬੱਲਾ, ਸ਼ਹੀਦ ਭਗਤ ਸਿੰਘ ਨਗਰ ਦਿਹਾਤੀ ਤੋਂ ਸੁਖਦੀਪ ਸਿੰਘ ਸੁਕਾਰ, ਸ਼ਹੀਦ ਭਗਤ ਸਿੰਘ ਨਗਰ ਸ਼ਹਿਰੀ ਤੋਂ ਹੇਮੰਤ ਕੁਮਾਰ ਬੌਬੀ, ਸੰਗਰੂਰ ਦਿਹਾਤੀ ਤੋਂ ਤੇਜਿੰਦਰ ਸਿੰਘ ਸੰਘਰੇੜੀ, ਤਰਨਤਾਰਨ ਦਿਹਾਤੀ ਤੋਂ ਅਲਵਿੰਦਰਪਾਲ ਸਿੰਘ ਪੱਖੋਕੇ ਅਤੇ ਮਾਨਸਾ ਸ਼ਹਿਰੀ ਤੋਂ ਜਤਿੰਦਰ ਸਿੰਘ ਸੋਢੀ ਸ਼ਾਮਲ ਹਨ।

### ਆਯੂਸ਼ਮਾਨ ਯੋਜਨਾ ਵਿਚ ਹੋਈ ਧੋਖਾਧੜੀ ਨੂੰ ਲੈ ਕੇ ਪੀ.ਜੀ.ਆਈ.ਦੀ ਵੱਡੀ ਕਾਰਵਾਈ

# ਪੰਜ ਕਰਮਚਾਰੀਆਂ ਨੂੰ ਕੀਤਾ ਬਰਖ਼ਾਸਤ, ਜਾਂਚ ਸੀ.ਬੀ.ਆਈ. ਨੂੰ ਸੌਂਪੀ

ਚੰਡੀਗੜ੍ਹ, 7 ਜੁਲਾਈ (ਚ.ਨ.ਸ.) : ਪੀ.ਜੀ.ਆਈ. ਦੀ ਆਯੂਸ਼ਮਾਨ ਯੋਜਨਾ ਵਿਚ ਹੋਏ ਘੁਟਾਲੇ ਨੂੰ ਲੈ ਕੇ ਪੀ.ਜੀ.ਆਈ. ਨੇ ਵੱਡੀ ਕਾਰਵਾਈ ਕੀਤੀ ਹੈ। ਪੀ.ਜੀ.ਆਈ. ਨੇ ਜਿੱਥੇ ਪੰਜ ਕਰਮਚਾਰੀਆਂ ਨੂੰ ਕੱਢਿਆ ਹੈ ਉੱਥੇ ਹੀ ਪੂਰੇ ਮਾਮਲੇ ਦੀ ਜਾਂਚ ਸੀ.ਬੀ.ਆਈ. ਨੂੰ ਸੌਂਪ ਦਿਤੀ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਇਸ ਮਾਮਲੇ ਵਿਚ 2017 ਤੋਂ 2022 ਦੇ ਵਿਚਕਾਰ ਆਯੂਸ਼ਮਾਨ ਯੋਜਨਾ ਵਿਚ ਧੋਖਾਧੜੀ ਕੀਤੀ ਗਈ ਸੀ, ਜਿਸ ਵਿਚ ਮਰੀਜ਼ਾਂ ਦੇ ਫ਼ਰਜ਼ੀ ਨਾਮ ਸ਼ਾਮਲ ਕੀਤੇ ਗਏ ਸਨ ਅਤੇ ਆਯੂਸ਼ਮਾਨ ਯੋਜਨਾ ਅਧੀਨ ਅਸਾਮੀਆਂ ਧੋਖਾਧੜੀ ਨਾਲ ਭਰੀਆਂ ਗਈਆਂ ਸਨ।
ਡਾਇਰੈਕਟਰ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜਿਸ ਨੇ ਵੀ ਗਲਤ ਕੀਤਾ ਹੈ, ਹੁਣ ਸੀ.ਬੀ.ਆਈ. ਉਸ ਨੂੰ ਸਬਕ ਸਿਖਾਏਗੀ।ਸੀ.ਬੀ.ਆਈ. ਦੀ ਜਾਂਚ ਵਿਚ ਸਾਰਾ ਮਾਮਲਾ ਸਾਹਮਣੇ ਆਵੇਗਾ ਕਿ ਇਹ ਕਿਵੇਂ ਸੁਚਾਰੂ ਢੰਗ ਨਾਲ ਚੱਲ ਰਿਹਾ ਸੀ। ਪਰ ਭਵਿੱਖ ਵਿਚ ਅਜਿਹਾ ਹੋਣ ਤੋਂ ਰੋਕਣ ਲਈ, ਸੀ.ਬੀ.ਆਈ. ਦੁਆਰਾ ਇਸ ਪ੍ਰਕਿਰਿਆ ਨੂੰ ਆਨਲਾਈਨ ਕੀਤਾ ਗਿਆ ਹੈ।

## ਹੁਣ 2027 'ਚ ਪੰਜਾਬ-ਗੁਜਰਾਤ ਵਿੱਚ

ਉਹਨਾਂ ਨੇ ਕਿਹਾ ਕਿ ਇਹ ਸਫਲਤਾ ਅਧਿਆਪਕਾਂ, ਬੱਚਿਆਂ, ਪ੍ਰਿੰਸੀਪਲਾਂ ਅਤੇ ਅਧਿਕਾਰੀਆਂ ਦੀ ਮਿਹਨਤ ਕਾਰਨ ਹੀ ਸੰਭਵ ਹੋਈ ਹੈ।
ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ 8,000 ਤੋਂ ਵੱਧ ਸਕੂਲਾਂ ਦੀਆਂ ਚਾਰਦੀਵਾਰੀਆਂ ਬਣਾਈਆਂ ਗਈਆਂ ਹਨ, ਪਖਾਨੇ ਬਣਾਏ ਗਏ ਹਨ, ਸਕੂਲਾਂ ਦੀ ਸਫਾਈ ਕੀਤੀ ਗਈ ਹੈ, ਸੁਰੱਖਿਆ ਗਾਰਡ ਤਾਇਨਾਤ ਕੀਤੇ ਗਏ ਹਨ ਅਤੇ ਹੁਣ ਬੱਚੇ ਜ਼ਮੀਨ 'ਤੇ ਚਟਾਈਆਂ 'ਤੇ ਨਹੀਂ ਸਗੋਂ ਮੇਜ਼ਾਂ 'ਤੇ ਬੈਠਦੇ ਹਨ। ਉਹਨਾਂ ਨੇ ਕਿਹਾ ਕਿ ਜਨਤਾ ਹੁਣ ਕਹਿ ਰਹੀ ਹੈ ਕਿ ਉਨ੍ਹਾਂ ਨੇ ਅਜਿਹਾ ਕੰਮ ਪਹਿਲਾਂ ਕਦੇ ਨਹੀਂ ਦੇਖਿਆ।
ਕੇਜਰੀਵਾਲ ਨੇ ਕਿਹਾ ਕਿ ਜਦੋਂ ਸਕੂਲਾਂ ਵਿੱਚ ਕੰਧਾਂ ਜਾਂ ਪਖਾਨਿਆਂ ਦਾ ਉਦਘਾਟਨ ਕੀਤਾ ਗਿਆ ਸੀ, ਤਾਂ ਕਾਂਗਰਸ ਅਤੇ ਭਾਜਪਾ ਨੇ ਇਸਦਾ ਮਜ਼ਾਕ ਉਡਾਇਆ ਸੀ, ਪਰ ਹੁਣ ਜਨਤਾ ਉਨ੍ਹਾਂ ਤੋਂ ਪੁੱਛ ਰਹੀ ਹੈ ਕਿ ਤੁਸੀਂ 75 ਸਾਲਾਂ ਵਿੱਚ ਕੀ ਕੀਤਾ?
ਉਹਨਾਂ ਨੇ ਅੱਗੇ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਮਾਨ ਜਲਦੀ ਹੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਲਿਆਉਣ ਜਾ ਰਹੇ ਹਨ। ਪਰ ਵਿਰੋਧੀ ਪਾਰਟੀਆਂ ਨੂੰ ਇਸ 'ਤੇ ਵੀ ਦਿੱਕਤ ਹੋਣ ਲਗ ਗਈ ਹੈ। ਉਹਨਾਂ ਨੇ ਕਾਂਗਰਸ 'ਤੇ ਸਵਾਲ ਚੁਕਦੇ ਹੋਏ ਪੁੱਛਿਆ ਕਿ ਕੀ ਉਹ ਇਸ ਕਾਨੂੰਨ ਦਾ ਸਮਰਥਨ ਕਰਨਗੇ ਜਾਂ ਭਾਜਪਾ ਨੂੰ ਪੁੱਛ ਕੇ ਜਵਾਬ ਦੇਣਗੇ? ਕਿਉਂਕਿ ਕਾਂਗਰਸ ਦੇ ਲੋਕ ਜੋ ਵੀ ਕੰਮ ਕਰਦੇ ਹਨ, ਉਹ ਭਾਜਪਾ ਤੋਂ ਇਜਾਜ਼ਤ ਲੈ ਕੇ ਕਰਦੇ ਹਨ।
ਕੇਜਰੀਵਾਲ ਨੇ ਮਾਨ ਸਰਕਾਰ ਵੱਲੋਂ ਕਿਸਾਨਾਂ ਲਈ ਕੀਤੇ ਗਏ ਕੰਮਾਂ ਦੀ ਵੀ ਪ੍ਰਸ਼ੰਸਾ ਕੀਤੀ। ਉਹਨਾਂ ਨੇ ਕਿਹਾ ਕਿ ਜਦੋਂ ਸਾਡੀ ਸਰਕਾਰ ਬਣੀ ਸੀ, ਤਾਂ ਸਿੰਚਾਈ ਦਾ ਪਾਣੀ ਸਿਰਫ਼ 20% ਖੇਤਾਂ ਤੱਕ ਪਹੁੰਚਿਆ ਸੀ, ਅੱਜ ਇਹ ਅੰਕੜਾ 60% ਹੈ। ਸਾਡਾ ਟੀਚਾ 2026-27 ਤੱਕ 90% ਖੇਤਾਂ ਤੱਕ ਪਾਣੀ ਪਹੁੰਚਣਾ ਹੈ।
ਵਿਰੋਧੀ ਧਿਰ 'ਤੇ ਹਮਲਾ ਕਰਦਿਆਂ ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਤਿੰਨ ਸਾਲਾਂ ਵਿੱਚ ਇੰਨਾ ਕੰਮ ਕੀਤਾ ਜੋ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ 70 ਸਾਲਾਂ ਵਿੱਚ ਵੀ ਨਹੀਂ ਕਰ ਸਕੀਆਂ। ਇਨ੍ਹਾਂ ਲੋਕਾਂ ਨੇ ਸਿਰਫ਼ ਪੰਜਾਬ ਨੂੰ ਲੁੱਟਿਆ ਅਤੇ ਆਪਣੇ ਘਰ ਭਰੇ।
ਲੋਕਾਂ ਦੀ ਵੱਡੀ ਭੀੜ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ 'ਆਪ' ਸਰਕਾਰ ਪੰਜਾਬ ਦੇ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਫੈਸਲੇ ਲੈ ਰਹੀ ਹੈ। 'ਆਪ' ਸਰਕਾਰ ਲੋਕਾਂ ਦੀ ਭਲਾਈ ਲਈ ਦਿਨ ਰਾਤ ਕੰਮ ਕਰ ਰਹੀ ਹੈ। ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ 'ਆਪ' ਨੇ ਦੇਸ਼ ਭਰ ਵਿੱਚ ਨਵੀਂ ਰਾਜਨੀਤੀ ਦੀ ਸ਼ੁਰੂ ਕੀਤੀ ਹੈ।
ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਉਹ ਅੱਜ ਆਪਣੇ ਵਜੂਦ ਲਈ ਲੜ ਰਹੇ ਹਨ। ਇਨ੍ਹਾਂ ਪਾਰਟੀਆਂ ਦੀ ਹਾਲਤ ਅਜਿਹੀ ਹੋ ਗਈ ਹੈ ਕਿ ਉਹਨਾਂ ਨੂੰ 11 ਜਾਂ 21 ਮੈਂਬਰੀ ਕਮੇਟੀ ਬਣਾਉਣ ਲਈ ਵੀ ਲੋਕ ਨਹੀਂ ਮਿਲ ਰਹੇ। ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਅਕਾਲੀ-ਭਾਜਪਾ ਨੇ ਲੋਕਾਂ ਨਾਲ ਬੇਇਨਸਾਫ਼ੀ ਕੀਤੀ, ਉਨ੍ਹਾਂ ਨੂੰ ਧਰਮ ਦੇ ਨਾਂ 'ਤੇ ਲੜਾਇਆ ਅਤੇ ਸੂਬੇ ਦੇ ਸਰੋਤ ਲੁੱਟੇ। ਇਸ ਲਈ ਹੁਣ ਜਨਤਾ ਉਨ੍ਹਾਂ ਨੂੰ ਸਬਕ ਸਿਖਾ ਰਹੀ ਹੈ।
ਮੁੱਖ ਮੰਤਰੀ ਨੇ ਕਿਹਾ ਕਿ ਸਾਡਾ ਉਦੇਸ਼ ਪੰਜਾਬ ਨੂੰ ਕੈਲੀਫੋਰਨੀਆ ਜਾਂ ਲੰਡਨ ਬਣਾਉਣਾ ਨਹੀਂ ਹੈ, ਸਗੋਂ ਇਸਨੂੰ ਇੱਕ ਮਜ਼ਬੂਤ ਅਤੇ ਸਵੈ-ਨਿਰਭਰ ਪੰਜਾਬ ਬਣਾਉਣਾ ਹੈ। ਕਿਉਂਕਿ ਪੰਜਾਬ ਦੀ ਸੱਭਿਆਚਾਰਕ ਪਛਾਣ ਅਤੇ ਲੋਕਾਂ ਦੀ ਭਾਗੀਦਾਰੀ ਇਸਨੂੰ ਵਿਸ਼ੇਸ਼ ਬਣਾਉਂਦੀ ਹੈ।
ਉਹਨਾਂ ਨੇ ਕਿਹਾ ਕਿ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ ਸਾਡੀ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਬੇਮਿਸਾਲ ਕੰਮ ਕੀਤਾ ਹੈ। ਹਾਲ ਹੀ ਵਿੱਚ ਹੋਏ ਇੱਕ ਰਾਸ਼ਟਰੀ ਪੱਧਰ ਦੇ ਸਰਵੇਖਣ ਦਾ ਹਵਾਲਾ ਦਿੰਦੇ ਹੋਏ ਮਾਨ ਨੇ ਕਿਹਾ ਕਿ ਇਸ ਸਰਵੇਖਣ ਵਿੱਚ ਵੱਖ-ਵੱਖ ਵਰਗਾਂ ਅਤੇ ਵੱਖ-ਵੱਖ ਵਿਸ਼ਿਆਂ ਦੇ 28000 ਵਿਦਿਆਰਥੀਆਂ ਨੇ ਹਿੱਸਾ ਲਿਆ ਸੀ। ਜਿਸ ਵਿੱਚ ਪੰਜਾਬ ਦੀ ਸਮੁੱਚੀ ਰੈਂਕਿੰਗ 'ਇੱਕ' ਆਈ ਹੈ। ਮਾਨ ਨੇ ਕਿਹਾ ਕਿ ਸਾਲ 2017 ਵਿੱਚ ਪੰਜਾਬ ਸਿੱਖਿਆ ਦੇ ਖੇਤਰ ਵਿੱਚ 29ਵੇਂ ਸਥਾਨ 'ਤੇ ਸੀ, ਪਰ ਅੱਜ ਪੰਜਾਬ ਸਾਰੀਆਂ ਸ਼੍ਰੇਣੀਆਂ ਵਿੱਚ ਪਹਿਲੇ ਸਥਾਨ 'ਤੇ ਹੈ, ਜਿਸਦਾ ਸਿਹਰਾ ਸੂਬੇ ਦੇ ਮਿਹਨਤੀ ਅਧਿਆਪਕਾਂ ਨੂੰ ਜਾਂਦਾ ਹੈ।
ਅਕਾਲੀ ਆਗੂ ਬਿਕਰਮ ਮਜੀਠੀਆ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਜੱਲ੍ਹਿਆਂਵਾਲਾ ਬਾਗ ਦੇ ਕਾਤਲਾਂ ਨੂੰ ਸੁਰੱਖਿਆ ਦੇਣ ਵਾਲੇ ਅੱਜ ਨਾਭਾ ਜੇਲ੍ਹ ਵਿੱਚ ਹਨ ਅਤੇ ਉਨ੍ਹਾਂ ਦਾ ਸਮੱਰਥਨ ਕਰਨ ਵਾਲਿਆਂ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਨੇ ਦੁਹਰਾਇਆ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਫਸਾ ਕੇ ਤਬਾਹ ਕਰਨ ਵਾਲਿਆਂ ਵਿਰੁੱਧ ਕਾਰਵਾਈ ਲਗਾਤਾਰ ਜਾਰੀ ਹੈ। ਕਾਨੂੰਨੀ ਪ੍ਰਕਿਰਿਆ ਵਿੱਚ ਦੇਰੀ ਹੋ ਸਕਦੀ ਹੈ। ਪਰ ਇਨਸਾਫ਼ ਜ਼ਰੂਰ ਮਿਲੇਗਾ।
ਵਿਰੋਧੀ ਧਿਰ 'ਤੇ ਹਮਲਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਸਿਰਫ਼ ਬਿਆਨਬਾਜ਼ੀ ਕਰਦੇ ਹਨ। ਉਨ੍ਹਾਂ ਨੂੰ ਆਮ ਲੋਕਾਂ ਨਾਲ ਕੋਈ ਸਰੋਕਾਰ ਨਹੀਂ ਹੈ। ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਨੇ ਬਿਨਾਂ ਸਿਫਾਰਸ਼ ਦੇ 55,000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ, ਥਰਮਲ ਪਲਾਂਟ ਖਰੀਦਿਆ, ਹਰ ਪਰਿਵਾਰ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਮਿਲ ਰਹੀ ਹੈ। ਅੱਜ ਪੰਜਾਬ ਦੇ 90 ਪ੍ਰਤੀਸ਼ਤ ਘਰਾਂ ਨੂੰ ਬਿਜਲੀ ਦੇ ਬਿੱਲ ਜ਼ੀਰੋ ਮਿਲ ਰਹੇ ਹਨ।
ਉਹਨਾਂ ਨੇ ਰਵਨੀਤ ਬਿੱਟੂ ਅਤੇ ਚਰਨਜੀਤ ਚੰਨੀ 'ਤੇ ਵੀ ਤਿੱਖਾ ਹਮਲਾ ਕੀਤਾ। ਉਨ੍ਹਾਂ ਕਿਹਾ ਕਿ ਇਹ ਉਹੀ ਲੋਕ ਹਨ ਜੋ ਮਜੀਠੀਆ ਦੀ ਗ੍ਰਿਫ਼ਤਾਰੀ ਨੂੰ ਗਲਤ ਦੱਸ ਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਸਨ, ਹੁਣ ਮੁਆਫ਼ੀ ਮੰਗ ਰਹੇ ਹਨ। ਇਹ ਸਾਰੇ ਮਿਲੇ ਹੋਏ ਹਨ। ਪੰਜਾਬ ਦੇ ਲੋਕ ਸਿਆਣੇ ਹਨ ਅਤੇ ਹੁਣ ਉਨ੍ਹਾਂ ਦੇ ਜਾਲ ਵਿੱਚ ਨਹੀਂ ਫਸਣਗੇ।
ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਆਗੂਆਂ ਕੋਲ ਦੱਸਣ ਲਈ ਕੁਝ ਨਹੀਂ ਹੈ। ਉਨ੍ਹਾਂ ਦੀ ਰਾਜਨੀਤੀ ਸਿਰਫ਼ ਝੂਠ ਦੀ ਨੀਂਹ 'ਤੇ ਟਿਕੀ ਹੋਈ ਹੈ। ਉਹਨਾਂ ਨੇ ਕਿਹਾ ਕਿ ਵਿਧਾਨਸਭਾ ਦਾ ਵਿਸ਼ੇਸ਼ ਸੈਸ਼ਨ 10 ਅਤੇ 11 ਜੁਲਾਈ ਨੂੰ ਹੋਵੇਗਾ, ਜਿਸ ਵਿੱਚ ਵਿਰੋਧੀ ਧਿਰ ਦੇ ਝੂਠਾਂ ਦਾ ਪਰਦਾਫਾਸ਼ ਕੀਤਾ ਜਾਵੇਗਾ।
ਮਾਨ ਨੇ ਕਿਹਾ ਕਿ 'ਆਪ' ਸਰਕਾਰ ਆਮ ਲੋਕਾਂ ਦੀ ਸਰਕਾਰ ਹੈ। ਇਸ ਨੂੰ ਚਲਾਉਣ ਦਾ ਅਧਿਕਾਰ ਵੀ ਸਿਰਫ਼ ਆਮ ਲੋਕਾਂ ਦਾ ਹੈ। ਉਨ੍ਹਾਂ ਸਾਰੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਸਰਕਾਰ ਤੱਕ ਪਹੁੰਚਾਉਣ, ਸਾਡੇ ਮੰਤਰੀ ਉਹਨਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਗੇ।

# ਪਹਿਲੇ ਸਫ਼ੇ ਦੀ ਬਾਕੀ

## ਭਾਖੜਾ ਡੈਮ ਵਿਖੇ ਸੀ.ਆਈ.ਐਸ.ਐਫ. ਤਾਇਨਾਤ

ਦੀ ਸੁਰੱਖਿਆ ਲਈ ਸੀ.ਆਈ.ਐਸ.ਐਫ. ਤਾਇਨਾਤ ਕਰਨ ਦੇ ਫੈਸਲੇ ਦਾ ਸਖਤ ਵਿਰੋਧ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਇਸ ਫੋਰਸ ਦੀ ਤਾਇਨਾਤੀ ਲਈ ਇਕ ਪੈਸਾ ਵੀ ਨਹੀਂ ਦੇਵੇਗੀ। ਮੀਟਿੰਗ ਦੌਰਾਨ ਇਹ ਨੁਕਤਾ ਵੀ ਵਿਚਾਰਿਆ ਗਿਆ ਕਿ ਕਾਂਗਰਸ ਸਰਕਾਰ ਨੇ ਫੋਰਸ ਤਾਇਨਾਤ ਕਰਨ ਲਈ ਸਹਿਮਤੀ ਦੇ ਕੇ ਸੂਬੇ ਦੇ ਹਿੱਤਾਂ ਨੂੰ ਖਤਰੇ ਵਿੱਚ ਪਾਇਆ ਹੈ ਜਦੋਂ ਕਿ ਪੰਜਾਬ ਪੁਲਿਸ ਕੋਲ ਸਰਹੱਦੀ ਸੂਬੇ ਦੀ ਰਾਖੀ ਕਰਨ ਦੀ ਸਾਨਦਾਰ ਵਿਰਾਸਤ ਹੈ। ਮੰਤਰੀ ਮੰਡਲ ਨੇ ਹੈਰਾਨੀ ਪ੍ਰਗਟ ਕੀਤੀ ਕਿ ਜਦੋਂ ਪੰਜਾਬ ਪੁਲਿਸ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਪੁਖਤਾ ਢੰਗ ਨਾਲ ਯਕੀਨੀ ਬਣਾ ਸਕਦੀ ਹੈ ਤਾਂ ਸੀ.ਆਈ.ਐਸ.ਐਫ. ਨੂੰ ਡੈਮਾਂ ਦੀ ਸੁਰੱਖਿਆ ਲਈ ਇਜਾਜ਼ਤ ਦੇਣ ਦੀ ਕੀ ਲੋੜ ਸੀ।
ਪੰਜਾਬ ਵਿੱਚ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਪੰਜਾਬ ਸੋਧ) ਐਕਟ-2025 ਅਤੇ ਪੰਜਾਬ ਵਿੱਚ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਬੈਲ ਗੱਡੀ ਦੌੜ ਦਾ ਸੰਚਾਲਨ) ਨਿਯਮ-2025 ਨੂੰ ਹਰੀ ਝੰਡੀ
ਮੰਤਰੀ ਮੰਡਲ ਨੇ ਪੰਜਾਬ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਪੰਜਾਬ ਸੋਧ) ਐਕਟ-2025 ਅਤੇ ਪੰਜਾਬ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਬੈਲ ਗੱਡੀ ਦੌੜ ਦਾ ਸੰਚਾਲਨ) ਨਿਯਮ,-2025 ਨੂੰ ਵੀ ਹਰੀ ਝੰਡੀ ਦੇ ਦਿੱਤੀ। ਜ਼ਿਕਰਯੋਗ ਹੈ ਕਿ ਬੈਲਗੱਡੀਆਂ ਦੀ ਦੌੜ ਕਿਲਾ ਰਾਏਪੁਰ ਵਿਖੇ ਪੇਂਡੂ ਖੇਡਾਂ ਦਾ ਅਨਿੱਖੜਵਾਂ ਅੰਗ ਸੀ। ਪਰ ਇਸ ਨੂੰ ਕੁਝ ਕਾਰਨਾਂ ਕਰਕੇ ਕਈ ਰੁਕਾਵਟਾਂ ਦਾ ਸਾਹਮਣਾ ਕਰਨਾ ਪਿਆ। ਪੰਜਾਬ ਵਿੱਚ ਜਾਨਵਰਾਂ ਦੀਆਂ ਖੇਡ ਗਤੀਵਿਧੀਆਂ ਨੂੰ ਨਿਯਮਤ ਕਰਨ ਲਈ, "ਪੰਜਾਬ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਕਿਲਾ ਰਾਏਪੁਰ ਪੇਂਡੂ ਖੇਡ ਸਮਾਗਮ ਅਤੇ ਮੇਲਾ) ਨਿਯਮ-2025" ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਨ੍ਹਾਂ ਨਿਯਮਾਂ ਦਾ ਮੁੱਖ ਉਦੇਸ਼ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਜਾਨਵਰਾਂ ਲਈ ਸੁਰੱਖਿਆ ਵਿਵਸਥਾ ਹੈ, ਜਿਸ ਵਿੱਚ ਪਸ਼ੂਆਂ ਦੀ ਵੈਟਰਨਰੀ ਨਿਗਰਾਨੀ, ਸੁਰੱਖਿਆ ਮਾਪਦੰਡ, ਰਜਿਸਟ੍ਰੇਸਨ/ਦਸਤਾਵੇਜ ਅਤੇ ਉਲੰਘਣਾ ਲਈ ਜੁਰਮਾਨਾ ਸਾਮਲ ਹੈ। ਇਹ ਫੈਸਲਾ ਪਿੰਡਾਂ ਵਿੱਚ ਰਵਾਇਤੀ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਪੰਜਾਬ ਦੀਆਂ ਦੇਸੀ ਪਸ਼ੂ ਨਸਲਾਂ ਨੂੰ ਬਚਾਉਣ ਵਿੱਚ ਵੀ ਮੱਦਦ ਕਰੇਗਾ।
ਪ੍ਰਾਇਮਰੀ ਅਤੇ ਸੈਕੰਡਰੀ ਪੱਧਰ 'ਤੇ ਸਪੈਸਲ ਐਜੂਕੇਟਰ ਟੀਚਰਾਂ ਦੀਆਂ 3600 ਅਸਾਮੀਆਂ ਸਿਰਜਣ ਦੀ ਪ੍ਰਵਾਨਗੀ
ਮੰਤਰੀ ਮੰਡਲ ਨੇ ਪ੍ਰਾਇਮਰੀ ਅਤੇ ਸੈਕੰਡਰੀ ਪੱਧਰ 'ਤੇ ਸਪੈਸ਼ਲ ਐਜੂਕੇਟਰ ਟੀਚਰਾਂ ਦੀਆਂ 3600 ਅਸਾਮੀਆਂ ਸਿਰਜਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਫੈਸਲੇ ਅਨੁਸਾਰ ਸਪੈਸਲ ਐਜੂਕੇਟਰ ਅਧਿਆਪਕ (ਮਾਸਟਰ ਕਾਡਰ) ਦੀਆਂ 1650 ਅਸਾਮੀਆਂ ਅਤੇ ਸਪੈਸਲ ਐਜੂਕੇਟਰ ਅਧਿਆਪਕ (ਪ੍ਰਾਇਮਰੀ ਕਾਡਰ) ਦੀਆਂ 1950 ਅਸਾਮੀਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਸ ਫੈਸਲੇ ਨਾਲ ਪੰਜਾਬ ਭਰ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਸੇਸ ਜਰੂਰਤਾਂ ਵਾਲੇ 47979 ਬੱਚਿਆਂ ਨੂੰ ਲਾਭ ਹੋਵੇਗਾ। ਇਨ੍ਹਾਂ ਅਸਾਮੀਆਂ ਨੂੰ ਕਿੱਤਾਮੁਖੀ ਅਧਿਆਪਕ, ਆਰਟ ਐਂਡ ਕਰਾਫਟ ਟੀਚਰਾਂ ਅਤੇ ਈ.ਟੀ.ਟੀ. ਅਸਾਮੀਆਂ ਤੋਂ ਬਦਲਿਆ ਜਾ ਰਿਹਾ ਹੈ ਅਤੇ ਤਿੰਨ ਸਾਲਾਂ ਵਿੱਚ ਪੜਾਅਵਾਰ ਭਰਿਆ ਜਾਵੇਗਾ।
22 ਕਰਮਚਾਰੀਆਂ ਨੂੰ ਸੇਵਾਕਾਲ ਦੀ ਸੁਰੱਖਿਆ ਪ੍ਰਦਾਨ ਕਰਨ ਲਈ ਹਰੀ ਝੰਡੀ
ਮੰਤਰੀ ਮੰਡਲ ਨੇ 05 ਦਸੰਬਰ, 2016 ਨੂੰ ਤਤਕਾਲੀ ਮੰਤਰੀ ਮੰਡਲ ਵੱਲੋਂ ਲਏ ਗਏ ਫੈਸਲੇ ਦੀ ਸਮੀਖਿਆ ਕਰਦੇ ਹੋਏ ਪੇਂਡੂ ਕਿੱਤਾਮੁਖੀ ਸਿਖਲਾਈ ਸੰਸਥਾ, ਬਾਦਲ ਲਈ ਸਿਰਜੀਆਂ 37 ਸਥਾਈ ਅਸਾਮੀਆਂ ਦੇ ਵਿਰੁੱਧ ਕੰਮ ਕਰ ਰਹੇ 22 ਵਿਅਕਤੀਆਂ ਨੂੰ ਸੇਵਾਕਾਲ ਦੀ ਸੁਰੱਖਿਆ ਪ੍ਰਦਾਨ ਕੀਤੀ। ਵਿੱਤ ਵਿਭਾਗ ਅਤੇ ਪਰਸੋਨਲ ਵਿਭਾਗ ਦੀ ਸਲਾਹ ਅਨੁਸਾਰ ਇਹ ਕਦਮ ਵਿਭਾਗ/ਸਰਕਾਰ ਨੂੰ ਲੰਬੇ ਸਮੇਂ ਤੋਂ ਦਰਪੇਸ਼ ਕਾਨੂੰਨੀ ਪੇਚੀਦਗੀਆਂ ਤੋਂ ਰਾਹਤ ਪਾਉਣ ਵਿੱਚ ਮੱਦਦ ਕਰੇਗਾ। ਇਸੇ ਤਰ੍ਹਾਂ ਇਹ ਕਦਮ ਸੰਸਥਾ ਵਿੱਚ ਕੰਮ ਕਰਨ ਵਾਲੇ ਇਨ੍ਹਾਂ 22 ਕਰਮਚਾਰੀਆਂ ਦੇ ਭਵਿੱਖ ਨੂੰ ਵੀ ਸੁਰੱਖਿਅਤ ਕਰੇਗਾ।
ਪੰਜਾਬ ਰਾਜ ਵਿਕਾਸ ਟੈਕਸ ਐਕਟ-2018 ਵਿੱਚ ਸੋਧ ਕਰਕੇ ਓ.ਟੀ.ਐਸ. ਸਕੀਮ ਸੁਰੂ ਕਰਨ ਦੀ ਪ੍ਰਵਾਨਗੀ
ਮੰਤਰੀ ਮੰਡਲ ਨੇ ਪੰਜਾਬ ਰਾਜ ਵਿਕਾਸ ਟੈਕਸ ਐਕਟ-2018 ਵਿੱਚ ਸੋਧ ਕਰਨ ਅਤੇ ਪੰਜਾਬ ਜੀ.ਐਸ.ਟੀ. ਐਕਟ ਵਿੱਚ 'ਤਨਖਾਹ' ਸਬਦ ਨੂੰ ਮੁੜ ਪਰਿਭਾਸ਼ਿਤ ਕਰਕੇ, ਟੈਕਸ ਦੇ ਅਧਾਰ ਨੂੰ ਵਸੀਹ ਕਰਕੇ ਅਤੇ ਵਿਆਪਕ ਦਾਇਰੇ ਨੂੰ ਯਕੀਨੀ ਬਣਾ ਕੇ ਯਕਮੁਸ਼ਤ ਨਿਪਟਾਰਾ (ਓ.ਟੀ.ਐਸ.) ਸਕੀਮ ਸੁਰੂ ਕਰਨ ਲਈ ਵੀ ਸਹਿਮਤੀ ਦਿੱਤੀ। ਟੈਕਸਦਾਤਾ ਯਕਮੁਸਤ ਭੁਗਤਾਨ ਦੀ ਚੋਣ ਕਰ ਸਕਦੇ ਹਨ, ਜਿਸ ਨਾਲ ਪਾਲਣਾ ਨੂੰ ਸਰਲ ਬਣਾਇਆ ਜਾ ਸਕਦਾ ਹੈ ਅਤੇ ਉਗਰਾਹੀ ਦੀ ਪ੍ਰਕਿਰਿਆ ਵਿੱਚ ਸੁਧਾਰ ਕੀਤਾ ਜਾ ਸਕਦਾ ਹੈ। ਧਾਰਾ-11ਏ, ਨਵੀਂ ਧਾਰਾ 11ਬੀ, 11ਸੀ ਅਤੇ 11ਡੀ ਸਾਮਲ ਕਰਕੇ ਬਕਾਏ ਦੇ ਨਿਪਟਾਰੇ ਲਈ ਓ.ਟੀ.ਐਸ. ਨੂੰ ਵੀ ਸਹਿਮਤੀ ਦਿੱਤੀ ਗਈ ਤਾਂ ਕਿ ਮੌਤ, ਕੰਪਨੀ ਦੇ ਰਲੇਵੇਂ ਜਾਂ ਲਿਕੁਡੇਸਨ ਅਤੇ ਹੋਰ ਮਾਮਲਿਆਂ ਵਿੱਚ ਟੈਕਸ ਦੇਣਦਾਰੀ ਨੂੰ ਹੱਲ ਕੀਤਾ ਜਾ ਸਕੇ।
"ਸੀ.ਜੀ.ਸੀ. ਯੂਨੀਵਰਸਿਟੀ ਮੋਹਾਲੀ" ਅਤੇ "ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ" ਹੁਸ਼ਿਆਰਪੁਰ ਨਾਮਕ ਸਵੈ-ਵਿੱਤੀ ਨਿੱਜੀ ਯੂਨੀਵਰਸਿਟੀਆਂ ਦੀ ਸਥਾਪਨਾ ਨੂੰ ਪ੍ਰਵਾਨਗੀ
ਸੂਬੇ ਦੇ ਵਿਦਿਆਰਥੀਆਂ ਨੂੰ ਮਿਆਰੀ ਉੱਚ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ ਨਾਲ ਮਹੱਤਵਪੂਰਨ ਫੈਸਲੇ ਵਿੱਚ ਮੰਤਰੀ ਮੰਡਲ ਨੇ "ਪੰਜਾਬ ਪ੍ਰਾਈਵੇਟ ਯੂਨੀਵਰਸਿਟੀ ਨੀਤੀ-2010" ਦੇ ਤਹਿਤ ਝੰਜੇੜੀ (ਐਸ.ਏ.ਐਸ. ਨਗਰ ਮੋਹਾਲੀ) ਵਿਖੇ "ਸੀ.ਜੀ.ਸੀ ਯੂਨੀਵਰਸਿਟੀ ਮੋਹਾਲੀ" ਅਤੇ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ "ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ" ਨਾਮਕ ਸਵੈ-ਵਿੱਤੀ ਨਿੱਜੀ ਯੂਨੀਵਰਸਿਟੀਆਂ ਦੀ ਸਥਾਪਨਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਹ ਸਵੈ-ਵਿੱਤੀ ਵਿਦਿਅਕ ਸੰਸਥਾਵਾਂ ਮੋਹਾਲੀ ਅਤੇ ਹੁਸ਼ਿਆਰਪੁਰ ਵਿੱਚ ਮਿਆਰੀ ਸਿੱਖਿਆ ਪ੍ਰਦਾਨ ਕਰਨ ਵਿੱਚ ਯੋਗਦਾਨ ਪਾਉਣ ਦੇ ਨਾਲ-ਨਾਲ ਖੇਤਰ ਦੇ ਸਮੁੱਚੇ ਵਿਕਾਸ ਨੂੰ ਹੁਲਾਰਾ ਦੇਣ ਵਿੱਚ ਸਹਾਈ ਹੋਣਗੀਆਂ।

## ਸ਼ਾਂਤੀ ਦਾ ਸਮਾਂ ਸਿਰਫ਼ ਇੱਕ ਭਰਮ,

ਭਾਗੀਦਾਰੀ ਦੇ ਨਾਲ ਇੱਕ 'ਕੰਟਰੋਲਰ' ਤੋਂ 'ਸਹੂਲਤ ਦੇਣ ਵਾਲੇ' ਵਿੱਚ ਬਦਲਣ ਦਾ ਸੱਦਾ ਦਿੱਤਾ। ਵਿਆਪਕ ਭੂ-ਰਾਜਨੀਤਿਕ ਸਥਿਤੀ 'ਤੇ ਰੌਸ਼ਨੀ ਪਾਉਂਦੇ ਹੋਏ ਰੱਖਿਆ ਮੰਤਰੀ ਨੇ ਸਟਾਕਹੋਮ ਇੰਟਰਨੈਸ਼ਨਲ ਪੀਸ ਰਿਸਰਚ ਇੰਸਟੀਚਿਊਟ ਦੇ ਇੱਕ ਵਿਸ਼ਲੇਸ਼ਣ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਹੈ ਕਿ 2024 ਵਿੱਚ ਵਿਸ਼ਵਵਿਆਪੀ ਫੌਜੀ ਖਰਚ 2.7 ਲੱਖ ਕਰੋੜ ਅਮਰੀਕੀ ਡਾਲਰ ਤੱਕ ਪਹੁੰਚਣ ਦਾ ਅਨੁਮਾਨ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਭਾਰਤ ਦੇ ਸਵਦੇਸ਼ੀ ਰੱਖਿਆ ਉਦਯੋਗਾਂ ਲਈ ਬਹੁਤ ਸਾਰੇ ਮੌਕੇ ਖੁੱਲ੍ਹਣਗੇ। ਰੱਖਿਆ ਮੰਤਰੀ ਨੇ ਰੱਖਿਆ ਵਿਭਾਗ ਦੇ ਨਵੇਂ ਆਦਰਸ਼ 'ਚੇਤਾਵਨੀ, ਕਿਰਿਆਸ਼ੀਲ, ਅਨੁਕੂਲ' ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਸਿਰਫ਼ ਸ਼ਬਦ ਨਹੀਂ ਹਨ ਸਗੋਂ ਅੱਜ ਦੇ ਤੇਜ਼ੀ ਨਾਲ ਵਿਕਸਤ ਹੋ ਰਹੇ ਰੱਖਿਆ ਵਾਤਾਵਰਣ ਵਿੱਚ ਲੋੜੀਂਦੇ ਕਾਰਜ ਸੱਭਿਆਚਾਰ ਦਾ ਪ੍ਰਤੀਬਿੰਬ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਸਿਰਫ਼ ਬਾਹਰੀ ਆਡਿਟ ਜਾਂ ਸਲਾਹਕਾਰਾਂ 'ਤੇ ਨਿਰਭਰ ਕਰਨ ਦੀ ਬਜਾਏ ਆਤਮ-ਨਿਰੀਖਣ ਰਾਹੀਂ ਅੰਦਰੂਨੀ ਸੁਧਾਰ ਕਰਨ। ਸਿੰਘ ਨੇ ਕਿਹਾ ਕਿ ਅੰਦਰੂਨੀ ਮੁਲਾਂਕਣ ਰਾਹੀਂ ਕੀਤੇ ਸੁਧਾਰ ਇੱਕ ਜੀਵੰਤ ਸੰਗਠਨ ਬਣਾਉਂਦੇ ਹਨ ਅਤੇ ਇਹ ਸੁਧਾਰ ਘੱਟ ਰੁਕਾਵਟਾਂ ਦੇ ਨਾਲ ਵਧੇਰੇ ਟਿਕਾਊ ਹੁੰਦੇ ਹਨ। ਉਨ੍ਹਾਂ ਕਿਹਾ,'ਸ਼ਾਂਤੀ ਦਾ ਸਮਾਂ ਇੱਕ ਭਰਮ ਤੋਂ ਇਲਾਵਾ ਕੁਝ ਨਹੀਂ ਹੈ। ਮੁਕਾਬਲਤਨ ਸ਼ਾਂਤ ਸਮੇਂ ਦੌਰਾਨ ਸਾਨੂੰ ਅਨਿਸ਼ਚਿਤਤਾ ਲਈ ਤਿਆਰ ਰਹਿਣਾ ਚਾਹੀਦਾ ਹੈ। ਅਚਾਨਕ ਵਿਕਾਸ ਸਾਡੀ ਵਿੱਤੀ ਅਤੇ ਕਾਰਜਸ਼ੀਲ ਸਥਿਤੀ ਨੂੰ ਪੂਰੀ ਤਰ੍ਹਾਂ ਬਦਲ ਸਕਦਾ ਹੈ।' ਮੰਤਰੀ ਨੇ ਕਿਹਾ, 'ਚਾਹੇ ਇਹ ਸਾਜ਼ੋ-ਸਾਮਾਨ ਦੇ ਉਤਪਾਦਨ ਨੂੰ ਵਧਾਉਣਾ ਹੋਵੇ ਜਾਂ ਵਿੱਤੀ ਪ੍ਰਕਿਰਿਆਵਾਂ ਨੂੰ ਅਨੁਕੂਲ ਬਣਾਉਣਾ, ਸਾਨੂੰ ਹਰ ਸਮੇਂ ਨਵੀਨਤਾਕਾਰੀ ਤਕਨਾਲੋਜੀਆਂ ਅਤੇ ਪ੍ਰਣਾਲੀਆਂ ਨਾਲ ਤਿਆਰ ਰਹਿਣਾ ਚਾਹੀਦਾ ਹੈ।' ਉਨ੍ਹਾਂ ਨੇ ਡੀ.ਏ.ਡੀ. ਨੂੰ ਇਸ ਮਾਨਸਿਕਤਾ ਨੂੰ ਆਪਣੀ ਯੋਜਨਾਬੰਦੀ, ਬਜਟ ਅਤੇ ਫ਼ੈਸਲਾ ਲੈਣ ਪ੍ਰਣਾਲੀਆਂ ਵਿੱਚ ਸ਼ਾਮਲ ਕਰਨ ਲਈ ਕਿਹਾ। ਰੱਖਿਆ ਖੇਤਰ ਦੀ ਵਧਦੀ ਰਣਨੀਤਕ ਅਤੇ ਆਰਥਿਕ ਮਹੱਤਤਾ ਨੂੰ ਉਜਾਗਰ ਕਰਦੇ ਸਿੰਘ ਨੇ ਰੱਖਿਆ ਖ਼ਰਚ ਦੀ ਧਾਰਨਾ ਨੂੰ ਸਿਰਫ਼ ਇੱਕ ਖ਼ਰਚੇ ਵਜੋਂ ਵਿਚਾਰਨ ਤੋਂ ਬਦਲ ਕੇ ਇੱਕ ਗੁਣਾਤਮਕ ਪ੍ਰਭਾਵ ਵਾਲੇ ਆਰਥਿਕ ਨਿਵੇਸ਼ ਵਿੱਚ ਬਦਲਣ ਦਾ ਸੱਦਾ ਦਿੱਤਾ। ਉਹਨਾਂ ਕਿਹਾ,'ਹਾਲ ਹੀ ਤੱਕ, ਰੱਖਿਆ ਬਜਟ ਨੂੰ ਰਾਸ਼ਟਰੀ ਅਰਥਵਿਵਸਥਾ ਦਾ ਹਿੱਸਾ ਨਹੀਂ ਮੰਨਿਆ ਜਾਂਦਾ ਸੀ। ਅੱਜ ਇਹ ਵਿਕਾਸ ਦੇ ਚਾਲਕ ਹਨ।' ਰੱਖਿਆ ਮੰਤਰੀ ਨੇ ਰੱਖਿਆ ਵਿਭਾਗ ਨੂੰ ਆਪਣੀ ਯੋਜਨਾਬੰਦੀ ਅਤੇ ਮੁਲਾਂਕਣ ਵਿੱਚ ਰੱਖਿਆ ਅਰਥਸ਼ਾਸਤਰ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ, ਜਿਸ ਵਿੱਚ ਖੋਜ ਅਤੇ ਵਿਕਾਸ ਪ੍ਰੋਜੈਕਟਾਂ ਅਤੇ ਦੋਹਰੀ-ਵਰਤੋਂ ਵਾਲੀਆਂ ਤਕਨਾਲੋਜੀਆਂ ਦੇ ਸਮਾਜਿਕ ਪ੍ਰਭਾਵ ਵਿਸ਼ਲੇਸ਼ਣ ਸ਼ਾਮਲ ਹਨ।

## 'ਜਦੋਂ ਨਸਲਕੁਸ਼ੀ ਹੋਈ ਉਸ ਵੇਲੇ ਮੈਂ

ਭਾਰਤੀ ਦੰਡਾਵਲੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸ਼ ਤੈਅ ਕਰਨ ਦੇ ਹੁਕਮ ਦਿੱਤੇ ਸਨ। ਹਾਲਾਂਕਿ, ਅਦਾਲਤ ਨੇ ਐਸ.ਆਈ.ਟੀ. ਦੁਆਰਾ ਸੱਜਣ ਕੁਮਾਰ ਵਿਰੁੱਧ ਲਗਾਈ ਗਈ ਕਤਲ ਦੀ ਧਾਰਾ 302 ਨੂੰ ਹਟਾਉਣ ਦੇ ਹੁਕਮ ਦਿੱਤੇ ਸਨ। ਮਾਮਲਾ ਜਨਕਪੁਰੀ ਦਾ ਹੈ। ਦਰਅਸਲ, 1984 ਦੇ ਸਿੱਖ ਦੰਗਿਆਂ ਦੌਰਾਨ, 1 ਨਵੰਬਰ, 1984 ਨੂੰ ਜਨਕਪੁਰੀ ਵਿੱਚ ਦੋ ਸਿੱਖਾਂ ਸੋਹਣ ਸਿੰਘ ਅਤੇ ਉਨ੍ਹਾਂ ਦੇ ਜਵਾਈ ਅਵਤਾਰ ਸਿੰਘ ਦਾ ਕਤਲ ਕਰ ਦਿੱਤਾ ਗਿਆ ਸੀ। ਜਦੋਂ ਕਿ ਵਿਕਾਸਪੁਰੀ ਥਾਣੇ ਦੇ ਖੇਤਰ ਵਿੱਚ ਗੁਰਚਰਨ ਸਿੰਘ ਨੂੰ ਸਾੜ ਦਿੱਤਾ ਗਿਆ ਸੀ, ਜਿਸ ਕਾਰਨ ਉਨ੍ਹਾਂ ਦੀ ਮੌਤ ਹੋ ਗਈ ਸੀ। ਇਨ੍ਹਾਂ ਦੋਵਾਂ ਮਾਮਲਿਆਂ ਵਿੱਚ, ਐਸ.ਆਈ.ਟੀ. ਨੇ 2015 ਵਿੱਚ ਕੇਸ ਦਰਜ ਕੀਤਾ ਸੀ ਅਤੇ ਜਾਂਚ ਸ਼ੁਰੂ ਕੀਤੀ ਸੀ। ਇਸ ਦੇ ਲਈ ਮਈ, 2018 ਵਿੱਚ ਸੱਜਣ ਕੁਮਾਰ ਦਾ ਪੌਲੀਗ੍ਰਾਫ ਟੈਸਟ ਵੀ ਕੀਤਾ ਗਿਆ ਹੈ। ਤੁਹਾਨੂੰ ਦੱਸ ਦੇਈਏ ਕਿ 25 ਫਰਵਰੀ ਨੂੰ ਅਦਾਲਤ ਨੇ ਸਰਸਵਤੀ ਵਿਹਾਰ ਨਾਲ ਸਬੰਧਤ ਸਿੱਖ ਵਿਰੋਧੀ ਦੰਗਿਆਂ ਦੇ ਮਾਮਲੇ ਵਿੱਚ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ।

## ਆਲਮੀ ਪੱਧਰ 'ਤੇ ਮੰਗ ਘਟਣ ਕਾਰਨ ਸੋਨੇ ਦੀਆਂ

ਪ੍ਰਤੀ 10 ਗ੍ਰਾਮ 'ਤੇ ਸਥਿਰ ਹੋਈ ਸੀ। 99.5 ਪ੍ਰਤੀਸ਼ਤ ਸ਼ੁੱਧਤਾ ਵਾਲਾ ਸੋਨਾ 500 ਰੁਪਏ ਘੱਟ ਕੇ 98,100 ਰੁਪਏ ਪ੍ਰਤੀ 10 ਗ੍ਰਾਮ (ਸਾਰੇ ਟੈਕਸਾਂ ਸਮੇਤ) ਹੋ ਗਿਆ। ਪਿਛਲੇ ਬਾਜ਼ਾਰ ਸੈਸ਼ਨ ਵਿੱਚ ਇਹ 98,600 ਰੁਪਏ ਪ੍ਰਤੀ 10 ਗ੍ਰਾਮ 'ਤੇ ਸਥਿਰ ਹੋਇਆ ਸੀ। ਚਾਂਦੀ ਦੀਆਂ ਕੀਮਤਾਂ ਬਿਨ੍ਹਾਂ ਕਿਸੇ ਬਦਲਾਅ ਦੇ ਸੋਮਵਾਰ ਨੂੰ ਲਗਾਤਾਰ ਦੂਜੇ ਸੈਸ਼ਨ ਲਈ 1,04,800 ਰੁਪਏ ਪ੍ਰਤੀ ਕਿਲੋਗ੍ਰਾਮ (ਸਾਰੇ ਟੈਕਸਾਂ ਸਮੇਤ) 'ਤੇ ਰਹੀਆਂ।

## 'ਆਪ੍ਰੇਸ਼ਨ ਬਲੂਸਟਾਰ 'ਚ ਸ਼ਾਮਲ

ਗਿਆਨੀ ਜ਼ੈਲ ਸਿੰਘ ਨੂੰ ਬਣਾਇਆ 1984 ਦੇ ਸਿੱਖਾਂ ਦੇ ਕਤਲੇਆਮ ਨੂੰ ਛੁਡਾਉਣ ਤੇ ਸੀਨੀਅਰ ਨੇਤਾਵਾਂ ਐੱਲ.ਕੇ.ਐੱਲ. ਭਗਤ, ਜਗਦੀਸ਼ ਟਾਈਟਲਰ, ਸੱਜਣ ਕੁਮਾਰ ਨੂੰ ਬਚਾਉਣ ਲਈ 2004 ਵਿਚ ਮਨਮੋਹਨ ਸਿੰਘ ਨੂੰ ਕਠਪੁਤਲੀ ਪ੍ਰਧਾਨ ਮੰਤਰੀ ਬਣਾਇਆ। ਦੇਸ਼ ਨੂੰ ਵੇਚਣ 'ਤੇ ਵਿਦੇਸ਼ਾਂ ਦੇ ਸਾਹਮਣੇ ਸਰੰਡਰ ਹੋਣ ਦੀ ਕਹਾਣੀ ਜਾਰੀ ਹੈ। ਨਿਸ਼ੀਕਾਂਤ ਦੂਬੇ ਦੇ ਇਸ ਟਵੀਟ ਤੋਂ ਬਾਅਦ ਕਈ ਸੀਨੀਅਰ ਲੀਡਰਾਂ ਵੱਲੋਂ ਸਵਾਲ ਚੁੱਕੇ ਜਾ ਰਹੇ ਹਨ। ਖਾਸ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਲੀਡਰਾਂ ਨੇ ਟਵੀਟ 'ਤੇ ਇਤਰਾਜ਼ ਪ੍ਰਗਟਾਇਆ ਹੈ। ਨਿਸ਼ੀਕਾਂਤ ਦੂਬੇ ਦੇ ਇਸ ਬਿਆਨ ਨਾਲ ਪੰਜਾਬ ਵਿਚ ਸਿਆਸਤ ਤੂਲ ਫੜੇਗੀ।

## ਪੰਜਾਬ 'ਚ 3 ਦਿਨਾਂ ਲਈ ਨਹੀਂ ਚੱਲਣਗੀਆਂ

ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹੜਤਾਲ ਦੌਰਾਨ ਪੰਜਾਬ ਦੇ ਸਾਰੇ ਡਿਪੂਆਂ ਵਿਚ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਬੱਸ ਅੱਡੇ ਬੰਦ ਕਰਦੇ ਹੋਏ ਮੰਗਾਂ ਨੂੰ ਲੈ ਕੇ ਆਵਾਜ਼ ਬੁਲੰਦ ਕੀਤੀ ਜਾਵੇਗੀ।

## ਦਸੂਹਾ 'ਚ ਬੱਸ ਤੇ ਕਾਰ ਵਿਚਾਲੇ ਟੱਕਰ

ਕਾਂਗੜਾ ਹਿਮਾਚਲ ਪ੍ਰਦੇਸ਼ ਅਤੇ ਮ੍ਰਿਤਕ 4 ਸਵਾਰੀਆਂ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਅਤੇ ਜ਼ਖ਼ਮੀਆਂ ਵਿੱਚ ਮੋਹਿੰਦਰ ਸਿੰਘ ਵਾਸੀ ਕਟੇਗੜ, ਆਸ਼ੀਸ ਕੁਮਾਰ ਪਿੰਡ ਝਿੰਗੜਵਾਂ, ਸਾਹਿਲ ਮਿਨਹਾਸ ਵਾਸੀ ਪਿੰਡ ਸੰਘਵਾਲ, ਸ਼ੀਤਲ ਪਤਨੀ ਲਛਮਣ ਵਾਸੀ ਪਿੰਡ ਜੁਗਿਆਲ, ਰਿਤੀਕਾ ਠਾਕੁਰ ਵਾਸੀ ਪਿੰਡ ਨਿੱਕੂਚੱਕ, ਰਿਤੇਸ਼ ਵਾਸੀ ਪਿੰਡ ਸਵਾਰ, ਨਮਰਤਾ ਭਾਟੀਆ ਵਾਸੀ ਪਿੰਡ ਸਿਪਰੀਆ, ਬੱਸ ਦਾ ਡਰਾਈਵਰ ਗੁਰਦੀਪ ਸਿੰਘ ਵਾਸੀ ਪਿੰਡ ਗਾਲੋਵਾਲ, ਬੱਸ ਕੰਡਕਟਰ ਮਿਸ਼ਰਾ ਵਾਸੀ ਪਿੰਡ ਸਿਪਰੀਆ, ਤੀਲਕ ਰਾਜ ਵਾਸੀ ਪਿੰਡ ਸਿਪਰੀਆ, ਰਾਜ ਰਾਣੀ ਵਾਸੀ ਪਿੰਡ ਸਹੋੜਾ, ਤਾਨਵੀ ਵਾਸੀ ਪਿੰਡ ਹਾਜੀਪੁਰ, ਤ੍ਰਿਪਤਾ ਦੇਵੀ ਵਾਸੀ ਪਿੰਡ ਬਿੱਸੂਚੱਕ, ਨੀਤੂ ਬਾਲਾ ਵਾਸੀ ਪਿੰਡ ਬਿੱਸੋਚੱਕ, ਨੀਲਮ ਕੁਮਾਰੀ ਵਾਸੀ ਪਿੰਡ ਲੁਡਿਆਰ, ਸੁਖਵਿੰਦਰ ਵਾਸੀ ਪਿੰਡ ਸਹੋੜਾ, ਸੰਜੀਵ ਸਿੰਘ ਵਾਸੀ ਪਿੰਡ ਚੱਕਰਾਲ, ਨੀਰਜ ਚੋਧਰੀ ਵਾਸੀ ਪਿੰਡ ਭੰਬੋਤੜ, ਨੀਲਮ ਵਾਸੀ ਪਿੰਡ ਬਜੀਰਾ, ਪ੍ਰਿੰਸ਼ ਵਾਸੀ ਪਿੰਡ ਘੋਗਰਾ, ਸੁਰਿੰਦਰ ਸਿੰਘ ਵਾਸੀ ਪਿੰਡ ਸਿੱਬੋਚੱਕ, ਮਮਤਾ ਵਾਸੀ ਪਿੰਡ ਦੋਲੋਵਾਲ, ਕਵਿਸ਼ ਵਾਸੀ ਪਿੰਡ ਦੋਲੋਵਾਲ, ਪ੍ਰੀਤੀ ਵਾਸੀ ਪਿਡ ਦੋਲੋਵਾਲ, ਸੁਬਾਗ ਵਾਸੀ ਪਿੰਡ ਸਹੋੜਾ, ਪੂਜਾ ਵਾਸੀ ਪਿੰਡ ਸਮਰਾਲਾ ਚੱਕ, ਖ਼ੁਸ਼ੀ ਮਹਿਤਾ ਵਾਸੀ ਪਿੰਡ ਹਾਜੀਪੁਰ, ਰੀਨਾ ਦੇਵੀ ਵਾਸੀ ਪਿੰਡ ਹਾਜੀਪੁਰ, ਮਨੀਸ਼ ਵਾਸੀ ਪਿੰਡ ਬੁੱਢਾਬੜ ,ਮੀਨਾ ਵਾਸੀ ਪਿੰਡ ਬੁੱਢਾਬੜ ਹਨ ਅਤੇ 3 ਗੰਭੀਰ ਜ਼ਖ਼ਮੀ ਸਵਾਰੀਆਂ ਨੂੰ ਰੈਫਰ ਦਿੱਤਾ ਗਿਆ। ਜਦਕਿ ਕਾਰ ਚਾਲਕ ਬਿਕਰਮ ਵਾਸੀ ਪਿੰਡ ਭੋਲ ਕਲੋਤਾ ਦੇ ਝਰੀਟ ਤੱਕ ਨਹੀਂ ਆਈ ਅਤੇ ਕਾਰ ਬੁਰੀ ਤਰ੍ਹਾਂ ਨਾਲ ਨੁਕਸਾਨੀ ਗਈ। ਇਸ ਮੌਕੇ 'ਤੇ ਸਿਵਲ ਹਸਪਤਾਲ ਦਸੂਹਾ ਵਿਖੇ ਡਿਪਟੀ ਕਮਿਸ਼ਨਰ ਅਤੇ ਵਿਧਾਇਕ ਪਹੁੰਚੇ ਅਤੇ ਹਸਪਤਾਲ ਵਿੱਚ ਦਾਖ਼ਲ ਮਰੀਜਾਂ ਦਾ ਹਾਲਚਾਲ ਪੁੱਛਿਆ ਅਤੇ ਕਿਹਾ ਕਿ ਇਸ ਬੱਸ ਹਾਦਸੇ ਵਿੱਚ ਮਾਰੇ ਗਏ ਮ੍ਰਿਤਕਾਂ ਦੇ ਵਾਰਸਾਂ ਨੂੰ ਮੁੱਖ ਮੰਤਰੀ ਫੰਡ ਵਿੱਚੋਂ 2-2 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਗਿਆ ਹੈ ਅਤੇ ਜ਼ਖ਼ਮੀਆਂ ਦਾ ਇਲਾਜ ਅਤੇ ਹੋਰ ਸਹਾਇਤਾ ਵੀ ਸਰਕਾਰ ਵੱਲੋਂ ਕੀਤੀ ਜਾਵੇਗੀ। ਐੱਸ.ਡੀ.ਐੱਮ.ਦਸੂਹਾ ਵੱਲੋਂ 01883-506268 ਹੈਲਪਲਾਈਨ ਨੰਬਰ ਵੀ ਜਾਰੀ ਕੀਤਾ।

## ਬਰਖ਼ਾਸਤ ਮਹਿਲਾ ਕਾਂਸਟੇਬਲ ਅਮਨਦੀਪ ਕੌਰ

ਘਰੋਂ ਗ੍ਰਿਫ਼ਤਾਰ ਕੀਤਾ ਸੀ। ਇਸ ਤੋਂ ਬਾਅਦ ਉਹ ਵਿਜੀਲੈਂਸ ਕੋਲ ਪੁਲਿਸ ਰਿਮਾਂਡ 'ਤੇ ਵੀ ਸੀ, ਪਰ ਅਚਾਨਕ ਉਸ ਦੀ ਸਿਹਤ ਵਿਗੜਨ ਕਾਰਨ ਉਸ ਨੂੰ ਏਮਜ਼ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਇਸ ਤੋਂ ਬਾਅਦ ਅਦਾਲਤ ਨੇ ਉਸ ਨੂੰ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ। ਜਿੱਥੋਂ ਉਸਨੇ ਹੁਣ ਇਹ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਹੈ ਪਰ ਹੁਣ ਅਦਾਲਤ ਨੇ ਉਸ ਦੀ ਪਟੀਸ਼ਨ ਰੱਦ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਪੰਜਾਬ ਪੁਲਿਸ ਦੀ ਏ.ਐਨ.ਟੀ.ਐਫ. ਟੀਮ ਨੇ ਜ਼ਿਲ੍ਹਾ ਪੁਲਿਸ ਦੀ ਮਦਦ ਨਾਲ ਦੋਸ਼ੀ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਨੂੰ ਬਾਦਲ ਰੋਡ ਤੋਂ ਕਾਲੀ ਥਾਰ ਤੋਂ ਗ੍ਰਿਫ਼ਤਾਰ ਕੀਤਾ ਸੀ, ਜਿਸ ਤੋਂ 17.71 ਗ੍ਰਾਮ ਚਿੱਟਾ ਬਰਾਮਦ ਹੋਇਆ ਸੀ, ਜਿਸ ਕਾਰਨ ਡੀ.ਜੀ.ਪੀ. ਨੇ ਅਗਲੇ ਹੀ ਦਿਨ ਉਸ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਸੀ।

## ਪੰਜਾਬ 'ਚ 11 ਜੁਲਾਈ ਤੱਕ ਮੀਂਹ

ਰੇਲਵੇ ਟਰੈਕ ਡੁੱਬਣ ਕਾਰਨ ਰੇਲ ਮਾਰਗ 4 ਘੰਟੇ ਬੰਦ ਰਿਹਾ। ਹਿਮਾਚਲ ਪ੍ਰਦੇਸ਼ ਵਿੱਚ 20 ਜੂਨ ਤੋਂ 6 ਜੁਲਾਈ ਤੱਕ ਬੱਦਲ ਫਟਣ ਦੀਆਂ 19 ਘਟਨਾਵਾਂ ਵਾਪਰੀਆਂ। 23 ਹੜ੍ਹ ਅਤੇ 19 ਜ਼ਮੀਨ ਖਿਸਕਣ ਦੀਆਂ ਘਟਨਾਵਾਂ ਵਾਪਰੀਆਂ। 269 ਸੜਕਾਂ ਬੰਦ ਹਨ। ਹੁਣ ਤੱਕ ਮੀਂਹ ਨਾਲ ਸਬੰਧਤ ਹਾਦਸਿਆਂ ਵਿੱਚ 82 ਲੋਕਾਂ ਦੀ ਜਾਨ ਜਾ ਚੁੱਕੀ ਹੈ। ਯੂ.ਪੀ. ਦੇ ਅਯੁੱਧਿਆ ਵਿੱਚ ਸਰਯੂ ਦਾ ਪਾਣੀ ਦਾ ਪੱਧਰ 91.35 ਮੀਟਰ ਤੱਕ ਪਹੁੰਚ ਗਿਆ ਹੈ। ਇਹ ਚੇਤਾਵਨੀ ਦੇ ਪੱਧਰ ਤੋਂ ਸਿਰਫ਼ 20 ਸੈਂਟੀਮੀਟਰ ਹੇਠਾਂ ਹੈ। 24 ਘੰਟਿਆਂ ਵਿੱਚ 24 ਸੈਂਟੀਮੀਟਰ ਦਾ ਵਾਧਾ ਹੋਇਆ ਹੈ। ਕਾਨਪੁਰ ਵਿੱਚ ਗੰਗਾ ਦੇ ਕੰਢੇ ਵਸੀਆਂ ਬਸਤੀਆਂ ਵਿੱਚ ਹੜ੍ਹ ਦਾ ਖ਼ਤਰਾ ਹੈ।
**ਉਦਘਾਟਨ ਤੋਂ ਪਹਿਲਾਂ ਹੀ ਮੀਂਹ ਦੇ ਪਾਣੀ 'ਚ ਰੁੜ੍ਹ ਗਈ ਸੜਕ** : ਰਾਜਸਥਾਨ 'ਚ ਝੁੰਝੁਨੂੰ ਜ਼ਿਲ੍ਹੇ ਦੇ ਬਾਘੋਲੀ ਖੇਤਰ 'ਚ ਨੈਸ਼ਨਲ ਹਾਈਵੇਅ-52 ਨੂੰ ਜੋੜਨ ਵਾਲੀ ਬਾਘੋਲੀ-ਜਹਾਜ਼ ਸੜਕ ਕਾਟਲੀ ਨਦੀ ਖੇਤਰ 'ਚ ਮੀਂਹ ਦੇ ਪਾਣੀ ਨਾਲ ਰੁੜ੍ਹ ਗਈ। ਪ੍ਰਾਪਤ ਜਾਣਕਾਰੀ ਅੁਸਾਰ ਇਸ ਸੜਕ ਦਾ ਹਾਲ ਹੀ 'ਚ ਨਿਰਮਾਣ ਕੰਮ ਪੂਰਾ ਹੋਇਆ ਸੀ ਅਤੇ ਇਸ ਰਸਮੀ ਉਦਘਾਟਨ ਹੋਣਾ ਸੀ। ਉਦਘਾਟਨ ਤੋਂ ਪਹਿਲਾਂ ਹੀ ਸੜਕ ਦਾ ਇਕ ਵੱਡਾ ਹਿੱਸਾ ਕਾਟਲੀ ਨਦੀ ਦੇ ਵਹਾਅ 'ਚ ਡੁੱਬ ਗਿਆ। ਸੜਕ ਦੇ ਰੁੜ੍ਹਨ ਨਾਲ ਸੜਕ 'ਤੇ ਕਰੀਬ 35 ਫੁੱਟ ਡੂੰਘਾ ਟੋਇਆ ਬਣ ਗਿਆ। ਇਸ ਨਾਲ ਪਾਪੜਾ ਅਤੇ ਪੰਚਲਗੀ ਸਣੇ ਕਈ ਪਿੰਡਾਂ ਦਾ ਸੰਪਰਕ ਮੁੱਖ ਮਾਰਗ ਨਾਲ ਪੂਰੀ ਤਰ੍ਹਾਂ ਟੁੱਟ ਗਿਆ ਹੈ। ਨੈਸ਼ਨਲ ਹਾਈਵੇਅ-52 ਨੂੰ ਜੋੜਨ ਵਾਲੀ ਬਾਘੋਲੀ-ਜਹਾਜ਼ ਸੜਕ ਦਾ ਕੰਮ ਹਾਲ ਹੀ 'ਚ ਪੂਰਾ ਹੋਇਆ ਸੀ। ਇਸ ਸੜਕ ਦੇ ਟੁੱਟਣ ਤੋਂ ਬਾਅਦ ਕਾਟਲੀ ਨਦੀ ਦੇ ਕਿਨਾਰੇ ਵੱਡੀ ਗਿਣਤੀ 'ਚ ਪਿੰਡ ਵਾਸੀ ਇਕੱਠੇ ਹੋ ਗਏ। ਉਨ੍ਹਾਂ ਨੇ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਨ ਅਤੇ ਦੋਸ਼ੀਆਂ 'ਤੇ ਸਖ਼ਤ ਕਾਰਵਾਈ ਕਰਨ ਦੀ ਮੰਗ ਕਰਦੇ ਹੋਏ ਸੜਕ ਦੇ ਮੁੜ ਨਿਰਮਾਣ ਤੋਂ ਪਹਿਲੇ ਤਕਨੀਕੀ ਮਾਹਿਰਾਂ ਦੀ ਨਿਗਰਾਨੀ 'ਚ ਕੰਮ ਕਰਵਾਉਣ ਦੀ ਮੰਗ ਕੀਤੀ, ਜਿਸ ਨਾਲ ਭਵਿੱਖ 'ਚ ਅਜਿਹੀ ਸਥਿਤੀ ਮੁੜ ਨਾ ਆਏ।

## ਬਿਹਾਰ ਦੀਆਂ ਵੋਟਰ ਸੂਚੀਆਂ ਦੇ ਮਾਮਲੇ 'ਤੇ

ਅਤੇ ਕਿਹਾ ਕਿ ਇਸ ਸਮੇਂ ਸਮਾਂ-ਸਾਰਣੀ ਦਾ ਕੋਈ ਮਸਲਾ ਨਹੀਂ ਹੈ ਕਿਉਂਕਿ ਹਾਲੇ ਤੱਕ ਚੋਣਾਂ ਦੀਆਂ ਤਰੀਕਾਂ ਦਾ ਐਲਾਨ ਨਹੀਂ ਕੀਤਾ ਗਿਆ ਹੈ। ਬੈਂਚ ਨੇ ਪਟੀਸ਼ਨਰਾਂ ਨੂੰ ਭਾਰਤੀ ਚੋਣ ਕਮਿਸ਼ਨ ਦੇ ਵਕੀਲ ਨੂੰ ਆਪਣੀਆਂ ਪਟੀਸ਼ਨਾਂ ਦਾ ਪਹਿਲਾਂ ਤੋਂ ਨੋਟਿਸ ਦੇਣ ਲਈ ਕਿਹਾ।
ਗ਼ੌਰਤਲਬ ਹੈ ਕਿ ਸੁਪਰੀਮ ਕੋਰਟ ਵਿੱਚ ਰਾਸ਼ਟਰੀ ਜਨਤਾ ਦਲ (ਆਰਜੇਡੀ) ਦੇ ਸੰਸਦ ਮੈਂਬਰ ਮਨੋਜ ਝਾਅ ਅਤੇ ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਮਹੂਆ ਮੋਇਤਰਾ ਵਰਗੇ ਨੇਤਾਵਾਂ ਸਮੇਤ ਕਈ ਪਟੀਸ਼ਨਰਾਂ ਨੇ ਪਟੀਸ਼ਨਾਂ ਦਾਇਰ ਕੀਤੀਆਂ ਹਨ। ਚੋਣ ਸੁਧਾਰਾਂ ਬਾਰੇ ਐਨਜੀਓ ਐਸੋਸੀਏਸ਼ਨ ਆਫ ਡੈਮੋਕ੍ਰੇਟਿਕ ਰਿਫਾਰਮਜ਼ ਨੇ ਵੀ ਅਜਿਹੀ ਪਟੀਸ਼ਨ ਦਾਇਰ ਕੀਤੀ ਹੈ, ਜਿਸ ਵਿੱਚ ਬਿਹਾਰ ਵਿੱਚ ਵੋਟਰ ਸੂਚੀਆਂ ਦੇ ਐਸ.ਆਈ.ਆਰ. ਲਈ ਚੋਣ ਸੰਸਥਾ ਦੇ ਹੁਕਮਾਂ ਨੂੰ ਚੁਣੌਤੀ ਦਿੱਤੀ ਗਈ ਹੈ। -

## ਬਿਹਾਰ ਦੇ ਲੋਕਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨ

ਇਸ਼ਤਿਹਾਰ ਦਾ ਹਵਾਲਾ ਦਿੱਤਾ, ਜਿਸ 'ਚ ਬਿਹਾਰ ਦੇ ਵੋਟਰਾਂ ਨੂੰ ਐੱਸ.ਆਈ.ਆਰ. ਤਹਿਤ ਸਿਰਫ਼ ਇਕ ਫ਼ਾਰਮ ਭਰਨ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਦੋਸ਼ ਲਾਇਆ ਕਿ 'ਜਦੋਂ ਜਨਤਾ ਦਾ ਵਿਰੋਧ ਸਾਹਮਣੇ ਆਉਂਦਾ ਹੈ, ਤਾਂ ਭਾਜਪਾ ਬੜੀ ਚਲਾਕੀ ਨਾਲ ਕਦਮ ਪਿੱਛੇ ਖਿੱਚ ਲੈਂਦੀ ਹੈ। ਇਸ ਦੌਰਾਨ ਖੜਗੇ ਨੇ 'ਐਕਸ' 'ਤੇ ਇਕ ਪੋਸਟ ਸਾਂਝੀ ਕਰਦੇ ਹੋਏ ਕਿਹਾ,''ਚੋਣ ਕਮਿਸ਼ਨ ਦੇ ਸਹਿਯੋਗ ਨਾਲ ਭਾਜਪਾ ਨੇ ਬਿਹਾਰ 'ਚ ਕਰੋੜਾਂ ਲੋਕਾਂ ਦਾ ਵੋਟ ਪਾਉਣ ਦਾ ਅਧਿਕਾਰ ਖੋਹਣ ਲਈ ਜੋ 'ਮਾਸਟਰ ਪਲਾਨ' ਬਣਾਇਆ ਸੀ, ਉਸ 'ਚ ਹੁਣ ਉਹ ਖੁਦ ਫੱਸਦੀ ਹੋਈ ਨਜ਼ਰ ਆ ਰਹੀ ਹੈ।'' ਉਨ੍ਹਾਂ ਕਿਹਾ ਕਿ ਪਹਿਲੇ ਦਿਨ ਤੋਂ ਹੀ ਕਾਂਗਰਸ ਐੱਸ.ਆਈ.ਆਰ. ਦੇ ਖਿਲਾਫ ਆਵਾਜ਼ ਉਠਾ ਰਹੀ ਹੈ। ਇਸ ਦੇ ਨਾਲ ਹੀ ਖੜਗੇ ਨੇ ਕਿਹਾ,''ਜਿਹੜੇ ਲੋਕ ਚੋਣਾਂ 'ਚ ਲਗਾਤਾਰ ਵੋਟ ਪਾਉਂਦੇ ਰਹੇ ਹਨ, ਉਨ੍ਹਾਂ ਨੂੰ ਵੋਟ ਲਈ ਦਸਤਾਵੇਜ਼ ਵਿਖਾਉਣ ਲਈ ਕਿਉਂ ਕਿਹਾ ਜਾ ਰਿਹਾ ਹੈ?''ਉਨ੍ਹਾਂ ਦੋਸ਼ ਲਾਇਆ,''ਗਰੀਬ, ਕਮਜ਼ੋਰ, ਵਾਂਝੇ, ਦਲਿਤ, ਪੀੜ ?ਤ, ਪੱਛੜੇ ਲੋਕਾਂ ਦਾ ਜਬਰਨ ਵੋਟ ਦਾ ਅਧਿਕਾਰ ਖੋਹਣਾ ਹੀ ਭਾਜਪਾ ਅਤੇ ਰਾਸ਼ਟਰੀ ਸਵੈਮਸੇਵਕ ਸੰਘ (ਆਰ. ਐੱਸ. ਐੱਸ.) ਦੀ ਸਾਜ਼ਿਸ਼ ਹੈ।''

## ਕੇਂਦਰੀ ਏਜੰਸੀਆਂ ਵੱਲੋਂ ਹੈਪੀ ਪਾਸੀਆ

ਨਾਲ ਸਬੰਧਤ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆ ਅਤੇ ਗੁਰਪ੍ਰੀਤ ਉਰਫ਼ ਗੋਪੀ ਨੇ ਸੋਸ਼ਲ ਮੀਡੀਆ 'ਤੇ ਇਕ ਪੋਸਟ ਵਿਚ ਪਿਛਲੇ ਸਾਲ ਦਸੰਬਰ ਵਿਚ ਬਟਾਲਾ ਦੇ ਘਣੀਏ ਕੇ ਬਾਂਗਰ ਪੁਲਿਸ ਥਾਣੇ 'ਤੇ ਗ੍ਰਨੇਡ ਹਮਲੇ ਦੀ ਜ਼ਿੰਮੇਵਾਰੀ ਲਈ ਸੀ।

## ਅਬੋਹਰ 'ਚ ਕੱਪੜਾ ਵਪਾਰੀ ਦਾ

ਤਾਬੜ-ਤੋੜ ਫਾਇਰਿੰਗ ਕਰ ਦਿੱਤੀ ਅਤੇ ਫਰਾਰ ਹੋ ਗਏ। ਕਰਮਚਾਰੀ ਉਨ੍ਹਾਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਲੈ ਗਏ। ਜਿੱਥੇ ਡਾਕਟਰਾਂ ਨੇ ਸੰਜੇ ਵਰਮਾ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਦੱਸਿਆ ਜਾਂਦਾ ਹੈ ਕਿ ਹਮਲਾਵਰਾਂ ਨੇ ਲਗਭਗ ਇਕ ਦਰਜਨ ਗੋਲੀਆਂ ਸੰਜੇ ਵਰਮਾ 'ਤੇ ਚਲਾਈਆਂ, ਜਿਸ ਕਾਰਨ ਪੂਰਾ ਸਰੀਰ ਹੀ ਗੋਲੀਆਂ ਨਾਲ ਛਲਣੀ ਹੋ ਗਿਆ।ਇਸ ਕਤਲ ਕਾਂਡ ਦੀ ਜ਼ਿੰਮੇਵਾਰੀ ਲਾਰੈਂਸ ਗੈਂਗ ਨੇ ਲਈ ਹੈ। ਆਰਜ਼ੂ ਬਿਸ਼ਨੋਈ ਨਾਮ ਦੇ ਸੋਸ਼ਲ ਮੀਡੀਆ ਅਕਾਊਂਟ ਤੋਂ ਇਕ ਪੋਸਟ ਵਿਚ ਲਿਖਿਆ ਗਿਆ ਹੈ ਕਿ 'ਉਹ ਸਾਡੇ ਦੁਸ਼ਮਣਾਂ ਦਾ ਸਮੱਰਥਨ ਕਰਦਾ ਸੀ, ਜੋ ਵੀ ਸਾਡੇ ਵਿਰੁੱਧ ਜਾਵੇਗਾ, ਅਸੀਂ ਉਸਨੂੰ ਤਬਾਹ ਕਰ ਦੇਵਾਂਗੇ।' ਇਥੇ ਦੱਸ ਦਈਏ ਕਿ ਜਗ ਬਾਣੀ ਇਸ ਪੋਸਟ ਦੀ ਪੁਸ਼ਟੀ ਨਹੀਂ ਕਰਦਾ ਹੈ। ਆਰਜ਼ੂ ਬਿਸ਼ਨੋਈ ਦੇ ਨਾਮ 'ਤੇ ਕੀਤੀ ਗਈ ਕਥਿਤ ਪੋਸਟ ਵਿਚ ਲਿਖਿਆ ਸੀ-'ਨਿਊ ਵੇਅਰਵੈੱਲ ਅਬੋਹਰ ਦਾ ਇਹ ਕਤਲ ਹੋਇਆ ਹੈ। ਮੈਂ, ਗੋਲਡੀ ਢਿੱਲੋਂ, ਆਰਜ਼ੂ ਬਿਸ਼ਨੋਈ ਤੇ ਸ਼ੁਭਮ ਲੋਂਕਰ ਮਹਾਰਾਸ਼ਟਰ ਇਸਦੀ ਜ਼ਿੰਮੇਵਾਰੀ ਲੈਂਦੇ ਹਾਂ। ਅਸੀਂ ਉਸਨੂੰ ਕਿਸੇ ਮਾਮਲੇ ਨੂੰ ਲੈ ਕੇ ਫੋਨ ਕੀਤਾ ਸੀ। ਪਰ ਉਸ ਨੇ ਪਛਾਣਨ ਤੋਂ ਇਨਕਾਰ ਕਰ ਦਿੱਤਾ, ਇਸ ਲਈ ਅਸੀਂ ਉਸਨੂੰ ਮਾਰਿਆ ਤਾਂ ਜੋ ਪਤਾ ਲੱਗ ਸਕੇ ਕਿ ਅਸੀਂ ਕੌਣ ਹਾਂ। ਉਹ ਸਾਡੇ ਦੁਸ਼ਮਣਾਂ ਦਾ ਸਮਰਥਨ ਕਰਦਾ ਸੀ। ਜੋ ਵੀ ਸਾਡੇ ਵਿਰੁੱਧ ਜਾਵੇਗਾ, ਅਸੀਂ ਉਸਨੂੰ ਤਬਾਹ ਕਰ ਦੇਵਾਂਗੇ। ਅਸੀਂ ਜੋ ਕਰਦੇ ਹਾਂ ਉਸਦੀ ਜ਼ਿੰਮੇਵਾਰੀ ਲੈਂਦੇ ਹਾਂ। ਭਾਵੇਂ ਇਹ 302 ਹੋਵੇ ਜਾਂ 307। ਬੱਸ ਇੰਤਜ਼ਾਰ ਕਰੋ ਤੇ ਦੇਖੋ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐੱਸ.ਐੱਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਮਾਨ ਅਤੇ ਕੇਜਰੀਵਾਲ ਵੱਲੋਂ ਮੋਹਾਲੀ ਵਿਖੇ 145.26 ਕਰੋੜ ਦੀ ਲਾਗਤ ਨਾਲ ਸਥਾਪਤ ਕੀਤਾ ਸੀਵਰੇਜ ਟਰੀਟਮੈਂਟ ਪਲਾਂਟ ਲੋਕਾਂ ਨੂੰ ਸਮਰਪਿਤ

## ਐਸ.ਟੀ.ਪੀ. ਤਕਨਾਲੌਜੀ ਸੂਬੇ ਦੇ ਬਾਕੀ ਹਿੱਸਿਆਂ ਵਿੱਚ ਵੀ ਲਾਗੂ ਕੀਤੀ ਜਾਵੇਗੀ : ਮਾਨ



ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ), 7 ਜੁਲਾਈ, (ਚ.ਨ.ਸ.) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਲੀਹੋਂ ਹਟਵਾਂ ਕਦਮ ਚੁੱਕਦਿਆਂ 145.26 ਕਰੋੜ ਦੀ ਲਾਗਤ ਨਾਲ ਸਥਾਪਤ ਕੀਤੇ 15 ਐਮ.ਜੀ.ਡੀ. (ਮਿਲੀਅਨ ਗੈਲਨ ਪ੍ਰਤੀ ਦਿਨ) ਦੀ ਸਮਰੱਥਾ ਵਾਲਾ ਸੀਵਰੇਜ ਟਰੀਟਮੈਂਟ ਪਲਾਂਟ ਲੋਕਾਂ ਨੂੰ ਸਮਰਪਿਤਾ ਕੀਤਾ।

ਪਲਾਂਟ ਨੂੰ ਸਮਰਪਿਤ ਕਰਨ ਤੋਂ ਬਾਅਦ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਲਾਂਟ ਨੂੰ ਸਥਾਪਤ ਕਰਨ ਵਿੱਚ ਵਰਤੀ ਗਈ ਆਧੁਨਿਕ ਤਕਨਾਲੌਜੀ ਨੂੰ ਛੇਤੀ ਹੀ ਸੂਬੇ ਦੇ ਹੋਰ ਹਿੱਸਿਆਂ ਵਿੱਚ ਵੀ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਸੂਬੇ ਦੇ ਬੇਸ਼ਕੀਮਤੀ ਪਾਣੀ ਨੂੰ ਬਚਾਉਣਾ ਹੈ। ਜਿਸ ਨਾਲ ਪਲਾਂਟ ਦੇ ਸੋਧੇ ਹੋਏ ਪਾਣੀ ਨੂੰ ਹੋਰ ਕੰਮਾਂ ਲਈ ਵਰਤਿਆ ਜਾ ਸਕੇਗਾ। ਸਿੰਗਾਪੁਰ ਦੀ ਮਿਸਾਲ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਸ ਮੁਲਕ ਵਿੱਚ ਮੀਂਹ ਦੇ ਪਾਣੀ ਨੂੰ ਪੀਣਯੋਗ ਬਣਾਉਣ ਲਈ ਮਾਈਕ੍ਰੋ ਫਿਲਟਰ ਟੈਕਨਾਲੋਜੀ ਵਰਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਲਈ ਪੰਜਾਬ ਦੇ ਪਾਣੀ ਬਚਾਉਣ ਖਾਤਰ ਅਜਿਹੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਾਣੀ, ਹਵਾ ਤੇ ਜ਼ਮੀਨ ਦੀਆਂ ਵੋਟਾਂ ਨਾ ਹੋਣ ਕਾਰਨ ਰਵਾਇਤੀ ਪਾਰਟੀਆਂ ਨੇ ਇਸ ਨੂੰ ਅਣਗੌਲਿਆਂ ਕੀਤਾ ਅਤੇ ਸੂਬੇ ਦੇ ਇਨ੍ਹਾਂ ਗੰਭੀਰ ਮਸਲਿਆਂ ਪ੍ਰਤੀ ਕੋਈ ਧਿਆਨ ਨਹੀਂ ਦਿੱਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਕਾਰਨ ਪ੍ਰਦੂਸ਼ਨ ਵਧਿਆ ਅਤੇ ਕੁਦਰਤੀ ਸਰੋਤ ਪਲੀਤ ਹੋ ਗਏ, ਜਿਸ ਕਾਰਨ ਸਮਾਜ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ 'ਆਪ' ਸਰਕਾਰ ਬਣਨ ਤੋਂ ਬਾਅਦ ਵਾਤਾਵਰਣ ਨੂੰ ਬਚਾਉਣ, ਨਹਿਰੀ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਅਤੇ ਸਮਾਜ ਦੀ ਭਲਾਈ ਲਈ ਹੋਰ ਮਿਸਾਲੀ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਨੂੰ ਬਚਾਉਣ ਲਈ ਸਭ ਤੋਂ ਵਧੀਆ ਤਕਨਾਲੌਜੀ ਨਾਲ ਹੱਲ ਕੱਢਣ ਨੂੰ ਯਕੀਨੀ ਬਣਾਉਣ ਲਈ ਏਸੇ ਤਰ੍ਹਾਂ ਦੇ ਯਤਨ ਕੀਤੇ ਜਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਇਲਾਜ ਨਾਲੋਂ ਪਰਹੇਜ਼ ਚੰਗਾ' ਦੇ ਕਥਨ ਵਾਂਗ ਬੇਸ਼ਕੀਮਤੀ ਕੁਦਰਤੀ ਸਰੋਤ ਬਚਾਉਣ ਲਈ ਅਜਿਹੇ ਕਦਮ ਚੁੱਕੇ ਜਾ ਰਹੇ ਹਨ।

ਗੁਰਬਾਣੀ ਦੀ ਰਚਨਾ 'ਪਵਣੁ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ' ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਗੁਰੂ ਸਾਹਿਬ ਜੀ ਨੇ ਹਵਾ (ਪਵਨ) ਨੂੰ ਗੁਰੂ ਨਾਲ, ਪਾਣੀ ਨੂੰ ਪਿਤਾ ਨਾਲ ਅਤੇ ਜ਼ਮੀਨ (ਧਰਤ) ਨੂੰ ਮਾਤਾ ਦਾ ਦਰਜਾ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਜਦੋਂ ਸਾਨੂੰ ਸੂਬੇ ਦੇ ਵਾਤਾਵਰਣ ਨੂੰ ਬਚਾਉਣ ਦਾ ਸੰਕਲਪ ਲੈ ਕੇ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਗੁਰਬਾਣੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਗ੍ਰਹਿਣ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਾ ਕੇ ਸੂਬਾ ਸਰਕਾਰ ਦਾ ਸਮਰਥਨ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਦੂਰਅੰਦੇਸ਼ ਸੋਚ ਦਾ ਲਾਭ ਉਠਾ ਰਹੀ ਹੈ, ਜਿਨ੍ਹਾਂ ਨੇ ਪਹਿਲਾਂ ਹੀ ਕੌਮੀ ਰਾਜਧਾਨੀ ਵਿੱਚ ਚੰਗਾ ਸਾਸ਼ਨ ਦੇ ਕੇ ਆਪਣੀ ਕਾਬਲੀਅਤ ਸਾਬਤ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਕੇਜਰੀਵਾਲ ਦੀ ਮੁਹਾਰਤ ਦਾ ਬਹੁਤ ਲਾਭ ਹੋ ਰਿਹਾ ਹੈ, ਜਿਨ੍ਹਾਂ ਨੇ ਦਿੱਲੀ ਵਿੱਚ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ। ਭਗਵੰਤ ਸਿੰਘ ਮਾਨ ਨੇ ਇਸ ਪ੍ਰੋਜੈਕਟ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਅਧਿਕਾਰੀਆਂ ਨੂੰ ਵਧਾਈ ਵੀ ਦਿੱਤੀ ਜੋ ਪ੍ਰਗਤੀਸ਼ੀਲ ਪੰਜਾਬ ਦੀ ਸਿਰਜਣਾ ਲਈ ਮੀਲ ਪੱਥਰ ਸਾਬਤ ਹੋਵੇਗਾ।

ਇਸ ਦੌਰਾਨ 'ਆਪ' ਨੇਤਾ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਬਹੁਤ ਮਾਣ ਤੇ ਤਸੱਲੀ ਦੀ ਗੱਲ ਹੈ ਕਿ ਅੱਜ ਮੋਹਾਲੀ ਦੇ ਸੈਕਟਰ-83 ਵਿਖੇ 15 ਐਮ.ਜੀ.ਡੀ. (ਮਿਲੀਅਨ ਗੈਲਨ ਪ੍ਰਤੀ ਦਿਨ) ਦੀ ਸਮਰੱਥਾ ਵਾਲੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਉਦਘਾਟਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਸ ਪ੍ਰੋਜੈਕਟ ਨੂੰ ਕੁੱਲ 145.26 ਕਰੋੜ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪਲਾਂਟ ਦੀ ਪਹਿਲਾਂ ਸਮਰੱਥਾ 10 ਐਮ.ਜੀ.ਡੀ. ਸੀ, ਜਿਸ ਨੂੰ ਹੁਣ 15 ਐਮ.ਜੀ.ਡੀ. ਤੱਕ ਅਪਗ੍ਰੇਡ ਕਰ ਦਿੱਤਾ ਗਿਆ ਹੈ।

ਅਰਵਿੰਦ ਕੇਜਰੀਵਾਲ ਨੇ ਐਲਾਨ ਕੀਤਾ ਕਿ ਆਉਣ ਵਾਲੇ ਕੁਝ ਮਹੀਨਿਆਂ ਵਿੱਚ ਮਿਸ਼ਨ ਦੇ ਅਧਾਰ 'ਤੇ ਸੂਬੇ ਨੂੰ ਨਵੀਂ ਦਿੱਖ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਰੂਪ-ਰੇਖਾ ਤਿਆਰ ਕੀਤੀ ਗਈ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਆਉਂਦੇ ਦਸੰਬਰ ਤੋਂ ਇਸ ਦੀ ਸ਼ੁਰੂਆਤ ਕਰਕੇ ਸੂਬਾ ਸਰਕਾਰ ਪੰਜਾਬ ਦੇ 166 ਸ਼ਹਿਰਾਂ ਵਿੱਚ ਪਾਣੀ ਦੀ ਸਪਲਾਈ, ਸੀਵਰੇਜ ਸਹੂਲਤ, ਸਫਾਈ, ਸੜਕਾਂ, ਲਾਈਟਾਂ ਅਤੇ ਐਸ.ਟੀ.ਪੀ. ਦੀ ਵਿਵਸਥਾ ਨੂੰ ਯਕੀਨੀ ਬਣਾਏਗੀ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਪਲਾਂਟ ਨੂੰ ਐਡਵਾਂਸਡ ਨਿਊਟ੍ਰੀਐਂਟ ਰਿਮੂਵਲ ਤਕਨਾਲੌਜੀ ਦੀ ਵਰਤੋਂ ਕਰਕੇ ਅਪਗ੍ਰੇਡ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 15 ਐਮ.ਜੀ.ਡੀ. ਸੀਵਰੇਜ ਟਰੀਟਮੈਂਟ ਪਲਾਂਟ ਤੋਂ ਇਲਾਵਾ, 5 ਐਮ.ਜੀ.ਡੀ. ਸਮਰੱਥਾ ਵਾਲਾ ਅਲਟਰਾ ਫਿਲਟਰੇਸ਼ਨ ਟਰਸਰੀ ਟਰੀਟਮੈਂਟ ਪਲਾਂਟ ਵੀ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦਾ ਪਹਿਲਾ ਅਲਟਰਾ ਫਿਲਟ੍ਰੇਸ਼ਨ ਪਲਾਂਟ ਹੈ ਅਤੇ ਇਸ ਪਲਾਂਟ ਤੋਂ ਸੋਧੇ ਹੋਏ ਪਾਣੀ ਦੀ ਵਰਤੋਂ ਸਿੰਚਾਈ, ਸੜਕਾਂ ਦੀ ਸਫਾਈ, ਟਾਇਲਟ ਫਲੱਸ਼ਿੰਗ ਅਤੇ ਹੋਰ ਉਦੇਸ਼ਾਂ ਲਈ ਕੀਤੀ ਜਾਵੇਗੀ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੋਧੇ ਹੋਏ ਪਾਣੀ ਦੀ ਵਰਤੋਂ ਤਾਜੇ ਪਾਣੀ 'ਤੇ ਨਿਰਭਰਤਾ ਘਟਾਏਗੀ, ਜਿਸ ਨਾਲ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਵਿੱਚ ਮਦਦ ਮਿਲੇਗੀ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਬਿਜਲੀ ਦੀ ਖਪਤ ਨੂੰ ਘਟਾਉਣ ਲਈ ਇਸ ਸਥਾਨ 'ਤੇ ਇਕ ਮੈਗਾਵਾਟ ਦੀ ਸਮਰੱਥਾ ਵਾਲਾ ਸੋਲਰ ਪਾਵਰ ਪਲਾਂਟ ਵੀ ਲਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਅਗਲੇ 20 ਸਾਲਾਂ ਦੌਰਾਨ ਮੋਹਾਲੀ ਵਿੱਚ ਆਬਾਦੀ ਦੇ ਵਧਣ ਅਤੇ ਸ਼ਹਿਰੀ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਗਮਾਡਾ ਨੇ ਵਿਗਿਆਨਕ ਪਹੁੰਚ ਦੀ ਵਰਤੋਂ ਕਰਦੇ ਹੋਏ ਇਸ ਸੀਵਰੇਜ ਟਰੀਟਮੈਂਟ ਪਲਾਂਟ ਦੀ ਸਥਾਪਨਾ ਕੀਤੀ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਅਜਿਹੇ ਹੋਰ ਯਤਨ ਜਾਰੀ ਰੱਖੇਗੀ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# 'ਸ੍ਰੀ ਗੁਰੂ ਤੇਗ ਬਹਾਦਰ ਜੀ ਹਰਿਆਵਲ ਸੰਕਲਪ' ਤਹਿਤ 2025-26 ਦੌਰਾਨ ਹਰੇਕ ਜ਼ਿਲ੍ਹੇ ਵਿੱਚ 3.50 ਲੱਖ ਬੂਟੇ ਲਗਾਉਣ ਦੀ ਯੋਜਨਾ

## ਸੂਬੇ ਵਿੱਚ ਰਾਜਮਾਰਗਾਂ ਉੱਤੇ ਫੁੱਲਦਾਰ ਬੂਟੇ ਲਾਉਣ ਦੇ ਪਾਇਲਟ ਪ੍ਰੋਜੈਕਟ ਦੀ ਸੰਭਾਵਨਾ ਵਿਚਾਰੀ ਜਾਵੇ : ਕਟਾਰੂਚੱਕ

ਚੰਡੀਗੜ੍ਹ, 7 ਜੁਲਾਈ, (ਚ.ਨ.ਸ.) : ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਸਾਲ 2025-26 ਲਈ ਨਿਵੇਕਲੀਆਂ ਪਹਿਲਕਦਮੀਆਂ ਉਲੀਕੀਆਂ ਜਾ ਰਹੀਆ ਹਨ। ਇਨ੍ਹਾਂ ਵਿੱਚ ਪ੍ਰਮੁੱਖ ਤੌਰ ਉੱਤੇ ਹਾਈਵੇਅ (ਰਾਜਮਾਰਗਾਂ) ਦੇ ਨਾਲ-ਨਾਲ ਖਾਸ ਕਰਕੇ ਸੰਗਰੂਰ, ਜਲੰਧਰ ਤੋਂ ਅੰਮ੍ਰਿਤਸਰ ਸੜਕ, ਪਠਾਨਕੋਟ ਤੋਂ ਅੰਮ੍ਰਿਤਸਰ, ਸ੍ਰੀ ਆਨੰਦਪੁਰ ਸਾਹਿਬ ਅਤੇ ਫਗਵਾੜਾ - ਚੰਡੀਗੜ੍ਹ ਸੜਕ ਉੱਤੇ ਖਟਕੜ ਕਲਾਂ ਵਿਖੇ ਫੁੱਲਦਾਰ ਬੂਟੇ ਲਾਉਣ ਦੇ ਪਾਇਲਟ ਪ੍ਰੋਜੈਕਟ ਦੀ ਸੰਭਾਵਨਾ ਨੂੰ ਪੜਚੋਲਣਾ ਸ਼ਾਮਲ ਹੈ।

ਇਸੇ ਦੇ ਨਾਲ ਹੀ ਪ੍ਰਸਿੱਧ ਪੰਜਾਬੀ ਕਵੀ ਮਰਹੂਮ ਸ਼ਿਵ ਕੁਮਾਰ ਬਟਾਲਵੀ ਦੀ ਯਾਦ ਵਿੱਚ 23 ਜੁਲਾਈ ਨੂੰ ਉਨ੍ਹਾਂ ਦੇ ਜਨਮ ਦਿਨ ਮੌਕੇ ਬਟਾਲਾ ਵਿੱਚ ਇੱਕ ਕਵਿਤਾ ਮੁਕਾਬਲਾ ਵੀ ਕਰਵਾਇਆ ਜਾਵੇਗਾ। ਇਸ ਮੁਕਾਬਲਾ ਵਿੱਚ ਪ੍ਰਾਇਮਰੀ, ਮਿਡਲ, ਸੈਕੰਡਰੀ ਸਕੂਲ ਅਤੇ ਕਾਲਜ ਦੇ ਵਿਦਿਆਰਥੀਆਂ ਭਾਗ ਲੈਣਗੇ ਅਤੇ ਹਰੇਕ ਵਰਗ ਵਿੱਚ ਪਹਿਲੇ 3 ਸਥਾਨ ਹਾਸਿਲ ਕਰਨ ਵਾਲਿਆਂ ਨੂੰ ਨਕਦ ਇਨਾਮ ਵੀ ਦਿੱਤੇ ਜਾਣਗੇ।

ਇਸ ਤੋਂ ਇਲਾਵਾ ਸੂਬੇ ਵਿੱਚ ਜੰਗਲਾਤ ਅਧੀਨ ਰਕਬਾ ਵਧਾਉਣ ਦੇ ਮੱਦੇਨਜ਼ਰ ਸੂਬਾ ਸਰਕਾਰ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਹਰਿਆਵਲ ਸੰਕਲਪ ਯੋਜਨਾ ਤਹਿਤ ਫੈਸਲਾ ਕੀਤਾ ਹੈ ਕਿ ਸਾਲ 2025-26 ਦੌਰਾਨ ਹਰੇਕ ਜ਼ਿਲ੍ਹੇ ਵਿੱਚ 3.50 ਲੱਖ ਬੂਟੇ ਲਗਾਏ ਜਾਣਗੇ।

ਸੈਕਟਰ 68 ਦੇ ਜੰਗਲਾਤ ਕੰਪਲੈਕਸ ਵਿਖੇ 2025—26 ਦੌਰਾਨ ਪੌਦੇ ਲਗਾਉਣ ਸਬੰਧੀ ਉਪਰਾਲਿਆਂ ਬਾਰੇ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਦੱਸਿਆ ਕਿ ਹਰੇਕ ਜਿਲ੍ਹੇ ਵਿੱਚ ਵਣ ਮਹੋਤਸਵ ਵੀ ਮਨਾਇਆ ਜਾਵੇਗਾ ਅਤੇ 2 ਰੁਪਏ ਪ੍ਰਤੀ ਬੂਟੇ ਦੀ ਨਿਗੂਣੀ ਜਿਹੀ ਕੀਮਤ ਤੇ ਲੋਕਾਂ ਨੂੰ ਪੌਦੇ ਉਪਲੱਬਧ ਕਰਵਾਏ ਜਾਣਗੇ।



ਇਸ ਤੋਂ ਇਲਾਵਾ, 582.252 ਹੈਕਟੇਅਰ ਰਕਬੇ ਵਿੱਚ ਮੁਆਵਜ਼ਾ ਜੰਗਲਾਤ ਯੋਜਨਾ ਤਹਿਤ ਰੁੱਖ ਲਗਾਏ ਜਾਣਗੇ ਅਤੇ ਪਠਾਨਕੋਟ ਜ਼ਿਲ੍ਹੇ ਵਿੱਚ 50 ਹੈਕਟੇਅਰ ਰਕਬੇ ਵਿੱਚ ਮਿੱਟੀ ਅਤੇ ਪਾਣੀ ਸੰਭਾਲ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾਣਗੇ।

ਕੈਬਨਿਟ ਮੰਤਰੀ ਨੂੰ ਇਹ ਵੀ ਦੱਸਿਆ ਗਿਆ ਕਿ 2025-26 ਦੌਰਾਨ ਗ੍ਰੀਨ ਪੰਜਾਬ ਮਿਸ਼ਨ ਤਹਿਤ ਸਕੂਲਾਂ, ਕਾਲਜਾਂ, ਪੰਜਾਬ ਮੰਡੀ ਬੋਰਡ ਅਤੇ ਮਾਰਕਫੈੱਡ ਵਿੱਚ 331 ਹੈਕਟੇਅਰ ਰਕਬੇ ਵਿੱਚ 3.31 ਲੱਖ ਪੌਦੇ ਲਗਾਏ ਜਾਣੇ ਹਨ। ਇਸਦੇ ਨਾਲ ਹੀ 'ਸ੍ਰੀ ਗੁਰੂ ਤੇਗ ਬਹਾਦਰ ਪਵਿੱਤਰ ਵਣ' ਯੋਜਨਾ ਦੇ ਹਿੱਸੇ ਵਜੋਂ 52 'ਪਵਿੱਤਰ ਵਣ' ਸਥਾਪਤ ਕੀਤੇ ਜਾਣਗੇ। ਇਸ ਤੋਂ ਇਲਾਵਾ ਵਿਦਿਅਕ ਸੰਸਥਾਵਾਂ ਵਿੱਚ 289 ਅਤੇ ਉਦਯੋਗਿਕ ਖੇਤਰਾਂ ਵਿੱਚ 83 'ਨਾਨਕ ਬਗੀਚੀਆਂ' ਸਥਾਪਿਤ ਕੀਤੀਆਂ ਜਾਣਗੀਆਂ।

ਉਨ੍ਹਾਂ ਕਿਹਾ ਕਿ ਜਿੱਥੋਂ ਤੱਕ ਲਿੰਕ ਸੜਕਾਂ ਦੇ ਨਾਲ ਬੂਟੇ ਲਾਉਣ ਦੀ ਗੱਲ ਹੈ, ਇਥੇ ਪਾਪੂਲਰ ਅਤੇ ਡਰੇਕ ਕਿਸਮਾਂ ਦੇ 2.50 ਲੱਖ ਬੂਟੇ ਜਦੋਂ ਕਿ ਫੁੱਲਦਾਰ ਕਿਸਮਾਂ ਦੇ 3 ਲੱਖ ਬੂਟੇ ਲਗਾਏ ਜਾਣਗੇ। ਕੈਬਨਿਟ ਮੰਤਰੀ ਨੇ ਪੌਦੇ ਲਾਉਣ ਦੀ ਇਸ ਮੁਹਿੰਮ ਲਈ ਤਾਰ ਕੀਤੇ ਗਏ ਬਲੂਪ੍ਰਿੰਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੇਤੀ ਜੰਗਲਾਤ ਨੂੰ ਹੁਲਾਰਾ ਦਿੱਤਾ ਜਾਣਾ ਚਾਹੀਦਾ ਹੈ। ਕਿਉਂਕਿ ਇਹ ਜੈਵਿਕ ਵਿਭਿੰਨਤਾ ਨੂੰ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਿਹਤਮੰਦ ਵਾਤਾਵਰਣ ਦੀ ਸਿਰਜਣਾ ਲਈ ਲੋਕਾਂ ਨੂੰ ਵਾਤਾਵਰਣ ਸੁਰੱਖਿਆ ਬਾਰੇ ਜਾਗਰੂਕ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ।

ਇਸ ਮੌਕੇ ਜੰਗਲਾਤ ਵਿਭਾਗ ਦੇ ਪ੍ਰਮੁੱਖ ਮੁੱਖ ਵਣਪਾਲ (ਜੰਗਲਾਤ ਬਲ ਦੇ ਮੁਖੀ) ਧਰਮਿੰਦਰ ਸ਼ਰਮਾ, ਏਪੀਸੀਸੀਐਫ ਕਮ ਸੀਈਓ ਪਨਕੈਂਪਾ ਸੌਰਵ ਗੁਪਤਾ, ਏਪੀਸੀਸੀਐਫ (ਪ੍ਰਸ਼ਾਸਨ) ਬਸੰਤ ਰਾਜ ਕੁਮਾਰ, ਸੀਸੀਐਫ (ਹਿੱਲਜ਼) ਨਿਧੀ ਸ੍ਰੀਵਾਸਤਵ, ਸੀਐਫ ਸ਼ਿਵਾਲਿਕ ਸਰਕਲ ਕਨਨ ਮੌਜੂਦ ਸਨ।

# ਗੋਇਲ ਵੱਲੋਂ ਅਧਿਕਾਰੀਆਂ ਨੂੰ ਜਨਤਕ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਅਤੇ ਗ਼ੈਰ-ਕਾਨੂੰਨੀ ਮਾਈਨਿੰਗ ਰੋਕਣ ਲਈ 24 ਘੰਟੇ ਸਰਗਰਮ ਰਹਿਣ ਦੇ ਨਿਰਦੇਸ਼



ਚੰਡੀਗੜ੍ਹ, 7 ਜੁਲਾਈ, (ਚ.ਨ.ਸ.) : ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਰਾਜ ਵਾਤਾਵਰਣ ਪ੍ਰਭਾਵ ਮੁਲਾਂਕਣ ਅਥਾਰਟੀ (ਐਸ.ਈ.ਆਈ.ਏ.ਏ) ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਸੂਬਾ ਸਰਕਾਰ ਦੀ ਨਵੀਂ ਮਾਈਨਿੰਗ ਨੀਤੀ ਤਹਿਤ ਮਾਈਨਿੰਗ ਖੇਤਰ ਲਈ ਸੁਖਾਲੀ ਕੀਤੀ ਗਈ ਪ੍ਰਕਿਰਿਆ ਮੁਤਾਬਕ ਵਾਤਾਵਰਣ ਪ੍ਰਵਾਨਗੀ ਦੇਣ ਦਾ ਅਮਲ ਤੇਜ਼ ਕਰਨ।

ਕੈਬਨਿਟ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਜ਼ਮੀਨ ਮਾਲਕ ਹੁਣ ਵਾਤਾਵਰਣ ਸਬੰਧੀ ਪ੍ਰਵਾਨਗੀਆਂ ਲਈ ਸਿੱਧੇ ਐਸ.ਈ.ਆਈ.ਏ.ਏ ਨੂੰ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਅਧੀਨ ਇਹ ਲਾਜ਼ਮੀ ਹੈ ਕਿ ਘੱਟ ਤੋਂ ਘੱਟ ਸਮੇਂ ਵਿੱਚ ਸਾਰੀਆਂ ਅਰਜ਼ੀਆਂ ਨੂੰ ਤਰਜ਼ੀਹੀ ਆਧਾਰ 'ਤੇ ਵਿਚਾਰਨਾ ਯਕੀਨੀ ਬਣਾਇਆ ਜਾਵੇ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਮੈਗਸੀਪਾ ਵਿਖੇ ਇੱਕ ਅਹਿਮ ਵਰਕਸ਼ਾਪ ਦੀ ਪ੍ਰਧਾਨਗੀ ਕਰ ਰਹੇ ਸਨ, ਜਿਸ ਵਿੱਚ ਵਾਤਾਵਰਣ ਸਬੰਧੀ ਮਨਜ਼ੂਰੀਆਂ ਪ੍ਰਾਪਤ ਕਰਨ ਵਿੱਚ ਵਿਭਾਗ ਦੀ ਤਰਫ਼ੋਂ ਪੇਸ਼ ਵੱਖ-ਵੱਖ ਪ੍ਰਕਿਰਿਆਤਮਕ ਰੁਕਾਵਟਾਂ ਬਾਰੇ ਵਿਆਪਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਐਸ.ਈ.ਆਈ.ਏ.ਏ. ਮੈਂਬਰਾਂ ਨੂੰ ਵਾਤਾਵਰਣ ਸਬੰਧੀ ਪ੍ਰਵਾਨਗੀ ਪ੍ਰਾਪਤ ਕਰਨ ਦੀ ਪ੍ਰਕਿਰਿਆ ਵਿੱਚ ਰੁਕਾਵਟ ਪਾਉਣ ਵਾਲੇ ਵੱਖ-ਵੱਖ ਮਹੱਤਵਪੂਰਨ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ ਗਈ। ਅਥਾਰਟੀ ਨੇ ਇਨ੍ਹਾਂ ਮੁੱਦਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਮਨਜ਼ੂਰੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਵਿੱਚ ਪੂਰੇ ਸਹਿਯੋਗ ਅਤੇ ਇਸ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ।

ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਵਿਰੁੱਧ 24 ਘੰਟੇ ਚੌਕਸੀ ਨੂੰ ਯਕੀਨੀ ਬਣਾਉਣ ਦੇ ਸਖ਼ਤ ਨਿਰਦੇਸ਼ ਦਿੰਦਿਆਂ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਸਾਰੇ ਜ਼ਿਲ੍ਹਾ ਮਾਈਨਿੰਗ ਅਧਿਕਾਰੀਆਂ ਅਤੇ ਖੇਤਰੀ ਅਧਿਕਾਰੀਆਂ ਨੂੰ ਸੁਚੇਤ ਕੀਤਾ ਕਿ ਉਹ ਗ਼ੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਵਿਰੁੱਧ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣ। ਉਨ੍ਹਾਂ ਕਿਹਾ ਕਿ ਜਨਤਕ ਸ਼ਿਕਾਇਤਾਂ ਦੇ 24 ਘੰਟੇ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਸਾਰੇ ਅਧਿਕਾਰੀਆਂ ਦੇ ਮੋਬਾਈਲ ਫੋਨ ਦਿਨ-ਰਾਤ ਚੱਲਦੇ ਰਹਿਣੇ ਚਾਹੀਦੇ ਹਨ। ਇਸ ਉਦੇਸ਼ ਲਈ ਜਨਤਕ ਸ਼ਿਕਾਇਤਾਂ ਦਾ ਸਮੇਂ-ਸਿਰ ਨਬੇੜਾ ਕਰਨਾ ਜ਼ਰੂਰੀ ਹੈ।

ਕੈਬਨਿਟ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਮਾਈਨਿੰਗ ਸੈਕਟਰ ਵਿੱਚ ਪਾਰਦਰਸ਼ੀ ਅਤੇ ਜਵਾਬਦੇਹ ਸ਼ਾਸਨ ਨੂੰ ਯਕੀਨੀ ਬਣਾਉਂਦਿਆਂ ਸਾਰੀਆਂ ਜਨਤਕ ਸ਼ਿਕਾਇਤਾਂ ਨੂੰ ਬਿਨਾਂ ਕਿਸੇ ਦੇਰੀ ਦੇ ਸਥਾਪਤ ਨਿਯਮਾਂ ਅਨੁਸਾਰ ਤੁਰੰਤ ਹੱਲ ਕੀਤਾ ਜਾਵੇ।

ਇਸ ਮੌਕੇ ਚੀਫ਼ ਇੰਜੀਨੀਅਰ (ਡਰੇਨੇਜ ਅਤੇ ਮਾਈਨਿੰਗ) ਸ੍ਰੀ ਹਰਦੀਪ ਸਿੰਘ ਮਹਿੰਦੀਰੱਤਾ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਗਲੋਬਲ ਸਿੱਖ ਕੌਂਸਲ ਵੱਲੋਂ ਤਖ਼ਤ ਪਟਨਾ ਸਾਹਿਬ ਦੀ ਕਮੇਟੀ ਦੇ ਆਪਹੁਦਰੇਪਣ ਦੀ ਸਖ਼ਤ ਨਿੰਦਾ

## ਕਿਹਾ, ਸ੍ਰੀ ਅਕਾਲ ਤਖ਼ਤ ਸਾਹਿਬ ਇਕਲੌਤੀ ਪੰਥਕ ਸਰਵਉੱਚ ਅਥਾਰਟੀ

ਚੰਡੀਗੜ੍ਹ, 7 ਜੁਲਾਈ, (ਹਰਦੀਪ ਕੌਰ) : ਵਿਸ਼ਵ ਪੱਧਰੀ ਸਿੱਖ ਸੰਸਥਾਵਾਂ ਦੀ ਨੁਮਾਇੰਦਗੀ ਕਰਦੀ ਗਲੋਬਲ ਸਿੱਖ ਕੌਂਸਲ (ਜੀ.ਐਸ.ਸੀ.) ਨੇ ਤਖ਼ਤ ਸ੍ਰੀ ਹਰਿਮੰਦਰ ਸਾਹਿਬ, ਪਟਨਾ ਸਾਹਿਬ ਦੇ ਪੰਜ ਗ੍ਰੰਥੀਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣ ਦੀ ਸਖ਼ਤ ਨਿੰਦਾ ਕਰਦਿਆਂ ਇਸ ਗਿਣੇ-ਮਿੱਥੇ ਅਤੇ ਆਪਹੁਦਰੇ ਕਦਮ ਨਾਲ ਸਿੱਖ ਮਰਿਆਦਾ ਦੀ ਘੋਰ ਉਲੰਘਣਾ, ਪੰਥਕ ਪ੍ਰੋਟੋਕਾਲ ਨੂੰ ਅਣਗੌਲਿਆਂ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਅਤੇ ਪ੍ਰਮੁੱਖਤਾ ਨੂੰ ਸਿੱਧੀ ਚੁਣੌਤੀ ਕਰਾਰ ਦਿੱਤਾ ਹੈ। ਕਿਉਂਕਿ ਪੰਥਕ ਮਾਮਲਿਆਂ ਦਾ ਨਿਰਣਾ ਕਰਨ ਲਈ ਅਕਾਲ ਤਖ਼ਤ ਹੀ ਅਧਿਕਾਰਤ ਅਤੇ ਇਕਲੌਤਾ ਸਥਾਈ ਅਸਥਾਨ ਹੈ।

ਇੱਥੋਂ ਜਾਰੀ ਬਿਆਨ ਵਿੱਚ ਜੀਐਸਸੀ ਦੀ ਪ੍ਰਧਾਨ ਡਾ. ਕੰਵਲਜੀਤ ਕੌਰ ਨੇ ਅੱਗੇ ਕਿਹਾ ਕਿ ਖੇਤਰੀ ਤਖ਼ਤਾਂ ਨੂੰ ਸਿਰਫ ਆਪਣੇ ਖੇਤਰੀ ਅਧਿਕਾਰ ਹੇਠਲੇ ਇਲਾਕਿਆਂ ਅਤੇ ਆਪਣੇ ਕਾਰਜਾਂ ਤੇ ਨੀਤੀ 'ਤੇ ਸੂਬਾਈ ਕੰਟਰੋਲ ਕਰਨ ਦਾ ਹੀ ਹੱਕ ਹੈ, ਜੋ ਸਥਾਨਕ ਮੁੱਦਿਆਂ ਅਤੇ ਆਪਣੇ ਅਧਿਕਾਰ ਖੇਤਰ ਤੋਂ ਇਲਾਵਾ ਕੋਈ ਬਾਹਰੀ ਦਖ਼ਲਅੰਦਾਜ਼ੀ ਨਹੀਂ ਕਰ ਸਕਦੇ। ਸੁਖਬੀਰ ਸਿੰਘ ਪਟਨਾ ਜਾਂ ਬਿਹਾਰ ਦਾ ਨਿਵਾਸੀ ਨਹੀਂ ਹੈ, ਤੇ ਉਸ ਵਿਰੁੱਧ ਕਥਿਤ ਦੋਸ਼ ਖੇਤਰੀ ਨਹੀਂ ਸਗੋਂ ਰਾਸ਼ਟਰੀ ਪੱਧਰ ਦੇ ਹਨ। ਇਸ ਲਈ ਉਸ ਦੀ ਪਾਰਟੀ ਅਤੇ ਉਸ ਦੀਆਂ ਕਾਰਵਾਈਆਂ ਸਪੱਸ਼ਟ ਤੌਰ ਉੱਤੇ ਇਸ ਖੇਤਰੀ ਤਖ਼ਤ ਦੇ ਅਧਿਕਾਰ ਖੇਤਰ ਤੋਂ ਬਿਲਕੁਲ ਬਾਹਰੀ ਹਨ।

ਡਾ. ਕੰਵਰਜੀਤ ਕੌਰ ਨੇ ਜ਼ੋਰ ਦੇ ਕੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਮੁੱਚੇ ਪੰਥਕ ਫੈਸਲਿਆਂ ਉੱਤੇ ਵਿਸ਼ੇਸ਼ ਅਧਿਕਾਰ ਖੇਤਰ ਰੱਖਦਾ ਹੈ ਅਤੇ ਸਰਵਉੱਚ ਹੈ। ਕਿਉਂਕਿ ਗੁਰੂ ਸਾਹਿਬ ਵੱਲੋਂ ਸਥਾਪਿਤ ਕੀਤੇ ਇਸ ਤਖ਼ਤ ਦਾ ਇਤਿਹਾਸ ਤੇ ਸਥਾਪਨਾ ਬਾਕੀ ਚਾਰੇ ਤਖ਼ਤਾਂ ਤੋਂ ਉੱਪਰ ਹੈ। ਇਸ ਦੇ ਉਲਟ, ਚਾਰ ਖੇਤਰੀ ਤਖ਼ਤਾਂ ਵਿੱਚ ਪਟਨਾ ਸਾਹਿਬ, ਹਜ਼ੂਰ ਸਾਹਿਬ, ਕੇਸਗੜ੍ਹ ਸਾਹਿਬ ਅਤੇ ਦਮਦਮਾ ਸਾਹਿਬ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਸਥਾਨਕ ਧਾਰਮਿਕ ਮਾਮਲਿਆਂ ਦੀ ਨਿਗਰਾਨੀ ਲਈ ਸਥਾਪਤ ਕੀਤਾ ਗਿਆ ਸੀ। ਇਹ 4 ਤਖ਼ਤ ਬਾਅਦ ਵਿੱਚ 17ਵੀਂ ਸਦੀ ਵਿੱਚ, 18ਵੀਂ ਸਦੀ ਦੇ ਸ਼ੁਰੂ ਵਿੱਚ ਅਤੇ ਇੱਕ 1966 ਵਿੱਚ ਸਥਾਪਿਤ ਕੀਤੇ ਗਏ ਸਨ। ਸਾਲ 1966 ਤੱਕ ਇਹ ਗਿਣਤੀ ਵਿੱਚ ਚਾਰ ਸਨ ਅਤੇ ਫਿਰ ਵਧਕੇ ਪੰਜ ਹੋ ਗਏ। ਇਸ ਨੂੰ ਦੇਖਦਿਆਂ ਕਿਸੇ ਹੋਰ ਖੇਤਰੀ ਤਖ਼ਤ ਜਾਂ ਉਨ੍ਹਾਂ ਤਖ਼ਤਾਂ ਦੇ ਗ੍ਰੰਥੀਆਂ ਨੂੰ ਸਮੁੱਚੇ ਭਾਈਚਾਰੇ ਦੇ ਮੁੱਦਿਆਂ ਉਤੇ ਹੁਕਮਨਾਮੇ ਜਾਂ ਆਦੇਸ਼ ਜਾਰੀ ਕਰਨ ਦਾ ਅਧਿਕਾਰ ਨਹੀਂ ਹੈ।

ਉਨ੍ਹਾਂ ਅੱਗੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਦੀ ਪੁਸ਼ਟੀ ਸਾਲ 2003 ਦੇ ਗੁਰਮਤੇ ਵਿੱਚ ਪੰਜ ਸਿੰਘ ਸਾਹਿਬਾਨ (ਪੰਜ ਤਖ਼ਤਾਂ ਦੇ ਜਥੇਦਾਰ) ਦੁਆਰਾ ਕੀਤੀ ਗਈ ਸੀ ਜਿਸ ਵਿੱਚ ਐਲਾਨ ਕੀਤਾ ਗਿਆ ਸੀ। ਕਿ ਪੰਥਕ ਮੁੱਦਿਆਂ ਉਤੇ ਸਿਰਫ਼ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੀ ਹੁਕਮਨਾਮੇ ਜਾਰੀ ਕੀਤੇ ਜਾ ਸਕਦੇ ਹਨ।

# ਬਿੱਟੂ ਵੱਲੋਂ ਪੰਜਾਬੀਆਂ ਨੂੰ ਵੱਧ ਰਹੀ ਗੈਂਗਸਟਰ ਹਿੰਸਾ ਵਿਚ ਆਪਣੀ ਰੱਖਿਆ ਆਪ ਕਰਨ ਦੀ ਅਪੀਲ



ਚੰਡੀਗੜ੍ਹ, 7 ਜੁਲਾਈ, (ਅੰਮ੍ਰਿਤਪਾਲ ਸਿੰਘ) : ਰੇਲ ਮੰਤਰਾਲਾ ਅਤੇ ਖਾਦ ਪ੍ਰੋਸੈਸਿੰਗ ਦੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਪੰਜਾਬ ਵਿੱਚ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣ ਵਿੱਚ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਪੂਰੀ ਤਰ੍ਹਾਂ ਨਾਕਾਮੀ ਲਈ ਉਸ 'ਤੇ ਸਖ਼ਤ ਹਮਲਾ ਕੀਤਾ। ਇਕ ਤੇਜ਼ ਬਿਆਨ ਵਿੱਚ, ਬਿੱਟੂ ਨੇ ਪੰਜਾਬ ਦੀ ਜਨਤਾ ਨੂੰ ਇਕਜੁੱਟ ਹੋ ਕੇ ਆਪਣੀ ਸੁਰੱਖਿਆ ਖੁਦ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਹੁਣ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ 'ਤੇ ਜਨਤਾ ਆਪਣੀ ਸੁਰੱਖਿਆ ਲਈ ਭਰੋਸਾ ਨਹੀਂ ਕਰ ਸਕਦੀ।

ਬਿੱਟੂ ਨੇ ਅਬੋਹਰ ਵਿੱਚ ਪ੍ਰਸਿੱਧ ਵਪਾਰੀ ਸੰਜੈ ਵਰਮਾ ਦੀ ਦਿਨ ਦਿਹਾੜੇ ਹੋਈ ਹੱਤਿਆ 'ਤੇ ਗਹਿਰੀ ਚਿੰਤਾ ਜਤਾਈ ਅਤੇ ਕਿਹਾ ਕਿ ਇਹ ਪੰਜਾਬ ਵਿੱਚ ਵਧ ਰਹੀ ਅਨਾਰਕੀ ਦਾ ਇੱਕ ਹੋਰ ਖੌਫਨਾਕ ਇਸ਼ਾਰਾ ਹੈ। "ਗੈਂਗਸਟਰ ਇਉਂ ਕੰਮ ਕਰ ਰਹੇ ਹਨ ਜਿਵੇਂ ਉਹ ਆਪਣੀ ਕੋਈ ਵੱਖਰੀ ਸਰਕਾਰ ਚਲਾ ਰਹੇ ਹੋਣ। ਲੋਕਾਂ ਨੂੰ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਕਤਲ ਕੀਤੇ ਜਾ ਰਹੇ ਹਨ ਅਤੇ ਫਿਰ ਵੀ ਉਹ ਬੇਖੌਫ ਘੁੰਮ ਰਹੇ ਹਨ। ਪੰਜਾਬ ਦੇ ਲੋਕ ਹੁਣ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ," ਉਨ੍ਹਾਂ ਨੇ ਕਿਹਾ।

ਉਨ੍ਹਾਂ ਨੇ ਮੋਗਾ ਵਿੱਚ ਪ੍ਰਸਿੱਧ ਡਾਕਟਰ ਡਾ. ਅਨਿਲਜੀਤ ਕਮਬੋਜ ਦੀ ਟਾਰਗੇਟ ਹੱਤਿਆ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਕਿਸਮ ਦੀਆਂ ਘਟਨਾਵਾਂ ਲੱਗਭੱਗ ਹਰ ਰੋਜ਼ ਹੋ ਰਹੀਆਂ ਹਨ। "ਜਦੋਂ ਪੰਜਾਬ ਦੀਆਂ ਗਲੀਆਂ 'ਚ ਖੂਨ ਵਹ ਰਿਹਾ ਹੈ, ਉਦੋਂ ਮੁੱਖ ਮੰਤਰੀ ਭਗਵੰਤ ਮਾਨ ਲੁਧਿਆਣਾ ਵਿੱਚ ਅਰਵਿੰਦ ਕੇਜਰੀਵਾਲ ਨਾਲ ਮਿਲ ਕੇ ਜਸ਼ਨ ਮਨਾਉਣ ਵਿੱਚ ਰੁੱਝੇ ਹੋਏ ਹਨ। ਉਨ੍ਹਾਂ ਦੀ ਕਥਿਤ 'ਵਿਜੈ ਰੈਲੀ' ਵਿੱਚ ਮਾਸੂਮ ਲੋਕਾਂ ਦੀਆਂ ਨਿਰਦੋਸ਼ ਹੱਤਿਆਵਾਂ ਦਾ ਕੋਈ ਜ਼ਿਕਰ ਤੱਕ ਨਹੀਂ ਹੋਇਆ," ਬਿੱਟੂ ਨੇ ਕਿਹਾ।

ਕੇਂਦਰੀ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਗੈਂਗਸਟਰ ਗਤਿਵਿਧੀਆਂ ਹੁਣ ਪੰਜਾਬ ਦੇ ਹਰੇਕ ਜ਼ਿਲ੍ਹੇ ਵਿੱਚ, ਇੱਥੋਂ ਤੱਕ ਕਿ ਸੀਮਾਵਰਤੀ ਖੇਤਰਾਂ ਜਿਵੇਂ ਕਿ ਤਰਨ ਤਾਰਨ ਵਿੱਚ ਵੀ ਫੈਲ ਗਈਆਂ ਹਨ, ਜਿੱਥੇ ਹਾਲ ਹੀ ਵਿੱਚ ਇੱਕ ਨਾਬਾਲਿਗ ਲੜਕੇ ਨੂੰ ਗੁਰਦੁਆਰੇ ਦੇ ਅੰਦਰ ਗੋਲੀ ਮਾਰ ਦਿੱਤੀ ਗਈ। "ਵੱਡੇ ਸ਼ਹਿਰਾਂ ਤੋਂ ਲੈ ਕੇ ਛੋਟੇ ਕਸਬਿਆਂ ਤੱਕ ਗੈਂਗ ਵਾਰਾਂ ਚੱਲ ਰਹੀਆਂ ਹਨ। ਨਾਈ, ਦਰਜ਼ੀ ਅਤੇ ਛੋਟੇ ਵਪਾਰੀ ਤੱਕ ਨੂੰ ਫਿਰੌਤੀ ਲਈ ਧਮਕੀਆਂ ਮਿਲ ਰਹੀਆਂ ਹਨ। ਇੱਕ ਗੈਂਗ ਨੂੰ ਪੈਸੇ ਦੇਵੋ ਤਾਂ ਦੂਜਾ ਆ ਜਾਂਦਾ। ਇਹ ਪੂਰੀ ਤਰ੍ਹਾਂ ਅਨਿਆਮਤ ਸਥਿਤੀ ਹੈ," ਉਨ੍ਹਾਂ ਨੇ ਕਿਹਾ।

# ਯੁੱਧ ਨਸ਼ਿਆਂ ਵਿਰੁਧ ਦਾ 128ਵਾਂ ਦਿਨ : 3.8 ਕਿਲੋ ਹੈਰੋਇਨ, 5 ਕਿਲੋ ਅਫੀਮ ਸਮੇਤ 110 ਨਸ਼ਾ ਤਸਕਾਰ ਕਾਬੂ

ਚੰਡੀਗੜ੍ਹ, 7 ਜੁਲਾਈ, (ਅੰਮ੍ਰਿਤਪਾਲ ਸਿੰਘ) : ਸੂਬੇ ਵਿੱਚੋਂ ਨਸ਼ੀਲੇ ਪਦਾਰਥਾਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀ ਨਸ਼ਿਆਂ ਵਿਰੁੱਧ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ 128ਵੇਂ ਦਿਨ, ਪੰਜਾਬ ਪੁਲਿਸ ਨੇ 110 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3.8 ਕਿਲੋਗ੍ਰਾਮ ਹੈਰੋਇਨ, 5 ਕਿਲੋਗ੍ਰਾਮ ਅਫੀਮ ਅਤੇ 906 ਕਿਲੋਗ੍ਰਾਮ ਭੁੱਕੀ ਬਰਾਮਦ ਕੀਤੀ। ਇਸ ਦੇ ਨਾਲ, ਸਿਰਫ਼ 128 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 20,878 ਹੋ ਗਈ ਹੈ।

ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਕੀਤੀ ਗਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਗਠਨ ਵੀ ਕੀਤਾ ਹੈ।

ਵੇਰਵੇ ਸਾਂਝੇ ਕਰਦਿਆਂ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 108 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1300 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 180 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 425 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ ਅਤੇ ਰਾਜ ਭਰ ਵਿੱਚ 78 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 475 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ -ਅੱਡੀਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕਰਨ ਦੇ ਨਾਲ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਊ' ਦੇ ਹਿੱਸੇ ਵਜੋਂ ਅੱਜ 54 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਅਜੋਕੇ ਸੰਕਟ ਵਿਚ ਸਭ ਤੋ ਵੱਧ ਸਹਿਯੋਗ ਗਿਆਨੀ ਰਘਬੀਰ ਸਿੰਘ ਦਾ ਰਿਹੈ : ਜਥੇਦਾਰ ਕੁਲਦੀਪ ਸਿੰਘ ਗੜਗੱਜ



ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ) : ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋਂ ਜਿਸ ਤਰਾਂ ਦਾ ਰੋਲ ਅਦਾ ਕੀਤਾ ਜਾ ਰਿਹਾ ਹੈ ਉਸ ਦੀ ਸ਼ਲਾਘਾ ਕਰਨੀ ਬਨਦੀ ਹੈ।ਸਿੰਘ ਸਾਹਿਬ ਦੇ ਇਸ ਰੋਲ ਨਾਲ ਸੰਤ ਸਮਾਜ ਦਾ ਹਟਾਏ ਗਏ ਜਥੇਦਾਰਾਂ ਦੇ ਹਕ ਵਿਚ ਵਿੱਢਿਆ ਨਕਲੀ ਜਹਾਦ ਵੀ ਖ਼ਤਮ ਹੋ ਗਿਆ।ਬੀਤੇ ਕੱਲ੍ਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੱਤਰਕਾਰ ਵਾਰਤਾ ਵਿਚ ਕਿਹਾ ਸੀ ਕਿ ਅਜੋਕੇ ਸੰਕਟ ਵਿਚ ਸਭ ਤੋਂ ਵੱਧ ਸਹਿਯੋਗ ਗਿਆਨੀ ਰਘਬੀਰ ਸਿੰਘ ਦਾ ਰਿਹਾ ਹੈ। ਜਦ ਗਿਆਨੀ ਰਘਬੀਰ ਸਿੰਘ ਤੇ ਗਿਆਨੀ ਸੁਲਤਾਨ ਸਿੰਘ ਦੀਆਂ ਬਤੌਰ ਜਥੇਦਾਰ ਸੇਵਾਵਾਂ ਸਮਾਪਤ ਕੀਤੀਆਂ ਗਈਆਂ ਸਨ ਤਾਂ ਸਭ ਤੋਂ ਪਹਿਲਾਂ ਹਟਾਏ ਗਏ ਜਥੇਦਾਰਾਂ ਦੇ ਹੱਕ ਵਿਚ ਹਾਅ ਦਾ ਨਾਅਰਾ ਸੰਤ ਸਮਾਜ ਦੇ ਭਾਈ ਹਰਨਾਮ ਸਿੰਘ ਧੁੰਮਾ ਨੇ ਹੀ ਮਾਰਿਆ ਸੀ। ਸੰਤ ਸਮਾਜ ਦੇ ਮੁਖੀ ਭਾਈ ਹਰਨਾਮ ਸਿੰਘ ਧੁੰਮਾ ਨੇ ਹਟਾਏ ਗਏ ਜਥੇਦਾਰਾਂ ਦੀ ਆਹੁਦਿਆਂ 'ਤੇ ਮੁੜ ਬਹਾਲੀ ਦੇ ਨਾਮ 'ਤੇ ਜਹਾਦ ਕਰਨ ਦਾ ਐਲਾਨ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਫੈਸਲੇ 'ਤੇ ਇਤਰਾਜ ਕਰਦਿਆਂ ਜਥੇਦਾਰ ਗੜਗੱਜ ਨੂੰ ਮਾਨਤਾ ਦੇਣ ਤੋਂ ਵੀ ਇਨਕਾਰ ਕਰ ਦਿੱਤਾ ਸੀ। ਹਲਾਤ ਇਹ ਬਣ ਗਏ ਕਿ ਬਾਬਾ ਹਰਨਾਮ ਸਿੰਘ ਦੀ ਧੌਂਸ ਕਾਰਨ ਹੀ ਜਥੇਦਾਰ ਗੜਗੱਜ 6 ਜੂਨ ਨੂੰ ਘੱਲੂਘਾਰੇ ਦਿਵਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਨਾ ਤਾਂ ਸਨਮਾਨ ਦੇ ਸਕੇ ਤੇ ਨਾ ਹੀ ਕੌਮ ਦੇ ਨਾਮ ਸੰਦੇਸ਼ ਜਾਰੀ ਕਰ ਸਕੇ। ਆਪਣੇ ਕੀਤੇ ਐਲਾਨ ਮੁਤਾਬਿਕ ਭਾਈ ਹਰਨਾਮ ਸਿੰਘ ਸਾਥੀਆਂ ਸਮੇਤ 28 ਮਾਰਚ ਨੂੰ ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਦਰਮਿਆਨ ਤੇਜਾ ਸਿੰਘ ਸਮੁੰਦਰੀ ਹਾਲ ਮੂਹਰੇ ਧਰਨਾ ਦੇਣ ਲਈ ਆ ਗਏ।ਪੁਲਿਸ ਪ੍ਰਸ਼ਾਸ਼ਨ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਸਿਆਨਪ ਕਾਰਨ ਟਕਰਾਅ ਦੀ ਸਥਿਤੀ ਨਹੀਂ ਬਣੀ। ਉਸ ਧਰਨੇ ਸਮੇ ਭਾਈ ਧੁੰਮਾ ਨੇ ਐਲਾਨ ਕੀਤਾ ਸੀ ਕਿ ਅਸੀ ਬਾਦਲ ਪਿੰਡ ਜਾ ਕੇ ਧਰਨਾ ਦੇਵਾਂਗੇ।ਜੋਸ਼ ਵਿਚ ਕੀਤੇ ਐਲਾਨ ਦਰਮਿਆਨ ਭਾਈ ਧੁੰਮਾ ਨੇ ਹਟਾਏ ਗਏ ਜਥੇਦਾਰਾਂ ਦੀ ਰਜ਼ਾਮੰਦੀ ਲੈਣੀ ਵੀ ਜਰੂਰੀ ਨਹੀਂ ਸਮਝੀ। ਭਾਈ ਧੁੰਮਾ ਇਹ ਜਾਣਦੇ ਸਨ ਕਿ ਗਿਆਨੀ ਰਘਬੀਰ ਸਿੰਘ ਤੇ ਗਿਆਨੀ ਸੁਲਤਾਨ ਸਿੰਘ ਜਥੇਦਾਰ ਬਣਨ ਦੀ ਬਜਾਏ ਸ੍ਰੀ ਦਰਬਾਰ ਸਾਹਿਬ ਵਿਖੇ ਸੇਵਾ ਕਰਨ ਨੂੰ ਤਰਜ਼ੀਹ ਦੇਣਾ ਠੀਕ ਸਮਝਦੇ ਸਨ ਤੇ ਗਿਆਨੀ ਹਰਪ੍ਰੀਤ ਸਿੰਘ ਸਾਬਕਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਆਪਣੇ ਨਾਲ ਹੋਈਆਂ ਵਧੀਕੀਆਂ ਤੋਂ ਬਾਅਦ ਜਥੇਦਾਰ ਦੀ ਸੇਵਾ ਕਰਨ ਦੇ ਇਛੱਕ ਹੀ ਨਹੀ ਸਨ।

ਅੱਜ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਆਪ ਖੁਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸ੍ਰੀ ਦਰਬਾਰ ਸਾਹਿਬ ਅੰਦਰ ਲੈ ਕੇ ਗਏ ਤੇ ਉਨ੍ਹਾਂ ਨੇ ਅਰਦਾਸੀਆ ਸਿੰਘ ਪਾਸੋ ਗਿਆਨੀ ਗੜਗੱਜ ਨੂੰ ਸਿਰੋਪਾ ਦਿਵਾ ਕੇ ਸੰਤ ਸਮਾਜ ਵੱਲੋਂ ਵਿੱਢੇ ਨਕਲੀ ਜਹਾਦ ਦੀ ਹਵਾ ਕੱਢ ਦਿੱਤੀ।

ਪਾਠਕ ਆਪਣੇ ਹਾਕਰ ਤੋਂ ਚੜ੍ਹਦੀਕਲਾ ਦੀ ਮੰਗ ਕਰਨ

ਚੜ੍ਹਦੀਕਲਾ ਪੜ੍ਹੋ !
ਚੜ੍ਹਦੀਕਲਾ ਵਿੱਚ ਰਹੋ !!

# ਸ੍ਰੀ ਹਰਿਮੰਦਰ ਸਾਹਿਬ ਲੱਗੀ ਹੋਈ ਪੁਰਾਤਨ ਘੜੀ ਦਾ ਵਜ਼ਨ ਹੈ 800 ਕਿੱਲੋ ਦੇ ਲੱਗਭੱਗ



ਅੰਮ੍ਰਿਤਸਰ, 7 ਜੁਲਾਈ, (ਗੁਰਦਿਆਲ ਸਿੰਘ) : ਸ਼੍ਰੀ ਹਰਿਮੰਦਰ ਸਾਹਿਬ ਦੇ ਦੋਵਾਂ ਗੁੰਮਦਾਂ ਉੱਪਰ ਇਤਿਹਾਸਿਕ ਘੜੀਆਂ ਸਮਾਂ ਦੇਖਣ ਲਈ ਘੰਟਾ ਘਰ ਵਾਲੇ ਪਾਸੇ ਗੁੰਮ ਦੁਬਰ ਇਲੈਕਟਰੋਨ ਘੜੀ ਆਟਾ ਮੰਡੀ ਵਾਲੇ ਪਾਸੇ ਗੁੰਮਦ ਉੱਪਰ ਮਕੈਨਿਕ ਘੜੀ ਲੱਗੀ ਹੈ, ਜੋ ਗੁਰਮਤਿ ਦੇ ਚਾਰੇ ਪਾਸੇ ਟਾਈਮ ਦਿਖਾਈ ਦਿੰਦਾ। ਇਹ ਇਤਿਹਾਸ ਘੜੀ ਅਸੀਂ ਘੜੀ ਆਟਾ ਮੰਡੀ ਵਾਲੇ ਪਾਸੇ ਗੁੰਮਦ ਉੱਪਰ ਲੱਗੀ ਹੈ। ਜਿਸ ਦਾ ਵਜਨ 800 ਕਿਲੋ ਦੱਸਿਆ ਜਾਂਦਾ ਹੈ। ਇਸ ਘੜੀ ਦੀਆਂ ਚਾਰ ਗਰਾਰੀਆਂ ਪਿੱਤਲ ਦੀਆਂ ਹਨ। ਬਾਕੀ ਸਾਰਾ ਸਮਾਨ ਤੇ ਪੁਰਜੇ ਲੋਹੇ ਦੇ ਹਨ। ਇਸ ਘੜੀ ਨੂੰ ਚਾਬੀ 10 ਮਿੰਟ ਲਗਾਤਾਰ ਦਿੱਤੀ ਜਾਂਦੀ ਹੈ ਜੋ ਸੱਤ ਦਿਨਾਂ ਵਾਸਤੇ ਘੜੀ ਸਮਾਂ ਦੱਸਦੀ ਹੈ। ਇਹ ਘੜੀ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਿਕਰਮਾ ਵਿੱਚ ਆਟਾ ਮੰਡੀ ਵਾਲੇ ਪਾਸੇ ਤੋਂ ਹਰਿਮੰਦਰ ਸਾਹਿਬ ਨੂੰ ਆਉਣ ਵਾਲੇ ਰਸਤੇ ਡਿਊੜੀ 'ਤੇ ਬਣੇ ਗੁੰਮਟ ਉੱਪਰ ਲੱਗੀ ਹੈ। ਜਿਸ ਦੀ ਦੇਖਭਾਲ ਸੇਵਾਦਾਰ ਕਸ਼ਮੀਰ ਸਿੰਘ ਕਰਦੇ ਹਨ। ਜਿਨ੍ਹਾਂ ਨੇ ਦੱਸਿਆ ਕਿ ਪਹਿਲਾਂ ਘੜੀ ਚੱਲਦਿਆਂ ਹਰ ਘੰਟੇ ਬਾਅਦ ਟੱਲ ਵੱਜਦਾ ਸੀ। ਜਿਸ ਦੀ ਆਵਾਜ਼ ਗੁਰਦੁਆਰਾ ਬਾਬਾ ਦੀਪ ਸਿੰਘ ਸ਼ਹੀਦਾਂ ਚਾਟੀਵਿੰਡ ਚੌਂਕ ਤੱਕ ਜਾਂਦੀ ਸੀ। ਹੁਣ ਇਸ ਟੱਲ ਵਿੱਚ ਕੁਝ ਸਮੇਂ ਤੋਂ ਖਰਾਬੀ ਆ ਗਈ ਹੈ। ਜਿਸ ਕਰਕੇ ਇਹ ਬੰਦ ਹੋ ਗਿਆ। ਉਹਨਾਂ ਦੱਸਿਆ ਘੜੀ ਜਿਸ ਦਾ ਵਜਨ 800 ਕਿਲੋ ਹੈ ਗੁੰਮਦ ਦੇ ਚਾਰੇ ਪਾਸੇ ਟਾਈਮ (ਸਮਾਂ )ਸੰਗਤਾਂ ਦੇਖ ਸਕਦੀਆਂ ਹਨ ਦਸ ਦਿਨਾਂ ਬਾਅਦ ਮੇਰੀ ਸਫਾਈ ਕੀਤੀ ਜਾਂਦੀ ਹੈ। ਘੜੀ ਨੂੰ ਚਾਬੀ ਦੇਣ ਜਾਂ ਸਫਾਈ ਕਰਨ ਜਾਣ ਲਈ ਗੁਰਮਤ ਦੇ ਅੰਦਰ ਦੋ ਛੱਤਾਂ ਹਨ। ਘੜੀ ਦੂਜੀ ਛੱਤ ਉੱਪਰ ਲੱਗੀ ਹੈ। ਘੜੀ ਤੱਕ ਪਹੁੰਚਣ ਲਈ ਲੱਕੜ ਦੀਆਂ ਪੌੜੀਆਂ ਚੜ੍ਹ ਕੇ ਉੱਪਰ ਜਾਣਾ ਪੈਂਦਾ ਹੈ।

# ਗਿਆਨੀ ਰਘਬੀਰ ਸਿੰਘ ਨੇ ਇੱਕ ਨਵੀਂ ਕਾਰ ਖ਼ਰੀਦ ਕੇ ਸ੍ਰੀ ਦਰਬਾਰ ਸਾਹਿਬ ਵੱਲੋਂ ਮਿਲੀ ਰਿਹਾਇਸ਼ ਦੇ ਬਾਹਰ ਖੜੀ ਕੀਤੀ



ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਪਿਛਲੇ ਦਿਨੀਂ ਕਾਰ ਸੇਵਾ ਵਾਲਿਆਂ ਪਾਸੋਂ ਮੰਗਵੀਂ ਕਾਰ ਲਿਆਉਣ ਤੇ ਲੱਗੀ ਖਬਰ ਤੋਂ ਬਾਅਦ ਪੰਥਕ ਹਲਕਿਆਂ ਦੀਆਂ ਕਲੋਲਾਂ ਦਾ ਸਾਹਮਣਾ ਕਰਨਾ ਪਿਆ। ਆਪਣੀ ਇੱਜਤ ਨੂੰ ਬਹਾਲ ਰੱਖਣ ਲਈ ਗਿਆਨੀ ਜੀ ਨੇ ਇੱਕ ਨਵੀਂ ਕਾਰ ਖਰੀਦ ਕੇ ਸ੍ਰੀ ਦਰਬਾਰ ਸਾਹਿਬ ਵੱਲੋਂ ਮਿਲੀ ਰਿਹਾਇਸ਼ ਦੇ ਬਾਹਰ ਖੜ੍ਹੀ ਕਰ ਦਿੱਤੀ ਹੈ। ਗਿਆਨੀ ਰਘਬੀਰ ਸਿੰਘ ਦੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਪੰਜਾਬ ਪ੍ਰਚਾਰ ਵਿੱਚ ਇੰਚਾਰਜ ਲਗਾਉਣ ਦੀਆਂ ਚਰਚਾਵਾਂ ਤੋਂ ਬਾਅਦ ਗਿਆਨੀ ਰਘਬੀਰ ਸਿੰਘ ਦੀਆਂ ਮੁਸ਼ਕਿਲਾਂ ਵੱਧਦੀਆਂ ਨਜ਼ਰ ਆ ਰਹੀਆਂ ਹਨ। ਜਿੱਥੇ ਪਿਛਲੇ ਦਿਨੀਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਾਹਿਬਾਨ ਪਾਸੋਂ ਦਿੱਤੀਆਂ ਹੋਈਆਂ ਵਰਤੋ ਲਈ ਕਾਰਾਂ ਵਾਪਸ ਮੰਗਵਾਈਆਂ ਗਈਆਂ ਸਨ, ਉੱਥੇ ਹੀ ਗਿਆਨੀ ਰਘਬੀਰ ਸਿੰਘ ਨੂੰ ਮੁੱਖ ਗ੍ਰੰਥੀ ਵਜੋਂ ਸਨਮਾਨ ਦਿੰਦੇ ਹੋਏ ਮਿਲੀਆਂ ਕਾਰਾਂ ਵਿੱਚ ਕੋਈ ਵੀ ਕਟੌਤੀ ਨਹੀਂ ਕੀਤੀ ਗਈ, ਪਰ ਕਿਤੇ ਨਾ ਕਿਤੇ ਚੱਲ ਰਹੇ ਵਿਵਾਦ ਵਿੱਚ ਅਤੇ 9 ਜੂਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਖਿਲਾਫ ਆਪਣਾ ਮੁੱਖ ਗ੍ਰੰਥੀ ਦਾ ਅਹੁਦਾ ਬਚਾਉਣ ਲਈ ਕੀਤੇ ਹਾਈ ਕੋਰਟ ਵਿੱਚ ਕੇਸ ਅਤੇ ਇੱਕ ਜੁਲਾਈ ਨੂੰ ਉਹੀ ਕੇਸ ਵਾਪਸ ਲੈਣ ਤੋਂ ਬਾਅਦ ਗਿਆਨੀ ਰਘਬੀਰ ਸਿੰਘ ਨੂੰ ਆਪਣਾ ਅਹੁਦਾ ਜਾਂਦਾ ਦਿਖਾਈ ਦੇ ਰਿਹਾ ਸੀ। ਜਿਸ ਦੇ ਚੱਲਦਿਆ ਗਿਆਨੀ ਰਘਬੀਰ ਸਿੰਘ ਨੂੰ ਇਹ ਵੀ ਮਹਿਸੂਸ ਹੋਣ ਲੱਗਾ ਕਿ ਉਹਨਾਂ ਨੂੰ ਮਿਲੀਆਂ ਗੱਡੀਆਂ ਦਾ ਕਾਫਲਾ ਵੀ ਸ਼੍ਰੋਮਣੀ ਕਮੇਟੀ ਵਾਪਸ ਲੈ ਲਵੇਗੀ। ਗਿਆਨੀ ਰਘਬੀਰ ਸਿੰਘ ਨੇ ਇਸ ਡਰੋਂ ਤੋਂ ਕੇ ਗੱਡੀਆਂ ਦਾ ਕਾਫਲਾ ਵਾਪਸ ਲੈਣ ਤੋਂ ਬਾਅਦ ਉਹ ਆਪਣੇ ਘਰ ਕਿਸ ਤਰ੍ਹਾਂ ਜਾਣਗੇ, ਇਸ ਲਈ ਉਹਨਾਂ ਨੇ ਅੰਮ੍ਰਿਤਸਰ ਸਥਿਤ ਇੱਕ ਕਾਰ ਸੇਵਾ ਵਾਲਿਆ ਪਾਸੋਂ ਕਾਰ ਮੰਗਵੀ ਲੈ ਕੇ ਦਫਤਰ ਵੱਲੋਂ ਮਿਲੀ ਰਿਹਾਇਸ਼ ਤੇ ਬਾਹਰ ਖੜ੍ਹੀ ਕਰ ਦਿੱਤੀ। ਕਾਰ ਸੇਵਾ ਵਾਲਿਆਂ ਤੋਂ ਗੱਡੀ ਮੰਗਣ ਦੀਆਂ ਚਰਚਾਵਾਂ ਤੋਂ ਬਾਅਦ ਜੋ ਸਿੰਘ ਸਾਹਿਬ ਨੂੰ ਕਲੋਲਾਂ ਦਾ ਸਾਹਮਣਾ ਕਰਨਾ ਪਿਆ, ਉਸ ਤੋਂ ਬਾਅਦ ਉਹਨਾਂ ਨੇ ਇਸ ਨਮੋਸ਼ੀ ਨੂੰ ਨਾ ਝਲਦਿਆਂ ਹੋਇਆਂ ਜਿਸ ਤਰ੍ਹਾਂ ਸ਼੍ਰੋਮਣੀ ਕਮੇਟੀ ਖਿਲਾਫ ਕੀਤਾ ਹੋਇਆ ਕੇਸ ਵਾਪਸ ਲਿਆ ਸੀ। ਉਸੇ ਤਰ੍ਹਾਂ ਇੱਕ ਨਵੀਂ ਕਾਰ ਖਰੀਦ ਕੇ ਦਫਤਰੀ ਰਿਹਾਇਸ਼ ਦੇ ਬਾਹਰ ਖੜ੍ਹੀ ਕਰ ਦਿੱਤੀ। ਭਾਵੇਂ ਨਵੀਂ ਲਿਆਂਦੀ ਕਾਰ ਨੂੰ ਤਰਪਾਲ/ਕਵਰ ਦੇ ਨਾਲ ਢੱਕਿਆ ਹੋਇਆ ਹੈ। ਪਰ ਨਿੱਜੀ ਵਰਤੋਂ ਲਈ ਇਹ ਗੱਡੀ ਉਹਨਾਂ ਦੇ ਪਰਿਵਾਰ ਵੱਲੋਂ ਵਰਤੀ ਜਾਵੇਗੀ। ਗਿਆਨੀ ਰਘਬੀਰ ਸਿੰਘ ਨੂੰ ਕਾਰ ਸੇਵਾ ਵਾਲਿਆਂ ਪਾਸੋਂ ਕਾਰ ਲਿਆਨ ਤੇ ਲੋਕਾਂ ਵੱਲੋਂ ਬਹੁਤ ਕਲੋਲਾਂ ਦਾ ਸਾਹਮਣਾ ਕਰਨਾ ਪਿਆ, ਪਰ ਗਿਆਨੀ ਰਘਬੀਰ ਸਿੰਘ ਨੂੰ ਨਵੀਂ ਕਾਰ ਖਰੀਦਣ 'ਤੇ ਕਿਸੇ ਨੇ ਵਧਾਈ ਦੇਣੀ ਵੀ ਵਾਜਿਬ ਨਹੀਂ ਸਮਝੀ।

## ਸੰਪਾਦਕੀ

# ਪੁਖ਼ਤਾ ਤਿਆਰੀ ਦੀ ਲੋੜ

ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਦੇ ਅਪ੍ਰੇਸ਼ਨ ਸਿੰਦੂਰ ਦੀ ਸਫਲਤਾ ਨੇ ਦੁਨੀਆ ਨੂੰ ਇੱਕ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਸਰਹੱਦ ਪਾਰ ਅੱਤਵਾਦ ਨੂੰ ਹੁਣ ਹੋਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪਾਕਿਸਤਾਨ ਵੀ ਹੁਣ ਚੁੱਪ-ਚਾਪ ਇਹ ਸਵੀਕਾਰ ਕਰ ਰਿਹਾ ਹੈ ਕਿ ਚਾਰ ਦਿਨਾਂ ਫੌਜੀ ਟਕਰਾਅ ਦੌਰਾਨ ਭਾਰਤ ਦੇ ਨਿਸ਼ਾਨਾ ਬਣਾਏ ਹਮਲਿਆਂ ਕਾਰਨ ਉਸਨੂੰ ਨੁਕਸਾਨ ਹੋਇਆ ਹੈ। ਉਹ ਵੀ ਇੱਕ ਅਜਿਹੀ ਸਥਿਤੀ ਵਿੱਚ ਜਦੋਂ ਚੀਨ ਅਤੇ ਤੁਰਕੀ ਨਾ ਸਿਰਫ਼ ਕੂਟਨੀਤਕ ਤੌਰ 'ਤੇ, ਸਗੋਂ ਤਕਨੀਕੀ ਅਤੇ ਹਥਿਆਰਾਂ ਦੀ ਸਪਲਾਈ ਵਿੱਚ ਵੀ ਪਾਕਿਸਤਾਨ ਦਾ ਸਮਰਥਨ ਕਰ ਰਹੇ ਸਨ। ਇਸ ਟਕਰਾਅ ਵਿੱਚ ਚੀਨ ਅਤੇ ਤੁਰਕੀ ਦੀ ਭੂਮਿਕਾ ਪਹਿਲਾਂ ਵੀ ਬੇਨਕਾਬ ਹੋ ਚੁੱਕੀ ਹੈ ਪਰ ਹੁਣ ਭਾਰਤੀ ਫੌਜ ਦੇ ਡਿਪਟੀ ਚੀਫ਼ ਲੈਫਟੀਨੈਂਟ ਜਨਰਲ ਰਾਹੁਲ ਆਰ ਸਿੰਘ ਨੇ ਖੁਲਾਸਾ ਕੀਤਾ ਹੈ ਕਿ ਚੀਨ ਭਾਰਤੀ ਫੌਜੀ ਤਾਇਨਾਤੀ ਬਾਰੇ ਪਾਕਿਸਤਾਨ ਨੂੰ ਸਿੱਧੀ ਜਾਣਕਾਰੀ ਦੇ ਰਿਹਾ ਸੀ। ਇੰਨਾ ਹੀ ਨਹੀਂ, ਚੀਨ ਨੇ ਪਾਕਿਸਤਾਨ ਦੇ ਚਿਹਰੇ ਦੀ ਵਰਤੋਂ ਕੀਤੀ ਅਤੇ ਇਸ ਟਕਰਾਅ ਨੂੰ ਆਪਣੇ ਹਥਿਆਰਾਂ ਦੀ ਜਾਂਚ ਲਈ ਪ੍ਰਯੋਗਸ਼ਾਲਾ ਵਜੋਂ ਲਿਆ। ਹਾਲਾਂਕਿ, ਭਾਰਤੀ ਫੌਜੀ ਬਲਾਂ ਦੀ ਜਵਾਬੀ ਕਾਰਵਾਈ ਨੇ ਚੀਨ ਦੇ ਇਸ ਟੈਸਟ ਦੇ ਨਤੀਜਿਆਂ ਦੀ ਸਚਾਈ ਨੂੰ ਵੀ ਸਾਰਿਆਂ ਦੇ ਸਾਹਮਣੇ ਲਿਆਂਦਾ ਹੈ। ਚੀਨੀ ਹਥਿਆਰਾਂ ਦੇ ਹਰ ਹਮਲੇ ਨੂੰ ਅਸਫਲ ਕਰਕੇ, ਭਾਰਤ ਨੇ ਸਾਬਤ ਕਰ ਦਿੱਤਾ ਹੈ ਕਿ ਉਸਦੀ ਸੁਰੱਖਿਆ ਢਾਲ ਵਿੱਚ ਘੁਸਪੈਠ ਕਰਨਾ ਇੰਨਾ ਅਸਾਨ ਨਹੀਂ ਹੈ। ਪਰ, ਪਾਕਿਸਤਾਨ ਨੂੰ ਚੀਨ ਅਤੇ ਤੁਰਕੀ ਦਾ ਸਮਰਥਨ ਮਿਲਣ ਨਾਲ ਇਹ ਵੀ ਸਪੱਸ਼ਟ ਹੋ ਗਿਆ ਹੈ ਕਿ ਭਵਿੱਖ ਵਿੱਚ ਭਾਰਤ ਲਈ ਚੁਣੌਤੀਆਂ ਵਧਣਗੀਆਂ, ਜਿਸ ਲਈ ਕਈ ਮੋਰਚਿਆਂ 'ਤੇ ਤਿਆਰੀ ਦੀ ਲੋੜ ਹੈ। ਭਾਰਤ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵੱਧ ਰਹੀ ਅਰਥਵਿਵਸਥਾ ਹੈ, ਇਹ ਵੀ ਕਿਸੇ ਤੋਂ ਲੁਕਿਆ ਨਹੀਂ ਹੈ ਕਿ ਪਾਕਿਸਤਾਨ ਅਤੇ ਚੀਨ ਦੀ ਦੋਸਤੀ ਭਾਰਤ ਕਾਰਨ ਹੈ।

ਦਰਅਸਲ ਭਾਰਤ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥਵਿਵਸਥਾ ਹੈ ਅਤੇ ਚੀਨ ਆਪਣੀਆਂ ਭਵਿੱਖ ਦੀਆਂ ਸੰਭਾਵਨਾਵਾਂ ਬਾਰੇ ਚਿੰਤਤ ਹੈ। ਇਸੇ ਲਈ ਉਹ ਪਾਕਿਸਤਾਨ ਨੂੰ ਕੂਟਨੀਤਕ ਤੌਰ 'ਤੇ ਆਪਣੇ ਕੈਂਪ ਵਿੱਚ ਰੱਖਣਾ ਚਾਹੁੰਦਾ ਹੈ। ਇਹ ਸੰਕਟ ਦੌਰਾਨ ਪਾਕਿਸਤਾਨ ਦੀ ਮਦਦ ਕਰਨ ਤੋਂ ਨਹੀਂ ਝਿਜਕਦਾ। ਇਸ ਪਿੱਛੇ ਚੀਨ ਦੇ ਆਪਣੇ ਨਿੱਜੀ ਹਿੱਤ ਹਨ। ਦੂਜੇ ਪਾਸੇ ਤੁਰਕੀ ਵੀ ਪਾਕਿਸਤਾਨ ਦੀ ਮਦਦ ਕਰ ਰਿਹਾ ਹੈ, ਪਰ ਭਾਰਤ ਨੂੰ ਤੁਰਕੀ ਤੋਂ ਕੋਈ ਸਿੱਧਾ ਖ਼ਤਰਾ ਨਹੀਂ ਹੈ। ਚੀਨ ਤੋਂ ਇੱਕ ਚੁਣੌਤੀ ਹੈ ਕਿਉਂਕਿ ਪਾਕਿਸਤਾਨ ਵਾਂਗ, ਭਾਰਤ ਵੀ ਇਸ ਨਾਲ ਸਰਹੱਦ ਸਾਂਝੀ ਕਰਦਾ ਹੈ। ਅਸਲ ਕੰਟਰੋਲ ਰੇਖਾ (LAC) ਭਾਰਤ ਅਤੇ ਚੀਨ ਨੂੰ ਵੰਡਦੀ ਹੈ ਅਤੇ ਚੀਨ ਇੱਥੇ ਘੁਸਪੈਠ ਕਰਨ ਦੀਆਂ ਅਸਫਲ ਕੋਸ਼ਿਸ਼ਾਂ ਕਰਦਾ ਰਹਿੰਦਾ ਹੈ। ਭਾਰਤੀ ਫੌਜ ਦੇ ਡਿਪਟੀ ਚੀਫ਼ ਦੇ ਅਨੁਸਾਰ 7 ਤੋਂ 10 ਮਈ ਦੇ ਵਿਚਕਾਰ ਫੌਜੀ ਟਕਰਾਅ ਦੌਰਾਨ ਪਾਕਿਸਤਾਨ ਸਿਰਫ਼ ਖੁੱਲ੍ਹੇ ਵਿੱਚ ਦਿਖਾਈ ਦੇ ਰਿਹਾ ਸੀ, ਪਰਦੇ ਪਿੱਛੇ ਚੀਨ ਅਤੇ ਤੁਰਕੀ ਉਸਨੂੰ ਹਰ ਸੰਭਵ ਮਦਦ ਪ੍ਰਦਾਨ ਕਰ ਰਹੇ ਸਨ। ਚੀਨ ਆਪਣੇ ਸੈਟੇਲਾਈਟਾਂ ਦੀ ਵਰਤੋਂ ਭਾਰਤੀ ਫੌਜੀ ਤਾਇਨਾਤੀ ਦੀ ਨਿਗਰਾਨੀ ਕਰਨ ਲਈ ਕਰ ਰਿਹਾ ਸੀ। ਹਾਲਾਂਕਿ, ਰੱਖਿਆ ਮਾਮਲਿਆਂ ਵਿੱਚ ਚੀਨ ਅਤੇ ਪਾਕਿਸਤਾਨ ਨੂੰ ਵੱਖ-ਵੱਖ ਦੇਖਣਾ ਸਹੀ ਨਹੀਂ ਹੋਵੇਗਾ। ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਇਹ ਸਪੱਸ਼ਟ ਹੋ ਗਿਆ ਹੈ ਕਿ ਚੀਨ ਅਤੇ ਪਾਕਿਸਤਾਨ ਨੇ ਆਪਣੀਆਂ ਰੱਖਿਆ ਰਣਨੀਤੀਆਂ ਵਿੱਚ ਡੂੰਘਾ ਤਾਲਮੇਲ ਵਿਕਸਤ ਕੀਤਾ ਹੈ। ਜਦੋਂ ਵੀ ਭਾਰਤ ਅਤੇ ਪਾਕਿਸਤਾਨ ਵਿਚਕਾਰ ਫੌਜੀ ਟਕਰਾਅ ਦੀ ਸਥਿਤੀ ਹੋਵੇਗੀ, ਚੀਨ ਇਸ ਵਿੱਚ ਇੱਕ ਵਿਸ਼ੇਸ਼ ਭੂਮਿਕਾ ਨਿਭਾਏਗਾ, ਭਾਵੇਂ ਅਸਿੱਧੇ ਤੌਰ 'ਤੇ ਹੀ ਕਿਉਂ ਨਾ ਹੋਵੇ। ਭਾਰਤ ਨੂੰ ਅਜਿਹੀ ਸਥਿਤੀ ਨਾਲ ਨਜਿੱਠਣ ਲਈ ਆਪਣੇ ਆਪ ਨੂੰ ਤਿਆਰ ਕਰਨਾ ਹੋਵੇਗਾ। ਰੱਖਿਆ ਉਦਯੋਗ ਨੂੰ ਖੋਜ ਅਤੇ ਵਿਕਾਸ ਵਿੱਚ ਵਧੇਰੇ ਨਿਵੇਸ਼ ਕਰਨ ਲਈ ਉਤਸ਼ਾਹਿਤ ਕਰਨਾ ਹੋਵੇਗਾ ਤਾਂ ਜੋ ਰੱਖਿਆ ਮਾਮਲਿਆਂ ਵਿੱਚ ਭਾਰਤ ਦੀ ਸਵੈ-ਨਿਰਭਰਤਾ ਨੂੰ ਮਜ਼ਬੂਤ ਕੀਤਾ ਜਾ ਸਕੇ। ਕੂਟਨੀਤਕ ਪੱਧਰ 'ਤੇ ਵੱਖ-ਵੱਖ ਦੇਸ਼ਾਂ ਨਾਲ ਸਬੰਧਾਂ ਨੂੰ ਮਜ਼ਬੂਤ ਕਰਨ ਦੇ ਯਤਨਾਂ ਨੂੰ ਵੀ ਤੇਜ਼ ਕਰਨਾ ਹੋਵੇਗਾ ਤਾਂ ਜੋ ਲੋੜ ਪੈਣ 'ਤੇ ਉਨ੍ਹਾਂ ਦਾ ਸਮਰਥਨ ਪ੍ਰਾਪਤ ਕੀਤਾ ਜਾ ਸਕੇ।

**-ਜਗਜੀਤ ਸਿੰਘ ਦਰਦੀ**

# ਰਾਜਨੀਤਿਕ ਸਮਾਜਿਕ ਅਤੇ ਆਤੰਕਵਾਦ 'ਤੇ ਸਾਂਝੇ ਐਲਾਨ 'ਤੇ ਟਰੰਪ ਦਾ ਗੁੱਸਾ ਅਤੇ ਭਾਰਤ ਦੀਆਂ ਪ੍ਰਾਪਤੀਆਂ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156




ਬਰਿਕਸ (ਬ੍ਰਾਜ਼ੀਲ, ਰੂਸ, ਭਾਰਤ, ਚੀਨ, ਦੱਖਣੀ ਅਫਰੀਕਾ) ਸਮੂਹ, ਜਿਸ ਵਿੱਚ ਹੁਣ ਮਿਸਰ, ਇਥੋਪੀਆ, ਇੰਡੋਨੇਸ਼ੀਆ, ਈਰਾਨ ਅਤੇ ਸੰਯੁਕਤ ਅਰਬ ਅਮੀਰਾਤ ਵੀ ਸ਼ਾਮਲ ਹਨ, ਨੇ 6-7 ਜੁਲਾਈ 2025 ਨੂੰ ਰੀਓ ਡੀ ਜਨੇਰੋ, ਬ੍ਰਾਜ਼ੀਲ ਵਿੱਚ ਆਪਣਾ 17ਵਾਂ ਸੰਮੇਲਨ ਆਯੋਜਿਤ ਕੀਤਾ ਹੈ। ਇਸ ਸੰਮੇਲਨ ਵਿੱਚ ਰਾਜਨੀਤਿਕ ਅਤੇ ਸਮਾਜਿਕ ਮੁੱਦਿਆਂ, ਖਾਸ ਕਰਕੇ ਆਤੰਕਵਾਦ, ਜਲਵਾਯੂ ਤਬਦੀਲੀ ਅਤੇ ਵਿਸ਼ਵ ਵਪਾਰ ਨੂੰ ਲੈ ਕੇ ਵਿਚਾਰ-ਵਟਾਂਦਰਾ ਹੋਇਆ ਅਤੇ ਸੰਮੇਲਨ ਦੀ ਸਾਂਝੀ ਘੋਸ਼ਣਾ ਨੇ ਆਤੰਕਵਾਦ ਦੀ ਨਿੰਦਾ, ਵਿਸ਼ਵ ਵਪਾਰ ਸੰਗਠਨ (WTO) ਦੇ ਸੁਧਾਰ ਅਤੇ ਜਲਵਾਯੂ ਤਬਦੀਲੀ ਨਾਲ ਨਜਿੱਠਣ ਲਈ ਸਮੂਹਿਕ ਕਾਰਵਾਈ 'ਤੇ ਜ਼ੋਰ ਦਿੱਤਾ ਹੈ ਪਰ ਇਸ ਘੋਸ਼ਣਾ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਨਾਰਾਜ਼ਗੀ ਨੂੰ ਭੜਕਾਇਆ ਹੈ, ਜਿਸ ਦੇ ਕਈ ਕਾਰਨ ਸਨ।

ਹੁਣ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਫਿਰ ਟੈਰਿਫ ਨੂੰ ਲੈ ਕੇ ਧਮਕੀ ਭਰਿਆ ਰੁਖ਼ ਅਪਣਾਇਆ ਹੈ। ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ ਸੋਸ਼ਲ 'ਤੇ ਇੱਕ ਪੋਸਟ ਰਾਹੀਂ ਉਨ੍ਹਾਂ ਐਲਾਨ ਕੀਤਾ ਹੈ ਕਿ ਜੋ ਵੀ ਦੇਸ਼ ਬ੍ਰਿਕਸ ਸਮੂਹ ਦੀਆਂ ਅਮਰੀਕਾ ਵਿਰੋਧੀ ਨੀਤੀਆਂ ਦਾ ਸਮਰਥਨ ਕਰੇਗਾ, ਉਸ 'ਤੇ 10 ਪ੍ਰਤੀਸ਼ਤ ਵਾਧੂ ਟੈਰਿਫ ਲਗਾਇਆ ਜਾਵੇਗਾ। ਟਰੰਪ ਨੇ ਸਪੱਸ਼ਟ ਕੀਤਾ ਹੈ ਕਿ ਇਸ ਨੀਤੀ ਵਿੱਚ ਕਿਸੇ ਵੀ ਦੇਸ਼ ਨੂੰ ਕੋਈ ਛੋਟ ਨਹੀਂ ਦਿੱਤੀ ਜਾਵੇਗੀ। ਡੋਨਾਲਡ ਟਰੰਪ ਬ੍ਰਿਕਸ ਦੇਸ਼ਾਂ 'ਤੇ ਗੁੱਸੇ ਵਿੱਚ ਆਏ ਹਨ। ਇਹ ਐਲਾਨ ਭਾਰਤ ਲਈ ਖਾਸ ਚਿੰਤਾ ਦਾ ਵਿਸ਼ਾ ਹੈ, ਕਿਉਂਕਿ ਭਾਰਤ ਬ੍ਰਿਕਸ ਦੇ ਸੰਸਥਾਪਕ ਮੈਂਬਰਾਂ ਵਿੱਚੋਂ ਇੱਕ ਹੈ।

ਹਾਲ ਹੀ ਵਿੱਚ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਵਿੱਚ ਹੋਏ 17ਵੇਂ ਬ੍ਰਿਕਸ ਸੰਮੇਲਨ ਵਿੱਚ ਹਿੱਸਾ ਲਿਆ ਹੈ ਅਤੇ ਅਜਿਹੀ ਸਥਿਤੀ ਵਿੱਚ, ਟਰੰਪ ਦਾ ਬਿਆਨ ਭਾਰਤ-ਅਮਰੀਕਾ ਵਪਾਰਕ ਸਬੰਧਾਂ ਵਿੱਚ ਇੱਕ ਨਵਾਂ ਤਣਾਅ ਪੈਦਾ ਕਰ ਸਕਦਾ ਹੈ।

ਹੁਣ ਭਾਰਤ-ਅਮਰੀਕਾ ਵਪਾਰ ਸੌਦੇ 'ਤੇ ਸੰਕਟ ਦੇ ਬੱਦਲ ਮੰਡਰਾ ਰਹੇ ਹਨ। ਟਰੰਪ ਦਾ ਬਿਆਨ ਅਜਿਹੇ ਸਮੇਂ ਆਇਆ ਹੈ ਜਦੋਂ ਭਾਰਤ ਅਤੇ ਅਮਰੀਕਾ ਇੱਕ ਅੰਤਰਿਮ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦੇਣ ਦੀ ਕੋਸ਼ਿਸ਼ ਕਰ ਰਹੇ ਹਨ। ਜਾਣਕਾਰੀ ਅਨੁਸਾਰ ਭਾਰਤ ਨੇ ਇਸ ਸਮਝੌਤੇ ਲਈ ਖੇਤੀਬਾੜੀ ਅਤੇ ਡੇਅਰੀ ਵਰਗੇ ਸੰਵੇਦਨਸ਼ੀਲ ਖੇਤਰਾਂ 'ਤੇ ਆਪਣੀ ਸਥਿਤੀ ਸਪੱਸ਼ਟ ਕੀਤੀ ਹੈ ਅਤੇ ਹੁਣ ਗੇਂਦ ਅਮਰੀਕਾ ਦੇ ਪਾਲੇ ਵਿੱਚ ਹੈ। ਇਹ ਉਮੀਦ ਕੀਤੀ ਜਾ ਰਹੀ ਸੀ ਕਿ ਜੇਕਰ ਸਾਰੇ ਮੁੱਦੇ ਹੱਲ ਹੋ ਜਾਂਦੇ ਹਨ ਤਾਂ ਇਸ ਵਪਾਰ ਸਮਝੌਤੇ ਦਾ ਐਲਾਨ 9 ਜੁਲਾਈ ਤੋਂ ਪਹਿਲਾਂ ਕੀਤਾ ਜਾ ਸਕਦਾ ਹੈ।

ਟੈਰਿਫ ਗੇਮ ਪਹਿਲਾਂ ਹੀ ਚੱਲ ਰਹੀ ਹੈ ਅਤੇ ਇਹ ਧਿਆਨ ਦੇਣ ਯੋਗ ਹੈ ਕਿ ਟੈਰਿਫ ਨੂੰ ਲੈ ਕੇ ਦੋਵਾਂ ਦੇਸ਼ਾਂ ਵਿਚਕਾਰ ਪਹਿਲਾਂ ਹੀ ਮਤਭੇਦ ਹਨ। 2 ਅਪ੍ਰੈਲ ਨੂੰ ਅਮਰੀਕਾ ਨੇ ਭਾਰਤੀ ਸਮਾਨਾਂ 'ਤੇ 26 ਪ੍ਰਤੀਸ਼ਤ ਦੀ ਵਾਧੂ ਜਵਾਬੀ ਡਿਊਟੀ ਲਗਾਈ, ਜਿਸ ਨੂੰ ਇਸ ਸਮੇਂ 90 ਦਿਨਾਂ ਲਈ ਮੁਲਤਵੀ ਕਰ ਦਿੱਤਾ ਗਿਆ ਹੈ। ਹਾਲਾਂਕਿ, 10 ਪ੍ਰਤੀਸ਼ਤ ਦੀ ਮੂਲ ਡਿਊਟੀ ਅਜੇ ਵੀ ਲਾਗੂ ਹੈ। ਭਾਰਤ ਇਸ 26 ਪ੍ਰਤੀਸ਼ਤ ਡਿਊਟੀ ਤੋਂ ਪੂਰੀ ਤਰ੍ਹਾਂ ਛੋਟ ਦੀ ਮੰਗ ਕਰ ਰਿਹਾ ਹੈ। ਜੇਕਰ ਪ੍ਰਸਤਾਵਿਤ ਵਪਾਰ ਗੱਲਬਾਤ ਅਸਫਲ ਹੋ ਜਾਂਦੀ ਹੈ, ਤਾਂ 26 ਪ੍ਰਤੀਸ਼ਤ ਦੀ ਇਹ ਵਾਧੂ ਡਿਊਟੀ ਦੁਬਾਰਾ ਲਾਗੂ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਸਟੀਲ, ਐਲੂਮੀਨੀਅਮ (50%) ਅਤੇ ਵਾਹਨਾਂ (25%) ਤੇ ਅਮਰੀਕੀ ਡਿਊਟੀ ਨੂੰ ਲੈ ਕੇ ਵੀ ਦੋਵਾਂ ਦੇਸ਼ਾਂ ਵਿਚਕਾਰ ਵਿਵਾਦ ਹੈ।

ਪਿਛਲੇ ਹਫ਼ਤੇ ਹੀ ਇੱਕ ਭਾਰਤੀ ਵਫ਼ਦ ਇੱਕ ਅੰਤਰਿਮ ਵਪਾਰ ਸਮਝੌਤੇ 'ਤੇ ਗੱਲਬਾਤ ਕਰਨ ਤੋਂ ਬਾਅਦ ਵਾਸ਼ਿੰਗਟਨ ਤੋਂ ਵਾਪਸ ਆਇਆ ਸੀ। ਟਰੰਪ ਦੇ ਇਸ ਨਵੇਂ ਐਲਾਨ ਤੋਂ ਬਾਅਦ ਵਪਾਰ ਗੱਲਬਾਤ ਦਾ ਭਵਿੱਖ ਹੋਰ ਵੀ ਅਨਿਸ਼ਚਿਤ ਹੋ ਗਿਆ ਹੈ।

ਇਸ ਵਿੱਚ ਬਰਿਕਸ ਸੰਮੇਲਨ ਦੀ ਸਫਲਤਾ, ਭਾਰਤ ਦੀਆਂ ਪ੍ਰਾਪਤੀਆਂ ਅਤੇ ਟਰੰਪ ਦੇ ਗੁੱਸੇ ਦੇ ਸੰਦਰਭ ਨੂੰ ਬਰਿਕਸ ਸੰਮੇਲਨ 2025 ਦੇ ਮੁੱਖ ਮੁੱਦੇ ਅਤੇ ਸਾਂਝੀ ਘੋਸ਼ਣਾ ਵਿੱਚ 2025 ਦੇ ਬਰਿਕਸ ਸੰਮੇਲਨ ਦਾ ਮੁੱਖ ਵਿਸ਼ਾ ਸੀ: ਵਧੇਰੇ ਸਮਾਵੇਸ਼ੀ ਅਤੇ ਟਿਕਾਊ ਸ਼ਾਸਨ ਲਈ ਗਲੋਬਲ ਸਾਊਥ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨਾ।

ਇਸ ਸੰਮੇਲਨ ਵਿੱਚ ਹੇਠ ਲਿਖੇ ਮੁੱਖ ਮੁੱਦਿਆਂ 'ਤੇ ਚਰਚਾ ਹੋਈ:

ਜਿਵੇਂ ਕਿ ਆਤੰਕਵਾਦ ਵਿਰੁੱਧ ਸਮੂਹਿਕ ਸਟੈਂਡ ਤੇ ਸੰਮੇਲਨ ਨੇ 22 ਅਪ੍ਰੈਲ, 2025 ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਆਤੰਕਵਾਦੀ ਹਮਲੇ ਦੀ ਸਖ਼ਤ ਨਿੰਦਾ ਕੀਤੀ ਸੀ, ਜਿਸ ਵਿੱਚ 26 ਲੋਕ ਮਾਰੇ ਗਏ ਸਨ। ਸਾਂਝੀ ਘੋਸ਼ਣਾ ਵਿੱਚ ਆਤੰਕਵਾਦ ਨੂੰ ਅਪਰਾਧਿਕ ਅਤੇ ਅਣਉਚਿਤ ਕਰਾਰ ਦਿੱਤਾ ਗਿਆ ਅਤੇ ਸਾਰੇ ਮੈਂਬਰ ਦੇਸ਼ਾਂ ਨੂੰ ਆਤੰਕਵਾਦ ਨਾਲ ਨਜਿੱਠਣ ਲਈ ਇਕਜੁੱਟ ਹੋਣ ਦੀ ਅਪੀਲ ਕੀਤੀ ਹੈ।

ਜਲਵਾਯੂ ਤਬਦੀਲੀ ਬਾਰੇ ਬਰਿਕਸ ਨੇ ਜਲਵਾਯੂ ਤਬਦੀਲੀ ਨਾਲ ਨਜਿੱਠਣ ਲਈ ਪੈਰਿਸ ਸਮਝੌਤੇ ਦੇ ਉਦੇਸ਼ਾਂ ਨੂੰ ਮੁੜ ਪ੍ਰਤੀਬੱਧ ਕੀਤਾ ਅਤੇ ਭਾਰਤ ਦੀ 2028 ਵਿੱਚ COPCC ਦੀ ਮੇਜ਼ਬਾਨੀ ਦੀ ਪ੍ਰਸਤਾਵਿਤ ਬੋਲੀ ਦਾ ਸਮਰਥਨ ਕੀਤਾ ਹੈ।

ਵਿਸ਼ਵ ਵਪਾਰ ਅਤੇ ਸੁਧਾਰ ਲਈ ਸੰਮੇਲਨ ਨੇ ਅਮਰੀਕਾ ਦੀਆਂ ਵਪਾਰਕ ਨੀਤੀਆਂ, ਖਾਸ ਕਰਕੇ ਟਰੰਪ ਦੀਆਂ ਟੈਰਿਫ ਨੀਤੀਆਂ ਦੀ ਅਸਿੱਧੇ ਤੌਰ 'ਤੇ ਆਲੋਚਨਾ ਕੀਤੀ, ਜਿਨ੍ਹਾਂ ਨੂੰ ਅਣਉਚਿਤ ਇਕਪਾਸੜ ਸੁਰੱਖਿਆਵਾਦੀ ਉਪਾਅ ਕਿਹਾ ਗਿਆ ਹੈ।

ਡੀ-ਡੌਲਰਾਈਜ਼ੇਸ਼ਨ ਅਤੇ ਵਿੱਤੀ ਸੁਧਾਰ ਵਿੱਚ ਬਰਿਕਸ ਨੇ ਸਥਾਨਕ ਮੁਦਰਾਵਾਂ ਵਿੱਚ ਵਪਾਰ ਨੂੰ ਉਤਸ਼ਾਹਿਤ ਕਰਨ ਅਤੇ ਨਵੀਂ ਵਿਕਾਸ ਬੈਂਕ (NDB) ਦੀ ਭੂਮਿਕਾ ਨੂੰ ਵਧਾਉਣ 'ਤੇ ਜ਼ੋਰ ਦਿੱਤਾ, ਜੋ ਅਮਰੀਕੀ ਡਾਲਰ ਦੀ ਨਿਰਭਰਤਾ ਨੂੰ ਘਟਾਉਣ ਦੀ ਦਿਸ਼ਾ ਵਿੱਚ ਇੱਕ ਕਦਮ ਸੀ।

ਟਰੰਪ ਦਾ ਗੁੱਸਾ ਤੇ ਅਮਰੀਕੀ ਨਾਰਾਜ਼ਗੀ ਦੇ ਕਾਰਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਬਰਿਕਸ ਸੰਮੇਲਨ ਦੀ ਸਾਂਝੀ ਘੋਸ਼ਣਾ 'ਤੇ ਸਖ਼ਤ ਇਤਰਾਜ਼ ਜਤਾਇਆ ਅਤੇ ਬਰਿਕਸ ਦੇਸ਼ਾਂ 'ਤੇ 10% ਵਾਧੂ ਟੈਰਿਫ ਲਗਾਉਣ ਦੀ ਧਮਕੀ ਦਿੱਤੀ। ਇਸ ਦੇ ਪਿੱਛੇ ਕਈ ਕਾਰਨ ਸਨ। ਡੀ-ਡੌਲਰਾਈਜ਼ੇਸ਼ਨ ਦੀ ਚਰਚਾ ਵਿੱਚ ਬਰਿਕਸ ਦੇਸ਼ਾਂ ਦੀ ਸਥਾਨਕ ਮੁਦਰਾਵਾਂ ਵਿੱਚ ਵਪਾਰ ਵਧਾਉਣ ਦੀ ਪਹਿਲ ਨੂੰ ਟਰੰਪ ਨੇ ਅਮਰੀਕੀ ਡਾਲਰ ਦੀ ਵਿਸ਼ਵਵਿਆਪੀ ਪ੍ਰਭੂਸੱਤਾ 'ਤੇ ਹਮਲੇ ਵਜੋਂ ਦੇਖਿਆ ਹੈ। ਅਮਰੀਕੀ ਅਰਥਵਿਵਸਥਾ ਡਾਲਰ ਦੀ ਵਿਸ਼ਵਵਿਆਪੀ ਮੁਦਰਾ ਵਜੋਂ ਸਥਿਤੀ 'ਤੇ ਨਿਰਭਰ ਹੈ ਅਤੇ ਬਰਿਕਸ ਦੀਆਂ ਇਹ ਕੋਸ਼ਿਸ਼ਾਂ ਅਮਰੀਕੀ ਪ੍ਰਭਾਵ ਨੂੰ ਚੁਣੌਤੀ ਦਿੰਦੀਆਂ ਹਨ।

ਅੱਜ ਅਮਰੀਕੀ ਵਪਾਰ ਨੀਤੀਆਂ ਦੀ ਆਲੋਚਨਾ ਸੰਮੇਲਨ ਦੀ ਸਾਂਝੀ ਘੋਸ਼ਣਾ ਵਿੱਚ ਅਮਰੀਕਾ ਦੀਆਂ ਟੈਰਿਫ ਨੀਤੀਆਂ ਨੂੰ ਅਣਉਚਿਤ ਅਤੇ ਵਿਸ਼ਵ ਵਪਾਰ ਸੰਗਠਨ (WTO) ਦੇ ਨਿਯਮਾਂ ਦੇ ਉਲਟ ਕਿਹਾ ਗਿਆ। ਇਸ ਨੇ ਟਰੰਪ ਨੂੰ ਨਰਾਜ਼ ਕੀਤਾ, ਜੋ ਮੁਕਤ ਵਪਾਰ ਦੀ ਬਜਾਏ ਸੁਰੱਖਿਆਵਾਦੀ ਨੀਤੀਆਂ ਦਾ ਸਮਰਥਨ ਕਰਦੇ ਹਨ।

ਈਰਾਨ ਅਤੇ ਆਤੰਕਵਾਦ 'ਤੇ ਸਟੈਂਡ ਵਿਚ ਬਰਿਕਸ ਨੇ ਈਰਾਨ 'ਤੇ ਹਾਲੀਆ ਹਮਲਿਆਂ ਦੀ ਨਿੰਦਾ ਕੀਤੀ ਅਤੇ ਈਰਾਨ ਦੇ WTO ਵਿੱਚ ਸ਼ਾਮਲ ਹੋਣ ਦਾ ਸਮਰਥਨ ਕੀਤਾ। ਇਹ ਅਮਰੀਕੀ ਨੀਤੀਆਂ ਦੇ ਉਲਟ ਸੀ, ਜੋ ਈਰਾਨ 'ਤੇ ਸਖ਼ਤ ਪਾਬੰਦੀਆਂ ਦਾ ਸਮਰਥਨ ਕਰਦੀਆਂ ਹਨ।

ਬਰਿਕਸ ਦੀ ਵਧਦੀ ਤਾਕਤ ਨੂੰ ਬਰਿਕਸ ਦਾ ਵਿਸਥਾਰ ਅਤੇ ਗਲੋਬਲ ਸਾਊਥ ਦੀ ਅਗਵਾਈ ਕਰਨ ਦੀ ਇਸ ਦੀ ਯੋਗਤਾ ਨੇ ਅਮਰੀਕਾ ਦੀ ਵਿਸ਼ਵ ਸ਼ਾਸਨ ਵਿੱਚ ਪ੍ਰਭਾਵੀ ਸਥਿਤੀ ਨੂੰ ਚੁਣੌਤੀ ਦਿੱਤੀ। ਟਰੰਪ ਨੇ ਬਰਿਕਸ ਨੂੰ ਅਮਰੀਕਾ ਵਿਰੋਧੀ ਸਮਝਦਿਆਂ ਇਸ ਨੂੰ ਮਰਿਆ ਹੋਇਆ ਗਰਦਾਨਿਆ ਅਤੇ ਮੈਂਬਰ ਦੇਸ਼ਾਂ ਨੂੰ ਸਜ਼ਾ ਦੇਣ ਦੀ ਧਮਕੀ ਦਿੱਤੀ ਹੈ।

ਟਰੰਪ ਦੀ ਨਰਾਜ਼ਗੀ ਦਾ ਅਸਲ ਕਾਰਨ ਬਰਿਕਸ ਦਾ ਵਧਦੀ ਵਿਸ਼ਵਵਿਆਪੀ ਪ੍ਰਭਾਵ ਅਤੇ ਇਸ ਦੀ ਗੈਰ-ਪੱਛਮੀ ਵਿਸ਼ਵ ਵਿਵਸਥਾ ਦੀ ਵਕਾਲਤ ਸੀ। ਬਰਿਕਸ ਨੂੰ ਗਲੋਬਲ ਸਾਊਥ ਦੀ ਆਵਾਜ਼ ਵਜੋਂ ਦੇਖਿਆ ਜਾਂਦਾ ਹੈ, ਜੋ ਅਮਰੀਕੀ-ਅਗਵਾਈ ਵਾਲੀਆਂ ਸੰਸਥਾਵਾਂ ਜਿਵੇਂ ਕਿ IMF ਅਤੇ WTO ਦੇ ਸੁਧਾਰ ਦੀ ਮੰਗ ਕਰਦਾ ਹੈ।

ਬਰਿਕਸ ਦੀਆਂ ਪ੍ਰਾਪਤੀਆਂ ਵਿੱਚ ਬਰਿਕਸ ਸੰਮੇਲਨ 2025 ਨੇ ਕਈ ਮਹੱਤਵਪੂਰਨ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਆਤੰਕਵਾਦ 'ਤੇ ਸਖ਼ਤ ਸਟੈਂਡ ਵਿਚ ਪਹਿਲਗਾਮ ਹਮਲੇ ਦੀ ਨਿੰਦਾ ਅਤੇ ਆਤੰਕਵਾਦ ਦੇ ਵਿਰੁੱਧ ਜ਼ੀਰੋ ਟੌਲਰੈਂਸ ਨੀਤੀ ਨੇ ਸਮੂਹ ਦੀ ਇਕਜੁੱਟਤਾ ਨੂੰ ਦਰਸਾਇਆ ਹੈ। ਉਧਰ ਜਲਵਾਯੂ ਤਬਦੀਲੀ 'ਤੇ ਪ੍ਰਤੀਬੱਧਤ ਵਿੱਚ ਬਰਿਕਸ ਨੇ ਪੈਰਿਸ ਸਮਝੌਤੇ ਦੇ ਟੀਚਿਆਂ ਨੂੰ ਮੁੜ ਪ੍ਰਤੀਬੱਧ ਕੀਤਾ ਅਤੇ ਗਲੋਬਲ ਸਾਊਥ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸਸਤੀ ਜਲਵਾਯੂ ਵਿੱਤ ਦੀ ਮੰਗ ਕੀਤੀ ਹੈ।

ਵਿੱਤੀ ਸੁਧਾਰ ਲਹਿਰ ਦਾ ਹਿੱਸਾ ਨਵੀਂ ਵਿਕਾਸ ਬੈਂਕ (NDB) ਨੂੰ ਮਜ਼ਬੂਤ ਕਰਨ ਅਤੇ ਸਥਾਨਕ ਮੁਦਰਾਵਾਂ ਵਿੱਚ ਵਪਾਰ ਨੂੰ ਉਤਸ਼ਾਹਿਤ ਕਰਨ ਦੀਆਂ ਪਹਿਲਕਦਮੀਆਂ ਨੇ ਬਰਿਕਸ ਦੀ ਵਿੱਤੀ ਸੁਤੰਤਰਤਾ ਦੀ ਦਿਸ਼ਾ ਵਿੱਚ ਕਦਮ ਵਧਾਏ ਹਨ।

ਵਿਸਥਾਰ ਅਤੇ ਸਮਾਵੇਸ਼ ਵਿੱਚ ਇੰਡੋਨੇਸ਼ੀਆ ਦੇ ਸ਼ਾਮਲ ਹੋਣ ਅਤੇ 13 ਹੋਰ ਦੇਸ਼ਾਂ ਨੂੰ ਪਾਰਟਨਰ ਸਟੇਟਸ ਦੇਣ ਨਾਲ ਬਰਿਕਸ ਦੀ ਵਿਸ਼ਵਵਿਆਪੀ ਪਹੁੰਚ ਵਧੀ ਹੈ।

ਭਾਰਤ ਦੀਆਂ ਪ੍ਰਾਪਤੀਆਂ ਬਾਰੇ ਭਾਰਤ ਨੇ ਇਸ ਸੰਮੇਲਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਅਤੇ ਕਈ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਆਤੰਕਵਾਦ 'ਤੇ ਸਖ਼ਤ ਸਟੈਂਡ ਲਿਆ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਤੰਕਵਾਦ ਨੂੰ ਮਨੁੱਖਤਾ ਵਿਰੁੱਧ ਅਪਰਾਧ ਕਰਾਰ ਦਿੰਦਿਆਂ ਸਾਰੇ ਦੇਸ਼ਾਂ ਨੂੰ ਇਸ ਦੇ ਵਿਰੁੱਧ ਇਕਜੁਟਤਾ ਦੀ ਅਪੀਲ ਕੀਤੀ। ਪਹਿਲਗਾਮ ਹਮਲੇ ਦੀ ਸਾਂਝੀ ਨਿੰਦਾ ਨੇ ਭਾਰਤ ਦੀ ਆਤੰਕਵਾਦ ਵਿਰੁੱਧ ਲੜਾਈ ਨੂੰ ਅੰਤਰਰਾਸ਼ਟਰੀ ਸਮਰਥਨ ਦਿਵਾਇਆ।

COPCC ਦੀ ਮੇਜ਼ਬਾਨੀ: ਬਰਿਕਸ ਦੇਸ਼ਾਂ ਨੇ 2028 ਵਿੱਚ ਭਾਰਤ ਦੀ COPCC ਦੀ ਮੇਜ਼ਬਾਨੀ ਦੀ ਬੋਲੀ ਦਾ ਸਮਰਥਨ ਕੀਤਾ, ਜੋ ਭਾਰਤ ਦੀ ਜਲਵਾਯੂ ਨੀਤੀਆਂ ਦੀ ਅੰਤਰਰਾਸ਼ਟਰੀ ਮਾਨਤਾ ਨੂੰ ਦਰਸਾਉਂਦਾ ਹੈ।

ਗਲੋਬਲ ਸਾਊਥ ਦੀ ਅਗਵਾਈ ਵਿਚ ਭਾਰਤ ਨੇ ਗਲੋਬਲ ਸਾਊਥ ਦੀ ਆਵਾਜ਼ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ, ਖਾਸ ਕਰਕੇ IMF, WTO, ਅਤੇ UN ਸੁਰੱਖਿਆ ਪਰਿਸ਼ਦ ਦੇ ਸੁਧਾਰਾਂ ਦੀ ਵਕਾਲਤ ਕਰਕੇ ਸਾਈਬਰ ਸੁਰੱਖਿਆ ਅਤੇ 19 ਬਾਰੇ ਮੋਦੀ ਨੇ ਸਾਈਬਰ ਸੁਰੱਖਿਆ ਅਤੇ ਸੁਰੱਖਿਅਤ 19 ਲਈ ਵਿਸ਼ਵਵਿਆਪੀ ਨਿਯਮਾਂ ਦੀ ਮੰਗ ਕੀਤੀ, ਜੋ ਭਾਰਤ ਦੀ ਤਕਨੀਕੀ ਅਗਵਾਈ ਨੂੰ ਉਜਾਗਰ ਕਰਦਾ ਹੈ।

ਅਮਰੀਕੀ ਗੁੱਸੇ ਦਾ ਸੰਦਰਭ ਅਤੇ ਭਾਰਤ ਦੀ ਸਥਿਤੀ ਵਿੱਚ ਹੁਣ ਅਮਰੀਕੀ ਨਰਾਜ਼ਗੀ ਦਾ ਇੱਕ ਵੱਡਾ ਕਾਰਨ ਬਰਿਕਸ ਦੀ ਵਧਦੀ ਤਾਕਤ ਅਤੇ ਇਸ ਦੀ ਪੱਛਮ-ਵਿਰੋਧੀ (ਜਾਂ ਗੈਰ-ਪੱਛਮੀ) ਸਥਿਤੀ ਸੀ। ਟਰੰਪ ਨੇ ਬਰਿਕਸ ਨੂੰ ਅਮਰੀਕੀ ਹਿੱਤਾਂ ਲਈ ਚੁਣੌਤੀ ਮੰਨਿਆ, ਖਾਸ ਕਰਕੇ ਡੀ-ਡੌਲਰਾਈਜ਼ੇਸ਼ਨ ਅਤੇ ਈਰਾਨ ਦੇ ਸਮਰਥਨ ਨੂੰ ਲੈ ਕੇ ਭਾਰਤ ਜੋ ਪੱਛਮ ਅਤੇ ਗਲੋਬਲ ਸਾਊਥ ਦੇ ਵਿਚਕਾਰ ਇੱਕ ਪੁਲ ਦੀ ਭੂਮਿਕਾ ਨਿਭਾਉਂਦਾ ਹੈ, ਨੇ ਸੰਜਮ ਨਾਲ ਇਸ ਸੰਮੇਲਨ ਵਿੱਚ ਹਿੱਸਾ ਲਿਆ ਅਤੇ ਭਾਰਤ ਨੇ ਨਾ ਸਿਰਫ਼ ਆਤੰਕਵਾਦ ਵਿਰੁੱਧ ਸਮਰਥਨ ਹਾਸਲ ਕੀਤਾ, ਸਗੋਂ ਸਿੰਦੂਰ ਆਪਰੇਸ਼ਨ ਤੋਂ ਬਾਅਦ ਪਾਕਿਸਤਾਨ ਨਾਲ ਸੰਘਰਸ਼ ਦੇ ਸੰਦਰਭ ਵਿੱਚ ਵੀ ਅੰਤਰਰਾਸ਼ਟਰੀ ਸਮਰਥਨ ਪ੍ਰਾਪਤ ਕੀਤਾ ਹੈ।

ਬਰਿਕਸ ਸੰਮੇਲਨ 2025 ਨੇ ਵਿਸ਼ਵ ਮੰਚ 'ਤੇ ਗਲੋਬਲ ਸਾਊਥ ਦੀ ਅਗਵਾਈ ਅਤੇ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕੇ ਹਨ ਅਤੇ ਭਾਰਤ ਨੇ ਆਤੰਕਵਾਦ, ਜਲਵਾਯੂ ਤਬਦੀਲੀ ਅਤੇ ਵਿੱਤੀ ਸੁਧਾਰਾਂ ਵਿੱਚ ਅਹਿਮ ਭੂਮਿਕਾ ਨਿਭਾਈ, ਜੋ ਇਸ ਦੀ ਵਧਦੀ ਅੰਤਰਰਾਸ਼ਟਰੀ ਸਾਖ ਨੂੰ ਦਰਸਾਉਂਦੀ ਹੈ। ਟਰੰਪ ਦੀ ਨਰਾਜ਼ਗੀ ਦਾ ਮੁੱਖ ਕਾਰਨ ਬਰਿਕਸ ਦੀ ਅਮਰੀਕੀ-ਅਗਵਾਈ ਵਾਲੀ ਵਿਸ਼ਵ ਵਿਵਸਥਾ ਨੂੰ ਚੁਣੌਤੀ ਅਤੇ ਡੀ-ਡੌਲਰਾਈਜ਼ੇਸ਼ਨ ਦੀਆਂ ਕੋਸ਼ਿਸ਼ਾਂ ਸਨ। ਭਾਰਤ ਨੇ ਇਸ ਸੰਮੇਲਨ ਵਿੱਚ ਇੱਕ ਸੰਤੁਲਿਤ ਰੁਖ ਅਪਣਾਇਆ, ਜਿਸ ਨਾਲ ਉਹ ਪੱਛਮੀ ਦੇਸ਼ਾਂ ਅਤੇ ਗਲੋਬਲ ਸਾਊਥ ਦੇ ਵਿਚਕਾਰ ਸਫਲਤਾਪੂਰਵਕ ਸੇਤੂ ਦੀ ਭੂਮਿਕਾ ਨਿਭਾਉਣ ਵਿੱਚ ਸਫਲ ਰਿਹਾ ਹੈ।

# ਸੱਤਾ ਤੋਂ ਸੰਕਟ ਤੱਕ: ਸ਼੍ਰੋਮਣੀ ਅਕਾਲੀ ਦਲ ਦੀ ਹੋਂਦ ਦੀ ਲੜਾਈ ਅਤੇ ਪੁਨਰ-ਸੁਰਜੀਤੀ ਦੀਆਂ ਚੁਣੌਤੀਆਂ



ਵਿੰਕਲਜੀਤ ਸਿੰਘ ਸਰਾ
9501477889

**ਇੱਕ ਫਿੱਕਾ ਰੋਸ ਪ੍ਰਦਰਸ਼ਨ ਅਤੇ ਵੱਡੇ ਸਵਾਲ** : ਇੱਕ ਸਮੇਂ ਪੰਜਾਬ ਦੀ ਸਿਆਸਤ ਦਾ ਕੇਂਦਰ ਬਿੰਦੂ ਰਿਹਾ ਸ਼੍ਰੋਮਣੀ ਅਕਾਲੀ ਦਲ (ਬਾਦਲ) ਅੱਜ ਆਪਣੇ ਇਤਿਹਾਸ ਦੇ ਸਭ ਤੋਂ ਗੰਭੀਰ ਦੌਰ ਵਿੱਚੋਂ ਗੁਜ਼ਰ ਰਿਹਾ ਹੈ। ਇਸਦੀ ਤਾਜ਼ਾ ਉਦਾਹਰਣ ਜਲੰਧਰ ਵਿੱਚ ਵੇਖਣ ਨੂੰ ਮਿਲੀ, ਜਦੋਂ ਪਾਰਟੀ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦੇ ਹੱਕ ਵਿੱਚ ਕੀਤੇ ਗਏ ਇੱਕ ਰੋਸ ਪ੍ਰਦਰਸ਼ਨ ਵਿੱਚ ਪਾਰਟੀ ਵਰਕਰਾਂ ਦੀ ਗਿਣਤੀ ਉਂਗਲਾਂ 'ਤੇ ਗਿਣਨ ਜੋਗੀ ਸੀ। ਇਹ ਦ੍ਰਿਸ਼ ਸਿਰਫ਼ ਇੱਕ ਅਸਫ਼ਲ ਪ੍ਰਦਰਸ਼ਨ ਨਹੀਂ, ਸਗੋਂ ਉਸ ਡੂੰਘੇ ਸੰਕਟ ਦਾ ਪ੍ਰਤੀਬਿੰਬ ਹੈ, ਜਿਸ ਨਾਲ ਪਾਰਟੀ ਜੂਝ ਰਹੀ ਹੈ - ਇੱਕ ਅਜਿਹਾ ਸੰਕਟ ਜੋ ਲੀਡਰਾਂ ਦੀ ਹਿਜਰਤ, ਜਨ-ਆਧਾਰ ਦੇ ਖੁਰਨ, ਅੰਦਰੂਨੀ ਕਲੇਸ਼ ਅਤੇ ਸਿਧਾਂਤਕ ਭਰੋਸੇ ਦੀ ਕਮੀ ਤੋਂ ਪੈਦਾ ਹੋਇਆ ਹੈ।

**ਸੰਕਟ ਦੇ ਦਿਸਦੇ ਲੱਛਣ: ਢਹਿ-ਢੇਰੀ ਹੁੰਦੇ ਕਿਲ੍ਹੇ** : ਪਾਰਟੀ ਦੀ ਮੌਜੂਦਾ ਹਾਲਤ ਦਾ ਅੰਦਾਜ਼ਾ ਇਸਦੇ ਗੜ੍ਹ ਮੰਨੇ ਜਾਂਦੇ ਖੇਤਰਾਂ ਵਿੱਚ ਇਸਦੀ ਕਮਜ਼ੋਰ ਹੁੰਦੀ ਪਕੜ ਤੋਂ ਸਪੱਸ਼ਟ ਹੁੰਦਾ ਹੈ।

**ਦੋਆਬੇ ਵਿੱਚ ਖਿੱਲਰਦਾ ਤਾਣਾ-ਬਾਣਾ**: ਦੋਆਬਾ ਖੇਤਰ (ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਨਵਾਂਸ਼ਹਿਰ), ਜੋ ਕਦੇ ਅਕਾਲੀ ਦਲ ਦਾ ਮਜ਼ਬੂਤ ਕਿਲ੍ਹਾ ਸੀ, ਅੱਜ ਲੀਡਰਸ਼ਿਪ ਦੇ ਖਲਾਅ ਦਾ ਸਾਹਮਣਾ ਕਰ ਰਿਹਾ ਹੈ।

**ਦਲਿਤ ਚਿਹਰਿਆਂ ਦਾ ਘਾਟਾ:** ਪੰਜਾਬ ਦੀ ਸਭ ਤੋਂ ਵੱਧ ਦਲਿਤ ਅਬਾਦੀ ਵਾਲੇ ਇਸ ਖੇਤਰ ਵਿੱਚ ਪਾਰਟੀ ਨੇ ਆਪਣੇ ਦੋ ਵੱਡੇ ਦਲਿਤ ਚਿਹਰੇ ਗੁਆ ਦਿੱਤੇ ਹਨ। ਬੰਗਾ ਦੇ ਸਾਬਕਾ ਵਿਧਾਇਕ ਡਾ. ਸੁਖਵਿੰਦਰ ਸੁੱਖੀ ਅਤੇ ਆਦਮਪੁਰ ਦੇ ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ, ਦੋਵੇਂ ਹੀ 'ਆਪ' ਵਿੱਚ ਸ਼ਾਮਲ ਹੋ ਚੁੱਕੇ ਹਨ। ਇਸ ਨਾਲ ਪਾਰਟੀ ਨੇ ਸਿਰਫ਼ ਦੋ ਆਗੂ ਹੀ ਨਹੀਂ, ਸਗੋਂ ਦਲਿਤ ਭਾਈਚਾਰੇ ਵਿੱਚ ਆਪਣਾ ਮਹੱਤਵਪੂਰਨ ਪ੍ਰਭਾਵ ਵੀ ਗੁਆਇਆ ਹੈ।

**ਆਗੂਆਂ ਦੀ ਲਗਾਤਾਰ ਹਿਜ਼ਰਤ**: ਨੌਜਵਾਨ ਆਗੂ ਸਰਬਜੋਤ ਸਿੰਘ ਸਾਬੀ ਕਾਂਗਰਸ ਵਿੱਚ ਸ਼ਾਮਲ ਹੋ ਗਏ, ਜਦਕਿ ਜਗਬੀਰ ਬਰਾੜ ਵਰਗੇ ਆਗੂ ਭਾਜਪਾ ਵਿੱਚ ਚਲੇ ਗਏ। ਅੱਜ ਬੰਗਾ, ਭੁਲੱਥ, ਆਦਮਪੁਰ, ਨਕੋਦਰ, ਗੜ੍ਹਸ਼ੰਕਰ ਸਮੇਤ ਦਰਜਨ ਦੇ ਕਰੀਬ ਹਲਕੇ ਮਜ਼ਬੂਤ ਲੀਡਰਸ਼ਿਪ ਤੋਂ ਸੱਖਣੇ ਨਜ਼ਰ ਆ ਰਹੇ ਹਨ।

**ਅੰਦਰੂਨੀ ਬਗਾਵਤ ਅਤੇ ਲੀਡਰਸ਼ਿਪ 'ਤੇ ਸਵਾਲ**: ਪਾਰਟੀ ਦੀਆਂ ਮੁਸ਼ਕਲਾਂ ਸਿਰਫ਼ ਬਾਹਰੀ ਨਹੀਂ ਹਨ। ਨਕੋਦਰ ਦੇ ਸਾਬਕਾ ਵਿਧਾਇਕ ਗੁਰਪ੍ਰਤਾਪ ਵਡਾਲਾ ਵੱਲੋਂ ਸ਼ੁਰੂ ਕੀਤੀ ਗਈ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ, ਜਿਸ ਵਿੱਚ ਬੀਬੀ ਜਗੀਰ ਕੌਰ ਵਰਗੇ ਦਿੱਗਜ ਵੀ ਸ਼ਾਮਲ ਸਨ, ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਲੀਡਰਸ਼ਿਪ 'ਤੇ ਖੁੱਲ੍ਹੇਆਮ ਸਵਾਲ ਖੜ੍ਹੇ ਕੀਤੇ। ਇਸ ਤੋਂ ਇਲਾਵਾ ਤਖ਼ਤ ਸ੍ਰੀ ਪਟਨਾ ਸਾਹਿਬ ਵੱਲੋਂ ਸੁਖਬੀਰ ਬਾਦਲ ਨੂੰ ਤਨਖ਼ਾਹੀਆ ਕਰਾਰ ਦੇਣ ਅਤੇ ਬਾਅਦ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 2007-17 ਦੇ ਸ਼ਾਸਨਕਾਲ ਦੀਆਂ ਧਾਰਮਿਕ ਬੇਨਿਯਮੀਆਂ ਲਈ ਦੋਸ਼ੀ ਠਹਿਰਾਏ ਜਾਣ ਨੇ ਪਾਰਟੀ ਦੀ ਪੰਥਕ ਸਾਖ ਨੂੰ ਡੂੰਘੀ ਸੱਟ ਮਾਰੀ।

**ਸੰਕਟ ਦੀਆਂ ਡੂੰਘੀਆਂ ਜੜ੍ਹਾਂ:** ਕਿਉਂ ਆਏ ਇਹ ਹਾਲਾਤ? ਅੱਜ ਦਿਸ ਰਹੇ ਇਹ ਲੱਛਣ ਅਸਲ ਵਿੱਚ ਪਿਛਲੇ ਇੱਕ ਦਹਾਕੇ ਵਿੱਚ ਪੈਦਾ ਹੋਏ ਬੁਨਿਆਦੀ ਕਾਰਨਾਂ ਦਾ ਨਤੀਜਾ ਹਨ।

**1. ਬੇਅਦਬੀ ਅਤੇ ਬਹਿਬਲ ਕਲਾਂ: ਨਾ ਭਰਨ ਵਾਲੇ ਜ਼ਖ਼ਮ**: 2015 ਵਿੱਚ ਹੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ ਉਸ ਤੋਂ ਬਾਅਦ ਬਹਿਬਲ ਕਲਾਂ ਵਿੱਚ ਪੁਲਿਸ ਫਾਇਰਿੰਗ ਦੇ ਮਾਮਲਿਆਂ ਵਿੱਚ ਇਨਸਾਫ਼ ਦੇਣ ਵਿੱਚ ਅਸਫ਼ਲ ਰਹਿਣ ਦੇ ਦੋਸ਼ਾਂ ਨੇ ਪਾਰਟੀ ਦੀ ਪੰਥਕ ਵਿਚਾਰਧਾਰਾ ਦੀ ਨੀਂਹ ਹਿਲਾ ਦਿੱਤੀ। ਸਿੱਖ ਮਾਨਸਿਕਤਾ ਵਿੱਚ ਇਹ ਘਟਨਾਕ੍ਰਮ ਇੱਕ ਅਜਿਹਾ ਜ਼ਖ਼ਮ ਹੈ, ਜਿਸਨੇ ਪਾਰਟੀ ਅਤੇ ਇਸਦੇ ਰਵਾਇਤੀ ਵੋਟਰਾਂ ਵਿਚਕਾਰ ਇੱਕ ਵੱਡੀ ਖਾਈ ਪੈਦਾ ਕਰ ਦਿੱਤੀ।

**2. ਕਿਸਾਨ ਅੰਦੋਲਨ: ਆਪਣੇ ਹੀ ਵੋਟ ਬੈਂਕ ਤੋਂ ਦੂਰੀ**: ਕੇਂਦਰ ਦੇ ਤਿੰਨ ਖੇਤੀ ਕਾਨੂੰਨਾਂ ਦਾ ਸ਼ੁਰੂਆਤੀ ਸਮਰਥਨ ਕਰਨਾ ਪਾਰਟੀ ਲਈ ਇੱਕ ਇਤਿਹਾਸਕ ਗਲਤੀ ਸਾਬਤ ਹੋਇਆ। ਭਾਵੇਂ ਬਾਅਦ ਵਿੱਚ ਭਾਜਪਾ ਨਾਲ ਗਠਜੋੜ ਤੋੜ ਦਿੱਤਾ ਗਿਆ, ਪਰ ਉਦੋਂ ਤੱਕ ਪਾਰਟੀ ਆਪਣੇ ਮੁੱਖ ਵੋਟ ਬੈਂਕ, ਯਾਨੀ ਕਿਸਾਨ ਅਤੇ ਪੇਂਡੂ ਭਾਈਚਾਰੇ ਦਾ ਵਿਸ਼ਵਾਸ ਗੁਆ ਚੁੱਕੀ ਸੀ।

**3. ਪਰਿਵਾਰਵਾਦ ਅਤੇ ਭ੍ਰਿਸ਼ਟਾਚਾਰ ਦੇ ਦੋਸ਼**: ਲੰਮੇ ਸਮੇਂ ਤੱਕ ਸੱਤਾ ਵਿੱਚ ਰਹਿਣ ਕਾਰਨ ਪਾਰਟੀ 'ਤੇ ਪਰਿਵਾਰਵਾਦ ਨੂੰ ਹੱਲਾਸ਼ੇਰੀ ਦੇਣ ਅਤੇ ਨਿੱਜੀ ਕਾਰੋਬਾਰੀ ਹਿੱਤਾਂ ਨੂੰ ਪਹਿਲ ਦੇਣ ਦੇ ਦੋਸ਼ ਲੱਗੇ। ਟਰਾਂਸਪੋਰਟ ਅਤੇ ਕੇਬਲ ਮਾਫੀਆ ਵਰਗੇ ਸ਼ਬਦ ਪਾਰਟੀ ਦੇ ਸ਼ਾਸਨ ਨਾਲ ਜੁੜ ਗਏ, ਜਿਸਨੇ ਆਮ ਲੋਕਾਂ ਵਿੱਚ ਪਾਰਟੀ ਦੇ ਅਕਸ ਨੂੰ ਖਰਾਬ ਕੀਤਾ।

**ਬਦਲਿਆ ਸਿਆਸੀ ਮੈਦਾਨ ਅਤੇ ਅੰਕੜਿਆਂ ਦਾ ਸੱਚ** : ਪੰਜਾਬ ਦੀ ਸਿਆਸਤ ਵਿੱਚ ਆਏ ਬਦਲਾਅ ਨੇ ਵੀ ਅਕਾਲੀ ਦਲ ਲਈ ਮੁਸ਼ਕਲਾਂ ਵਧਾ ਦਿੱਤੀਆਂ ਹਨ।

**ਆਪ ਦਾ ਉਭਾਰ**: ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਇੱਕ ਤੀਜੇ ਬਦਲ ਵਜੋਂ ਉੱਭਰ ਕੇ ਅਕਾਲੀ ਦਲ ਦੀ ਸਿਆਸੀ ਜ਼ਮੀਨ ਖੋਹ ਲਈ।

**ਭਾਜਪਾ ਦਾ ਵੱਖਰਾ ਰਾਹ**: ਗਠਜੋੜ ਟੁੱਟਣ ਤੋਂ ਬਾਅਦ ਭਾਜਪਾ ਹੁਣ ਪੰਜਾਬ ਵਿੱਚ ਇਕੱਲੇ ਆਪਣੇ ਪੈਰ ਪਸਾਰ ਰਹੀ ਹੈ, ਜਿਸ ਨਾਲ ਅਕਾਲੀ ਦਲ ਦਾ ਸ਼ਹਿਰੀ ਅਤੇ ਹਿੰਦੂ ਵੋਟ ਬੈਂਕ ਵੀ ਖਤਰੇ ਵਿੱਚ ਹੈ।

**ਚੋਣਾਂ ਵਿੱਚ ਨਿਘਾਰ ਦਾ ਸੱਚ**: 2017 **ਵਿਧਾਨ ਸਭਾ**: 15 ਸੀਟਾਂ, 2022 ਵਿਧਾਨ ਸਭਾ: ਸਿਰਫ਼ 3 ਸੀਟਾਂ, ਪਾਰਟੀ ਦੇ ਇਤਿਹਾਸ ਦਾ ਸਭ ਤੋਂ ਬੁਰਾ ਪ੍ਰਦਰਸ਼ਨ। 2024 ਲੋਕ ਸਭਾ: ਸਿਰਫ਼ 1 ਸੀਟ। ਇਹ ਅੰਕੜੇ ਸਪੱਸ਼ਟ ਦਰਸਾਉਂਦੇ ਹਨ ਕਿ ਪਾਰਟੀ ਦਾ ਗ੍ਰਾਫ਼ ਲਗਾਤਾਰ ਹੇਠਾਂ ਵੱਲ ਗਿਆ ਹੈ।

**ਭਵਿੱਖ ਦਾ ਰਾਹ**: ਉਮੀਦ ਦੀ ਕਿਰਨ ਜਾਂ ਹਨੇਰਾ? ਇਨ੍ਹਾਂ ਗੰਭੀਰ ਚੁਣੌਤੀਆਂ ਦੇ ਬਾਵਜੂਦ, ਪਾਰਟੀ ਮੁੜ ਖੜ੍ਹੇ ਹੋਣ ਦੀ ਕੋਸ਼ਿਸ਼ ਕਰ ਰਹੀ ਹੈ।

**ਨਵੀਂ ਰਣਨੀਤੀ**: ਪਾਰਟੀ ਨੇ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਵਰਗੇ ਮੁੱਦਿਆਂ 'ਤੇ ਸੰਘਰਸ਼ ਦਾ ਐਲਾਨ ਕੀਤਾ ਹੈ। ਫਿਲੌਰ ਦੇ ਸਾਬਕਾ ਵਿਧਾਇਕ ਬਲਦੇਵ ਖਹਿਰਾ ਵਰਗੇ ਆਗੂਆਂ ਨੂੰ ਉਮੀਦ ਹੈ ਕਿ ਹਮਲਾਵਰ ਰੁਖ਼ ਅਪਣਾਉਣ ਨਾਲ ਪਾਰਟੀ ਦੀ ਕਿਸਮਤ ਬਦਲ ਸਕਦੀ ਹੈ।

**ਸੁਖਬੀਰ ਬਾਦਲ ਦਾ ਫੋਕਸ**: ਖਬਰਾਂ ਹਨ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ 2027 ਦੀਆਂ ਚੋਣਾਂ ਲਈ ਜ਼ਮੀਨ ਤਿਆਰ ਕਰਨ ਲਈ ਜਲੰਧਰ ਨੂੰ ਆਪਣਾ ਕੇਂਦਰ ਬਣਾਉਣ 'ਤੇ ਵਿਚਾਰ ਕਰ ਰਹੇ ਹਨ।

**ਏਕਤਾ ਦੀ ਲੋੜ**: ਜਲੰਧਰ ਸ਼ਹਿਰੀ ਦੇ ਪ੍ਰਧਾਨ ਕੁਲਵੰਤ ਸਿੰਘ ਮੰਨਣ ਦਾ ਮੰਨਣਾ ਹੈ ਕਿ ਜੇਕਰ ਆਗੂ ਆਪਣੀ ਹਉਮੈ ਛੱਡ ਕੇ ਇਕੱਠੇ ਹੋਣ ਤਾਂ ਹਾਲਾਤ ਸੁਧਰ ਸਕਦੇ ਹਨ। ਸ਼੍ਰੋਮਣੀ ਅਕਾਲੀ ਦਲ ਅੱਜ ਇੱਕ ਇਤਿਹਾਸਕ ਦੋਰਾਹੇ 'ਤੇ ਖੜ੍ਹਾ ਹੈ। ਉਸਦਾ ਸੰਕਟ ਸਿਰਫ਼ ਸਿਆਸੀ ਨਹੀਂ, ਸਗੋਂ ਵਿਚਾਰਧਾਰਕ, ਸੰਗਠਨਾਤਮਕ ਅਤੇ ਵੱਕਾਰੀ ਵੀ ਹੈ। ਆਗੂਆਂ ਦਾ ਪਾਰਟੀ ਛੱਡਣਾ ਬਰਫ਼ ਦੇ ਤੋਦੇ ਦਾ ਸਿਰਫ਼ ਉੱਪਰਲਾ ਹਿੱਸਾ ਹੈ; ਅਸਲ ਸਮੱਸਿਆਵਾਂ ਬੇਅਦਬੀ ਦੇ ਜ਼ਖ਼ਮਾਂ, ਕਿਸਾਨਾਂ ਦੀ ਨਰਾਜ਼ਗੀ ਅਤੇ ਬਦਲਦੇ ਸਿਆਸੀ ਸਮੀਕਰਨਾਂ ਵਿੱਚ ਛੁਪੀਆਂ ਹੋਈਆਂ ਹਨ। ਪਾਰਟੀ ਦੀ ਪੁਨਰ-ਸੁਰਜੀਤੀ ਸਿਰਫ਼ ਸਿਆਸੀ ਦਾਅ-ਪੇਚਾਂ ਨਾਲ ਸੰਭਵ ਨਹੀਂ ਹੈ। ਇਸ ਲਈ ਪਾਰਟੀ ਨੂੰ ਆਪਣੇ ਮੂਲ ਸਿਧਾਂਤਾਂ 'ਤੇ ਪਹਿਰਾ ਦਿੰਦੇ ਹੋਏ ਪੰਥ ਅਤੇ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਮੁੜ ਜਿੱਤਣਾ ਪਵੇਗਾ। ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਕੀ ਪੰਜਾਬ ਦੀ ਸਭ ਤੋਂ ਪੁਰਾਣੀ ਖੇਤਰੀ ਪਾਰਟੀ ਆਪਣੀ ਗੁਆਚੀ ਹੋਈ ਸ਼ਾਨ ਨੂੰ ਮੁੜ ਹਾਸਲ ਕਰ ਪਾਉਂਦੀ ਹੈ, ਜਾਂ ਇਤਿਹਾਸ ਦੇ ਪੰਨਿਆਂ ਵਿੱਚ ਸਿਮਟ ਕੇ ਰਹਿ ਜਾਂਦੀ ਹੈ।

# ਕੈਨੇਡਾ ਦਾ ਨਾਟੋ ਪੱਖੀ ਬਜਟ, ਨਵੇਂ ਸਵਾਲ ਛੱਡ ਗਿਆ?

ਜਗਦੀਸ਼ ਸਿੰਘ ਚੋਹਕਾ
9217997445

ਅੱਜ ਸੰਸਾਰ ਅੰਦਰ ਪ੍ਰਣਾਲੀਗਤ ਸੰਕਟ ਦੇ ਸਿੱਟੇ ਵਜੋਂ ਦੁਨੀਆਂ ਦੀ ਅਰਥਵਿਵਸਥਾ ਦੀ ਵਿਕਾਸ ਦਰ ਸੁਸਤ ਦਿੱਸ ਰਹੀ ਹੈ। ਜਿਸ ਕਰਕੇ ਆਰਥਿਕ-ਅਸਮਾਨਤਾਵਾਂ, ਗਰੀਬੀ, ਬੇਰੁਜ਼ਗਾਰੀ, ਭੁੱਖਮਰੀ ਅਤੇ ਕੁਪੋਸ਼ਣ ਵੱਧ ਰਿਹਾ ਹੈ। ਸੱਜੇ ਪੱਖ ਵਲ ਰਾਜਨੀਤਿਕ ਝੁਕਾਅ ਵੀ ਪਨਪ ਰਿਹਾ ਹੈ। ਸਾਮਰਾਜਵਾਦੀ ਦੇ ਯੁੱਧ, ਯੂਰਪੀਅਨ ਗੱਠਜੋੜ ਅਤੇ ਨਾਟੋ ਦੀਆਂ ਨੀਤੀਆਂ ਕਾਰਨ ਦੁਨੀਆਂ ਅੰਦਰ ਫਿਰ ਤਣਾਅ ਪੈਦਾ ਹੋਣ ਦੀਆਂ ਹੋਰ ਸੰਭਾਵਨਾਵਾਂ ਵੱਧ ਰਹੀਆਂ ਹਨ। ਗਾਜ਼ਾ 'ਤੇ ਲਗਾਤਾਰ ਇਸਰਾਈਲ ਦੇ ਵਿਸਥਾਰਵਾਦੀ ਹਮਲੇ ਅਤੇ ਫਲਸਤੀਨੀ ਲੋਕਾਂ 'ਤੇ ਨਸਲਘਾਤੀ ਹਮਲਿਆਂ ਦਾ ਜਾਰੀ ਰਹਿਣਾ, ਯੂਕਰੇਨ ਜੰਗ ਅਤੇ ਅਮਰੀਕਾ ਦਾ ਇਰਾਨ 'ਤੇ ਹਮਲਾ ਸਭ ਸੰਸਾਰ ਵਿੱਚ ਤਣਾਅ ਪੈਦਾ ਕਰਨਾ ਹੈ। ਦੁਨੀਆਂ ਨੂੰ ਹੌਲੀ-ਹੌਲੀ ਦੋ ਵਿਰੋਧੀ ਗੁਟਾਂ ਵਿੱਚ ਵੰਡਣ ਅਤੇ ਸ਼ੀਤ ਯੁੱਧ ਵੱਲ ਧੱਕਣਾ ਹੈ। ਇਸ ਤਣਾਅ ਕਾਰਨ ਸਾਮਰਾਜੀ ਖੇਮੇ ਦਾ ਫੌਜੀ ਖਰਚਾ 22.4-ਖਰਬ ਡਾਲਰ ਪੁੱਜ ਗਿਆ ਹੈ। ਕੇਵਲ ਅਮਰੀਕਾ ਅਤੇ ਉਸ ਦੇ ਨਾਟੋ ਸਹਿਯੋਗੀਆਂ ਦਾ ਇਹ ਫੌਜੀ ਖਰਚਾ ਅੱਧ ਤੋਂ ਵੱਧ ਬਣਦਾ ਹੈ, ਜਿਸ ਵਿੱਚ ਕੈਨੇਡਾ ਵੀ ਇਕ ਪ੍ਰਮੁੱਖ ਭਾਈਵਾਲ ਹੈ, ਜਿਸ ਵਲੋਂ ਫੌਜੀ ਬਜਟ 150-ਅਰਬ ਡਾਲਰ ਅੰਕਿਆ ਜਾ ਰਿਹਾ ਹੈ। ਪਿਛਲੇ ਦਿਨੀਂ ਨਾਟੋ ਦੀ ਪਾਰਲੀਮਾਨੀ ਅਸੰਬਲੀ (ਡੇਟੋਨ ਉਹੀਓ-ਜੂਨ, 2025) ਵਿੱਚ ਕੈਨੇਡਾ ਨੇ ਆਪਣੀ ਜੀ.ਡੀ.ਪੀ. ਦਾ 5-ਫੀਸਦ ਹਿੱਸਾ ਫੌਜ 'ਤੇ ਖਰਚੇਗਾ, ਐਲਾਨਿਆ ਸੀ।

ਕੈਨੇਡਾ ਜਿਸ ਦੀ ਆਬਾਦੀ 4,01,26,723 (ਮਈ 2025) ਹੈ, ਜੋ ਤਿੰਨ ਪਾਸਿਆਂ ਤੋਂ ਸਮੁੰਦਰ ਅਤੇ ਇਕ ਪਾਸੇ ਜਿਸ ਦੀ ਸਰਹੱਦ ਅਮਰੀਕਾ ਨਾਲ ਲੱਗਦੀ ਹੈ, ਜਿਸ ਨੇ 1-ਜੁਲਾਈ ਨੂੰ ਆਪਣਾ 158ਵਾਂ ਆਜ਼ਾਦੀ ਦਿਵਸ ਮਨਾਇਆ। ਭਾਵ ਇਸ ਨੂੰ ਕਿਸੇ ਵੀ ਦੇਸ਼ ਤੋਂ ਨਾ ਤਾਂ ਖਤਰਾ ਹੈ ਤੇ ਨਾ ਹੀ ਜੰਗੀ ਹਮਲੇ ਦਾ ਡਰ ਹੈ। ਪਿਛਲੇ ਮਹੀਨੇ ਕੈਨੇਡਾ ਨੇ ਆਪਣੇ ਸੰਸਦ ਦੇ 45ਵੇਂ ਗਠਨ ਵੇਲੇ ਬਰਤਾਨੀਆ ਦੇ ਕਿੰਗ ਚਾਰਲਸ ਤੀਸਰੇ ਦੀ "ਥਰੋਨ ਸਪੀਚ" (ਤਾਜ਼ ਦਾ ਭਾਸ਼ਨ) ਦੌਰਾਨ ਹਾਊਸ ਆਫ ਕਾਮਨਜ਼ ਵਿੱਚ ਕੈਨੇਡਾ ਦੀ ਪ੍ਰਭੂਸੱਤਾ ਤੇ ਅਰਥ-ਵਿਵੱਸਥਾ ਅੰਦਰ ਸਿਹਤ ਸੰਭਾਲ, ਰਿਹਾਇਸ਼ ਤੇ ਸਮਰਿਧੀ ਵਲ ਕੇਂਦਰਤ ਰਹਿਣ ਦੀ ਦ੍ਰਿੜਤਾ ਵੀ ਪ੍ਰਗਟਾਈ ਸੀ। ਜੇਕਰ ਕੈਨੇਡਾ ਦੀ ਪ੍ਰਭੂਸੱਤਾ ਤੇ ਵਿਲੱਖਣ ਪਛਾਣ ਹੈ ਤਾਂ ਅਜਿਹੇ ਵਿਕਸਤ ਦੇਸ਼ ਨੂੰ ਕਿਸੇ ਪਾਸੇ ਤੋਂ ਕੋਈ ਖਤਰਾ ਕਿਵੇਂ ਹੋ ਸਕਦਾ ਹੈ? ਕੈਨੇਡਾ ਨੇ ਹੁਣ ਆਪਣੀ ਜੀ.ਡੀ.ਪੀ (2.2 ਖਰਬ-ਅਮਰੀਕੀ ਡਾਲਰ) ਦਾ 5-ਫੀ ਸਦ ਫੌਜੀ ਹਥਿਆਰਾਂ 'ਤੇ ਭਾਵ ਨਾਟੋ ਦੀ ਕਮਾਨ ਵਿੱਚ ਖਰਚਣਾ ਹੈ। ਕੈਨੇਡਾ ਦਾ ਫੌਜੀ ਬਜਟ ਖਰਚਾ ਭਾਵ 5-ਫੀਸਦ ਤਕ ਪੁਜ ਜਾਵੇਗਾ? ਇਹ ਫੌਜੀ ਬਜਟ ਕੈਨੇਡਾ ਦੇ ਲੋਕਾਂ ਦਾ ਰੁਜ਼ਗਾਰ, ਸਿਹਤ ਸੇਵਾਵਾਂ, ਸਿੱਖਿਆ ਅਤੇ ਭਲਾਈ ਸਕੀਮਾਂ ਨੂੰ ਹੁਣ ਚਟਮ ਕਰ ਜਾਵੇਗਾ? ਅੱਜ ਵੀ ਸਾਮਰਾਜ ਨਵੇਂ ਰੂਪ ਵਿੱਚ ਗਾਜ਼ਾ, ਯੂਕਰੇਨ, ਸੁਡਾਨ ਆਦਿ ਦੇਸ਼ਾਂ ਅੰਦਰ ਫਾਸ਼ੀਵਾਦੀ ਰੂਪ ਅੰਦਰ ਮਨੁੱਖਤਾ ਦਾ ਨਸਲ ਘਾਤ ਕਰ ਰਿਹਾ ਹੈ। ਇਕ ਖਰਬ ਡਾਲਰ ਦਾ ਨਾਟੋ ਦੇ ਬਜਟ ਵਿੱਚ ਵਾਧਾ ਕੀ ਇਸ ਨਸਲ ਘਾਤ ਨੂੰ ਦੁਹਰਾਏਗਾ ਤਾਂ ਨਹੀਂ?

ਅੱਜ ਦੁਨੀਆਂ ਅੰਦਰ ਆਮ ਲੋਕ ਵੀ ਸਾਮਰਾਜਵਾਦ ਯੁੱਧ ਅਤੇ ਸਾਮਰਾਜੀ ਹਮਲਿਆਂ ਵਿਰੁੱਧ ਹਰ ਥਾਂ ਵਿਰੋਧ ਮੁਜ਼ਾਹਰੇ ਕਰ ਰਹੇ ਹਨ। ਡੇਟੋਨ-ਉਹੀਓ ਵਿਖੇ ਨਾਟੋ ਦੀ ਪਾਰਲੀਮੈਂਟਰੀ ਅਸੰਬਲੀ ਵਿੱਚ ਅਮਰੀਕੀ ਦਬਾਅ ਅਧੀਨ 32-ਮੈਂਬਰ ਦੇਸ਼ਾਂ ਨੇ ਭਾਵੇਂ ਜੱਕੋ-ਤੱਕੀ ਆਪਣੇ ਦੇਸ਼ਾਂ ਦੇ ਫੌਜੀ ਬਜਟਾਂ ਵਿੱਚ ਵਾਧਾ ਕਰਨਾ ਤਾਂ ਮੰਨ ਲਿਆ ਹੈ, ਪਰ ਅੰਤਰ-ਸਾਮਰਾਜੀ ਵਿਰੋਧਤਾਈਆਂ ਕਾਰਨ ਯੂਰਪੀਅਨ ਗੱਠਜੋੜ ਅੰਦਰ ਮਤਭੇਦ ਸਪੱਸ਼ਟ ਦਿਸ ਰਹੇ ਹਨ। ਕੈਨੇਡਾ ਦੀ ਰਾਜਧਾਨੀ ਓਟਾਵਾ ਵੱਲੋਂ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੇ ਨਾਟੋ ਦੀ ਅਸੰਬਲੀ ਲਈ ਨਾਮਜ਼ਦ ਮੈਂਬਰ ਸੈਨੇਟਰ ਰੇਬਾਕਾ ਪੈਟਰਸਨ ਨੇ ਭਾਰੀ ਦਲੀਲ ਦਿੱਤੀ ਸੀ ਕਿ 5-ਫੀਸਦ ਫੌਜੀ ਬਜਟ ਘਟਾ ਕੇ 3-ਫੀਸਦ ਹੋਣਾ ਚਾਹੀਦਾ ਹੈ, ਕਿਉਂਕਿ ਪਿਛਲੀਆਂ ਚੋਣਾਂ ਵਿੱਚ ਖੁਦ ਕਾਰਨੀ ਨੇ ਇਕ ਚੋਣ ਸਭਾ ਦੌਰਾਨ ਵਾਅਦਾ ਕੀਤਾ ਸੀ ਕਿ ਬਜਟ 2030 ਤੱਕ 2-ਫੀਸਦ ਤੋਂ ਟੱਪ ਜਾਵੇਗਾ? ਕੈਨੇਡਾ ਹੁਣ 75-ਬਿਲੀਅਨ ਡਾਲਰ ਖਰਚ ਕਰ ਰਿਹਾ ਹੈ, ਜਦ ਕਿ ਸਰਕਾਰੀ ਨੁਮਾਇੰਦੇ ਨੇ 5-ਫੀਸਦ ਟੀਚਾ ਪੰਜ ਸਾਲਾਂ ਤਕ ਪਾਰ ਕਰ ਜਾਵੇਗਾ, ਕਹਿ ਰਿਹਾ ਹੈ ਜੋ ਬਹੁਤ ਵੱਡੀ ਰਕਮ ਅਤੇ ਕੈਨੇਡਾ ਦੇ ਕਿਰਤੀ ਲੋਕਾਂ 'ਤੇ ਇਕ ਬਹੁਤ ਬੋਝ ਹੋਵੇਗਾ? ਹੁਣ ਜਦੋਂ ਸੰਸਾਰ ਅੰਦਰ ਆਰਥਿਕ ਅਤੇ ਸਮਾਜਕ ਸੰਕਟ ਕਾਰਨ ਸਾਰੇ ਪੂੰਜੀਵਾਦੀ ਦੇਸ਼, ਸਮੇਤ ਕੈਨੇਡਾ-ਕੀਮਤਾਂ ਦੇ ਵਾਧੇ, ਖੁਰ ਰਹੀਆਂ ਉਜਰਤਾਂ, ਬੇਰੁਜ਼ਗਾਰੀ ਦਾ ਆਇਆ ਹੜ੍ਹ, ਜਲਵਾਯੂ ਵਿੱਚ ਆਈ ਤਬਦੀਲੀ ਕਾਰਨ ਸੋਕਾ, ਖੁਰਾਕੀ ਵਸਤਾਂ ਦੀ ਘਾਟ ਅਤੇ ਮਕਾਨਾਂ ਦੀ ਥੁੜ ਕਾਰਨ ਮੰਦੇ ਦਾ ਸ਼ਿਕਾਰ ਹਨ। ਤਾਂ ਇਹ ਫੌਜੀ ਖਰਚੇ 'ਚ ਵਾਧਾ ਲੋਕਾਂ ਨੂੰ ਹੋਰ ਤਬਾਹੀ ਵੱਲ ਧੱਕ ਦੇਵੇਗਾ?

ਕੈਨੇਡਾ ਅੰਦਰ ਮੰਦੇ ਦਾ ਪਰਛਾਵਾਂ ਸਪੱਸ਼ਟ ਪੈ ਰਿਹਾ, ਨਜ਼ਰ ਆ ਰਿਹਾ ਹੈ। ਹੁਣ ਜਦੋਂ ਨਾਟੋ ਦੀ ਖੁੱਲ੍ਹੇਆਮ ਦਖਲ-ਅੰਦਾਜ਼ੀ ਵੱਧ ਜਾਵੇਗੀ ਜੋ ਦੇਸ਼ ਦੇ ਆਰਥਿਕ ਅਤੇ ਰਾਜਸੀ ਤਾਣੇ-ਬਾਣੇ ਨੂੰ ਪ੍ਰਭਾਵਤ ਕਰੇਗੀ ਤਾਂ ਲੋਕਾਂ ਸਾਹਮਣੇ ਨਵੇਂ-ਨਵੇਂ ਸਵਾਲ ਵੀ ਉਠਣਗੇ? ਸਾਨੂੰ ਆਪਣੇ ਦੇਸ਼ ਦੀ ਆਜ਼ਾਦਰਾਨਾ ਵਿਦੇਸ਼ ਨੀਤੀ! ਜਿਹੜੀ ਅਮਨ ਅਧਾਰਤ, ਹਥਿਆਰਾਂ ਦੇ ਪ੍ਰਸਾਰ ਵਿਰੁੱਧ, ਕੌਮਾਂਤਰੀ ਭਾਈਚਾਰਕ ਏਕਤਾ ਅਤੇ ਸਹਿਯੋਗ ਅਤੇ ਦੂਸਰੇ ਦੇਸ਼ਾਂ ਦੀ ਪ੍ਰਭੂਸਤਾ ਨੂੰ ਮਾਨਤਾ ਦਿੱਤੀ ਹੋਵੇ, ਅਪਨਾਉਣੀ ਚਾਹੀਦੀ ਹੈ! ਕੈਨੇਡਾ ਵਾਰ-ਵਾਰ ਕੌਮਾਂਤਰੀ ਮੰਚਾਂ 'ਤੇ ਸੰਸਾਰ, ਅਮਨ, ਸ.ਟੀ.ਬੀ.ਟੀ.ਅਤੇ ਹਥਿਆਰਾਂ ਦੇ ਰੋਕ ਦਾ ਢੰਡੋਰਾ ਪਿਟਦਾ ਰਹਿੰਦਾ ਆ ਰਿਹਾ ਹੈ। ਪਰ ਉਹ ਖੁਦ ਨਾਟੋ ਦੇ ਮੰਚ ਨੂੰ ਮਜ਼ਬੂਤ ਕਰਨ ਲਈ ਵੱਡਾ ਭਾਈਵਾਲ ਬਣ ਬੈਠਾ ਹੈ। ਪਿਛਲੇ ਦਿਨੀਂ ਸਾਰੇ ਸੰਸਾਰ ਅੰਦਰ ਅਮਨ-ਪਸੰਦ, ਹਥਿਆਰਾਂ 'ਤੇ ਰੋਕ ਲਾਉਣ, ਫਾਸ਼ੀਵਾਦ ਵਿਰੁੱਧ 80ਵੀਂ ਵਰ੍ਹੇਗੰਢ ਮਨਾਈ ਗਈ। ਫਾਸ਼ੀਵਾਦ ਨੇ ਯੂਰਪ ਅੰਦਰ ਦੂਸਰੇ ਸੰਸਾਰ ਯੁੱਧ ਵੇਲੇ 70-80 ਮਿਲੀਅਨ ਲੋਕ ਜੋ ਸੰਸਾਰ ਵਸੋਂ ਦਾ 3-ਫੀਸਦ ਹਿੱਸਾ ਸੀ, ਮੌਤ ਦੇ ਘਾਟ ਉਤਾਰ ਦਿੱਤਾ ਸੀ। ਇਕ ਪਾਸੇ ਕੈਨੇਡਾ ਦੀ ਲਿਬਰਲ ਪਾਰਟੀ ਦੀ ਫੈਡਰਲ ਸਰਕਾਰ ਜਿਹੜੀ ਦੁਨੀਆਂ ਦੇ ਸਾਮਰਾਜੀ ਖੇਮੇ ਨਾਲ ਮਿਲੀ ਹੋਈ ਹੈ, ਦੇਸ਼ ਦੀ ਜੀ.ਡੀ.ਪੀ. ਦਾ 5-ਫੀਸਦ ਹਿੱਸਾ ਹਥਿਆਰਾਂ 'ਤੇ ਖਰਚ ਕਰਨ ਤੋਂ ਹਿਚਕਚਾਹਟ ਨਹੀਂ ਕਰ ਰਹੀ ਹੈ। ਦੂਸਰੇ ਪਾਸੇ ਦੇਸ਼ ਅੰਦਰ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਮਕਾਨਾਂ ਦੀ ਥੁੜ ਅਤੇ ਖਾਣ-ਪੀਣ ਵਾਲੀਆਂ ਰੋਜ਼-ਮਰਾ ਦੀਆਂ ਵਸਤਾਂ ਦੀਆਂ ਕੀਮਤਾਂ ਵਿੱਚ ਬੇ-ਵਹਾ ਵਾਧੇ ਵਿਰੁੱਧ ਹਰ ਪਾਸੇ ਕਿਰਤੀ ਲੋਕ ਸੰਘਰਸ਼ ਕਰ ਰਹੇ ਹਨ। ਦੇਸ਼ ਦੀ ਸਭ ਤੋਂ ਵੱਡੀ ਡਾਕ-ਮਹਿਕਮੇ (ਪੋਸਟ) ਦੀ 40-ਹਜ਼ਾਰ ਦੀ ਗਿਣਤੀ ਵਾਲੀ ਯੂਨੀਅਨ ਸੰਘਰਸ਼ ਕਰ ਰਹੀ ਹੈ! ਸਿਆਹ ਲੋਕਾਂ ਦੀ ਕੈਨੇਡਾ ਤੇ ਅਮਰੀਕਾ ਦੀ ਟਰੇਡ ਯੂਨੀਅਨ ਵੀ ਮੰਗਾਂ ਲਈ ਸੰਘਰਸ਼ ਕਰ ਰਹੀ ਹੈ। ਓਨਟਾਰੀਓ ਕੰਪਨਸੇਸ਼ਨ ਵਰਕਰਜ਼ ਜਿਨ੍ਹਾਂ ਦੀ ਗਿਣਤੀ ਚਾਰ-ਹਜ਼ਾਰ ਹੈ, ਹੜਤਾਲ 'ਤੇ ਸੀ। ਇਸੇ ਤਰ੍ਹਾਂ ਦੇਸ਼ ਦੀਆਂ ਸਰਕਾਰੀ ਮੁਲਾਜ਼ਮਾਂ ਅਤੇ ਯੂਨੀਅਨਾਂ (ਓ.ਸੀ.ਈ.ਯੂ ਅਤੇ ਸੀ.ਯੂ.ਪੀ.ਈ.) ਦੇ ਮੁਲਾਜ਼ਮ ਉਜਰਤਾਂ ਵਿੱਚ ਵਾਧਾ, ਕਾਮਿਆਂ ਨੂੰ ਰੈਗੂਲਰ ਕਰਨ ਅਤੇ ਮਹਿੰਗਾਈ ਨੂੰ ਰੋਕਣ ਲਈ ਹਾਕਮਾਂ 'ਤੇ ਦਬਾਅ ਬਣਾ ਰਹੇ ਹਨ। ਇਸ ਵੇਲੇ ਗਰੀਬੀ ਦੀ ਦਰ 9.9 ਫੀਸਦ ਹੈ ਤੇ 30.8 ਲੱਖ ਕੈਨੇਡੀਅਨ ਗਰੀਬੀ ਦੀ ਰੇਖਾ ਤੋਂ ਹੇਠਾਂ ਰਹਿ ਰਹੇ ਹਨ (ਅੰਕੜਾ ਵਿਭਾਗ ਕੈਨੇਡਾ, ਅਪ੍ਰੈਲ-2024)। ਮੁਦਰਾ ਸਫੀਤੀ 2024 ਦੌਰਾਨ 2.36 ਫੀਸਦ ਸੀ। ਬੇਰੁਜ਼ਗਾਰੀ ਦਰ (ਮਈ 2025) 7-ਫੀਸਦ ਪੁੱਜ ਗਈ ਸੀ। ਸਿਹਤ ਕੇਅਰ ਸਾਲ 2024 ਦੀ ਰਿਪੋਰਟ ਮੁਤਾਬਕ ਪ੍ਰਤੀ ਵਿਅਕਤੀ ਖਰਚਾ; 9054 ਡਾਲਰ ਸੀ। ਇਕ ਪਾਸੇ ਦੇਸ਼ ਦੇ ਲੋਕਾਂ ਦੀ ਉਪਰੋਕਤ ਦਸ਼ਾ ਹੈ, ਜਦ ਕਿ ਹਾਕਮ ਦੇਸ਼ ਦੀ ਜੀ.ਡੀ.ਪੀ. ਦਾ 5-ਫੀਸਦ ਹਿਸਾ ਹਥਿਆਰਾਂ 'ਤੇ ਖਰਚ ਰਹੇ ਹਨ।

ਕੈਨੇਡਾ ਭਾਵੇਂ ਇਕ ਪਾਰਲੀਮਾਨੀ-ਜਮਹੂਰੀ ਦੇਸ਼ ਹੈ ਅਤੇ 45ਵੀਂ ਸੰਸਦ ਦੇ ਗਠਨ ਤਕ ਦੋ ਪਾਰਟੀ ਰਾਜ ਰਿਹਾ ਹੈ। ਕਦੀ ਕੰਜ਼ਰਵੇਟਿਵ (ਟੋਰੀ) ਤੇ ਕਦੀ ਲਿਬਰਲ ਪਾਰਟੀ ਵੋਟਾਂ ਰਾਹੀਂ ਜਿੱਤ ਕੇ ਸਰਕਾਰ ਬਣਾ ਲੈਂਦੀਆਂ ਹਨ। ਦੇਸ਼ ਦਾ ਪ੍ਰਧਾਨਮੰਤਰੀ ਦੋ-ਵਾਰ ਲਗਾਤਾਰ ਜਿੱਤ ਕੇ ਦੋ ਸੰਸਦਾਂ ਦੇ ਚਾਰ-ਚਾਰ ਕੁਲ 8-ਸਾਲਾਂ ਤਕ ਰਹਿ ਸਕਦਾ ਹੈ। ਭਾਵੇਂ ਦੇਸ਼ ਅੰਦਰ 19-ਕੁ ਰਜਿਸਟਰ ਪਾਰਟੀਆਂ ਸਮੇਤ ਕਮਿਊਨਿਸਟ ਪਾਰਟੀਆਂ ਹਨ, ਪਰ ਸੰਸਦ ਅੰਦਰ ਇਨ੍ਹਾਂ ਦੋਨੋਂ ਪਾਰਟੀਆਂ ਦੀ ਗੁਮਾਲੀ ਰਹਿੰਦੀ ਹੈ।

ਕੈਨੇਡਾ! ਯੂਰਪੀ ਪ੍ਰਵਾਸੀਆਂ ਦੇ ਗਲਬੇ ਵਾਲੀ ਰਾਜਨੀਤੀ ਅਧੀਨ ਹੀ ਵਿਕਸਤ ਹੋਇਆ ਹੈ। ਇਥੋਂ ਦੇ ਮੂਲਵਾਸੀ ਜੋ ਇਸ ਦੇਸ਼ ਦੇ ਅਸਲੀ ਵਸਨੀਕ ਸਨ, ਗਰੀਬੀ, ਅਨਪੜ੍ਹਤਾ ਅਤੇ ਰਵਾਇਤੀ ਸਭਿਆਚਾਰ ਅੰਦਰ ਰਹਿਣ ਕਾਰਨ ਯੂਰਪੀ ਸਾਮਰਾਜੀ ਬਸਤੀਵਾਦੀ ਪ੍ਰਵਾਸੀਆਂ ਅਧੀਨ ਗੁਲਾਮ ਹੁੰਦੇ ਗਏ। ਅੱਜ ਭਾਵੇਂ ਉਨ੍ਹਾਂ ਦੀਆਂ ਨਵੀਆਂ ਨਸਲਾਂ ਉਠ ਰਹੀਆਂ ਹਨ ਪਰ ਉਹ ਬਹੁ ਗਿਣਤੀ ਭਾਰੂ ਪ੍ਰਵਾਸੀ ਬਸਤੀਵਾਦੀ ਗੋਰਿਆਂ ਦੇ ਸਮਾਜਕ, ਆਰਥਿਕ ਅਤੇ ਰਾਜਨੀਤਕ ਰਾਜਸੀ ਪ੍ਰਭਾਵ ਅਧੀਨ ਹੀ ਹਨ। ਉਨ੍ਹਾਂ ਦੀ ਗਿਣਤੀ ਬਹੁਤ ਘੱਟ ਰਹਿ ਗਈ ਹੈ। ਬਹੁਤ ਸਾਰੇ ਦੇਸ਼ਾਂ ਵਿਚੋਂ ਪ੍ਰਵਾਸੀ ਆਉਣ ਕਾਰਨ ਭਾਵੇਂ ਕੈਨੇਡਾ ਬਹੁ-ਭਾਈਚਾਰਕ ਨਸਲਾਂ ਵਾਲਾ ਦੇਸ਼ ਬਣਦਾ ਜਾ ਰਿਹਾ ਹੈ, ਪਰ ਅਜੇ ਵੀ ਭਾਰੂ ਗਲਬਾ ਯੂਰਪੀ ਗੋਰਿਆਂ ਦਾ ਹੀ ਰਹੇਗਾ। ਮੂਲਵਾਸੀ ਲੋਕ ਜਿੰਨਾ ਚਿਰ ਰਾਜਸੀ ਤੌਰ 'ਤੇ ਪਰਪੱਕ ਨਹੀਂ ਹੁੰਦੇ ਤੇ ਰਾਜਨੀਤਕ ਪੱਖੋਂ ਅੱਗੇ ਨਹੀਂ ਆਉਂਦੇ ਉਤਨਾ ਚਿਰ ਸਾਬਕਾ ਬਸਤੀਵਾਦੀ ਸਾਮਰਾਜੀ ਗੋਰਿਆਂ ਦਾ ਹੀ ਕੈਨੇਡਾ 'ਤੇ ਰਾਜ ਰਹੇਗਾ? ਮੂਲਵਾਸੀ ਲੋਕਾਂ ਦੀ ਏਕਤਾ, ਰਾਜਸੀ ਚੇਤਨਾ ਅਤੇ ਸੰਗਠਨ ਹੀ; ਮਿਲ ਕੇ ਕੈਨੇਡਾ ਅੰਦਰ ਬਾਕੀ ਭਾਈਚਾਰਿਆਂ ਦੇ ਸਹਿਯੋਗ ਨਾਲ ਕੋਈ ਰਾਜਸੀ ਤਬਦੀਲੀ ਦੀ ਕਿਰਨ ਦੀ ਆਸ ਬਣ ਸਕਦਾ ਹੈ। ਨਹੀਂ ਤਾਂ ਇਥੋਂ ਦੀ ਕਿਰਤੀ ਜਮਾਤ ਨੂੰ ਤਬਦੀਲੀ ਲਈ ਲੰਬਾ ਚਿਰ ਉਡੀਕ ਕਰਨੀ ਪੈਣੀ ਹੈ ਤੇ ਉਹ ਉਨ੍ਹਾਂ ਦੇ ਸ਼ੋਸ਼ਣ ਦਾ ਗੁਲਾਮ ਹੀ ਰਹਿਣਗੇ?




# ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਹਾੜੇ 'ਤੇ ਮਹਾਨ ਗੁਰਮਤਿ ਸਮਾਗਮ 9 ਨੂੰ : ਸੰਤ ਅਮਨਦੀਪ ਸਿੰਘ

## ਸੰਗਤਾਂ ਨੂੰ 150 ਸਾਲ ਪੁਰਾਣੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦੇ ਦਰਸ਼ਨ ਕਰਵਾਏ ਜਾਣਗੇ



ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ) : ਡੇਰਾ ਸੰਤ ਅਮੀਰ ਸਿੰਘ ਗਲੀ ਸੱਤੋ ਵਾਲੀ, ਕਟੜਾ ਕਰਮ ਸਿੰਘ ਵਿਖੇ ਸੰਤ ਬਾਬਾ ਅਮਨਦੀਪ ਸਿੰਘ ਜੀ ਦੀ ਦੇਖ ਰੇਖ ਹੇਠ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਦੇ ਸਬੰਧ 'ਚ ਮਹਾਨ ਗੁਰਮਤਿ ਸਮਾਗਮ 9 ਜੁਲਾਈ ਨੂੰ ਬੜੀ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਏਗਾ। ਸ੍ਰੀ ਅਖੰਡ ਪਾਠ ਭੋਗ 9 ਜੁਲਾਈ ਨੂੰ ਪੈਣਗੇ,ਉਪਰੰਤ ਮਹਾਨ ਕੀਰਤਨ ਦਰਬਾਰ ਦੁਪਹਿਰ 2 ਵਜੇ ਤੋਂ ਰਾਤ 11 ਵਜੇ ਤੱਕ ਸਜਾਇਆ ਜਾਵੇਗਾ। ਸਮਾਗਮ ਦੀ ਆਰੰਭਤਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਬੀਬੀਆਂ ਦੇ ਜਥੇ ਦੁਪਹਿਰ 2 ਵਜੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਆਰੰਭ ਕਰਨਗੇ। ਉਪਰੰਤ ਦੇ ਦਰਸ਼ਨ ਕਰਨ ਸਿੰਘ ਸਾਹਿਬਾਨ, ਨਿਰਮਲੇ ਸੰਤ, ਨਿਹੰਗ ਸਿੰਘ ਜਥੇਬੰਦੀਆਂ, ਨਾਨਕਸਰ ਸੰਪਰਦਾ, ਸੇਵਾ ਪੰਥੀ, ਰਾੜਾ ਸਾਹਿਬ ਵਾਲੇ ਮੁਖੀ, ਸੰਪਰਦਾਇ ਕਾਰ ਸੇਵਾ,ਅਤੇ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰੀ ਜਥੇ ਤੇ ਕਥਾ ਵਾਚਕ ਸੰਗਤਾਂ ਨੂੰ ਗੁਰਬਾਣੀ ਜਸ ਸੁਣਾ ਕੇ ਨਿਹਾਲ ਕਰਨਗੇਂ। ਜਿਸ ਵਿੱਚ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ, ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਵਾਲੇ, ਭਾਈ ਹਰਵਿੰਦਰ ਪਾਲ ਸਿੰਘ ਲਿਟਲ ਬੀਬੀ ਕੌਲਾਂ ਵਾਲੇ, ਭਾਈ ਤਵਨੀਤ ਸਿੰਘ ਚੰਡੀਗੜ੍ਹ ਵਾਲੇ, ਕਥਾਵਾਚਕ ਭਾਈ ਵਿਸ਼ਾਲ ਸਿੰਘ ਮੰਜੀ ਸਾਹਿਬ ਵਾਲੇ, ਭਾਈ ਅਮਰਜੀਤ ਸਿੰਘ ਪਟਿਆਲੇ ਵਾਲੇ, ਭਾਈ ਗੁਰਜੰਟ ਸਿੰਘ ਬੈਂਕਾਂ ਵਾਲੇ ਅਤੇ ਭਾਈ ਤਜਿੰਦਰ ਸਿੰਘ ਇਲਾਹੀ ਬਾਣੀ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।ਸੰਤ ਬਾਬਾ ਅਮਨਦੀਪ ਸਿੰਘ ਨੇ ਕਿਹਾ ਕਿ ਸੰਤ ਗਿਆਨੀ ਉੱਤਮ ਸਿੰਘ ਜੀ ਦੇ ਹੱਥ ਲਿੱਖਤ ਵੱਡੇ ਅਕਾਰ ਵਾਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੇਸ਼ ਵਿਦੇਸ਼ ਦੀਆ ਸੰਗਤਾਂ ਦੀ ਮੰਗ ਕਰਨ 'ਤੇ ਸ਼ਹੀਦੀ ਦਿਹਾੜੇ ਵਾਲੇ ਦਿਨ ਸਮਾਗਮ 'ਚ ਦਰਸ਼ਨ ਦੀਦਾਰ ਕਰਵਾਏ ਜਾਣਗੇ। ਸੰਤ ਅਮਨਦੀਪ ਸਿੰਘ ਨੇ ਕਿਹਾ ਕਿ ਇਸ ਸਮਾਗਮ 'ਚ ਸਿੰਘ ਸਾਹਿਬਾਨ, ਟਕਸਾਲਾਂ, ਸੰਪ੍ਰਦਾਵਾਂ ਤੇ ਨਿਹੰਗ ਸਿੰਘ ਜਥੇਬੰਦੀਆ ਦੇ ਮੁਖੀ ਸਹਿਬਾਨ, ਨਿਰਮਲੇ, ਸੇਵਾ ਪੰਥੀ, ਉਦਾਸੀ ਤੇ ਕਾਰ ਸੇਵਾ ਵਾਲੇ ਸੰਤ ਮਹਾਂਪੁਰਖ ਵੀ ਖਾਸ ਤੌਰ 'ਤੇ ਪਹੁੰਚ ਰਹੇ ਹਨ।ਇਸ ਸਮੇਂ ਗਿਆਨੀ ਵਿਸ਼ਾਲ ਸਿੰਘ ਮੰਜੀ ਸਾਹਿਬ ਵਾਲੇ, ਭਾਈ ਤਰਜਿੰਦਰ ਸਿੰਘ, ਭਾਈ ਨਿਰਮਲ ਸਿੰਘ, ਭਾਈ ਗੋਬਿੰਦ ਸਿੰਘ, ਗੁਰਚਰਨ ਸਿੰਘ ਚੰਨਾ ਚੂੜੇ ਵਾਲਾ ਸਮੇਤ ਵੱਡੀ ਗਿਣਤੀ ਦੇ ਸੰਗਤਾਂ ਹਾਜ਼ਰ ਸਨ।

# ਖ਼ਾਲਸਾ ਕਾਲਜ ਵੂਮੈਨ ਵਿਖੇ 'ਵਿਸ਼ਵ ਪੱਧਰ 'ਤੇ ਪਲਾਸਟਿਕ ਪ੍ਰਦੂਸ਼ਨ ਦਾ ਅੰਤ' ਵਿਸ਼ੇ 'ਤੇ ਸੈਮੀਨਾਰ-ਕਮ-ਵਰਕਸ਼ਾਪ



ਅੰਮ੍ਰਿਤਸਰ, 7 ਜੁਲਾਈ, (ਗੁਰਦਿਆਲ ਸਿੰਘ) : ਖ਼ਾਲਸਾ ਕਾਲਜ ਫਾਰ ਵੂਮੈਨ ਵਿਖੇ ਵਿਗਿਆਨ ਵਿਭਾਗ ਨੇ ਸਾਇੰਸ ਕਲੱਬ ਅਤੇ ਈਕੋ ਕਲੱਬ ਦੇ ਸਾਂਝੇ ਯਤਨਾਂ ਸਦਕਾ ਪਰਿਆਵਰਨ ਸੰਰਕਸ਼ਣ ਗਤੀਵਿਧੀ (ਹਰਿਆਵਲ ਪੰਜਾਬ) ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਨ ਦਿਵਸ ਨੂੰ ਸਮਰਪਿਤ 'ਵਿਸ਼ਵ ਪੱਧਰ 'ਤੇ ਪਲਾਸਟਿਕ ਪ੍ਰਦੂਸ਼ਨ ਦਾ ਅੰਤ' ਵਿਸ਼ੇ 'ਤੇ ਸੈਮੀਨਾਰ-ਕਮ-ਵਰਕਸ਼ਾਪ ਕਰਵਾਈ ਗਈ। ਉਕਤ ਪ੍ਰੋਗਰਾਮ ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਦੇ ਉਪਰਾਲੇ ਸਦਕਾ ਵਾਤਾਵਰਨ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਡੀਨ ਸੀਡੀਸੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।

ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਪ੍ਰੋਗਰਾਮ ਦੌਰਾਨ ਪੁੱਜੇ ਸਮੂਹ ਮਹਿਮਾਨਾਂ ਦਾ ਪੌਦਾ ਭੇਂਟ ਕਰਕੇ ਸਵਾਗਤ ਕਰਨ ਉਪਰੰਤ ਆਪਣੇ ਸੰਬੋਧਨ 'ਚ ਪਲਾਸਟਿਕ ਪ੍ਰਦੂਸ਼ਨ ਨੂੰ ਇਕ ਮਹੱਤਵਪੂਰਨ ਵਿਸ਼ਵਵਿਆਪੀ ਚਿੰਤਾ ਵਜੋਂ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਸਮਾਗਮ 'ਚ ਪਰਿਆਵਰਨ ਸੰਰਕਸ਼ਣ ਗਤੀਵਿਧੀ ਦੇ ਬੁਲਾਰਿਆਂ ਦਾ ਇਕ ਵਿਸ਼ੇਸ਼ ਪੈਨਲ ਸ਼ਾਮਲ ਸੀ, ਜਿਸ 'ਚ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਜੁਆਇੰਟ ਸਕੱਤਰ ਰਾਜਬੀਰ ਸਿੰਘ, ਡਾ. ਰਾਜੀਵ, ਡਾ. ਗਾਇਤਰੀ ਸ਼ੂਰ, ਪੀ. ਐੱਨ. ਸ਼ਰਮਾ ਅਤੇ ਹੋਰ ਪਤਵੰਤਿਆਂ ਨੇ ਸ਼ਿਰਕਤ ਕਰਦਿਆਂ ਵਾਤਾਵਰਨ ਸੁਰੱਖਿਆ ਅਤੇ ਟਿਕਾਊ ਅਭਿਆਸਾਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ।

ਇਸ ਦੌਰਾਨ ਇੰਟਰਐਕਟਿਵ ਸੈਸ਼ਨਾਂ 'ਚ ਹਰਿਆਵਲ ਪੰਜਾਬ ਟੀਮ ਦੇ ਡਾ. ਰਾਜੀਵ ਨੇ ਪਲਾਸਟਿਕ ਰਹਿੰਦ-ਖੂੰਹਦ ਤੋਂ ਈਕੋ-ਇੱਟਾਂ ਬਣਾਉਣਾ ਅਤੇ ਗਿੱਲੇ ਰਹਿੰਦ-ਖੂੰਹਦ ਤੋਂ ਬਾਇਓਐਨਜ਼ਾਈਮ ਤਿਆਰ ਕਰਨਾ ਵਾਤਾਵਰਨ-ਅਨੁਕੂਲ ਅਭਿਆਸਾਂ ਸਬੰਧੀ ਗਿਆਨ ਪ੍ਰਦਾਨ ਕੀਤਾ। ਜਦ ਕਿ ਰਾਜਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਜਨਮਦਿਨ 'ਤੇ ਰੁੱਖ ਲਗਾਉਣਾ, ਰਿਡਿਊਸ, ਰੀਯੂਜ਼ ਅਤੇ ਰੀਸਾਈਕਲ ਦੇ ਸਿਧਾਂਤਾਂ ਦੇ ਮੱਦੇਨਜ਼ਰ ਟਿਕਾਊ ਆਦਤਾਂ ਅਪਨਾਉਣ ਲਈ ਉਤਸ਼ਾਹਿਤ ਕੀਤਾ।

ਇਸ ਦੌਰਾਨ ਡਾ. ਸੁਰਿੰਦਰ ਕੌਰ ਨੇ ਪ੍ਰਬੰਧਕ ਟੀਮ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਸਮੂਹ ਸੰਸਥਾਗਤ ਪੱਧਰਾਂ 'ਤੇ ਨਿਰੰਤਰ ਵਾਤਾਵਰਨ ਸ਼ਮੂਲੀਅਤ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਇਸ ਮੌਕੇ ਕਾਲਜ ਕੈਂਪਸ ਦੇ ਗਾਰਡਨਰਜ਼ ਨੂੰ ਸਾਫ਼ ਅਤੇ ਹਰਿਆ-ਭਰਿਆ ਵਾਤਾਵਰਨ ਬਣਾਈ ਰੱਖਣ 'ਚ ਸਮਰਪਿਤ ਯੋਗਦਾਨ ਲਈ ਟਰਾਫ਼ੀਆਂ ਅਤੇ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ। ਇਸ ਮੌਕੇ ਸਾਇੰਸ ਕਲੱਬ ਦੀ ਕੋਆਰਡੀਨੇਟਰ ਡਾ. ਨਿਰਮਲ ਕੌਰ ਅਤੇ ਈਕੋ ਕਲੱਬ ਦੀ ਕੋਆਰਡੀਨੇਟਰ ਡਾ. ਕੁਮਾਰੀ ਸੀਤਾ ਨੂੰ ਮਿਸਾਲੀ ਤਾਲਮੇਲ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਸੂਬਾ ਤੇ ਕੇਂਦਰ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ



ਤਰਸਿੱਕਾ, 7 ਜੁਲਾਈ, (ਦਵਿੰਦਰ ਸਿੰਘ ਤਰਸਿੱਕਾ) : ਅੱਜ ਹਲਕਾ ਮਜੀਠਾ ਦੇ ਪਿੰਡ ਮਾਨ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਇਹ ਮੀਟਿੰਗ ਬਲਾਕ ਮਜੀਠਾ ਦੇ ਪ੍ਰਧਾਨ ਸੂਬਾ ਸਿੰਘ ਚੰਡੇ ਦੀ ਗਵਾਹੀ ਹੇਠ ਹੋਈ। ਜਿਸ ਵਿੱਚ ਵੱਡੀ ਪੱਧਰ 'ਤੇ ਪਿੰਡ ਮਾਨ ਦੇ ਕਿਸਾਨ ਅਤੇ ਬੀਬੀਆਂ ਨੇ ਭਾਗ ਲਿਆ। ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਬਲਾਕ ਪ੍ਰਧਾਨ ਸੂਬਾ ਸਿੰਘ ਚੰਡੇ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਦੇ ਵਿਰੁੱਧ ਸੰਘਰਸ਼ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਦੀ ਪੰਜਾਬ ਦੇ ਕਿਸਾਨਾਂ ਦੇ ਜ਼ਮੀਨਾਂ 'ਤੇ ਅੱਖ ਮੈਲੀ ਹੋ ਚੁੱਕੀ ਹੈ ਅਤੇ ਆਏ ਦਿਨ ਕਿਸਾਨਾਂ ਪ੍ਰਤੀ ਮਾੜੀ ਸੋਚ ਬਦਲੀ ਜਾ ਰਹੀ ਹੈ ਜਿਸ ਦੇ ਵਿਰੁੱਧ ਲੰਮਾ ਸੰਘਰਸ਼ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸੂਬੇ ਦੀ ਮਾਨ ਸਰਕਾਰ ਵੱਲੋਂ ਪੰਜਾਬ ਵਿੱਚ ਲੈਂਡ ਪੋਲਸੀ ਲਿਆਂਦੀ ਜਾ ਰਹੀ ਹੈ, ਜਿਸ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ ਅਤੇ ਇਸ ਦੇ ਵਿਰੁੱਧ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਵੀ ਕੀਤੀ ਗਈ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇ ਪੋਲਸੀ ਪੰਜਾਬ ਵਿੱਚ ਲਾਗੂ ਕੀਤੀ ਤਾਂ ਸੰਘਰਸ਼ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਖਜ਼ਾਨਚੀ ਸਤਨਾਮ ਸਿੰਘ ਕੋਟਲਾ ਬਲਾਕ ਹਰਸ਼ਾ ਛੀਨਾ ਦੇ ਪ੍ਰਧਾਨ ਗੁਰਤਾਜ ਸਿੰਘ ਬਲਾਕ ਮਜੀਠਾ ਦੇ ਮੀਤ ਪ੍ਰਧਾਨ ਬਿਕਰਮ ਸਿੰਘ ਅਤੇ ਪਿੰਡ ਮਾਨ ਦੇ ਪ੍ਰਧਾਨ ਦਿਲਰਾਜ ਸਿੰਘ ਖਾਲਸਾ ਕੁਲਵਿੰਦਰ ਸਿੰਘ ਖਜ਼ਾਨਚੀ ਦਿਲਬਾਗ ਸਿੰਘ ਜਰਨਲ ਸਕੱਤਰ ਉੱਤਮ ਦੀਤ ਸਿੰਘ ਚਗਾਵਾਂ ਦਲਬੀਰ ਸਿੰਘ ਮੈਂਬਰ ਅਵਤਾਰ ਸਿੰਘ ਖਾਸ ਤੌਰ 'ਤੇ ਨਿਯੁਕਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਬੀਬੀਆਂ ਵੀ ਹਾਜ਼ਰ ਸਨ।

# ਚੂਹੜਚੱਕ ਦੇ ਅਕਾਲੀ ਵਰਕਰ ਕਾਂਗਰਸ 'ਚ ਹੋਏ ਸ਼ਾਮਿਲ

## ਅਸ਼ੋਕ ਚੌਧਰੀ ਨੇ ਸਿਰੋਪੇ ਪਾ ਕੇ ਕੀਤਾ ਸਨਮਾਨਿਤ



ਦੀਨਾਨਗਰ, 7 ਜੁਲਾਈ, (ਡਾ.ਰਮੇਸ਼ ਸਰੰਗਲ) : ਦੀਨਾਨਗਰ ਹਲਕੇ ਦੇ ਪਿੰਡ ਚੂਹੜਚੱਕ ਤੋਂ ਅਕਾਲੀ ਆਗੂ ਅਤੇ ਮੈਂਬਰ ਪੰਚਾਇਤ ਰਮਨਦੀਪ ਸਿੰਘ ਚੀਮਾ ਨੇ ਅੱਜ ਆਪਣੇ ਇੱਕ ਦਰਜਨ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਆਖ ਕੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਵਿਧਾਇਕਾ ਅਰੁਣਾ ਚੌਧਰੀ ਦੇ ਨਿਵਾਸ ਸਥਾਨ 'ਤੇ ਪਹੁੰਚੇ ਇਨ੍ਹਾਂ ਆਗੂਆਂ ਨੂੰ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਸਿਰੋਪਾ ਪਾ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ। ਰਮਨਦੀਪ ਸਿੰਘ ਚੀਮਾ ਨੇ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਏ ਸਨ। ਪਰ ਵਿਧਾਇਕਾ ਅਰੁਣਾ ਚੌਧਰੀ ਵੱਲੋਂ ਹਲਕੇ ਅੰਦਰ ਕਰਵਾਏ ਵਿਕਾਸ ਕਾਰਜਾਂ ਨੇ ਉਨ੍ਹਾਂ ਨੂੰ ਪ੍ਰਭਾਵਿਤ ਕੀਤਾ ਅਤੇ ਉਨ੍ਹਾਂ ਨੇ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਲਿਆ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਹੁਣ ਵਿਧਾਇਕਾ ਅਰੁਣਾ ਚੌਧਰੀ ਦੇ ਪੱਕੇ ਸਮਰਥਕ ਵਜੋਂ ਕੰਮ ਕਰਨਗੇ ਅਤੇ ਹਰੇਕ ਡਿਊਟੀ ਨੂੰ ਪੂਰੀ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ।

ਇਸ ਮੌਕੇ ਜੁਆਇੰਨ ਕਰਨ ਵਾਲਿਆਂ 'ਚ ਗੁਰਮੁੱਖ ਸਿੰਘ, ਮਨਜੀਤ ਸਿੰਘ, ਗੁਰਮੀਤ ਸਿੰਘ, ਬਲਕਰਨਦੀਪ ਸਿੰਘ, ਮੋਹਨ ਲਾਲ, ਅਮਰਜੀਤ ਸਿੰਘ, ਜਸਬੀਰ ਸਿੰਘ, ਹਰਿੰਦਰ ਸਿੰਘ, ਹਰਮਨਦੀਪ ਸਿੰਘ ਅਤੇ ਗੁਰਲਾਲ ਸਿੰਘ ਦੇ ਨਾਂ ਸ਼ਾਮਲ ਹਨ। ਇਸ ਦੌਰਾਨ ਬਲਾਕ ਸੰਮਤੀ ਦੀਨਾਨਗਰ ਦੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਹਰਜਿੰਦਰ ਸਿੰਘ ਗਵਾਲੀਆ, ਕਾਂਗਰਸੀ ਨੇਤਾ ਹੀਰਾ ਲਾਲ ਅਤੇ ਸਰਪੰਚ ਰਾਜਬੀਰ ਸਿੰਘ ਝੰਡੇਚੱਕ ਵੀ ਹਾਜ਼ਰ ਸਨ।

# ਕਿਸਾਨਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ : ਖੁੱਡੀਆਂ



ਅਜਨਾਲਾ/ਚੇਤਨਪੁਰਾ, 7 ਜੁਲਾਈ, (ਸੁਖਦੇਵ ਸਿੰਘ) : ਅੰਮ੍ਰਿਤਸਰ ਫੇਰੀ ਦੌਰਾਨ ਅੱਜ ਇੱਥੇ ਕੁਝ ਚੋਣਵੇਂ ਪੱਤਰਕਾਰਾਂ ਨਾਲ਼ ਗੱਲਬਾਤ ਕਰਦਿਆਂ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁਡੀਆਂ ਨੇ ਕਿਹਾ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਆਵੇ ਇਹ ਕੋਸ਼ਿਸ਼ ਹੋਵੇਗੀ। ਪੰਜਾਬ ਸਰਕਾਰ ਦੀ ਅਤੇ ਕਿਸਾਨਾਂ ਨੂੰ ਬਣਦੀਆਂ ਸਹੂਲਤਾਂ ਯੋਗ ਪ੍ਰਣਾਲੀ ਰਾਹੀਂ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਮੌਕੇ ਉਹਨਾਂ ਨਾਲ਼ ਜਾਇੰਟ ਡਾਇਰੈਕਟਰ ਡਾ ਜਤਿੰਦਰ ਸਿੰਘ ਗਿੱਲ ਜਗਦੇਵ ਖੁਰਦ, ਡਿਪਟੀ ਡਾਇਰੈਕਟਰ/ਚੀਫ ਡਾ ਤੇਜਿੰਦਰ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਡਾ ਬਲਜਿੰਦਰ ਸਿੰਘ ਭੁੱਲਰ, ਬਲਾਕ ਅਫ਼ਸਰ ਡਾ ਰਮਨ ਕੁਮਾਰ, ਵਿਸਥਾਰ ਅਫ਼ਸਰ ਪ੍ਰਭਦੀਪ ਸਿੰਘ ਲਾਡਾ ਗਿੱਲ ਚੇਤਨਪੁਰਾ ਆਦਿ ਉੱਚ ਅਫਸਰ ਹਾਜ਼ਰ ਸਨ।ਇਸ ਮੌਕੇ ਖੇਤੀਬਾੜੀ ਮੰਤਰੀ ਸਰਦਾਰ ਗੁਰਮੀਤ ਸਿੰਘ ਖੁਡੀਆਂ ਨੇ ਕਿਹਾ ਕਿ ਫ਼ਸਲੀ ਵਿਭਿੰਨਤਾ ਵੀ ਕਿਸਾਨਾਂ ਲਈ ਸਮੇਂ ਦੀ ਮੁੱਖ ਲੋੜ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਵੱਲੋਂ ਕੀਤੇ ਵਾਅਦੇ ਪੂਰੇ ਕਰ ਦਿੱਤੇ ਹਨ ਅਤੇ ਜੋ ਰਹਿੰਦੇ ਹਨ, ਉਹ ਵੀ ਆਉਣ ਵਾਲੇ ਸਮੇਂ ਵਿੱਚ ਜਲਦੀ ਪੂਰੇ ਕਰ ਦਿੱਤੇ ਜਾਣਗੇ।

# ਸੀ.ਕੇ.ਡੀ.ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ ਵੱਲੋਂ ਰੋਜ਼ਗਾਰ ਮੇਲਾ ਭਲਕੇ

ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ) : ਚੀਫ਼ ਖ਼ਾਲਸਾ ਦੀਵਾਨ ਦੇ ਅਧੀਨ ਚੱਲ ਰਹੇ ਸੀ ਕੇ ਡੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ, ਅੰਮ੍ਰਿਤਸਰ ਵੱਲੋਂ 9 ਜੁਲਾਈ 2025 ਪਲੇਸਮੈਂਟ ਡਰਾਈਵ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਰੋਜ਼ਗਾਰ ਮੇਲੇ ਦਾ ਆਯੋਜਨ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਕਾਲਜ ਮੈਂਬਰਜ ਇੰਚਾਰਜ ਤਲਵਿੰਦਰ ਸਿੰਘ ਚਾਹਲ, ਉਮਰਾਓ ਸਿੰਘ ਢਿੱਲੋਂ, ਏ. ਐਸ. ਭਾਟੀਆ, ਸੁਖਬੀਰ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਪ੍ਰਿੰਸੀਪਲ ਡਾ. ਸੁਦੇਸ਼ ਕੁਮਾਰ ਜੀ ਦੀ ਦੇਖ ਰੇਖ ਵਿਚ ਕਰਵਾਇਆ ਜਾ ਰਿਹਾ ਹੈ।

ਇਹ ਰੋਜ਼ਗਾਰ ਮੇਲਾ ਸਾਰਿਆਂ ਲਈ ਖੁੱਲ੍ਹਾ ਹੈ ਅਤੇ ਇਸ ਵਿੱਚ CKD ਦੇ ਵਿਦਿਆਰਥੀਆਂ ਦੇ ਨਾਲ-ਨਾਲ ਕਿਸੇ ਵੀ ਕਾਲਜ ਦੇ ਵਿਦਿਆਰਥੀ, ਗ੍ਰੈਜੂਏਟ, ਡਿਪਲੋਮਾ ਹੋਲਡਰ ਜਾਂ ਨੌਕਰੀ ਦੀ ਭਾਲ ਕਰ ਰਹੇ ਉਮੀਦਵਾਰ ਭਾਗ ਲੈ ਸਕਦੇ ਹਨ।

ਇਹ ਉਪਰਾਲਾ ਨੌਜਵਾਨਾਂ ਨੂੰ ਉਚਿਤ ਰੋਜ਼ਗਾਰ ਮੁਹੱਈਆ ਕਰਵਾਉਣ ਵੱਲ ਇਕ ਮਜ਼ਬੂਤ ਕਦਮ ਹੈ। ਪਲੇਸਮੈਂਟ ਡਰਾਈਵ ਵਿੱਚ ਵੱਖ-ਵੱਖ ਖੇਤਰਾਂ ਜਿਵੇਂ ਕਿ IT, ਮਾਰਕੀਟਿੰਗ, ਫਾਇਨੈਂਸ, ਮੈਨੂਫੈਕਚਰਿੰਗ ਅਤੇ ਕਸਟਮਰ ਸਰਵਿਸ ਨਾਲ ਸੰਬੰਧਤ ਪ੍ਰਸਿੱਧ ਕੰਪਨੀਆਂ ਭਾਗ ਲੈਣਗੀਆਂ।

ਦੀਵਾਨ ਅਹੁਦੇਦਾਰਾਂ ਨੇ ਆਸ ਕੀਤੀ ਕਿ ਇਹ ਮੇਲਾ ਨੌਜਵਾਨਾਂ ਲਈ ਆਪਣੇ ਭਵਿੱਖ ਦੀ ਸ਼ੁਰੂਆਤ ਕਰਨ ਦਾ ਸੁਨਹਿਰੀ ਮੌਕਾ ਸਾਬਤ ਹੋਵੇਗਾ।

# ਸਮੂਹ ਬੂਥ ਲੈਵਲ ਅ਼ਫਸਰਾਂ ਦੀ ਕਰਵਾਈ ਟਰੇਨਿੰਗ



ਅੰਮ੍ਰਿਤਸਰ, 7 ਜੁਲਾਈ, (ਗੁਰਦਿਆਲ ਸਿੰਘ) : ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਸਮੂਹ ਬੂਥ ਲੈਵਲ ਅਫ਼ਸਰਾਂ ਦੀ ਟਰੇਨਿੰਗ 5 0 - 5 0 ਕਰਮਚਾਰੀਆਂ ਦੇ ਬੈਚ ਵਿੱਚ 17.07.2025 ਤੱਕ ਕਰਵਾਈ ਜਾਣੀ ਹੈ, ਜਿਸ ਦੇ ਤਹਿਤ 13-ਮਜੀਠਾ ਵਿਧਾਨ ਸਭਾ ਚੋਣ ਹਲਕੇ ਦੇ ਤੀਸਰੇ ਬੈਚ ਦੀ ਟਰੇਨਿੰਗ ਅੱਜ ਮੀਟਿੰਗ ਹਾਲ, ਪਹਿਲੀ ਮੰਜਿਲ, ਤਹਿਸੀਲ ਕੰਪਲੈਕਸ, ਮਜੀਠਾ ਵਿਖੇ ਸ਼੍ਰੀ ਅਸੀਸਪਾਲ ਸਿੰਗਲਾ, ਤਹਿਸੀਲਦਾਰ, ਮਜੀਠਾ - ਕਮ- ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ-1 ਦੀ ਦੇਖ-ਰੇਖ ਵਿੱਚ ਕਰਵਾਈ ਗਈ। ਇਸ ਟਰੇਨਿੰਗ ਵਿੱਚ 47 ਬੂਥ ਲੈਵਲ ਅਫ਼ਸਰ ਅਤੇ 03 ਸੈਕਟਰ ਅਫ਼ਸਰ ਸ਼ਾਮਲ ਹੋਏ। ਅੱਜ ਦੇ ਬੈਚ ਵਿੱਚ ਸ਼ਾਮਲ ਬੀ.ਐਲ.ਓ. ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਨਵੇਂ ਪਲਾਸਟਿਕ ਸ਼ਨਾਖਤੀ ਕਾਰਡ ਅਤੇ ਟਰੇਨਿੰਗ ਦਾ ਸਰਟੀਫਿਕੇਟ ਵੀ ਜਾਰੀ ਕੀਤਾ। ਦੀਪਕ ਮੋਹਨ, ਚੋਣ ਕਾਨੂੰਗੋ ਅਤੇ ਸੁਧੀਰ ਗੁਪਤਾ, ਵੋਕੇਸ਼ਨਲ ਮਾਸਟਰ ਸ.ਸ.ਸ.ਸ. ਮਜੀਠਾ (ਮਾਸਟਰ ਟਰੇਨਰ) ਪਾਸੋਂ ਟਰੇਨਿੰਗ ਮੁਕੰਮਲ ਕਰਾਉਣ ਉਪਰੰਤ ਸਮੂਹ ਟਰੇਨੀਜ਼ ਦੀ ਬਹੁ-ਚੋਣ ਪ੍ਰਸ਼ਨ-ਪੱਤਰ ਦੇ ਆਧਾਰ ਅਸੈਸਮੈਂਟ ਪ੍ਰੀਖਿਆ ਵੀ ਕਰਵਾਈ ਗਈ, ਜਿਸ ਦਾ ਰਿਜਲਟ 100% ਰਿਹਾ ਹੈ। ਅਸੀਸਪਾਲ ਸਿੰਘ, ਤਹਿਸੀਲਦਾਰ, ਮਜੀਠਾ ਨੇ ਟਰੇਨੀਜ਼ ਨਾਲ ਗੱਲ-ਬਾਤ ਕਰਦੇ ਹੋਏ ਉਨ੍ਹਾਂ ਦੇ ਸ਼ੰਕਿਆਂ ਦਾ ਨਿਵਾਰਣ ਕੀਤਾ ਅਤੇ ਫੀਲਡ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਸੁਣਦੇ ਹੋਏ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਟਰੇਨਿੰਗ ਲਈ ਸਮੁੱਚੇ ਪ੍ਰਬੰਧ ਦੀਪਕ ਮੋਹਨ, ਚੋਣ ਕਾਨੂੰਗੋ ਵੱਲੋਂ ਬਾਖੂਬੀ ਕੀਤਾ ਗਿਆ ਸੀ।

# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਪ੍ਰਧਾਨ ਤੇ ਸਕੱਤਰ ਦੀ ਚੋਣ




ਭਿੱਖੀਵਿੰਡ, 7 ਜੁਲਾਈ, (ਸਵਿੰਦਰ ਬਲੇਹਰ) : ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਤਹਿਸੀਲ ਕਮੇਟੀ ਭਿੱਖੀਵਿੰਡ ਦਾ ਡੈਲੀਗੇਟ ਇਜਲਾਸ ਰਾਹੁਲ ਦਰਾਜ਼ਕੇ ਦੀ ਪ੍ਰਧਾਨਗੀ ਹੇਠ ਹੋਇਆ, ਜਿਸ ਵਿੱਚ ਵੱਖ-ਵੱਖ ਪਿੰਡਾਂ ਤੋਂ ਚੁਣੇ ਹੋਏ ਡੈਲੀਗੇਟਾਂ ਨੇ ਭਾਗ ਲਿਆ। ਇਜਲਾਸ ਨੂੰ ਸੰਬੋਧਨ ਕਰਦਿਆਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਨੇ ਕਿਹਾ, ਕਿ ਅੱਜ ਲੋੜ ਹੈ ਨੌਜਵਾਨਾਂ ਨੂੰ ਭਗਤ ਸਿੰਘ ਦੇ ਵਿਚਾਰਾਂ ਨੂੰ ਗ੍ਰਹਿਣ ਕਰਨ ਦੀ ਉਹਨਾਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਾਰੇ ਬੋਲਦਿਆ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜਿਆ ਗਿਆ ਯੁੱਧ ਸਿਰਫ ਤੇ ਸਿਰਫ ਡਰਾਮੇਬਾਜ਼ੀ ਤੋਂ ਇਲਾਵਾ ਕੁੱਝ ਵੀ ਨਹੀਂ ਹੈ, ਛੇੜੀ ਗਈ ਨਸ਼ਿਆਂ ਦੀ ਮੁਹਿੰਮ ਤਹਿਤ ਪੰਜਾਬ ਪੁਲਿਸ ਵੱਲੋਂ ਮਜ਼ਦੂਰਾਂ ਕਿਸਾਨਾਂ ਦੇ ਨੌਜਵਾਨ ਪੁੱਤਾਂ ਨੂੰ ਘਰਾਂ ਤੋਂ ਸੁੱਤੇ ਪਿਆ ਨੂੰ ਚੁੱਕ ਕੇ ਉਹਨਾਂ ਉੱਪਰ ਝੂਠੇ ਪਰਚੇ ਦਰਜ ਕੀਤੇ ਜਾ ਰਹੇ ਹਨ, ਜੋ ਸਚਾਈ ਤੋਂ ਕੋਹਾਂ ਦੂਰ ਹਨ। ਪੰਜਾਬ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਬਜਾਏ ਡਾਂਗਾਂ ਨਾਲ ਨਿਵਾਜਿਆ ਜਾ ਰਹਾ ਹੈ। ਉਹਨਾਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨੌਜਵਾਨ ਭਗਤ ਸਿੰਘ ਦੇ ਵਿਚਾਰਧਾਰਾ ਨੂੰ ਆਪਣਾ ਕੇ ਹੀ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਚੋਣ ਕੀਤੀ। ਜਿਸ ਵਿੱਚ ਪ੍ਰਧਾਨ ਗੱਜਣ ਸਿੰਘ ਨਾਰਲਾ ਸਕੱਤਰ ਲਾਜਰ ਲਾਖਣਾ ਚੁਣੇ ਜਾਣ ਤੋਂ ਇਲਾਵਾ 11 ਮੈਂਬਰੀ ਕਮੇਟੀ ਚੋਣ ਕੀਤੀ ਗਈ, ਭਰਾਤਰੀ ਜਥੇਬੰਦੀ ਵੱਲੋਂ ਦਿਹਾਤੀ ਮਜ਼ਦੂਰ ਸਭਾ ਦੇ ਸੀਨੀਅਰ ਆਗੂ ਹਰਜਿੰਦਰ ਸਿੰਘ ਚੂੰਘ ਸੁਵਿੰਦਰ ਸਿੰਘ ਚੱਕ ਜਸਵੰਤ ਸਿੰਘ ਭਿੱਖੀਵਿੰਡ ਸੰਤੋਖ ਸਿੰਘ ਮੱਖੀ ਕਲਾਂ ਆਦਿ ਹਾਜ਼ਰ ਸਨ।

# ਐਮ.ਪੀ ਔਜਲਾ ਸੈਂਟਰਲ ਰੇਲਵੇ ਦੀ ਟੀਮ ਨਾਲ ਫਾਟਕਾਂ ਦੀ ਜ਼ਮੀਨੀ ਹਕੀਕਤ ਦੀ ਜਾਂਚ ਕਰਨ ਪੁੱਜੇ

## ਓਵਰਬ੍ਰਿਜ ਅਤੇ ਅੰਡਰਬ੍ਰਿਜ ਦੇ ਨਿਰਮਾਣ ਲਈ ਲਿਆ ਜਾਇਜ਼ਾ

ਅੰਮ੍ਰਿਤਸਰ, 7 ਜੁਲਾਈ, (ਗੁਰਦਿਆਲ ਸਿੰਘ) : ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੱਜ ਅੰਮ੍ਰਿਤਸਰ ਸ਼ਹਿਰ ਅਤੇ ਪਿੰਡਾਂ ਦੇ ਸਾਰੇ ਫਾਟਕਾਂ ਦਾ ਦੌਰਾ ਕੀਤਾ। ਕੇਂਦਰੀ ਰੇਲਵੇ ਦੀ ਟੀਮ ਵੀ ਉਨ੍ਹਾਂ ਦੇ ਨਾਲ ਸੀ। ਲੋੜ ਅਨੁਸਾਰ ਇਨ੍ਹਾਂ ਫਾਟਕਾਂ 'ਤੇ ਅੰਡਰਬ੍ਰਿਜ ਜਾਂ ਓਵਰਬ੍ਰਿਜ ਬਣਾਏ ਜਾਣਗੇ। ਜਿਸ ਲਈ ਪਹਿਲਾਂ ਸੰਭਾਵਨਾ ਰਿਪੋਰਟ ਤਿਆਰ ਕੀਤੀ ਜਾਵੇਗੀ।

ਐਮ.ਪੀ ਗੁਰਜੀਤ ਸਿੰਘ ਔਜਲਾ ਅੱਜ ਟੀਮ ਨਾਲ ਪਹਿਲਾਂ ਸ਼ਿਵਾਲਾ ਫਾਟਕ, ਕੋਟ ਖਾਲਸਾ, ਜੋੜਾ ਫਾਟਕ, ਪੁਤਲੀਘਰ, ਛੇਹਰਟਾ ਫਾਟਕ ਅਤੇ ਪਿੰਡਾਂ ਵਿੱਚ ਜਹਾਂਗੀਰ ਗੇਟ ਅਤੇ ਮਜੀਠ ਫਾਟਕ ਸਮੇਤ ਹੋਰ ਸਾਰੇ ਫਾਟਕਾਂ 'ਤੇ ਗਏ। ਜਿੱਥੇ ਉਨ੍ਹਾਂ ਨੇ ਮੌਕੇ 'ਤੇ ਖੜ੍ਹੇ ਹੋ ਕੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਨੂੰ ਹੱਲ ਕਰਨ ਦਾ ਵਾਅਦਾ ਕੀਤਾ।

ਐਮ.ਪੀ ਔਜਲਾ ਨੇ ਕਿਹਾ ਕਿ ਅੱਜ ਸ਼ਹਿਰ ਦੇ ਫਾਟਕਾਂ ਦਾ ਦੌਰਾ ਕੀਤਾ ਗਿਆ। ਸ਼ਹਿਰ ਵਿੱਚ ਲੱਗਭੱਗ 16 ਫਾਟਕ ਹਨ, ਜਿੱਥੇ ਉਨ੍ਹਾਂ ਨੇ ਟੀਮ ਨਾਲ ਜ਼ਮੀਨੀ ਹਕੀਕਤ ਦੀ ਜਾਂਚ ਕੀਤੀ। ਇਨ੍ਹਾਂ ਫਾਟਕਾਂ 'ਤੇ ਜਗ੍ਹਾ ਦੇ ਹਿਸਾਬ ਨਾਲ ਅੰਡਰਬ੍ਰਿਜ ਜਾਂ ਓਵਰਬ੍ਰਿਜ ਬਣਾਏ ਜਾਣਗੇ। ਪਹਿਲਾਂ ਵੀ ਸੂਬਾ ਸਰਕਾਰ ਨੂੰ ਇੱਕ ਸੰਭਾਵਨਾ ਰਿਪੋਰਟ ਭੇਜੀ ਜਾ ਚੁੱਕੀ ਹੈ। ਪਰ ਸਰਕਾਰ ਕੋਲ ਪੈਸੇ ਨਹੀਂ ਹਨ, ਜਿਸ ਕਾਰਨ ਇਹ ਪ੍ਰੋਜੈਕਟ ਤਿਆਰ ਨਹੀਂ ਹੋ ਸਕਿਆ। ਹੁਣ ਉਹ ਖੁਦ ਇਸ ਲਈ ਕੋਸ਼ਿਸ਼ ਕਰਨਗੇ ਅਤੇ ਕੇਂਦਰ ਸਰਕਾਰ ਤੋਂ ਬਜਟ ਪਾਸ ਕਰਵਾਉਣਗੇ। ਸੰਭਾਵਨਾ ਰਿਪੋਰਟ ਸੂਬੇ ਦੇ ਨਾਲ-ਨਾਲ ਕੇਂਦਰ ਨੂੰ ਵੀ ਭੇਜੀ ਜਾਵੇਗੀ। ਇਸ ਤੋਂ ਬਾਅਦ ਪ੍ਰੋਜੈਕਟ ਤਿਆਰ ਹੋਵੇਗਾ ਅਤੇ ਫਿਰ ਜੋ ਵੀ ਬਜਟ ਹੋਵੇਗਾ, ਉਸਨੂੰ ਪਾਸ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਠਾਨਕੋਟ ਨੂੰ ਜਾਣ ਵਾਲੀ ਲੇਨ 'ਤੇ ਨਿਰਮਾਣ ਦਾ ਕੰਮ ਨਿਗਮ ਦੀ ਜ਼ਿੰਮੇਵਾਰੀ ਹੈ। ਪਰ ਨਿਗਮ ਕੋਲ ਫੰਡਾਂ ਦੀ ਘਾਟ ਹੈ, ਜਿਸ ਕਾਰਨ ਉਨ੍ਹਾਂ ਨੇ ਪਹਿਲਾਂ ਰਿਗੋ ਪੁਲ ਲਈ ਕੇਂਦਰ ਤੋਂ ਫੰਡ ਲਿਆਂਦੇ ਸਨ, ਉਸੇ ਤਰ੍ਹਾਂ ਹੁਣ ਉਹ ਰੇਲਵੇ ਕਰਾਸਿੰਗ ਤੇ ਲੋਕਾਂ ਦੀ ਸਹੂਲਤ ਲਈ ਵਿਕਾਸ ਲਈ ਫੰਡ ਲਿਆਉਣਗੇ ਅਤੇ ਉਨ੍ਹਾਂ ਦਾ ਟੀਚਾ ਹੈ ਕਿ ਇਸ ਕਾਰਜਕਾਲ ਵਿੱਚ ਬਜਟ ਪਾਸ ਕੀਤਾ ਜਾਵੇ ਅਤੇ ਪੁਲ ਬਣਾ ਕੇ ਲੋਕਾਂ ਨੂੰ ਟ੍ਰੈਫਿਕ ਜਾਮ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਇਆ ਜਾਵੇ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕਲਯੁੱਗੀ ਮਾਤਾ-ਪਿਤਾ ਆਪਣਾ ਬੱਚਾ ਛੱਡ ਕੇ ਬਿਨਾਂ ਮੱਥਾ ਟੇਕਿਆਂ ਹੀ ਮੁੜੇ ਵਾਪਸ



7 ਸਾਲ ਦੇ ਕਰੀਬ ਦਾ ਬੱਚਾ ਛੱਡ ਕੇ ਕੁਝ ਹੀ ਮਿੰਟਾਂ ਵਿਚ ਉੱਥੋਂ ਵਾਪਸ ਪਰਤ ਗਏ।

ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਉਸ ਸਮੇਂ ਅਫਰਾ ਦਫਰੀ ਮਚ ਗਈ ਜਦੋਂ ਇਕ ਕਲਯੁੱਗੀ ਮਾਤਾ ਪਿਤਾ ਆਪਣਾ ਬੱਚਾ 12 ਮਿੰਟ ਦੇ ਅੰਦਰ ਹੀ ਛੱਡ ਕੇ ਬਿਨਾਂ ਮੱਥਾ ਟੇਕਿਆਂ ਹੀ ਉੱਥੋਂ ਵਾਪਸ ਚਲੇ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਇਕ ਔਰਤ ਅਤੇ ਇਕ ਆਦਮੀ ਜਿਨ੍ਹਾਂ ਕੋਲ ਇਕ ਹੋਰ ਛੋਟਾ ਬੱਚਾ ਗੋਦੀ ਵਿਚ ਚੁੱਕਿਆ ਹੋਇਆ ਸੀ। ਐਤਵਾਰ ਬਾਅਦ ਦੁਪਹਿਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਆਏ, ਪਰ ਦਰਸ਼ਨ ਕੀਤੇ ਬਗੈਰ ਹੀ ਉੱਥੇ ਆਪਣਾ ਦੂਸਰਾ 7 ਸਾਲ ਦੇ ਕਰੀਬ ਦਾ ਬੱਚਾ ਛੱਡ ਕੇ ਕੁਝ ਹੀ ਮਿੰਟਾਂ ਵਿਚ ਉੱਥੋਂ ਵਾਪਸ ਪਰਤ ਗਏ।ਇਸ ਸਬੰਧੀ ਮੈਨੇਜਰ ਰਜਿੰਦਰ ਸਿੰਘ ਨੇ ਦੱਸਿਆ ਕਿ ਇਹ ਪਰਿਵਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਇਕ ਬੱਚਾ ਛੱਡ ਕੇ ਬਿਨਾਂ ਮੱਥਾ ਟੇਕਿਆਂ ਅਤੇ ਬਿਨਾਂ ਹੀ ਪਰਿਕਰਮਾ ਕੀਤੀਆਂ ਵਾਪਸ ਭੱਜ ਗਏ ਹਨ, ਜਿਨ੍ਹਾਂ ਨੂੰ ਬੱਚਾ ਬਰਾਮਦ ਕਰਨ ਤੋਂ ਬਾਅਦ ਸੀ. ਸੀ. ਟੀ. ਵੀ. ਵਿਚ ਦੇਖਿਆ ਗਿਆ ਹੈ। ਉਨ੍ਹਾਂ ਆਖਿਆ ਕਿ ਪਰਿਵਾਰ ਦੀ ਹਾਲੇ ਤੱਕ ਭਾਲ ਨਹੀਂ ਹੋ ਸਕੀ। ਪਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਇਹ ਬੱਚਾ ਗਲਿਆਰਾ ਚੌਕੀ ਦੀ ਸਹਾਇਤਾ ਨਾਲ ਪਿੰਗਲਵਾੜਾ ਅੰਮ੍ਰਿਤਸਰ ਵਿਖੇ ਭੇਜ ਦਿੱਤਾ ਗਿਆ ਹੈ।

# ਸਿਹਤ ਵਿਭਾਗ ਵੱਲੋਂ ਅੰਮ੍ਰਿਤ ਮਿਸ਼ਨ ਤਹਿਤ ਸਟੈਮੀ ਪ੍ਰੋਜੈਕਟ ਅਧੀਨ ਮਰੀਜ਼ ਦੀ ਬਚਾਈ ਗਈ ਜਾਨ



ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ) : ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ, ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਵੱਲੋਂ ਇਕ ਜੁਲਾਈ 2025 ਨੂੰ ਪੰਜਾਬ ਦੇ ਕੁੱਲ 23 ਜ਼ਿਲ੍ਹਿਆਂ ਵਿੱਚ ਅੰਮ੍ਰਿਤ ਮਿਸ਼ਨ ਤਹਿਤ ਸਟੈਮੀ ਪ੍ਰੋਗਰਾਮ ਨੂੰ ਲਾਂਚ ਕੀਤਾ ਗਿਆ ਸੀ। ਜੋ ਕਿ ਸਵੀਅਰ ਹਾਰਟ ਅਟੈਕ ਦੇ ਮਰੀਜ਼ਾਂ ਲਈ ਇੱਕ ਵਰਦਾਨ ਸਾਬਤ ਹੋਇਆ ਹੈ।

ਇਸੇ ਪ੍ਰੋਗਰਾਮ ਤਹਿਤ ਜਿਲਾ ਅੰਮ੍ਰਿਤਸਰ ਵਿਖੇ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਦੇ ਸਹਿਯੋਗ ਨਾਲ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਵੱਲੋਂ ਅੰਮ੍ਰਿਤ ਮਿਸ਼ਨ ਤਹਿਤ ਸਟੈਮੀ ਪ੍ਰੋਜੈਕਟ ਤਹਿਤ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਇੱਕ ਮਰੀਜ਼ ਦੀ ਜਾਨ ਬਚਾਈ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਕਿਹਾ, ਇਸ ਪ੍ਰੋਗਰਾਮ ਤਹਿਤ ਅੰਮ੍ਰਿਤ ਮਿਸ਼ਨ (ਐਕਿਊਟ ਮਾਇਓ ਕਾਰਡੀਅਲ ਰੀਪਰਫਿਊਸ਼ਨ ਇਨ ਟਾਈਮ) ਮਿਸ਼ਨ ਤਹਿਤ ਸਟੈਮੀ (ਐਸ.ਟੀ. ਸੈਗਮੈਂਟ ਐਲੀਵੇਟਿਡ ਮਾਓਕਾਰਡੀਅਲ ਇਨਫੋਕਸ਼ਨ) ਪ੍ਰੋਗਰਾਮ ਅਧੀਨ ਸਵੀਅਰ ਹਾਰਟ ਅਟੈਕ ਦੇ ਮਰੀਜ਼ਾਂ ਨੂੰ ਇਕ ਟੈਨੀਐਕਟੀਲੇਜ ਨਾਮ ਦਾ ਇੰਜੈਕਸ਼ਨ ਲਗਾਇਆ ਜਾਂਦਾ ਹੈ, ਜੋ ਕਿ ਮਾਹਰ ਡਾਕਟਰ ਦੀ ਦੇਖ ਰੇਖ ਵਿੱਚ ਈਸੀਜੀ ਦੀਆਂ ਰਿਪੋਰਟਾਂ ਦੀ ਜਾਂਚ ਕਰਨ ਉਪਰੰਤ ਲਗਾਇਆ ਜਾਂਦਾ ਹੈ। ਇਸ ਇੰਜੈਕਸ਼ਨ ਨਾਲ ਸਵੀਅਰ ਹਾਰਟ ਅਟੈਕ ਦੇ ਮਰੀਜ਼ਾਂ ਨੂੰ ਇੱਕ ਵੱਡੀ ਰਾਹਤ ਦਿੱਤੀ ਜਾਂਦੀ ਹੈ, ਇਸ ਪ੍ਰੋਗਰਾਮ ਤਹਿਤ ਇਹ ਟੀਕਾ ਜੋ ਕਿ ਬਾਜ਼ਾਰ ਵਿੱਚ ਬਹੁਤ ਹੀ ਮਹਿੰਗੇ ਰੇਟ 'ਤੇ ਮਿਲਦਾ ਹੈ। ਸਰਕਾਰ ਵੱਲੋਂ ਸਿਵਲ ਹਸਪਤਾਲਾਂ ਅਤੇ ਐਸਡੀਐਚ ਪੱਧਰ 'ਤੇ ਮੁਫਤ ਪ੍ਰਦਾਨ ਕੀਤਾ ਜਾਂਦਾ ਹੈ।

ਇਸੇ ਪ੍ਰੋਗਰਾਮ ਤਹਿਤ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਐਸਐਮਓ ਡਾ ਰਸ਼ਮੀ ਵਿੱਜ ਅਤੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਇੱਕ ਮਰੀਜ਼ ਨੂੰ ਸਵੀਅਰ ਹਾਰਟ ਅਟੈਕ ਆਉਣ 'ਤੇ ਸਮੇਂ 'ਤੇ ਜੀਵਨ ਰੱਖਿਅਕ ਇੰਜੈਕਸ਼ਨ ਲਗਾ ਕੇ ਸਟੈਮੀ ਪ੍ਰੋਗਰਾਮ ਤਹਿਤ ਮਰੀਜ਼ ਦੀ ਜਾਨ ਬਚਾਈ ਗਈ। ਇਸ ਉਪਰੰਤ ਮਰੀਜ਼ ਨੂੰ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਰੈਫਰ ਕਰ ਦਿੱਤਾ ਗਿਆ।ਜਿੱਥੇ ਕਿ ਡੀ.ਐਮ. ਕਾਰਡੀਓਲੋਜੀ ਡਾ ਪਰਮਿੰਦਰ ਸਿੰਘ ਵੱਲੋਂ ਮਰੀਜ਼ ਦਾ ਬਾਕੀ ਇਲਾਜ ਕੀਤਾ ਜਾ ਰਿਹਾ ਹੈ।

ਇਸ ਅਵਸਰ 'ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਕਮ ਨੋਡਲ ਅਫਸਰ ਸਟੈਮੀ ਪ੍ਰੋਗਰਾਮ ਡਾ ਨੀਲਮ ਭਗਤ ਨੇ ਦੱਸਿਆ ਕਿ ਜਿਲਾ ਪੱਧਰ ਤੇ ਸਟੈਮੀ ਪ੍ਰੋਗਰਾਮ ਤਹਿਤ ਮਾਹਰ ਡਾਕਟਰਾਂ ਦੀ ਇੱਕ ਟੀਮ ਬਣਾਈ ਗਈ ਹੈ, ਜੋ ਕਿ ਐਮਰਜੰਸੀ ਹਾਲਾਤਾਂ ਵਿੱਚ ਮਰੀਜ਼ ਦੀ ਈਸੀਜੀ ਅਤੇ ਹੋਰ ਰਿਪੋਰਟਾਂ ਦੀ ਜਾਂਚ ਕਰਨ ਉਪਰੰਤ ਇਸ ਇੰਜੈਕਸ਼ਨ ਨੂੰ ਰਿਕਮੈਂਡ ਕਰਦੀਆਂ ਹਨ। ਇਸ ਇੰਜੈਕਸ਼ਨ ਦੀ ਮੱਦਦ ਨਾਲ ਬਹੁਤ ਸਾਰੇ ਸਵੀਅਰ ਹਾਰਟ ਅਟੈਕ ਦੇ ਮਰੀਜ਼ਾਂ ਦੀ ਜਾਨ ਬਚਾਈ ਜਾ ਸਕੇਗੀ।

# ਖ਼ਾਲਸਾ ਕਾਲਜ ਨਰਸਿੰਗ ਵੱਲੋਂ ਸਵੱਛਤਾ 'ਤੇ ਵਿੱਦਿਅਕ ਪ੍ਰੋਗਰਾਮ ਕਰਵਾਇਆ



ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ/ਗੁਰਦਿਆਲ ਸਿੰਘ) : ਖ਼ਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਵਾਤਾਵਰਨ ਸਵੱਛਤਾ 'ਤੇ ਵਿੱਦਿਅਕ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਰਸਿੰਗ ਟਿਊਟਰਸ ਅਮਰਦੀਪ ਕੌਰ ਅਤੇ ਸਿਮਰਨਜੀਤ ਕੌਰ ਦੀ ਅਗਵਾਈ ਹੇਠ ਜੀ. ਐੱਨ. ਐੱਮ. ਤੀਜੇ ਸਾਲ ਦੇ ਵਿਦਿਆਰਥੀਆਂ ਨੇ ਅਰਬਨ ਕਮਿਊਨਿਟੀ ਹੈਲਥ ਸੈਂਟਰ, ਨਰਾਇਣਗੜ੍ਹ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਪ੍ਰੀਤ ਸਿੰਘ ਵਾਲੀਆ ਅਤੇ ਮੈਡੀਕਲ ਅਫ਼ਸਰ ਡਾ. ਗੀਤੀਕਾ ਸੋਹਲ ਦੀ ਮੌਜੂਦਗੀ 'ਚ ਉਕਤ ਪ੍ਰੋਗਰਾਮ ਦੌਰਾਨ ਸਾਫ਼ ਅਤੇ ਸਿਹਤਮੰਦ ਵਾਤਾਵਰਨ ਬਣਾਈ ਰੱਖਣ ਦੀ ਮਹੱਤਤਾ ਸਬੰਧੀ ਜਾਗਰੂਕਤਾ ਪੈਦਾ ਕਰਦਿਆਂ ਵਿਚਾਰ ਸਾਂਝੇ ਕੀਤੇ।

ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਵਾਤਾਵਰਨ 'ਤੇ ਮਨੁੱਖੀ ਕਾਰਵਾਈਆਂ ਦੇ ਪ੍ਰਭਾਵ ਅਤੇ ਪ੍ਰਦੂਸ਼ਨ ਨੂੰ ਘਟਾਉਣ ਦੇ ਤਰੀਕਿਆਂ ਸਬੰਧੀ ਗਿਆਨ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਵੱਖ—ਵੱਖ ਪੋਸਟਰਾਂ ਦੀ ਪ੍ਰਦਰਸ਼ਨੀ ਲਗਾਈ ਅਤੇ ਸਾਫ਼ ਅਤੇ ਟਿਕਾਊ ਵਾਤਾਵਰਨ ਬਣਾਈ ਰੱਖਣ 'ਚ ਇਨਸਾਨ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਇਸ ਮੌਕੇ ਵਿਦਿਆਰਥੀਆਂ ਨੇ ਹਾਜ਼ਰ ਲੋਕਾਂ ਨੂੰ ਆਪਣੇ ਰੋਜ਼ਾਨਾ ਜੀਵਨ 'ਚ ਵਾਤਾਵਰਨ ਅਨੁਕੂਲ ਅਭਿਆਸਾਂ ਨੂੰ ਅਪਨਾਉਣ ਲਈ ਉਤਸ਼ਾਹਿਤ ਕੀਤਾ।

ਇਸ ਮੌਕੇ ਡਾ. ਵਾਲੀਆ ਅਤੇ ਡਾ. ਸੋਹਲ ਨੇ ਵਿਦਿਆਰਥੀਆਂ ਦੁਆਰਾ ਉਲੀਕੇ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਭਵਿੱਖ 'ਚ ਜਾਗਰੂਕਤਾ ਪ੍ਰੋਗਰਾਮਾਂ ਨੂੰ ਉਲੀਕਣ ਲਈ ਪ੍ਰੇਰਿਤ ਕੀਤਾ।

# ਗੁਰੂ ਨਗਰੀ ਵਿਖੇ ਐਤਵਾਰ ਦੀ ਸਵੇਰ ਤੋਂ ਹੋ ਰਹੀ ਮੂਸਲਾਧਾਰ ਬਾਰਿਸ਼, ਹੈਰੀਟੇਜ ਸਟਰੀਟ 'ਤੇ ਭਰਿਆ ਪਾਣੀ




ਅੰਮ੍ਰਿਤਸਰ, 7 ਜੁਲਾਈ, (ਬਬਲੂ ਮਹਾਜਨ) : ਗੁਰੂ ਨਗਰੀ ਵਿਖੇ ਐਤਵਾਰ ਦੀ ਸਵੇਰ ਤੋਂ ਹੋ ਰਹੀ ਮੁਸਲਾਧਾਰ ਬਾਰਿਸ਼ ਕਾਰਨ ਹੈਰੀਟੇਜ ਸਟਰੀਟ ਇਕ ਵਾਰ ਫਿਰ ਪੂਰੀ ਤਰ੍ਹਾਂ ਪਾਣੀ ਵਿਚ ਡੁੱਬਿਆ ਨਜ਼ਰ ਆਇਆ। ਕਰੋੜਾਂ ਦੀ ਲਾਗਤ ਨਾਲ ਬਣੇ ਅੰਮ੍ਰਿਤਸਰ ਦੇ ਹੈਰੀਟੇਜ ਸਟਰੀਟ 'ਚ ਪਾਣੀ ਦੀ ਨਿਕਾਸੀ ਦਾ ਮਾੜਾ ਹਾਲ ਸਬੰਧੀ ਗੱਲਬਾਤ ਕਰਦਿਆਂ ਬਾਹਰੋਂ ਆਏ ਸੈਲਾਨੀਆਂ ਨੇ ਕਿਹਾ ਕਿ ਅੱਜ ਹੋਈ ਬਾਰਿਸ਼ ਨੇ ਅੰਮ੍ਰਿਤਸਰ ਪ੍ਰਸ਼ਾਸਨ ਦੇ ਮਾੜੇ ਇੰਤਜ਼ਾਮ ਦੀ ਪੋਲ ਖੋਲ੍ਹ ਦਿੱਤੀ ਹੈ । ਉਨ੍ਹਾਂ ਦੱਸਿਆ ਕਿ ਬਾਹਰੋਂ ਆਉਣ ਵਾਲੀਆਂ ਸੰਗਤਾਂ, ਕਈ ਰਾਜਨੀਤਿਕ ਹਸਤੀਆਂ ਅਤੇ ਮਹਾਨ ਸ਼ਖ਼ਸੀਅਤਾਂ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਲਈ ਇਸੇ ਰਸਤੇ ਤੋਂ ਹੀ ਜਾਂਦੀਆਂ ਹਨ, ਜਿਸ ਦਾ ਕੁਝ ਕੁ ਸਮੇਂ ਦੀ ਬਾਰਿਸ਼ ਨਾਲ ਜਲਥਲ ਹੋਣਾ ਅੰਮ੍ਰਿਤਸਰ ਪ੍ਰਸ਼ਾਸਨ 'ਤੇ ਸਵਾਲੀਆ ਨਿਸ਼ਾਨ ਪੈਦਾ ਕਰਦਾ ਹੈ। ਇਨ੍ਹਾਂ ਹੀ ਨਹੀਂ ਇਸ ਤੋਂ ਇਲਾਵਾ ਸ਼ਹੀਦਾਂ ਦੇ ਯਾਦਗਾਰੀ ਸਮਾਰਕ ਜੱਲ੍ਹਿਆਂਵਾਲਾ ਬਾਗ ਨੂੰ ਜਾਣ ਲਈ ਯਾਤਰੀ ਇਸੇ ਰਸਤੇ ਤੋਂ ਹੋ ਕੇ ਜਾਂਦੇ ਹਨ। ਇੱਥੇ ਇਹ ਵੀ ਦੱਸਣਯੋਗ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲਾ ਇਹ ਹੀ ਮੇਨ ਰਸਤਾ ਹੈ ਅਤੇ ਦੇਖਣਾ ਇਹ ਹੈ ਕਿ ਹੁਣ ਪ੍ਰਸ਼ਾਸਨ ਇਸ ਵੱਲ ਕਦੋਂ ਧਿਆਨ ਦਿੰਦਾ ਹੈ। ਅੰਮ੍ਰਿਤਸਰ ਵਿਖੇ ਪਿਛਲੇ ਤਿੰਨ ਚਾਰ ਦਿਨਾਂ ਤੋਂ ਹੋ ਰਹੀ ਬਾਰਿਸ਼ ਨਾਲ ਮੌਸਮ ਵਿੱਚ ਵੀ ਕਾਫੀ ਤਬਦੀਲੀ ਆ ਗਈ ਹੈ। ਇਸ ਭਾਰੀ ਬਾਰਿਸ਼ ਨਾਲ ਲੋਕਾਂ ਨੂੰ ਗਰਮੀ ਤੋਂ ਵੱਡੀ ਰਾਹਤ ਵੀ ਮਿਲੀ ਹੈ, ਹਾਲਾਂਕਿ ਬੀਤੇ ਦਿਨੀਂ ਚਮਾਸਿਆਂ ਦੇ ਨਾਲ ਲੋਕਾਂ ਦਾ ਬੁਰਾ ਹਾਲ ਹੋਇਆ ਪਿਆ ਸੀ ਜਿਹੜਾ ਕਿ ਇਸ ਭਾਰੀ ਬਰਸਾਤ ਦੇ ਹੋਣ ਨਾਲ ਕਾਫੀ ਹੱਦ ਤੱਕ ਠੀਕ ਹੋ ਗਿਆ ਹੈ।

# 'ਗੁਰਬਾਣੀ ਕੀਰਤਨ ਨਾਲ ਬੱਚਿਆਂ ਨੂੰ ਜੋੜਨ ਦਾ ਉਪਰਾਲਾ' ਤਹਿਤ ਗੁਰਦੁਆਰਾ ਗੁਰੂ ਹਰਕ੍ਰਿਸ਼ਨ ਸਾਹਿਬ ਵਿਖੇ ਕਰਵਾਇਆ ਸਨਮਾਨ ਸਮਾਗਮ



ਲੁਧਿਆਣਾ, 7 ਜੁਲਾਈ (ਰਵਿੰਦਰ ਸਿੰਘ ਨਿੱਝਰ): ਸਿੱਖ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਦੇ ਨਾਲ ਸੰਗਤਾਂ ਨੂੰ ਵੱਧ ਤੋਂ ਵੱਧ ਜੋੜਨ ਅਤੇ ਆਪਣੀ ਉਸਾਰੂ ਸੋਚ ਨੂੰ ਪੰਥਕ ਸੇਵਾ ਕਾਰਜਾਂ ਵਿੱਚ ਲਗਾਉਣ ਵਾਲਿਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਉਨ੍ਹਾਂ ਦੇ ਪ੍ਰਬੰਧਕ ਸਮੁੱਚੀ ਕੌਮ ਦੇ ਲਈ ਇੱਕ ਚਾਨਣ ਮੁਨਾਰਾ ਹੁੰਦੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿੱਖ ਪ੍ਰਚਾਰਕ ਸਿੱਖ ਗਿਆਨੀ ਗੁਰਮੁੱਖ ਸਿੰਘ ਨੇ ਬੀਤੀ ਸ਼ਾਮ ਗੁਰਦੁਆਰਾ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਪ੍ਰੀਤਮ ਨਗਰ,ਸਿਵਿਲ ਲਾਈਨਜ਼ ਲੁਧਿਆਣਾ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਆਯੋਜਿਤ ਕੀਤੇ ਗਏ ਸਨਮਾਨ ਸਮਾਗਮ ਵਿੱਚ ਇਕੱਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ। ਇਸ ਸਮੇਂ ਸਿੱਖ ਸਾਹਿਬ ਗਿਆਨੀ ਗੁਰਮੁੱਖ ਸਿੰਘ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੁਧਿਆਣਾ ਸ਼ਹਿਰ ਦੇ ਵੱਖ ਵੱਖ ਗੁਰਦੁਆਰਿਆਂ ਅੰਦਰ ਬੱਚਿਆਂ ਨੂੰ ਗੁਰਬਾਣੀ ਕੀਰਤਨ ਗਾਇਨ ਕਰਨ ਦੀ ਕਲਾ ਨਾਲ ਜੋੜਨ ਵਾਲਿਆਂ ਸੱਤ ਉਸਤਾਦ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਨ ਲਈ ਆਯੋਜਿਤ ਕੀਤੇ ਗਏ ਸਨਮਾਨ ਸਮਾਗਮ ਨੂੰ ਇੱਕ ਪ੍ਰੇਰਨਾ ਸਰੋਤ ਸਮਾਗਮ ਦੱਸਿਆ ਅਤੇ ਉਕਤ ਉਸਤਾਦ ਸ਼ਖ਼ਸੀਅਤਾਂ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਸਿਰਪਾਉ ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਪ੍ਰਿੰਸੀਪਲ ਸਿੰਘ ਧਮੀਜਾ ਨੇ ਆਪਣੇ ਪ੍ਰਭਾਵਸ਼ਾਲੀ ਸੰਬੋਧਨ ਵਿੱਚ ਕਿਹਾ ਕਿ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਤੇ ਵਿਸ਼ੇਸ਼ ਕਰਕੇ ਬੱਚਿਆਂ ਨੂੰ ਗੁਰੂ ਸਾਹਿਬ ਦੇ ਸਿਧਾਂਤਾਂ ਨਾਲ ਜੋੜਨ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾ ਰਹੇ ਉਪਰਾਲੇ ਸੇਵਾ ਲਹਿਰ ਦਾ ਹਿੱਸਾ ਹਨ। ਇਸ ਦੌਰਾਨ ਉਨ੍ਹਾਂ ਨੇ ਸਮਾਗਮ ਅੰਦਰ ਵਿਸ਼ੇਸ਼ ਤੌਰ 'ਤੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਜਿਨ੍ਹਾਂ ਵਿੱਚ ਸਿੱਖ ਸਾਹਿਬ ਗਿਆਨੀ ਗੁਰਮੁੱਖ ਸਿੰਘ, ਪ੍ਰਿਤਪਾਲ ਸਿੰਘ ਮੈਂਬਰ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ),ਯੂਨਾਈਟਿਡ ਸਿੱਖਸ ਸੰਸਥਾ ਦੇ ਪੰਜਾਬ ਦੇ ਡਾਇਰੈਕਟਰ ਅੰਮ੍ਰਿਤਪਾਲ ਸਿੰਘ, ਹਰਜੀਤ ਸਿੰਘ ਆਨੰਦ, ਗੁਰਦੀਪ ਸਿੰਘ ਡੀਮਾਰਟ ਪ੍ਰਧਾਨ ਮਾਡਲ ਟਾਊਨ ਐਕਸਟੈਨਸ਼ਨ ਵੈਲਫੇਅਰ ਸੁਸਾਇਟੀ ਦੇ ਬਲਾਕ, ਯੂਨਾਈਟਿਡ ਵੈਲਫੇਅਰ ਕੌਂਸਲ ਦੇ ਪ੍ਰਧਾਨ ਸੁਰਿੰਦਰਪਾਲ ਸਿੰਘ ਭੁਟੀਆਣੀ, ਅਰਵਿੰਦਰਪਾਲ ਸਿੰਘ ਬੰਟੀ ਸੈਕਟਰੀ ਗੁ. ਮਾਡਲ ਗ੍ਰਾਮ, ਜਸਪਾਲ ਸਿੰਘ ਖੰਡ ਵਾਲੇ ਅਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੀਡੀਆ ਸਲਾਹਕਾਰ ਰਣਜੀਤ ਸਿੰਘ ਖਾਲਸਾ, ਆਦਿ ਸ਼ਾਮਲ ਸਨ ਦਾ ਗੁਰਦੁਆਰਾ ਸਾਹਿਬ ਵਿਖੇ ਪੁੱਜਣ 'ਤੇ ਧੰਨਵਾਦ ਪ੍ਰਗਟ ਕੀਤਾ ਅਤੇ ਸਮੂਹ ਸ਼ਖ਼ਸੀਅਤਾਂ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਅਹੁਦੇਦਾਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਦੁਸ਼ਾਲੇ, ਸਿਰਪਾਉ ਅਤੇ ਸ੍ਰੀ ਸਾਹਿਬ ਭੇਂਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਚੇਅਰਮੈਨ ਸ.ਵਿਜੈ ਪਾਲ ਸਿੰਘ ,ਵਾਇਸ ਵਾਇਸ ਚੇਅਰਮੈਨ ਸ.ਗੁਰਦੀਪ ਸਿੰਘ,ਸ.ਮਲੂਕ ਸਿੰਘ, ਸ.ਹਰੀ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਪਰਮਜੀਤ ਸਿੰਘ ਅਤੇ ਸਰਬਜੀਤ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਭਾਜਪਾ ਜ਼ਿਲ੍ਹਾ ਪ੍ਰਧਾਨ ਨੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਯਾਦਵ ਦਾ ਸਵਾਗਤ ਕੀਤਾ



ਲੁਧਿਆਣਾ, 7 ਜੁਲਾਈ (ਰਵਿੰਦਰ ਸਿੰਘ ਨਿੱਝਰ) : ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਮੋਹਨ ਯਾਦਵ ਦਾ ਅੱਜ ਲੁਧਿਆਣਾ ਪਹੁੰਚਣ 'ਤੇ ਸਾਹਨੇਵਾਲ ਵਿਖੇ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਨੇ ਗੁਲਦਸਤੇ ਨਾਲ ਸਵਾਗਤ ਕੀਤਾ। ਇਸ ਮੌਕੇ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਨੇ ਕਿਹਾ ਕਿ ਜਦੋਂ ਮੁੱਖ ਮੰਤਰੀ ਡਾ. ਮੋਹਨ ਯਾਦਵ ਨੇ ਲੁਧਿਆਣਾ ਦੇ ਉਦਯੋਗਪਤੀਆਂ ਨੂੰ ਸੂਬੇ ਦੀ ਨਵੀਂ ਉਦਯੋਗਿਕ ਨੀਤੀ, ਨਿਵੇਸ਼ ਪ੍ਰਮੋਸ਼ਨ ਸਕੀਮਾਂ, ਪੀਐਮ ਮਿੱਤਰਾ ਪਾਰਕ, ਟੈਕਸਟਾਈਲ ਓਡੀਓਪੀ, ਗਲੋਬਲ ਸਮਰੱਥਾ ਕੇਂਦਰਾਂ ਅਤੇ ਲੌਜਿਸਟਿਕਸ-ਯੋਗ ਕਲੱਸਟਰਾਂ ਬਾਰੇ ਜਾਣਕਾਰੀ ਦਿੱਤੀ ਤਾਂ ਲੁਧਿਆਣਾ ਦੇ ਉਦਯੋਗ ਪ੍ਰਫੁੱਲਤ ਹੋਣਗੇ। ਇਸ ਮੌਕੇ ਭਾਜਪਾ ਦੇ ਸੂਬਾ ਕੋਰ ਗਰੁੱਪ ਮੈਂਬਰ ਜੀਵਨ ਗੁਪਤਾ, ਭਾਜਪਾ ਦੇ ਸੀਨੀਅਰ ਨੇਤਾ ਅਸ਼ੋਕ ਲੂੰਬਾ, ਜ਼ਿਲ੍ਹਾ ਜਨਰਲ ਸਕੱਤਰ ਸਰਦਾਰ ਨਰਿੰਦਰ ਸਿੰਘ ਮੱਲੀ, ਜ਼ਿਲ੍ਹਾ ਉਪ ਪ੍ਰਧਾਨ ਮਹੇਸ਼ ਦੱਤ ਸ਼ਰਮਾ, ਮਨੀਸ਼ ਚੋਪੜਾ ਲੱਕੀ, ਜ਼ਿਲ੍ਹਾ ਸਕੱਤਰ ਸੁਮਿਤ ਟੰਡਨ, ਜ਼ਿਲ੍ਹਾ ਪ੍ਰੈਸ ਸਕੱਤਰ ਡਾ. ਸਤੀਸ਼ ਕੁਮਾਰ, ਦਫ਼ਤਰ ਸਕੱਤਰ ਪਰਵੀਨ ਸ਼ਰਮਾ ਮੌਜੂਦ ਸਨ।

# ਦੀਪ ਲੁਧਿਆਣਵੀ ਨੂੰ ਬੈਸਟ ਟੀਚਰ ਐਵਾਰਡ-2025 ਮਿਲਿਆ



ਲੁਧਿਆਣਾ, 7 ਜੁਲਾਈ (ਰਵਿੰਦਰ ਸਿੰਘ ਨਿੱਝਰ) : ਗੁਰੂ ਨਾਨਕ ਭਵਨ ਲੁਧਿਆਣਾ ਵਿਖੇ "ਆਰਾਧਿਆ ਏਕ ਅਹਿਸਾਸ" ਫਾਊਂਡੇਸ਼ਨ ਮੇਰਠ ਵੱਲੋਂ ਵਿਸ਼ਾਲ ਸਮਾਗਮ ਦਾ ਆਯੋਜਨ ਕਰਕੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਉੱਘੀ ਸਮਾਜ ਸੇਵਿਕਾ ਅਤੇ ਸਮਾਜਿਕ ਸਿੱਖਿਆ ਦੇ ਖੇਤਰ ਵਿੱਚ ਵਡਮੁੱਲੀ ਭੂਮਿਕਾ ਨਿਭਾਉਣ ਵਾਲੀ ਕੁਲਦੀਪ ਕੌਰ (ਦੀਪ ਲੁਧਿਆਣਵੀ) ਕੋਆਰਡੀਨੇਟਰ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਨੂੰ ਵਿਸ਼ੇਸ਼ ਸਨਮਾਨ ਮੁਨੀਸ਼ ਕੁਮਾਰ ਗੁਪਤਾ ਫਾਊਂਡਰ ਫਾਊਂਡੇਸ਼ਨ, ਰੀਨਾ ਡਾਇਰੈਕਟਰ ਫਾਊਂਡੇਸ਼ਨ ਅਤੇ ਵਰਿੰਦਰ ਅਰੋੜਾ ਸਹਾਇਕ ਡਾਇਰੈਕਟਰ ਨੇ ਭੇਂਟ ਕੀਤਾ।

ਇਸ ਸਮੇਂ ਸ਼੍ਰੀ ਗੁਪਤਾ ਨੇ ਕਿਹਾ ਕਿ ਦੀਪ ਲੁਧਿਆਣਵੀ ਦੀਆਂ ਸਮਾਜ ਪ੍ਰਤੀ ਅਤੇ ਸਿੱਖਿਆ ਦੇ ਖੇਤਰ ਵਿੱਚ ਵਡਮੁੱਲੀ ਸੇਵਾ ਕਰਨ ਬਦਲੇ ਉਨਾਂ ਦੀ ਚੋਣ ਸਾਡੀ ਫਾਊਂਡੇਸ਼ਨ ਵੱਲੋਂ ਕੀਤੀ ਗਈ ਹੈ। ਉਹਨਾਂ ਕਿਹਾ ਕਿ ਉਹ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਨਾਲ ਮਿਲ ਕੇ ਸਾਡੇ ਗੌਰਵਮਈ ਇਤਿਹਾਸ ਨੂੰ ਦੇਸ਼ ਵਿਦੇਸ਼ ਵਿੱਚ ਲਿਜਾਣ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ।ਉਹਨਾਂ ਕਿਹਾ ਕਿ ਅਸੀਂ ਉਹਨਾਂ ਨੂੰ ਸਨਮਾਨ ਦੇ ਕੇ ਮਾਣ ਮਹਿਸੂਸ ਕਰ ਰਹੇ ਹਾਂ। ਇਸ ਸਮੇਂ ਦੀਪ ਲੁਧਿਆਣਾਵੀ ਨੇ ਸਮੁੱਚੀ ਫਾਊਂਡੇਸ਼ਨ ਦਾ ਧੰਨਵਾਦ ਕੀਤਾ।ਉਹਨਾਂ ਕਿਹਾ ਕਿ ਇਹ ਸਨਮਾਨ ਮੇਰੇ ਲਈ ਪ੍ਰੇਰਨਾਸ੍ਰੋਤ ਹੈ। ਮੈਨੂੰ ਇਸ ਨਾਲ ਊਰਜਾ ਮਿਲੀ ਹੈ। ਇਸ ਸਮੇਂ ਸੀਮਾ ਮਲਹੋਤਰਾ, ਸੁਭਾਸ਼ਨੀ ਦੇਵੀ, ਰਾਜਵੀਰ ਗਰੇਵਾਲ, ਜਸਵੀਰ ਜੱਸੀ, ਕਮਲ, ਹਰਪ੍ਰੀਤ ਸਿੰਘ, ਅਨੂਪ ਸ਼ਰਮਾ, ਮੋਨਿਕਾ ਮਲਹੋਤਰਾ ਆਦਿ ਹਾਜ਼ਰ ਸਨ।

# ਸਵਦੇਸ਼ੀ ਸੁਰੱਖਿਆ ਅਤੇ ਸਵੈ-ਨਿਰਭਰਤਾ ਮੁਹਿੰਮ ਲੁਧਿਆਣਾ ਤੋਂ ਸ਼ੁਰੂ ਹੋਵੇਗੀ



ਲੁਧਿਆਣਾ, 7 ਜੁਲਾਈ (ਰਵਿੰਦਰ ਸਿੰਘ ਨਿੱਝਰ) : ਸਵਦੇਸ਼ੀ ਜਾਗਰਣ ਮੰਚ ਦੀ ਪੰਜਾਬ ਟੀਮ ਦੀ ਇੱਕ ਮੀਟਿੰਗ ਸਥਾਨਕ ਹੋਟਲ ਵਿਖੇ ਹੋਈ ਜਿਸ ਵਿੱਚ 9 ਜੁਲਾਈ ਨੂੰ ਆਯੋਜਿਤ ਕੀਤੇ ਜਾ ਰਹੇ ਸਵਦੇਸ਼ੀ ਸੁਰੱਖਿਆ ਅਤੇ ਸਵਾਵਲੰਬਨ ਅਭਿਆਨ ਦੇ ਲਾਂਚ ਪ੍ਰੋਗਰਾਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ 'ਤੇ, ਪੰਜਾਬ, ਹਿਮਾਚਲ ਅਤੇ ਜੰਮੂ ਕਸ਼ਮੀਰ ਦੇ ਸਵਦੇਸ਼ੀ ਜਾਗਰਣ ਮੰਚ ਦੇ ਇੰਚਾਰਜ ਪ੍ਰਬੰਧਕ, ਸ੍ਰੀ ਵਿਨੋਦ ਜੀ ਨੇ ਕਿਹਾ ਕਿ ਸਵਦੇਸ਼ੀ ਜਾਗਰਣ ਮੰਚ ਵੱਲੋਂ ਸ਼ੁਰੂ ਕੀਤੀ ਜਾ ਰਹੀ ਸਵਦੇਸ਼ੀ ਸੁਰੱਖਿਆ ਅਤੇ ਸਵੈ-ਨਿਰਭਰਤਾ ਮੁਹਿੰਮ ਦਾ ਉਦੇਸ਼ 'ਆਪ੍ਰੇਸ਼ਨ ਸਿੰਦੂਰ' ਦੇ ਲਾਗੂ ਹੋਣ ਤੋਂ ਬਾਅਦ ਦੇਸ਼ ਭਰ ਵਿੱਚ ਜਾਗ੍ਰਿਤ ਹੋਈ ਸਵਦੇਸ਼ੀ ਦੀ ਭਾਵਨਾ ਨੂੰ ਤੇਜ਼ ਕਰਨਾ ਅਤੇ ਸਵਦੇਸ਼ੀ ਦੇ ਵਿਚਾਰ ਅਤੇ ਅਭਿਆਸ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਵਿਆਪਕ ਜਨਤਕ ਜਾਗਰੂਕਤਾ ਪੈਦਾ ਕਰਨਾ ਹੈ। ਲੁਧਿਆਣਾ ਵਿਭਾਗ ਦੇ ਕਨਵੀਨਰ ਸ੍ਰੀ ਜਤਿੰਦਰ ਨੇ ਦੱਸਿਆ ਕਿ 9 ਜੁਲਾਈ ਨੂੰ ਹੋਣ ਵਾਲੇ ਪ੍ਰੋਗਰਾਮ ਵਿੱਚ, ਸਵਦੇਸ਼ੀ ਜਾਗਰਣ ਮੰਚ ਦੇ ਆਲ ਇੰਡੀਆ ਸਹਿ-ਸੰਯੋਜਕ, ਮਾਣਯੋਗ ਸ੍ਰੀ ਸਤੀਸ਼ ਕੁਮਾਰ ਲੁਧਿਆਣਾ ਆ ਰਹੇ ਹਨ ਅਤੇ ਇਸ ਪ੍ਰੋਗਰਾਮ ਵਿੱਚ, ਪੰਜਾਬ ਦੇ ਉਦਯੋਗ ਮੰਤਰੀ ਸ੍ਰੀ ਸੰਜੀਵ ਅਰੋੜਾ ਵੀ ਮੁੱਖ ਮਹਿਮਾਨ ਵਜੋਂ ਪਹੁੰਚ ਰਹੇ ਹਨ।

ਇਸ ਮੀਟਿੰਗ ਵਿੱਚ ਦਿੱਲੀ ਕੇਂਦਰੀ ਦਫ਼ਤਰ ਤੋਂ ਸਕੱਤਰ ਸ੍ਰੀ ਮੋਹਿਤ ਗੋਇਲ ਮੌਜੂਦ ਸਨ। ਲੁਧਿਆਣਾ ਦੀ ਮਸ਼ਹੂਰ ਸਮਾਜ ਸੇਵਿਕਾ ਸ੍ਰੀਮਤੀ ਰਾਸ਼ੀ ਅਗਰਵਾਲ, ਸਰਦਾਰ ਗੁਰਦੀਪ ਸਿੰਘ ਗੋਸ਼ਾ, ਮਸ਼ਹੂਰ ਉਦਯੋਗਪਤੀ ਰਾਜਨ ਵਿਆਸ, ਦਿਨੇਸ਼ ਭਾਟੀਆ, ਪਰਮਿੰਦਰ ਸਿੰਘ ਸਿੱਧੂ, ਪ੍ਰਭਜੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਮੰਤਰੀ ਈ.ਟੀ.ਓ. ਵੱਲੋਂ ਲੋਕ ਨਿਰਮਾਣ ਵਿਭਾਗ ਦਫ਼ਤਰ 'ਚ ਅਚਨਚੇਤ ਨਿਰੀਖਣ





ਲੁਧਿਆਣਾ,7 ਜੁਲਾਈ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ) ਲੁਧਿਆਣਾ ਡਿਵੀਜ਼ਨ ਦੀਆਂ ਵੱਖ-ਵੱਖ ਸ਼ਾਖਾਵਾਂ ਦਾ ਅਚਨਚੇਤ ਨਿਰੀਖਣ ਕੀਤਾ ਤਾਂ ਜੋ ਕਰਮਚਾਰੀਆਂ ਦੇ ਸਮੇਂ ਦੀ ਪਾਬੰਦਤਾ ਅਤੇ ਕਾਰਜਸ਼ੀਲ ਕੁਸ਼ਲਤਾ ਦਾ ਮੁਲਾਂਕਣ ਕੀਤਾ ਜਾ ਸਕੇ। ਇਸ ਨਿਰੀਖਣ ਦਾ ਉਦੇਸ਼ ਇਹ ਯਕੀਨੀ ਬਣਾਉਣਾ ਸੀ ਕਿ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਨਿਰਵਿਘਨ ਕੰਮ ਕਰਨ ਅਤੇ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ 'ਤੇ ਧਿਆਨ ਕੇਂਦ੍ਰਤ ਕਰਨ। ਨਿਰੀਖਣ ਦੌਰਾਨ ਮੰਤਰੀ ਈ.ਟੀ.ਓ ਨੇ ਵੱਖ-ਵੱਖ ਸ਼ਾਖਾਵਾਂ ਵਿੱਚ ਸਟਾਫ ਦੀ ਮੌਜੂਦਗੀ ਦੀ ਪੁਸ਼ਟੀ ਕਰਨ ਲਈ ਹਾਜ਼ਰੀ ਰਜਿਸਟਰਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ। ਉਨ੍ਹਾਂ ਨੇ ਸਮੇਂ ਦੀ ਪਾਬੰਦਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਇਹ ਕਹਿੰਦੇ ਹੋਏ ਕਿ ਅਨੁਸ਼ਾਸਨ ਬਣਾਈ ਰੱਖਣ ਅਤੇ ਸੁਚਾਰੂ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਕਾਰਜ ਸਥਾਨ 'ਤੇ ਸਮੇਂ ਸਿਰ ਪਹੁੰਚਣਾ ਜ਼ਰੂਰੀ ਹੈ। ਉਨ੍ਹਾਂ ਨੇ ਕਰਮਚਾਰੀਆਂ ਨੂੰ ਦਫ਼ਤਰੀ ਸਮੇਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਕਸਾਰ ਸਮੇਂ ਦੀ ਪਾਬੰਦਤਾ ਜਨਤਕ ਸੇਵਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਅਤੇ ਵਿਭਾਗ ਦੀ ਭਰੋਸੇਯੋਗਤਾ ਨੂੰ ਵਧਾਉਂਦੀ ਹੈ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਆਪਣੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੇ ਅਣਗਿਹਲੀ ਕਰਨ ਤੋਂ ਬਚਣ ਅਤੇ ਸਾਰੇ ਚੱਲ ਰਹੇ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ ਨੂੰ ਤਰਜੀਹ ਦੇਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਪ੍ਰੋਜੈਕਟ ਲਾਗੂ ਕਰਨ ਵਿੱਚ ਦੇਰੀ ਜਨਤਾ ਦੇ ਵਿਸ਼ਵਾਸ ਨੂੰ ਕਮਜ਼ੋਰ ਕਰ ਸਕਦੀ ਹੈ ਅਤੇ ਕੁਸ਼ਲ ਸੇਵਾਵਾਂ ਪ੍ਰਦਾਨ ਕਰਨ ਦੇ ਸਰਕਾਰ ਦੇ ਯਤਨਾਂ ਨੂੰ ਰੋਕ ਸਕਦੀ ਹੈ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਈ.ਟੀ.ਓ ਨੇ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਇੱਕ ਸਰਗਰਮ ਪਹੁੰਚ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਨੁਸ਼ਾਸਿਤ ਕਾਰਜ ਨੈਤਿਕਤਾ ਵਿਭਾਗੀ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਬੁਨਿਆਦ ਹੈ। ਉਨ੍ਹਾਂ ਸੀਨੀਅਰ ਅਧਿਕਾਰੀਆਂ ਨੂੰ ਹਾਜ਼ਰੀ ਅਤੇ ਪ੍ਰੋਜੈਕਟ ਦੀ ਪ੍ਰਗਤੀ 'ਤੇ ਨੇੜਿਓਂ ਨਜ਼ਰ ਰੱਖਣ ਲਈ ਵੀ ਕਿਹਾ, ਇਹ ਯਕੀਨੀ ਬਣਾਉਣ ਲਈ ਕਿ ਸਮੇਂ ਦੀ ਪਾਬੰਦਤਾ ਜਾਂ ਪ੍ਰਦਰਸ਼ਨ ਵਿੱਚ ਕਿਸੇ ਵੀ ਕਮੀ ਨੂੰ ਤੁਰੰਤ ਦੂਰ ਕੀਤਾ ਜਾਵੇ।

# ਰੰਗਾਈ ਉਦਯੋਗਾਂ ਅਤੇ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਵਿਰੁੱਧ ਧਰਨਾ ਪ੍ਰਦਰਸ਼ਨ

ਲੁਧਿਆਣਾ, 7 ਜੁਲਾਈ (ਰਵਿੰਦਰ ਸਿੰਘ ਨਿੱਝਰ) : ਵਾਰਡ ਨੰਬਰ 17 ਦੇ ਵਸਨੀਕਾਂ ਨੇ ਪੰਜਾਬ ਸਰਕਾਰ, ਰੰਗਾਈ ਉਦਯੋਗਾਂ ਅਤੇ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਵਿਰੁੱਧ ਪ੍ਰਦਰਸ਼ਨ ਕੀਤਾ।ਉਨ੍ਹਾਂ ਨੇ ਰਿਹਾਇਸ਼ੀ ਇਲਾਕਿਆਂ ਵਿੱਚ ਰਸਾਇਣਕ ਪਾਣੀ ਛੱਡੇ ਜਾਣ 'ਤੇ ਗੁੱਸਾ ਪ੍ਰਗਟ ਕੀਤਾ। ਕੌਂਸਲਰ ਦੇ ਪਤੀ ਜਤਿੰਦਰ ਗੋਰੀਆ ਨੇ ਲੋਕਾਂ ਨੂੰ ਨਾਲ ਲੈ ਕੇ ਪ੍ਰਦੂਸ਼ਨ ਦਫ਼ਤਰ ਦੇ ਬਾਹਰ ਧਰਨਾ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ, ਰੰਗਾਈ ਫੈਕਟਰੀਆਂ ਅਤੇ ਪ੍ਰਦੂਸ਼ਨ ਬੋਰਡ ਵਿਰੁੱਧ ਨਾਅਰੇਬਾਜ਼ੀ ਕੀਤੀ। ਗੋਰੀਆ ਨੇ ਕਿਹਾ ਕਿ ਰੰਗਾਈ ਉਦਯੋਗ ਪੂਰੇ ਸ਼ਹਿਰ ਵਿੱਚ ਰਸਾਇਣਕ ਪਾਣੀ ਛੱਡਦੇ ਹਨ, ਜਿਸ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਲੱਗਭੱਗ ਤਿੰਨ ਘੰਟੇ ਧਰਨਾ ਜਾਰੀ ਰਹਿਣ ਤੋਂ ਬਾਅਦ, ਪੀਪੀਸੀਬੀ ਦੇ ਐਸਡੀਓ ਮੌਕੇ 'ਤੇ ਪਹੁੰਚੇ ਅਤੇ ਪ੍ਰਦਰਸ਼ਨਕਾਰੀਆਂ ਨਾਲ ਗੱਲਬਾਤ ਕੀਤੀ। ਐਸਡੀਓ ਨੇ ਕਾਰਵਾਈ ਦਾ ਭਰੋਸਾ ਦਿੰਦੇ ਹੋਏ ਕਿਹਾ ਕਿ ਸੋਮਵਾਰ ਨੂੰ ਗੰਦੇ ਖੇਤਰ ਦੀ ਸਫਾਈ ਕੀਤੀ ਜਾਵੇਗੀ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਰਸਾਇਣਕ ਪਾਣੀ ਛੱਡਣ ਵਾਲਿਆਂ ਨੂੰ ਜੁਰਮਾਨਾ ਕੀਤਾ ਜਾਵੇਗਾ।ਜਤਿੰਦਰ ਗੋਰੀਆ ਨੇ ਕਿਹਾ ਕਿ ਅਧਿਕਾਰੀਆਂ ਦੀ ਲਾਪਰਵਾਹੀ ਕਾਰਨ ਜਨਤਾ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਸੁਸ਼ੀਲ ਸਿੰਘ, ਟਿੱਬਾ ਰੋਡ ਮੰਡਲ ਦੇ ਜਨਰਲ ਸਕੱਤਰ ਦੀਪਕ ਝਾਅ, ਮੀਤ ਪ੍ਰਧਾਨ ਸੌਰਵ ਸਿੰਘ, ਐਡਵੋਕੇਟ ਅਵਧੇਸ਼ ਚੌਰਸੀਆ, ਮਮਤਾ ਰਾਣੀ, ਸੁਸ਼ਮਾ ਰਾਣੀ, ਦਲਜੀਤ ਕੌਰ ਆਦਿ ਹਾਜ਼ਰ ਸਨ।

# ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ




ਲੁਧਿਆਣਾ, 7 ਜੁਲਾਈ (ਰਵਿੰਦਰ ਸਿੰਘ ਨਿੱਝਰ) : ਸਿੱਖ ਸ਼ਹੀਦਾਂ ਦਾ ਯਾਦਗਾਰੀ ਅਸਥਾਨ ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਂਕ ਵਿਖੇ ਸਪਤਾਹਿਕ ਗੁਰਮਤਿ ਸਮਾਗਮ ਬੀਤੀ ਰਾਤ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਅਤੇ ਸਤਿਕਾਰ ਨਾਲ ਅਯੋਜਿਤ ਕੀਤਾ ਗਿਆ।ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜੱਥਿਆਂ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਗੁਰਸ਼ਰਨ ਸਿੰਘ, ਭਾਈ ਪਰਮਵੀਰ ਸਿੰਘ, ਭਾਈ ਹਰਪ੍ਰੀਤ ਸਿੰਘ ਖਾਲਸਾ ਅਤੇ ਭਾਈ ਲਖਵਿੰਦਰ ਸਿੰਘ ਹਜੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲਿਆਂ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਗੁਰਬਾਣੀ ਕੀਰਤਨ ਦੀ ਸੇਵਾ ਨਿਭਾਈ ਗਈ । ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਕਥਾ ਵਾਚਕ ਭਾਈ ਮਨਪ੍ਰੀਤ ਸਿੰਘ ਨੇ ਗੁਰੂ ਘਰ ਨਸਮਸਤਿਕ ਹੋਈਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਸੰਗਤੀ ਰੂਪ ਵਿੱਚ ਬੀਬੀਆਂ ਵੱਲੋਂ ਕੀਰਤਨੀ ਜੱਥੇ ਭਾਈ ਲਖਵਿੰਦਰ ਸਿੰਘ ਨੂੰ ਸਿਰਪਾਓ ਭੇਟ ਕੀਤੇ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ 13 ਜੁਲਾਈ ਦਿਨ ਐਤਵਾਰ ਨੂੰ ਭਾਈ ਸੁਖਬੀਰ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲੇ ਕੀਰਤਨ ਦੀ ਸੇਵਾ ਨਿਭਾਉਣਗੇ । ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ ਹੋਰਨਾਂ ਤੋਂ ਇਲਾਵਾ ਤੇਜਿੰਦਰ ਸਿੰਘ ਡੰਗ ਜਨਰਲ ਸਕੱਤਰ, ਤਰਲੋਚਨ ਸਿੰਘ ਬੱਬਰ, ਬਲਜੀਤ ਸਿੰਘ ਦੁਖੀਆਂ, ਜਗਦੇਵ ਸਿੰਘ ਗੋਹਲਵੜੀਆ, ਮੋਹਣ ਸਿੰਘ ਚੌਹਾਨ, ਸੁਰਜੀਤ ਸਿੰਘ ਮਠਾੜੂ, ਜਤਿੰਦਰਪਾਲ ਸਿੰਘ ਸਲੂਜਾ, ਸਵਰਨ ਸਿੰਘ ਮਹੌਲੀ, ਜਸਵੀਰ ਸਿੰਘ ਗੋਗੀਆ, ਇੰਦਰਜੀਤ ਸਿੰਘ ਮੱਕੜ, ਸੁਰਿੰਦਰਜੀਤ ਸਿੰਘ ਮੱਕੜ, ਸੁਰਿੰਦਰ ਸਿੰਘ ਨਾਰੰਗ, ਸੁਖਰਾਜ ਸਿੰਘ, ਅਰਜਨ ਸਿੰਘ ਚੀਮਾ, ਭਾਈ ਸੁਖਦੇਵ ਸਿੰਘ, ਦਵਿੰਦਰ ਸਿੰਘ ਸਿੱਬਲ, ਗੁਰਮੀਤ ਸਿੰਘ, ਅਵਤਾਰ ਸਿੰਘ, ਪ੍ਰੀਤਮ ਸਿੰਘ ਮਣਕੂ ਵੀ ਗੁਰੂ ਘਰ ਨਸਮਸਤਕ ਹੋਏ।

# ਭਗਵੰਤ ਸਿੰਘ ਮਾਨ ਸਰਕਾਰ ਦੇ ਫ਼ੈਸਲੇ ਸਿਰਫ਼ ਲੋਕ-ਭਲਾਈ ਲਈ : ਅਮਨ ਅਰੋੜਾ



ਲੁਧਿਆਣਾ, 7 ਜੁਲਾਈ (ਵਿਸ਼ਾਲ ਸ਼ਰਮਾ) : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ, ਹਲਕਾ ਖੰਨਾ ਦੇ ਵਿਧਾਇਕ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਸੁਧਾਰ ਟਰੱਸਟ ਖੰਨਾ ਵਿਖੇ ਪਹੁੰਚੇ ਅਤੇ ਪੱਤਰਕਾਰਾਂ ਨਾਲ ਗੱਲਬਾਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਇੱਕ ਹੀ ਰਣਨੀਤੀ ਹੈ ਕਿ ਕੰਮ ਅਤੇ ਕੰਮ।

ਉਨ੍ਹਾਂ ਕਿਹਾ ਕਿ ਜਦੋਂ ਤੁਸੀਂ ਸਾਫ ਨੀਤੀ, ਨੀਅਤ ਅਤੇ ਵਚਨਬੱਧਤਾ ਨਾਲ ਲੋਕਾਂ ਦੇ ਕੰਮ ਕਰੋਗੇ ਤਾਂ ਲੋਕਾਂ ਨੇ ਚੋਣ ਲੜਨ ਦੀ ਨੀਤੀ ਆਪਣੇ ਆਪ ਹੀ ਬਣਾ ਦੇਣੀ ਹੁੰਦੀ ਹੈ। ਸਾਡਾ ਧਿਆਨ ਕੇਵਲ ਪੰਜਾਬ ਨੂੰ ਦੁਬਾਰਾ ਖੁਸ਼ਹਾਲ ਤੇ ਰੰਗਲਾ ਪੰਜਾਬ ਬਣਾਉਣ ਦਾ ਹੈ। ਜਦੋਂ ਅਸੀਂ ਸਾਫ਼ ਨੀਅਤ ਨਾਲ ਕੰਮ ਕਰਾਂਗੇ ਤਾਂ ਚੋਣ ਲੋਕਾਂ ਨੇ ਆਪ ਹੀ ਲੜਾ ਦੇਣੀ ਹੈ। ਅੱਜ ਹੋਣ ਵਾਲੀ ਕੈਬਨਿਟ ਮੀਟਿੰਗ ਬਾਰੇ ਪੱਤਰਕਾਰ ਵੱਲੋਂ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਵੀ, ਅੱਜ ਦੇ ਸਮੇਂ ਵਿੱਚ ਵੀ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਜਿਹੜੀ ਵੀ ਕੈਬਨਿਟ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਫੈਸਲੇ ਲਵੇਗੀ। ਉਹ ਪੰਜਾਬ ਦੀ ਤਰੱਕੀ, ਬੇਹਤਰੀ ਅਤੇ ਭਲਾਈ ਲਈ ਹੋਵੇਗੀ। ਉਨ੍ਹਾਂ ਕਿਹਾ ਕਿ ਪਿਛਲੇ ਸਮਿਆਂ ਦੌਰਾਨ ਵੱਖ-ਵੱਖ ਧਾਰਮਿਕ ਗ੍ਰੰਥਾਂ ਦੀ ਬੇਅਬਦੀ ਕਾਰਨ ਪੰਜਾਬ ਦਾ ਮਾਹੌਲ ਖਰਾਬ ਹੁੰਦਾ ਰਿਹਾ ਹੈ। ਜਿਵੇ ਕਿ 10 ਸਾਲ ਪਹਿਲਾਂ ਹੋਈ ਬਰਗਾੜੀ ਬਹਿਬਲ ਕਲਾਂ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਵਰਗੀਆਂ ਘਟਨਾਵਾਂ ਨੂੰ ਪੰਜਾਬ ਵਿੱਚ ਰੋਕਣ ਲਈ ਇੱਕ ਬਹੁਤ ਸਖ਼ਤ ਕਾਨੂੰਨ ਪੰਜਾਬ ਸਰਕਾਰ ਲਿਆਉਣ ਜਾ ਰਹੀ ਹੈ। ਜਿਸ ਨਾਲ ਕੋਈ ਵੀ ਵਿਅਕਤੀ ਹਿੰਮਤ ਨਹੀਂ ਕਰ ਪਾਵਾਂਗੇ ਕੇ ਕਿਸੇ ਵੀ ਧਾਰਮਿਕ ਗ੍ਰੰਥਾਂ ਦੀ ਬੇਅਬਦੀ ਕਰੇ। ਪੱਤਰਕਾਰ ਵੱਲੋਂ ਬਿਕਰਮ ਸਿੰਘ ਮਜੀਠੀਆ ਦੀ ਗਿਫਤਾਰੀ ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਅਮਨ ਅਰੋੜਾ ਨੇ ਕਿਹਾ ਕਿ ਜਿਹੋ ਜਿਹਾ ਕਰੋਗੇ। ਉਹੋ ਜਿਹਾ ਭਰੋਗੇ। ਉਨ੍ਹਾਂ ਨੇ ਅੱਗੇ ਕਿਹਾ ਕਿ ਜੇ ਪੰਜਾਬ ਨੂੰ ਲੁੱਟ ਕੇ, ਕੁੱਟ ਕੇ, ਦੋ ਨੰਬਰ ਦੇ ਧੰਦੇ ਕਰਕੇ, ਨਸ਼ਿਆਂ ਦਾ ਕਾਰੋਬਾਰ ਕਰਕੇ ਜਾਇਦਾਦਾਂ ਬਣਾਉਗੇ। ਤਾਂ ਜਿਹੜਾ ਜਿਹੋ ਜਿਹਾ ਕਰੋਗੇ ਉਸੇ ਤਰ੍ਹਾਂ ਦਾ ਭਰਨਾ ਪਵੇਗਾ।

# ਖੰਗੂੜਾ ਨੇ ਕੇਜਰੀਵਾਲ ਅਤੇ ਮਾਨ ਦੀ ਅਗਵਾਈ ਹੇਠ ਧੰਨਵਾਦ ਸਭਾ 'ਚ ਸ਼ਾਮਲ ਹੋਣ 'ਤੇ ਵਲੰਟੀਅਰਾਂ ਦਾ ਤਹਿ ਦਿਲੋਂ ਕੀਤਾ ਧੰਨਵਾਦ



ਲੁਧਿਆਣਾ,7 ਜੁਲਾਈ (ਵਿਸ਼ਾਲ ਸ਼ਰਮਾ): ਆਮ ਆਦਮੀ ਪਾਰਟੀ ਦੇ ਲੁਧਿਆਣਾ ਸ਼ਹਿਰੀ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਨੇ ਅੱਜ ਕਿੰਗਜ਼ ਵਿਲਾ ਰਿਜ਼ੋਰਟਜ਼, ਲੁਧਿਆਣਾ ਵਿਖੇ ਆਯੋਜਿਤ ਧਨਵਾਦ ਸਭਾ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਵਾਲੇ ਸਾਰੇ 'ਆਪ' ਵਲੰਟੀਅਰਾਂ ਅਤੇ ਸਮਰਥਕਾਂ ਦਾ ਦਿਲੋਂ ਧੰਨਵਾਦ ਅਤੇ ਪ੍ਰਸ਼ੰਸਾ ਕੀਤੀ। ਇਹ ਸਮਾਗਮ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਲੁਧਿਆਣਾ ਪੱਛਮੀ ਸੀਟ ਤੋਂ ਸੰਜੀਵ ਅਰੋੜਾ ਦੀ ਇਤਿਹਾਸਕ ਜਿੱਤ 'ਤੇ ਵਲੰਟੀਅਰਾਂ ਦਾ ਧੰਨਵਾਦ ਕਰਨ ਲਈ ਕੀਤਾ ਗਿਆ ਸੀ। ਸਮਾਗਮ ਤੋਂ ਬਾਅਦ ਆਪਣੇ ਅਧਿਕਾਰਤ ਬਿਆਨ ਵਿੱਚ, ਜਤਿੰਦਰ ਖੰਗੂੜਾ ਨੇ ਕਿਹਾ ਲੁਧਿਆਣਾ ਪੱਛਮੀ ਵਿੱਚ ਸੰਜੀਵ ਅਰੋੜਾ ਦੀ ਜਿੱਤ ਹਰ ਵਲੰਟੀਅਰ, ਹਰ ਬੂਥ ਵਰਕਰ ਅਤੇ ਹਰ ਸਮੱਰਥਕ ਦੀ ਜਿੱਤ ਹੈ, ਜੋ ਇਮਾਨਦਾਰ ਰਾਜਨੀਤੀ ਅਤੇ ਲੋਕ-ਕੇਂਦ੍ਰਿਤ ਸ਼ਾਸਨ ਦੇ ਸਾਡੇ ਮਿਸ਼ਨ ਵਿੱਚ ਵਿਸ਼ਵਾਸ ਰੱਖਦਾ ਸੀ। ਅੱਜ ਦੀ ਧੰਨਵਾਦ ਸਭਾ ਉਸ ਵਿਸ਼ਵਾਸ ਅਤੇ ਸਖ਼ਤ ਮਿਹਨਤ ਦਾ ਜਸ਼ਨ ਸੀ। ਉਨ੍ਹਾਂ ਨੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਵਲੰਟੀਅਰਾਂ ਦੀ ਸ਼ਮੂਲੀਅਤ ਦੀ ਪ੍ਰਸ਼ੰਸਾ ਕੀਤੀ, ਇਸਨੂੰ 'ਆਪ' ਦੇ ਪਾਰਦਰਸ਼ੀ ਸ਼ਾਸਨ ਮਾਡਲ ਵਿੱਚ ਲੋਕਾਂ ਦੇ ਵਿਸ਼ਵਾਸ ਦਾ ਪ੍ਰਤੀਬਿੰਬ ਦੱਸਿਆ। ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਮੌਜੂਦਗੀ ਅਤੇ ਉਤਸ਼ਾਹਜਨਕ ਸ਼ਬਦਾਂ ਨੇ ਸਾਨੂੰ ਸਾਰਿਆਂ ਨੂੰ ਡੂੰਘੀ ਪ੍ਰੇਰਨਾ ਦਿੱਤੀ ਹੈ। ਉਨ੍ਹਾਂ ਦੀ ਅਗਵਾਈ ਨੇ ਦਿਖਾਇਆ ਹੈ ਕਿ ਜਦੋਂ ਲੋਕ ਅਤੇ ਪਾਰਟੀ ਇਮਾਨਦਾਰੀ ਅਤੇ ਵਚਨਬੱਧਤਾ ਨਾਲ ਮਿਲ ਕੇ ਕੰਮ ਕਰਦੇ ਹਨ,ਤਾਂ ਤਬਦੀਲੀ ਨਾ ਸਿਰਫ਼ ਸੰਭਵ ਹੈ ਇਹ ਅਟੱਲ ਹੈ। ਖੰਗੂੜਾ ਨੇ ਸਾਰੇ ਪਾਰਟੀ ਵਰਕਰਾਂ ਨੂੰ ਜਨਤਾ ਨਾਲ ਜੁੜੇ ਰਹਿਣ,ਗਤੀ ਨੂੰ ਜਾਰੀ ਰੱਖਣ ਅਤੇ ਲੁਧਿਆਣਾ ਪੱਛਮੀ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਹੋਰ ਵੀ ਸਖ਼ਤ ਮਿਹਨਤ ਕਰਨ ਦੀ ਅਪੀਲ ਕਰਦੇ ਹੋਏ ਸਮਾਪਤ ਕੀਤਾ। ਉਨ੍ਹਾਂ ਕਿਹਾ ਇਹ ਸਿਰਫ਼ ਸ਼ੁਰੂਆਤ ਹੈ। ਇਕੱਠੇ ਮਿਲ ਕੇ, ਅਸੀਂ ਲੁਧਿਆਣਾ ਨੂੰ ਵਿਕਾਸ, ਸਿੱਖਿਆ, ਸਿਹਤ ਸੰਭਾਲ ਅਤੇ ਸਾਫ਼-ਸੁਥਰੇ ਸ਼ਾਸਨ ਦਾ ਇੱਕ ਮਾਡਲ ਬਣਾਵਾਂਗੇ।

# ਲੁਧਿਆਣਾ ਸਿਟੀਜ਼ਨ ਕੌਂਸਲ ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਪ੍ਰੋਗਰਾਮ ਦੇ ਨਾਲ : ਚੇਅਰਮੈਨ ਦਰਸ਼ਨ ਅਰੋੜਾ



ਲੁਧਿਆਣਾ, 7 ਜੁਲਾਈ (ਕਰਨੈਲ ਸਿੰਘ ਐੱਮ.ਏ.) : ਸਿਟੀਜਨ ਕੌਂਸਲ ਦੇ ਚੇਅਰਮੈਨ ਦਰਸ਼ਨ ਅਰੋੜਾ ਨੇ ਅੱਜ ਇੱਕ ਬਿਆਨ ਵਿੱਚ ਆਖਿਆ, ਕਿ ਪੰਜਾਬ ਸਰਕਾਰ ਨੇ ਜੋ ਨਸ਼ਿਆਂ ਵਿਰੁੱਧ ਜੰਗ ਵਿੱਚ ਵੱਡੀਆਂ ਮੱਛੀਆਂ ਨੂੰ ਹੱਥ ਪਾਇਆ ਹੈ ਅਤੇ ਨਸ਼ਾ ਵੇਚਣ ਵਾਲਿਆਂ ਦੀਆਂ ਜਾਇਦਾਦਾਂ ਕੇਸ ਵਿੱਚ ਨਾਲ ਜੋੜਨ ਦਾ ਜੋ ਉਪਰਾਲਾ ਹੈ। ਉਸਨੂੰ ਜਨਤਾ ਵੱਲੋਂ ਭਰਪੂਰ ਹੁੰਗਾਰਾ ਹੈ ਅਤੇ ਕੌਂਸਲ ਵੀ ਇਸਦਾ ਡੱਟ ਕੇ ਸਮੱਰਥਨ ਕਰਦੀ ਹੈ। ਇਸ ਮੌਕੇ ਬੋਲਦਿਆਂ ਕੌਂਸਲ ਦੇ ਉੱਪ ਚੇਅਰਮੈਨ ਅਸ਼ੋਕ ਧੀਰ ਨੇ ਆਖਿਆ ਕਿ ਸਰਕਾਰ ਦੀ ਇਸ ਕਾਰਵਾਈ ਦਾ ਜਨਤਾ ਵੱਲੋਂ ਜਿੱਥੇ ਸਮੱਰਥਨ ਹੈ, ਉੱਥੇ ਹੀ ਕੁਝ ਵਿਰੋਧੀ ਸਿਆਸਤਦਾਨ ਇਸਦਾ ਬਿਨਾਂ ਵਜ੍ਹਾ ਵਿਰੋਧ ਕਰ ਰਹੇ ਹਨ। ਉਹਨਾਂ ਮੰਗ ਕੀਤੀ ਕਿ ਯੁੱਧ ਨਸ਼ਿਆਂ ਵਿਰੁੱਧ ਤਹਿਤ ਇੱਕ ਸਰਬ ਪਾਰਟੀ ਮੀਟਿੰਗ ਸਰਕਾਰ ਨੂੰ ਬੁਲਾਉਣੀ ਚਾਹੀਦੀ ਹੈ ਤਾਂ ਕਿ ਸਭ ਦੇ ਭਰਮ ਭੁਲੇਖੇ ਦੂਰ ਕੀਤੇ ਜਾ ਸਕਣ। ਏਥੇ ਕੌਂਸਲ ਦੇ ਪ੍ਰਧਾਨ ਆਈ ਐੱਸ ਖੰਨਾ ਨੇ ਆਖਿਆ ਕਿ ਆਪ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਪਾਰਟੀ 'ਚੋਂ ਕੱਢਣ ਦਾ ਉਹ ਵਿਰੋਧ ਕਰਦੇ ਹਨ। ਕਿਉਂਕਿ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਨਸ਼ਿਆਂ ਅਤੇ ਬੇਅਦਬੀਆਂ 'ਤੇ ਬਹੁਤ ਕੰਮ ਕੀਤਾ ਹੈ। ਅੰਤ ਵਿੱਚ ਇਹਨਾਂ ਪਦ ਅਧਿਕਾਰੀਆਂ ਨੇ ਆਖਿਆ ਕਿ ਲੁਧਿਆਣਾ ਸਿਟੀਜਨ ਕੌਂਸਲ ਕੁੱਲ ਮਿਲਾ ਕੇ ਨਸ਼ਿਆਂ ਵਿਰੁੱਧ ਯੁੱਧ ਦਾ ਸਮਰਥਨ ਕਰਦੀ ਹੈ ਅਤੇ ਜਨਤਾ ਨੂੰ ਵੱਧ ਤੋਂ ਵੱਧ ਸਾਥ ਦੇਣ ਦੀ ਅਪੀਲ ਕਰਦੀ ਹੈ।

# ਮੰਜੀ ਸਾਹਿਬ ਕੋਟਾਂ ਵਿਖੇ ਹੋਣ ਵਾਲੇ ਕਬੱਡੀ ਕੱਪ ਦੇ ਪ੍ਰਬੰਧਕਾਂ ਨੇ ਐਸ.ਐਸ.ਪੀ. ਖੰਨਾ ਨੂੰ ਦਿੱਤਾ ਸੱਦਾ ਪੱਤਰ




ਖੰਨਾ, 7 ਜੁਲਾਈ (ਅਰਵਿੰਦਰ ਸਿੰਘ ਸਵੈਚ) : ਗੁਰਦੁਆਰਾ ਮੰਜੀ ਸਾਹਿਬ ਕੋਟਾਂ ਦੇ ਸਲਾਨਾ ਜੋੜ ਮੇਲੇ ਨੂੰ ਸਮਰਪਿਤ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸਪੋਰਟਸ ਕਲੱਬ ਮੰਜੀ ਸਾਹਿਬ ਕੋਟਾਂ ਵੱਲੋਂ ਸਮੂਹ ਨਗਰ ਨਿਵਾਸੀ ਅਤੇ ਐਨਆਰਆਈ ਵੀਰਾਂ ਦੇ ਵਿਸ਼ੇਸ਼ ਸਹਿਯੋਗ ਨਾਲ 7 ਅਗਸਤ ਦਿਨ ਵੀਰਵਾਰ ਨੂੰ ਪਹਿਲਾ ਕਬੱਡੀ ਕੱਪ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਜਿਸ ਦੇ ਸਬੰਧ 'ਚ ਪੁਲਿਸ ਜ਼ਿਲ੍ਹਾ ਖੰਨਾ ਦੀ ਐਸਐਸਪੀ ਮੈਡਮ ਜੋਯਤੀ ਯਾਦਵ ਬੈਂਸ ਨੂੰ ਕਬੱਡੀ ਕੱਪ ਦੇ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨ ਲਈ ਸੱਦਾ ਪੱਤਰ ਦਿੱਤਾ ਗਿਆ ਹੈ।ਐਸਐਸਪੀ ਖੰਨਾ ਵੱਲੋਂ ਕਬੱਡੀ ਕੱਪ ਦੇ ਪ੍ਰਬੰਧਕਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਵਿਚਾਰ ਵਟਾਂਦਰਾ ਕੀਤਾ ਗਿਆ। ਮੈਡਮ ਜੋਯਤੀ ਯਾਦਵ ਬੈਂਸ ਐਸਐਸਪੀ ਖੰਨਾ ਵੱਲੋਂ ਦਿੱਤੇ ਸੱਦੇ ਸਵੀਕਾਰ ਕਰਦੇ ਹੋਏ ਪ੍ਰਬੰਧਕਾਂ ਨੂੰ ਵਿਸ਼ਵਾਸ਼ ਦਵਾਇਆ, ਕਿ ਇਸ ਕਬੱਡੀ ਕੱਪ ਵਿੱਚ ਖੰਨਾ ਪੁਲਿਸ ਵੱਲੋਂ ਪੂਰਨ ਤੌਰ 'ਤੇ ਸਹਿਯੋਗ ਦਿੱਤਾ ਜਾਵੇਗਾ। ਪ੍ਰਬੰਧਕਾਂ ਨੇ ਐਸਐਸਪੀ ਨੂੰ ਦੱਸਿਆ ਕਿ ਇਸ ਕਬੱਡੀ ਕੱਪ ਵਿੱਚ ਸਾਰੀਆਂ ਸਿਆਸੀ ਪਾਰਟੀਆਂ ਦੇ ਮੁੱਖ ਆਗੂਆਂ ਅਤੇ ਪਿੰਡਾਂ ਦੇ ਪੰਚ ਸਰਪੰਚਾਂ ਨੂੰ ਨਾਲ ਲੈ ਕੇ ਇਹ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ। ਐਸਐਸਪੀ ਮੈਡਮ ਨੂੰ ਸੱਦਾ ਪੱਤਰ ਦੇਣ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਦਵਿੰਦਰ ਸਿੰਘ ਖੱਟੜਾ ਦੇ ਸਪੁੱਤਰ ਨਵਤੇਜ ਸਿੰਘ ਖੱਟੜਾ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ 'ਤੇ ਰਜਿੰਦਰ ਸਿੰਘ ਕੋਟ ਪਨੈਚ, ਪਰਮਿੰਦਰ ਸਿੰਘ ਗਰਚਾ, ਕੁਲਜਿੰਦਰ ਸਿੰਘ ਬੰਟੀ, ਸਰਪੰਚ ਮਨਪ੍ਰੀਤ ਸਿੰਘ ਰਾਜਾ ਹਰਬੰਸਪੁਰ, ਸੁਖਵਿੰਦਰ ਸਿੰਘ ਸਲੌਦੀ, ਬੇਕਮਜੋਤ ਸਿੰਘ ਖੰਨਾ ਆਦਿ ਹਾਜ਼ਰ ਸਨ।

# ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਲੋੜਵੰਦ ਮਰੀਜ਼ਾਂ ਲਈ ਖ਼ੂਨਦਾਨ ਕੈਂਪ ਲਗਾਇਆ




ਲੁਧਿਆਣਾ, 7 ਜੁਲਾਈ (ਕਰਨੈਲ ਸਿੰਘ ਐੱਮ.ਏ.) : ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਵੱਲੋਂ 815ਵਾਂ ਮਹਾਨ ਖ਼ੂਨਦਾਨ ਕੈਂਪ ਗੁਰਦੁਆਰਾ ਸਾਹਿਬ ਬਾਬੇ ਸ਼ਹੀਦ ਪਿੰਡ ਅਜਨੌਦ ਵਿਖੇ ਗੁ: ਸਾਹਿਬ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦਿਆਂ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਨੇ ਮੀਰੀ-ਪੀਰੀ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦੇਂਦੇ ਹੋਏ ਕਿਹਾ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੁਆਰਾ ਬਖਸ਼ੀ ਉਹ ਜੀਵਨ ਜਾਂਚ ਹੈ, ਜੋ ਅਧਿਆਤਮਕ ਰਹਿਬਰੀ ਅਤੇ ਸਮਾਜਿਕ ਖ਼ੁਦਮੁਖ਼ਤਿਆਰੀ ਦਾ ਚਿਤਰਨ ਕਰਦੀ ਹੈ। ਛੇਵੇਂ ਪਾਤਸ਼ਾਹ ਜੀ ਨੇ ਸਿੱਖਾਂ ਨੂੰ ਮੀਰੀ-ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕਰਵਾ ਕੇ ਧਰਮ ਅਤੇ ਰਾਜਨੀਤੀ ਦਾ ਸੰਯੁਕਤ ਰੂਪ ਬਖ਼ਸ਼ ਕੇ ਕੌਮ ਨੂੰ ਮਜ਼ਬੂਤ ਬਣਾਇਆ । ਇਸ ਸਮੇਂ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਸੁਖਜਿੰਦਰ ਸਿੰਘ ਸੁੱਖੀ ਅਜਨੌਦ ਨੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਦੇ ਹੋਏ ਦੱਸਿਆ ਖ਼ੂਨਦਾਨ ਕੈਂਪ ਦੌਰਾਨ 25 ਨੌਜਵਾਨਾਂ ਦਾ ਖ਼ੂਨ ਪ੍ਰੀਤ ਹਸਤਪਾਲ ਰਾਹੋਂ ਰੋਡ ਦੇ ਸਹਿਯੋਗ ਨਾਲ ਇਕੱਤਰ ਕੀਤਾ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਲੈ ਕੇ ਦਿੱਤਾ ਜਾਵੇਗਾ।

# ਜਰਨੈਲ ਸਿੰਘ ਦੇ ਪੁੱਤਰ ਬਲਵਿੰਦਰ ਸਿੰਘ ਦੀ ਅੰਤਿਮ ਅਰਦਾਸ ਅੱਜ



ਖੰਨਾ, 7 ਜੁਲਾਈ (ਅਰਵਿੰਦਰ ਸਿੰਘ ਸਵੈਚ) : ਖੰਨਾ ਅਤੇ ਪਾਇਲ ਕਚਹਿਰੀ ਵਿੱਚ ਲੰਮਾਂ ਸਮਾਂ ਨਾਇਬ ਕੋਰਟ ਵਜੋਂ ਸੇਵਾ ਨਿਭਾਅ ਕੇ ਰਿਟਾਇਰ ਹੋਏ ਥਾਣੇਦਾਰ ਜਰਨੈਲ ਸਿੰਘ ਨੂੰ ਬੜਾ ਵੱਡਾ ਸਦਮਾ ਲੱਗਾ, ਜਦੋਂ ਉਹਨਾਂ ਦਾ ਨੌਜਵਾਨ ਪੁੱਤਰ ਬਲਵਿੰਦਰ ਸਿੰਘ 29 ਜੁਲਾਈ 2025 ਨੂੰ ਸਦੀਵੀ ਵਿਛੋੜਾ ਦੇ ਗਿਆ। ਨੌਜਵਾਨ ਬਲਵਿੰਦਰ ਸਿੰਘ ਦੇ ਵਿਛੋੜੇ ਕਾਰਨ ਪਰਿਵਾਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪੈ ਗਿਆ। ਬਲਵਿੰਦਰ ਸਿੰਘ ਦੇ ਵਿਛੋੜੇ ਪਿੱਛੋਂ ਪਰਿਵਾਰ ਵਿੱਚ ਮਾਤਾ ਪਿਤਾ ਤੋਂ ਇਲਾਵਾ ਇੱਕ ਭੈਣ ਅਤੇ ਭਰਾ ਹਨ। ਬਲਵਿੰਦਰ ਸਿੰਘ ਦੀ ਮੌਤ ਕਾਰਨ ਇਲਾਕੇ ਦੇ ਵੱਖ-ਵੱਖ ਵਿਅਕਤੀਆਂ ਅਤੇ ਸੰਸਥਾਵਾਂ ਵੱਲੋਂ ਥਾਣੇਦਾਰ ਜਰਨੈਲ ਸਿੰਘ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਬਲਵਿੰਦਰ ਸਿੰਘ ਨਮਿੱਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਅੱਜ 8 ਜੁਲਾਈ 2025 ਨੂੰ ਗੁਰਦੁਆਰਾ ਸਾਹਿਬ ਪਿੰਡ ਮਾਜਰੀ ਮਲੇਰਕੋਟਲਾ ਰੋਡ ਖੰਨਾ ਵਿਖੇ ਹੋਵੇਗੀ।

# ਪਾਸਪੋਰਟ ਸੇਵਾ ਕੇਂਦਰ ਗਲੋਬਲ ਬਿਜ਼ਨਸ ਪਾਰਕ 'ਚ ਤਬਦੀਲ, ਸੇਵਾਵਾਂ ਹੋਈਆਂ ਸ਼ੁਰੂ




ਲੁਧਿਆਣਾ, 7 ਜੁਲਾਈ (ਵਿਸ਼ਾਲ ਸ਼ਰਮਾ) : ਪਾਸਪੋਰਟ ਸੇਵਾ ਕੇਂਦਰ,ਲੁਧਿਆਣਾ ਜੋ ਕਿ ਇਸ ਵੇਲੇ ਆਕਾਸ਼ਦੀਪ ਕੰਪਲੈਕਸ ਗਿਆਨ ਸਿੰਘ ਰਾੜੇਵਾਲਾ ਮਾਰਕੀਟ ਲੁਧਿਆਣਾ ਵਿੱਚ ਸਥਿਤ ਹੈ, ਉਸ ਦਾ ਪਤਾ ਬਦਲ ਕੇ ਹੁਣ ਨਵੇਂ ਸਥਾਨ ਗਲੋਬਲ ਬਿਜ਼ਨਸ ਪਾਰਕ, ਜੀ.ਟੀ. ਰੋਡ ਜਲੰਧਰ ਬਾਈਪਾਸ ਨੇੜੇ ਪਿੰਡ ਭੌਰਾ ਲੁਧਿਆਣਾ ਕੀਤਾ ਜਾ ਰਿਹਾ ਹੈ। ਨਵਾਂ ਪਤਾ ਆਧੁਨਿਕ ਸੁਵਿਧਾਵਾਂ ਅਤੇ ਵਧੀਆ ਸਹੂਲਤਾਂ ਨਾਲ ਲੈਸ ਹੋਵੇਗਾ, ਜਿਸ ਨਾਲ ਆਮ ਲੋਕਾਂ ਨੂੰ ਵਧੇਰੇ ਸੁਵਿਧਾ ਮਿਲੇਗੀ। ਪਾਸਪੋਰਟ ਸੇਵਾ ਕੇਂਦਰ, ਲੁਧਿਆਣਾ ਆਪਣੇ ਨਵੇਂ ਪਤੇ 'ਤੇ 07.07.2025 ਤੋਂ ਕੰਮ ਕਰਨਾ ਸ਼ੁਰੂ ਕਰਨਾ ਸੀ ਪਰ ਜੋ ਅਵੇਦਕਾ ਦੀ 7 ਜੁਲਾਈ 2025 ਦੀ ਅਪੁਆਇੰਟਮੈਂਟ ਸੀ ਉਹਨਾਂ ਨੂੰ ਪਾਸਪੋਰਟ ਸੇਵਾ ਕੇਂਦਰ ਨੇ ਰੱਦ ਕਰ ਦਿੱਤਾ ਅਵੇਦਕਾ ਨੂੰ 2 ਦਿਨ ਪਹਿਲਾਂ ਅਪੋਇੰਟਮੈਂਟ ਕੈਂਸਲ ਹੋਣ ਦੀ ਜਾਣਕਾਰੀ ਮੈਸੇਜ ਦੇ ਰਾਹੀਂ ਦਿੱਤੀ ਗਈ ਅਤੇ ਨਾਲ ਹੀ ਉਹਨਾਂ ਨੂੰ ਆਪਣੀ ਅਪੋਆਇੰਟਮੈਂਟ ਦੁਬਾਰਾ ਲੈਣ ਦੀ ਬੇਨਤੀ ਵੀ ਕੀਤੀ ਗਈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਵਿਚਾਰਧਾਰਾ ਨੂੰ ਸਮੁੱਚੀ ਮਨੁੱਖਤਾ ਤੱਕ ਪਹੁੰਚਾਉਣ ਦੀ ਲੋੜ : ਭਾਈ ਪ੍ਰੀਤਮ ਸਿੰਘ



ਲੁਧਿਆਣਾ, 7 ਜੁਲਾਈ (ਕਰਨੈਲ ਸਿੰਘ ਐੱਮ.ਏ.) : ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਚਾਰਧਾਰਾ, ਫਲਸਫੇ ਤੇ ਮਨੁੱਖੀ ਕਲਿਆਣਕਾਰੀ ਸਿੱਖਿਆਵਾਂ ਦੇ ਪ੍ਰਵਾਹ ਨੂੰ ਸਮੁੱਚੇ ਸੰਸਾਰ ਦੇ ਲੋਕਾਂ ਤੱਕ ਵੱਧ ਤੋਂ ਵੱਧ ਪਹੁੰਚਾਇਆ ਜਾਵੇ ਤਾਂ ਹੀ ਸਿੱਖੀ ਦੀ ਫੁੱਲਵਾੜੀ ਹੋਰ ਮਹਿਕ ਸਕੇਗੀ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਥ ਦੇ ਪ੍ਰਸਿੱਧ ਕਥਾ ਵਾਂਚਕ ਭਾਈ ਪ੍ਰੀਤਮ ਸਿੰਘ ਲੁਧਿਆਣੇ ਵਾਲਿਆਂ ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ -1, ਦੁੱਗਰੀ, ਲੁਧਿਆਣਾ ਵਿਖੇ ਕਰਵਾਏ ਗਏ ਦੋ ਰੋਜ਼ਾ ਹਫਤਾਵਾਰੀ ਕਥਾ ਤੇ ਕੀਰਤਨ ਸਮਾਗਮ ਅੰਦਰ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆਂ ਕੀਤਾ ।ਉਨ੍ਹਾਂ ਨੇ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਜਿੱਥੇ ਮਨੁੱਖ ਨੂੰ ਅਧਿਆਤਮਕ ਤੇ ਰੂਹਾਨੀਅਤ ਦਾ ਸਕੂਨ ਪ੍ਰਦਾਨ ਕਰਦੀ ਹੈ ਉੱਥੇ ਸਮੁੱਚੀ ਲੋਕਾਈ ਨੂੰ ਸਰਬ ਸਾਂਝੀਵਾਲਤਾ ਦਾ ਸੁਨੇਹਾ ਵੀ ਦੇਂਦੀ ਹੈ। ਇਸ ਦੌਰਾਨ ਕਰਵਾਏ ਗਏ ਹਫਤਾਵਾਰੀ ਕਥਾ ਕੀਰਤਨ ਸਮਾਗਮ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਬਲਪ੍ਰੀਤ ਸਿੰਘ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ ਅਤੇ ਸੰਗਤਾਂ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਪ੍ਰੇਰਣਾ ਦਿੱਤੀ । ਸਮਾਗਮ ਦੀ ਸਮਾਪਤੀ ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਸਮਾਗਮ ਵਿੱਚ ਹਾਜ਼ਰ ਸਮੂਹ ਸੰਗਤਾਂ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬ ਵਿਖੇ ਕਥਾ, ਕੀਰਤਨ ਤੇ ਗੁਰਮਤਿ ਸਮਾਗਮ ਕਰਵਾਉਣੇ ਤਾਂ ਹੀ ਸਫਲਾ ਹੋ ਸਕਦੇ ਹਨ, ਜੇਕਰ ਅਸੀ ਗੁਰਬਾਣੀ ਦੇ ਭਾਵਨਾਤਮਕ ਸੰਦੇਸ਼ ਨੂੰ ਸਮਝ ਕੇ ਗੁਰੂ ਆਸ਼ੇ ਅਨੁਸਾਰ ਆਪਣਾ ਜੀਵਨ ਜਿਉਣ ਦੀ ਕੋਸ਼ਿਸ਼ ਕਰੀਏ । ਸਮਾਗਮ ਦੀ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ ਅਤੇ ਪਰਮਿੰਦਰ ਸਿੰਘ ਉਨ੍ਹਾਂ ਦੇ ਸਾਥੀ ਮੈਬਰਾਂ ਵੱਲੋਂ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਿਰੋਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਕੀਰਤਨ ਸਮਾਗਮ ਅੰਦਰ ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਤਰਲੋਕ ਸਿੰਘ ਸਚਦੇਵਾ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚੰਗਰ, ਮਲਕੀਤ ਸਿੰਘ, ਯਸ਼ਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਰਜਿੰਦਰ ਸਿੰਘ ਭਾਟੀਆ, ਸੁਖਵਿੰਦਰ ਪਾਲ ਸਿੰਘ, ਚਰਨਜੀਤ ਸਿੰਘ ਪਾਇਲ, ਮਨਜੀਤ ਸਿੰਘ ਪਾਇਲ, ਗੁਰਚਰਨ ਸਿੰਘ, ਹਰਨੇਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਬਲਬੀਰ ਸਿੰਘ, ਡਾਕਟਰ ਪ੍ਰੇਮ ਸਿੰਘ ਚਾਵਲਾ, ਤਰਲੋਕ ਸਿੰਘ ਸਚਦੇਵਾ, ਜਗਜੀਵਨ ਸਿੰਘ ਸੋਹਨਪਾਲ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਸਬੰਧੀ ਵਿਸ਼ਾਲ ਨਗਰ ਕੀਰਤਨ ਸਜਾਇਆ



ਅਮਲੋਹ, 7 ਜੁਲਾਈ (ਜਸਵੰਤ ਸਿੰਘ): ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਨੂੰ ਮੁੱਖ ਰੱਖ ਕੇ ਗੁਰਦੁਆਰਾ ਸ੍ਰੀ ਸਿੰਘ ਸਭਾ ਸਾਹਿਬ ਅਮਲੋਹ ਵੱਲੋਂ ਸ਼ਹਿਰ ਵਿਚ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ ਜਦੋਂ ਕਿ ਪਿੱਛੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਵੱਲੋਂ ਸੰਗਤਾਂ ਲਈ ਟਰੈਕਟਰ ਟਰਾਲੀਆਂ ਦਾ ਪ੍ਰਬੰਧ ਕੀਤਾ ਗਿਆ। ਨਗਰ ਕੀਰਤਨ ਦੀ ਅਗਵਾਈ 5 ਪਿਆਰਿਆਂ ਨੇ ਕੀਤੀ, ਜਿਨ੍ਹਾਂ ਦੇ ਪਿਛੇ ਸੰਗਤਾਂ ਕੀਰਤਨ ਅਤੇ 'ਸਤਿਨਾਮ ਵਾਹਿਗੁਰੂ' ਦਾ ਜਾਪ ਕਰਦੀਆਂ ਚੱਲ ਰਹੀਆਂ ਸਨ। ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਸਿੰਘ ਸਭਾ ਅਮਲੋਹ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿਚੋਂ ਹੁੰਦਾ ਹੋਇਆ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀ ਸੌਂਟੀ ਵਿਖੇ ਸਮਾਪਤ ਹੋਇਆ ਅਤੇ ਥਾਂ-ਥਾਂ ਉਪਰ ਸੰਗਤਾਂ ਵੱਲੋਂ ਪ੍ਰਸ਼ਾਦਾ, ਪਕੌੜੇ, ਫ਼ਲ, ਚਾਹ ਅਤੇ ਬਿਸਕੁੱਟਾਂ ਆਦਿ ਦਾ ਲੰਗਰ ਲਗਾਇਆ ਗਿਆ। ਨਗਰ ਕੀਰਤਨ ਦੇ ਨਾਲ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਮਨਜਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਦਵਿੰਦਰ ਸਿੰਘ ਕਾਲਸਨਾ, ਖਜ਼ਾਨਚੀ ਰਜਿੰਦਰਪਾਲ ਸਿੰਘ ਢਿੱਲੋਂ, ਬਲਦੇਵ ਸਿੰਘ ਮਾਜਰਾ, ਬਲਵੀਰ ਸਿੰਘ ਗੋਸਲ ਅਤੇ ਮਲਕੀਤ ਸਿੰਘ ਗੋਸਲ ਆਦਿ ਪੈਦਲ ਚੱਲ ਰਹੇ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਕਲੱਬ ਤਕੀਆ ਮਹੱਲਾ ਅਮਲੋਹ ਦੇ ਪ੍ਰਧਾਨ ਦਵਿੰਦਰ ਸਿੰਘ ਬਿੱਟੂ, ਮੀਤ ਪ੍ਰਧਾਨ ਤੇਜਪਾਲ ਸਿੰਘ, ਜਗਤਾਰ ਸਿੰਘ ਔਲਖ, ਖਜ਼ਾਨਚੀ ਵਰਿੰਦਰ ਸਿੰਘ ਰਾਣਾ, ਹਰਪ੍ਰੀਤ ਸਿੰਘ ਔਲਖ, ਮੈਂਬਰ ਡਿੰਪਲ ਨੰਦਾ, ਜਸਵੰਤ ਸਿੰਘ ਔਲਖ, ਬਿੰਦਰ ਸਿੰਘ, ਜਸ਼ਨ ਰਾਣਾ, ਸਤਵਿੰਦਰ ਸਿੰਘ ਲਾਲੀ, ਸੁਖਵਿੰਦਰ ਸਿੰਘ ਗਗਨ, ਸੁਨੀਲ ਕੁਮਾਰ, ਨਿਰਮਲ ਸਿੰਘ ਔਲਖ, ਮਨਮੀਤ ਸਿੰਘ ਔਲਖ, ਹਰਕੀਰਤ ਸਿੰਘ ਔਲਖ, ਬਲਜੀਤ ਸਿੰਘ, ਸਵਰਨਜੀਤ ਪੁਰੀ, ਪਵਨ ਕੁਮਾਰ ਅਤੇ ਰਵਿੰਦਰ ਸਿੰਘ ਆਦਿ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕਰਦਿਆਂ ਫ਼ਲਾਂ ਦਾ ਲੰਗਰ ਲਗਾਇਆ। ਇਸ ਮੌਕੇ ਉਨ੍ਹਾਂ ਵਧੀਆ ਕਾਰਗੁਜ਼ਾਰੀ ਬਦਲੇ ਸ਼੍ਰੋਮਣੀ ਪੱਤਰਕਾਰ ਭੂਸ਼ਨ ਸੂਦ, ਕੌਂਸਲਰ ਅਤੁੱਲ ਲੁਟਾਵਾ, ਕੁਲਵਿੰਦਰ ਸਿੰਘ ਅਤੇ ਰੂਪ ਸਿੰਘ ਦਾ ਵਧੀਆ ਸੇਵਾਵਾਂ ਬਦਲੇ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਕਾਂਸਟੇਬਲ ਨੇ 12 ਸਾਲਾਂ 'ਚ ਬਿਨਾਂ ਨੌਕਰੀ ਕੀਤੇ 28 ਲੱਖ ਰੁਪਏ ਲਈ ਤਨਖ਼ਾਹ

ਭੋਪਾਲ, 7 ਜੁਲਾਈ (ਚ.ਨ.ਸ.): ਮੱਧ ਪ੍ਰਦੇਸ਼ ਪੁਲਿਸ ਵਿਭਾਗ ਤੋਂ ਇੱਕ ਅਜੀਬ ਮਾਮਲਾ ਸਾਹਮਣੇ ਆਇਆ ਹੈ। ਜਿੱਥੇ ਇੱਕ ਕਾਂਸਟੇਬਲ 12 ਸਾਲਾਂ ਤੋਂ ਬਿਨਾਂ ਕੋਈ ਡਿਊਟੀ ਕੀਤੇ ਤਨਖਾਹ ਲੈ ਰਿਹਾ ਸੀ। ਪਿਛਲੇ 144 ਮਹੀਨਿਆਂ ਵਿੱਚ ਕਾਂਸਟੇਬਲ ਨੇ ਲਗਭਗ 28 ਲੱਖ ਰੁਪਏ ਦੀ ਤਨਖਾਹ ਲਈ। ਜਦੋਂ ਇਹ ਮਾਮਲਾ ਸਾਹਮਣੇ ਆਇਆ ਤਾਂ ਪੁਲਿਸ ਵਿਭਾਗ ਵਿੱਚ ਹੜਕੰਪ ਮਚ ਗਿਆ। ਜਦੋਂ ਮਾਮਲੇ ਦੀਆਂ ਪਰਤਾਂ ਖੁੱਲ੍ਹੀਆਂ ਤਾਂ ਪਤਾ ਲੱਗਾ ਕਿ ਵਿਦਿਸ਼ਾ ਜ਼ਿਲ੍ਹੇ ਦਾ ਰਹਿਣ ਵਾਲਾ ਇਹ ਕਾਂਸਟੇਬਲ 2011 ਵਿੱਚ ਭਰਤੀ ਹੋਇਆ ਸੀ। ਸਿਖਲਾਈ ਤੋਂ ਬਾਅਦ, ਉਸ ਨੂੰ ਪੁਲਿਸ ਲਾਈਨ ਵਿੱਚ ਤਾਇਨਾਤ ਕੀਤਾ ਗਿਆ ਸੀ ਅਤੇ ਫਿਰ ਸਿਖਲਾਈ ਲਈ ਸਾਗਰ ਭੇਜਿਆ ਗਿਆ ਸੀ, ਪਰ ਸਾਗਰ ਵਿੱਚ ਡਿਊਟੀ ਕਰਨ ਦੀ ਬਜਾਏ, ਉਹ ਘਰ ਚਲਾ ਗਿਆ ਅਤੇ ਸਪੀਡ ਪੋਸਟ ਰਾਹੀਂ ਆਪਣੀ ਸਰਵਿਸ ਬੁੱਕ ਵਾਪਸ ਪੁਲਿਸ ਲਾਈਨ ਭੇਜ ਦਿੱਤੀ। ਜਿਸ ਨੂੰ ਉੱਥੇ ਦੇ ਅਧਿਕਾਰੀਆਂ ਨੇ ਰੱਖਿਆ ਸੀ, ਪਰ ਕਿਸੇ ਨੇ ਨਹੀਂ ਦੇਖਿਆ ਕਿ ਉਹ ਕਾਂਸਟੇਬਲ ਕਿੱਥੇ ਹੈ ਅਤੇ ਕੀ ਉਹ ਡਿਊਟੀ ਕਰ ਰਿਹਾ ਸੀ ਜਾਂ ਨਹੀਂ। ਇਸ ਵਿੱਚ ਹੈਰਾਨੀ ਵਾਲੀ ਗੱਲ ਇਹ ਹੈ ਕਿ 12 ਸਾਲਾਂ ਵਿੱਚ ਕੋਈ ਵੀ ਅਧਿਕਾਰੀ ਜਾਂ ਅਧਿਕਾਰੀ ਬੇਨਿਯਮੀਆਂ ਨੂੰ ਨਹੀਂ ਫੜ ਸਕਿਆ। ਜਾਣਕਾਰੀ ਅਨੁਸਾਰ ਜਦੋਂ ਇਹ ਮਾਮਲਾ ਸਾਹਮਣੇ ਆਇਆ ਤਾਂ ਡੀਜੀਪੀ ਨੇ ਲੰਬੇ ਸਮੇਂ ਤੋਂ ਉਸੇ ਜਗ੍ਹਾ 'ਤੇ ਤਾਇਨਾਤ ਪੁਲਿਸ ਮੁਲਾਜ਼ਮਾਂ ਦੇ ਤਬਾਦਲੇ ਦੇ ਹੁਕਮ ਦਿੱਤੇ ਅਤੇ ਸਾਰੇ ਪੁਲਿਸ ਮੁਲਾਜ਼ਮਾਂ ਦੇ ਰਿਕਾਰਡ ਨੂੰ ਡਿਜੀਟਲ ਕਰਨ ਲਈ ਕਿਹਾ। ਇੱਥੇ ਇਹ ਵੀ ਪਤਾ ਲੱਗਾ ਹੈ ਕਿ ਕਾਂਸਟੇਬਲ ਨੂੰ ਭੋਪਾਲ ਪੁਲਿਸ ਲਾਈਨ ਵਿੱਚ ਰੱਖਿਆ ਗਿਆ ਹੈ। ਉਸ ਤੋਂ ਲਗਭਗ 1.5 ਲੱਖ ਰੁਪਏ ਬਰਾਮਦ ਕੀਤੇ ਗਏ ਹਨ। ਪੂਰੇ ਮਾਮਲੇ ਵਿੱਚ ਡੀਸੀਪੀ ਹੈੱਡਕੁਆਰਟਰ ਸ਼ਰਧਾ ਤਿਵਾੜੀ ਨੇ ਕਿਹਾ ਕਿ ਮਾਮਲੇ ਦੀ ਜਾਂਚ ਏਸੀਪੀ ਅੰਕਿਤਾ ਖਟਰਕਰ ਨੂੰ ਸੌਂਪ ਦਿੱਤੀ ਗਈ ਹੈ। ਰਿਪੋਰਟ ਆਉਣ ਤੋਂ ਬਾਅਦ ਕਾਂਸਟੇਬਲ ਅਤੇ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

# ਸਰਕਾਰ ਵੱਲੋਂ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਸਿਹਤ ਬੀਮਾ ਮੁਫ਼ਤ ਮਿਲਣ ਦੀ ਸੰਭਾਵਨਾ

ਚੰਡੀਗੜ੍ਹ, 7 ਜੁਲਾਈ (ਚ.ਨ.ਸ): ਪੰਜਾਬ ਦੇਸ਼ ਵਿਚ ਅਜਿਹਾ ਪਹਿਲਾ ਰਾਜ ਬਣਨ ਜਾ ਰਿਹਾ ਹੈ, ਜੋ ਆਪਣੇ ਸਾਰੇ 3 ਕਰੋੜ ਨਾਗਰਿਕਾਂ ਨੂੰ ਸਿਹਤ ਬੀਮਾ ਮੁਫ਼ਤ ਵਿਚ ਉਪਲਬਧ ਕਰਵਾਏਗਾ। ਪੱਤਰਕਾਰਾਂ ਨੂੰ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪੰਜਾਬ ਸਰਕਾਰ ਨੇ ਇੱਕ ਖਾਸ ਯੋਜਨਾ ਤਿਆਰ ਕੀਤੀ ਹੈ, ਜਿਸ ਨਾਲ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਸਿਹਤ ਬੀਮਾ ਮੁਫਤ ਮਿਲੇਗਾ ਅਤੇ ਸੂਬੇ ਦੇ ਹਰ ਨਾਗਰਿਕ ਦਾ ਵਧੀਆ ਇਲਾਜ ਹੋ ਸਕੇਗਾ। ਸਾਡੀ ਜਾਣਕਾਰੀ ਅਨੁਸਾਰ ਇਸ ਯੋਜਨਾ ਸੰਬੰਧੀ ਕੈਬਨਿਟ ਨੋਟ ਤਿਆਰ ਕੀਤਾ ਜਾ ਚੁੱਕਾ ਹੈ ਅਤੇ ਇਸ ਨੂੰ ਮੰਤਰੀ ਮੰਡਲ ਦੀ ਹੋ ਰਹੀ ਮੀਟਿੰਗ ਵਿੱਚ ਪ੍ਰਵਾਨਗੀ ਦਿੱਤੇ ਜਾਣ ਦੀ ਸੰਭਾਵਨਾ ਹੈ ਅਤੇ ਇਸ ਤੋਂ ਅਗਲੇ ਦਿਨ ਹੀ ਮੁੱਖ ਮੰਤਰੀ ਤੇ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਇਕ ਸਮਾਰੋਹ ਕਰਕੇ ਇਸ ਨੂੰ ਜਾਰੀ ਕਰ ਦਿੱਤੇ ਜਾਣ ਦੀ ਸੰਭਾਵਨਾ ਹੈ। ਜਾਣਕਾਰੀ ਅਨੁਸਾਰ ਆਮ ਪਰਿਵਾਰ ਨਿੱਜੀ ਕੰਪਨੀਆਂ ਤੋਂ ਸਿਹਤ ਬੀਮਾ ਕਰਵਾਉਂਦੇ ਹਨ, ਜਿਸ ਲਈ ਉਨ੍ਹਾਂ ਨੂੰ ਹਰ ਸਾਲ ਹਜ਼ਾਰਾਂ ਰੁਪਏ ਦਾ ਪ੍ਰੀਮੀਅਮ ਭਰਨਾ ਪੈਂਦਾ ਹੈ ਅਤੇ ਫਿਰ ਵੀ ਇਲਾਜ ਸਮੇਂ ਕੰਪਨੀਆਂ ਬਹੁਤ ਸਾਰੀਆਂ ਸ਼ਰਤਾਂ ਰੱਖ ਦਿੰਦੀਆਂ ਹਨ, ਜਿਸ ਨਾਲ ਚੰਗਾ ਇਲਾਜ ਅਜੇ ਵੀ ਆਮ ਪਰਿਵਾਰਾਂ ਦੀ ਪਹੁੰਚ ਤੋਂ ਬਾਹਰ ਹੈ। ਪਰ ਪੰਜਾਬ ਸਰਕਾਰ ਦੀ ਇਸ ਯੋਜਨਾ ਦੀ ਚਿੰਤਾ ਨਹੀਂ ਰਹੇਗੀ। ਜਾਣਕਾਰੀ ਅਨੁਸਾਰ ਇਸ ਯੋਜਨਾ ਤਹਿਤ ਸਾਰਿਆਂ ਦਾ 'ਮੁੱਖ ਮੰਤਰੀ ਸਿਹਤ ਕਾਰਡ' ਬਣਾਇਆ ਜਾਵੇਗਾ, ਜਿਸ ਦੇ ਆਧਾਰ 'ਤੇ ਸਰਕਾਰੀ ਜਾਂ ਨਿੱਜੀ ਹਸਪਤਾਲ ਵਿਚ ਪਰਿਵਾਰ ਦੇ ਕਿਸੇ ਵੀ ਮੈਂਬਰ ਦਾ 10 ਲੱਖ ਰੁਪਏ ਤੱਕ ਦਾ ਇਲਾਜ ਮੁਫ਼ਤ ਹੋ ਸਕੇਗਾ। ਜ਼ਿਕਰਯੋਗ ਹੈ ਕਿ ਅਰਵਿੰਦ ਕੇਜਰੀਵਾਲ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਵਾਸੀਆਂ ਨਾਲ ਵਧੀਆ ਇਲਾਜ ਮੁਫ਼ਤ ਦਿਵਾਉਣ ਦਾ ਜੋ ਵਾਅਦਾ ਕੀਤਾ ਸੀ, ਇਹ ਉਸ ਨੂੰ ਪੂਰਾ ਕਰਨ ਵੱਲ ਸਰਕਾਰ ਦਾ ਵੱਡਾ ਕਦਮ ਹੋਵੇਗਾ। ਇਸ ਤੋਂ ਪਹਿਲਾਂ ਸਰਕਾਰੀ ਹਸਪਤਾਲਾਂ ਵਿਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਵਧੀਆ ਇਲਾਜ ਮੁਹੱਈਆ ਕਰਵਾਉਣ ਲਈ ਸਰਕਾਰ ਨੇ ਕਈ ਅਹਿਮ ਕਦਮ ਵੀ ਚੁੱਕੇ ਹਨ। ਦੱਸਿਆ ਜਾ ਰਿਹਾ ਹੈ ਕਿ 'ਮੁੱਖ ਮੰਤਰੀ ਸਿਹਤ ਕਾਰਡ' ਯੋਜਨਾ ਦੇ ਸ਼ੁਰੂ ਹੋਣ ਦੇ ਬਾਅਦ ਨਿੱਜੀ ਹਸਪਤਾਲਾਂ ਵਿਚ ਇਹ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਦੇ ਇਲਾਵਾ ਸਰਕਾਰ ਵੱਲੋਂ ਪੇਂਡੂ ਕਲੀਨਿਕਾਂ ਦਾ ਵੀ ਇੱਕ ਪੂਰਾ ਨੈਟਵਰਕ ਤਿਆਰ ਕੀਤਾ ਗਿਆ ਹੈ, ਜਿਸ ਨਾਲ ਪਿੰਡ ਤੇ ਆਲੇ ਦੁਆਲੇ ਦੇ ਲੋਕਾਂ ਲਈ ਟੈਸਟ ਤੇ ਜਾਂਚ ਦੀ ਸਹੂਲਤ ਉਨ੍ਹਾਂ ਦੇ ਘਰ ਨੇੜੇ ਹੀ ਉਪਲਬਧ ਕਰਵਾਈ ਜਾਵੇਗੀ। ਇਹ ਵੀ ਗੱਲ ਵਰਣਨਯੋਗ ਹੈ ਕਿ ਪੰਜਾਬ ਵਿਚ ਸਰਕਾਰੀ ਨੌਕਰੀ ਕਰਨ ਵਾਲੇ ਅਤੇ ਸਾਬਕਾ ਕਰਮਚਾਰੀ, ਸਾਰੇ ਆਸ਼ਾ ਤੇ ਆਂਗਨਵਾੜੀ ਵਰਕਰ ਵੀ ਇਸ ਯੋਜਨਾ ਦਾ ਲਾਭ ਲੈ ਸਕਣਗੇ। ਸੂਤਰਾਂ ਅਨੁਸਾਰ ਇਸ ਯੋਜਨਾ ਵਿਚ ਰਜਿਸਟ੍ਰੇਸ਼ਨ ਨੂੰ ਵੀ ਬੇਹੱਦ ਅਸਾਨ ਬਣਾਇਆ ਜਾ ਰਿਹਾ ਹੈ। ਜਿਨ੍ਹਾਂ ਕੋਲ ਆਧਾਰ ਕਾਰਡ ਤੇ ਵੋਟਰ ਕਾਰਡ ਹਨ, ਉਹ ਅਸਾਨੀ ਨਾਲ ਆਪਣਾ 'ਮੁੱਖ ਮੰਤਰੀ ਸਿਹਤ ਕਾਰਡ' ਬਣਵਾ ਸਕਦੇ ਹਨ।

# ਟਰੱਕ ਯੂਨੀਅਨ ਪ੍ਰਧਾਨ ਦਾ ਇੱਟ ਮਾਰ ਕੇ ਕਤਲ, ਕੰਧ ਬਣਾਉਣ ਨੂੰ ਲੈ ਕੇ ਹੋਇਆ ਸੀ ਵਿਵਾਦ



ਹੁਸ਼ਿਆਰਪੁਰ, 7 ਜੁਲਾਈ (ਚ.ਨ.ਸ.): ਅੱਜ ਹੁਸ਼ਿਆਰਪੁਰ ਦੇ ਮੁਕੇਰੀਆਂ ਵਿੱਚ ਟਰੱਕ ਯੂਨੀਅਨ ਪ੍ਰਧਾਨ ਦਾ ਇੱਟਾਂ ਨਾਲ ਮਾਰ ਕੇ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਇਹ ਵਿਵਾਦ ਮੁਕੇਰੀਆਂ ਦੀ ਟਰੱਕ ਯੂਨੀਅਨ ਵਿੱਚ ਕੰਧ ਬਣਾਉਣ ਨੂੰ ਲੈ ਕੇ ਸ਼ੁਰੂ ਹੋਇਆ ਸੀ, ਜਿਸ ਵਿੱਚ ਪ੍ਰਧਾਨ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਹਰਭਜਨ ਸਿੰਘ ਅਟਵਾਲ, 80 ਸਾਲ ਵਜੋਂ ਹੋਈ ਹੈ, ਜੋ ਪਿੰਡ ਤਗੜਾ ਖੁਰਦ ਦਾ ਰਹਿਣ ਵਾਲਾ ਸੀ। ਹਰਭਜਨ ਸਿੰਘ ਅਟਵਾਲ ਮੁਕੇਰੀਆਂ ਟਰੱਕ ਯੂਨੀਅਨ ਦਾ ਪ੍ਰਧਾਨ ਵੀ ਸੀ। ਪਿਛਲੇ ਕਈ ਸਮੇਂ ਤੋਂ ਟਰੱਕ ਯੂਨੀਅਨ 'ਚ ਜ਼ਮੀਨ ਨੂੰ ਲੈ ਕੇ ਵਿਵਾਦ ਚੱਲ ਰਿਹਾ ਸੀ। ਕੁਝ ਦਿਨ ਪਹਿਲਾਂ ਟਰੱਕ ਯੂਨੀਅਨ ਦੇ ਅੰਦਰ ਇੱਕ ਕੰਧ ਬਣੀ ਸੀ, ਜੋ ਕਿ ਸੰਦੀਪ ਸਿੰਘ ਸੰਨੀ, ਵਾਸੀ ਗਲਦੀਆਂ ਨੇ ਬਣਾਈ ਸੀ। ਅੱਜ ਟਰੱਕ ਯੂਨੀਅਨ ਦੇ ਹੋਰ ਲੋਕਾਂ ਦੀ ਮੌਜੂਦਗੀ ਵਿੱਚ ਕੰਧ ਢਾਹੀ ਜਾ ਰਹੀ ਸੀ, ਜਿਸ ਤੋਂ ਗੁੱਸੇ ਵਿੱਚ ਆ ਕੇ ਸੰਨੀ ਨੇ ਹਰਭਜਨ ਸਿੰਘ ਨੂੰ ਇੱਟ ਮਾਰ ਦਿੱਤੀ। ਇੱਟ ਹਰਭਜਨ ਦੀ ਛਾਤੀ ਵਿੱਚ ਵੱਜੀ, ਜਿਸ ਕਾਰਨ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। ਮੁਕੇਰੀਆਂ ਪੁਲਿਸ ਨੇ ਹਰਭਜਨ ਸਿੰਘ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਵਿੱਚ ਰੱਖ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਬਾਰਸ਼ ਕਾਰਨ ਵੱਖ-ਵੱਖ ਚੋਆਂ 'ਚ ਆਏ ਤੇਜ਼ ਵਹਾਅ ਨੂੰ ਲੈ ਕੇ ਵਿਧਾਇਕ ਜਿੰਪਾ ਵੱਲੋਂ ਹੁਸ਼ਿਆਰਪੁਰ ਦੇ ਪ੍ਰਭਾਵਿਤ ਇਲਾਕਿਆਂ ਦਾ ਦੌਰਾ

ਹੁਸ਼ਿਆਰਪੁਰ, 7 ਜੁਲਾਈ (ਪਰਮਜੀਤ ਘੁੰਮਣ): ਭਾਰੀ ਬਾਰਸ਼ ਕਾਰਨ ਜ਼ਿਲ੍ਹੇ ਦੇ ਵੱਖ-ਵੱਖ ਚੋਆਂ ਵਿਚ ਆਏ ਤੇਜ਼ ਵਹਾਅ ਨੂੰ ਲੈ ਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਸਵਾਮੀ ਸਰਵਾਨੰਦ ਗਿਰੀ ਰਿਜਨਲ ਸੈਂਟਰ ਨੇੜੇ, ਰਾਧਾ ਸਵਾਮੀ ਸਤਿਸੰਗ ਘਰ ਨੇੜੇ ਅਤੇ ਭੰਗੀ ਚੋਅ ਵਿਚ ਆਏ ਪਾਣੀ ਦੀ ਸਥਿਤੀ ਦਾ ਖੁਦ ਜਾਇਜ਼ਾ ਲਿਆ। ਵਿਧਾਇਕ ਜਿੰਪਾ ਨੇ ਸਥਾਨਕ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਭਾਰੀ ਮੀਂਹ ਦੌਰਾਨ ਕਿਸੇ ਵੀ ਸੂਰਤ ਵਿਚ ਚੋਅ ਵਿਚੋਂ ਨਾ ਲੰਘਿਆ ਜਾਵੇ ਕਿਉਂਕਿ ਇਸ ਨਾਲ ਜਾਨੀ ਨੁਕਸਾਨ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਹਿਮਾਚਲ ਪ੍ਰਦੇਸ਼ ਵਿਚ ਲਗਾਤਾਰ ਹੋ ਰਹੀ ਬਾਰਸ਼ ਕਾਰਨ ਪਾਣੀ ਭੰਗੀ ਚੋਅ ਦੇ ਰਸਤੇ ਹੁਸ਼ਿਆਰਪੁਰ ਵਿਚ ਦਾਖਲ ਕਰ ਰਿਹਾ ਹੈ, ਜਿਸ ਨਾਲ ਪਾਣੀ ਦਾ ਪੱਧਰ ਅਚਾਨਕ ਵੱਧ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਥਿਤੀ ਨਾਲ ਨਿਪਟਣ ਲਈ ਸਾਰੇ ਜ਼ਰੂਰੀ ਪ੍ਰਬੰਧ ਪੂਰੇ ਕੀਤੇ ਗਏ ਹਨ। ਪੁਲਿਸ ਵਿਭਾਗ ਅਤੇ ਸਿਵਲ ਡਿਫੈਂਸ ਦੇ ਵਲੰਟੀਅਰ ਪ੍ਰਭਾਵਿਤ ਇਲਾਕਿਆਂ ਵਿਚ ਤਾਇਨਾਤ ਹਨ ਅਤੇ ਲੋਕਾਂ ਨੂੰ ਚੋਅ ਵਿਚੋਂ ਨਾ ਲੰਘਣ ਲਈ ਲਗਾਤਾਰ ਜਾਗਰੂਕ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਦੀ ਸਥਾਪਨਾ ਕੀਤੀ ਗਈ ਹੈ, ਜਿਥੇ ਕਿਸੇ ਵੀ ਐਮਰਜੈਂਸੀ ਸਥਿਤੀ ਵਿਚ ਨਾਗਰਿਕ ਟੈਲੀਫੋਨ ਨੰਬਰ 01882-220412 'ਤੇ ਸੰਪਰਕ ਕਰ ਸਕਦੇ ਹਨ। ਵਿਧਾਇਕ ਜਿੰਪਾ ਨੇ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਪੂਰੀ ਮੁਸਤੈਦੀ ਨਾਲ ਸਥਿਤੀ 'ਤੇ ਨਜ਼ਰ ਬਣਾਏ ਹੋਏ ਹਨ ਅਤੇ ਲੋਕਾਂ ਦੀ ਸੁਰੱਖਿਆ ਨੂੰ ਸਭ ਤੋਂ ਵੱਡੀ ਤਰਜੀਹ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਲਾਪ੍ਰਵਾਹੀ ਨਾ ਵਰਤੀ ਜਾਵੇ ਅਤੇ ਪ੍ਰਸ਼ਾਸਨ ਵੱਲੋਂ ਜਾਰੀ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਅਲਰਟ ਮੋਡ ਵਿਚ ਰਹਿਣ ਅਤੇ ਸਮੇਂ-ਸਮੇਂ 'ਤੇ ਹਾਲਾਤ ਦੀ ਸਮੀਖਿਆ ਕਰਦੇ ਰਹਿਣ। ਇਸ ਮੌਕੇ ਡੀ. ਐਸ.ਪੀ ਸਿਟੀ ਦੇਵਦੱਤ ਸ਼ਰਮਾ, ਡਿਪਟੀ ਚੀਫ ਵਾਰਡਨ ਸਿਵਲ ਡਿਫੈਂਸ ਪ੍ਰਮੋਦ ਸ਼ਰਮਾ, ਚੰਦਰ ਪ੍ਰਕਾਸ਼ ਸੈਣੀ, ਅਸ਼ਵਨੀ ਸ਼ਰਮਾ, ਮੋਹਨ ਲਾਲ ਜੋਸ਼ੀ, ਸਤੇਂਦਰ ਸ਼ਰਮਾ, ਵਿਸ਼ਾਲ ਏਰੀ, ਸਿਧਾਰਥ ਸ਼ਰਮਾ, ਦਕਸ਼ ਜੋਸ਼ੀ, ਸੁਮਿਤ ਗੁਪਤਾ, ਅਮਿਤ ਗੁਪਤਾ, ਵਿਕਾਸ ਸ਼ਰਮਾ, ਮਣੀ ਗੋਗੀਆ, ਦੀਪਕ ਕੁਮਾਰ, ਸਤੀਸ਼ ਕੁਮਾਰ, ਰਾਹੁਲ ਅਗਰਵਾਲ, ਜੋਗੇਸ਼ ਓਹਰੀ, ਰਾਜੇਸ਼ ਸੇਠੀ, ਤਾਰਕ ਸ਼ਰਮਾ ਵੀ ਮੌਜੂਦ ਸਨ।

# ਡੀ.ਸੀ. ਦਫ਼ਤਰ ਦੇ ਅਧਿਕਾਰੀਆਂ ਨੇ ਸੜਕ ਦੁਰਘਟਨਾ 'ਚ ਜਾਨ ਗਵਾਉਣ ਵਾਲੇ ਕਰਮਚਾਰੀ ਦੀ ਯਾਦ 'ਚ ਕੀਤਾ 2 ਮਿੰਟ ਦਾ ਮੌਨ ਧਾਰਨ

## ਡੀ.ਸੀ., ਏ.ਡੀ.ਸੀ. ਤੇ ਹੋਰਨਾਂ ਅਧਿਕਾਰੀਆਂ ਨੇ ਕਰਮਚਾਰੀ ਦੀ ਆਤਮਿਕ ਸ਼ਾਂਤੀ ਲਈ ਕੀਤੀ ਅਰਦਾਸ



ਫਾਜ਼ਿਲਕਾ, 7 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ ਸਮੇਤ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਪਿਛਲੇ ਦਿਨੀਂ ਸੜਕ ਦੁਰਘਟਨਾ ਵਿਚ ਜਾਨ ਗਵਾਉਣ ਵਾਲੇ ਡੀ.ਸੀ. ਦਫਤਰ ਦੇ ਕਰਮਚਾਰੀ ਸੁਰਿੰਦਰ ਸਿੰਘ ਦੀ ਯਾਦ ਵਿਚ 2 ਮਿੰਟ ਦਾ ਮੌਨ ਧਾਰਨ ਕੀਤਾ। ਇਸ ਮੌਕੇ ਸਮੂਹ ਹਾਜ਼ਰੀਨ ਨੇ ਅਰਦਾਸ ਕੀਤੀ ਕਿ ਉਕਤ ਕਰਮਚਾਰੀ ਨੂੰ ਪ੍ਰਮਾਤਮਾ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ 'ਤੇ ਕਰਮਚਾਰੀ ਨੂੰ ਆਤਮਿਕ ਸ਼ਾਂਤੀ ਨਸੀਬ ਹੋਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਬੰਧਤ ਕਰਮਚਾਰੀ ਇਮਾਨਦਾਰ ਤੇ ਦਫਤਰ ਨੂੰ ਸੇਵਾਵਾਂ ਦੇਣ ਪ੍ਰਤੀ ਪੂਰੀ ਤਰ੍ਹਾਂ ਸਮਰਪਿਤ ਸਨ। ਉਨ੍ਹਾਂ ਕਿਹਾ ਕਿ ਜਿਥੇ ਦਫਤਰੀ ਪਰਿਵਾਰ ਨੂੰ ਉਨ੍ਹਾਂ ਦੇ ਜਾਣ ਨਾਲ ਘਾਟਾ ਪਿਆ ਹੈ ਉਸ ਤੋਂ ਕਿਤੇ ਵੱਧ ਉਨ੍ਹਾਂ ਦੇ ਘਰੇਲੂ ਪਰਿਵਾਰ ਨੂੰ ਪਿਆ ਹੈ। ਉਹ ਪ੍ਰਮਾਤਮਾ ਅੱਗੇ ਇਹ ਵੀ ਅਰਦਾਸ ਕਰਦੇ ਹਨ ਕਿ ਉਨ੍ਹਾਂ ਦੇ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਹੌਸਲਾ ਦੇਣ। ਇਸ ਮੌਕੇ ਸੁਪਰਡੈਂਟ ਪ੍ਰਦੀਪ ਗੱਖੜ, ਗਨੇਸ਼ ਤੋਂ ਇਲਾਵਾ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਕੌਂਸਲ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਤੇ ਵਾਰਡ ਇੰਚਾਰਜ ਗੋਲਡੀ ਘੁੰਮਣ ਨੇ ਨਸ਼ਿਆਂ ਖਿਲਾਫ਼ ਕੀਤੀ ਮੀਟਿੰਗ



ਮੰਡੀ ਗੋਬਿੰਦਗੜ੍ਹ, 7 ਜੁਲਾਈ (ਸੂਦ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਵਾਰਡ ਨੰਬਰ 23 ਦੇ ਇੰਚਾਰਜ ਜਗਦੀਸ਼ ਸਿੰਘ ਗੋਲਡੀ ਘੁੰਮਣ ਵੱਲੋਂ ਵਾਰਡ ਦੇ ਲੋਕਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿਚ ਕੌਂਸਲ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ, ਬਲਾਕ ਪ੍ਰਧਾਨ ਦਲਜੀਤ ਸਿੰਘ ਵਿਰਕ ਅਤੇ ਆਪ ਆਗੂ ਗੁਰਮੀਤ ਸਿੰਘ ਗੋਬਿੰਦਗੜ੍ਹ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਵਿਚ ਲੋਕਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਹੁਣ ਤੱਕ ਦੀਆਂ ਸਰਕਾਰਾਂ ਵੱਲੋਂ ਨਸ਼ਿਆਂ ਖਿਲਾਫ਼ ਠੋਸ ਕਦਮ ਨਹੀਂ ਚੁਕੇ ਗਏ ਜਦੋਂ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿਸ਼ੇਸ਼ ਮੁਹਿੰਮ ਚਲਾਈ ਹੈ, ਜਿਸ ਤਹਿਤ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਵਾਰਡ ਤੇ ਪਿੰਡ ਪੱਧਰ ਤੱਕ ਲੋਕਾਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ। ਇਸ ਮੌਕੇ ਨਸ਼ਿਆਂ ਖਿਲਾਫ਼ ਬਣੀ ਕਮੇਟੀ ਦੇ ਮੈਂਬਰਾਂ ਵਲੋਂ ਨਸ਼ਿਆਂ ਵਿਰੋਧੀ ਮੁਹਿੰਮ ਦਾ ਫੀਡ ਬੈਕ ਵੀ ਲਿਆ ਗਿਆ ਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ।

# ਜ਼ਿਲ੍ਹੇ ਦਾ ਡੈਲੀਗੇਟ ਇਜਲਾਸ ਹੋਇਆ, ਜ਼ਿਲ੍ਹਾ ਪ੍ਰਧਾਨ ਬਣਾਉਣ ਦੇ ਅਧਿਕਾਰ ਸੁਖਬੀਰ ਬਾਦਲ ਨੂੰ ਦਿੱਤੇ

## ☛ ਰਾਜੂ ਖੰਨਾ, ਗੁਰੂ, ਚਨਾਰਥਲ, ਭਾਈ ਖ਼ਾਲਸਾ, ਭੁੱਟਾ ਤੇ ਰਿਆ ਰਹੇ ਇਜਲਾਸ 'ਚ ਮੌਜੂਦ



ਫ਼ਤਹਿਗੜ੍ਹ ਸਾਹਿਬ, 7 ਜੁਲਾਈ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਅੱਜ ਜ਼ਿਲ੍ਹਾ ਪ੍ਰਧਾਨ ਦੀ ਚੋਣ ਨੂੰ ਅੰਤਮ ਰੂਪ ਦੇਣ ਲਈ ਸਮੁੱਚੇ ਜ਼ਿਲ੍ਹੇ ਦੇ ਡੈਲੀਗੇਟਾਂ ਦਾ ਇਜਲਾਸ ਗੁਰਦੁਆਰਾ ਫਤਹਿਗੜ੍ਹ ਸਾਹਿਬ ਦੇ ਮੀਟਿੰਗ ਹਾਲ ਵਿੱਚ ਜ਼ਿਲ੍ਹਾ ਅਬਜ਼ਰਵਰ ਬਿਕਰਮਜੀਤ ਸਿੰਘ ਖਾਲਸਾ ਤੇ ਪਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਹੋਇਆ। ਜਿਸ ਵਿੱਚ ਸਮੁੱਚੇ ਜ਼ਿਲ੍ਹੇ ਦੇ ਡੈਲੀਗੇਟਾਂ ਤੋਂ ਇਲਾਵਾ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਤੇ ਕੋਰ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਰਾਜੂ ਖੰਨਾ, ਹਲਕਾ ਇੰਚਾਰਜ ਬਸੀ ਪਠਾਣਾਂ, ਦਰਬਾਰਾ ਸਿੰਘ ਗੁਰੂ ਮੈਂਬਰ ਕੋਰ ਕਮੇਟੀ, ਸੀਨੀਅਰ ਆਗੂ ਸ਼ਰਨਜੀਤ ਸਿੰਘ ਚਨਾਰਥਲ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਰਵਿੰਦਰ ਸਿੰਘ ਖਾਲਸਾ, ਸ਼੍ਰੋਮਣੀ ਕਮੇਟੀ ਮੈਂਬਰ ਅਵਤਾਰ ਸਿੰਘ ਰਿਆ ਤੇ ਸਾਬਕਾ ਚੇਅਰਮੈਨ ਬਲਜੀਤ ਸਿੰਘ ਭੁੱਟਾ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਇਜਲਾਸ ਵਿੱਚ ਮੌਜੂਦ ਰਹੇ। ਜ਼ਿਲ੍ਹਾ ਅਬਜ਼ਰਵਰ ਬਿਕਰਮਜੀਤ ਸਿੰਘ ਖਾਲਸਾ ਤੇ ਪਰਮਜੀਤ ਸਿੰਘ ਢਿੱਲੋਂ ਨੇ ਇਜਲਾਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਮਹਿਬੂਬ ਆਗੂ ਬਿਕਰਮ ਸਿੰਘ ਮਜੀਠੀਆ 'ਤੇ ਜੋ ਝੂਠੇ ਦੋਸ਼ ਮੁੱਖ ਮੰਤਰੀ ਭਗਵੰਤ ਮਾਨ ਤੇ ਉਸ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਲਗਾਏ ਗਏ ਹਨ, ਹੁਣ ਸਮਾ ਆ ਗਿਆ ਹੈ। ਉਹਨਾਂ ਨੂੰ ਕਟਹਿਰੇ ਵਿੱਚ ਖੜ੍ਹੇ ਕਰਕੇ ਮਾਣਹਾਨੀ ਕੇਸ ਦਰਜ ਕਰਵਾਉਣ ਦਾ। ਜਿਸ ਲਈ ਹਰ ਵਰਕਰ ਤੇ ਆਗੂ ਇਨ੍ਹਾਂ ਸਰਕਾਰ ਦੇ ਹਰ ਨੁਮਾਇੰਦੇ ਨੂੰ ਮੂੰਹ ਤੋੜਵਾਂ ਜਵਾਬ ਦੇਵੇ। ਅਬਜ਼ਰਵਰਾਂ ਨੇ ਕਿਹਾ ਕਿ ਸਰਕਾਰ ਦੀ ਧੱਕੇਸ਼ਾਹੀ ਤੇ ਝੂਠੇ ਪਰਚੇ ਹੁਣ ਜੱਗ ਜ਼ਾਹਰ ਹੋ ਚੁੱਕੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਇਸ ਸਰਕਾਰ ਦਾ ਪਤਨ ਹੋਣਾ ਤੈਅ ਹੈ। ਉਹਨਾਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਆਉਣ ਵਾਲੇ ਦਿਨਾਂ ਵਿੱਚ ਸਾਫ ਪਾਕ ਦਾਮਨ ਲੈ ਕੇ ਲੋਕਾਂ ਦੀ ਕਚਿਹਰੀ ਵਿੱਚ ਪੁੱਜਣਗੇ ਤੇ ਇਸ ਝੂਠੀ ਸਰਕਾਰ ਦਾ ਹਰ ਪਰਦਾਫਾਸ਼ ਕਰਨਗੇ। ਅੱਜ ਦੇ ਇਜਲਾਸ ਸਬੰਧੀ ਉਹਨਾਂ ਜ਼ਿਲ੍ਹੇ ਦੀ ਸੀਨੀਅਰ ਲੀਡਰਸ਼ਿਪ ਤੇ ਸਮੁੱਚੇ ਡੈਲੀਗੇਟਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਹਨਾਂ ਵੱਲੋਂ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਬਣਾਉਣ ਲਈ ਉਹਨਾਂ ਵੱਲੋਂ ਸਾਰੇ ਅਧਿਕਾਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਦਿੱਤੇ ਹਨ। ਉਹਨਾਂ ਅੱਜ ਦੀ ਮੀਟਿੰਗ ਦੀ ਜਾਣਕਾਰੀ ਪਾਰਟੀ ਪ੍ਰਧਾਨ ਨੂੰ ਦੇਣਗੇ ਤਾਂ ਜੋ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਜਲਦ ਜ਼ਿਲ੍ਹਾ ਪ੍ਰਧਾਨ ਬਣਾਇਆ ਜਾ ਸਕੇ। ਇਸ ਮੌਕੇ 'ਤੇ ਸਮੁੱਚੀ ਜ਼ਿਲ੍ਹਾ ਲੀਡਰਸ਼ਿਪ ਵੱਲੋਂ ਕੋਰ ਕਮੇਟੀ ਮੈਂਬਰ ਤੇ ਵਰਕਿੰਗ ਕਮੇਟੀ ਮੈਂਬਰ ਬਣਨ 'ਤੇ ਗੁਰਪ੍ਰੀਤ ਸਿੰਘ ਰਾਜੂ ਖੰਨਾ, ਦਰਬਾਰਾ ਸਿੰਘ ਗੁਰੂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

# ਪਿੰਡ ਬੂਰਵਾਲ ਨਜ਼ਦੀਕ ਕੌਮੀ ਮਾਰਗ 'ਤੇ ਇੱਟਾਂ ਦਾ ਭਰਿਆ ਟਰੱਕ ਪਲਟਿਆ



ਸ੍ਰੀ ਕੀਰਤਪੁਰ ਸਾਹਿਬ, 7 ਜੁਲਾਈ (ਬੀ.ਐਸ. ਰਾਣਾ): ਚੰਗਰ ਇਲਾਕੇ ਦੇ ਪਿੰਡ ਬੁਰਵਾਲ ਦੇ ਨਜ਼ਦੀਕ ਸ੍ਰੀ ਕੀਰਤਪੁਰ ਸਾਹਿਬ-ਬਿਲਾਸਪੁਰ ਕੌਮੀ ਮਾਰਗ ਉੱਪਰ ਅੱਜ ਤੜਕਸਾਰ ਇੱਕ ਇੱਟਾਂ ਦਾ ਭਰਿਆ ਹੋਇਆ ਟਰੱਕ ਸੜਕ ਦੇ ਡਿਵਾਈਡਰ ਨਾਲ ਟਕਰਾ ਕੇ ਪਲਟ ਜਾਣ ਦੀ ਸੂਚਨਾ ਮਿਲੀ ਹੈ। ਇਸ ਹਾਦਸੇ ਵਿੱਚ ਟਰੱਕ ਵਿੱਚ ਸਵਾਰ ਦੋ ਵਿਅਕਤੀਆਂ ਦੇ ਮਾਮੂਲੀ ਸੱਟਾਂ ਲੱਗੀਆਂ ਹਨ, ਪਰ ਟਰੱਕ ਦਾ ਕਾਫੀ ਨੁਕਸਾਨ ਹੋਇਆ ਹੈ। ਇਸ ਹਾਦਸੇ ਵਿੱਚ ਟਰੱਕ ਦੇ ਟਾਇਰ ਵੀ ਚੈਸੀ ਨਾਲੋਂ ਅਲੱਗ ਹੋ ਗਏ । ਇਸ ਹਾਦਸੇ ਕਾਰਨ ਸ੍ਰੀ ਕੀਰਤਪੁਰ ਸਾਹਿਬ ਤੋਂ ਬਿਲਾਸਪੁਰ ਵਾਲੀ ਸਾਈਡ ਸੜਕ ਉੱਪਰ ਵਾਹਨਾਂ ਦਾ ਜਾਮ ਲੱਗ ਗਿਆ, ਜਿਸ ਦੇ ਚਲਦੇ ਹੋਏ ਸੜਕ ਦੇ ਇੱਕ ਪਾਸੇ ਨੂੰ ਕੁਝ ਸਮੇਂ ਲਈ ਦੋਵੇਂ ਪਾਸੇ ਦੀ ਆਵਾਜਾਈ ਲਈ ਚਾਲੂ ਕਰਨਾ ਪਿਆ। ਇਸ ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਸ੍ਰੀ ਕੀਰਤਪੁਰ ਸਾਹਿਬ-ਮਨਾਲੀ ਕੌਮੀ ਮਾਰਗ ਤੇ ਪਿੰਡ ਮੋੜਾ ਨਜ਼ਦੀਕ ਲੱਗੇ ਟੋਲ ਪਲਾਜ਼ਾ ਦੀ ਪੈਟਰੋਲਿੰਗ ਪਾਰਟੀ ਮੌਕੇ ਉੱਪਰ ਪਹੁੰਚ ਗਈ ਅਤੇ ਉਹਨਾਂ ਵੱਲੋਂ ਹਾਈਡਰਾ ਮਸ਼ੀਨ ਮੰਗਵਾ ਕੇ ਟਰੱਕ ਨੂੰ ਚੁੱਕ ਕੇ ਸਾਈਡ 'ਤੇ ਕਰਵਾਇਆ ਗਿਆ ਤੇ ਸੜਕੀ ਆਵਾਜਾਈ ਬਹਾਲ ਕਰਵਾਈ।

# ਜਾਨਵਰਾਂ ਤੋਂ ਮਨੁੱਖਾਂ ਨੂੰ ਹੋਣ ਵਾਲੀਆਂ ਬਿਮਾਰੀਆਂ ਪ੍ਰਤੀ ਸੁਚੇਤ ਰਹਿਣ ਦੀ ਲੋੜ: ਸਿਵਲ ਸਰਜਨ




ਫਤਹਿਗੜ੍ਹ ਸਾਹਿਬ, 7 ਜੁਲਾਈ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੀ ਅਗਵਾਈ ਹੇਠ 'ਵਿਸ਼ਵ ਜ਼ੂਨੋਸਿਸ ਦਿਵਸ' ਮਨਾਇਆ ਗਿਆ ਤੇ ਆਮ ਲੋਕਾਂ ਨੂੰ ਜਾਨਵਰਾਂ ਤੋਂ ਮਨੁੱਖ ਨੂੰ ਹੋਣ ਵਾਲੀਆਂ ਬਿਮਾਰੀਆਂ ਸਬੰਧੀ ਸੁਚੇਤ ਕਰਨ ਲਈ ਜਾਗਰੂਕਤਾ ਪੋਸਟਰ ਵੀ ਜਾਰੀ ਕੀਤਾ ਗਿਆ। ਇਸ ਮੌਕੇ 'ਤੇ ਜਾਨਵਰਾਂ ਤੋਂ ਮਨੁੱਖਾਂ ਨੂੰ ਹੋਣ ਵਾਲੀਆਂ ਬਿਮਾਰੀਆਂ ਪ੍ਰਤੀ ਸੁਚੇਤ ਕਰਦੇ ਹੋਏ ਤੇ ਉਹਨਾਂ ਤੋਂ ਬਚਣ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਦੱਸਿਆ ਕਿ ਹਲਕਾਅ, ਇੰਨਫਲੂਐਂਜ਼ਾ, ਬਰੂਸੀਲੋਸਿਸ, ਪਲੇਗ, ਤਪਦਿਕ, ਧੱਦਰ ਰੋਗ, ਸਵਾਇਨ ਫਲੂ, ਬਰਡ ਫਲੂ, ਇਬੋਲਾ, ਡਿਪਥੀਰੀਆ, ਫੀਤਾ ਕਿਰਮ, ਚਿਕਨਗੁਣੀਆ, ਜਪਾਨੀ ਇਨਸੇਫਲਾਈਟਸ, ਰਿਕਟਸੀਓਸਿਸ, ਆਦਿ ਜ਼ੂਨੋਟਿਕ ਬਿਮਾਰੀਆਂ ਹੁੰਦੀਆਂ ਹਨ ਜੋ ਜਾਨਵਰਾਂ ਵੱਲੋਂ ਮਨੁੱਖ ਨੂੰ ਕੱਟਣ ਨਾਲ ਜਾਂ ਮਨੁੱਖੀ ਸਰੀਰ ਦੇ ਲਾਗ ਵਾਲੇ ਜਾਨਵਰ ਦੇ ਸਰੀਰਕ ਤਰਲ ਪਦਾਰਥ ਦੇ ਸੰਪਰਕ ਵਿੱਚ ਆਉਣ ਨਾਲ ਵਾਇਰਸ, ਬੈਕਟੀਰੀਆ, ਫੰਜਾਈ, ਪਰਾਈਓਨ, ਜਾਂ ਪਰਜੀਵੀਆਂ ਰਾਹੀਂ ਮਨੁੱਖੀ ਸਰੀਰ ਵਿੱਚ ਪ੍ਰਵੇਸ਼ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਬਿਮਾਰੀਆਂ ਮਨੁੱਖੀ ਸਰੀਰ ਲਈ ਇੱਕ ਗੰਭੀਰ ਖਤਰਾ ਹੁੰਦੀਆਂ ਹਨ, ਇਸ ਲਈ ਇਹਨਾਂ ਤੋਂ ਬਚਣ ਲਈ ਸੁਚੇਤ ਰਿਹਾ ਜਾਵੇ। ਉਨ੍ਹਾਂ ਕਿਹਾ ਕਿ ਜ਼ੂਨੋਸਿਸ ਬਿਮਾਰੀਆਂ ਜਾਨਵਰਾਂ ਵਿੱਚ ਪੈਦਾ ਹੁੰਦੀਆਂ ਹਨ, ਜਦੋਂ ਮਨੁੱਖੀ ਸਰੀਰ ਇਨ੍ਹਾਂ ਜਾਨਵਰਾਂ ਦੇ ਸੰਪਰਕ ਵਿੱਚ ਆਉਂਦਾ ਹੈ ਤਾਂ ਇਹ ਮਨੁੱਖਾਂ ਵਿੱਚ ਫੈਲ ਜਾਂਦੀਆਂ ਹਨ । ਉਹਨਾਂ ਕਿਹਾ ਕਿ ਪਸ਼ੂਆਂ ਤੋਂ ਪ੍ਰਾਪਤ ਹੋਣ ਵਾਲੇ ਖਾਦ ਪਦਾਰਥ ਜਿਵੇਂ ਦੁੱਧ, ਅੰਡਾ ਮੀਟ ਆਦਿ ਨੂੰ ਚੰਗੀ ਤਰ੍ਹਾਂ ਪਕਾ ਕੇ ਹੀ ਇਸਤੇਮਾਲ ਕੀਤਾ ਜਾਵੇ। ਇਸ ਮੌਕੇ 'ਤੇ ਜ਼ਿਲ੍ਹਾ ਸਿਹਤ ਅਫਸਰ ਡਾ. ਅਮਨਦੀਪ ਸਿੰਘ, ਜ਼ਿਲ੍ਹਾ ਡੈਂਟਲ ਸਿਹਤ ਅਫਸਰ ਡਾ. ਪਾਰੁਲ ਗੁਪਤਾ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਅਮਨਪ੍ਰੀਤ ਸਿੰਘ, ਸਹਾਇਕ ਮਲੇਰੀਆ ਅਫਸਰ ਕੁਲਬੀਰ ਸਿੰਘ, ਸੋਮਨਾਥ, ਸਟਾਫ ਨਰਸ ਪ੍ਰਿਯੰਕਾ ਥਾਮਸ ਆਦਿ ਹਾਜ਼ਰ ਸਨ।

# ਮਿਸਲ ਨਵਾਬ ਕਪੂਰ ਸਿੰਘ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਦਵਿੰਦਰ ਸਿੰਘ ਵੱਲੋਂ ਧਾਰਮਿਕ ਪ੍ਰੋਗਰਾਮ



ਭੋਗਪੁਰ, 7 ਜੁਲਾਈ (ਅਮਰਜੀਤ ਸਿੰਘ ਸੈਣੀ ਜੰਡੀਰ): ਮਿਸਲ ਨਵਾਬ ਕਪੂਰ ਸਿੰਘ ਜੀ ਬੁੱਢਾ ਦਲ ਮੁਖੀ ਜਥੇਦਾਰ ਬਾਬਾ ਦਵਿੰਦਰ ਸਿੰਘ ਅਕਾਲੀ ਜੀ ਦੀ ਅਗਵਾਈ ਹੇਠ ਬੜੀ ਹੀ ਸ਼ਰਧਾ ਤੇ ਭਾਵਨਾ ਨਾਲ ਪਿੰਡ ਗੜੀ ਬਖਸ਼ਾ ਵਿਖੇ ਧਾਰਮਿਕ ਪ੍ਰੋਗਰਾਮ ਕਰਵਾਏ ਗਏ, ਨਿਹੰਗ ਸਿੰਘ ਸਾਹਿਬਾਨਾਂ ਨੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਪੂਰੇ ਪਿੰਡ ਦੀ ਪਰਿਕਰਮਾ ਕੀਤੀ, ਪਿੰਡ ਦੀਆਂ ਸੰਗਤਾਂ ਵੱਲੋਂ ਨਿਹੰਗ ਸਿੰਘ ਸਾਹਿਬਾਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਮੁਖੀ ਜਥੇਦਾਰ ਬਾਬਾ ਦਵਿੰਦਰ ਸਿੰਘ ਜੀ ਨੇ ਦੱਸਿਆ ਕਿ ਰੋਜ਼ਾਨਾ ਹੀ ਵੱਖ ਵੱਖ ਪਿੰਡਾਂ ਵਿੱਚ ਹਾਜ਼ਰੀਆਂ ਭਰੀਆਂ ਜਾਂਦੀਆਂ ਹਨ ਅਤੇ ਸਿੰਘ ਸਾਹਿਬਾਨਾਂ ਵੱਲੋਂ ਘੋੜ ਦੌੜ ਅਤੇ ਗੱਤਕੇ ਦੇ ਜੋਹਰ ਵੀ ਦਿਖਾਏ ਜਾਂਦੇ ਹਨ।

# ਵਿਸ਼ਵ ਜ਼ੂਨੋਸਿਸ ਦਿਵਸ ਮੌਕੇ ਜਾਨਵਰਾਂ ਤੋਂ ਮਨੁੱਖਾਂ 'ਚ ਫੈਲਣ ਵਾਲੀਆਂ ਬਿਮਾਰੀਆਂ ਬਾਰੇ ਕੀਤਾ ਜਾਗਰੂਕ



ਫ਼ਿਰੋਜ਼ਪੁਰ,7 ਜੁਲਾਈ (ਤਿਵਾੜੀ): ਜਾਨਵਰਾਂ ਤੋਂ ਮਨੁੱਖਾਂ ਵਿਚ ਫੈਲਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਰਾਜਵਿੰਦਰ ਕੌਰ ਦੀ ਅਗਵਾਈ ਹੇਠ ਦਫ਼ਤਰ ਬੀ.ਡੀ.ਪੀ.ਓ. ਵਿਖੇ ਨਵੇਂ ਚੁਣੇ ਸਰਪੰਚਾਂ ਪੰਚਾਂ ਨਾਲ ਜਾਗਰੂਕਤਾ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸਿਹਤ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਬੀ.ਡੀ.ਪੀ.ਓ. ਵਿਭਾਗ ਦੇ ਮਾਸਟਰ ਰਿਸੋਰਸ ਪਰਸਨ ਸੰਦੀਪ ਕੌਰ ਨੇ ਭਾਗ ਲਿਆ। ਜਾਗਰੂਕਤਾ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਨੇ ਕਿਹਾ ਕਿ ਵਿਸ਼ਵ ਜ਼ੂਨੋਸਿਸ ਦਿਵਸ ਮੌਕੇ ਆਮ ਲੋਕਾਂ ਨੂੰ ਇਸ ਬਿਮਾਰੀ ਤੋਂ ਸੁਚੇਤ ਕਰਨ ਲਈ ਜ਼ਿਲ੍ਹੇ ਭਰ ਵਿੱਚ ਜਾਗਰੂਕਤਾ ਸੈਮੀਨਾਰ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ੂਨੋਟਿਕ ਬਿਮਾਰੀਆਂ ਜਾਨਵਰਾਂ ਵਿਚ ਪੈਦਾ ਹੁੰਦੀਆਂ ਹਨ ਅਤੇ ਮਨੁੱਖਾਂ ਵਿੱਚ ਫੈਲ ਜਾਂਦੀਆਂ ਹਨ। ਲਾਗ ਵਾਲੇ ਜਾਨਵਰ ਦੇ ਕੱਟਣ ਨਾਲ ਜਾਂ ਲਾਗ ਵਾਲੇ ਜਾਨਵਰ ਦੇ ਸਰੀਰਕ ਤਰਲ ਪਦਾਰਥਾਂ ਦੇ ਸੰਪਰਕ ਵਿਚ ਆਉਣ ਨਾਲ ਬਿਮਾਰੀ ਫੈਲਦੀ ਹੈ। ਇਸ ਬਿਮਾਰੀ ਦੇ ਫੈਲਣ ਦੇ ਕਾਰਨਾਂ ਬਾਰੇ ਦੱਸਦਿਆਂ ਕਿਹਾ ਕਿ ਜਾਨਵਰਾਂ ਤੋਂ ਵਾਇਰਸ, ਬੈਕਟੀਰੀਆ, ਫੰਜਾਈ, ਪ੍ਰਰਾਈਓਨ ਜਾਂ ਪਰਜੀਵੀਆਂ ਰਾਹੀਂ ਬਿਮਾਰੀਆਂ ਮਨੁੱਖੀ ਸਰੀਰ ਅੰਦਰ ਪ੍ਰਵੇਸ਼ ਕਰ ਜਾਂਦੀਆਂ ਹਨ। ਹਲਕਾਅ, ਇੰਫਲੂਐਂਜਾਂ, ਬਰੂਸੀਲੋਸਿਸ, ਪਲੇਗ, ਤਪਦਿਕ, ਧਦਰ ਰੋਗ, ਸਵਾਈਨ ਫਲੂ, ਬਰਡ ਫਲੂ, ਇਬੋਲਾ, ਡਿਪਥੀਰਿਆ, ਫੀਤਾ ਕਿਰਮ, ਡੇਂਗੂ, ਚਿਕਨਗੁਨੀਆਂ, ਜਪਾਨੀ ਇਨਸੇਫਲਾਈਟਿਸ, ਰਿਕੇਟਸੀਓਸਿਸ ਆਦਿ ਜੂਨੋਟਿਕ ਬਿਮਾਰੀਆਂ ਹਨ ਤੇ ਮਨੁੱਖੀ ਸਿਹਤ ਲਈ ਇਕ ਗੰਭੀਰ ਖਤਰਾ ਹਨ। ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਕਿਹਾ ਕਿ ਇਨ੍ਹਾਂ ਤੋਂ ਬਚਾਅ ਲਈ ਜ਼ਰੂਰੀ ਹੈ ਕਿ ਆਪਣੇ ਸੰਪਰਕ ਵਿਚ ਆਉਣ ਵਾਲੇ ਪਸ਼ੂਆਂ ਜਾਂ ਜਾਨਵਰਾਂ ਦੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ।

# ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਵੱਲੋਂ ਆਫ਼ਤ ਪ੍ਰਬੰਧਨ 'ਤੇ ਇੱਕ ਦਿਨਾ ਸਮਰੱਥਾ ਨਿਰਮਾਣ ਵਰਕਸ਼ਾਪ ਦਾ ਆਯੋਜਨ



ਮੰਡੀ ਗੋਬਿੰਦਗੜ੍ਹ, 7 ਜੁਲਾਈ (ਸੂਦ): ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਮੰਡੀ ਗੋਬਿੰਦਗੜ੍ਹ ਵਿੱਚ ਸੀਬੀਐਸਈ ਦੀ ਅਗਵਾਈ ਹੇਠ ਇੱਕ ਦਿਨ ਦੀ 'ਆਫ਼ਤ ਪ੍ਰਬੰਧਨ ਸਮਰੱਥਾ ਨਿਰਮਾਣ ਵਰਕਸ਼ਾਪ' ਦਾ ਆਯੋਜਨ ਕੀਤਾ, ਜਿਸ ਵਿਚ 56 ਸਮਰਪਿਤ ਅਧਿਆਪਕਾਂ ਨੇ ਭਾਗ ਲਿਆ। ਵਰਕਸ਼ਾਪ ਦਾ ਉਦੇਸ਼ ਅਧਿਆਪਕਾਂ ਵਿੱਚ ਜਾਗਰੂਕਤਾ, ਤਿਆਰੀ ਤੇ ਸਕੂਲ ਸੁਰੱਖਿਆ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ। ਵਰਕਸ਼ਾਪ ਨੂੰ ਦੋ ਪ੍ਰਸਿੱਧ ਸਰੋਤ ਵਿਅਕਤੀ ਯੇਸ਼ਾ ਪ੍ਰਿੰਸੀਪਲ, ਸੇਂਟ ਸੋਲਜਰ ਸਮਾਰਟ ਸਕੂਲ ਚੁੰਨੀ ਕਲਾਂ ਤੇ ਮਨਜੀਤ ਜੌਹਰ ਸਾਬਕਾ ਪ੍ਰਿੰਸੀਪਲ, ਕੁੰਦਨ ਇੰਟਰਨੈਸ਼ਨਲ ਸਕੂਲ, ਚੰਡੀਗੜ੍ਹ ਨੇ ਆਪਣੇ ਅਨੁਭਵ ਸਾਂਝੇ ਕੀਤੇ। ਚਾਰ ਸੈਸ਼ਨਾਂ ਵਿੱਚ ਹੋਈ ਵਰਕਸ਼ਾਪ ਵਿੱਚ ਵੱਖ-ਵੱਖ ਕਿਸਮਾਂ ਦੀਆਂ ਆਫ਼ਤਾਂ ਦੀ ਪਛਾਣ, ਜ਼ੋਖਮ ਘਟਾਉਣ ਦੀਆਂ ਰਣਨੀਤੀਆਂ, ਐਮਰਜੈਂਸੀ ਪ੍ਰਤੀਕਿਰਿਆ ਯੋਜਨਾਵਾਂ ਤੇ ਸਕੂਲ ਆਫ਼ਤ ਪ੍ਰਬੰਧਨ ਯੋਜਨਾ ਦੀ ਤਿਆਰੀ ਵਰਗੇ ਮਹੱਤਵਪੂਰਨ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ। ਅਧਿਆਪਕਾਂ ਨੇ ਸਮੂਹ ਕਾਰਜ, ਦਿਮਾਗੀ ਤਜ਼ਰਬੇ ਦੇ ਸੈਸ਼ਨਾਂ ਅਤੇ ਦ੍ਰਿਸ਼-ਅਧਾਰਤ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲਿਆ। ਅੰਤ ਵਿੱਚ ਸਕੂਲ ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ। ਉਨ੍ਹਾਂ ਸਾਰੇ ਭਾਗੀਦਾਰਾਂ ਨੂੰ ਆਪਣੇ ਸਕੂਲਾਂ ਨੂੰ ਵਧੇਰੇ ਸੁਰੱਖਿਅਤ, ਸੁਚੇਤ ਤੇ ਆਫ਼ਤ ਲਈ ਤਿਆਰ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਕੂਲ ਸਿਰਫ਼ ਸਿੱਖਿਆ ਦੇ ਕੇਂਦਰ ਹੀ ਨਹੀਂ ਸਗੋਂ ਉਹ ਸਥਾਨ ਵੀ ਹਨ, ਜਿੱਥੇ ਬੱਚਿਆਂ ਦੀ ਸੁਰੱਖਿਆ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਮਹਿਮਾਨਾਂ ਤੇ ਅਧਿਆਪਕਾਂ ਦਾ ਧੰਨਵਾਦ ਵੀ ਕੀਤਾ।

# ਜ਼ਿਲ੍ਹਾ ਸਿਹਤ ਵਿਭਾਗ ਨੇ ਪਸ਼ੂ ਪਾਲਣ ਵਿਭਾਗ ਦੇ ਸਹਿਯੋਗ ਨਾਲ ਮਨਾਇਆ 'ਵਿਸ਼ਵ ਜ਼ੂਨੋਸਿਸ ਦਿਵਸ'

ਫਾਜ਼ਿਲਕਾ, 7 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਿਸ਼ਾਂ ਨਿਰਦੇਸ਼ਾਂ 'ਤੇ ਡਾ. ਰਾਜ ਕੁਮਾਰ ਸਿਵਲ ਸਰਜਨ ਫ਼ਾਜ਼ਿਲਕਾ ਦੀ ਪ੍ਰਧਾਨਗੀ ਵਿੱਚ ਵਿਸ਼ਵ ਜ਼ੂਨੋਸਿਸ ਦਿਵਸ ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰੀ ਜਾਗਰੂਕਤਾ ਸਮਾਗਮ ਪਸ਼ੂ ਪਾਲਣ ਵਿਭਾਗ ਫ਼ਾਜ਼ਿਲਕਾ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਫ਼ਾਜ਼ਿਲਕਾ ਵਿਖੇ ਕੀਤਾ ਗਿਆ। ਇਸ ਸਮਾਗਮ ਵਿੱਚ ਡਾ. ਸੁਨੀਤਾ ਕੰਬੋਜ ਜ਼ਿਲ੍ਹਾ ਐਪੀਡਮੈਲੋਜਿਸਟ, ਡਾ. ਲਵਪ੍ਰੀਤ ਸਿੰਘ ਵੈਟਰਨਰੀ ਅਫ਼ਸਰ, ਪ੍ਰਿੰਸੀਪਲ ਹਰੀ ਚੰਦ ਕੰਬੋਜ, ਅਧਿਆਪਕ ਸਰਬਜੀਤ ਸਿੰਘ, ਮਾਸ ਮੀਡੀਆ ਵਿੰਗ ਤੋਂ ਵਿਨੋਦ ਖੁਰਾਣਾ, ਮਨਬੀਰ ਸਿੰਘ, ਦਿਵੇਸ਼ ਕੁਮਾਰ ਤੇ ਅਤਿੰਦਰ ਪਾਲ ਸਿੰਘ ਮੌਜੂਦ ਸਨ। ਡਾ. ਸੁਨੀਤਾ ਕੰਬੋਜ ਨੇ ਦੱਸਿਆ ਕਿ ਇਹ ਦਿਨ ਮਨਾਉਣ ਦਾ ਮਕਸਦ ਜਾਨਵਰਾਂ ਤੋਂ ਮਨੁੱਖਾਂ ਨੂੰ ਹੋਣ ਵਾਲੀਆਂ




ਬਿਮਾਰੀਆਂ ਜਿਵੇਂ ਹਲਕਾਅ, ਸਵਾਇਨ ਫਲੂ, ਜਪਾਨੀ ਇਨਸਫ਼ਲਾਈਟਸ, ਬਰਡ ਫਲੂ, ਲੈਪਟੋਸਪਾਈਰੋਸਿਸ ਤੋਂ ਬਚਣ ਲਈ ਆਮ ਲੋਕਾਂ ਨੂੰ ਜਾਗਰੂਕ ਕਰਨਾ ਹੈ। ਇਨ੍ਹਾਂ ਬਿਮਾਰੀਆਂ ਤੋਂ ਇਲਾਵਾ ਹੋਰ ਬਹੁਤ ਸਾਰੀਆਂ ਬਿਮਾਰੀਆਂ ਹਨ, ਜੋ ਜਾਨਵਰਾਂ ਤੋਂ ਇਨਸਾਨਾਂ ਵਿੱਚ ਫੈਲਦੀਆਂ ਹਨ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਵਿੱਚ ਹਲਕਾਅ (ਰੇਬੀਜ਼) ਦੀ ਬਿਮਾਰੀ ਆਮ ਪ੍ਰਚੱਲਤ ਹੈ। ਜੋ ਕਿ ਹਲਕੇ ਕੁੱਤੇ ਦੇ ਕੱਟਣ ਨਾਲ ਮਨੁੱਖ ਨੂੰ ਹੋ ਸਕਦੀ ਹੈ, ਪਰ ਇਹ ਬਿਮਾਰੀ ਖ਼ਰਗੋਸ਼, ਬਿੱਲੀ, ਨਿਓਲਾ, ਗਿੱਦੜ ਤੇ ਹੋਰ ਜਾਨਵਰਾਂ ਦੇ ਕੱਟਣ ਨਾਲ ਵੀ ਹੋ ਸਕਦੀ ਹੈ। ਉਨ੍ਹਾਂ ਨੇ ਦੱਸਿਆ ਕਿ ਜੇਕਰ ਕੁੱਤਾ ਕੱਟ ਜਾਂਦਾ ਹੈ ਤਾਂ ਜ਼ਖਮ ਨੂੰ ਤੁਰੰਤ ਚਲਦੇ ਪਾਣੀ ਅਤੇ ਸਾਬਣ ਨਾਲ ਧੋਵੋ, ਮੌਕੇ 'ਤੇ ਉਪਲੱਬਧ ਡਿਸਇਨਫੈਕਟੈਂਟ ਲਗਾਓ ਤੇ ਮੁੱਢਲੀ ਸਹਾਇਤਾ ਲਈ ਮਾਹਿਰ ਡਾਕਟਰ ਕੋਲ ਸਿਹਤ ਕੇਂਦਰ ਜਾਓ ਅਤੇ ਐਂਟੀ ਰੇਬੀਜ਼ ਦੇ ਟੀਕੇ ਲਗਵਾਓ।

# ਰੱਬ ਆਸਰੇ ਹੈ ਭੋਗਪੁਰ ਇਲਾਕਾ



ਭੋਗਪੁਰ, 7 ਜੁਲਾਈ (ਅਮਰਜੀਤ ਸਿੰਘ ਸੈਣੀ ਜੰਡੀਰ): ਨਿੱਤ ਦੇ ਵਾਪਰ ਰਹੇ ਭਿਆਨਕ ਹਾਦਸੇ ਹੋ ਰਹੀਆਂ ਦੁਰਘਟਨਾ ਨੂੰ ਲੈ ਕੇ ਭੋਗਪੁਰ ਦਾ ਇਲਾਕਾ ਸਦਾ ਹੀ ਸੁਰਖੀਆਂ ਵਿੱਚ ਰਿਹਾ ਹੈ। ਕਦੇ ਟਰੈਫਿਕ ਦੇ ਕਾਰਨ ਹਾਦਸੇ ਵਾਪਰਦੇ ਹਨ ਅਤੇ ਕਦੇ ਸ਼ਹਿਰ ਵਿੱਚ ਸ਼ਰੇਆਮ ਲੱਗੀਆਂ ਹੋਈਆਂ ਰੇਹੜੀਆਂ ਫੜੀਆਂ ਹਾਦਸਿਆਂ ਦਾ ਕਾਰਨ ਬਣਦੀਆਂ ਹਨ ਪਰ ਪ੍ਰਸ਼ਾਸਨ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕ ਰਹੀ। ਕੁਝ ਦਿਨਾਂ ਤੋਂ ਭੋਗਪੁਰ ਹਾਈਵੇ ਐਸ. ਬੀ. ਆਈ ਬੈਂਕ ਦੇ ਸਾਹਮਣੇ ਲੱਗਾ ਹੋਇਆ ਬਿਜਲੀ ਦਾ ਖੰਭਾ ਕਾਫੀ ਹੱਦ ਤੱਕ ਥੱਲੇ ਨੂੰ ਲਮਕ ਰਿਹਾ ਹੈ। ਅਗਰ ਰਾਤ ਦੇ ਟਾਈਮ ਕੋਈ ਜ਼ਿਆਦਾ ਗੱਡੀ ਲੋਡ ਹੋਈ ਆ ਜਾਵੇ ਤਾਂ ਇਸ ਖੰਭੇ ਦੇ ਕਾਰਨ ਭਿਆਨਕ ਹਾਦਸਾ ਵਾਪਰ ਸਕਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਕਈ ਵਾਰ ਅਧਿਕਾਰੀਆਂ ਨੂੰ ਕਿਹਾ ਗਿਆ ਹੈ ਪਰ ਕਿਸੇ ਨੇ ਕੋਈ ਧਿਆਨ ਨਹੀਂ ਦਿੱਤਾ ਇਸ ਦੇ ਸਬੰਧ ਵਿੱਚ ਜ਼ਿੰਮੇਵਾਰ ਅਧਿਕਾਰੀਆਂ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਹਨਾਂ ਨੇ ਕੋਈ ਖਾਸ ਜਵਾਬ ਨਹੀਂ ਦਿੱਤਾ।

# ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਦਾ ਦੌਰਾ



ਗੁਰਦਾਸਪੁਰ, 7 ਜੁਲਾਈ (ਜਗੀਰ ਸਿੰਘ ਮੰਡ): ਦਿਲਬਾਗ ਸਿੰਘ ਜੌਹਲ ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਤੇ ਹਰਪ੍ਰੀਤ ਸਿੰਘ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਅੱਜ ਕੇਂਦਰੀ ਜੇਲ੍ਹ ਗੁਰਦਾਸਪੁਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਗੁਰਦਾਸਪੁਰ ਵੱਲੋਂ ਜੇਲ੍ਹ ਦੀ ਹਰ ਇੱਕ ਬੈਰਕ ਦਾ ਨਿਰੀਖਣ ਕੀਤਾ ਗਿਆ ਤੇ ਕੈਦੀਆਂ ਤੇ ਹਵਾਲਾਤੀਆਂ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ, ਗੁਰਦਾਸਪੁਰ ਵੱਲੋਂ ਜੇਲ੍ਹ ਦੇ ਲੰਗਰ ਹਾਲ ਤੇ ਹਸਪਤਾਲ ਦਾ ਦੌਰਾ ਵੀ ਕੀਤਾ ਗਿਆ ਤੇ ਹਸਪਤਾਲ ਵਿੱਚ ਇਲਾਜ ਕਰਵਾ ਰਹੇ ਹਵਾਲਾਤੀਆਂ ਤੇ ਕੈਦੀਆਂ ਨੂੰ ਮਿਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਹਵਾਲਾਤੀਆਂ ਤੇ ਕੈਦੀਆਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ। ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ, ਗੁਰਦਾਸਪੁਰ ਦਿਲਬਾਗ ਸਿੰਘ ਜੌਹਲ ਨੇ ਹਵਾਲਾਤੀਆਂ ਤੇ ਕੈਦੀਆਂ ਨੂੰ ਕਾਨੂੰਨੀ ਨੁਕਤਿਆਂ ਬਾਰੇ ਜਾਣੂੰ ਕਰਵਾਇਆ ਤੇ ਨਾਲ ਹੀ ਉਨ੍ਹਾਂ ਨੇ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਜੇਲ੍ਹ ਅਥਾਰਟੀ ਨੂੰ ਮੌਕੇ 'ਤੇ ਹੀ ਨਿਰਦੇਸ਼ ਦੇ ਕੇ ਬੰਦੀਆਂ ਵੱਲੋਂ ਧਿਆਨ ਵਿੱਚ ਲਿਆਂਦੀਆਂ ਗੱਲਾਂ ਦਾ ਨਿਪਟਾਰਾ ਕੀਤਾ ਗਿਆ। ਇਸ ਦੌਰੇ ਦੌਰਾਨ ਕੇਂਦਰੀ ਜੇਲ੍ਹ ਗੁਰਦਾਸਪੁਰ ਦੇ ਜੇਲ੍ਹ ਸੁਪਰਡੈਂਟ ਨਵਦੀਪ ਰਾਜਾ ਤੇ ਡਿਪਟੀ ਜੇਲ੍ਹ ਸੁਪਰਡੈਂਟ ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਜੇਲ੍ਹ ਦਾ ਹੋਰ ਸਟਾਫ਼ ਵੀ ਮੌਜੂਦ ਸੀ।

# ਸ਼ਤਾਬਦੀਆਂ ਯਾਦਗਾਰੀ ਮਨਾਉਣ ਲਈ ਸਮੁੱਚੀਆਂ ਧਿਰਾਂ ਨੂੰ ਇਕਜੁੱਟ ਹੋਣਾ ਚਾਹੀਦੈ: ਬਾਬਾ ਬਲਬੀਰ ਸਿੰਘ

## ☛ ਤਖ਼ਤ ਸਾਹਿਬਾਨਾਂ ਦੀ ਮਰਯਾਦਾ ਭੰਗ ਨਹੀਂ ਹੋਣੀ ਚਾਹੀਦੀ

ਸ੍ਰੀ ਅਨੰਦਪੁਰ ਸਾਹਿਬ, 7 ਜੁਲਾਈ (ਤਰਲੋਚਨ ਸਿੰਘ): ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤੇ ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਗੁਰਦੁਆਰਾ ਕੀਰਤਪੁਰ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਪੂਰੇ ਸਿੱਖੀ ਜਲੌਅ ਵਿੱਚ ਸ਼ਹੀਦੀ ਖ਼ਾਲਸਾਈ ਮਾਰਚ ਕੱਢਿਆ ਜਾਵੇਗਾ। ਉਨ੍ਹਾਂ ਕਿਹਾ ਇਸ ਸਬੰਧੀ ਸਾਡੀ ਵਿਉਂਤਬੰਦੀ ਹੋ ਰਹੀ ਹੈ। ਇਹ ਮਾਰਚ ਸਿੱਖੀ ਜਜ਼ਬੇ ਦਾ ਪ੍ਰਗਟਾਅ ਕਰਦਾ ਵਿਸ਼ੇਸ਼ ਤੌਰ 'ਤੇ ਇਤਿਹਾਸਕ ਦਿੱਖ ਪ੍ਰਗਟ ਕਰੇਗਾ। ਇਸ ਵਿੱਚ ਹਾਥੀ, ਘੋੜੇ, ਊਠ, ਪਾਲਕੀ ਸਾਹਿਬ ਵਾਲੇ ਸੁੰਦਰਵਾਹਨ, ਬੱਗੀਆਂ, ਗੱਡੇ, ਰੇਹੜੇ ਵਿਸ਼ੇਸ਼ ਖਿੱਚ ਦਾ ਕੇਂਦਰ ਬਿੰਦੂ ਬਣਨਗੇ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਅੱਜ ਦੇ ਮੌਜੂਦਾ ਸਮੇਂ ਵਿੱਚ ਪੰਥਕ ਏਕਤਾ ਤੇ ਮਜ਼ਬੂਤ ਸਿੱਖ ਸ਼ਕਤੀ ਦੀ ਸਖ਼ਤ ਲੋੜ ਹੈ। ਸਭ ਧਿਰਾਂ ਨੂੰ ਦਵੈਤ ਦਵੰਦ ਤਿਆਗ ਕੇ



ਇਕੱਤਰ ਹੋ ਕੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਉਨ੍ਹਾਂ ਦੇ ਅਨਿਨ ਸਿੱਖ ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੀ ਸ਼ਹੀਦੀ ਸ਼ਤਾਬਦੀ ਮਨਾਉਣੀ ਚਾਹੀਦੀ ਹੈ। ਉਨ੍ਹਾਂ ਪਹਿਲਾਂ ਪੰਥਕ ਏਕਤਾ ਨਾਲ ਮਨਾਈਆਂ ਸ਼ਤਾਬਦੀਆਂ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਕਿਹਾ ਕਿ ਸ਼ਤਾਬਦੀਆਂ ਦੇ ਸਮਾਗਮਾਂ ਵਿਚੋਂ ਕੁੱਝ ਯਾਦਗਾਰ ਬਣਨਾ ਤੇ ਨਿਕਲਣਾ ਚਾਹੀਦਾ ਹੈ ਜੋ ਸਦੀਵੀ ਸੰਗਤਾਂ ਦੇ ਜ਼ਹਿਨ ਵਿੱਚ ਵਿਸ਼ੇਸ਼ ਯਾਦ ਵਜੋਂ ਵੱਸਦਾ ਰਹੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ 500 ਸਾਲਾ ਸ਼ਤਾਬਦੀ 1969 ਵਿੱਚ ਮਨਾਈ ਗਈ, ਇੱਕ ਸ਼ਾਨਮੱਤਾ ਵੱਡਾ ਵਿੱਦਿਆ ਵਿਦਿਆਲੇ ਦੇ ਰੂਪ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਇੱਕ ਆਸਤਿਕ ਬਿੰਬ ਬਣ ਕੇ ਸਾਹਮਣੇ ਆਈ। ਫਿਰ ਅੰਮ੍ਰਿਤਸਰ ਸ਼ਹਿਰ ਦਾ 400 ਸਾਲਾ 1977 'ਚ ਮਨਾਇਆ ਗਿਆ ਤੇ ਇਵੇਂ ਹੀ ਖ਼ਾਲਸੇ ਦੀ ਸਾਜਣਾ ਦੀ ਤੀਸਰੀ ਸ਼ਤਾਬਦੀ 1999 ਵਿੱਚ ਮਨਾਈ ਗਈ ਤਾਂ ਕਈ ਵਿੱਦਿਅਕ ਅਦਾਰੇ ਤੇ ਵਿਸ਼ੇਸ਼ ਖ਼ਾਲਸਾਈ ਯਾਦਗਾਰਾਂ ਬਣ ਕੇ ਸਾਹਮਣੇ ਆਈਆਂ। ਬਾਕੀ ਸ਼ਤਾਬਦੀਆਂ ਇੱਕ ਸਮਾਗਮ ਕਰਕੇ ਘਰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਦੋਵੇਂ ਸ਼ਤਾਬਦੀਆਂ ਮਨਾਉਣ ਦਾ ਐਲਾਨ ਕੀਤਾ, ਸਰਕਾਰ ਨੂੰ ਇਸ ਬਾਰੇ ਪਹਿਲਾਂ ਗੰਭੀਰਤਾ ਨਾਲ ਵਿਚਾਰ ਕਰ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 300 ਸਾਲਾ ਪ੍ਰਕਾਸ਼ ਪੁਰਬ ਦੀ ਸ਼ਤਾਬਦੀ ਨੂੰ ਸਮਰਪਿਤ 1977 ਵਿੱਚ ਸ੍ਰੀ ਅਨੰਦਪੁਰ ਸਾਹਿਬ ਤੋਂ ਤਲਵੰਡੀ ਸਾਬੋ ਤੱਕ ਗੁਰੂ ਗੋਬਿੰਦ ਸਿੰਘ ਮਾਰਗ ਬਣਾਇਆ ਗਿਆ, ਉਨ੍ਹਾਂ ਕਿਹਾ ਕਿ ਇਹ ਵੀ ਇੱਕ ਇਤਿਹਾਸਕ ਤੇ ਯਾਦਗਾਰੀ ਫੈਸਲਾ ਸੀ। ਉਨ੍ਹਾਂ ਕਿਹਾ ਕਿ ਅੱਜ ਪੰਥਕ ਕਹਾਉਣ ਵਾਲੇ ਆਗੂਆਂ ਵਿੱਚ ਪੰਥਕ ਸ਼ਕਤੀ ਲਈ ਨਿਮਰਤਾ, ਤਿਆਗ ਦੀ ਭਾਵਨਾ ਹੋਣੀ ਜ਼ਰੂਰੀ ਹੈ ਤੇ ਆਪਣੇ ਅੰਦਰੋਂ ਹਾਊਮੈ ਦਾ ਨਾਸ਼ ਹੋਣਾ ਬਹੁਤ ਲਾਜ਼ਮੀ ਹੈ। ਗੁਰਮਤਿ ਵੀ ਇਸ ਦੀ ਸ਼ਾਹਦੀ ਭਰਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਜ਼ਾਲਮ ਖਤਮ ਹੋ ਜਾਵੇ ਤਾਂ ਜਬਰ ਆਪ ਹੀ ਮਰ-ਮੁਕ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਮੁੱਚੀ ਸਿੱਖ ਕੌਮ ਨੂੰ ਬੁੱਢਾ ਦਲ ਦੇ ਉਨ੍ਹਾਂ ਮੁਖੀਆਂ ਦੇ ਇਤਿਹਾਸ ਤੋਂ ਸੇਧ ਲੈਣੀ ਚਾਹੀਦੀ ਹੈ, ਜਿਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਜੀ ਤੋਂ ਥਾਪੜਾ ਪ੍ਰਾਪਤ ਕਰਕੇ ਕੌਮ ਨੂੰ ਸੁਯੋਗ ਅਗਵਾਈ ਦਿੱਤੀ ਉਹੀ ਯਾਦਗਾਰੀ ਲਾਸਾਨੀ ਹੋ ਕੇ ਇਤਿਹਾਸ ਦੀ ਪਾਤਰ ਬਣੀ। ਉਨ੍ਹਾਂ ਕਿਹਾ ਕਿ ਤਖ਼ਤਾਂ 'ਤੇ ਮਰਯਾਦਾ ਦਾ ਉਲੰਘਣ ਨਹੀਂ ਹੋਣਾ ਚਾਹੀਦਾ।

# ਵਿਧਾਇਕ ਕਲਸੀ ਦੀ ਅਗਵਾਈ ਹੇਠ ਸ਼ਹਿਰ ਦੀ ਵਿਕਾਸ ਪੱਖੋਂ ਹੋ ਰਹੀ ਹੈ ਕਾਇਆ ਕਲਪ: ਚੇਅਰਮੈਨ ਮਹਿਤਾ



ਬਟਾਲਾ, 7 ਜੁਲਾਈ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਸਿੰਘ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ ਜਾ ਰਹੀ ਹੈ ਤੇ ਲੋਕਾਂ ਦੀਆਂ ਚਿਰੋਕਣੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਕਰਦਿਆਂ ਮਾਨਿਕ ਮਹਿਤਾ, ਚੇਅਰਮੈਨ ਮਾਰਕੀਟ ਕਮੇਟੀ ਬਟਾਲਾ ਨੇ ਚਕਰੀ ਬਾਜ਼ਾਰ ਵਿਖੇ ਦੁਕਾਨਦਾਰਾਂ ਨੂੰ ਮਿਲਣ ਉਪਰੰਤ ਕੀਤਾ। ਇਸ ਮੌਕੇ ਗੱਲ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਜਿਥੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਇਸਦੇ ਨਾਲ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾ ਰਹੀਆਂ ਹਨ। ਸ਼ਹਿਰ ਵਿੱਚ ਮਹਿਜ਼ ਤਿੰਨ ਸਾਲਾਂ ਵਿੱਚ ਵੱਖ-ਵੱਖ ਵਿਕਾਸ ਕਰਾਜ ਕਰਵਾਏ ਗਏ ਹਨ ਤੇ ਵਿਕਾਸ ਕਾਰਜਾਂ ਲਗਾਤਾਰ ਜਾਰੀ ਹਨ। ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਟ੍ਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਬਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ। ਸ਼ਹਿਰ ਵਿੱਚ ਖ਼ੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਕਾਂ ਨੂੰ ਚੌੜਿਆਂ ਕੀਤਾ, ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿਸ ਦਾ ਜਲਦ ਉਦਘਾਟਨ ਕੀਤਾ ਜਾ ਰਿਹਾ ਹੈ। ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਇਮਾਰਤ ਦਾ ਨਵੀਨੀਕਰਨ ਕੀਤਾ ਗਿਆ ਹੈ ਤੇ ਦਹਾਕਿਆਂ ਪੁਰਾਣੇ ਬਟਾਲਾ ਕਲੱਬ ਨੂੰ ਸ਼ਾਨਦਾਰ ਦਿੱਖ ਦਿੱਤੀ ਗਈ ਹੈ।

# ਜਥੇਦਾਰ ਸੰਤ ਬਾਬਾ ਮੇਜਰ ਸਿੰਘ ਸੋਢੀ ਤੇ ਭਾਈ ਮਨਜੀਤ ਸਿੰਘ ਨੇ ਨਸ਼ਿਆਂ ਨੂੰ ਠੱਲ ਪਾਉਣ ਬਾਰੇ ਲੋਕਾਂ ਨਾਲ ਵਿਚਾਰਾਂ ਕੀਤੀਆਂ




ਰਈਆ, 7 ਜੁਲਾਈ (ਜੁਗਰਾਜ ਸਿੰਘ ਖ਼ਾਲਸਾ): ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ (ਪੰਜਾਬ) ਜਿਸ ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ, ਪ੍ਰਧਾਨ ਹਰਵਿੰਦਰ ਸਿੰਘ ਸੂਬੇਦਾਰ, ਦਸਮੇਸ਼ ਤਰਨਾ ਦਲ ਦੇ ਮੁਖੀ ਜਥੇਦਾਰ ਸੰਤ ਬਾਬਾ ਮੇਜਰ ਸਿੰਘ ਸੋਢੀ ਦੇ ਥਾਪੜੇ ਨਾਲ ਪਿਛਲੇ ਦਿਨੀਂ ਜੋ ਸੁਸਾਇਟੀ ਵੱਲੋਂ ਬਹੁਤ ਹੀ ਵੱਡੇ ਪੱਧਰ 'ਤੇ ਰੈਲੀ ਕਰਵਾਈ ਗਈ ਨੌਜਵਾਨਾਂ ਨੂੰ ਨਸ਼ਿਆਂ ਵਿੱਚੋਂ ਨਿਕਲਣ ਲਈ ਜਾਗਰੂਕ ਕੀਤਾ। ਜਿੱਥੇ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਪਹੁੰਚੀਆਂ ਸੀ। ਦਸਮੇਸ਼ ਤਰਨਾ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਾ ਇਸ ਕਾਰਜ ਵਿਚ ਵਿਸ਼ੇਸ਼ ਯੋਗਦਾਨ ਰਿਹਾ। ਬਾਬਾ ਮੇਜਰ ਸਿੰਘ ਨੇ ਪਹੁੰਚੀ ਹੋਈ ਸੰਗਤ ਨੂੰ ਸੁਨੇਹਾ ਦਿੱਤਾ ਕਿ ਸਾਨੂੰ ਬੱਚਿਆਂ ਨੂੰ ਸ਼ੁਰੂ ਤੋਂ ਹੀ ਗੁਰਸਿੱਖੀ ਜੀਵਨ ਨਾਮ ਦਾਨ ਨਾਲ ਜੋੜਨਾ ਚਾਹੀਦਾ ਹੈ ਤਾਂ ਜੋ ਜਵਾਨ ਹੋਣ 'ਤੇ ਬੱਚਾ ਇਸ ਨਸ਼ਿਆਂ ਵਰਗੀ ਭੈੜੀ ਅਲਾਮਤ ਤੋਂ ਦੂਰ ਰਹੇ। ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ ਨੇ ਕਿਹਾ ਕਿ ਸਰਕਾਰਾਂ ਵੱਲੋਂ ਚੰਗੇ ਕੰਮ-ਕਾਜ ਪੰਜਾਬ ਵਿਚ ਖੋਲ੍ਹਣ ਦੀ ਲੋੜ ਹੈ ਤਾਂ ਜੋ ਬੱਚੇ ਬਾਹਰ ਨਾ ਭੱਜਣ ਤੇ ਕਿਸੇ ਨਸ਼ੇ 'ਤੇ ਨਾ ਲੱਗਣ। ਪ੍ਰਧਾਨ ਸੂਬੇਦਾਰ ਹਰਵਿੰਦਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਪੰਜ ਦਰਿਆਵਾਂ ਦੀ ਧਰਤੀ ਹੈ ਪਰ ਇਸ ਸਮੇਂ ਛੇਵਾਂ ਦਰਿਆ ਨਸ਼ਿਆਂ ਦਾ ਵਗ ਰਿਹਾ ਹੈ। ਨੌਜਵਾਨਾਂ ਨੂੰ ਲੋੜ ਹੈ ਜਾਗਰੂਕ ਕਰਨ ਦੀ, ਇਸ ਭੈੜੀ ਦਲਦਲ 'ਚੋਂ ਨਿਕਲਨ ਲਈ ਬੱਚਿਆਂ ਨੂੰ ਗੁਰੂ ਨਾਲ ਜੋੜਨਾ ਚਾਹੀਦਾ ਹੈ ਤੇ ਨਾਲ-ਨਾਲ ਸਪੋਰਟਸ ਵੱਲ ਪ੍ਰੇਰਨਾ ਚਾਹੀਦਾ ਹੈ। ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਇਸ ਕਾਰਜ ਵਿਚ ਨੌਜਵਾਨਾਂ ਦੇ ਨਾਲ ਖੜ੍ਹੀ ਹੈ ਨਸ਼ੇ ਤਿਆਗ ਕੇ ਇਕ ਸੁਚੱਜਾ ਜੀਵਨ ਜੀਣਾ ਚਾਹੀਦਾ ਹੈ। ਪ੍ਰਧਾਨ ਹਰਵਿੰਦਰ ਸਿੰਘ ਫੌਜੀ ਵੱਲੋਂ ਹਲਕਾ ਜੰਡਿਆਲਾ ਗੁਰੂ ਵਿੱਚ ਚੱਲ ਰਹੇ ਲੋਕ ਭਲਾਈ ਕਾਰਜਾਂ ਬਾਰੇ ਵੀ ਜਾਣੂੰ ਕਰਵਾਇਆ ਗਿਆ ਜਿਵੇਂ ਕਿ ਮੁਫ਼ਤ ਐਂਬੂਲੈਂਸ ਸੇਵਾ, ਵਿਧਵਾ ਬੀਬੀਆਂ ਲਈ ਰਾਸ਼ਨ ਸੇਵਾ, ਗਰੀਬ ਪਰਿਵਾਰ ਦੀਆਂ ਧੀਆਂ ਦੇ ਅਨੰਦ ਕਾਰਜ ਲਈ ਸ਼ਗਨ ਸੇਵਾ, ਗਰੀਬ ਪਰਿਵਾਰ ਦੀ ਮਕਾਨ ਦੀ ਛੱਤ ਰਿਪੇਅਰ ਲਈ ਮਾਲੀ ਸਹਾਇਤਾ, ਹੋਰ ਇਸ ਤਰ੍ਹਾਂ ਸੇਵਾਵਾਂ ਸੁਸਾਇਟੀ ਕਰ ਰਹੀ ਹੈ।

# ਐੱਨ.ਆਰ.ਆਈ. ਪਰਿਵਾਰ ਨੇ ਗਰੀਬ ਪਰਿਵਾਰ ਨੂੰ ਘਰ ਦੀ ਛੱਤ ਪਾਉਣ ਲਈ ਰਾਸ਼ੀ ਦਿੱਤੀ

## ☛ ਗਰੀਬ ਪਰਿਵਾਰ ਦੇ ਘਰ ਦੀ ਛੱਤ ਜਲਦੀ ਬਣਾ ਕੇ ਦਿੱਤੀ ਜਾਵੇਗੀ: ਰਿਆੜ

ਕਾਹਨੂੰਵਾਨ, 7 ਜੁਲਾਈ (ਕੁਲਜੀਤ ਸਿੰਘ ਖੋਖਰ): ਐੱਨ.ਆਰ.ਆਈ. ਪਰਿਵਾਰ ਨੇ ਗਰੀਬ



ਪਰਿਵਾਰ ਨੂੰ ਘਰ ਦੀ ਘਰ ਛੱਤ ਪਾਉਣ ਲਈ ਰਾਸ਼ੀ ਦਿੱਤੀ। ਜਾਣਕਾਰੀ ਅਨੁਸਾਰ ਨਵਦੀਪ ਸਿੰਘ ਨਿਊਜ਼ੀਲੈਂਡ ਵੱਲੋਂ ਆਪਣੇ ਸਵਰਗਵਾਸੀ ਪਿਤਾ ਜਤਿੰਦਰ ਸਿੰਘ, ਦਾਦਾ ਸੁਰਜੀਤ ਸਿੰਘ ਵਡਾਲੀਆ ਦੀ ਯਾਦ ਵਿੱਚ ਛੱਤ ਰਿਪੇਅਰ ਲਈ ਵੀਹ ਹਜ਼ਾਰ ਰੁਪਏ ਦੀ ਰਾਸ਼ੀ ਭੇਜੀ ਗਈ। ਬੀਤੇ ਦਿਨੀਂ ਤੇਜ਼ ਰਫ਼ਤਾਰ ਮੀਂਹ-ਹਵਾ ਨਾਲ ਗੁਰਭੇਜ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਭੱਟੀਵਾਲ ਦੇ ਘਰ ਦੀ ਛੱਤ ਡਿੱਗ ਗਈ। ਗਰੀਬ ਪਰਿਵਾਰ ਵੱਲੋਂ ਸਮਾਜ ਸੇਵੀ, ਐੱਨ.ਆਰ.ਆਈ. ਭਰਾਵਾਂ ਕੋਲੋਂ ਮਦਦ ਦੀ ਗੁਹਾਰ ਲਗਾਈ ਗਈ ਸੀ। ਇਸ ਸਬੰਧਤ ਆਲ ਇੰਡੀਆ ਸਿੱਖ ਸਟੂਡੈਂਟਸ ਫੈੱਡਰੇਸ਼ਨ ਦੇ ਜਰਨਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ ਨੇ ਜਾਣਕਾਰੀ ਦਿੰਦੇ ਹੋਏ ਆਖਿਆ ਕਿ ਐੱਨ.ਆਰ.ਆਈ. ਨਵਦੀਪ ਸਿੰਘ ਨਿਊਜ਼ੀਲੈਂਡ ਦਿੱਤੀ ਗਈ ਰਾਸ਼ੀ ਨਾਲ ਗਰੀਬ ਪਰਿਵਾਰ ਦੇ ਘਰ ਦੀ ਛੱਤ ਨੂੰ ਦੁਬਾਰਾ ਵਧੀਆ ਤਰੀਕੇ ਨਾਲ ਨਵੀਂ ਬਣਾ ਕੇ ਦਿੱਤੀ ਜਾਵੇਗੀ। ਜੋ ਜ਼ਰੂਰਤਮੰਦ ਗਰੀਬ ਪਰਿਵਾਰ ਆਪਣੇ ਬੱਚਿਆਂ ਨਾਲ ਘਰ ਵਿੱਚ ਰਹਿ ਸਕਣ। ਰਿਆੜ ਵੱਲੋਂ ਨਵਦੀਪ ਸਿੰਘ ਨਿਊਜ਼ੀਲੈਂਡ ਦਾ ਧੰਨਵਾਦ ਕੀਤਾ ਗਿਆ।

# ਚੇਅਰਮੈਨ ਸੇਖਵਾਂ ਨੇ ਕਾਹਨੂੰਵਾਨ-ਚੱਕ ਸ਼ਰੀਫ਼ ਸੜਕ ਦੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ

ਕਾਹਨੂੰਵਾਨ/ਗੁਰਦਾਸਪੁਰ, 7 ਜੁਲਾਈ (ਕੁਲਜੀਤ ਖੋਖਰ/ਜਗੀਰ ਸਿੰਘ ਮੰਡ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਵਿਕਾਸ ਕ੍ਰਾਂਤੀ ਤਹਿਤ ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਵੀ ਵਿਕਾਸ ਦੀ ਨਵੀਂ ਇਬਾਰਤ ਲਿਖੀ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ ਬੇਟ ਇਲਾਕੇ ਦੀ ਸਭ ਤੋਂ ਮਹੱਤਵਪੂਰਨ ਸੜਕ ਜੋ ਕਾਹਨੂੰਵਾਨ ਤੇ ਚੱਕ ਸ਼ਰੀਫ਼ ਨੂੰ ਆਪਸ ਵਿੱਚ ਜੋੜਦੀ ਹੈ, ਉਸ ਨੂੰ ਚੌੜਿਆਂ ਤੇ ਨਵੀਨੀਕਰਨ ਉੱਪਰ 4.5 ਕਰੋੜ ਰੁਪਏ ਖ਼ਰਚ ਕੀਤੇ ਜਾ ਰਹੇ ਹਨ। ਕਾਹਨੂੰਵਾਨ-ਚੱਕ ਸ਼ਰੀਫ਼ ਸੜਕ ਨੂੰ 18 ਫੁੱਟ ਤੋਂ ਵਧਾ ਕੇ 23 ਫੁੱਟ ਚੌੜੀ ਕਰਨ ਤੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਅੱਜ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਵੱਲੋਂ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਜਸਪ੍ਰੀਤ ਸਿੰਘ ਤੇ ਇਲਾਕੇ ਦੇ ਮੋਹਤਬਰ ਵੀ ਹਾਜ਼ਰ ਸਨ। ਸੜਕ ਦੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਦਿਆਂ



ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸੜਕ ਦੇ ਨਵੀਨੀਕਰਨ ਉੱਪਰ 4.5 ਕਰੋੜ ਰੁਪਏ ਖ਼ਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਸੜਕ ਚੌੜੀ ਘੱਟ ਹੋਣ ਕਾਰਨ ਰਾਹਗੀਰਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਤੇ ਕਈ ਵਾਰ ਸੜਕ ਹਾਦਸੇ ਵੀ ਵਾਪਰ ਜਾਂਦੇ ਸਨ। ਉਨ੍ਹਾਂ ਕਿਹਾ ਕਿ ਹੁਣ ਇਹ ਸੜਕ ਚੌੜੀ ਹੋਣ ਨਾਲ ਬੇਟ ਇਲਾਕੇ ਦੇ ਸੈਂਕੜੇ ਪਿੰਡਾਂ ਦੀ ਆਵਾਜਾਈ ਸੁਚੱਜੀ, ਸੁਰੱਖਿਅਤ ਤੇ ਤੇਜ਼ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਮਾਰਗ ਸਿਰਫ਼ ਆਵਾਜਾਈ ਲਈ ਨਹੀਂ, ਸਗੋਂ ਇਲਾਕੇ ਦੀ ਆਰਥਿਕਤਾ ਤੇ ਸਥਾਨਕ ਵਿਕਾਸ ਲਈ ਇੱਕ ਨਵੀਂ ਰਾਹਦਾਰੀ ਸਾਬਤ ਹੋਵੇਗਾ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੀਆਂ ਸੰਪਰਕ ਸੜਕਾਂ ਦੇ ਨਵੀਨੀਕਰਨ ਲਈ 35 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕੁਝ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ ਦਾ ਕੰਮ ਸ਼ੁਰੂ ਹੋ ਗਿਆ ਹੈ ਤੇ ਰਹਿੰਦੀਆਂ ਸੜਕਾਂ ਦਾ ਨਵੀਨੀਕਰਨ ਵੀ ਜਲਦ ਸ਼ੁਰੂ ਕਰ ਦਿੱਤਾ ਜਾਵੇਗਾ।

# ਈਜ਼ੀ ਰਜਿਸਟਰੀ ਪ੍ਰਣਾਲੀ ਦੀ ਸ਼ੁਰੂਆਤ



ਸ੍ਰੀ ਅਨੰਦਪੁਰ ਸਾਹਿਬ, 7 ਜੁਲਾਈ (ਤਰਲੋਚਨ ਸਿੰਘ): ਆਮ ਲੋਕਾਂ ਨੂੰ ਨਾਗਰਿਕ ਕੇਂਦਰਿਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 'ਈਜ਼ੀ ਰਜਿਸਟਰੀ' ਪ੍ਰਣਾਲੀ (ਜ਼ਮੀਨ-ਜਾਇਦਾਦ ਦੀ ਰਜਿਸਟਰੀ ਸੌਖੇ ਢੰਗ ਨਾਲ ਕਰਨ) ਦੀ ਸ਼ੁਰੂਆਤ ਕਰ ਦਿੱਤੀ ਹੈ। ਲੋਕਾਂ ਨੂੰ ਹੁਣ ਦਫਤਰਾਂ ਵਿੱਚ ਖੱਜਲ-ਖੁਆਰ ਨਹੀਂ ਹੋਣਾ ਪਵੇਗਾ ਤੇ ਨਾ ਹੀ ਏਜੰਟਾਂ ਜਾਂ ਵਿਚੋਲਿਆਂ ਨਾਲ ਵਾਹ ਪਵੇਗਾ ਕਿਉਂਕਿ ਹੁਣ ਸ਼ੁਰੂ ਤੋਂ ਲੈ ਕੇ ਅੰਤ ਤੱਕ ਹਰ ਜਾਣਕਾਰੀ ਉਪਲਬਧ ਹੋਵੇਗੀ। ਇਸ ਸਬੰਧੀ ਜਸਪ੍ਰੀਤ ਸਿੰਘ ਉਪ-ਮੰਡਲ ਮੈਜਿਸਟਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਦਸਤਾਵੇਜ਼ ਤਿਆਰ ਕਰਨ ਲਈ ਹੈਲਪਲਾਈਨ ਨੰਬਰ 1076 ਰਾਹੀਂ ਸੇਵਾ ਸਹਾਇਕਾਂ ਨੂੰ ਘਰ ਵੀ ਬੁਲਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਆਨਲਾਈਨ ਦਸਤਾਵੇਜ਼ ਜਮ੍ਹਾਂ ਕਰਵਾਉਣ, ਡਿਜੀਟਲ ਵਿਧੀ ਨਾਲ ਅਗਾਊਂ ਪੜਤਾਲ ਕਰਨ ਤੇ ਰਜਿਸਟਰੀ ਲਈ ਸਬ-ਰਜਿਸਟਰਾਰ ਦਫਤਰ ਜਾਣ ਲਈ ਖੁਦ ਹੀ ਸਮੇਂ ਦੀ ਚੋਣ ਕਰਨ ਵਰਗੀਆਂ ਸਹੂਲਤਾਂ ਹੋਣਗੀਆਂ ਤੇ ਕਿਸੇ ਵੀ ਨਾਗਰਿਕ ਨੂੰ ਹੁਣ ਲੰਮੀਆਂ ਲਾਈਨਾਂ ਵਿੱਚ ਲੱਗਣ ਤੇ ਦਫਤਰਾਂ ਦੇ ਵਾਰ-ਵਾਰ ਗੇੜੇ ਮਾਰਨ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਸੇਲ ਡੀਡ ਦਾ ਖਰੜਾ ਖੁਦ ਤਿਆਰ ਕਰਨ ਦੀ ਵਿਵਸਥਾ ਕੀਤੀ ਗਈ ਹੈ। ਇਸ ਤੋਂ ਇਲਾਵਾ ਸੇਵਾ ਸਹਾਇਕਾਂ ਰਾਹੀਂ ਘਰ ਬੈਠਿਆਂ ਰਜਿਸਟਰੀ ਦੇ ਦਸਤਾਵੇਜ਼ ਤਿਆਰ ਕਰਨ ਲਈ ਸੇਵਾਵਾਂ ਹਾਸਲ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਸਿਸਟਮ ਨਾਲ ਲੋਕਾਂ ਦਾ ਸਮਾਂ, ਪੈਸਾ ਤੇ ਊਰਜਾ ਦੀ ਬੱਚਤ ਕਰਨ ਵਾਲਾ ਮਹੱਤਵਪੂਰਨ ਕਦਮ ਦੱਸਦਿਆਂ ਐੱਸ.ਡੀ.ਐੱਮ. ਨੇ ਕਿਹਾ ਕਿ 48 ਘੰਟਿਆਂ ਦੇ ਅੰਦਰ ਦਸਤਾਵੇਜ਼ਾਂ ਦੀ ਅਗਾਊਂ ਪੜਤਾਲ ਹੋਵੇਗੀ।

# ਸਰਕਾਰ ਰਜਬਾਹੇ, ਸੂਏ ਤੇ ਕੱਸੀਆਂ ਰਾਹੀਂ ਨਹਿਰੀ ਪਾਣੀ ਟੇਲਾਂ ਤੱਕ ਪਹੁੰਚਾਉਣ ਲਈ ਵਚਨਬੱਧ: ਵਿਧਾਇਕ ਅਮਰਪਾਲ ਸਿੰਘ

ਬਟਾਲਾ/ਸ੍ਰੀ ਹਰਗੋਬਿੰਦਪੁਰ ਸਾਹਿਬ, 7 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨ ਹਿੱਤ ਵਿੱਚ ਵੱਡਾ ਕਾਰਜ ਕੀਤਾ ਗਿਆ ਹੈ, ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਗਿਆ ਹੈ ਤੇ ਪਹਿਲੀ ਵਾਰ ਸੂਬੇ ਦੀਆਂ 234 ਸੁੱਕੀਆਂ ਟੇਲਾਂ 'ਤੇ ਪਾਣੀ ਪੁੱਜਿਆ ਹੈ। ਇਹ ਪ੍ਰਗਟਾਵਾ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਆਪਣੇ ਦਫਤਰ ਵਿਖੇ ਲੋਕਾਂ ਦੀਆਂ ਮੁਸ਼ਕਿਲ ਸੁਣਨ ਉਪਰੰਤ ਕੀਤਾ। ਇਸ ਮੌਕੇ ਗੱਲ ਕਰਦਿਆਂ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਹਿਲੀ ਵਾਰ ਸੂਬੇ ਭਰ ਵਿੱਚ 234 ਸੁੱਕੀਆਂ ਟੇਲਾਂ 'ਤੇ ਨਹਿਰੀ ਪਹੁੰਚਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰਜਬਾਹੇ, ਸੂਏ ਤੇ ਕੱਸੀਆਂ ਰਾਹੀਂ ਨਹਿਰੀ ਪਾਣੀ ਟੇਲਾਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿਥੇ ਚਹੁੰਪੱਖੀ ਵਿਕਾਸ ਕਾਰਜ ਕਰਵਾਏ



ਜਾ ਰਹੇ ਹਨ, ਉਸਦੇ ਨਾਲ ਸਮਾਜਿਕ ਬੁਰਾਈ ਨਸ਼ਿਆਂ ਨੂੰ ਖਤਮ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਢੀ ਗਈ ਹੈ ਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਮੌਕੇ 'ਤੇ ਪੀ.ਏ. ਸੁਖਦੇਵ ਸਿੰਘ ਰੋਮੀ, ਪੀ.ਏ. ਨਵ ਭਿੰਡਰ, ਸੰਗਠਨ ਇੰਚਾਰਜ ਗੁਰਪ੍ਰੀਤ ਸਿੰਘ ਸੋਢੀ, ਸੀਨੀਅਰ ਆਗੂ ਸੰਤੋਖ ਸਿੰਘ ਅੰਮੋਨੰਗਲ, ਸਰਪੰਚ ਗੁਰਮੀਤ ਸਿੰਘ ਪੰਨੂੰ, ਸਾਬਕਾ ਸਰਪੰਚ ਮਨਜੀਤ ਸਿੰਘ ਹਰਦਾਨ, ਸੋਸ਼ਲ ਮੀਡੀਆ ਇੰਚਾਰਜ ਮੁਖਤਾਰ ਸਿੰਘ ਬੋਹਜਾ, ਸਾਬਕਾ ਸਰਪੰਚ ਸਿਕੰਦਰ ਸਿੰਘ ਕਰਨਾਮਾ, ਸਰਪੰਚ ਨਿਸ਼ਾਨ ਸਿੰਘ ਪਾਰਸ, ਸਰਪੰਚ ਬਲਜੀਤ ਸਿੰਘ ਪੇਜੋਚੱਕ, ਸਰਪੰਚ ਨਿਸ਼ਾਨ ਸਿੰਘ ਮੱਲ੍ਹੀ, ਸਰਪੰਚ ਨਿਰਵੈਰ ਸਿੰਘ ਦਕੋਹਾ, ਠੇਕੇਦਾਰ ਸਤਿੰਦਰ ਸਿੰਘ ਦਕੋਹਾ, ਬਲਾਕ ਪ੍ਰਧਾਨ ਨਰਿੰਦਰ ਸਿੰਘ ਰੰਧਾਵਾ, ਸੀਨੀਅਰ ਯੂਥ ਆਗੂ ਜੋਨੀ ਘੁਮਾਣ, ਸਰਪੰਚ ਮੁਖਤਾਰ ਸਿੰਘ ਵੀਲਾ ਬੱਜੂ, ਯੂਥ ਆਗੂ ਗੁਰਮੀਤ ਸਿੰਘ ਵੀਲਾ ਬੱਜੂ, ਸੋਸ਼ਲ ਮੀਡੀਆ ਇੰਚਾਰਜ ਤੇ ਸਿਆਸੀ ਸਲਾਹਕਾਰ ਪਰਮਬੀਰ ਸਿੰਘ ਰਾਣਾ ਘੁਮਾਣ, ਸੀਨੀਅਰ ਆਗੂ ਬੱਬਲੂ ਟੀ.ਵੀ.ਐੱਸ. ਘੁਮਾਣ, ਸੋਸ਼ਲ ਮੀਡੀਆ ਇੰਚਾਰਜ ਸੂਬੇਦਾਰ ਨਰਿੰਦਰ ਸਿੰਘ ਰੰਗੜ-ਨੰਗਲ, ਸੋਸ਼ਲ ਮੀਡੀਆ ਇੰਚਾਰਜ ਸੁਖਦੇਵ ਸਿੰਘ ਸੱਖੋਵਾਲ, ਯੂਥ ਆਗੂ ਪ੍ਰਿਤਪਾਲ ਸਿੰਘ ਦਕੋਹਾ, ਸੋਸ਼ਲ ਮੀਡੀਆ ਇੰਚਾਰਜ ਗੁਰਪਾਲ ਸਿੰਘ ਕਾਕਾ ਉਧਨਵਾਲ, ਡਾ. ਹਰਜਿੰਦਰ ਸਿੰਘ ਜੱਜ ਘੁਮਾਣ, ਯੂਥ ਆਗੂ ਅੰਮ੍ਰਿਤਪਾਲ ਸਿੰਘ ਸੋਹੀ, ਪ੍ਰਧਾਨ ਪ੍ਰਲੋਕ ਸਿੰਘ ਘੁਮਾਣ ਆਦਿ ਹਾਜ਼ਰ ਸਨ।

# 9 ਨੂੰ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਸਾਂਝੀਆਂ ਕਿਸਾਨ ਜਥੇਬੰਦੀਆਂ ਦੀ ਅਹਿਮ ਮੀਟਿੰਗ

ਬਟਾਲਾ/ਸ੍ਰੀ ਹਰਗੋਬਿੰਦਪੁਰ ਸਾਹਿਬ, 7 ਜੁਲਾਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਇਥੇ ਫੈਜ਼ਪੁਰਾ ਰੋਡ ਲਿਬਰੇਸ਼ਨ ਦਫਤਰ ਵਿਖੇ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਦੇ ਆਗੂਆਂ ਦੀ ਸਾਂਝੀ ਮੀਟਿੰਗ ਗੁਲਜ਼ਾਰ ਸਿੰਘ ਬਸੰਤਕੋਟ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਸ਼ਾਮਲ ਮਜ਼ਦੂਰ ਆਗੂ ਸ਼ਮਸ਼ੇਰ ਸਿੰਘ ਨਵਾਂ ਪਿੰਡ ਗੁਲਜ਼ਾਰ ਸਿੰਘ ਭੁੰਬਲੀ, ਜਨਕ ਰਾਜ, ਜਰਨੈਲ ਸਿੰਘ, ਗੁਰਮੀਤ ਸਿੰਘ ਬੱਖਤਪੁਰਾ ਤੇ ਕਿਸਾਨ ਆਗੂ ਰਾਜ ਗੁਰਵਿੰਦਰ ਸਿੰਘ ਘੁਮਾਣ, ਮਾ. ਰਘਬੀਰ ਸਿੰਘ ਪਕੀਵਾਂ, ਲਖਵਿੰਦਰ ਸਿੰਘ ਮੰਜਿਆਂ ਵਾਲੀ ਤੇ ਕੁਲਦੀਪ ਸਿੰਘ ਦਾਦੂਯੋਧ ਨੇ ਭਾਰਤ ਪੱਧਰ 'ਤੇ 9 ਜੁਲਾਈ ਦੀ ਹੜਤਾਲ ਨੂੰ ਪੂਰਨ ਤੌਰ 'ਤੇ ਸਫਲ ਬਣਾਉਣ ਦਾ ਵਿਸ਼ਵਾਸ ਪ੍ਰਗਟ ਕੀਤਾ ਤੇ ਹਰ ਵਰਗ ਦੇ ਲੋਕਾਂ ਤੋਂ ਹੜਤਾਲ ਵਿਚ ਸਹਿਯੋਗ ਕਰਨ ਦੀ ਗੁਜਾਰਿਸ਼ ਕੀਤੀ, ਜਿਸ ਹੜਤਾਲ ਦੀ ਸੇਧ ਸਪੱਸ਼ਟ ਤੌਰ 'ਤੇ ਵਿਸ਼ਵੀਕਰਨ, ਉਧਾਰੀਕਰਨ ਤੇ ਨਿੱਜੀਕਰਨ ਦੀਆ ਨੀਤੀਆਂ ਵਿਰੁੱਧ ਹੈ, ਜਿਨ੍ਹਾਂ ਨੀਤੀਆਂ ਸਦਕਾ ਦੇਸ਼ ਅੰਦਰ ਪਿਛਲੇ ਦਹਾਕਿਆਂ ਵਿੱਚ ਕਰੋੜਾਂ ਮਜ਼ਦੂਰ ਕੰਮ ਤੋਂ ਵਿਹਲੇ ਕਰ ਦਿੱਤੇ ਗਏ ਹਨ। ਦੇਸ਼ ਦੇ 95 ਫੀਸਦੀ ਮਜ਼ਦੂਰਾਂ ਨੂੰ ਠੇਕਾ ਪ੍ਰਣਾਲੀ



ਨਾਲ ਨਰੜ ਦਿੱਤਾ ਗਿਆ ਹੈ। ਦੇਸ਼ ਦੀ ਕੇਂਦਰ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਅੱਠ ਘੰਟੇ ਦੀ ਦਿਹਾੜੀ ਦਾ ਕਾਨੂੰਨ 12 ਘੰਟੇ ਵਿੱਚ ਤਬਦੀਲ ਕਰ ਦਿੱਤਾ ਹੈ, ਦੇਸ਼ ਦੇ ਕਿਰਤੀਆਂ ਵੱਲੋਂ ਲਾਮਿਸਾਲ ਕੁਰਬਾਨੀਆਂ ਦੇ ਕੇ ਕਿਰਤੀਆਂ ਦੇ ਹੱਕ ਵਿੱਚ ਬਣਵਾਏ ਗਏ ਦਰਜਨਾਂ ਕਿਰਤ ਕਾਨੂੰਨਾਂ ਨੂੰ ਚਾਰ ਕੋਡਾ ਵਿੱਚ ਬਦਲ ਦਿੱਤਾ ਗਿਆ ਹੈ, ਇਸੇ ਰਸਤੇ 'ਤੇ ਚੱਲਦਿਆਂ ਪੰਜਾਬ ਸਰਕਾਰ ਨੇ ਪੰਜਾਬ ਦੇ ਸਨਅਤਕਾਰਾਂ ਨੂੰ ਖੁਸ਼ ਕਰਨ ਲਈ ਕਿਰਤ ਕਾਨੂੰਨਾਂ ਵਿੱਚ ਮਜ਼ਦੂਰ ਵਿਰੋਧੀ ਸੋਧਾਂ ਕਰ ਦਿੱਤੀਆਂ ਹਨ, ਪੰਜਾਬ ਦੇ ਕਿਸਾਨਾਂ ਦੀ ਕਰੀਬ 27 ਸ਼ਹਿਰਾਂ ਤੇ ਕਸਬਿਆਂ ਦੀ 40 ਹਜ਼ਾਰ ਏਕੜ ਤੋਂ ਵਧੇਰੇ ਜ਼ਮੀਨ ਸਰਕਾਰ ਵੱਲੋਂ ਮੁਫਤ ਵਿੱਚ ਖੋਈ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੀ ਜਨਤਾ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਿਹਨਤਕਸ਼ ਵਿਰੋਧੀ ਨੀਤੀਆਂ ਨੂੰ ਕਿਸੇ ਵੀ ਹਾਲਤ ਵਿੱਚ ਲਾਗੂ ਨਹੀਂ ਹੋਣ ਦੇਵੇਗੀ ਤੇ ਹਰ ਹਾਲਤ ਵਿੱਚ ਦੇਸ਼ ਦੀਆਂ ਸਰਕਾਰਾਂ ਦੀਆਂ ਮਿਹਨਤਕਸ਼ ਜਨਤਾ ਵਿਰੋਧੀ ਨੀਤੀਆਂ ਨੂੰ ਭਾਂਜ ਦਿੱਤੀ ਜਾਵੇਗੀ। ਇਸ ਸਮੇਂ ਸਰਬਸੰਮਤੀ ਨਾਲ ਕਿਸਾਨ ਆਗੂ ਰਾਜਗੁਰਵਿੰਦਰ ਸਿੰਘ ਸਮੇਤ ਸਮੁੱਚੇ ਕਿਸਾਨ ਆਗੂਆਂ ਉਪਰ ਬਣਾਏ ਗਏ ਝੂਠੇ ਕੇਸ ਵਾਪਸ ਲੈਣ ਦਾ ਮਤਾ ਪਾਸ ਕੀਤਾ ਗਿਆ। ਸੰਗਰੂਰ ਜ਼ਿਲ੍ਹੇ ਦੇ ਮਜ਼ਦੂਰ ਆਗੂ ਹਰਭਗਵਾਨ ਮੂਨਿਕ ਉਪਰ ਹਮਲਾ ਕਰਨ ਵਾਲੇ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਦੀ ਵੀ ਮੰਗ ਕੀਤੀ ਗਈ। ਮੀਟਿੰਗ ਵਿਚ ਸਾਬਕਾ ਸੈਨਿਕ ਯੂਨੀਅਨ ਦੇ ਬਲਵਿੰਦਰ ਸਿੰਘ, ਜਗੀਰ ਸਿੰਘ ਕਿਲਾ ਲਾਲ ਸਿੰਘ, ਸੁਲੱਖਣ ਮਸੀਹ, ਦਲਬੀਰ ਭੋਲਾ, ਬਚਨ ਸਿੰਘ ਬੋਪਾਰਾਏ, ਦਰਸਨ ਖਰੋਟਾ, ਬਾਲਕਿਸ਼ਨ ਪਾਲਾ, ਫੂਲ ਚੰਦ ਤੇ ਪਿੰਟਾ ਭਰਥ ਤਲਵੰਡੀ ਹਾਜ਼ਰ ਸਨ।

# ਸਿੱਖਿਆ ਕ੍ਰਾਂਤੀ ਦੀ ਸ਼ੁਰੂਆਤ ਨਾਲ ਪੰਜਾਬ ਵੱਲੋਂ ਕੌਮੀ ਸਰਵੇਖਣ 'ਚ ਸਰਵੋਤਮ ਦਰਜਾ ਹਾਸਲ: ਵਿਧਾਇਕ ਕਲਸੀ

ਅਲੀਵਾਲ, 7 ਜੁਲਾਈ (ਡਾ. ਸਤਨਾਮ ਸਿੰਘ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸੂਬੇ ਵਿੱਚ ਸਿੱਖਿਆ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ



ਇਨ੍ਹਾਂ ਯਤਨਾਂ ਸਦਕਾ ਭਾਰਤ ਸਰਕਾਰ ਵੱਲੋਂ ਪਰਖ ਰਾਸ਼ਟਰੀਆ ਸਰਵੇਖਣ (ਨੈਸ਼ਨਲ ਅਚੀਵਮੈਂਟਟ ਸਰਵੇ) ਵਿੱਚ ਪੰਜਾਬ ਨੇ ਸਰਵੋਤਮ ਦਰਜਾ ਹਾਸਲ ਕੀਤਾ ਹੈ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਸੂਬੇ ਨੇ ਨੈਸ਼ਨਲ ਅਚੀਵਮੈਂਟ ਸਰਵੇ-2024 ਵਿੱਚ ਸਰਵੋਤਮ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਕਿਹਾ ਨੇ ਕਿ ਇਹ ਪੰਜਾਬੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਸੂਬੇ ਨੇ ਦੇਸ਼ ਭਰ ਵਿੱਚ ਮੋਹਰੀ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਨੂੰ ਅਸਲ ਕ੍ਰਾਂਤੀ ਕਿਹਾ ਜਾ ਸਕਦਾ ਹੈ ਕਿਉਂਕਿ ਪਿਛਲੀਆਂ ਸਰਕਾਰਾਂ ਦੌਰਾਨ ਸ਼ਾਨਦਾਰ ਪ੍ਰਾਪਤੀਆਂ ਕਰਨ ਦੇ ਬਾਵਜੂਦ ਅਣਗੌਲੇ ਜਾਂਦੇ ਰਹੇ ਅਧਿਆਪਕ ਅੱਜ ਮੁੱਖ ਮੰਤਰੀ ਨਾਲ ਸਿੱਧਾ ਸੰਵਾਦ ਰਚਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸਿੱਖਿਆ ਖੇਤਰ ਦੀ ਤਰੱਕੀ ਲਈ ਅਨੁਕੂਲ ਮਾਹੌਲ ਪ੍ਰਦਾਨ ਕੀਤਾ ਹੈ ਤੇ ਅਧਿਆਪਕਾਂ ਨੇ ਵੀ ਇਸ ਦੀ ਵਰਤੋਂ ਹਰ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਕੀਤੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਇਸ ਤੋਂ ਬਹੁਤ ਲਾਭ ਮਿਲ ਸਕੇ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਰਕਾਰੀ ਅਧਿਆਪਕਾਂ ਦਾ ਸ਼ੋਸ਼ਣ ਕੀਤਾ ਸੀ, ਜਿਸ ਕਾਰਨ ਪੜ੍ਹਾਈ 'ਤੇ ਮਾੜਾ ਅਸਰ ਪਿਆ ਸੀ ਪਰ ਹੁਣ ਵੱਡਾ ਬਦਲਾਅ ਆਇਆ ਹੈ। ਉਨ੍ਹਾਂ ਕਿਹਾ ਕਿ ਐੱਨ.ਏ.ਐੱਸ. ਵੱਡੀ ਪ੍ਰਾਪਤੀ ਹੈ ਪਰ ਇਹ ਉਨ੍ਹਾਂ ਦੀ ਸਰਕਾਰ ਦਾ ਅੰਤਮ ਟੀਚਾ ਨਹੀਂ ਹੈ ਕਿਉਂਕਿ ਉਨ੍ਹਾਂ ਦੀ ਸਰਕਾਰ ਹਰ ਨਾਗਰਿਕ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਸੀਂ ਪੰਜਾਬ ਦੇ ਲੋਕਾਂ ਨੂੰ ਦਿੱਤੀਆਂ ਗਾਰੰਟੀਆਂ ਪੂਰਾ ਕਰਨ ਵੱਲ ਤੇਜ਼ੀ ਨਾਲ ਅੱਗੇ ਵੱਧ ਰਹੇ ਹਾਂ। ਉਨ੍ਹਾਂ ਕਿਹਾ ਕਿ ਅਸੀਂ ਸਿਰਫ ਸਕੂਲ ਨਹੀਂ ਬਣਾਏ-ਅਸੀਂ ਭਵਿੱਖ ਬਣਾਇਆ ਹੈ। ਉਨ੍ਹਾਂ ਕਿਹਾ ਕਿ ਸਭ ਤੋਂ ਮਹੱਤਵਪੂਰਨ ਪਹਿਲੂ ਇਹ ਹੈ ਕਿ ਇਹ ਸਰਵੇਖਣ ਭਾਰਤ ਸਰਕਾਰ ਦੁਆਰਾ ਕੀਤਾ ਗਿਆ ਸੀ ਪੰਜਾਬ ਦੁਆਰਾ ਨਹੀਂ। ਉਨ੍ਹਾਂ ਕਿਹਾ ਕਿ ਇਸ ਸਾਲ ਸਰਕਾਰੀ ਸਕੂਲਾਂ ਦੇ 845 ਵਿਦਿਆਰਥੀਆਂ ਨੇ ਨੀਟ ਲਈ ਯੋਗਤਾ ਪ੍ਰਾਪਤ ਕੀਤੀ ਹੈ। ਸਰਕਾਰੀ ਸਕੂਲਾਂ ਦੇ 265 ਵਿਦਿਆਰਥੀਆਂ ਨੇ ਜੇ.ਈ. ਮੇਨਜ ਪ੍ਰੀਖਿਆ ਪਾਸ ਕੀਤੀ ਹੈ।

# ਸਰਪੰਚ ਸਚਨਦੀਪ ਬਾਠ ਨੂੰ ਸਦਮਾ, ਪਿਤਾ ਦਾ ਦੇਹਾਂਤ




ਬਟਾਲਾ, 7 ਜੁਲਾਈ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਪਿੰਡ ਛਿਛਰੇਵਾਲ ਖੁਰਦ ਆਮ ਆਦਮੀ ਪਾਰਟੀ ਦੇ ਸਰਪੰਚ ਸਚਨਦੀਪ ਬਾਠ ਨੂੰ ਉਸ ਵਕਤ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਹਰਬੰਸ ਸਿੰਘ (70 ਸਾਲ) ਦੀ ਅਚਾਨਕ ਦਿਲ ਦੀ ਧੜਕਣ ਰੁਕਣ ਨਾਲ ਮੌਤ ਹੋ ਗਈ। ਉਹ ਪਿੰਡ ਛਿਛਰੇਵਾਲ ਖੁਰਦ ਦੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਵਜੋਂ ਸੇਵਾ ਨਿਭਾ ਰਹੇ ਸਨ। ਜਿਨ੍ਹਾਂ ਦਾ ਅੰਤਿਮ ਸਸਕਾਰ ਪਿੰਡ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਸਰਪੰਚ ਸਚਨਦੀਪ ਬਾਠ ਤੇ ਗਗਨਦੀਪ ਸਿੰਘ ਬਾਠ ਨਾਲ ਧਾਰਮਿਕ, ਰਾਜਨੀਤਿਕ, ਸਮਾਜਿਕ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਤੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਦੁੱਖ ਪ੍ਰਗਟ ਕਰਨ ਵਾਲਿਆਂ ਵਿੱਚ ਗਗਨਦੀਪ ਸਿੰਘ ਬਾਠ ਸਵਰਾਜ ਸਿੰਘ ਬਿੱਟੂ ਸਰਪੰਚ, ਪਰਮਜੀਤ ਸਿੰਘ ਬਾਠ, ਗੁਰਦੇਵ ਸਿੰਘ ਬਾਠ, ਪ੍ਰਗਟ ਸਿੰਘ ਸਰਪੰਚ, ਕੈਪਟਨ ਲਖਬੀਰ ਸਿੰਘ, ਇੰਸਪੈਕਟਰ ਬਲਦੇਵ ਸਿੰਘ ਰੰਧਾਵਾ, ਬਾਪੂ ਕਿਰਪਾਲ ਸਿੰਘ, ਸਰਬਜੀਤ ਸਿੰਘ ਘਣੀਏ ਕੇ ਬਾਂਗਰ, ਪ੍ਰਭਜੋਤ ਸਿੰਘ ਬਿੱਟੂ, ਮਾਸਟਰ ਹਰਦੇਵ ਸਿੰਘ, ਮਾਸਟਰ ਰਾਕੇਸ਼, ਮਾਸਟਰ ਕੁਲਦੀਪ ਸਿੰਘ, ਰਣਜੀਤ ਸਿੰਘ, ਕਰਮਜੀਤ ਸਿੰਘ ਬਰਾੜ ਸਰਪੰਚ, ਗੁਰਵਿੰਦਰ ਸਿੰਘ ਸਰਪੰਚ ਕਾਦੀਆਂ ਰਾਜਪੂਤ, ਸਬੀ ਫਤਹਿਗੜ੍ਹ ਚੂੜੀਆਂ, ਬਿਕਰਮਜੀਤ ਸਿੰਘ ਠੇਕੇਦਾਰ ਆਦਿ ਸ਼ਾਮਲ ਸਨ।

# ਬਾਬਾ ਬੰਦਾ ਸਿੰਘ ਬਹਾਦਰ ਇੰਸਟੀਚਿਊਟ ਦੇ ਡਿਪਲੋਮਾ ਇਨ ਐਲੀਮੈਂਟਰੀ ਐਜੂਕੇਸ਼ਨ ਸਾਲ ਦੂਸਰਾ ਸੈਸ਼ਨ 2022-24 ਦਾ ਨਤੀਜਾ ਰਿਹਾ 100 ਫੀਸਦੀ

ਧਾਰੀਵਾਲ, 7 ਜੁਲਾਈ (ਅਸ਼ੋਕ ਕੁਮਾਰ): ਬਾਬਾ ਬੰਦਾ ਸਿੰਘ ਬਹਾਦਰ ਇੰਸਟੀਚਿਊਟ ਧਾਰੀਵਾਲ ਵਿੱਦਿਅਕ ਖੇਤਰ ਵਿੱਚ ਬਹੁਤ ਹੀ ਸ਼ਾਨਦਾਰ ਸਥਾਨ ਪ੍ਰਾਪਤ ਕਰ ਰਿਹਾ ਹੈ। ਕਾਲਜ ਦੇ ਚੇਅਰਮੈਨ ਅਮਰਜੀਤ ਸਿੰਘ ਚਾਹਲ ਤੇ ਸਕੱਤਰ ਪਰਮਿੰਦਰ ਕੌਰ ਚਾਹਲ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਐੱਸ.ਸੀ.ਈ.ਆਰ.ਟੀ. ਵੱਲੋਂ ਐਲਾਨੇ ਗਏ



ਡਿਪਲੋਮਾ ਇਨ ਐਲੀਮੈਂਟਰੀ ਐਜੂਕੇਸ਼ਨ (ਡੀ.ਐੱਲ.ਐੱਡ.) ਸਾਲ ਦੂਸਰਾ ਸੈਸ਼ਨ 2022-24 ਦੇ ਨਤੀਜੇ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕੀਤੇ ਹਨ। ਜਾਣਕਾਰੀ ਅਨੁਸਾਰ ਬਾਬਾ ਬੰਦਾ ਸਿੰਘ ਬਹਾਦਰ ਇੰਸਟੀਚਿਊਟ ਡੀ.ਐੱਲ.ਐੱਡ. ਸਾਲ ਦੂਸਰਾ ਦੀ ਵਿਦਿਆਰਥਣ ਗੀਤਾ ਤੇ ਕਰਮਪ੍ਰੀਤ ਨੇ 857 ਅੰਕ ਲੈ ਕੇ ਪਹਿਲਾ ਸਥਾਨ ਨਵਜੀਤ ਕੌਰ ਨੇ 849 ਅੰਕਾਂ ਨਾਲ ਦੂਸਰਾ ਤੇ ਰੁਪਿੰਦਰ ਕੌਰ ਨੇ 842 ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਕਿਰਨ ਬਾਲਾ ਨੇ 836 ਅੰਕ, ਅਨੁਰਾਗ ਕਾਂਟੀਵਾਲ ਨੇ 823, ਮਨਜੀਤ ਕੌਰ 821 ਤੇ ਅਮਨਦੀਪ ਕੌਰ ਨੇ 819 ਅੰਕ ਪ੍ਰਾਪਤ ਕਰਕੇ ਵਧੀਆ ਸਥਾਨ ਹਾਸਲ ਕੀਤੇ। ਇਸ ਮੌਕੇ 'ਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਮਿਹਨਤੀ ਸਟਾਫ ਤੇ ਵਿਦਿਆਰਥੀਆਂ ਦੀ ਚੰਗੀ ਕਾਰਗੁਜ਼ਾਰੀ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਅਧਿਆਪਕ ਤੇ ਵਿਦਿਆਰਥੀ ਵਧਾਈ ਦੇ ਪਾਤਰ ਹਨ ਜਿਨ੍ਹਾਂ ਦੀ ਮਿਹਨਤ ਸਦਕਾ ਕਾਲਜ ਦਾ ਨਤੀਜਾ 100 ਫੀਸਦੀ ਆਇਆ ਹੈ। ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਸਕੱਤਰ ਪਰਮਿੰਦਰ ਕੌਰ ਚਾਹਲ ਨੇ ਸਮੂਹ ਸਟਾਫ ਤੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਜਾਣਕਾਰੀ ਦਿੱਤੀ ਕਿ ਡੀ.ਐੱਲ.ਐੱਡ. 2025-27 ਸਾਲ ਪਹਿਲਾਂ ਬੀ.ਐੱਡ. ਦੀ ਦਾਖਲਾ ਪ੍ਰਕਿਰਿਆ ਲਈ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ। ਚਾਹਵਾਨ ਟੈਸਟ ਪਾਸ ਵਿਦਿਆਰਥੀ ਦਾਖਲਾ ਲੈਣ ਲਈ 9463494634 ਨੰਬਰ 'ਤੇ ਸੰਪਰਕ ਕਰ ਸਕਦੇ ਹਨ।

# ਹੁਣ ਘਰ ਦੇ ਲਾਗੇ ਹੀ ਮਿਲਣਗੀਆਂ ਬਿਹਤਰ ਸਿਹਤ ਸੇਵਾਵਾਂ: ਸਿਵਲ ਸਰਜਨ

ਨਵਾਂਸ਼ਹਿਰ, 7 ਜੁਲਾਈ (ਸੁਖਦੇਵ ਸਿੰਘ ਉੜਾਪੜ): ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਅੱਜ ਸਿਵਲ ਸਰਜਨ ਦਫ਼ਤਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਜ਼ਿਲ੍ਹੇ ਦੇ ਸਿਹਤ ਬਲਾਕ ਮੁਕੰਦਪੁਰ ਅਧੀਨ ਆਉਂਦੇ ਕਮਾਮ ਪਿੰਡ ਵਿਖੇ ਸਥਿਤ ਆਮ ਆਦਮੀ ਕਲੀਨਿਕ ਦੇ ਨਵੇਂ ਮੈਡੀਕਲ ਅਫਸਰ ਡਾ. ਮਦਨ ਲਾਲ ਨੂੰ ਇੰਮਪੈਨਲਮੈਂਟ ਪੱਤਰ ਸੌਂਪਿਆ।



ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਆਮ ਲੋਕਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਆਮ ਆਦਮੀ ਕਲੀਨਿਕ ਸਿਹਤ ਸੰਭਾਲ ਖੇਤਰ ਵਿੱਚ ਆਮ ਆਦਮੀ ਨੂੰ ਲਾਭ ਪਹੁੰਚਾਉਣ ਲਈ ਇੱਕ ਵੱਡਾ ਕਦਮ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਮ ਬਿਮਾਰੀਆਂ ਦੇ ਇਲਾਜ ਦੇ ਨਾਲ-ਨਾਲ ਹਾਲ ਹੀ ਵਿੱਚ ਆਮ ਆਦਮੀ ਕਲੀਨਿਕਾਂ ਵਿੱਚ ਪੰਜ ਹੋਰ ਨਵੀਆਂ ਸੇਵਾਵਾਂ ਦੀ ਸ਼ੁਰੂਆਤ ਕੀਤੀ ਗਈ ਹੈ। ਆਮ ਆਦਮੀ ਕਲੀਨਿਕਾਂ ਵਿੱਚ ਜਿਹੜੀਆਂ ਪੰਜ ਸੇਵਾਵਾਂ ਦੀ ਸ਼ੁਰੂਆਤ ਹੋਈ ਹੈ, ਉਨ੍ਹਾਂ ਵਿਚ ਗਰਭਵਤੀ ਔਰਤਾਂ ਦੀ ਜਾਂਚ, ਗੈਰ-ਸੰਚਾਰੀ ਰੋਗ, ਪਰਿਵਾਰ ਨਿਯੋਜਨ ਸੇਵਾਵਾਂ, ਕੁਪੋਸ਼ਿਤ ਬੱਚਿਆਂ ਦੀ ਪਛਾਣ ਤੇ ਦੇਖਭਾਲ, ਕੁੱਤੇ ਦੇ ਵੱਢਣ 'ਤੇ ਐਂਟੀ ਰੈਬੀਜ਼ ਟੀਕਾਕਰਨ ਆਦਿ ਸ਼ਾਮਲ ਹਨ। ਆਮ ਆਦਮੀ ਕਲੀਨਿਕਾਂ ਵਿਚ ਇਹ ਸੇਵਾਵਾਂ ਸ਼ੁਰੂ ਕਰਨ ਦਾ ਮੁੱਖ ਉਦੇਸ਼ ਮਰੀਜ਼ਾਂ ਨੂੰ ਪਹੁੰਚਣਯੋਗ ਮੁੱਢਲੀਆਂ ਸਿਹਤ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿਚ ਇਹ ਸੁਵਿਧਾਵਾਂ ਸ਼ੁਰੂ ਹੋਣ ਨਾਲ ਮਰੀਜ਼ਾਂ ਨੂੰ ਉਨ੍ਹਾਂ ਦੇ ਘਰ ਦੇ ਨਜ਼ਦੀਕ ਹੀ ਬਿਹਤਰ ਸਿਹਤ ਦੇਖਰੇਖ ਮਿਲਣੀ ਸ਼ੁਰੂ ਹੋ ਜਾਵੇਗੀ, ਜਿਸ ਨਾਲ ਮਰੀਜ਼ਾਂ ਨੂੰ ਆਪਣੇ ਇਲਾਜ ਲਈ ਦੂਰ ਨਹੀਂ ਜਾਣਾ ਪਵੇਗਾ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਜ਼ਿਲ੍ਹੇ ਵਿੱਚ ਕੁੱਲ 19 ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ, ਜੋ ਕਿ ਮੁਫਤ ਇਲਾਜ ਪ੍ਰਦਾਨ ਕਰਨ ਦੇ ਨਾਲ-ਨਾਲ 104 ਕਿਸਮਾਂ ਦੀਆਂ ਮੁਫ਼ਤ ਦਵਾਈਆਂ ਤੇ 46 ਕਿਸਮਾਂ ਦੇ ਮੁਫ਼ਤ ਡਾਇਗਨੌਸਟਿਕ ਟੈਸਟਾਂ ਦੀ ਸਹੂਲਤ ਦੇ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਰਾਮ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਮੌਜੂਦ ਸਨ।

# ਪੀਰ ਬਾਬਾ ਦੀਨ ਸ਼ਾਹ ਦੀ ਦਰਗਾਹ 'ਤੇ ਸੱਭਿਆਚਾਰਕ ਮੇਲਾ ਕਰਵਾਇਆ

ਚੋਗਾਵਾ, 7 ਜੁਲਾਈ (ਸੁਬੇਗ ਸਿੰਘ ਸੋਨਾ): ਤਹਿਸੀਲ ਲੋਪੋਕੇ ਜ਼ਿਲ੍ਹਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਕੱਕੜ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ



ਦਰਗਾਹ ਪੀਰ ਬਾਬਾ ਦੀਨ ਸ਼ਾਹ ਦੀ ਯਾਦ 'ਚ ਸਾਲਾਨਾ ਸੱਭਿਆਚਾਰਕ ਮੇਲਾ ਸਮੂਹ ਪਿੰਡ ਵਾਸੀਆਂ 'ਤੇ ਐੱਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਮੁੱਖ ਸੇਵਾਦਾਰ ਬਾਬਾ ਹਰਦੇਵ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ। ਮੇਲੇ ਦੀ ਸ਼ੁਰੂਆਤ ਦਰਗਾਹ 'ਤੇ ਚਾਦਰ ਚੜ੍ਹਾਅ ਕੇ ਬਾਬਾ ਹਰਦੇਵ ਸਿੰਘ, ਸਾਬਕਾ ਸਰਪੰਚ ਮੇਜਰ ਸਿੰਘ ਕੱਕੜ ਸਮੇਤ ਹੋਰਨਾਂ ਸੇਵਾਦਾਰ ਵੱਲੋਂ ਕੀਤੀ ਗਈ। ਉਪਰੰਤ ਪੰਜਾਬੀ ਗਾਇਕ ਜੋੜੀ ਨਹਿਲਾ ਮਾਣਕ, ਲਵਪ੍ਰੀਤ ਲਵਲੀ ਤੇ ਮਨਮੋਹਨ ਸਿੰਘ ਸਿੱਧੂ ਤੇ ਸੁਖਬੀਰ ਸੰਧੂ ਨੇ ਆਪਣੇ ਗੀਤਾਂ ਦੀ ਝੜੀ ਲਗਾ ਕੇ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ। ਮੇਲਾ ਪ੍ਰਬੰਧਕਾਂ ਵੱਲੋਂ ਕਲਾਕਾਰਾਂ ਤੇ ਹੋਰਨਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਭੁਪਿੰਦਰ ਸਿੰਘ ਬਿੱਟੂ ਵਾਈਸ ਚੇਅਰਮੈਨ, ਕੁਲਦੀਪ ਸਿੰਘ ਸਾਬਕਾ ਮੈਂਬਰ, ਦੀਵਾਨ ਸਿੰਘ, ਪਿਆਰਾ ਸਿੰਘ, ਗੁਰਸ਼ਰਨ ਸਿੰਘ, ਸੇਵਾਦਾਰ ਗੁਰਦੀਪ ਸਿੰਘ ਟੈਂਟ ਵਾਲਾ, ਨਰਿੰਦਰ ਸਿੰਘ, ਰਾਜਬੀਰ ਸਿੰਘ, ਕਰਤਾਰ ਸਿੰਘ, ਸੁਖਚੈਨ ਸਿੰਘ, ਕਰਮਜੀਤ ਸਿੰਘ, ਆਦਿ ਹਾਜ਼ਰ ਸਨ।

# ਇਸ਼ਤਿਹਾਰ /Classified Advertisement

(U/o 5 Rule 20 CPC)
**In the Court of Icy Jaswal Civil Judge (Junior Division), Ludhiana**
CNR No.PBLD02-006950-2019
Next Date: 28.07.2025
Nasib Kaur @ Manjit Kaur
Versus
Balwant Singh
Notice to: 6. Harpal Singh S/o Bachan Singh 7. Narinder Singh S/o Bachan Singh 8. Narjeet Singh S/o Bachan Singh 9. Mohan Singh S/o Bachan Singh All R/o All village Issewalam, Tehsil and District Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 28.07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 05-07-2025
**Sd/- Civil Judge (Junior Division), Ludhiana**

(U/o 5 Rule 20 CPC)
**In the Court of Sh. Kaushal Kumar Yadav Civil Judge Jr. Div., Chandigarh**
CNR No.CHCH02-002566-2024
Next Date:31.07.2025
Amarjot Singh & Anr.
Versus
Vast Immigration Solutions
Suit for Recovery of Money
Notice to: 1. Vast Immigration Solutions SCO No. 95-96-97 4th Floor Sector 17D Chandigarh Through its Proprietor Mr. Kulvir Singh Kaura Alias Kulbir Singh Kaa 2. Kulvir Singh Kaura SCO No. 95-96-97 4th Floor Sector 17D Chandigarh 3. Sunny Chahal SCO No. 95-96-97 4th Floor Sector 17D Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 31.07.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 04-07-2025
**Sd/- Civil Judge Jr. Div., Chandigarh**

(U/o 5 Rule 20 CPC)
**In the Court of Sh. Kaushal Kumar Yadav Civil Judge Jr. Div., Chandigarh**
CNR No.CHCH02-0022579-2024
Next Date:31.07.2025
Aseem Sidhu
Versus
Vast Immigration Solutions
Suit for Recovery of Money
Notice to: 1. Vast Immigration Solutions SCO No.95-96-97 4th Floor Sector 17D Chandigarh Through its Proprietor Mr. Kulvir Singh Kaura Alias Kulbir Singh Kaura 2. Kulvir Singh Kaura SCO No. 95-96-97 4th Floor Sector 17D Chandigarh 3. Damanpreet Kaur SCO No. 95-96-97 4th Floor Sector 17D Chandigarh 4. Rajwinder Kaur SCO No. 95-96-97 4th Floor Sector 17D Chandigarh 5. Sunny Chahal SCO No. 95-96-97 4th Floor Sector 17 D Chandigarh 6. Akhil SCO No. 95-96-97 4th Floor Sector 17 D Chandigarh 7. Lovepreet SCO No. 95-96-97 4th Floor Sector 17 D Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 31.07.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 04-07-2025
**Sd/- Civil Judge Jr. Div., Chandigarh**

(U/o 5 Rule 20 CPC)
**In the Court of Sh. Kaushal Kumar Yadav Civil Judge Jr. Div., Chandigarh**
CNR No.CHCH02-002574-2024
Next Date:31.07.2025
Lt. Col. Gajjan Singh & ANR.
Versus
Vast Immigration Solutions
Suit for Recovery of Money
Notice to: 1. Vast Immigration Solutions SCO No. 95-96-97 4th Floor Sector 17D Chandigarh Through its Proprietor Mr. Kulvir Singh Kaura Alias Kulbir Singh Kaura 2. Kulvir Singh Kaura SCO No. 95-96-97 4th Floor Sector 17D Chandigarh 3. Damanpreet Kaur SCO No. 95-96-97 4th Floor Sector 17D Chandigarh 4. Meenu Sharma SCO No. 95-96-97 4th Floor Sector 17 D Chandigarh 5. Sunny Chahal SCO No. 95-96-97 4th Floor Sector 17 D Chandigarh 6. Akhil SCO No. 95-96-97 4th Floor Sector 17 D Chandigarh 7. Reet Kaura SCO No. 95-96-97 4th Floor Sector 17 D Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 31.07.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 04-07-2025
**Sd/- Civil Judge Jr. Div., Chandigarh**

(U/o 5 Rule 20 CPC)
**In the Court of Sh. Kaushal Kumar Yadav Civil Judge Jr. Div., Chandigarh**
CNR No.CHCH02-002585-2024
Next Date:31.07.2025
Sanjay Sharma
Versus
Vast Immigration Solutions
Suit for Recovery of Money
Notice to: 1. Vast Immigration Solutions SCO No. 95-96-97 4th Floor Sector 17D Chandigarh Through its Proprietor Mr. Kulvir Singh Kaura Alias Kulbir Singh Kaura 2. Kulvir Singh Kaura SCO No. 95-96-97 4th Floor Sector 17D Chandigarh 3. Rajwinder Kaur SCO No. 95-96-97 4th Floor Sector 17D Chandigarh 4. Meenu Sharma SCO No. 95-96-97 4th Floor Sector 17D Chandigarh 5. Sunny Chahal SCO No. 95-96-97 4th Floor Sector 17 D Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 31.07.2025 at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 04-07-2025
**Sd/- Civil Judge Jr. Div., Chandigarh**

**ਦਫਤਰ ਉਪ ਰਜਿਸਟਰਾਰ, ਸਹਿਕਾਰੀ ਸਭਾਵਾਂ ਸੰਗਰੂਰ**
**ਚੋਣ ਸੰਬੰਧੀ ਸੂਚਨਾ**
[illegible] 10.07.2025 [illegible] 11.07.2025 [illegible]
**ਸਹੀ/- ਉਪ ਰਜਿਸਟਰਾਰ ਸਹਿਕਾਰੀ ਸਭਾਵਾਂ, ਸੰਗਰੂਰ**

(U/o 5 Rule 20 CPC)
**In the Court of Sh. Nitin Garg Civil Judge Junior Division-5, Abohar**
CNR No. PBFZE0-002137-2022
Next Date:04-08-2025
Budh Singh
Versus
Balwinder Kaur
Notice to: Balwinder Kaur- W/o Balvir Singh S/o Kartar Singh r/o Diwan Kherda Tehsil Abohar district Fazilka
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 04.08.2025 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 02-07-2025
**Sd/- Civil Judge Junior Division-5, Abohar**

(U/o 5 Rule 20 CPC)
**In the Court of Ms. parveen Bali Principal Judge Family Court, Faridkot**
CNR No. PBFD01-004631-2024
Next Date:31-07-2025
HMA/520/2024
Manish Kumar
Versus
Heena Sharma
Notice to: Heena Sharma W/o Manish Kumar Son of Mahinder Pal Residing At Near Gorkhe chakki Village Sandhwan Tehsil Kotkapura Now R/o Gali No.01, Heera Singh Nagar, Kotkapura and D/o Parshotam Lal R/o Village Bhajla Tehsil Gar Shankar, District Hoshiarpur Now At Jaura Mohalla, Gali No. 9, Near Telephone Exchange, Gar Shankar, District Hoshiarpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 31.07.2025 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 04-07-2025
**Sd/- Principal Judge Family Court, Faridkot**

(U/o 5 Rule 20 CPC)
**In the Court of Ms. Parveen Bali Principal Judge Family Court, Faridkot**
CNR No. PBFD01-000809-2025
Next Date:07-08-2025
INDIG/10/2025
Savita
Versus
Harpreet Singh
Application u/o 33 rule 1 CPC read with section 151 CPC for declaring the applicant as indigent person.
Notice to: Harpreet Singh S/o jarnail Singh R/o Guru Teg Bahadur Nagar, Faridkot
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 07.08.2025 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 04-07-2025
**Sd/- Principal Judge Family Court, Faridkot**

(U/o 5 Rule 20 CPC)
**In the Court of Sh. Aman Sharma Additional Principal Judge Family court, Amritsar**
CNR No. PBAS01-011499-2021
Next Date:-30-07-2025
Deepak
Versus
Amrik kaur
Notice to: Amrik Kaur Spouse:- Deepak D/o Surjit Singh All R/o H.NO. 371, Guru Teg Bahadur Nagar, Gali No. 2, Jaura Phatak, Amritsar and Meetan Spouse:- Surjit Singh All R/o H.NO. 371, Guru Teg Bahadur Nagar, Gali NO. 2, Jaura phatak, Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 30.07.2025 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 04-07-2025
**Sd/- Additional Principal Judge Family court, Amritsar**

**ਅਦਾਲਤ ਮਾਨਯੋਗ ਸ੍ਰੀ ਗੁਰਵੇਕ ਸਿੰਘ ਧੰਮ ਪੀ.ਸੀ.ਐਸ.ਉਪ ਮੰਡਲ ਮੈਜਿਸਟਰੇਟ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਪਟਿਆਲਾ**
ਕੇਸ ਨੰਬਰ :78/ਖਾਨਗੀ
ਕੇਸ ਕਿਸਮ : ਖਾਨਗੀ ਇਤਕਾਲ
ਪਿੰਡ : ਤ੍ਰਿਪੜੀ ਸਾਇਦਾਂ
ਤਾਰੀਖ ਪੇਸ਼ੀ : 14.07.2025
[illegible] 09.08.2024 [illegible] 28594 [illegible] 14.07.2025 [illegible] 27.06.2025 [illegible]
ਅੱਜ ਮਿਤੀ 30.6.25
**ਸਹੀ/- ਉਪ ਮੰਡਲ ਮੈਜਿਸਟਰੇਟ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਪਟਿਆਲਾ**

## ਬੇਦਖਲੀ ਸੂਚਨਾ

ਮੈਂ, ਦਰਸ਼ਨ ਲਾਲ ਪੁੱਤਰ ਆਤਮਾ ਰਾਮ [illegible]

## ਨਾਮ ਦੀ ਬਦਲੀ

ਮੈਂ, ਹਰਜਿੰਦਰ ਸਿੰਘ ਰਾਏ ਪੁੱਤਰ ਜਗਜੀਤ ਸਿੰਘ [illegible]

## public Notice

Komaldeep, wife of Mangaldeep Singh, resident of Jandiala Guru, district Amritsar, has been mistakenly written as Komaldeep in her passport. it should be corrected and made Komal deep.

## ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਅਦਾਰਾ ਜ਼ਿੰਮੇਵਾਰ ਨਹੀਂ [illegible]। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਮਾਨਸੂਨ ਸ਼ੀਜਨ ਦੌਰਾਨ ਜਿਲ੍ਹੇ ਵਿੱਚ ਲਗਾਏ ਜਾਣਗੇ 3 ਲੱਖ ਬੂਟੇ : ਡੀ.ਸੀ.

### ਬੂਟੇ ਲਗਾਉਣ ਤੇ ਸੰਭਾਲ ਕਰਨ ਵਾਲਿਆਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਕਰੇਗਾ ਸਨਮਾਨਤ




ਅਮ੍ਰਿਤਸਰ 7 ਜੁਲਾਈ (ਚ.ਨ.ਸ): ਵਰਧਮਾਨ ਸਟੀਲ ਕੰਪਨੀ ਲਿਮਟਿਡ ਅਤੇ ਇਕੋ ਸਿੱਖ ਵੱਲੋਂ ਜ਼ਿਲ੍ਹਾ ਪ੍ਰਸਾਸ਼ਨ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਿਆਂਵਾਕੀ ਜੰਗਲ ਬਣਾਉਣ ਲਈ 1100 ਬੂਟੇ ਲਗਾਏ ਗਏ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ਼ ?ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਪ੍ਰਬੰਧਕੀ ਕੰਪਲੈਕਸ ਵਿਖੇ ਭਾਵੇ ਜਗ ?ਹਾਂ ਘੱਟ ਹੈ ਪਰ ਇਥੇ ਵੀ ਮਿੰਨੀ ਮਿਆਵਾਕੀ ਜੰਗਲ ਬਣਾਇਆ ਜਾਵੇਗਾ ਅਤੇ ਆਉਂਦੇ 8-10 ਮਹੀਨਿਆਂ ਵਿਚ ਇਹ ਬਣ ਕੇ ਤਿਆਰ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਆਮ ਲੋਕ ਵੀ ਇਸ ਨਾਨਕ ਬਗੀਚੀ ਵਾਂਗ ਆਪਣੇ ਪਲਾਟਾਂ ਜਾ ਹੋਰ ਥਾਵਾਂ ਤੇ ਤੇ ਮਿਆਂਵਾਕੀ ਜੰਗਲ ਬਣਾ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਾਨਸੂਨ ਸੀਜ਼ਨ ਦੌਰਾਨ ਜ਼ਿਲੇ ਵਿਚ ਕਰੀਬ 3 ਲੱਖ ਬੂਟੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਹੀਟ ਮੈਪ ਦੀ ਵਰਤੋ ਕਰਦੇ ਹੋਏ ਪਹਿਲਾਂ ਉਨ੍ਹਾਂ ਥਾਵਾਂ ਦੀ ਸ਼ਨਾਖਤ ਕੀਤੀ ਗਈ ਹੈ ਜਿਥੇ ਧਰਤੀ ਦੀ ਸਤਹ ਦਾ ਤਾਪਮਾਨ ਜਿਆਦਾ ਹੈ। ਉਨ੍ਹਾਂ ਕਿਹਾ ਕਿ ਕਈ ਥਾਵਾਂ ਤੇ ਧਰਤੀ ਦੀ ਸਤਹ ਦਾ ਤਾਪਮਾਨ 50 ਡਿਗਰੀ ਤੋ ਵੀ ਵਧੇਰੇ ਪਾਇਆ ਗਿਆ ਹੈ ਅਤੇ ਇੰਨ੍ਹਾਂ ਥਾਵਾਂ ਤੇ ਵਧੇਰੇ ਬੂਟੇ ਲਗਾ ਕੇ ਧਰਤੀ ਦੇ ਸਤਹ ਦੇ ਤਾਪਮਾਨ ਨੂੰ ਘੱਟ ਕੀਤਾ ਜਾਵੇਗਾ,ਜਿਸਦਾ ਨਤੀਜਾ ਆਉਣ ਵਾਲੇ ਗਰਮੀ ਦੇ ਸ਼ੀਜਨ ਵਿਚ ਵੇਖਣ ਨੂੰ ਮਿਲੇਗਾ। ਉਹਨਾਂ ਦੱਸਿਆ ਕਿ ਮੀਆਂ ਵਾਕੀ ਜੰਗਲ ਜਪਾਨੀ ਸਾਇੰਸਦਾਨ ਅਕੀਰਾ ਮੀਆਂ ਵਾਕੀ ਵਲੋਂ ਵਿਕਸਿਤ ਕੀਤੀ ਇੱਕ ਵਿਗਿਆਨਿਕ ਵਿਧੀ ਹੈ, ਜਿਸ ਰਾਹੀ ਸ਼ਹਿਰੀ ਖੇਤਰ ਵਿੱਚ ਘੱਟ ਜ਼ਮੀਨ ਉੱਪਰ ਵੀ ਵਧੀਆ ਕਿਸਮ ਦਾ ਜੰਗਲ ਉਸਾਰਿਆ ਜਾ ਸਕਦਾ ਹੈ। ਸ਼ ?ਰੀਮਤੀ ਸਾਹਨੀ ਨੇ ਦੱਸਿਆ ਕਿ ਵਰਧਮਾਨ ਸਟੀਲ ਕੰਪਨੀ ਲਿਮਟਿਡ ਵੱਲੋਂ ਮੀਆਂਵਾਕੀ ਜੰਗਲ ਵਿਖੇ ਹੋਰ 30 ਹਜ਼ਾਰ ਬੂਟੇ ਲਗਾਏ ਜਾ ਰਹੇ ਹਨ,ਜਿਸ ਨਾਲ ਸ਼ਹਿਰਵਾਸੀਆਂ ਨੂੰ ਭਰਪੂਰ ਮਾਤਰਾ ਵਿਚ ਆਕਸੀਜਨ ਮਿਲੇਗੀ। ਦੱਸਣ ਯੋਗ ਹੈ ਕਿ ਇਹ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਦੁਆਰਾ ਬਣਾਇਆ ਗਿਆ ਅੱਠਵਾਂ ਜੰਗਲ ਹੈ ਅਤੇ ਅੰਮ੍ਰਿਤਸਰ ਦੇ ਸਭ ਤੋਂ ਵੱਡੇ ਮੀਆਵਾਕੀ ਜੰਗਲਾਂ ਵਿੱਚੋਂ ਇੱਕ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਮ ਲੋਕ ਵੀ ਬੂਟੇ ਲਗਾਉਣ ਲਈ ਅੱਗੇ ਆ ਰਹੇ ਹਨ, ਉਨ੍ਹਾਂ ਕਿਹਾ ਕਿ ਜਿਹੜੇ ਵੀ ਆਮ ਲੋਕ ਵਾਤਾਵਰਣ ਦੀ ਸੰਭਾਲ ਲਈ ਬੂਟੇ ਲਗਾ ਰਹੇ ਹਨ ਤੇ ਉਨ੍ਹਾਂ ਦੀ ਸਾਂਭ ਸੰਭਾਲ ਕਰਨਗੇ ,ਜਿਲਾ ? ਪ੍ਰਸ਼ਾਸਨ ਸਰਟੀਫਿਕੇਟ ਦੇ ਕੇ ਉਨ੍ਹਾਂ ਨੂੰ ਸਨਮਾਨਤ ਕਰੇਗਾ। ਇਸ ਮੌਕੇ ਸ਼ ?ਰੀ ਰਾਜੇਸ਼ ਕੁਮਾਰ ਜ਼ਿਲ੍ਹਾਂ ਜੰਗਲਾਤ ਅਧਿਕਾਰੀ ਨੇ ਦੱਸਿਆ ਕਿ ਬੂਟੇ ਲਗਾਉਣ ਤੋ ਦੋ - ਤਿੰਨ ਦਿਨ ਪਹਿਲਾ 2*2 ਦਾ ਟੋਇਆ ਜਰੂਰ ਪੁੱਟਿਆ ਜਾਵੇ,ਇਸ ਨਾਲ ਪੌਦੇ ਦੀ ਚੱਲਣ ਦੀ ਵਧੇਰੇ ਆਸ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਸਰਕਾਰੀ ਵਿਭਾਗ ਬੂਟੇ ਲਗਾਉਣਾ ਚਾਹੁੰਦੇ ਹਨ,ਉਹ ਆਪਣੇ ਪੱਤਰ ਰਾਹੀ ਸਾਨੂੰ ਸੂਚਿਤ ਕਰਨ ਅਸੀ ਖੁਦ ਉਨ੍ਹਾਂ ਨੂੰ ਮੁਫਤ ਵਿੱਚ ਬੂਟੇ ਪ੍ਰਦਾਨ ਕਰਾਂਗੇ। ਉਨ੍ਹਾਂ ਦੱਸਿਆ ਕਿ ਜੋ ਐਨ.ਜੀ.ਓ, ਪ੍ਰਾਂਈਵੇਟ ਸਕੂਲ ਜਾਂ ਕਾਲਜ ਬੂਟੇ ਲੈਣਾ ਚਾਹੁੰਦੇ ਹਨ, ਸਰਕਾਰ ਵਲੋ ਉਨ੍ਹਾਂ ਨੂੰ ਪ੍ਰਤੀ ਬੂਟਾ ਦੋ ਰੁਪਏ ਵਿਚ ਦਿੱਤਾ ਜਾਵੇਗਾ ਅਤੇ ਇਸ ਤੋ ਇਲਾਵਾ ਜੋ ਵਪਾਰਕ ਸਥਾਨ ਬੂਟੇ ਲੈਣਾਂ ਚਾਹੁੰਦੇ ਹਨ ਨੂੰ 20 ਰੁਪਏ ਪ੍ਰਤੀ ਬੂਟਾ ਮੁਹੱਈਆ ਕਰਵਾਇਆ ਜਾਵੇਗਾ। ਸ਼ ?ਰੀ ਰਾਜੇ ?ਸ ਕੁਮਾਰ ਨੇ ਦੱਸਿਆ ਕਿ ਜਿਲ੍ਹੇ ਵਿਚ 16 ਨਰਸਰੀਆਂ ਸਥਾਪਤ ਕੀਤੀਆਂ ਗਈਆਂ ਹਨ,ਜਿਥੋ ਬੂਟੇ ਪ੍ਰਾਪਤ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਬੂਟੇ ਲੈਣ ਲਈ ਜ਼ਿਲ੍ਹਾਂ ਜੰਗਲਾਤ ਵਿਭਾਗ ਤਾਰਾਂ ਵਾਲਾ ਪੁਲ ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼ ?ਰੀਮਤੀ ਅਮਨਦੀਪ ਕੌਰ,ਵਰਧਮਾਨ ਸਟੀਲ ਤੋ ਸ਼੍ਰੀ ਅਮਿਤ ਧਵਨ ਤੋ ਇਲਾਵਾ ਹੋਰ ਅਧਿਕਾਰੀ ਹਾਜਰ ਸਨ।

# ਡਾ. ਅਜੇ ਗੁਪਤਾ ਵਲੋਂ ਡੀ.ਸੀ., ਨਗਰ ਨਿਗਮ ਕਮਿਸ਼ਨਰ ਤੇ ਅਧਿਕਾਰੀਆਂ ਨਾਲ ਮੀਟਿੰਗ, ਕਿਹਾ ਸਮੱਸਿਆਵਾਂ ਦਾ ਹੱਲ ਪੱਕੇ ਤੌਰ 'ਤੇ ਕੀਤਾ ਜਾਵੇ

ਅੰਮ੍ਰਿਤਸਰ, 7 ਜੁਲਾਈ: (ਚ.ਨ.ਸ) ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ, ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ, ਪੀਐਸਪੀਸੀਐਲ ਅਧਿਕਾਰੀਆਂ, ਨਗਰ ਨਿਗਮ ਅਧਿਕਾਰੀਆਂ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਪੱਕੇ ਤੌਰ ਤੇ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ। ਜਿਸ ਵਿੱਚ ਜਿਹੜੇ ਟਿਊਬਵੈੱਲ ਕੰਮ ਨਹੀਂ ਕਰ ਰਹੇ ਹਨ, ਉਨ੍ਹਾਂ ਨੂੰ ਇੱਕ ਹਫ਼ਤੇ ਦੇ ਅੰਦਰ-ਅੰਦਰ ਸਹੀ ਕਰਨ ਲਈ ਕਿਹਾ ਗਿਆ। ਉਨ੍ਹਾਂ ਅਧਿਕਾਰੀਆਂ ਨੂੰ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਖਰਾਬ ਲਗਭਗ 383 ਸਟਰੀਟ ਲਾਈਟ ਪੁਆਇੰਟਾਂ ਦੀ ਜਲਦੀ ਤੋਂ ਜਲਦੀ ਸਹੀ ਕਰਨ ਦੇ ਨਿਰਦੇਸ਼ ਵੀ ਦਿੱਤੇ। ਵਿਧਾਇਕ ਡਾ. ਅਜੇ ਗੁਪਤਾ ਨੇ ਸ੍ਰੀ ਦਰਬਾਰ ਸਾਹਿਬ ਵੱਲ ਜਾਣ ਵਾਲੇ 4 ਰਾਡੀਅਲਸ ਰੋਡ ਨੂੰ ਸ਼ੁਰੂ ਕਰਨ ਲਈ ਨਿਗਮ ਕਮਿਸ਼ਨਰ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਇਨ੍ਹਾਂ ਸੜਕਾਂ ਨੂੰ ਬਣਾਉਣ ਲਈ ਨਿਗਮ ਵੱਲੋਂ ਇੱਕ ਆਰਕੀਟੈਕਟ ਨੂੰ ਨਿਯੁਕਤ ਕੀਤਾ ਗਿਆ ਹੈ। ਆਰਕੀਟੈਕਟ ਵੱਲੋਂ ਇਨ੍ਹਾਂ ਸੜਕਾਂ ਦੇ ਡਰਾਇੰਗ ਬਣਾਏ ਜਾ ਰਹੇ ਹਨ। ਡਰਾਇੰਗ ਤਿਆਰ ਹੋਣ ਤੋਂ ਬਾਅਦ, ਅਗਲੇ 1 ਮਹੀਨੇ ਦੇ ਅੰਦਰ ਇਨ੍ਹਾਂ ਸੜਕਾਂ ਦਾ ਉਦਘਾਟਨ ਕਰਕੇ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਵਿਧਾਇਕ ਗੁਪਤਾ ਨੇ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਟੁੱਟੀਆਂ ਸੜਕਾਂ ਬਾਰੇ ਦੱਸਿਆ ਤਾਂ ਨਿਗਮ ਕਮਿਸ਼ਨਰ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸੜਕਾਂ ਬਣਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।

## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ-1, ਚੰਡੀਗੜ੍ਹ
ਐਸਸੀਓ 33-34-35, ਦੂਜੀ ਮੰਜ਼ਿਲ, ਸੈਕਟਰ 17-ਏ, ਚੰਡੀਗੜ੍ਹ-160017

**ਆਰਸੀ ਨੰਬਰ 441/2023**
**ਸਟੇਟ ਬੈਂਕ ਆਫ ਇੰਡੀਆ** ....ਸਰਟੀਫਿਕੇਟ ਧਾਰਕ
ਬਨਾਮ
**ਮੈਸਰਜ਼ ਹਰਜੀਤ ਸਿੰਘ ਅਤੇ ਕੰਪਨੀ** ....ਸਰਟੀਫਿਕੇਟ ਦੇਣਦਾਰ
**ਪ੍ਰਕਾਸ਼ਨ ਨੋਟਿਸ**
**(ਆਰਡੀਬੀਐਫਆਈ ਐਕਟ, 1993 ਦੀ ਧਾਰਾ 25 ਤੋਂ 29 ਵੇਖੋ ਆਮਦਨ ਟੈਕਸ ਐਕਟ, 1961 ਦੇ ਦੂਜੇ ਸ਼ਡਿਊਲ ਦੇ ਨਿਯਮ 53)**
**ਵਿਕਰੀ ਘੋਸ਼ਣਾ ਦਾ ਨਿਪਟਾਰਾ ਕਰਨ ਦਾ ਨੋਟਿਸ**
ਵੱਲ
(ਸੀਡੀ-1) ਮੈਸਰਜ਼ ਹਰਜੀਤ ਸਿੰਘ ਅਤੇ ਕੰਪਨੀ, ਇੱਕ ਮਲਕੀਅਤ ਕੰਪਨੀ ਕਮਿਸ਼ਨ ਏਜੰਟ, ਦੁਕਾਨ ਨੰਬਰ 149, ਨਵੀਂ ਅਨਾਜ ਮੰਡੀ, ਸਰਹਿੰਦ ਮੰਡੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ -140407 ਵਿਖੇ।
(ਸੀਡੀ-2) ਸ਼੍ਰੀ ਹਰਜੀਤ ਸਿੰਘ ਪੁੱਤਰ ਸ਼੍ਰੀ. ਮਹਿੰਦਰ ਸਿੰਘ, ਮੈਸਰਜ਼ ਹਰਜੀਤ ਸਿੰਘ ਐਂਡ ਕੰਪਨੀ ਦੇ ਪ੍ਰੋਪਰਾਈਟਰ, ਵਾਸੀ ਮਕਾਨ. ਨੰਬਰ 86, ਅਮਨ ਕਲੋਨੀ, ਨੇੜੇ ਢਿੱਲੋਂ ਨਰਸਿੰਗ ਹੋਮ, ਸਰਹਿੰਦ ਮੰਡੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ - 140407।
(ਸੀਡੀ-3) ਸ਼੍ਰੀ ਗੁਰਪ੍ਰੀਤ ਸਿੰਘ ਪੁੱਤਰ ਸ਼. ਹਰਜੀਤ ਸਿੰਘ, ਵਾਸੀ ਮਕਾਨ ਨੰਬਰ 86, ਅਮਨ ਕਲੋਨੀ, ਨੇੜੇ ਢਿਲੋਂ ਨਰਸਿੰਗ ਹੋਮ, ਸਰਹਿੰਦ ਮੰਡੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ - 140407।
(ਸੀਡੀ-4) ਸ਼੍ਰੀ ਭੁਪਿੰਦਰ ਸਿੰਘ ਪੁੱਤਰ ਸ਼. ਨਰਾਤਾ ਸਿੰਘ,ਵਾਸੀ ਮਕਾਨ ਨੰਬਰ 86, ਅਮਨ ਕਲੋਨੀ, ਨੇੜੇ ਢਿਲੋਂ ਨਰਸਿੰਗ ਹੋਮ, ਸਰਹਿੰਦ ਮੰਡੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-140407।
**(ਸੀਡੀ-5) ਸ੍ਰੀਮਤੀ ਜਸਵੰਤ ਕੌਰ** ਸੁਪਤਨੀ ਸ. ਭੁਪਿੰਦਰ ਸਿੰਘ, ਰਿਹਾਇਸ਼ੀ ਮਕਾਨ ਨੰ. 86, ਅਮਨ ਕਲੋਨੀ, ਨੇੜੇ ਢਿੱਲੋਂ ਨਰਸਿੰਗ ਹੋਮ, ਸਰਹਿੰਦ ਮੰਡੀ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ - 140407।
ਜਦੋਂ ਕਿ, ਮਾਨਯੋਗ ਪ੍ਰੀਜ਼ਾਈਡਿੰਗ ਅਫ਼ਸਰ ਦੁਆਰਾ ਜਾਰੀ ਕੀਤਾ ਗਿਆ ਇੱਕ ਰਿਕਵਰੀ ਸਰਟੀਫਿਕੇਟ ਨੰ. 441/2023 ਓ.ਏ. ਨੰ. 303/2019 ਵਿੱਚ 43,62,730/- ਰੁਪਏ ਦੀ ਰਕਮ ਭਵਿੱਖੀ ਵਿਆਜ ਸਮੇਤ।
ਜਦੋਂ ਕਿ, ਉਕਤ ਰਕਮ ਤੁਹਾਡੇ ਦੁਆਰਾ ਸੀਐਚ ਬੈਂਕ ਨੂੰ ਡਿਮਾਂਡ ਨੋਟਿਸ ਦੀ ਸੇਵਾ ਅਤੇ ਕਾਫ਼ੀ ਸਮੇਂ ਦੀ ਮਿਆਦ ਪੁੱਗਣ ਦੇ ਬਾਵਜੂਦ ਅਦਾ ਨਹੀਂ ਕੀਤੀ ਗਈ ਹੈ। ਤੁਹਾਨੂੰ ਕਾਨੂੰਨ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਪਵੇਗਾ।
ਗਿਰਵੀ ਰੱਖੀ ਗਈ ਜਾਇਦਾਦ ਦੇ ਸਬੰਧ ਵਿੱਚ ਵਿਕਰੀ ਦਾ ਐਲਾਨ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਲਈ, ਇਹ ਨੋਟਿਸ 30.07.2025 ਨੂੰ ਪੇਸ਼ ਹੋਣ ਲਈ POS ਲਈ ਨਿਯਮਾਂ ਅਤੇ ਸ਼ਰਤਾਂ ਦਾ ਨਿਪਟਾਰਾ ਕਰਨ ਲਈ।
**ਜਾਇਦਾਦਾਂ ਦਾ ਵੇਰਵਾ:-**
ਕੁੱਲ 11 ਮਰਲੇ ਦੀ ਜਾਇਦਾਦ ਹੇਠ ਲਿਖੇ ਅਨੁਸਾਰ ਦੱਸੀ ਗਈ ਹੈ:- ਖੇਵਟ ਖਤੌਨੀ ਨੰਬਰ 224/1/615-616, ਖਸਰਾ ਨੰਬਰ 28//22/2/2(5-16), 22/2/1(0-8), ਕਿੱਟੇ 2 ਵਿੱਚ ਸ਼ਾਮਲ ਜਾਇਦਾਦ ਜਿਸ ਵਿੱਚ ਕੁੱਲ ਜ਼ਮੀਨ ਵਿੱਚੋਂ 11/124 ਹਿੱਸਾ ਹੈ 6 ਕਨਾਲ 4 ਮਰਲੇ ਯਾਨੀ 01 ਕਨਾਲ 11 ਮਰਲੇ ਜੋ ਕਿ ਸਾਲ 2000-2001 ਦੀ ਜਮਾਂਬੰਦੀ ਅਨੁਸਾਰ ਬ੍ਰਹਮਣਮਾਜਰਾ, ਤਹਿਸੀਲ ਅਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਸਥਿਤ ਹੈ। ਹੇਠ ਲਿਖੇ ਅਨੁਸਾਰ ਸੀਮਾਬੱਧ:- ਪੂਰਬ: ਬਲਰਾਮ ਕੁਮਾਰ ਆਦਿ ਦੀ ਜ਼ਮੀਨ। ਬਹੀ ਪਲਾਟ 75 ਫੁੱਟ; ਪੱਛਮ: ਗਲੀ 20 ਫੁੱਟ ਬਹੀ ਪਲਾਟ 75 ਫੁੱਟ; ਉੱਤਰ: ਰਸਤਾ 20 ਫੁੱਟ ਚੌੜਾ ਬਹੀ ਪਲਾਟ 40 ਫੁੱਟ; ਦੱਖਣ: ਪੈਸੇਜ ਸਟਰੀਟ 20 ਫੁੱਟ ਚੌੜੀ ਬਹੀ ਪਲਾਟ 40 ਫੁੱਟ (ਟਾਈਟਲ ਡੀਡ ਮਿਤੀ 10.06.2005 ਅਨੁਸਾਰ ਜਿਸ 'ਤੇ ਵਾਸਿਕਾ ਨੰਬਰ 1235 ਹੈ)।
ਖੇਵਟ ਖਤੌਨੀ ਨੰਬਰ 280/686, ਖਸਰਾ ਨੰਬਰ 8//22/2/2(5-16), 22/2/1(0-8), ਕਿੱਤੇ 2 ਵਿੱਚ ਸ਼ਾਮਲ ਜਾਇਦਾਦ ਜਿਸ ਵਿੱਚ ਕੁੱਲ ਜ਼ਮੀਨ ਵਿੱਚੋਂ 5½/124 ਹਿੱਸਾ ਹੈ 6 ਕਨਾਲ 4 ਮਰਲਾ ਭਾਵ 0 ਕਨਾਲ 5½ ਮਰਲਾ ਬ੍ਰਹਮਣਮਾਜਰਾ, ਤਹਿਸੀਲ ਅਤੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਸਾਲ 2005-2006 ਦੀ ਜਮਾਂਬੰਦੀ ਅਨੁਸਾਰ। (ਟਾਈਟਲ ਡੀਡ ਮਿਤੀ 18.11.2008 ਅਨੁਸਾਰ ਜਿਸ 'ਤੇ ਵਾਸਿਕਾ ਨੰਬਰ 3263 ਮਿਤੀ 18.11.2008) ਸਿੱਧੂਪੁਰ ਕਲਾਂ, ਐਚ.ਬੀ. ਨੰਬਰ 286 ਵਿਖੇ ਅਵਤਾਰ ਸਿੰਘ ਪੁੱਤਰ ਗੁਰਚਰਨ ਸਿੰਘ ਦੇ ਨਾਮ 'ਤੇ ਸਥਿਤ ਹੈ।
ਇਸ ਟ੍ਰਿਬਿਊਨਲ ਦੇ 02.07.2025 ਨੂੰ ਚੰਡੀਗੜ੍ਹ ਵਿਖੇ ਮੇਰੇ ਦਸਤਖਤ ਅਤੇ ਮੋਹਰ ਹੇਠ ਦਿੱਤਾ ਗਿਆ।
**ਵਸੂਲੀ ਅਧਿਕਾਰੀ-1**
**ਡੀਆਰਟੀ-1, ਚੰਡੀਗੜ੍ਹ**

ਵਸੂਲੀ ਅਧਿਕਾਰੀ ਦਾ ਦਫ਼ਤਰ-I/II
## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)
ਐਸਸੀਓ 33-34-35, ਜ਼ਮੀਨੀ ਤਲ, ਸੈਕਟਰ 17-ਏ, ਚੰਡੀਗੜ੍ਹ-160017

**ਆਮਦਨ ਟੈਕਸ ਐਕਟ, 1961 ਦੇ ਦੂਜੇ ਸ਼ਡਿਊਲ ਦੇ ਨਿਯਮ 53 ਦੇ ਤਹਿਤ ਵਿਕਰੀ ਐਲਾਨ ਦਾ ਨਿਪਟਾਰਾ ਕਰਨ ਲਈ ਨੋਟਿਸ, ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਨ ਐਕਟ, 1993 (ਪ੍ਰਕਾਸ਼ਨ ਰਾਹੀਂ) ਦੇ ਨਾਲ ਪੜ੍ਹਿਆ ਜਾਂਦਾ ਹੈ।**
**ਆਰਸੀ ਨੰ./552/2019** **ਈਐਕਸਐਚ ਨੰ.: 895**
05.06.2025
**ਸਟੇਟ ਬੈਂਕ ਆਫ ਇੰਡੀਆ**
ਬਨਾਮ
**ਮੈਸਰਜ਼ ਬੀ.ਐਸ. ਟਾਇਰਜ਼ ਅਤੇ ਹੋਰ**
**(ਸੀਡੀ 1) ਮੈਸਰਜ਼ ਬੀ.ਐਸ. ਟਾਇਰਜ਼ ਅਤੇ ਹੋਰ ਗਗਨ ਚੌਕ ਦੇ ਨੇੜੇ, ਅੰਬਾਲਾ ਰੋਡ, ਰਾਜਪੁਰਾ ਨੂੰ ਇਸਦੇ ਮਾਲਕ ਬਲਵਿੰਦਰ ਸਿੰਘ ਪੁੱਤਰ ਸ਼੍ਰੀ ਰਣਧੀਰ ਸਿੰਘ ਰਾਹੀਂ।**
**(ਸੀਡੀ 2) ਸ਼੍ਰੀ ਬਲਵਿੰਦਰ ਸਿੰਘ ਪੁੱਤਰ ਸ਼੍ਰੀ ਰਣਧੀਰ ਸਿੰਘ, ਗਗਨ ਚੌਕ ਦੇ ਨੇੜੇ, ਅੰਬਾਲਾ ਰੋਡ, ਰਾਜਪੁਰਾ, ਜ਼ਿਲ੍ਹਾ ਪਟਿਆਲਾ।**
**(ਸੀਡੀ 3) ਸ਼੍ਰੀ. ਰਣਧੀਰ ਸਿੰਘ ਪੁੱਤਰ ਸ਼੍ਰੀ ਉਜਾਗਰ ਸਿੰਘ, ਵਾਸੀ 88, ਅਮਰ ਕਲੋਨੀ, ਗਗਨ ਚੌਕ ਦੇ ਨੇੜੇ, ਰਾਜਪੁਰਾ, ਜ਼ਿਲ੍ਹਾ ਪਟਿਆਲਾ।**
ਜਦੋਂ ਕਿ ਤੁਹਾਨੂੰ **ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)** ਦੇ ਪ੍ਰੀਜ਼ਾਈਡਿੰਗ ਅਫਸਰ ਦੁਆਰਾ ਆਦੇਸ਼ ਦਿੱਤਾ ਗਿਆ ਸੀ, ਜਿਸਨੇ **25.04.2019 ਨੂੰ ਓਏ ਨੰ. 50/2018** ਵਿੱਚ ਰਿਕਵਰੀ ਸਰਟੀਫਿਕੇਟ ਜਾਰੀ ਕੀਤਾ ਸੀ। ਬਿਨੈਕਾਰ ਦੇ ਨਾਮ, **50,62,837.30 ਰੁਪਏ ਦੀ ਰਕਮ (ਪੰਜਾਹ ਲੱਖ ਬਾਹਠ ਹਜ਼ਾਰ ਅੱਠ ਸੌ ਸੈਂਤੀ ਅਤੇ ਤੀਹ ਪੈਸ ਕੇਵਲ)** ਦੇ ਨਾਲ-ਨਾਲ 12.50% ਸਰਲ ਵਿਆਜ ਸਾਲਾਨਾ, 12.12.2017 ਤੋਂ ਪ੍ਰਾਪਤੀ ਤੱਕ ਅਤੇ ਰੁਪਏ ਦੀ ਲਾਗਤ ਤੱਕ ਰੁਪਏ 53,000/- (ਸਿਰਫ਼ ਤਰਵੰਜਾ ਹਜ਼ਾਰ ਰੁਪਏ) ਅਤੇ ਜਦੋਂ ਕਿ ਉਕਤ ਰਕਮ ਦਾ ਭੁਗਤਾਨ ਨਹੀਂ ਕੀਤਾ ਗਿਆ ਹੈ, ਹੇਠ ਹਸਤਾਖਰ ਕਰਨ ਵਾਲੇ ਨੇ ਹੇਠ ਦੱਸੀ ਗਈ ਅਚੱਲ/ਅਚੱਲ ਜਾਇਦਾਦ ਦੀ ਵਿਕਰੀ ਦਾ ਹੁਕਮ ਦਿੱਤਾ ਹੈ।
2. ਜਦੋਂ ਕਿ ਟ੍ਰਿਬਿਊਨਲ ਦੀ ਸੰਤੁਸ਼ਟੀ ਲਈ ਇਹ ਦਰਸਾਇਆ ਗਿਆ ਹੈ ਕਿ ਆਮ ਤਰੀਕੇ ਨਾਲ ਤੁਹਾਡੀ ਸੇਵਾ ਕਰਨਾ ਸੰਭਵ ਨਹੀਂ ਹੈ, ਇਸ ਲਈ ਇਸ ਪ੍ਰਕਾਸ਼ਨ ਦੁਆਰਾ ਇਹ ਨੋਟਿਸ ਦਿੱਤਾ ਜਾਂਦਾ ਹੈ ਜਿਸ ਵਿੱਚ ਤੁਹਾਨੂੰ 18.07.2025 ਨੂੰ ਸਵੇਰੇ 10:30 ਵਜੇ ਇਸ ਟ੍ਰਿਬਿਊਨਲ ਦੇ ਸਾਹਮਣੇ ਪੇਸ਼ ਹੋਣ ਦਾ ਨਿਰਦੇਸ਼ ਦਿੱਤਾ ਗਿਆ ਹੈ।
**ਜਾਇਦਾਦ ਦਾ ਵੇਰਵਾ**
480 ਵਰਗ ਮੀਟਰ ਦੀ ਜ਼ਮੀਨ। ਗਜ਼ (16 ਮਰਲੇ), 10 ਮਰਲੇ 15-1/2 ਮਰਲੇ ਦੇ 60/93 ਹਿੱਸੇ ਨੂੰ ਖੇਵਟ ਨੰਬਰ 1088/1821 ਵਿੱਚ ਸ਼ਾਮਲ ਕਰਦੇ ਹਨ, ਖਸਰਾ ਨੰਬਰ 605/5/4 ਅਤੇ 2 ਮਰਲੇ 4-1/2 ਮਰਲੇ ਦੇ 4/9 ਹਿੱਸੇ ਨੂੰ ਖੇਵਟ/ਖਾਤਾ ਨੰਬਰ 1088/1821 ਵਿੱਚ ਸ਼ਾਮਲ ਕਰਦੇ ਹਨ, ਖਸਰਾ ਨੰਬਰ 607/5/1 ਅਤੇ 4 ਮਰਲੇ 8 ਮਰਲੇ ਦੇ 1/2 ਹਿੱਸੇ ਨੂੰ ਖੇਵਟ ਖਾਤਾ ਨੰਬਰ 1088/1822 ਵਿੱਚ ਸ਼ਾਮਲ ਕਰਦੇ ਹਨ, ਖਸਰਾ ਨੰਬਰ 607/5/3 ਮਿਨ (0-8) ਅਮਰ ਕਲੋਨੀ, ਪੁਰਾਣੀ ਰਾਜਪੁਰਾ ਰੋਡ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਪੰਜਾਬ ਵਿਖੇ ਸਥਿਤ ਸ਼੍ਰੀ ਬਲਵਿੰਦਰ ਸਿੰਘ ਪੁੱਤਰ ਸ਼੍ਰੀ ਰਣਬੀਰ ਸਿੰਘ ਦੇ ਨਾਮ 'ਤੇ।
ਇਸ ਮਿਤੀ 05.06.2025 ਨੂੰ ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਦਿੱਤਾ ਗਿਆ ਹੈ।
**ਵਸੂਲੀ ਅਧਿਕਾਰੀ**
**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)**

## ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਪਟਿਆਲਾ
### ਥੋੜ੍ਹੇ ਸਮੇਂ ਦਾ ਟੈਂਡਰ ਨੋਟਿਸ
### (ਪ੍ਰੈਸ ਨੋਟ)

ਡੀਐਨਆਈਟੀ ਰਕਮ 'ਤੇ ਪ੍ਰਤੀਸ਼ਤ ਦਰ ਦੇ ਆਧਾਰ 'ਤੇ ਢੁੱਕਵੀਂ ਸ਼੍ਰੇਣੀ ਅਤੇ ਵਰਗ ਦੇ ਲਈ ਸੀਲਬੰਦ ਟੈਂਡਰ ਪ੍ਰਮੁੱਖ ਵਿਭਾਗ ਨਾਲ ਸੂਚੀਬੱਧ ਕਿਰਤ ਅਤੇ ਉਸਾਰੀ ਸਭਾਵਾਂ ਅਤੇ ਲੋਨਿਵਿ ਭ ਅਤੇ ਮ (ਭ ਅਤੇ ਮ)/ਪੁੱਡਾ/ਕੇਂਦਰੀ/ਰਾਜ ਸਰਕਾਰ ਦੇ ਵਿਭਾਗਾਂ/ਪੀਐਸਯੂਜ਼ ਵਿੱਚ ਸੂਚੀਬੱਧ ਯੋਗ ਠੇਕੇਦਾਰਾਂ ਤੋਂ ਦੋ ਲਿਫਾਫਾ ਪ੍ਰਣਾਲੀ ਵਿੱਚ ਹੇਠਾਂ ਦਿੱਤੇ ਕੰਮਾਂ ਲਈ ਮੰਗੇ ਜਾਂਦੇ ਹਨ।
1. ਪੀਆਰਟੀਸੀ ਮੁੱਖ ਦਫ਼ਤਰ ਪਟਿਆਲਾ ਵਿਖੇ ਮੁੱਖ ਗੇਟ ਬੋਰਡ ਵਿਚ ਰੈਟਰੋ ਰਿਫਲੈਕਟਿਵ ਬੋਰਡ ਅਤੇ ਸਟੇਨਲੈਸ ਸਟੀਲ ਲੋਗੋ ਦੀ ਵਿਵਸਥਾ ਅਤੇ ਸਥਾਪਨਾ। (ਟੈਂਡਰ ਦੀ ਰਕਮ ਰੁ. 1.92 ਲੱਖ ਅਤੇ ਬਿਆਨਾ ਰਕਮ ਰੁ. 4000.00)
ਬੋਲੀਆਂ ਨੂੰ ਸੱਦਾ ਦੇਣ ਵਾਲੇ ਨੋਟਿਸ ਦੇ ਵੇਰਵੇ ਦੇ ਨਿਯਮਾਂ ਅਤੇ ਸ਼ਰਤਾਂ ਲਈ ਅਤੇ ਟੈਂਡਰ ਦਸਤਾਵੇਜ਼ **17.07.2025 ਤੱਕ ਦੁਪਹਿਰ 12:00 ਵਜੇ ਤੱਕ** ਪ੍ਰਾਪਤ ਕੀਤੇ ਜਾ ਸਕਦੇ ਹਨ ਅਤੇ ਉਸੇ ਦਿਨ ਦੁਪਹਿਰ 3:00 ਵਜੇ ਖੋਲ੍ਹੇ ਜਾਣਗੇ।
ਨੋਟ:
ਟੈਂਡਰ ਦੇ ਸਬੰਧ ਵਿੱਚ ਸੋਧ/ਪੂਰਕ, ਜੇ ਕੋਈ ਹੈ, ਇਸ ਦਫ਼ਤਰ ਦੁਆਰਾ ਪੀਆਰਟੀਸੀ ਦੀ ਵੈੱਬਸਾਈਟ www.pepsurtc.com 'ਤੇ ਜਾਰੀ ਕੀਤਾ ਜਾਵੇਗਾ।
**ਸਹੀ/-**
**ਕਾਰਜਕਾਰੀ ਇੰਜੀਨੀਅਰ,**
**ਪੀਆਰਟੀਸੀ ਪਟਿਆਲਾ**
**RO.No. PR-ADVT.No: NA-1044/12/2025-26/931/Dated CHD : 07/07/2025**

# ਨਵੇਂ ਪੁਰਾਣੇ ਕੂੜੇ ਦਾ ਬਹਾਨਾ ਖ਼ਤਮ ਮੰਡੀ ਹੋਵੇਗੀ ਨਵੀਂ ਨਕੋਰ: ਚੇਅਰਮੈਨ ਗਿੱਲ

ਲੁਧਿਆਣਾ,7 ਜੁਲਾਈ: (ਵਿਸ਼ਾਲ ਸ਼ਰਮਾਂ) ਮੰਡੀ ਵਿੱਚ ਲੱਗੇ ਕੂੜੇ ਦੇ ਢੇਰਾ ਕਾਰਨ ਆਮ ਲੋਕਾਂ ਨੂੰ ਆ ਰਹੀਆਂ ਪਰੇਸ਼ਾਨੀਆਂ ਦਾ ਹੱਲ ਕਰਨ ਲਈ ਅੱਜ ਇੱਕ ਵਿਸ਼ੇਸ਼ ਮੀਟਿੰਗ ਮਾਰਕੀਟ ਕਮੇਟੀ ਦਫਤਰ ਵਿੱਚ ਰੱਖੀ ਗਈ ਜਿਸ ਵਿੱਚ ਵਿਸ਼ੇਸ਼ ਤੌਰ ਤੇ ਮੇਅਰ ਇੰਦਰਜੀਤ ਕੌਰ ਪਹੁੰਚੇ ਅਤੇ ਉਨਾਂ ਦਾ ਸਵਾਗਤ ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਜੀਤ ਸਿੰਘ ਗਿੱਲ ਵੱਲੋਂ ਕੀਤਾ ਗਿਆ ਇਸ ਮੌਕੇ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਚੇਅਰਮੈਨ ਗੁਰਜੀਤ ਸਿੰਘ ਗਿੱਲ ਨੇ ਕਿਹਾ ਕਿ ਸਬਜ਼ੀ ਮੰਡੀ ਅਤੇ ਫਰੂਟ ਮੰਡੀ ਵਿੱਚ ਗੰਦਗੀ ਦੇ ਢੇਰ ਲੱਗੇ ਹੋਣ ਕਾਰਨ ਬਹੁਤ ਸਾਰੇ ਲੋਕਾਂ ਨੂੰ ਪਰੇਸਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸਫਾਈ ਕਰਨ ਲਈ ਇੱਕ ਕੰਪਨੀ ਨੂੰ ਵੀ ਠੇਕਾ ਦਿੱਤਾ ਗਿਆ ਹੈ।

## ਕੇਨਰਾ ਬੈਂਕ Canara Bank — ਖੇਤਰੀ ਦਫ਼ਤਰ ਬਠਿੰਡਾ
ਭਾਰਤ ਸਰਕਾਰ ਦਾ ਅਦਾਰਾ | A Government of India Undertaking | ਸਿੰਡੀਕੇਟ Syndicate

### ਮੰਗ ਸੂਚਨਾ
ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (ਇਥੇ ਬਾਅਦ ਵਿਚ "ਕਾਨੂੰਨ" ਵਜੋਂ ਸੱਦਿਆ ਗਿਆ) ਦੀ ਧਾਰਾ 13 (2) ਅਧੀਨ ਸੂਚਨਾ

ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨਲਿਖਤ ਕਰਜ਼ਦਾਰਾਂ (ਕਰਜ਼ਦਾਰ) (ਸਹਿ-ਕਰਜ਼ਦਾਰ) ਨੇ ਬੈਂਕ ਤੋਂ ਉਨ੍ਹਾਂ ਨੂੰ ਪ੍ਰਾਪਤ ਕਰਜ਼ ਸਹੂਲਤਾਂ ਦੇ ਮੂਲ ਅਤੇ ਵਿਆਜ ਦੇ ਪੁਨਰ ਭੁਗਤਾਨ ਵਿਚ ਕੁਤਾਹੀ ਕੀਤੀ ਹੈ ਅਤੇ ਕਰਜ਼ਿਆਂ ਨੂੰ ਗੈਰ ਕਾਰਗੁਜ਼ਾਰੀ ਵਾਲੀਆਂ ਸੰਪੱਤੀਆਂ (ਐਨਪੀਏ) ਵਜੋਂ ਵਰਗੀਕ੍ਰਿਤ ਕੀਤਾ ਗਿਆ ਹੈ। ਉਨ੍ਹਾਂ ਨੂੰ ਪੰਜੀਕ੍ਰਿਤ/ਸਪੀਡ ਪੋਸਟ ਦੁਆਰਾ ਉਨ੍ਹਾਂ ਦੇ ਨਿਮਨਲਿਖਤ ਪਤਿਆਂ 'ਤੇ ਕਰਜ਼ਦਾਰ (ਾਂ)/ਜ਼ਾਮਨ (ਾਂ) ਨੂੰ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13(2) ਅਧੀਨ ਸੂਚਨਾਵਾਂ ਜਾਰੀ ਕੀਤੀਆਂ ਗਈਆਂ ਸਨ, ਪਰ ਉਹ ਬਿਨਾਂ ਤਾਮੀਲ ਤੋਂ ਹੀ ਪਰਤ ਆਈਆਂ ਅਤੇ ਇਸ ਲਈ ਉਨ੍ਹਾਂ ਨੂੰ ਇਸ ਜਨਤਕ ਸੂਚਨਾ ਦੇ ਮਾਧਿਅਮ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਸ਼ਾਖਾ ਅਤੇ ਕਰਜ਼ਦਾਰ (ਾਂ)/ ਜ਼ਾਮਨ(ਾਂ) ਦਾ ਨਾਮ | ਚੱਲ ਸੰਪਤੀਆਂ/ਅਸਾਸਿਆਂ ਦੇ ਵੇਰਵੇ | ਐਨ.ਪੀ.ਏ. ਦੀ ਮਿਤੀ | ਮੰਗ ਸੂਚਨਾ ਦੀ ਮਿਤੀ | ਬਕਾਇਆ ਦੇਣਦਾਰੀ |
|---|---|---|---|---|
| **ਮਾਨਸਾ ਸ਼ਾਖਾ** 1. **ਮੋਨਿਕਾ ਗੋਇਲ ਸੁਪਤਨੀ ਆਨੰਦ ਗੋਇਲ** ਸੋਪ ਸਟ੍ਰੀਟ ਸਿਨੇਮਾ ਰੋਡ, ਵਾਰਡ ਨੰ. 10, ਨੇੜੇ ਡਾ. ਰਾਇਪੁਰੀ ਕਲੀਨਿਕ, ਮਾਨਸਾ-ਪੰਜਾਬ, ਭਾਰਤ 2. **ਆਨੰਦ ਗੋਇਲ ਸਪੁੱਤਰ ਨਿਰੰਜਣ ਦਾਸ ਗੋਇਲ,** ਸੋਪ ਸਟ੍ਰੀਟ ਸਿਨੇਮਾ ਰੋਡ, ਵਾਰਡ ਨੰ. 10, ਨੇੜੇ ਡਾ. ਰਾਏਪੁਰੀ ਕਲੀਨਿਕ, ਮਾਨਸਾ-ਪੰਜਾਬ, ਭਾਰਤ | ਤਬਾਦਲਾ ਡੀਡ ਨੰ. 3371 ਮਿਤੀ 10.12.2015 ਦੇ ਅਨੁਸਾਰ ਸ੍ਰੀਮਤੀ ਮੋਨਿਕਾ ਗੋਇਲ ਸੁਪਤਨੀ ਸ੍ਰੀ ਆਨੰਦ ਗੋਇਲ ਦੇ ਨਾਮ 'ਤੇ ਵਾਰਡ ਨੰ. 10, ਗਲੀ ਸਾਹਮਣੇ ਡਾ. ਰਾਏਪੁਰੀ ਕਲੀਨਿਕ, ਸਿਨੇਮਾ ਰੋਡ, ਮਾਨਸਾ ਵਿਚ ਸਥਿਤ 17'X65' ਆਕਾਰ ਸਮੇਤ 122.77 ਵਰਗ ਗਜ਼ ਮਾਪ ਵਾਲੀ ਰਿਹਾਇਸ਼ੀ ਸੰਪੱਤੀ। ਹੱਦਬੰਦੀ ਨਿਮਨ ਅਨੁਸਾਰ : ਪੂਰਬ : 65' ਰਜਿੰਦਰ ਕੁਮਾਰ, ਪੱਛਮ : 65' ਦਰਸ਼ਨ ਕੁਮਾਰ ਗਰਗ, ਦੱਖਣ : 17' ਗਲੀ 7' ਚੌੜੀ, ਉਤਰ : 17' ਸਾਬਣ ਵਾਲੀ ਗਲੀ | 29.06.2025 | 02.07.2025 | ਰੁ. 2,84,381.73 ਇਸ 'ਤੇ ਅਗਲੇਰੇ ਵਿਆਜ ਅਤੇ ਅਚਨਚੇਤੀ ਖਰਚਿਆਂ ਅਤੇ ਲਾਗਤਾਂ ਸਮੇਤ |
ਫ਼ਿਰੋਜ਼ਪੁਰ, 7 ਜੁਲਾਈ (ਤਿਵਾੜੀ) : ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਚੱਲ ਰਹੀਆਂ ਕੇਂਦਰੀ ਸਕੀਮਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਮੋਨੀਟਰਿੰਗ (ਦਿਸ਼ਾ) ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐੱਮ.ਪੀ. ਸ. ਸ਼ੇਰ ਸਿੰਘ ਘੁਬਾਇਆ ਵੱਲੋਂ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਜ) ਦਮਨਜੀਤ ਸਿੰਘ ਮਾਨ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡਾ. ਨਿਧੀ ਕੁਮੁਦ ਬੰਬਾਹ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਐੱਮ.ਪੀ. ਸ. ਸ਼ੇਰ ਸਿੰਘ ਘੁਬਾਇਆ ਵੱਲੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ/ਗ੍ਰਾਮੀਣ), ਸਵੱਛ ਭਾਰਤ ਮਿਸ਼ਨ, ਅਮਰੁਤ, ਐੱਮਪੀ ਲੈਡ ਸਕੀਮ, ਮਗਨਰੇਗਾ, ਅਦਰਸ਼ ਗ੍ਰਾਮ ਯੋਜਨਾ, ਨੈਸ਼ਨਲ ਹੈਲਥ ਮਿਸ਼ਨ, ਇਨਟੈਗਰੇਟਿਡ ਚਾਈਲਡ ਡਿਵੈਲਪਮੈਂਟ ਸਕੀਮ, ਬੇਟੀ ਬਚਾਓ, ਬੇਟੀ ਪੜ੍ਹਾਓ, ਸਮੱਗਰਾ ਸਿੱਖਿਆ ਅਭਿਆਨ, ਮਿਡ ਡੇਅ ਮੀਲ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਰਾਸ਼ਟਰੀਯ ਬੁਢਾਪਾ ਪੈਨਸ਼ਨ ਸਕੀਮ, ਰਾਸ਼ਟਰੀਯ ਵਿਧਵਾ ਪੈਨਸ਼ਨ ਸਕੀਮ, ਰਾਸ਼ਟਰੀਯ ਡਿਸਏਬਲਡ ਪੈਨਸ਼ਨ ਸਕੀਮ, ਦੀਨ ਦਿਆਲ ਉਪਾਧਿਆਇ ਗ੍ਰਾਮ ਜਯੋਤੀ ਯੋਜਨਾ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ, ਸਵੱਛ ਭਾਰਤ ਮਿਸ਼ਨ, ਜਲ ਸਪਲਾਈ ਅਤੇ ਸੈਨੀਟੇਸ਼ਨ ਦੀਆਂ ਸਕੀਮਾਂ ਅਤੇ ਜ਼ਿਲ੍ਹੇ ਵਿੱਚ ਚੱਲ ਰਹੀਆਂ ਹੋਰ ਵਿਕਾਸ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਲਾਭ ਜ਼ਿਲ੍ਹੇ ਦੇ ਹਰੇਕ ਲੋੜਵੰਦ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਚੱਲ ਰਹੇ ਵਿਕਾਸ ਕਾਰਜਾਂ ਦਾ ਖੁਦ ਮੌਕੇ 'ਤੇ ਜਾ ਮੁਆਇਨਾ ਕਰਨ ਅਤੇ ਕੰਮ ਦੀ ਗੁਣਵੱਤਾ ਦਾ ਖਾਸ ਖਿਆਲ ਰੱਖਿਆ ਜਾਵੇ। ਉਹਨਾਂ ਕਿਹਾ ਕਿ ਲੰਬਿਤ ਪਏ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਭਲਾਈ ਯੋਜਨਾ ਨੂੰ ਲਾਗੂ ਕਰਨ ਵਿੱਚ ਜਾਂ ਕਿਸੇ ਵਿਕਾਸ ਕਾਰਜ ਵਿੱਚ ਢਿੱਲ-ਮੱਠ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਦੇਣ ਲਈ ਪਿੰਡਾਂ ਅਤੇ ਵਾਰਡਾਂ ਵਿੱਚ ਕੈਂਪ ਲਗਾਏ ਜਾਣ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਲੋਕ ਸਭਾ ਮੈਂਬਰ ਨੂੰ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਦੀਆਂ ਭਲਾਈ ਸਕੀਮਾਂ ਨੂੰ ਹਰ ਲੋੜਵੰਦ ਤੱਕ ਪਹੁੰਚਾਉਣ ਲਈ ਪੂਰੀ ਸੁਹਿਰਦਤਾ ਨਾਲ ਯਤਨ ਕੀਤੇ ਜਾਣਗੇ। ਇਸ ਮੌਕੇ ਹਾਜ਼ਰ ਕਮੇਟੀ ਦੇ ਮੈਂਬਰਾਂ ਨੇ ਵੀ ਆਪਣੇ ਆਪਣੇ ਵਿਚਾਰ ਰੱਖੇ। ਮੀਟਿੰਗ ਦੌਰਾਨ ਜ਼ਿਲ੍ਹਾ ਪੰਚਾਇਤ ਤੇ ਵਿਕਾਸ ਅਫਸਰ ਹਰਜਿੰਦਰ ਸਿੰਘ, ਮੁੱਖ ਖੇਤੀਬਾੜੀ ਅਫਸਰ ਗੁਰਪ੍ਰੀਤ ਸਿੰਘ, ਸਿਵਲ ਸਰਜਨ ਰਾਜਵਿੰਦਰ ਕੌਰ, ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿੱ) ਮੁਨੀਲਾ ਅਰੋੜਾ, ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ) ਸੁਨੀਤਾ ਰਾਣੀ, ਪ੍ਰਧਾਨ ਨਗਰ ਕੌਂਸਲ ਫਿਰੋਜ਼ਪੁਰ ਰੋਹਿਤ ਗਰੋਵਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਵਾਤਾਵਰਨ ਨੂੰ ਹਰਿਆ-ਭਰਿਆ ਬਣਾਉਣ ਲਈ ਪੌਦੇ ਲਗਾਏ

ਸ੍ਰੀ ਅਨੰਦਪੁਰ ਸਾਹਿਬ, 7 ਜੁਲਾਈ (ਤਰਲੋਚਨ ਸਿੰਘ): ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਹਰ ਨਾਗਰਿਕ ਨੂੰ ਆਪਣਾ ਸਹਿਯੋਗ ਦੇਣਾ ਚਾਹੀਦਾ ਹੈ, ਆਪਣੇ ਜੀਵਨ ਵਿਚ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ। ਇਹ ਪ੍ਰਗਟਾਵਾ ਅੱਜ ਸਮਾਜ ਸੇਵੀ ਸੰਸਥਾ ਫਤਿਹ ਫਾਊਂਡੇਸ਼ਨ ਸ੍ਰੀ ਅਨੰਦਪੁਰ ਸਾਹਿਬ ਦੇ ਆਗੂ ਅਰਸ਼ਵਰਿੰਦਰ ਕੌਰ ਨੇ ਵੱਖ-ਵੱਖ ਥਾਵਾਂ 'ਤੇ ਪੌਦੇ ਲਗਾਉਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਲਗਾਤਾਰ ਹੋ ਰਹੀ ਰੁੱਖਾਂ ਦੀ ਕਟਾਈ ਨੇ ਵਾਤਾਵਰਣ ਦਾ ਸੰਤੁਲਨ ਵਿਗਾੜ ਦਿੱਤਾ ਹੈ, ਹੁਣ ਸਮਾਜ ਵਿਚ ਮੁੜ ਨਵੀਂ ਚੇਤਨਾ ਆਈ ਹੈ। ਹਰ ਕਿਸੇ ਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਵਿਅਕਤੀ ਵੱਧ ਤੋਂ ਵੱਧ ਪੌਦੇ ਲਗਾ ਕੇ ਉਨ੍ਹਾਂ ਦੀ ਦੇਖਭਾਲ ਕੀਤੀ ਜਾਵੇ। ਇਸ ਮੌਕੇ ਯੂਸਫ਼ ਪਠਾਣ, ਗੁਰਪ੍ਰੀਤ ਸਿੰਘ ਗੋਲਡੀ, ਗੁਰਮੀਤ ਸਿੰਘ, ਪੁਸ਼ਪਿੰਦਰ ਸਿੰਘ, ਅਮਰਦੀਪ ਸਿੰਘ ਸੰਧੂ ਆਦਿ ਹਾਜ਼ਰ ਸਨ।



## ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਬੀ.ਐਲ.ਓ ਦੇ ਪਹਿਲੇ ਬੈਚ ਨੂੰ ਦਿੱਤੀ ਸਿਖਲਾਈ

ਬਲਾਚੌਰ 7 ਜੁਲਾਈ (ਸੁਖਦੇਵ ਸਿੰਘ ਉੜਾਪੜ) : ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਜਾਰੀ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ, ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਅਤੇ ਇੰਦਰ ਪਾਲ, ਪੀ. ਸੀ. ਐਸ., ਉਪ ਮੰਡਲ ਮੈਜਿਸਟਰੇਟ-ਕਮ-ਚੋਣਕਾਰ ਰਜਿਸਟ੍ਰੇਸ਼ਨ ਅਫਸਰ, 48-ਬਲਾਚੌਰ ਵਿਧਾਨ ਸਭਾ ਚੋਣ ਹਲਕਾ ਦੀ ਅਗਵਾਈ ਵਿੱਚ ਹਲਕੇ ਦੇ ਪਹਿਲੇ 50 ਬੂਥਾਂ ਦੇ ਬੀ.ਐਲ.ਓਜ਼ ਦੇ ਪਹਿਲੇ ਬੈਚ ਦਾ ਅੱਜ ਸਿਖਲਾਈ ਪ੍ਰੋਗਰਾਮ ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕੰਸਟੀਚਿਊਐਂਟ ਕਾਲਜ, ਬਲਾਚੌਰ ਦੇ ਕਨਵੈਂਸ਼ਨ ਹਾਲ ਸਥਾਨ ਵਿਖੇ ਕਰਵਾਇਆ ਗਿਆ। ਇਹ ਪ੍ਰੋਗਰਾਮ ਵੋਟਰ ਸੂਚੀਆਂ ਨੂੰ ਅੱਪਡੇਟ ਕਰਨ, ਖੇਤਰੀ ਦੌਰੇ ਕਰਨ ਅਤੇ ਵੋਟਰ ਜਾਣਕਾਰੀ ਦੀ ਪੁਸ਼ਟੀ ਕਰਨ ਵਿੱਚ ਬੀ.ਐਲ.ਓ. ਦੀਆਂ ਜ਼ਿੰਮੇਵਾਰੀਆਂ ਨੂੰ ਕਵਰ ਕਰਦਾ ਹੈ। ਇਹ ਪ੍ਰੋਗਰਾਮ ਦੌਰਾਨ ਮਾਸਟਰ ਟ੍ਰੇਨਰ ਨਰਿੰਦਰ ਕੁਮਾਰ, ਵਾਸੂਦੇਵ ਚੌਧਰੀ, ਨੀਲ ਕਮਲ ਭਾਟੀਆ ਅਤੇ ਅਮਿਤ ਜਗੋਤਾ ਵਲੋ ਬੀ.ਐਲ.ਓ. ਦੇ ਆਮ ਕਰਤੱਵਾਂ ਅਤੇ ਸ਼ਿਸ਼ਟਾਚਾਰ ਜਿਵੇਂ ਕਿ ਘਰ-ਘਰ ਸਰਵੇਖਣ ਕਰਨਾ, ਮ੍ਰਿਤਕ, ਸ਼ਿਫਟ ਕੀਤੇ ਗਏ, ਜਾਂ ਡੁਪਲੀਕੇਟ ਵੋਟਰਾਂ ਦੀ ਪਛਾਣ ਕਰਨਾ ਅਤੇ ਰਾਜਨੀਤਿਕ ਪਾਰਟੀ ਦੇ ਨੁਮਾਇੰਦਿਆਂ ਨਾਲ ਤਾਲਮੇਲ ਕਰਨਾ ਆਦਿ ਬਾਰੇ ਦੱਸਿਆ। ਸਿਖਲਾਈ ਦੇ ਦੌਰਾਨ ਵੋਟਰ ਜਾਣਕਾਰੀ ਨੂੰ ਸ਼ਾਮਲ ਕਰਨ, ਮਿਟਾਉਣ ਅਤੇ ਸੁਧਾਰ ਲਈ ਵੱਖ-ਵੱਖ ਫਾਰਮਾਂ ਨੂੰ ਸਮਝਣਾ ਅਤੇ ਵਰਤਣਾ ਬਾਰੇ ਦੱਸਿਆ। ਇਸ ਸਿਖਲਾਈ ਪ੍ਰੋਗਰਾਮ ਦੌਰਾਨ ਪੁਰਾਣੇ ਅਤੇ ਨਵ-ਨਿਯੁਕਤ ਬੀ.ਐਲ.ਓਜ਼. ਨੂੰ ਟਰੇਨਿੰਗ ਮੁਹੱਈਆ ਕਰਵਾਈ। ਪੁਰਾਣੇ ਬੀ.ਐਲ.ਓਜ਼. ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਕਰਨ ਦੇ ਮੰਤਵ ਨਾਲ ਅਤੇ ਨਵੇ ਨਿਯੁਕਤ ਬੀ. ਐਲ. ਓਜ਼. ਨੂੰ ਉਨ੍ਹਾਂ ਵੱਲੋਂ ਨਿਭਾਈ ਜਾਣ ਵਾਲੀ ਡਿਊਟੀ ਪ੍ਰਤੀ ਜਾਗੂਰਕ ਕੀਤਾ ਗਿਆ। ਇਸ ਟ੍ਰੇਨਿੰਗ ਦੌਰਾਨ ਸੁਪਰਵਾਈਜ਼ਰ ਨੀਤਿਨ ਖੇਤੀਬਾੜੀ ਅਫ਼ਸਰ ਸੜੋਆ, ਹਰਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ, ਦਵਿੰਦਰ ਸਿੰਘ, ਭੂਮੀ ਰੱਖਿਆ ਅਫ਼ਸਰ, ਸੁਰਿੰਦਰ ਪਾਲ ਸਿੰਘ, ਖੇਤੀਬਾੜੀ ਵਿਸਥਾਰ ਅਫ਼ਸਰ, ਵਰਿੰਦਰ ਪਾਲ, ਖੇਤੀਬਾੜੀ ਵਿਸਥਾਰ ਅਫ਼ਸਰ, ਰਾਜਿੰਦਰ ਪਾਲ, ਖੇਤੀਬਾੜੀ ਵਿਸਥਾਰ ਅਫ਼ਸਰ, ਮਨਿੰਦਰ ਸਿੰਘ ਆਦਿ ਸਮੇਤ ਉਪ ਮੰਡਲ ਮੈਜਿਸਟਰੇਟ, ਬਲਾਚੌਰ ਦਾ ਇਲੈਕਸ਼ਨ ਸਟਾਫ ਵੀ ਮੌਜੂਦ ਸੀ।



## ਸਪੀਕਰ ਕੁਲਤਾਰ ਸਿੰਘ ਸੰਧਵਾਂ ਮੁੱਦਕੀ ਵਿਖੇ ਸੁਰਜੀਤ ਕੌਰ ਦੇ ਭੋਗ ਦੀ ਅੰਤਿਮ ਅਰਦਾਸ ਵਿਚ ਹੋਏ ਸ਼ਾਮਲ

ਮੁੱਦਕੀ (ਫ਼ਿਰੋਜ਼ਪੁਰ), 7 ਜੁਲਾਈ (ਤਿਵਾੜੀ) : ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਆਪਣੇ ਨਿੱਜੀ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਆਮ ਲੋਕਾਂ ਦੇ ਦੁੱਖ ਸੁੱਖ ਵਿੱਚ ਸ਼ਰੀਕ ਹੁੰਦੇ ਹੋਏ ਮੁੱਦਕੀ ਦੇ ਗੁਰਦੁਆਰਾ ਪੱਤੀ ਛੋਕਰ ਵਿਖੇ ਸਵ. ਸੁਰਜੀਤ ਕੌਰ ਜੀ ਦੇ ਭੋਗ ਦੀ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਕਿਸੇ ਜੀਅ ਦਾ ਪਰਿਵਾਰ ਵਿੱਚੋਂ ਚਲੇ ਜਾਣਾ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੁੰਦਾ ਹੈ। ਉਨ੍ਹਾਂ ਪ੍ਰਮਾਤਮਾ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਦੁਖੀ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ। ਇਸ ਮੌਕੇ ਕੁਲਦੀਪ ਸਿੰਘ ਖੋਸਾ, ਰਾਜਾ ਬਰਾੜ, ਗੁਰਪ੍ਰੀਤ ਸਿੰਘ ਗੋਪਾ ਬਰਾੜ, ਸੁਖਜੀਤ ਸਿੰਘ ਨਿੱਕੂ, ਜਗਤਾਰ ਸਿੰਘ ਸੰਧੂ, ਅਮਨਦੀਪ ਸਿੰਘ, ਮਨਜੀਤ ਸਿੰਘ, ਗੁਰਉਪਕਾਰ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।



## ਵਿਸ਼ਵ ਜ਼ੂਨੋਸਿਸ ਦਿਵਸ ਤਹਿਤ ਅਵਾਰਾ ਕੁੱਤਿਆਂ ਲਈ ਮੁਫ਼ਤ ਐਂਟੀ-ਰੇਬੀਜ਼ ਟੀਕਾਕਰਨ ਕੈਂਪ




ਫ਼ਿਰੋਜ਼ਪੁਰ, 7 ਜੁਲਾਈ (ਤਿਵਾੜੀ) : ਡਿਪਟੀ ਕਮਿਸ਼ਨਰ-ਕਮ-ਚੇਅਰਪਰਸਨ ਸੋਸਾਇਟੀ ਫਾਰ ਦਾ ਪ੍ਰੀਵੈਂਸ਼ਨ ਆਫ ਕਰੂਐਲਟੀ ਟੂ ਐਨੀਮਲਜ਼ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ-ਕਮ-ਸਕੱਤਰ ਸੋਸਾਇਟੀ ਫਾਰ ਦਾ ਪ੍ਰੀਵੈਂਸ਼ਨ ਆਫ ਕਰੂਐਲਟੀ ਟੂ ਐਨੀਮਲਜ਼ ਫ਼ਿਰੋਜ਼ਪੁਰ ਡਾ. ਹਿਮਾਂਸ਼ੂ ਸਿਆਲ ਦੀ ਦੇਖ-ਰੇਖ ਹੇਠ ਅੱਜ ਸਰਕਾਰੀ ਵੈਟਰਨਰੀ ਪੋਲੀਕਲੀਨਿਕ, ਫ਼ਿਰੋਜ਼ਪੁਰ ਵਿਖੇ ਵਿਸ਼ਵ ਜ਼ੂਨੋਸਿਸ ਦਿਵਸ ਅਵਾਰਾ ਕੁੱਤਿਆਂ ਨੂੰ ਮੁਫ਼ਤ ਐਂਟੀ ਰੇਬੀਜ਼ ਟੀਕਾਕਰਨ ਕੈਂਪ ਲਗਾ ਕੇ ਮਨਾਇਆ ਗਿਆ।

ਡਾ. ਹਿਮਾਂਸ਼ੂ ਸਿਆਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਕੁੱਲ 117 ਅਵਾਰਾ ਕੁੱਤਿਆਂ ਦਾ ਟੀਕਾਕਰਨ ਕੀਤਾ ਗਿਆ। ਸ਼ਹਿਰ ਵਿੱਚ ਵੱਧ ਰਹੇ ਅਵਾਰਾ ਕੁੱਤਿਆਂ ਦੇ ਵੱਢਣ ਨਾਲ ਜ਼ੂਨੋਸਿਸ ਬਿਮਾਰੀਆਂ ਇਨਸਾਨਾਂ ਨੂੰ ਹੁੰਦੀ ਹੈ। ਇਨ੍ਹਾਂ ਭਿਆਨਕ ਬਿਮਾਰੀਆਂ ਤੋਂ ਬਚਾਅ ਲਈ ਟੀਕਾਕਰਨ ਹੀ ਇਸਦਾ ਇੱਕ ਮਾਤਰ ਹੱਲ ਹੈ। ਇਸ ਤੋਂ ਇਲਾਵਾ ਫ਼ਿਰੋਜ਼ਪੁਰ ਸ਼ਹਿਰ ਵਿੱਚ ਸ੍ਰੀਮਤੀ ਮਾਲਤੀ ਸੇਠੀ ਸਮਾਜ ਸੇਵੀ ਅਤੇ ਫ਼ਿਰੋਜ਼ਪੁਰ ਕੈਂਟ ਵਿੱਚ ਸ੍ਰੀ ਕਾਰਤਿਕ ਸਮਾਜ ਸੇਵੀ ਵੱਲੋਂ ਚਲਾਏ ਜਾ ਰਹੇ ਡੋਗ ਸ਼ੈਲਟਰ ਘਰ ਵਿੱਚ ਜਾ ਕੇ ਅਵਾਰਾ ਕੁੱਤਿਆਂ ਦਾ ਐਂਟੀ ਰੇਬੀਜ਼ ਵੈਕਸੀਨ ਨਾਲ ਟੀਕਾਕਰਨ ਵੀ ਕੀਤਾ ਗਿਆ। ਇਸ ਕੈਂਪ ਵਿੱਚ ਮਿਊਂਸਪਲ ਕਮੇਟੀ ਦੇ ਕਾਰਜ ਸਾਧਕ ਅਫ਼ਸਰ ਨਾਲ ਤਾਲਮੇਲ ਕਰਕੇ ਵੀ ਅਵਾਰਾ ਕੁੱਤਿਆਂ ਦਾ ਟੀਕਾਕਰਨ ਕੀਤਾ ਗਿਆ।

ਇਸ ਕੈਂਪ ਵਿੱਚ ਡਾਕਟਰ ਵਿਨੋਦ ਕੁਮਾਰ ਅਸਿਸਟੈਂਟ ਡਾਇਰੈਕਟਰ, ਡਾ. ਰੁਪਿੰਦਰਜੀਤ ਕੌਰ ਵੈਟਰਨਰੀ ਅਫ਼ਸਰ-ਕਮ-ਇੰਚਾਰਜ, ਡਾ. ਗੁਰਨੂਰ ਸਿੰਘ ਵੈਟਰਨਰੀ ਅਫ਼ਸਰ, ਡਾ. ਪ੍ਰਭਲੀਨ ਸਿੰਘ ਵੈਟਰਨਰੀ ਅਫ਼ਸਰ, ਓਂਕਾਰਜੀਤ ਸਿੰਘ ਵੈਟਰਨਰੀ ਇੰਸਪੈਕਟਰ, ਸਾਹਿਲ ਅਤੇ ਸੁਖਵਿੰਦਰ ਹਾਜ਼ਰ ਸਨ।

## ਗੁਰਦੁਆਰਾ ਸਿੰਘ ਸਭਾ ਵਿਖੇ ਖ਼ੂਨਦਾਨ ਕੈਂਪ

ਫਾਜ਼ਿਲਕਾ, 7 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਬਲੱਡ ਡੋਨੇਸ਼ਨ ਵੈਲਫੇਅਰ ਸੁਸਾਇਟੀ ਫਾਜ਼ਿਲਕਾ ਵੱਲੋਂ ਸਮੂਹ ਪਿੰਡ ਵਾਸੀ ਕਬੂਲ ਸ਼ਾਹ ਖੁੱਬਨ ਦੇ ਸਹਿਯੋਗ ਨਾਲ ਗੁਰਦੁਆਰਾ ਸਿੰਘ ਸਭਾ ਵਿਖੇ ਇਕ ਵਿਸ਼ਾਲ ਖ਼ੂਨ ਦਾਨ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਵਿੱਚ 45 ਨੌਜਵਾਨਾਂ ਨੇ



ਖ਼ੂਨ ਦਾਨ ਕਰਕੇ ਮਾਨਵਤਾ ਦੀ ਸੇਵਾ ਲਈ ਆਪਣਾ ਯੋਗਦਾਨ ਪਾਇਆ।

ਸਮਾਜ ਸੇਵੀ ਅਰੁਣ ਵਧਵਾ ਵੀ ਇਸ ਮੌਕੇ ਉਤੇ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਖ਼ੂਨ ਦਾਨ ਕਰਨ ਵਾਲੇ ਯੁਵਕਾਂ ਨੂੰ ਮੈਡਲ ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਅਤੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਦੀ ਖੂਬ ਸ਼ਲਾਘਾ ਕੀਤੀ।

ਬਲੱਡ ਬੈਂਕ ਫਾਜ਼ਿਲਕਾ ਦੀ ਟੀਮ ਨੇ ਕੈਂਪ ਵਿੱਚ ਆਪਣੀਆਂ ਸੇਵਾਵਾਂ ਦਿੱਤੀਆਂ। ਇਸ ਕੈਂਪ ਵਿੱਚ ਔਰਤਾਂ ਨੇ ਵੀ ਭਾਗ ਲੈ ਕੇ ਖ਼ੂਨ ਦਾਨ ਕੀਤਾ, ਜੋ ਕਿ ਪਿੰਡ ਵਾਸੀਆਂ ਵਿੱਚ ਜਾਗਰੂਕਤਾ ਅਤੇ ਸਮਰਪਣ ਦੀ ਚੰਗੀ ਮਿਸਾਲ ਹੈ।

ਇਸ ਮੌਕੇ 'ਤੇ ਕੈਂਪ ਇੰਚਾਰਜ ਪਵਨ ਰਹੇਜਾ ਦੇ ਨਾਲ ਅਮਨ ਡੋਡਾ, ਸੁਨੀਲ ਗਰੋਵਰ, ਮੁਕੇਸ਼ ਪਰਜਾਪਤ, ਕਰਨ ਬਜਾਜ, ਮੰਗਲ ਸੈਣੀ, ਲਾਲ ਸਿੰਘ ਪ੍ਰਧਾਨ, ਸਰਬਜੀਤ ਸਿੰਘ ਖਾਲਸਾ, ਜਗਸੀਰ ਸਿੰਘ ਖਾਲਸਾ, ਹੈਰੀ, ਵਿਸ਼ਾਲ ਮਾਕੜ, ਜਸ਼ਨ, ਵਿਜੈ, ਅਰਸ਼ਦੀਪ, ਧਰਮਪਾਲ, ਡਾ. ਜਸਕਰਨ ਅਤੇ ਹੋਰ ਪਿੰਡ ਵਾਸੀ ਹਾਜ਼ਰ ਰਹੇ।

ਕੈਂਪ ਦੇ ਆਖਿਰ ਵਿੱਚ ਸੁਸਾਇਟੀ ਦੇ ਪ੍ਰਧਾਨ ਕ੍ਰਿਸ਼ਨ ਤਨੇਜਾ ਨੇ ਪੂਰੇ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਐਸੇ ਕੈਂਪ ਲਗਾਉਣ ਦਾ ਐਲਾਨ ਕੀਤਾ।

## ਹਰਕੀਰਤ ਸਿੰਘ ਦੀ ਮੌਤ 'ਤੇ ਸੰਤ ਬਾਬਾ ਕੁਲਜੀਤ ਸਿੰਘ ਸਿਸਵਾਂ ਵੱਲੋਂ ਦੁੱਖ ਦਾ ਪ੍ਰਗਟਾਵਾ

ਚੰਡੀਗੜ੍ਹ, 7 ਜੁਲਾਈ (ਹਰਬੰਸ ਸਿੰਘ): ਭਾਰਤੀ ਕਿਸਾਨ ਯੂਨੀਅਨ ਪੰਜਾਬ ਅਤੇ ਲੋਕ ਹਿੱਤ ਮਿਸ਼ਨ ਦੇ ਮੈਂਬਰ ਸੁਖਦੇਵ ਦੇਵ ਸਿੰਘ ਸੁੱਖਾ ਕੰਸਾਲਾ ਦੇ ਨੌਜਵਾਨ ਸਪੁੱਤਰ ਹਰਕੀਰਤ ਸਿੰਦੀ ਦੀ ਬਿਜਲੀ ਦਾ ਕਰੰਟ ਲੱਗਣ ਕਾਰਣ ਹੋਈ ਬੇਵਕਤੀ ਮੌਤ 'ਤੇ ਸੰਤ ਬਾਬਾ ਕੁਲਜੀਤ ਸਿੰਘ ਸਿਸਵਾਂ ਵਾਲਿਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।



ਇਸ ਮੌਕੇ ਸੰਤ ਬਾਬਾ ਕੁਲਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ ਸੁਖਦੇਵ ਦੇਵ ਸਿੰਘ ਸੁੱਖਾ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਪ੍ਰਧਾਨ ਅਤੇ ਲੋਕ ਹਿਤ ਮਿਸ਼ਨ ਦੇ ਮੈਂਬਰ ਦੇ ਸਪੁੱਤਰ ਹਰਕੀਰਤ ਸਿੰਘ ਦੀ ਮੌਤ ਕਾਰਨ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਉਹਨਾਂ ਕਿਹਾ ਕਿ ਨੌਜਵਾਨ ਪੁੱਤਰ ਦੇ ਅਚਾਨਕ ਵਿਛੜ ਜਾਣ ਨਾਲ ਸਮੂਹ ਪਰਿਵਾਰ ਅਤੇ ਰਿਸ਼ਤੇਦਾਰਾਂ ਲਈ ਬਹੁਤ ਹੀ ਅਸਿਹ ਸਦਮਾ ਹੈ।

ਬਾਬਾ ਕੁਲਜੀਤ ਸਿੰਘ ਜੀ ਵੱਲੋਂ ਵਾਹਿਗੁਰੂ ਅਗੇ ਅਰਦਾਸ ਕੀਤੀ ਕਿ ਪਰਿਵਾਰ ਨੂੰ ਭਾਣਾ ਮੰਨਣ ਦੀ ਹਿੰਮਤ ਬਖਸ਼ਣ।

ਇਸ ਮੌਕੇ ਬਾਬਾ ਕੁਲਜੀਤ ਸਿੰਘ ਸਿਸਵਾਂ ਵਾਲੇ, ਭਾਈ ਅਮਰਜੀਤ ਸਿੰਘ, ਭਾਈ ਜਗਦੇਵ ਸਿੰਘ ਜੱਗੀ, ਭਾਈ ਸੁਖਵਿੰਦਰ ਸਿੰਘ ਸੁੱਖੀ, ਭਾਈ ਗੁਰਮੀਤ ਸਿੰਘ, ਭਾਈ ਦਵਿੰਦਰ ਸਿੰਘ, ਭਾਈ ਪ੍ਰਗਟ ਸਿੰਘ, ਭਾਈ ਅਜੀਤ ਸਿੰਘ ਵੱਲੋਂ ਵੀ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।


### ਉੱਤਰ ਰੇਲਵੇ

**ਖੁੱਲ੍ਹੀ ਨਿਵਿਦਾ ਸੂਚਨਾ (ਦਿਲਚਸਪੀ ਦਾ ਪ੍ਰਗਟਾਵਾ)**

| | | |
|---|---|---|
| 01 | ਐਨ.ਆਈ.ਟੀ. ਨੰਬਰ | ਐਨ.ਆਈ.ਟੀ.-140-ਮੇਡ-01-ਅੰਬਾਲਾ-2025 |
| 02 | ਨਿਵਿਦਾ ਨੰਬਰ | 140-ਮੇਡ/ਟੈਂਡਰ/01/2025 |
| 03 | ਕੰਮ ਦਾ ਨਾਮ : ਚੀਫ ਮੈਡੀਕਲ ਸੁਪਰੰਟੈਂਡੰਟ ਉਤਰ ਰੇਲਵੇ ਅੰਬਾਲਾ ਮੰਡਲ ਦੁਆਰਾ ਮਸ਼ਹੂਰ ਨਿਜੀ ਇਮੇਜਿੰਗ ਕੇਂਦਰਾਂ ਕਾਲਕਾ ਬਠਿੰਡਾ, ਸਹਾਰਨਪੁਰ (ਸਾਦੇ ਅਤੇ ਵਿਸ਼ੇਸ਼ ਐਕਸਰੇ, ਸੀ.ਟੀ. ਸਕੇਨ, ਅਲਟ੍ਰਾਸਾਊਂਡ, ਐਮ.ਆਰ.ਆਈ.) ਵਰਤਮਾਨ ਸੀ.ਜੀ. ਐਚ. ਰੇਟ ਤੇ ਰੇਲਵੇ ਲਾਭਆਰਥੀਆਂ ਦੇ ਵਖ-ਵਖ ਜਾਂਚਾਂ ਦੇ ਕੈਸ਼ਲੈਸ ਸੁਵਿਧਾ ਦੇਣ ਲਈ ਦਿਲਚਸਪੀ ਦਾ ਪ੍ਰਗਟਾਵਾ ਮੰਗ ਕੀਤੀ ਗਈ ਹੈ। ਵਿਸਤ੍ਰਿਤ ਜਾਣਕਾਰੀ ਦੇ ਲਈ ਕਿਰਪਾ www.nr.indianrailways.gov.in ਤੇ ਜਾਉ। | |
| 04 | ਕੰਮ ਦਾ ਸਮਾਂ | 24 ਮਹੀਨੇ |
| 05 | ਨਿਵਿਦਾ ਪਾਉਣ ਤੇ ਖੋਲਣ ਦੀ ਅੰਤਮ ਮਿਤੀ ਤੇ ਸਮਾਂ : ਚੀਫ ਮੈਡੀਕਲ ਸੁਪਰਟੈਂਡੈਂਟ, ਉਤਰ ਰੇਲਵੇ ਮੰਡਲ ਚਿਕਿਤਸਾਲਯ ਅੰਬਾਲਾ ਦੇ ਦਫਤਰ ਵਿਚ ਨਿਵਿਦਾ / ਦਰਖਾਸਤ ਪੱਤਰ ਪਾਉਣ ਦਾ ਸਮਾਂ ਮਿਤੀ 30.07.2025 ਸਮਾਂ 15:00 ਵਜੇ ਤਕ ਅਤੇ ਟੈਂਡਰ ਖੋਲਹਣ ਦਾ ਸਮਾਂ ਮਿਤੀ 30.07.2025 ਨੂੰ 15:10 ਵਜੇ। | |
| 06 | ਜਿਥੇ ਨਿਵਿਦਾ ਦਸਤਾਵੇਜ ਉਪਲਬਧ ਹੋਣਗੇ: ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਫਰਮ ਮਿਤੀ 30.07.2025 ਨੂੰ 11:00 ਵਜੇ ਤਕ ਡਾਊਨਲੋਡ ਕਰ ਸਕਦੇ ਹਨ। | |
| 07 | ਪਹਿਲਾ ਤੋਂ ਸੂਚੀਬਧ ਇਮੇਜਿੰਗ ਕੇਂਦਰ: ਜਿਨ੍ਹਾਂ ਨਿਜੀ ਇਮੇਜਿੰਗ ਕੇਂਦਰਾਂ ਜੋ ਪਹਿਲਾਂ ਤੋਂ ਅੰਬਾਲਾ ਡਵੀਜਨ ਦੇ ਨਾਲ ਸੂਚੀਬਧ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕੋਲ ਵੈਲਿਡ ਕਾਂਟਰੈਕਟ ਹਨ, ਉਨ੍ਹਾਂ ਨੂੰ ਨਵੇਂ ਸਿਰੇ ਤੋਂ ਦਰਖਾਸਤ ਕਰਨ ਦੀ ਜਰੂਰਤ ਨਹੀਂ ਹੈ। | |

ਨੰਬਰ ਐਨ.ਆਈ.ਟੀ.-140-ਮੇਡ-01-ਅੰਬਾਲਾ 2025 ਮਿਤੀ 03.07.2025    2037/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



### ਜਨਤਕ ਸੂਚਨਾ



**ਵੱਲੋਂ ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ**

ਵਿਸ਼ਾ: ਵਪਾਰਕ ਐਸ.ਸੀ.ਓ. ਨੰ. 49-50, ਸੈਕਟਰ 8-ਸੀ, ਚੰਡੀਗੜ੍ਹ (ਸੀ.ਪੀ.ਐਲ. 5191) ਦੇ ਸੰਬੰਧ ਵਿੱਚ ਲੀਜ਼ ਹੋਲਡ ਅਧਿਕਾਰਾਂ ਦਾ ਤਬਾਦਲਾ ਸਵਰਗੀ ਹਰਬੰਸ ਕੌਰ ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ 6.25% ਹਿੱਸੇ ਦੀ ਹੱਦ ਤੱਕ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀਮਤੀ ਹਰਬੰਸ ਕੌਰ ਵਪਾਰਕ ਐਸ.ਸੀ.ਓ. ਨੰ. 49-50, ਸੈਕਟਰ 8-ਸੀ, ਚੰਡੀਗੜ੍ਹ ਦੇ 6.25% ਹਿੱਸੇ ਦੀ ਹੱਦ ਤੱਕ ਮਾਲਕ/ਪੱਟੇਦਾਰ ਹਨ। ਕੁਸ਼ਲ ਢਿੱਲੋਂ ਉਰਫ਼ ਕੁਸ਼ਲ ਕੌਰ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀਮਤੀ. ਹਰਬੰਸ ਕੌਰ ਦੀ ਮਿਆਦ 08/07/2018 ਨੂੰ ਖਤਮ ਹੋ ਗਈ ਸੀ ਅਤੇ ਉਸਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-

(1) ਅਨੁਪਿੰਦਰ ਬਰਾੜ-ਪੁੱਤਰੀ
(2) ਅਰਵਿੰਦਰ ਕੌਰ-ਪੁੱਤਰੀ
(3) ਭੂਪਿੰਦਰ ਸਿੰਘ - ਪੁੱਤਰ। (4) ਕੁਲਦੀਪਿੰਦਰ ਸਿੰਘ-ਪੁੱਤਰ।
(5) ਪੁਸ਼ਪਿੰਦਰ ਸਿੰਘ-ਪੁੱਤਰ
(6) ਹਰਿੰਦਰ ਸਿੰਘ-ਪੁੱਤਰ।

ਹੁਣ, ਕੁਸ਼ਲ ਢਿੱਲੋਂ ਉਰਫ਼ ਕੁਸ਼ਲ ਕੌਰ ਨੇ 13/12/1994 ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ, ਮਰਹੂਮ ਹਰਬੰਸ ਕੌਰ ਦੁਆਰਾ ਆਪਣੇ ਹੱਕ ਵਿੱਚ ਰੱਖੇ ਗਏ 6.25% ਸ਼ੇਅਰ ਦੀ ਹੱਦ ਤੱਕ ਵਪਾਰਕ ਐਸਸੀਓ ਨੰਬਰ 49-50, ਸੈਕਟਰ 8-ਸੀ, ਚੰਡੀਗੜ੍ਹ ਦੇ ਸੰਬੰਧ ਵਿੱਚ ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਕੋਲ ਮ੍ਰਿਤਕ ਦੇ ਉਪਰੋਕਤ ਦੱਸੇ ਗਏ ਤੋਂ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।

ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਵਿਅਕਤੀ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫ਼ਨਾਮੇ ਨਾਲ ਸਮਰਥਤ) ਇਸਨੂੰ ਜਮ੍ਹਾਂ ਕਰਵਾ ਸਕਦਾ ਹੈ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸਾ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਇੰਤਕਾਲ ਕੀਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

**ਰਾਜੀਵ ਤਿਵਾੜੀ,**
**ਸਹਾਇਕ ਅਸਟੇਟ ਅਫਸਰ, ਅਸਟੇਟ ਅਫਸਰ, ਯੂ.ਟੀ.**
**ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**


## ਭਾਰੀ ਬੈਗਾਂ ਦੀ ਮਾਰ-ਪੜ੍ਹਾਈ ਜਾਂ ਸਜ਼ਾ ....?


**ਸੰਦੀਪ ਕੁਮਾਰ**
7009807121




ਅੱਜ ਦੇ ਸਮੇਂ ਵਿੱਚ ਜਦੋਂ ਅਸੀਂ ਸਿੱਖਿਆ ਦੇ ਖੇਤਰ ਵਿੱਚ ਤਰੱਕੀ ਦੀਆਂ ਗੱਲਾਂ ਕਰਦੇ ਹਾਂ, ਤਦੋਂ ਇੱਕ ਅਜਿਹਾ ਤੱਥ ਅੱਖਾਂ ਅੱਗੇ ਆਉਂਦਾ ਹੈ ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਬਣ ਚੁੱਕਾ ਹੈ। ਅਕਸਰ ਵੇਖਣ ਵਿੱਚ ਆਉਂਦਾ ਹੈ ਕਿ ਨਿੱਜੀ ਸਕੂਲਾਂ ਵੱਲੋਂ ਸਿਲੇਬਸ ਦੀ ਆੜ ਵਿੱਚ ਬੇਲੋੜੀਆਂ ਕਿਤਾਬਾਂ ਲਗਵਾਈਆਂ ਜਾਂਦੀਆਂ ਹਨ। ਹਰ ਕਲਾਸ ਵਿੱਚ ਇੰਨੀਆਂ ਜ਼ਿਆਦਾ ਕਿਤਾਬਾਂ ਲੈਣ ਲਈ ਦਿਸ਼ਾ ਨਿਰਦੇਸ਼ ਦਿੱਤੇ ਜਾਂਦੇ ਹਨ ਕਿ ਛੋਟੇ-ਛੋਟੇ ਬੱਚੇ ਭਾਰੀ-ਭਾਰੀ ਬੈਗ ਮੋਢਿਆਂ 'ਤੇ ਢੋਅ ਕੇ ਸਕੂਲ ਜਾਂਦੇ ਹਨ। ਪਰ ਹੁਣ ਇਹ ਸਵਾਲ ਪੈਦਾ ਹੁੰਦਾ ਹੈ ਕਿ ਆਖਿਰ ਛੋਟੀ ਉਮਰ ਦੇ ਬੱਚਿਆਂ ਲਈ ਇੰਨੀ ਜ਼ਿਆਦਾ ਕਿਤਾਬਾਂ ਦੀ ਕੀ ਲੋੜ ਹੈ? ਬਚਪਨ ਹਰੇਕ ਮਨੁੱਖ ਦਾ ਸਭ ਤੋਂ ਅਨਮੋਲ ਸਮਾਂ ਹੁੰਦਾ ਹੈ, ਜਿਸ ਦੌਰਾਨ ਮਾਨਸਿਕ ਅਤੇ ਸਰੀਰਕ ਵਿਕਾਸ ਸੁਚੱਜੇ ਢੰਗ ਨਾਲ ਹੋਣਾ ਚਾਹੀਦਾ ਹੈ, ਪਰ ਅਫਸੋਸ ਕਿ ਅੱਜ ਦੇ ਸਮੇਂ ਵਿੱਚ ਬਚਪਨ ਉੱਤੇ ਪੈਸਾ ਕਮਾਉਣ ਦੀ ਦੌੜ ਹਾਵੀ ਹੋ ਚੁੱਕੀ ਹੈ।

ਨਿੱਜੀ ਸਕੂਲ ਮੈਨੇਜਮੈਂਟਾਂ ਨੇ ਸਿੱਖਿਆ ਨੂੰ ਇੱਕ ਪਵਿੱਤਰ ਸੇਵਾ ਦੀ ਥਾਂ ਵਪਾਰ ਦਾ ਰੂਪ ਦੇ ਦਿੱਤਾ ਹੈ। ਉਹਨਾਂ ਵੱਲੋਂ ਜ਼ਿਆਦਾਤਰ ਵਿਦਿਆਰਥੀਆਂ ਨੂੰ ਅਜਿਹੀਆਂ ਕਿਤਾਬਾਂ ਅਤੇ ਹੋਰ ਪਾਠ ਸਮੱਗਰੀ ਲੈਣ ਲਈ ਮਜਬੂਰ ਕੀਤਾ ਜਾਂਦਾ ਹੈ ਜੋ ਅਸਲ ਵਿੱਚ ਉਨ੍ਹਾਂ ਦੀ ਉਮਰ ਅਤੇ ਜ਼ਰੂਰਤ ਅਨੁਸਾਰ ਨਹੀਂ ਹੁੰਦੀਆਂ। ਛੋਟੇ ਛੋਟੇ ਬੱਚਿਆਂ ਨੂੰ ਭਾਰੀ-ਭਾਰੀ ਬੈਗਾਂ ਨਾਲ ਸਕੂਲ ਲਿਜਾਣਾ, ਮੰਜ਼ਲਾਂ ਚੜ੍ਹਨਾ, ਫਿਰ ਵਾਪਸ ਘਰ ਆਉਣਾ ਇਕ ਤਰ੍ਹਾਂ ਦੀ ਅਣਚਾਹੀ ਸਜ਼ਾ ਵਰਗਾ ਬਣ ਗਿਆ ਹੈ। ਜਿਸ ਉਮਰ ਵਿੱਚ ਬੱਚਿਆਂ ਨੂੰ ਖੇਡਾਂ, ਮੌਜ ਮਸਤੀ ਅਤੇ ਆਜ਼ਾਦੀ ਦੀ ਲੋੜ ਹੁੰਦੀ ਹੈ, ਉਸ ਉਮਰ ਵਿੱਚ ਉਹਨਾਂ ਨੂੰ ਕਿਤਾਬਾਂ ਦੇ ਬੋਝ ਹੇਠ ਦਬਾ ਦਿੱਤਾ ਜਾਂਦਾ ਹੈ। ਜੇ ਅਸੀਂ ਪਿਛਲੇ ਸਮੇਂ ਦੀ ਗੱਲ ਕਰੀਏ ਤਾਂ ਇੱਕ ਸਮਾਂ ਸੀ ਜਦੋਂ ਬੱਚੇ ਇੱਕ ਸਧਾਰਣ ਪੋਥੀ, ਇੱਕ ਕਾਪੀ ਅਤੇ ਇੱਕ ਗਾਚਣੀ ਨਾਲ ਪੜ੍ਹ ਕੇ



ਡਾਕਟਰ, ਇੰਜੀਨੀਅਰ, ਅਫਸਰ ਅਤੇ ਵੱਡੇ ਵਿਅਕਤੀ ਬਣ ਜਾਂਦੇ ਸਨ। ਪੜ੍ਹਾਈ ਦਾ ਮਿਆਰ ਉੱਚਾ ਸੀ ਪਰ ਬੱਚਿਆਂ ਦੇ ਮੋਢਿਆਂ 'ਤੇ ਭਾਰ ਨਹੀਂ ਸੀ। ਅੱਜ ਦੇ ਸਮੇਂ ਵਿੱਚ ਹਾਲਾਤ ਉਲਟ ਹੋ ਗਏ ਹਨ। ਸਕੂਲਾਂ ਨੇ ਆਪਣੇ ਵਪਾਰਿਕ ਹਿੱਤਾਂ ਲਈ ਸਿਲੇਬਸ ਨੂੰ ਇੰਨਾ ਵਿਸਥਾਰਸ਼ੀਲ ਅਤੇ ਭਾਰੀ ਕਰ ਦਿੱਤਾ ਹੈ ਕਿ ਬੱਚੇ ਆਪਣੀ ਛੋਟੀ ਉਮਰ ਵਿੱਚ ਹੀ ਡਿਪਰੈਸ਼ਨ, ਥਕਾਵਟ ਅਤੇ ਦਿਮਾਗੀ ਤਣਾਅ ਦਾ ਸ਼ਿਕਾਰ ਹੋ ਰਹੇ ਹਨ। ਸਕੂਲਾਂ ਵੱਲੋਂ ਲਗਵਾਈਆਂ ਜਾਣ ਵਾਲੀਆਂ ਬੇਲੋੜੀਆਂ ਕਿਤਾਬਾਂ ਨਾ ਸਿਰਫ ਪੈਸਾ ਖਪਾਉਂਦੀਆਂ ਹਨ, ਸਗੋਂ ਬੱਚਿਆਂ ਦੇ ਸਰੀਰਕ ਵਿਕਾਸ ਨੂੰ ਵੀ ਨੁਕਸਾਨ ਪਹੁੰਚਾਉਂਦੀਆਂ ਹਨ। ਭਾਰੀ ਬੈਗ ਢੋਣ ਕਾਰਨ ਬੱਚਿਆਂ ਦੀ ਰੀੜ੍ਹ ਦੀ ਹੱਡੀ, ਮੋਢਿਆਂ, ਗੋਡਿਆਂ 'ਤੇ ਕਮਰ ਉੱਤੇ ਭਾਰੀ ਪ੍ਰਭਾਵ ਪੈਂਦਾ ਹੈ। ਆਉਣ ਵਾਲੇ ਸਮੇਂ ਵਿੱਚ ਇਹ ਬੱਚੇ ਕਈ ਤਰ੍ਹਾਂ ਦੀਆਂ ਸਰੀਰਕ ਸਮੱਸਿਆਵਾਂ ਨਾਲ ਜੂਝਣ ਲਈ ਮਜਬੂਰ ਹੋ ਸਕਦੇ ਹਨ। ਇਹ ਨਾ ਸਿਰਫ ਸਰੀਰਕ ਸਮੱਸਿਆ ਹੈ ਸਗੋਂ ਇਹ ਮਨੋਵਿਗਿਆਨਕ ਤੌਰ 'ਤੇ ਵੀ ਗੰਭੀਰ ਪ੍ਰਭਾਵ ਛੱਡਦੀ ਹੈ, ਕਿਉਂਕਿ ਜਦੋਂ ਬੱਚਾ ਆਪਣੇ ਮੋਢਿਆਂ ਉੱਤੇ ਅਣਚਾਹੀ ਜ਼ਿੰਮੇਵਾਰੀ ਦਾ ਭਾਰ ਮਹਿਸੂਸ ਕਰਦਾ ਹੈ ਤਾਂ ਉਸਦੇ ਅੰਦਰ ਨਿਰਾਸ਼ਾ, ਚਿੜਚਿੜਾਹਟ ਅਤੇ ਘੁੱਟਣ ਵਾਲੀ ਭਾਵਨਾ ਪੈਦਾ ਹੋ ਜਾਂਦੀ ਹੈ। ਇਸ ਸਾਰੇ ਮਾਮਲੇ ਵਿੱਚ ਵੱਡੀ ਜ਼ਿੰਮੇਵਾਰੀ ਸਮਾਜ ਅਤੇ ਮਾਪਿਆਂ ਦੀ ਵੀ ਬਣਦੀ ਹੈ। ਜਦ ਤੱਕ ਮਾਪੇ ਆਪਣੇ ਬੱਚਿਆਂ ਦੀਆਂ ਹਾਲਤਾਂ ਨੂੰ ਲੈ ਕੇ ਗੰਭੀਰ ਨਹੀਂ ਹੋਣਗੇ, ਤਦ ਤੱਕ ਕੋਈ ਸੁਧਾਰ ਸੰਭਵ ਨਹੀਂ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਦੇ ਬੈਗਾਂ ਦਾ ਵਜ਼ਨ ਆਪਣੀ ਪਿੱਠ 'ਤੇ ਚੱਕ ਕੇ ਮਹਿਸੂਸ ਕਰਨ ਅਤੇ ਸੋਚਣ ਕਿ ਆਖਿਰ ਉਹਨਾਂ ਦਾ ਨੰਨ੍ਹਾ ਜਿਹਾ ਲਾਲ ਇਹ ਭਾਰ ਹਰ ਰੋਜ਼ ਕਿਸ ਤਰ੍ਹਾਂ ਢੋਅ ਰਿਹਾ ਹੈ। ਜੇਕਰ ਮਾਪੇ ਇਕ ਵਾਰੀ ਸਿਰਫ਼ ਅੱਧਾ ਕਿਲੋਮੀਟਰ ਵੀ ਬੱਚੇ ਦਾ ਭਾਰ ਚੁੱਕ ਕੇ ਤੁਰ ਜਾਣ ਤਾਂ ਉਹਨਾਂ ਨੂੰ ਆਪਣੇ ਆਪ ਸਮਝ ਆ ਜਾਵੇਗੀ ਕਿ ਬੱਚੇ ਉੱਤੇ ਕਿੰਨਾ ਵੱਡਾ ਜ਼ੁਲਮ ਹੋ ਰਿਹਾ ਹੈ।

ਸਵਾਲ ਇਹ ਨਹੀਂ ਕਿ ਬੱਚਿਆਂ ਨੂੰ ਸਿੱਖਿਆ ਦਿੱਤੀ ਜਾਵੇ ਜਾਂ ਨਾ, ਸਵਾਲ ਇਹ ਹੈ ਕਿ ਕੀ ਅਸਲ ਸਿੱਖਿਆ ਭਾਰੀਆਂ ਕਿਤਾਬਾਂ ਦੀ ਮੰਗ ਕਰਦੀ ਹੈ ਜਾਂ ਬੱਚਿਆਂ ਦੇ ਸੁਚੱਜੇ ਵਿਕਾਸ ਦੀ ਮੰਗ ਕਰਦੀ ਹੈ। ਅਸਲ ਸਿੱਖਿਆ ਦਾ ਉਦੇਸ਼ ਬੱਚਿਆਂ ਦੇ ਅੰਦਰ ਸੋਚਣ ਦੀ ਸਮਰੱਥਾ, ਰਚਨਾਤਮਕਤਾ ਅਤੇ ਜੀਵਨ ਦੀਆਂ ਚੁਣੌਤੀਆਂ ਨੂੰ ਸੰਭਾਲਣ ਦੀ ਯੋਗਤਾ ਵਿਕਸਤ ਕਰਨਾ ਹੋਣਾ ਚਾਹੀਦਾ ਹੈ, ਨਾ ਕਿ ਉਨ੍ਹਾਂ ਨੂੰ ਥਕਾ ਕੇ ਅਤੇ ਦਬਾ ਕੇ ਇੱਕ ਮਸ਼ੀਨ ਬਣਾਉਣਾ। ਸਿੱਖਿਆ ਵਿਭਾਗ ਅਤੇ ਸਰਕਾਰ ਨੂੰ ਵੀ ਚਾਹੀਦਾ ਹੈ ਕਿ ਬੱਚਿਆਂ ਦੇ ਭਵਿੱਖ ਨੂੰ ਦੇਖਦੇ ਹੋਏ ਸਖਤ ਕਦਮ ਚੁੱਕੇ ਜਾਣ। ਇਨ੍ਹਾਂ ਨਿੱਜੀ ਸੰਸਥਾਵਾਂ ਵੱਲੋਂ ਬਚਪਨ ਦੇ ਨਾਮ 'ਤੇ ਹੋ ਰਹੇ ਵਪਾਰ ਉੱਤੇ ਨਿਯੰਤਰਣ ਲਾਇਆ ਜਾਵੇ। ਇੱਕ ਐਸਾ ਕਾਨੂੰਨ ਬਣਾਇਆ ਜਾਵੇ ਜੋ ਹਰ ਕਲਾਸ ਲਈ ਕਿਤਾਬਾਂ ਦੀ ਗਿਣਤੀ, ਉਨ੍ਹਾਂ ਦਾ ਭਾਰ ਅਤੇ ਬੱਚਿਆਂ ਦੇ ਮੋਢਿਆਂ 'ਤੇ ਪੈਣ ਵਾਲੇ ਭਾਰ ਦੀ ਹੱਦ ਨਿਰਧਾਰਤ ਕਰੇ। ਹਰ ਬੱਚੇ ਲਈ ਉਮਰ ਅਤੇ ਜ਼ਰੂਰਤ ਅਨੁਸਾਰ ਵਿਸ਼ਿਆਂ ਦੀ ਚੋਣ ਹੋਣੀ ਚਾਹੀਦੀ ਹੈ।

ਇਸਦੇ ਨਾਲ ਨਾਲ ਸਕੂਲਾਂ ਨੂੰ ਲਾਇਬ੍ਰੇਰੀ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਹਰ ਵਿਦਿਆਰਥੀ ਲਈ ਵੱਖ ਵੱਖ ਵਿਸ਼ਿਆਂ ਦੀਆਂ ਕਿਤਾਬਾਂ ਲਾਇਬ੍ਰੇਰੀ ਵਿੱਚ ਉਪਲਬਧ ਹੋਣੀਆਂ ਚਾਹੀਦੀਆਂ ਹਨ, ਜੋ ਲੋੜ ਪੈਣ ਉੱਤੇ ਹੀ ਪ੍ਰਯੋਗ ਕੀਤੀਆਂ ਜਾਣ। ਇਸ ਤਰ੍ਹਾਂ ਬੱਚਿਆਂ ਦੇ ਮੋਢਿਆਂ ਤੋਂ ਭਾਰ ਹਟਾਇਆ ਜਾ ਸਕਦਾ ਹੈ ਅਤੇ ਉਨ੍ਹਾਂ ਦੇ ਮਨੋਵਿਗਿਆਨਕ ਅਤੇ ਸਰੀਰਕ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾ ਸਕਦਾ ਹੈ। ਬਿਨਾਂ ਕਿਸੇ ਸੰਦੇਹ ਦੇ ਅੱਜ ਜਦੋਂ ਅਸੀਂ ਭਾਰੀਆਂ ਕਿਤਾਬਾਂ ਦੇ ਨਾਲ ਬੱਚਿਆਂ ਨੂੰ ਦਬਾ ਰਹੇ ਹਾਂ, ਅਸੀਂ ਆਪਣੇ ਭਵਿੱਖ ਨੂੰ ਖਤਰੇ ਵਿੱਚ ਪਾ ਰਹੇ ਹਾਂ। ਅਸੀਂ ਅਜਿਹੇ ਨਾਗਰਿਕ ਤਿਆਰ ਕਰ ਰਹੇ ਹਾਂ ਜੋ ਨਾ ਤਾਂ ਸਰੀਰਕ ਤੌਰ 'ਤੇ ਤੰਦਰੁਸਤ ਹੋਣਗੇ ਅਤੇ ਨਾ ਹੀ ਮਾਨਸਿਕ ਤੌਰ 'ਤੇ ਮਜ਼ਬੂਤ ਹੋਣਗੇ। ਜੇ ਅਸੀਂ ਚਾਹੁੰਦੇ ਹਾਂ ਕਿ ਸਾਡਾ ਭਵਿੱਖ ਸੁਰੱਖਿਅਤ ਹੋਵੇ, ਸਾਡਾ ਦੇਸ਼ ਤਰੱਕੀ ਕਰੇ ਅਤੇ ਵਿਦਿਆਰਥੀ ਆਪਣੀ ਪੂਰੀ ਸਮਰਥਾ ਨਾਲ ਦੇਸ਼ ਦੀ ਸੇਵਾ ਕਰਨ ਯੋਗ ਬਣ ਸਕਣ, ਤਾਂ ਅੱਜ ਤੋਂ ਹੀ ਭਾਰੀ ਬੈਗਾਂ ਦੀ ਮਾਰ ਖਿਲਾਫ ਆਵਾਜ਼ ਉਠਾਉਣੀ ਹੋਵੇਗੀ। ਸਿੱਖਿਆ ਇੱਕ ਹਥਿਆਰ ਹੈ, ਜੋ ਜਗਤ ਨੂੰ ਬਦਲ ਸਕਦਾ ਹੈ, ਪਰ ਜੇ ਇਹ ਹਥਿਆਰ ਭਾਰੀ ਹੋਕੇ ਬੱਚਿਆਂ ਉੱਤੇ ਜ਼ੁਲਮ ਬਣ ਜਾਵੇ, ਤਾਂ ਇਹ ਹਥਿਆਰ ਨਹੀਂ, ਸਜ਼ਾ ਬਣ ਜਾਂਦੀ ਹੈ। ਆਓ, ਅਸੀਂ ਸਾਰੇ ਮਿਲ ਕੇ ਇਹ ਯਕੀਨੀ ਬਣਾਈਏ ਕਿ ਸਿੱਖਿਆ ਬੱਚਿਆਂ ਲਈ ਅਜਿਹਾ ਸੁਪਨਾ ਬਣੇ ਜੋ ਉਹ ਖ਼ੁਸ਼ੀ ਨਾਲ ਜੀ ਸਕਣ, ਨਾ ਕਿ ਇੱਕ ਅਜਿਹਾ ਡਰਾਵਣਾ ਸਪਨਾ ਜਿਸ 'ਚ ਉਹ ਦੱਬ ਕੇ ਰਹਿ ਜਾਣ।

### ਯੇਹ ਮੰਡੀ ਪੰਥ ਫਰੋਸ਼ੋਂ ਕੀ

ਯੇਹ ਮੰਡੀ ਪੰਥ ਫਰੋਸ਼ੋਂ ਕੀ, ਯਹਾਂ ਲੀਡਰ ਟਕਸਾਲੀ ਬਿਕਤੇ ਹੈਂ।
ਯਕਮੁਸ਼ਤ ਨਾ ਲੇਨਾ ਚਾਹੋ ਤੋ, ਕਿਸ਼ਤੋਂ ਪੇ ਭੀ ਮਿਲਤੇ ਹੈਂ।
ਬਿਨ ਰੀੜ ਕੀ ਹੱਡੀ ਕੇ, ਸਾਂਡੇ ਕੇ ਮਾਫਿਕ ਪੜੇ ਰਹੇਂ
ਹਰ ਹੁਕਮ ਬਜਾ ਲਾਏਂ, ਗਿਰਗਿਟ ਕੀ ਮਾਨਿੰਦ ਰੰਗ ਬਦਲੇਂ
ਜ਼ਮੀਰ ਫਰੋਸ਼ ਉਮਦਾ ਇਨਸੇ, ਦੀਗਰ ਕਹੀਂ ਨਾ ਪਾਉਗੇ।
ਇਸ਼ਾਰਾ ਇਕ ਹੀ ਕਾਫੀ ਹੈ, ਜਹਾਂ ਚਾਹੋ ਬੈਠਾ ਪਾਉਗੇ।
ਪੰਥ ਫ਼ਰੋਸ਼ੀ ਕੀ ਤਮੰਨਾ ਅਬ ਇਨਹੋਂ ਕੇ ਦਿਲ ਮੇਂ ਹੈ।
ਬਸ ਦੇਖਨਾ ਹੈ ਜ਼ੋਰ ਕਿਤਨਾ, ਤੁਮ੍ਹਾਰੇ ਸਿੱਕੋਂ ਕੀ ਖ਼ਨਕ ਮੇਂ ਹੈ।



**ਗੁਰਚਰਨਜੀਤ ਸਿੰਘ ਲਾਂਬਾ**


### SBI ਬੈਂਕ ਆਫ ਇੰਡੀਆ
ਸਟ੍ਰੈਸਡ ਅਸੈਟਸ ਰਿਕਵਰੀ ਸ਼ਾਖਾ

ਐਸਸੀਓ 15, ਪਹਿਲੀ ਮੰਜ਼ਿਲ, ਸੈਕਟਰ 7-ਸੀ, ਚੰਡੀਗੜ੍ਹ-160019, ਫੋਨ : 0172-4562015
E-mail: sbi.05179@sbi.co.in

**ਮੰਗ ਸੂਚਨਾ**

**ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ (ਸਰਫਾਇਸੀ) ਧਾਰਾ 13 (2) ਦੇ ਅਧੀਨ ਸੂਚਨਾ**

ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨਲਿਖਤ ਕਰਜ਼ਦਾਰ (ਾਂ)/ਜ਼ਾਮਨ (ਾਂ) ਨੇ ਬੈਂਕ ਤੋਂ ਉਨ੍ਹਾਂ ਨੂੰ ਪ੍ਰਾਪਤ ਕਰਜ਼ ਸਹੂਲਤਾਂ ਦੇ ਮੂਲ ਅਤੇ ਵਿਆਜ ਦੇ ਪੁਨਰ ਭੁਗਤਾਨ ਵਿਚ ਕੁਤਾਹੀ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ 28.05.2021 ਨੂੰ **ਗੈਰ ਕਾਰਗੁਜ਼ਾਰੀ ਵਾਲੀਆਂ ਸੰਪੱਤੀਆਂ** ਬਣ ਚੁੱਕੀਆਂ ਹਨ। ਕਰਜ਼ਦਾਰ (ਾਂ)/ਜ਼ਾਮਨ (ਾਂ) ਨੂੰ ਉਨ੍ਹਾਂ ਦੇ ਆਖਰੀ ਜਾਣੂੰ ਪਤਿਆਂ 'ਤੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13(2) ਅਧੀਨ ਸੂਚਨਾ ਪੰਜੀਕ੍ਰਿਤ ਡਾਕ/ਸਪੀਡ ਪੋਸਟ ਦੁਆਰਾ ਭੇਜੀ ਗਈ ਸੀ। ਹਾਲਾਂਕਿ ਸੂਚਨਾਵਾਂ ਅਣਤਾਮੀਲੀਆਂ ਹੀ ਪਰਤ ਆਈਆਂ/ਸੌਂਪੀਆਂ ਨਹੀਂ ਗਈਆਂ। ਇਸ ਲਈ ਉਨ੍ਹਾਂ ਨੂੰ ਇਥੇ ਇਸ ਸਬੰਧੀ ਜਨਤਕ ਸੂਚਨਾ ਦੇ ਮਾਧਿਅਮ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਕਰਜ਼ਦਾਰ (ਾਂ)/ਜ਼ਾਮਨ (ਾਂ) ਦਾ ਨਾਮ | ਸੰਪੱਤੀਆਂ ਦੇ ਵੇਰਵੇ/ ਕਬਜ਼ੇ 'ਚ ਲਏ ਜਾਣ ਵਾਲੇ ਸੁਰੱਖਿਅਤ ਅਸਾਸਿਆਂ ਦਾ ਪਤਾ | ਸੂਚਨਾ ਦੀ ਮਿਤੀ | ਐਨਪੀਏ ਦੀ ਮਿਤੀ | ਬਕਾਇਆ ਰਕਮ (ਸੂਚਨਾ ਦੀ ਮਿਤੀ ਅਨੁਸਾਰ) |
|---|---|---|---|---|
| **ਕਰਜ਼ਦਾਰ (ਾਂ) :- ਸ੍ਰੀ ਰਿਸ਼ੂ ਸਿੰਗਲਾ** ਪੁੱਤਰ ਸ੍ਰੀ ਲਾਲ ਚੰਦ ਸਿੰਗਲਾ, ਪਤਾ-1. :- ਗਲੀ ਨੰ. 1, ਮੋਦੀ ਮਿੱਲ ਕਲੋਨੀ, ਰੇਲਵੇ ਰੋਡ, ਨਾਭਾ, ਜ਼ਿਲ੍ਹਾ ਪਟਿਆਲਾ, ਪੰਜਾਬ। ਪਤਾ-II:- ਮਕਾਨ ਨੰ. 440, ਨਵੀਂ ਬਸਤੀ, ਸਿਨੇਮਾ ਰੋਡ, ਨਾਭਾ, ਪਟਿਆਲਾ, ਪੰਜਾਬ। **ਸਹਿ-ਕਰਜ਼ਦਾਰ (ਾਂ) :- ਸ੍ਰੀ ਲਾਲ ਚੰਦ ਸਿੰਗਲਾ** ਪੁੱਤਰ ਸ੍ਰੀ ਮੇਘ ਰਾਜ ਸਿੰਗਲਾ, ਪਤਾ 1.:- ਗਲੀ ਨੰ. 1, ਮੋਦੀ ਮਿੱਲ ਕਲੋਨੀ, ਰੇਲਵੇ ਰੋਡ, ਨਾਭਾ, ਜ਼ਿਲ੍ਹਾ ਪਟਿਆਲਾ, ਪੰਜਾਬ। ਪਤਾ-II:- ਮਕਾਨ ਨੰ. 440, ਨਵੀਂ ਬਸਤੀ, ਸਿਨੇਮਾ ਰੋਡ, ਨਾਭਾ, ਪਟਿਆਲਾ, ਪੰਜਾਬ। **ਜ਼ਾਮਨ (ਾਂ) :- ਸ੍ਰੀਮਤੀ ਸ਼ਕੁੰਤਲਾ ਸਿੰਗਲਾ** ਸੁਪਤਨੀ ਸ੍ਰੀ ਲਾਲ ਚੰਦ ਸਿੰਗਲਾ, ਪਤਾ-1.:- ਗਲੀ ਨੰ. 1, ਮੋਦੀ ਮਿੱਲ ਕਲੋਨੀ, ਰੇਲਵੇ ਰੋਡ, ਨਾਭਾ, ਜ਼ਿਲ੍ਹਾ ਪਟਿਆਲਾ, ਪੰਜਾਬ। ਪਤਾ-II:- ਮਕਾਨ ਨੰ. 440, ਨਵੀਂ ਬਸਤੀ, ਸਿਨੇਮਾ ਰੋਡ, ਨਾਭਾ, ਪਟਿਆਲਾ, ਪੰਜਾਬ। | ਤਬਾਦਲਾ ਡੀਡ ਨੰ. 3094 ਮਿਤੀ 21.09.2011 ਦੇ ਅਧੀਨ ਸ੍ਰੀ ਰਿਸ਼ੂ ਸਿੰਗਲਾ ਸਪੁੱਤਰ ਸ੍ਰੀ ਲਾਲ ਚੰਦ ਸਿੰਗਲਾ ਦੇ ਨਾਮ 'ਤੇ 21.09.2011 ਨੂੰ ਸਬ-ਰਜਿਸਟਰਾਰ, ਨਾਭਾ ਕੋਲ ਪੰਜੀਕ੍ਰਿਤ ਅਤੇ ਸਾਲ 1995-96 ਦੇ ਲਈ ਨਾਭਾ ਵਿਖੇ ਸਥਿਤ ਕੁੱਲ 12 ਕਨਾਲ-18 ਮਰਲੇ ਦੇ ਖਾਤਾ ਨੰਬਰ 1041/1650, ਖਸਰਾ ਨੰ. 209 (12-18), ਕਿਤੇ 1 ਵਿਚ 12 ਕਨਾਲ-18 ਮਰਲੇ ਵਿਚੋਂ 10-1/2/258 ਹਿੱਸੇ ਵਜੋਂ 0 ਕਨਾਲ - 10-1/2 ਮਰਲੇ ਮਾਪ ਵਾਲੀ ਸੰਪੱਤੀ। ਹੱਦਬੰਦੀ ਨਿਮਨ ਅਨੁਸਾਰ- ਪੂਰਬ: ਰਾਮ ਲਾਲ ਚੌੜਾਈ 82'-0"; ਪੱਛਮ: ਅਸ਼ੋਕ ਕੁਮਾਰ ਚੌੜਾਈ 39'+5"+42'-7"; ਉੱਤਰ: ਲਾਲ ਚੰਦ ਚੌੜਾਈ 29'-1/2"; ਦੱਖਣ: ਗਲੀ ਅਤੇ ਅਸ਼ਲੀ ਕੁਮਾਰ ਚੌੜਾਈ 10'-2"+28'-10½"। | 10.06.2025 | 28.05.2021 | ਰੁ. 24,76,899.55, 10.06.2025 ਦੇ ਅਨੁਸਾਰ ਜਮ੍ਹਾਂ 11.06.2025 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤਾਂ। |

ਉਕਤ ਕਰਜ਼ਦਾਰ (ਾਂ)/ਜ਼ਾਮਨ (ਾਂ) ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਇਸ ਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਅਸੀਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 (4) ਦੇ ਅਧੀਨ ਸਾਰੇ ਜਾਂ ਕਿਸੇ ਵੀ ਅਧਿਕਾਰਾਂ ਦੀ ਵਰਤੋਂ ਕਰਾਂਗੇ।

ਇਸ ਤੋਂ ਇਲਾਵਾ ਕਰਜ਼ਦਾਰ (ਾਂ)/ਜ਼ਾਮਨ (ਾਂ) ਨੂੰ ਇਥੇ ਇਸ ਰਾਹੀਂ ਬਿਨਾਂ ਸਾਡੀ ਅਗਾਊਂ ਪ੍ਰਵਾਨਗੀ ਤੋਂ ਕਿਸੇ ਵੀ ਰੂਪ ਵਿਚ, ਜੋ ਵੀ ਹੋਵੇ, ਉਕਤ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਵਿਚੋਂ ਕਿਸੇ ਦੀ ਵੀ ਸੌਦੇਬਾਜ਼ੀ ਕਰਨ ਤੋਂ ਰੋਕਿਆ ਜਾਂਦਾ ਹੈ। ਇਹ ਸਬੰਧਤ ਕਾਨੂੰਨ ਅਤੇ/ਜਾਂ ਕਿਸੇ ਵੀ ਹੋਰ ਲਾਗੂ ਕਾਨੂੰਨ ਦੇ ਅਧੀਨ ਸਾਨੂੰ ਉਪਲਬਧ ਕਿਸੇ ਵੀ ਹੋਰ ਅਧਿਕਾਰਾਂ ਦੇ ਉਲੰਘਣ ਤੋਂ ਬਿਨਾਂ ਹੈ। ਤੁਹਾਡਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਸਰਫਾਇਸੀ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ। ਤੁਹਾਨੂੰ ਇਹ ਵੀ ਸੂਚਨਾ ਦਿੱਤੀ ਜਾਂਦੀ ਹੈ ਕਿ ਧਾਰਾ 13 (13) ਦੇ ਸਬੰਧ ਵਿਚ ਕਰਜ਼ਦਾਰ/ਜ਼ਾਮਨ ਸੁਰੱਖਿਅਤ ਕਰਜ਼ਦਾਤਾ ਦੀ ਲਿਖਤੀ ਪ੍ਰਵਾਨਗੀ ਪ੍ਰਾਪਤ ਕੀਤੇ ਬਿਨਾਂ ਨਿਮਨ ਸੂਚੀ ਬੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੇਗਾ। ਇਹ ਅੱਗੇ ਤੁਹਾਡੇ ਧਿਆਨ ਵਿਚ ਲਿਆਂਦਾ ਜਾਂਦਾ ਹੈ ਕਿ ਦਰਸਾਏ ਕਾਨੂੰਨ ਦੇ ਤਹਿਤ ਵਿਵਸਥਿਤ ਅਨੁਸਾਰ ਵਿਧਾਨਕ ਰੋਕ/ਮਨਾਹੀ ਦੀ ਕੋਈ ਵੀ ਉਲੰਘਣਾ ਇੱਕ ਅਪਰਾਧ ਹੈ ਅਤੇ ਜੇਕਰ ਕਿਸੇ ਵੀ ਕਾਰਨ ਕਰਕੇ ਸੁਰੱਖਿਅਤ ਸੰਪੱਤੀਆਂ ਨੂੰ ਵਪਾਰ ਦੇ ਸਧਾਰਨ ਢੰਗ ਵਿਚ ਵੇਚਿਆ ਜਾਂ ਲੀਜ਼ 'ਤੇ ਦਿੱਤਾ ਜਾਂਦਾ ਹੈ ਤਾਂ ਵਿਕਰੀ ਆਮਦਨ ਜਾਂ ਵਸੂਲ ਹੋਈ ਆਮਦਨ ਸੁਰੱਖਿਅਤ ਕਰਜ਼ਦਾਤਾ ਕੋਲ ਜਮ੍ਹਾਂ ਕਰਵਾਈ ਜਾਵੇਗੀ। ਇਸ ਸਬੰਧ ਵਿਚ ਤੁਹਾਨੂੰ ਅਜਿਹੀ ਵਸੂਲੀ/ਆਮਦਨ ਢੁੱਕਵੇਂ ਖਾਤਿਆਂ ਵਿਚ ਜਮ੍ਹਾਂ ਕਰਨੀ ਹੋਵੇਗੀ।

ਮਿਤੀ : 07.07.2025    ਸਥਾਨ : ਚੰਡੀਗੜ੍ਹ    ਅਧਿਕਾਰਤ ਅਧਿਕਾਰੀ

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਪਿਆਜ਼ ਦਾ ਰਸ ਪੀਣ ਨਾਲ ਸਿਹਤ ਨੂੰ ਮਿਲਦੇ ਨੇ ਫ਼ਾਇਦੇ



ਆਮ ਤੌਰ ਤੇ ਰੋਜ਼ਾਨਾ ਖਾਣੇ 'ਚ ਵਰਤਿਆ ਜਾਣ ਵਾਲਾ ਪਿਆਜ਼ ਸਿਰਫ਼ ਸੁਆਦ ਹੀ ਨਹੀਂ, ਸਿਹਤ ਦਾ ਭੰਡਾਰ ਵੀ ਹੈ। ਖਾਸ ਕਰਕੇ ਜੇ ਇਸ ਦਾ ਤਾਜ਼ਾ ਰਸ ਨਿਕਾਲ ਕੇ ਪੀਤਾ ਜਾਵੇ, ਤਾਂ ਇਹ ਸਰੀਰ ਨੂੰ ਕਈ ਤਰ੍ਹਾਂ ਦੇ ਲਾਭ ਪਹੁੰਚਾਉਂਦਾ ਹੈ। ਆਯੁਰਵੇਦਕ ਵਿਗਿਆਨ ਅਨੁਸਾਰ, ਪਿਆਜ਼ ਦਾ ਰਸ ਦਿਲ ਦੀ ਸਿਹਤ, ਪਾਚਨ ਤੰਤਰ, ਖ਼ੂਨ ਦੀ ਸਫਾਈ ਅਤੇ ਡਾਇਬਟੀਜ਼ ਵਰਗੀਆਂ ਸਮੱਸਿਆਵਾਂ ਵਿਚ ਅਸਰਦਾਰ ਸਾਬਤ ਹੁੰਦਾ ਹੈ। ਇਸ ਦੇ ਨਾਲ ਆਓ ਜਾਣਦੇ ਹਾਂ ਕਿ ਇਹ ਸਾਡੀ ਸਿਹਤ ਨੂੰ ਹੋ ਕਿਹੜੇ-ਕਿਹੜੇ ਰੋਗਾਂ ਤੋਂ ਬਚਾਉਂਦੀ ਹੈ ਅਤੇ ਸਿਹਤ ਨੂੰ ਤੰਦਰੁਸਤ ਰੱਖਦੀ ਹੈ।

**ਹਾਰਟ ਦਾ ਵਧੀਆ ਸਰੋਤ** : ਪਿਆਜ਼ ਦੇ ਰਸ ਵਿਚ ਮੌਜੂਦ ਐਂਟੀਓਕਸੀਡੈਂਟ ਅਤੇ ਕੁਅਰਸਿਟਿਨ ਨਾਂ ਦਾ ਤੱਤ ਖ਼ੂਨ ਨੂੰ ਪਤਲਾ ਕਰਦਾ ਹੈ, ਜਿਸ ਨਾਲ ਬਲੱਡ ਪ੍ਰੈਸ਼ਰ ਕੰਟ੍ਰੋਲ ਚ ਰਹਿੰਦਾ ਹੈ ਅਤੇ ਕੋਲੈਸਟ੍ਰੋਲ ਘਟਦਾ ਹੈ। ਇਹ ਦਿਲ ਦੇ ਦੌਰੇ ਦੇ ਖਤਰੇ ਨੂੰ ਵੀ ਘਟਾਉਂਦਾ ਹੈ।

**ਹਾਜ਼ਮੇ ਨੂੰ ਕਰੇ ਮਜ਼ਬੂਤ**: ਇਸ ਰਸ ਨੂੰ ਪੀਣ ਨਾਲ ਭੁੱਖ ਵਧਦੀ ਹੈ, ਅਜੀਰਨ ਜਾਂ ਅਮਲਪਿੱਤੀ ਦੀ ਸਮੱਸਿਆ ਦੂਰ ਹੁੰਦੀ ਹੈ ਅਤੇ ਆਤਾਂ ਦੀ ਗਤੀ ਸੁਚਾਰੂ ਬਣੀ ਰਹਿੰਦੀ ਹੈ।

**ਡਾਇਬਟੀਜ਼ 'ਚ ਲਾਭਕਾਰੀ**: ਪਿਆਜ਼ ਰਸ ਬਲੱਡ ਸ਼ੂਗਰ ਦੇ ਪੱਧਰ ਨੂੰ ਕੰਟਰੋਲ ਕਰਨ ਵਿਚ ਸਹਾਇਕ ਹੈ, ਜਿਸ ਨਾਲ ਟਾਈਪ-2 ਡਾਇਬਟੀਜ਼ ਵਾਲੇ ਲੋਕਾਂ ਲਈ ਇਹ ਇਕ ਪ੍ਰਭਾਵਸ਼ਾਲੀ ਘਰੇਲੂ ਨੁਸਖਾ ਸਾਬਤ ਹੋ ਸਕਦਾ ਹੈ।

**ਵਰਤਣ ਦਾ ਤਰੀਕਾ** : ਪਿਆਜ਼ ਦਾ ਰਸ 1 ਚਮਚ ਸ਼ਹਿਦ ਨਾਲ ਮਿਲਾ ਕੇ ਸਵੇਰੇ ਖਾਲੀ ਪੇਟ ਲੈਣਾ ਸਭ ਤੋਂ ਵਧੀਆ ਮੰਨਿਆ ਜਾਂਦਾ ਹੈ। ਹਫ਼ਤੇ ਵਿਚ 2-3 ਵਾਰ ਇਸ ਦਾ ਸੇਵਨ ਲਾਭਕਾਰੀ ਹੋ ਸਕਦਾ ਹੈ।

**ਰੱਖੋ ਇਨ੍ਹਾਂ ਗੱਲਾਂ ਦਾ ਖਾਸ ਧਿਆਨ** : ਜੇ ਤੁਹਾਨੂੰ ਪੇਟ ਦੀ ਸੰਵੇਦਨਸ਼ੀਲਤਾ ਜਾਂ ਐਸਿਡਟੀ ਦੀ ਸਮੱਸਿਆ ਹੈ, ਤਾਂ ਇਸਨੂੰ ਪੀਣ ਤੋਂ ਪਹਿਲਾਂ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਗਰਭਵਤੀ ਮਹਿਲਾਵਾਂ ਲਈ ਵੀ ਸਾਵਧਾਨ ਰਹਿਣਾ ਜ਼ਰੂਰੀ ਹੈ।

# ਵਿਸ਼ਵ ਮੁੱਕੇਬਾਜ਼ੀ ਕੱਪ ਵਿੱਚ ਭਾਰਤ ਨੇ ਜਿੱਤੇ 11 ਤਮਗੇ

ਨਵੀਂ ਦਿੱਲੀ, 7 ਜੁਲਾਈ (ਚ.ਨ.ਸ.) : ਭਾਰਤ ਦੀ 20 ਮੈਂਬਰੀ ਟੀਮ ਨੇ ਵਿਸ਼ਵ ਮੁੱਕੇਬਾਜ਼ੀ ਕੱਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਕੁੱਲ 11 ਤਗਮੇ ਜਿੱਤੇ। ਇਨ੍ਹਾਂ ਵਿੱਚ 3 ਸੋਨ, 5 ਚਾਂਦੀ ਅਤੇ 3 ਕਾਂਸੀ ਦੇ ਤਗਮੇ ਸ਼ਾਮਲ ਹਨ। ਖਾਸ ਗੱਲ ਇਹ ਸੀ ਕਿ ਤਿੰਨੋਂ ਸੋਨ ਤਗਮੇ ਹਰਿਆਣਾ ਦੀਆਂ ਮਹਿਲਾ ਮੁੱਕੇਬਾਜ਼ਾਂ ਨੇ ਜਿੱਤੇ।ਸਾਕਸ਼ੀ ਨੇ 54 ਕਿਲੋਗ੍ਰਾਮ ਵਰਗ ਵਿੱਚ ਅਮਰੀਕਾ ਦੀ ਯੋਸੇਲਿਨ ਪੇਰੇਜ਼ ਨੂੰ ਸਰਬਸੰਮਤੀ ਨਾਲ ਹਰਾਇਆ। ਜੈਸਮੀਨ ਨੇ 57 ਕਿਲੋਗ੍ਰਾਮ ਵਰਗ ਵਿੱਚ ਬ੍ਰਾਜ਼ੀਲ ਦੀ ਜੁਸੀਲੀਨ ਸੇਕਵੇਰਾ ਰੋਮੂ ਨੂੰ 4:1 ਨਾਲ ਹਰਾਇਆ।



ਨੂਪੁਰ ਨੇ 80+ ਕਿਲੋਗ੍ਰਾਮ ਦੇ ਫਾਈਨਲ ਵਿੱਚ ਕਜ਼ਾਕਿਸਤਾਨ ਦੀ ਯੇਲਦਾਨਾ ਤਾਲੀਪੋਵਾ ਨੂੰ 5:0 ਨਾਲ ਹਰਾ ਕੇ ਦਿਨ ਦਾ ਸ਼ਾਨਦਾਰ ਅੰਤ ਕੀਤਾ।ਸਾਕਸ਼ੀ ਨੇ ਪਹਿਲਾ ਸੋਨ ਤਮਗਾ ਜਿੱਤਿਆ, ਨੂਪੁਰ ਅਤੇ ਜੈਸਮੀਨ ਨੇ ਵੀ ਆਪਣੀ ਤਾਕਤ ਦਿਖਾਈ। ਸਾਕਸ਼ੀ ਨੇ ਆਪਣੇ ਤੇਜ਼ ਅਤੇ ਹਮਲਾਵਰ ਮੁੱਕਿਆਂ ਨਾਲ ਭਾਰਤ ਲਈ ਪਹਿਲਾ ਸੋਨ ਤਮਗਾ ਜਿੱਤਿਆ। ਜੈਸਮੀਨ (23 ਸਾਲ) ਨੇ ਆਪਣੀ ਲੰਬੀ ਪਹੁੰਚ ਦਾ ਫਾਇਦਾ ਉਠਾਉਂਦੇ ਹੋਏ ਨਜ਼ਦੀਕੀ ਮੈਚ ਜਿੱਤਿਆ ਅਤੇ ਆਖਰੀ ਦੌਰ ਵਿੱਚ ਸਾਫ਼ ਜਵਾਬੀ ਨਾਲ ਜਿੱਤ ਹਾਸਲ ਕੀਤੀ।ਪਹਿਲੇ ਦੌਰ ਵਿੱਚ ਕਜ਼ਾਕਿਸਤਾਨ ਦੀ ਤਾਲੀਪੋਵਾ ਤੋਂ ਹਾਰਨ ਵਾਲੀ ਨੂਪੁਰ ਨੇ ਅਗਲੇ ਦੋ ਦੌਰਾਂ ਵਿੱਚ ਸ਼ਾਨਦਾਰ ਵਾਪਸੀ ਕੀਤੀ ਅਤੇ ਬਿਹਤਰ ਫੁੱਟਵਰਕ ਅਤੇ ਤਿੱਖੇ ਹਮਲਿਆਂ ਨਾਲ ਮੈਚ ਜਿੱਤ ਲਿਆ।ਹਾਲਾਂਕਿ, 48 ਕਿਲੋਗ੍ਰਾਮ ਵਰਗ ਵਿੱਚ, ਮੀਨਾਕਸ਼ੀ ਫਾਈਨਲ ਵਿੱਚ ਕਜ਼ਾਕਿਸਤਾਨ ਦੀ ਨਾਜ਼ਿਮ ਕਾਈਜ਼ਾਈਬੇ ਤੋਂ 2:3 ਨਾਲ ਹਾਰ ਗਈ।

# ਅਮਰੀਕਾ ਦੇ ਮਸ਼ਹੂਰ ਮੈਗਜ਼ੀਨ ਫ਼ੋਰਬਸ ਨੇ ਭਾਰਤ ਦੇ ਸਭ ਤੋਂ ਅਮੀਰ ਲੋਕਾਂ ਦੀ ਸੂਚੀ ਕੀਤੀ ਜਾਰੀ

ਵਾਸ਼ਿੰਗਟਨ, 7 ਜੁਲਾਈ (ਚ.ਨ.ਸ.) : ਅਮਰੀਕਾ ਦੇ ਮਸ਼ਹੂਰ ਮੈਗਜ਼ੀਨ ਫੋਰਬਸ ਨੇ ਜੁਲਾਈ 2025 ਦੇ ਮਹੀਨੇ ਲਈ ਦੁਨੀਆ ਦੇ ਸਭ ਤੋਂ ਅਮੀਰ ਲੋਕਾਂ ਦੀ ਸੂਚੀ ਜਾਰੀ ਕੀਤੀ ਹੈ। ਰਿਲਾਇੰਸ ਇੰਡਸਟਰੀਜ਼ ਲਿਮਟਿਡ ਦੇ ਚੇਅਰਮੈਨ ਮੁਕੇਸ਼ ਅੰਬਾਨੀ ਇਸ ਮਹੀਨੇ ਵੀ ਭਾਰਤ ਦੇ ਸਭ ਤੋਂ ਅਮੀਰ ਲੋਕਾਂ ਦੀ ਸੂਚੀ ਵਿੱਚ ਸਿਖਰ 'ਤੇ ਬਣੇ ਹੋਏ ਹਨ। 116 ਬਿਲੀਅਨ ਡਾਲਰ ਜਾਂ ਲਗਭਗ 9.5 ਕਰੋੜ ਰੁਪਏ ਦੀ ਕੁੱਲ ਜਾਇਦਾਦ ਦੇ ਨਾਲ, ਉਹ ਏਸ਼ੀਆ ਦੇ ਸਭ ਤੋਂ ਅਮੀਰ ਵਿਅਕਤੀ ਵੀ ਹਨ। ਅੰਬਾਨੀ ਤੋਂ ਬਾਅਦ, ਇਸ ਸੂਚੀ ਵਿੱਚ ਦੂਜੇ ਸਭ ਤੋਂ ਉੱਚੇ ਦਰਜੇ ਦੇ ਕਾਰੋਬਾਰੀ ਗੌਤਮ ਅਡਾਨੀ ਹਨ।ਫੋਰਬਸ ਦੇ ਅਨੁਸਾਰ, ਗੌਤਮ ਅਡਾਨੀ ਕੋਲ ਕੁੱਲ 67 ਬਿਲੀਅਨ ਡਾਲਰ ਦੀ ਦੌਲਤ ਹੈ। ਪਿਛਲੇ ਕੁਝ ਸਾਲਾਂ ਵਿੱਚ ਬਾਜ਼ਾਰ ਵਿੱਚ ਉਤਰਾਅ-ਚੜ੍ਹਾਅ ਨੇ ਯਕੀਨੀ ਤੌਰ 'ਤੇ ਰੈਂਕਿੰਗ ਬਦਲ ਦਿੱਤੀ ਹੈ, ਪਰ ਅਡਾਨੀ ਅਜੇ ਵੀ ਦੇਸ਼ ਦੇ ਦੂਜੇ ਸਭ ਤੋਂ ਅਮੀਰ ਵਿਅਕਤੀ ਬਣੇ ਹੋਏ ਹਨ। ਉਨ੍ਹਾਂ ਦਾ ਕਾਰੋਬਾਰ ਬੁਨਿਆਦੀ ਢਾਂਚੇ ਤੋਂ ਲੈ ਕੇ ਬੰਦਰਗਾਹਾਂ ਅਤੇ ਊਰਜਾ ਖੇਤਰ ਤੱਕ ਦੇ ਖੇਤਰਾਂ ਵਿੱਚ ਫੈਲਿਆ ਹੋਇਆ ਹੈ। ਉਹ ਵਪਾਰਕ ਜਗਤ ਵਿੱਚ ਇੱਕ ਪ੍ਰਮੁੱਖ ਚਿਹਰਾ ਹਨ।ਫੋਰਬਸ ਮੈਗਜ਼ੀਨ ਦੀ ਸੂਚੀ ਵਿੱਚ ਮਸ਼ਹੂਰ ਤਕਨਾਲੋਜੀ ਖੇਤਰ ਦੀ ਕੰਪਨੀ ਐਚਸੀਐਲ ਦੇ ਸੰਸਥਾਪਕ ਸ਼ਿਵ ਨਾਦਰ ਤੀਜੇ ਨੰਬਰ ਤੇ ਹਨ। ਫੋਰਬਸ ਨੇ ਉਨ੍ਹਾਂ ਦੀ ਕੁੱਲ ਜਾਇਦਾਦ 38 ਬਿਲੀਅਨ ਡਾਲਰ ਹੋਣ ਦਾ ਅਨੁਮਾਨ ਲਗਾਇਆ ਹੈ। ਭਾਰਤ ਦੇ ਅਮੀਰ ਲੋਕਾਂ ਦੀ ਸੂਚੀ ਵਿੱਚ ਚੌਥੇ ਸਥਾਨ 'ਤੇ ਸਾਵਿਤਰੀ ਜਿੰਦਲ ਅਤੇ ਉਨ੍ਹਾਂ ਦਾ ਪਰਿਵਾਰ ਹੈ, ਜਿਨ੍ਹਾਂ ਦੀ ਕੁੱਲ ਜਾਇਦਾਦ 37.3 ਬਿਲੀਅਨ ਡਾਲਰ ਹੋਣ ਦਾ ਅਨੁਮਾਨ ਹੈ।ਇਸ ਸੂਚੀ ਵਿੱਚ ਸਨ ਫਾਰਮਾਸਿਊਟੀਕਲਜ਼ ਦੇ ਸੰਸਥਾਪਕ ਦਿਲੀਪ ਸੰਘਵੀ ਦਾ ਨਾਮ ਪੰਜਵੇਂ ਨੰਬਰ ਤੇ ਹੈ। ਫੋਰਬਸ ਦੀ ਰਿਪੋਰਟ ਅਨੁਸਾਰ, ਉਨ੍ਹਾਂ ਦੀ ਕੁੱਲ ਜਾਇਦਾਦ £26.4 ਬਿਲੀਅਨ ਹੈ। ਅਮੀਰਾਂ ਦੀ ਸੂਚੀ ਵਿੱਚ ਛੇਵੇਂ ਨੰਬਰ 'ਤੇ ਸੀਰਮ ਇੰਸਟੀਚਿਊਟ ਦੇ ਸਾਇਰਸ



ਪੂਨਾਵਾਲਾ ਹਨ, ਜਿਨ੍ਹਾਂ ਦੀ ਕੁੱਲ ਜਾਇਦਾਦ 25.1 ਬਿਲੀਅਨ ਡਾਲਰ ਹੋਣ ਦਾ ਅਨੁਮਾਨ ਹੈ।ਸੱਤਵੇਂ ਨੰਬਰ 'ਤੇ ਆਦਿਤਿਆ ਬਿਰਲਾ ਗਰੁੱਪ ਦੇ ਕੁਮਾਰ ਮੰਗਲਮ ਬਿਰਲਾ ਹਨ। ਫੋਰਬਸ ਦੇ ਅਨੁਸਾਰ, ਬਿਰਲਾ ਇਸ ਸਮੇਂ ਕੁੱਲ 22.2 ਬਿਲੀਅਨ ਡਾਲਰ ਦੀ ਜਾਇਦਾਦ ਦੇ ਮਾਲਕ ਹਨ। ਆਰਸੇਲਰ ਮਿੱਤਲ ਦੇ ਲਕਸ਼ਮੀ ਮਿੱਤਲ ਇਸ ਸੂਚੀ ਵਿਚ ਅੱਠਵੇਂ ਨੰਬਰ ਤੇ ਹਨ ਜਿਨ੍ਹਾਂ ਦੀ ਕੁੱਲ ਜਾਇਦਾਦ £18.7 ਬਿਲੀਅਨ ਹੈ।

# ਏਸ਼ੀਅਨ ਚੈਂਪੀਅਨਸ਼ਿਪ ਲਈ ਭਾਰਤੀ ਨਿਸ਼ਾਨੇਬਾਜ਼ੀ ਟੀਮ ਵਿੱਚ ਮਨੂ ਭਾਕਰ ਸ਼ਾਮਲ

ਨਵੀਂ ਦਿੱਲੀ, 7 ਜੁਲਾਈ (ਚ.ਨ.ਸ.): ਓਲੰਪਿਕ ਵਿੱਚ ਦੋ ਤਮਗ਼ੇ ਜਿੱਤਣ ਵਾਲੀ ਮਨੂ ਭਾਕਰ, 16 ਤੋਂ 30 ਅਗਸਤ ਤੱਕ ਕਜ਼ਾਕਿਸਤਾਨ ਦੇ ਸ਼ਿਮਕੈਂਟ ਵਿੱਚ ਹੋਣ ਵਾਲੀ 16ਵੀਂ ਏਸ਼ੀਅਨ ਚੈਂਪੀਅਨਸ਼ਿਪ ਲਈ ਸੋਮਵਾਰ ਨੂੰ ਐਲਾਨੀ ਗਈ 35 ਮੈਂਬਰੀ ਭਾਰਤੀ ਟੀਮ ਵਿੱਚ ਇਕਲੌਤੀ ਨਿਸ਼ਾਨੇਬਾਜ਼ ਹੈ, ਜੋ ਦੋ ਵਿਅਕਤੀਗਤ ਮੁਕਾਬਲਿਆਂ ਵਿੱਚ ਹਿੱਸਾ ਲਵੇਗੀ। ਨੈਸ਼ਨਲ ਰਾਈਫਲ ਐਸੋਸੀਏਸ਼ਨ ਆਫ਼ ਇੰਡੀਆ (ਐਨਆਰਏਆਈ) ਦੁਆਰਾ ਐਲਾਨੀਆਂ ਗਈਆਂ ਹੋਰ ਟੀਮਾਂ ਸਤੰਬਰ-ਅਕਤੂਬਰ ਵਿੱਚ ਇੱਥੇ ਹੋਣ ਵਾਲੇ ਆਈਐਸਐਸਐਫ ਜੂਨੀਅਰ ਵਿਸ਼ਵ ਕੱਪ ਅਤੇ ਜੂਨੀਅਰ ਏਸ਼ੀਅਨ ਚੈਂਪੀਅਨਸ਼ਿਪ ਲਈ ਹਨ, ਜੋ ਸੀਨੀਅਰ ਮੁਕਾਬਲੇ ਦੇ ਨਾਲ ਹੀ ਹੋਣਗੀਆਂ। ਐਨਆਰਏਆਈ ਨੇ ਚੀਨ ਦੇ ਨਿੰਗਬੋ ਵਿੱਚ ਹੋਣ ਵਾਲੇ ਆਈਐਸਐਸਐਫ ਵਿਸ਼ਵ ਕੱਪ (ਰਾਈਫਲ/ਪਿਸਟਲ) ਲਈ ਸੀਨੀਅਰ ਟੀਮ ਦਾ ਵੀ ਐਲਾਨ ਕੀਤਾ ਹੈ। ਇਹ ਮੁਕਾਬਲਾ 7 ਤੋਂ 15 ਸਤੰਬਰ ਤੱਕ ਹੋਵੇਗਾ। ਇਸ ਪ੍ਰਮੁੱਖ ਏਸ਼ੀਅਨ ਮੁਕਾਬਲੇ ਲਈ ਸੀਨੀਅਰ ਟੀਮ ਵਿੱਚ 35 ਮੈਂਬਰ ਹਨ, ਜੋ ਤਿੰਨ ਮਿਕਸਡ ਟੀਮਾਂ ਸਮੇਤ 15 ਮੁਕਾਬਲਿਆਂ ਵਿੱਚ ਹਿੱਸਾ ਲੈਣਗੇ। ਭਾਕਰ ਔਰਤਾਂ ਦੇ 10 ਮੀਟਰ ਏਅਰ ਪਿਸਟਲ ਅਤੇ ਔਰਤਾਂ ਦੇ 25 ਮੀਟਰ ਪਿਸਟਲ ਮੁਕਾਬਲਿਆਂ ਵਿੱਚ ਹਿੱਸਾ ਲਵੇਗੀ। ਸੀਨੀਅਰ ਟੀਮ ਵਿੱਚ ਵਾਪਸੀ ਕਰਨ ਵਾਲੇ ਮੁੱਖ ਖਿਡਾਰੀਆਂ ਵਿੱਚ ਸਾਬਕਾ ਪੁਰਸ਼ ਏਅਰ ਰਾਈਫਲ ਵਿਸ਼ਵ ਚੈਂਪੀਅਨ ਰੁਦਰਕਸ਼ ਪਾਟਿਲ ਅਤੇ ਓਲੰਪੀਅਨ ਅੰਜੁਮ ਮੌਦਗਿਲ (ਮਹਿਲਾ 50 ਮੀਟਰ ਰਾਈਫਲ 3 ਪੋਜੀਸ਼ਨ), ਐਸ਼ਵਰਿਆ ਪ੍ਰਤਾਪ ਸਿੰਘ ਤੋਮਰ (ਪੁਰਸ਼ 50 ਮੀਟਰ ਰਾਈਫਲ 3 ਪੋਜੀਸ਼ਨ), ਸੌਰਭ ਚੌਧਰੀ (ਪੁਰਸ਼ 10 ਮੀਟਰ ਏਅਰ ਪਿਸਟਲ) ਅਤੇ ਕੇਨਾਨ ਚੇਨਾਈ (ਪੁਰਸ਼ ਟ੍ਰੈਪ) ਸ਼ਾਮਲ ਹਨ। ਈਸ਼ਾ ਸਿੰਘ (25 ਮੀਟਰ ਪਿਸਟਲ), ਮੇਹੁਲੀ ਘੋਸ਼ (ਏਅਰ ਰਾਈਫਲ) ਅਤੇ ਕਿਰਨ ਅੰਕੁਸ਼ ਜਾਧਵ (ਏਅਰ ਰਾਈਫਲ) ਦੋਵੇਂ ਸੀਨੀਅਰ ਟੀਮ ਵਿੱਚ ਹਨ। ਓਲੰਪਿਕ ਕਾਂਸੀ ਤਗਮਾ ਜੇਤੂ ਸਵਪਨਿਲ ਕੁਸਾਲੇ ਅਤੇ ਸਾਬਕਾ ਏਸ਼ੀਅਨ ਖੇਡਾਂ ਚੈਂਪੀਅਨ ਅਤੇ ਓਲੰਪੀਅਨ ਰਾਹੀ ਸਰਨੋਬਤ ਨੂੰ ਨਿੰਗਬੋ ਜਾਣ ਵਾਲੀ ਟੀਮ ਵਿੱਚ ਜਗ੍ਹਾ ਮਿਲੀ ਹੈ। ਐਨਆਰਏਆਈ ਦੁਆਰਾ ਐਲਾਨੀਆਂ ਗਈਆਂ ਦੋ 36 ਮੈਂਬਰੀ ਜੂਨੀਅਰ ਟੀਮਾਂ ਵਿੱਚ ਓਲੰਪੀਅਨ ਰਾਈਜ਼ਾ ਢਿੱਲੋਂ ਹੀ ਇੱਕੋ ਇੱਕ ਬਦਲਾਅ ਹੈ। ਉਸਨੂੰ ਮਾਨਸੀ ਰਘੂਵੰਸ਼ੀ ਦੀ ਜਗ੍ਹਾ ਦਿੱਲੀ ਵਿਸ਼ਵ ਕੱਪ ਜੂਨੀਅਰ ਮਹਿਲਾ ਸਕੀਟ ਟੀਮ ਵਿੱਚ ਸ਼ਾਮਲ ਕੀਤਾ ਗਿਆ ਹੈ।



# ਹਰ ਨਾਗਰਿਕ ਨੂੰ ਕੁਦਰਤ ਦਾ ਰੱਖਵਾਲਾ ਬਣਨਾ ਚਾਹੀਦੈ: ਬਿਰਲਾ

## ਵੱਡੇ ਬਦਲਾਅ ਲਈ ਦ੍ਰਿੜਤਾ ਅਤੇ ਜਨੂੰਨ ਜ਼ਰੂਰੀ : ਲੋਕ ਸਭਾ ਸਪੀਕਰ



ਕੋਟਾ, 7 ਜੁਲਾਈ (ਚ.ਨ.ਸ.) : ਲੋਕ ਸਭਾ ਸਪੀਕਰ ਸ਼੍ਰੀ ਓਮ ਬਿਰਲਾ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਸੱਦੇ 'ਤੇ ਚਲਾਈ ਜਾ ਰਹੀ ਏਕ ਪੇੜ ਮਾਂ ਕੇ ਨਾਮ ਮੁਹਿੰਮ ਤਹਿਤ ਐਤਵਾਰ ਨੂੰ ਕੋਟਾ ਵਿੱਚ ਮੁਕੁੰਦਰਾ ਸੈਕਚੂਰੀ ਖੇਤਰ ਵਿੱਚ ਵਨ ਮਹੋਤਸਵ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਉਨ੍ਹਾਂ ਸਾਰਿਆਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਅਤੇ ਕੁਦਰਤ ਦੇ ਰਖਵਾਲੇ ਵਜੋਂ ਸਮੂਹਿਕ ਜ਼ਿੰਮੇਵਾਰੀ ਨਿਭਾਉਣ ਦੀ ਭਾਵਨਾਤਮਕ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕੋਟਾ ਇੱਕ ਜੀਵੰਤ ਅਤੇ ਜਾਗਰੂਕ ਸ਼ਹਿਰ ਹੈ ਜਿਸਨੇ ਹਰ ਸੰਕਟ ਅਤੇ ਆਫ਼ਤ ਦੌਰਾਨ ਇੱਕਜੁੱਟ ਹੋ ਕੇ ਮਿਸਾਲੀ ਤਾਕਤ ਦਿਖਾਈ ਹੈ। ਹੁਣ ਸਮਾਂ ਆ ਗਿਆ ਹੈ ਕਿ ਅਸੀਂ ਸਾਰੇ ਇਕੱਠੇ ਹੋਈਏ ਅਤੇ ਕੋਟਾ ਨੂੰ ਸਭ ਤੋਂ ਸਾਫ਼, ਸਭ ਤੋਂ ਸੁੰਦਰ ਅਤੇ ਹਰਿਆ ਭਰਿਆ ਸ਼ਹਿਰ ਬਣਾਉਣ ਲਈ ਇੱਕ ਜਨ ਅੰਦੋਲਨ ਖੜ੍ਹਾ ਕਰੀਏ। ਇਹ ਕੰਮ ਸਿਰਫ਼ ਸਰਕਾਰ ਜਾਂ ਕਿਸੇ ਵੀ ਸੰਸਥਾ ਦੁਆਰਾ ਨਹੀਂ ਕੀਤਾ ਜਾ ਸਕਦਾ। ਸਾਨੂੰ ਦ੍ਰਿੜਤਾ ਅਤੇ ਜਨੂੰਨ ਨਾਲ ਅਜਿਹੀ ਲਹਿਰ ਪੈਦਾ ਕਰਨੀ ਪਵੇਗੀ, ਜਿਸ ਵਿੱਚ ਹਰ ਵਰਗ ਹਿੱਸਾ ਲਵੇ ਅਤੇ ਜੇਕਰ ਹਰ ਵਿਅਕਤੀ ਆਪਣੀ ਮਾਂ ਦੇ ਨਾਮ ਤੇ ਇੱਕ ਰੁੱਖ ਲਗਾਵੇ, ਤਾਂ ਅਸੀਂ ਇੱਕ ਵੱਡਾ ਬਦਲਾਅ ਲਿਆ ਸਕਾਂਗੇ।ਸ਼੍ਰੀ ਬਿਰਲਾ ਨੇ ਕਿਹਾ ਕਿ ਕੋਟਾ ਦਾ ਹਵਾ ਪ੍ਰਦੂਸ਼ਣ ਸੂਚਕ ਅੰਕ ਏ.ਕਿਊ.ਆਈ. ਵਧ ਰਿਹਾ ਹੈ, ਜੋ ਚਿੰਤਾਜਨਕ ਹੈ। ਜੇਕਰ ਸਾਨੂੰ ਇਸ ਚੁਣੌਤੀ ਨਾਲ ਲੜਨਾ ਹੈ ਅਤੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨਾ ਹੈ, ਤਾਂ ਇਹ ਸਾਡੀ ਸਮੂਹਿਕ ਨੈਤਿਕ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਅਸੀਂ ਕੁਦਰਤ ਦੀ ਰੱਖਿਆ ਕਰੀਏ। ਸਾਡੀ ਸੰਸਕ੍ਰਿਤੀ ਵਿੱਚ, ਅਸੀਂ ਕੁਦਰਤ ਦੀ ਪੂਜਾ ਕਰਦੇ ਹਾਂ, ਰਾਜਸਥਾਨ ਉਹ ਧਰਤੀ ਹੈ ਜਿਸਨੇ ਰੁੱਖਾਂ ਦੀ ਰੱਖਿਆ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਹੈ। ਅੱਜ, ਕੁਰਬਾਨੀ ਦੀ ਕੋਈ ਲੋੜ ਨਹੀਂ ਹੈ, ਦ੍ਰਿੜਤਾ ਦੀ ਲੋੜ ਹੈ, ਸਿਰਫ਼ ਇੱਕ ਜ਼ਿੱਦ ਦੀ ਲੋੜ ਹੈ ਕਿ ਅਸੀਂ ਰੁੱਖ ਲਗਾਵਾਂਗੇ, ਉਨ੍ਹਾਂ ਦੀ ਰੱਖਿਆ ਕਰਾਂਗੇ ਅਤੇ ਕੋਟਾ ਨੂੰ ਹਰਾ ਭਰਾ ਬਣਾਵਾਂਗੇ।

# ਖੇਡ ਰਾਜ ਮੰਤਰੀ ਰਕਸ਼ਾ ਖੜਸੇ ਨੇ ਬਾਸਕਟਬਾਲ ਲੀਗ ਦਾ ਕੀਤਾ ਉਦਘਾਟਨ

ਪੁਣੇ, 7 ਜੁਲਾਈ (ਚ.ਨ.ਸ.) : ਖੇਡ ਰਾਜ ਮੰਤਰੀ ਰਕਸ਼ਾ ਖੜਸੇ ਨੇ ਇੱਥੇ ਏਬੀਸੀ ਪ੍ਰੋ ਬਾਸਕਟਬਾਲ ਲੀਗ ਦੇ ਚੌਥੇ ਸੀਜ਼ਨ ਦਾ ਉਦਘਾਟਨ ਕਰਦੇ ਹੋਏ ਕਿਹਾ ਕਿ ਇਹ ਪ੍ਰੋਗਰਾਮ ਸਰਕਾਰ ਦੀ ਖੇਲੋ ਇੰਡੀਆ ਪਹਿਲਕਦਮੀ ਨਾਲ ਬਿਲਕੁਲ ਮੇਲ ਖਾਂਦਾ ਹੈ। ਪ੍ਰਬੰਧਕਾਂ ਦੇ ਅਨੁਸਾਰ, ਮਹਾਰਾਸ਼ਟਰ ਭਰ ਤੋਂ 5,000 ਤੋਂ ਵੱਧ ਨੌਜਵਾਨ ਖਿਡਾਰੀਆਂ ਨੇ ਲੀਗ ਲਈ ਟਰਾਇਲਾਂ ਵਿੱਚ ਹਿੱਸਾ ਲਿਆ। ਟਰਾਇਲਾਂ ਵਿੱਚ ਇੱਕ ਸਖ਼ਤ ਚੋਣ ਪ੍ਰਕਿਰਿਆ ਤੋਂ ਬਾਅਦ, ਲਗਭਗ 1000 ਖਿਡਾਰੀਆਂ ਨੂੰ ਨਿਲਾਮੀ ਲਈ ਚੁਣਿਆ ਗਿਆ। ਇਸ ਵਿੱਚੋਂ, 310 ਖਿਡਾਰੀਆਂ ਨੂੰ ਲੀਗ ਦੀਆਂ 19 ਟੀਮਾਂ ਵਿੱਚ ਲੜਕਿਆਂ ਅਤੇ ਲੜਕੀਆਂ ਦੋਵਾਂ ਲਈ ਅੰਡਰ-14 ਅਤੇ ਅੰਡਰ-17 ਸ਼੍ਰੇਣੀਆਂ ਵਿੱਚ ਸ਼ਾਮਲ ਹੋਣ ਲਈ ਚੁਣਿਆ ਗਿਆ। ਖੜਸੇ ਨੇ ਐਤਵਾਰ ਸ਼ਾਮ ਨੂੰ ਉਦਘਾਟਨ ਤੋਂ ਬਾਅਦ ਕਿਹਾ, ਅਜਿਹੀਆਂ ਜ਼ਮੀਨੀ ਖੇਡਾਂ ਵਿੱਚ ਨਿਵੇਸ਼ ਕਰਨਾ ਬਹੁਤ ਮਹੱਤਵਪੂਰਨ ਹੈ। ਹਰ ਇੱਕ ਬਿੰਦੂ, ਹਰ ਰਣਨੀਤਕ ਪਾਸ ਇੱਕ ਸਿਹਤਮੰਦ, ਪ੍ਰਤੀਯੋਗੀ ਅਤੇ ਸੰਯੁਕਤ ਭਾਰਤ ਬਣਾਉਣ ਵੱਲ ਇੱਕ ਕਦਮ ਹੈ। ਇਹ ਤੁਹਾਨੂੰ ਪ੍ਰਧਾਨ ਮੰਤਰੀ (ਨਰਿੰਦਰ) ਮੋਦੀ ਦੇ ਹਰ ਪ੍ਰਤਿਭਾ ਨੂੰ ਸਹੀ ਪਲੇਟਫਾਰਮ ਦੇਣ ਦੇ ਇੱਕ ਵਿਕਸਤ ਰਾਸ਼ਟਰ ਦੇ ਦ੍ਰਿਸ਼ਟੀਕੋਣ ਦੇ ਨੇੜੇ ਲੈ ਜਾਵੇਗਾ।



# ਭਾਰਤ ਬ੍ਰਿਕਸ ਸੰਮੇਲਨ-2026 ਦੀ ਮੇਜ਼ਬਾਨੀ ਕਰੇਗਾ

ਵਾਸ਼ਿੰਗਟਨ, 7 ਜੁਲਾਈ (ਚ.ਨ.ਸ.) : ਭਾਰਤ 2026 ਵਿੱਚ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਕਰੇਗਾ, ਜੋ ਆਰਥਿਕ ਵਿਕਾਸ, ਨਵੀਨਤਾ ਅਤੇ ਬਹੁਪੱਖੀ ਸਹਿਯੋਗ ਤੇ ਵਿਸ਼ਵਵਿਆਪੀ ਚਰਚਾ ਦੀ ਅਗਵਾਈ ਕਰਨ ਦਾ ਇੱਕ ਹੋਰ ਵੱਕਾਰੀ ਮੌਕਾ ਹੈ।ਰਾਜ ਸਭਾ ਦੇ ਸੰਸਦ ਮੈਂਬਰ ਅਤੇ ਬ੍ਰਿਕਸ ਐਗਰੀ ਕੌਂਸਲ ਦੇ ਚੇਅਰਮੈਨ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਇਸ ਵਿਕਾਸ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਗਲੋਬਲ ਸਾਊਥ ਲਈ ਇੱਕ ਆਵਾਜ਼ ਵਜੋਂ ਭਾਰਤ ਦੇ ਵਧ ਰਹੇ ਕੱਦ ਨੂੰ ਸਹੀ ਢੰਗ ਨਾਲ ਸਵੀਕਾਰ ਕੀਤਾ ਗਿਆ ਹੈ, ਅਤੇ ਅਗਲੇ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਸਾਨੂੰ ਆਪਣੇ ਸਮਾਵੇਸ਼ੀ ਵਿਕਾਸ ਮਾਡਲ ਅਤੇ ਵਿਸ਼ਵ ਲੀਡਰਸ਼ਿਪ ਨੂੰ ਇੱਕ ਵਾਰ ਫਿਰ ਪ੍ਰਦਰਸ਼ਿਤ ਕਰਨ ਦੀ ਆਗਿਆ ਦੇਵੇਗੀ ਜਿਵੇਂ ਅਸੀਂ 720 ਦੌਰਾਨ ਕੀਤਾ ਸੀ। ਡਾ. ਸਾਹਨੀ ਨੇ ਅੱਗੇ ਕਿਹਾ ਕਿ ਬ੍ਰਾਜ਼ੀਲ ਵਿੱਚ ਹੋਏ ਬ੍ਰਿਕਸ 2025 ਸੰਮੇਲਨ ਵਿੱਚ ਭਾਰਤ ਲਈ ਮਹੱਤਵਪੂਰਨ ਕੂਟਨੀਤਕ ਜਿੱਤਾਂ ਦੇਖਣ ਨੂੰ ਮਿਲੀਆਂ, ਖਾਸ ਕਰਕੇ ਪਹਿਲਗਾਮ ਅੱਤਵਾਦੀ ਹਮਲੇ ਅਤੇ ਸਰਹੱਦ ਪਾਰ ਅੱਤਵਾਦ ਦੀ ਸਪੱਸ਼ਟ ਨਿੰਦਾ, ਅਤੇ ਚੀਨ ਅਤੇ ਰੂਸ ਸਮੇਤ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਭਾਰਤ ਦੀ ਸਥਾਈ ਸੀਟ ਲਈ ਜ਼ੋਰਦਾਰ ਸਮਰਥਨ। ਬ੍ਰਿਕਸ ਐਗਰੀ ਕੌਂਸਲ ਦੇ ਚੇਅਰਮੈਨ ਹੋਣ ਦੇ ਨਾਤੇ, ਡਾ. ਸਾਹਨੀ ਨੇ ਅੱਗੇ ਕਿਹਾ, ਬ੍ਰਿਕਸ ਅਨਾਜ ਐਕਸਚੇਂਜ ਦੇ ਅਨੁਕੂਲਨ ਦੇ ਨਾਲ ਸਿਖਰ ਸੰਮੇਲਨ ਦੇ ਨਤੀਜਿਆਂ ਵਿੱਚ ਭੋਜਨ, ਬਾਲਣ ਅਤੇ ਖਾਦ ਸਪਲਾਈ ਚੇਨਾਂ ਬਾਰੇ ਭਾਰਤ ਦੀਆਂ ਚਿੰਤਾਵਾਂ ਨੂੰ ਪ੍ਰਤੀਬਿੰਬਤ ਹੁੰਦੇ ਦੇਖਣਾ ਬਹੁਤ ਉਤਸ਼ਾਹਜਨਕ ਹੈ।ਡਾ. ਸਾਹਨੀ ਨੇ ਕਿਹਾ ਕਿ ਏਆਈ ਗਵਰਨੈਂਸ, ਡਿਜੀਟਲਾਈਜ਼ੇਸ਼ਨ, ਯੂਪੀਆਈ, ਫਿਨਟੈਕ ਇਨੋਵੇਸ਼ਨ ਆਦਿ ਵਿੱਚ ਭਾਰਤ ਦੀ ਲੀਡਰਸ਼ਿਪ ਦੀ ਵੀ ਸ਼ਲਾਘਾ ਕੀਤੀ ਗਈ ਅਤੇ ਬ੍ਰਿਕਸ ਸਟਾਰਟਅੱਪ ਫੋਰਮ ਅਤੇ ਬ੍ਰਿਕਸ ਸਟਾਰਟਅੱਪ ਗਿਆਨ ਹੱਬ ਦੀ ਸ਼ੁਰੂਆਤ ਵਿੱਚ ਭਾਰਤ ਦੀ ਲੀਡਰਸ਼ਿਪ ਦੀ ਵੀ ਸ਼ਲਾਘਾ ਕੀਤੀ ਗਈ।ਡਾ. ਸਾਹਨੀ ਨੇ ਇਹ ਵੀ ਦੱਸਿਆ ਕਿ ਇਹ ਭਾਰਤ ਲਈ ਇੱਕ ਵੱਡੀ ਕੂਟਨੀਤਕ ਪ੍ਰਾਪਤੀ ਹੈ ਕਿ ਸਾਰੇ ਬ੍ਰਿਕਸ ਦੇਸ਼ਾਂ ਨੇ 2028 ਵਿੱਚ ਜਲਵਾਯੂ ਪਰਿਵਰਤਨ ਤੇ ਸੰਯੁਕਤ ਰਾਸ਼ਟਰ ਫਰੇਮਵਰਕ ਕਨਵੈਨਸ਼ਨ COPCC ਦੀ ਮੇਜ਼ਬਾਨੀ ਲਈ ਭਾਰਤ ਦੀ ਉਮੀਦਵਾਰੀ ਦਾ ਸਮਰਥਨ ਕੀਤਾ।

# ਭਾਰਤੀ ਜੀਵਨ ਬੀਮਾ ਨਿਗਮ ਨੇ ਨਵੀਆਂ ਯੋਜਨਾਵਾਂ ਕੀਤੀਆਂ ਲਾਂਚ



ਨਵੀਂ ਦਿੱਲੀ, 7 ਜੁਲਾਈ (ਚ.ਨ.ਸ.) : ਸ਼੍ਰੀ ਸਤਪਾਲ ਭਾਨੂ, ਸੀਈਓ ਅਤੇ ਐਮਡੀ (ਇੰਚਾਰਜ), ਭਾਰਤੀ ਜੀਵਨ ਬੀਮਾ ਨਿਗਮ ਨੇ ਨਵੀਆਂ ਯੋਜਨਾਵਾਂ ਲਾਂਚ ਕੀਤੀਆਂ ਗਈਆਂ ਦੋ ਨਵੀਆਂ ਯੋਜਨਾਵਾਂ ਬੱਚਤ ਅਤੇ ਸੁਰੱਖਿਆ ਦਾ ਸੁਮੇਲ ਹਨ ਅਤੇ ਵਿਸ਼ੇਸ਼ ਤੌਰ 'ਤੇ ਸਾਡੇ ਜੀਵਨ ਚੱਕਰ ਦੀਆਂ ਵੱਖ-ਵੱਖ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਲੋੜੀਂਦੇ ਫੰਡ ਪੈਦਾ ਕਰਨ ਲਈ ਤਿਆਰ ਕੀਤੀਆਂ ਗਈਆਂ ਹਨ।ਭਾਰਤੀ ਜੀਵਨ ਬੀਮਾ ਨਿਗਮ ਨਵ ਜੀਵਨ ਸ਼੍ਰੀ (ਯੋਜਨਾ ) ਦਾ ਉਦੇਸ਼ ਵਿਅਕਤੀਆਂ, ਖਾਸ ਕਰਕੇ ਨੌਜਵਾਨ ਪੀੜ੍ਹੀ ਦੀਆਂ ਸਾਰੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਹੈ, ਜੋ ਆਪਣੇ ਸੁਪਨਿਆਂ, ਟੀਚਿਆਂ, ਜ਼ਿੰਮੇਵਾਰੀਆਂ ਨੂੰ ਪੂਰਾ ਕਰਨਾ ਚਾਹੁੰਦੇ ਹਨ ਅਤੇ ਨਾਲ ਹੀ ਸੁਰੱਖਿਆ ਪ੍ਰਦਾਨ ਕਰਦੇ ਹਨ।ਐਲਆਈਸੀ ਨਵ ਜੀਵਨ ਸ਼੍ਰੀ (ਯੋਜਨਾ 911) ਸਿੰਗਲ ਪ੍ਰੀਮੀਅਮ ਪਾਲਿਸੀ ਦਾ ਉਦੇਸ਼ ਜੀਵਨ ਬੀਮਾ ਪ੍ਰਦਾਨ ਕਰਨਾ ਹੈ ਅਤੇ ਨਾਲ ਹੀ ਇੱਕ ਕਾਰਪਸ ਬਣਾਉਣਾ ਹੈ।ਮੌਜੂਦਾ ਮਾਹੌਲ ਵਿੱਚ ਜਦੋਂ ਵਿਆਜ ਦਰਾਂ ਬਹੁਤ ਅਸਥਿਰ ਹਨ, ਇਹ ਦੋਵੇਂ ਪਲਾਨ ਪਾਲਿਸੀ ਦੀ ਮਿਆਦ ਦੌਰਾਨ ਗਾਰੰਟੀਸ਼ੁਦਾ ਵਾਧੇ ਦੀ ਪੇਸ਼ਕਸ਼ ਕਰਦੇ ਹਨ।ਐਲਆਈਸੀ ਨਵ ਜੀਵਨ ਸ਼੍ਰੀ (ਯੋਜਨਾ 912) ਇਹ ਇੱਕ ਸੀਮਤ ਪ੍ਰੀਮੀਅਮ ਐਂਡੋਮੈਂਟ ਪਲਾਨ ਹੈ ਜੋ ਸਾਰਣੀ ਪ੍ਰੀਮੀਅਮ ਦੇ ਪ੍ਰਤੀਸ਼ਤ ਵਜੋਂ ਗਾਰੰਟੀਸ਼ੁਦਾ ਵਾਧੇ ਦੀ ਪੇਸ਼ਕਸ਼ ਕਰਦਾ ਹੈ।ਪ੍ਰੀਮੀਅਮ 6, 8, 10 ਅਤੇ 12 ਸਾਲ ਤੇ ਅਦਾ ਕੀਤੇ ਜਾ ਸਕਦੇ ਹਨ।ਪਾਲਿਸੀ ਦੀ ਮਿਆਦ ਦੌਰਾਨ ਲਾਗੂ ਪਾਲਿਸੀਆਂ ਲਈ ਗਾਰੰਟੀਸ਼ੁਦਾ ਵਾਧੇ ਹਰੇਕ ਪਾਲਿਸੀ ਸਾਲ ਦੇ ਅੰਤ 'ਤੇ ਇਕੱਠੇ ਹੋਣਗੇ। ਕੁੱਲ ਸਾਰਣੀਗਤ ਸਾਲਾਨਾ ਪ੍ਰੀਮੀਅਮਾਂ ਦੇ ਪ੍ਰਤੀਸ਼ਤ ਵਜੋਂ ਗਾਰੰਟੀਸ਼ੁਦਾ ਵਾਧੇ ਦੀ ਦਰ 10 ਤੋਂ 20 ਸਾਲਾਂ ਤੱਕ ਪਾਲਿਸੀ ਦੀ ਮਿਆਦ ਦੇ ਅਨੁਸਾਰ ਭੁਗਤਾਨ ਕੀਤੇ ਪ੍ਰੀਮੀਅਮਾਂ ਦੇ ਸੰਬੰਧ ਵਿੱਚ 8.50% ਤੋਂ 9.50% ਤੱਕ ਹੈ।

# ਇੰਡੋਨੇਸ਼ੀਆ ਦੇ ਮਾਊਂਟ ਲੇਵੋਟੋਬੀ ਲਾਕੀ ਜਵਾਲਾਮੁਖੀ ਦੇ ਫਟਣ ਨਾਲ 11 ਮੀਲ ਤੱਕ ਫੈਲੀ ਸੁਆਹ

ਜਕਾਰਤਾ, 7 ਜੁਲਾਈ (ਚ.ਨ.ਸ.) : ਇੰਡੋਨੇਸ਼ੀਆ ਦਾ ਜਬਰਦਸਤ ਮਾਊਂਟ ਲੇਵੋਟੋਬੀ ਲਾਕੀ ਜਵਾਲਾਮੁਖੀ ਸੋਮਵਾਰ ਨੂੰ ਫਟ ਗਿਆ, ਜਿਸ ਨਾਲ ਜਵਾਲਾਮੁਖੀ ਦੀ ਸਮੱਗਰੀ ਦਾ ਇੱਕ ਥੰਮ 18 ਕਿਲੋਮੀਟਰ ਉੱਚਾ ਅਸਮਾਨ ਵਿੱਚ ਚਲਾ ਗਿਆ ਅਤੇ ਆਸ-ਪਾਸ ਦੇ ਪਿੰਡਾਂ 'ਤੇ ਸੁਆਹ ਡਿੱਗਣ ਲੱਗੀ। ਜਵਾਲਾਮੁਖੀ ਪਿਛਲੇ ਮਹੀਨੇ ਤੋਂ ਹਾਈ ਅਲਰਟ 'ਤੇ ਸੀ। ਤੁਰੰਤ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਮਿਲੀ ਹੈ।ਇੰਡੋਨੇਸ਼ੀਆ ਦੀ ਭੂ-ਵਿਗਿਆਨ ਏਜੰਸੀ ਨੇ ਜਵਾਲਾਮੁਖੀ ਦੀਆਂ ਢਲਾਣਾਂ ਤੋਂ 5 ਕਿਲੋਮੀਟਰ ਤੱਕ ਦੀ ਦੂਰੀ 'ਤੇ ਪੱਥਰਾਂ ਅਤੇ ਲਾਵੇ ਨਾਲ ਮਿਲੇ ਗਰਮ ਗੈਸ ਦੇ ਬੱਦਲਾਂ ਦੇ ਵਹਾਅ ਨੂੰ ਰਿਕਾਰਡ ਕੀਤਾ। ਡਰੋਨਾਂ ਰਾਹੀਂ ਲਈਆਂ ਗਈਆਂ ਤਸਵੀਰਾਂ ਵਿਚ ਲਾਵਾ ਭਰਿਆ ਦਿਖਾਇਆ ਗਿਆ ਹੈ। ਜਿਸ ਨੇ ਮੈਗਮਾ ਦੀ ਡੂੰਘੀ ਗਤੀ ਦਾ ਸੰਕੇਤ ਦਿੱਤਾ ਅਤੇ ਇਸ ਕਾਰਨ ਜਵਾਲਾਮੁਖੀ ਭੂਚਾਲ ਵੀ ਆਏ।ਭੂ-ਵਿਗਿਆਨ ਏਜੰਸੀ ਦੇ ਮੁਖੀ ਮੁਹੰਮਦ ਵਾਫਿਦ ਨੇ ਕਿਹਾ, "ਇਸ ਆਕਾਰ ਦਾ ਫਟਣਾ ਯਕੀਨੀ ਤੌਰ 'ਤੇ ਖ਼ਤਰੇ ਦੀ ਵੱਧ ਸੰਭਾਵਨਾ ਰੱਖਦਾ ਹੈ, ਜਿਸ ਵਿੱਚ ਹਵਾਬਾਜ਼ੀ 'ਤੇ ਇਸਦਾ ਪ੍ਰਭਾਵ ਵੀ ਸ਼ਾਮਲ ਹੈ।"



ਜਵਾਲਾਮੁਖੀ ਨਿਗਰਾਨੀ ਏਜੰਸੀ ਨੇ 18 ਜੂਨ ਨੂੰ ਮਾਊਂਟ ਲੇਵੋਟੋਬੀ ਲਾਕੀ ਲਈ ਹਾਈ ਅਲਰਟ ਕੀਤਾ ਹੋਇਆ ਸੀ ਅਤੇ ਉਦੋਂ ਤੋਂ 7 ਕਿਲੋਮੀਟਰ ਦੇ ਘੇਰੇ ਨੂੰ ਹੋਰ ਵਧਾ ਦਿੱਤਾ ਸੀ। ਇਸ ਦੇ ਨਾਲ ਹੀ ਇਸ ਖੇਤਰ ਵਿਚ ਜਾਣ ਦੀ ਕਿਸੇ ਨੂੰ ਇਜਾਜ਼ਤ ਨਹੀ ਸੀ। ਸੋਮਵਾਰ ਨੂੰ ਫਟੇ ਜਵਾਲਾਮੁਖੀ ਇੰਡੋਨੇਸ਼ੀਆ ਦੇ ਸਭ ਤੋਂ ਵੱਡੇ ਧਮਾਕਿਆਂ ਵਿੱਚੋਂ ਇੱਕ ਹੈ।

# ਭਾਰਤੀ ਫ਼ੌਜ ਨੇ 26ਵੀਂ ਕਾਰਗਿਲ 'ਵਿਜੇ ਦਿਵਸ' ਵਰ੍ਹੇਗੰਢ 'ਤੇ ਕੈਪਟਨ ਵਿਕਰਮ ਬੱਤਰਾ, ਪੀਵੀਸੀ ਨੂੰ ਸ਼ਰਧਾਂਜਲੀਆਂ

ਚੰਡੀਗੜ੍ਹ: 7 ਜੁਲਾਈ (ਅੰਮ੍ਰਿਤਪਾਲ ਸਿੰਘ) : ਭਾਰਤੀ ਫੌਜ ਨੇ ਕਾਰਗਿਲ ਵਿਜੇ ਦਿਵਸ ਦੀ 26ਵੀਂ ਵਰ੍ਹੇਗੰਢ ਮੌਕੇ ਡੀਏਵੀ ਕਾਲਜ, ਚੰਡੀਗੜ੍ਹ ਵਿਖੇ ਪਰਮਵੀਰ ਚੱਕਰ (ਮ੍ਰਿਤੂ ਉਪਰੰਤ) ਨਾਲ ਸਨਮਾਨਿਤ ਕੈਪਟਨ ਵਿਕਰਮ ਬੱਤਰਾ ਨੂੰ ਹਾਰਦਿਕ ਸ਼ਰਧਾਂਜਲੀ ਭੇਟ ਕੀਤੀ। 13 ਜੇਏਕੇ ਰਾਈਫਲਜ਼ (ਕਾਰਗਿਲ) ਦੇ ਬਹਾਦਰ ਯੋਧਾ ਕੈਪਟਨ ਬੱਤਰਾ ਨੂੰ 7 ਜੁਲਾਈ, 1999 ਨੂੰ ਆਪ੍ਰੇਸ਼ਨ ਵਿਜੇ ਦੌਰਾਨ ਉਨ੍ਹਾਂ ਦੀ ਬੇਮਿਸਾਲ ਸ਼ਹਾਦਤ, ਹਿੰਮਤ ਅਤੇ ਨਿਰਸਵਾਰਥ ਕੁਰਬਾਨੀ ਲਈ ਯਾਦ ਕੀਤਾ ਗਿਆ।ਸਨਮਾਨ ਸਮਾਰੋਹ ਦੀ ਸ਼ੁਰੂਆਤ ਨਾਇਬ ਸੂਬੇਦਾਰ ਘਣਸ਼ਿਆਮ ਦਾਸ ਦੁਆਰਾ ਪ੍ਰਸਤੁਤੀ 13 ਜੇਏਕੇ ਰਾਈਫਲਜ਼ ਦੇ ਹਿੱਸੇ ਵਜੋਂ ਕੈਪਟਨ ਵਿਕਰਮ ਬੱਤਰਾ ਦੀ ਬਹਾਦਰੀ ਸੇਵਾ ਦੀ ਜਾਣ-ਪਛਾਣ ਨਾਲ ਹੋਈ। ਸਮਾਰੋਹ ਦੌਰਾਨ, ਕੈਪਟਨ ਬੱਤਰਾ ਦੇ ਪਰਿਵਾਰਿਕ ਮੈਂਬਰਾਂ, ਜਿਨ੍ਹਾਂ ਵਿੱਚ ਉਨ੍ਹਾਂ ਦੇ ਪਿਤਾ ਸ਼੍ਰੀ ਗਿਰਧਾਰੀ ਲਾਲ ਬੱਤਰਾ ਅਤੇ ਜੁੜਵਾਂ ਭਰਾ ਸ਼੍ਰੀ ਵਿਸ਼ਾਲ ਬੱਤਰਾ ਸ਼ਾਮਲ ਸਨ, ਨੂੰ ਭਾਰਤੀ ਫੌਜ ਦੇ ਅਧਿਕਾਰੀਆਂ ਵੱਲੋਂ ਇੱਕ ਯਾਦਗਾਰੀ ਚਿੰਨ੍ਹ ਅਤੇ ਧੰਨਵਾਦ ਪੱਤਰ ਭੇਟ ਕੀਤਾ ਗਿਆ। ਇਹ ਸਮਾਗਮ ਸ਼ਹੀਦਾਂ ਦੇ ਪਰਿਵਾਰਾਂ ਨਾਲ ਜੁੜਨ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਉਣ ਲਈ ਇੱਕ ਵਿਸ਼ੇਸ਼ ਆਊਟਰੀਚ ਮੁਹਿੰਮ ਦਾ ਹਿੱਸਾ ਸੀ ਕਿ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਹੀਂ ਭੁਲਾਇਆ ਜਾਵੇਗਾ।ਇਸ ਮੌਕੇ, ਐਨਸੀਸੀ ਚੰਡੀਗੜ੍ਹ ਦੇ ਗਰੁੱਪ ਕਮਾਂਡਰ, ਬ੍ਰਿਗੇਡੀਅਰ ਵੀ.ਐਸ ਚੌਹਾਨ ਨੇ ਕੈਡਿਟਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਕੈਪਟਨ ਬੱਤਰਾ ਦੇ ਸਾਹਸੀ ਜੀਵਨ ਤੋਂ ਪ੍ਰੇਰਨਾ ਲੈਣ ਲਈ ਉਤਸਾਹਿਤ ਕੀਤਾ। ਡੀਏਵੀ ਕਾਲਜ ਦੀ ਪ੍ਰਿੰਸੀਪਲ ਸ਼੍ਰੀਮਤੀ ਮੋਨਾ ਨਾਰੰਗ ਨੇ ਧੰਨਵਾਦ ਦਾ ਮਤਾ ਪੇਸ਼ ਕਰਦੇ ਹੋਏ ਮਾਣ ਪ੍ਰਗਟ ਕੀਤਾ ਕਿ ਕੈਪਟਨ ਵਿਕਰਮ ਬੱਤਰਾ ਸੰਸਥਾ ਦੇ ਸਾਬਕਾ ਵਿਦਿਆਰਥੀ ਸਨ, ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਬਹਾਦਰੀ ਅਤੇ ਕੁਰਬਾਨੀ ਨੇ ਕਾਲਜ ਨੂੰ ਮਾਣ ਮਹਿਸੂਸ ਕਰਵਾਇਆ ਹੈ।ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਜੀ.ਐਲ. ਬੱਤਰਾ ਨੇ ਕਿਹਾ ਕਿ ਕੈਪਟਨ ਵਿਕਰਮ ਬੱਤਰਾ ਦੀ ਕੁਰਬਾਨੀ ਅਤੇ ਬਹਾਦਰੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ, ਅਤੇ ਉਨ੍ਹਾਂ ਦੀ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਉਨ੍ਹਾਂ ਦਾ ਜੋਸ਼ੀਲਾ ਨਾਅਰਾ 'ਯੇ ਦਿਲ ਮਾਂਗੇ ਮੋਰ' ਅੱਜ ਵੀ ਹਰ ਭਾਰਤੀ ਦੇ ਦਿਲ ਵਿੱਚ ਗੂੰਜਦਾ ਹੈ, ਜੋ ਰਾਸ਼ਟਰ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਦੀ ਯਾਦ ਦਿਵਾਉਂਦਾ ਹੈ।ਪ੍ਰੋਗਰਾਮ ਦੌਰਾਨ, ਕੈਪਟਨ ਵਿਕਰਮ ਬੱਤਰਾ ਦੇ ਜੀਵਨ ਅਤੇ ਕੁਰਬਾਨੀ 'ਤੇ ਇੱਕ ਛੋਟੀ ਫਿਲਮ ਦਿਖਾਈ ਗਈ, ਅਤੇ ਇੱਕ ਐਨ.ਸੀ.ਸੀ. ਕੈਡੇਟਾਂ ਦੁਆਰਾ ਉਨ੍ਹਾਂ ਦੀ ਬਹਾਦਰੀ ਅਤੇ ਵਿਰਾਸਤ ਨੂੰ ਉਜਾਗਰ ਕਰਦੇ ਹੋਏ ਭਾਸ਼ਣ ਵੀ ਦਿੱਤਾ ਗਿਆ।ਭਾਰਤੀ ਫੌਜ ਵੱਲੋਂ ਕੈਪਟਨ ਬੱਤਰਾ ਨੂੰ ਸ਼ਰਧਾਂਜਲੀ ਉਨ੍ਹਾਂ ਦੀ ਕੁਰਬਾਨੀ ਅਤੇ ਬਹਾਦਰੀ ਪ੍ਰਤੀ ਰਾਸ਼ਟਰ ਵੱਲੋਂ ਸਦੀਵੀ ਸ਼ੁਕਰਗੁਜ਼ਾਰ ਹੋਣ ਦਾ ਪ੍ਰਮਾਣ ਹੈ।



# ਦਲਾਈ ਲਾਮਾ ਨੂੰ 'ਭਾਰਤ ਰਤਨ' ਦੇਣ ਦੀ ਤਿਆਰੀ! 80 ਸੰਸਦ ਮੈਂਬਰਾਂ ਨੇ ਪ੍ਰਸਤਾਵ 'ਤੇ ਕੀਤੇ ਦਸਤਖ਼ਤ

ਨਵੀਂ ਦਿੱਲੀ, 7 ਜੁਲਾਈ (ਚ.ਨ.ਸ.): ਤਿੱਬਤੀ ਧਾਰਮਿਕ ਆਗੂ ਦਲਾਈ ਲਾਮਾ ਇਨ੍ਹੀਂ ਦਿਨੀਂ ਲਗਾਤਾਰ ਚਰਚਾ ਵਿੱਚ ਹਨ। ਹਿਮਾਚਲ ਪ੍ਰਦੇਸ਼ ਦੇ ਧਰਮਸ਼ਾਲਾ ਵਿੱਚ ਆਪਣਾ 90ਵਾਂ ਜਨਮਦਿਨ ਮਨਾਉਂਦੇ ਹੋਏ, ਦਲਾਈ ਲਾਮਾ ਨੇ ਆਪਣੇ ਉੱਤਰਾਧਿਕਾਰੀ ਬਾਰੇ ਇੱਕ ਵੱਡਾ ਐਲਾਨ ਕੀਤਾ, ਜਿਸ ਤੋਂ ਬਾਅਦ ਚੀਨ ਵੱਲੋਂ ਤਿੱਖੀ ਪ੍ਰਤੀਕਿਰਿਆ ਸੁਭਾਵਿਕ ਸੀ। ਇਸ ਦੇ ਨਾਲ ਹੀ ਹੁਣ ਦਲਾਈ ਲਾਮਾ ਨੂੰ ਦੇਸ਼ ਦਾ ਸਭ ਤੋਂ ਵੱਡਾ ਸਨਮਾਨ ਭਾਰਤ ਰਤਨ ਦੇਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਰਿਪੋਰਟ ਅਨੁਸਾਰ, ਆਲ ਪਾਰਟੀ ਫੋਰਮ ਆਫ਼ ਇੰਡੀਅਨ ਐਮਪੀਜ਼ ਨੇ ਦਲਾਈ ਲਾਮਾ ਨੂੰ ਭਾਰਤ ਰਤਨ ਦੇਣ ਦਾ ਸੁਝਾਅ ਦਿੱਤਾ ਹੈ। ਇੰਨਾ ਹੀ ਨਹੀਂ 80 ਸੰਸਦ ਮੈਂਬਰਾਂ ਨੇ ਵੀ ਇਸ ਪ੍ਰਸਤਾਵ ਤੇ ਦਸਤਖਤ ਕੀਤੇ ਹਨ। ਇਸ ਨੂੰ ਜਲਦੀ ਹੀ ਪ੍ਰਧਾਨ ਮੰਤਰੀ ਜਾਂ ਰਾਸ਼ਟਰਪਤੀ ਨੂੰ ਭੇਜਿਆ ਜਾ ਸਕਦਾ ਹੈ।ਤਿੱਬਤ ਤੇ ਆਲ ਪਾਰਟੀ ਇੰਡੀਅਨ ਪਾਰਲੀਮੈਂਟਰੀ ਫੋਰਮ ਕਈ ਵਾਰ ਕਨਵੀਨਰ ਭਰਤਰੁਹਰੀ ਮਹਿਤਾਬ ਦੀ ਅਗਵਾਈ ਵਿੱਚ ਕੇਂਦਰੀ ਤਿੱਬਤੀ ਪ੍ਰਸ਼ਾਸਨ (ਸੀਟੀਏ) ਨਾਲ ਮੁਲਾਕਾਤ ਕਰ ਚੁੱਕਾ ਹੈ। ਇਸ ਦੇ ਨਾਲ ਹੀ ਰਾਜ ਸਭਾ ਮੈਂਬਰ ਸੁਜੀਤ ਕੁਮਾਰ ਵੀ ਇਸ ਪਹਿਲਕਦਮੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਰਹੇ ਹਨ। ਇਕਨਾਮਿਕ ਟਾਈਮਜ਼ ਨਾਲ ਗੱਲ ਕਰਦੇ ਹੋਏ, ਸੁਜੀਤ ਕੁਮਾਰ ਨੇ ਕਿਹਾ- 80 ਸੰਸਦ ਮੈਂਬਰਾਂ ਨੇ ਇੱਕ ਪ੍ਰਸਤਾਵ 'ਤੇ ਦਸਤਖਤ ਕੀਤੇ ਹਨ। 20 ਹੋਰ ਸੰਸਦ ਮੈਂਬਰਾਂ ਦੇ ਦਸਤਖਤ ਅਜੇ ਪ੍ਰਾਪਤ ਨਹੀਂ ਹੋਏ ਹਨ। ਇਹ ਪ੍ਰਸਤਾਵ 100 ਸੰਸਦ ਮੈਂਬਰਾਂ ਦੇ ਦਸਤਖ਼ਤ ਪ੍ਰਾਪਤ ਹੋਣ ਤੋਂ ਬਾਅਦ ਪੇਸ਼ ਕੀਤਾ ਜਾਵੇਗਾ। ਦਲਾਈ ਲਾਮਾ ਦੇ ਉੱਤਰਾਧਿਕਾਰੀ ਤੇ ਚੀਨ ਦੀ ਟਿੱਪਣੀ ਦਾ ਜਵਾਬ ਦਿੰਦੇ ਹੋਏ, ਸੁਜੀਤ ਕੁਮਾਰ ਨੇ ਕਿਹਾ ਕਿ ਚੀਨ ਨੂੰ ਦਲਾਈ ਲਾਮਾ ਦਾ ਉੱਤਰਾਧਿਕਾਰੀ ਚੁਣਨ ਦਾ ਕੋਈ ਅਧਿਕਾਰ ਨਹੀਂ ਹੈ। ਫੋਰਮ ਨੇ ਤਿੱਬਤ ਦੇ ਮੁੱਦੇ ਨੂੰ ਵੱਖ-ਵੱਖ ਪਲੇਟਫਾਰਮਾਂ 'ਤੇ ਚੁੱਕਣ ਦਾ ਫੈਸਲਾ ਕੀਤਾ ਹੈ। ਇਸ ਤੇ ਸੰਸਦ ਵਿੱਚ ਵੀ ਚਰਚਾ ਕੀਤੀ ਜਾਵੇਗੀ।



## ਜਨਮ ਦਿਨ ਮੁਬਾਰਕ



ਗੁਨਿਸ਼ ਕੌਰ

# ਬੰਦੀ ਸਿੰਘਾਂ ਦੀ ਰਿਹਾਈ ਲਈ 4 ਅਗਸਤ ਨੂੰ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਦੇ ਪੁਤਲੇ ਫੂਕਣ ਦਾ ਫੈਸਲਾ



ਫਤਿਹਗੜ੍ਹ ਸਾਹਿਬ, 7 ਜੁਲਾਈ (ਨਰਿੰਦਰ ਸਿੰਘ) ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕੌਮੀ ਇਨਸਾਫ਼ ਮੋਰਚੇ ਦੀ ਤਾਲਮੇਲ ਕਮੇਟੀ ਦੀ ਇੱਕ ਵਿਸ਼ੇਸ਼ ਇਕੱਤਰਤਾ ਬਾਪੂ ਗੁਰਚਰਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ । ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਬੰਦੀ ਸਿੰਘਾ ਦੀ ਰਿਹਾਈ ਵਾਲੇ ਮੋਰਚੇ ਨੂੰ ਹੋਰ ਹੁੰਗਾਰਾ ਦੇਣ ਲਈ ਮਿਤੀ 4 ਅਗਸਤ ਨੂੰ ਜ਼ਿਲਾ ਪੱਧਰ ਉੱਤੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਦੇ ਪੁਤਲੇ ਫੂੱਕੇ ਜਾਣਗੇ ਅਤੇ 15 ਅਗਸਤ ਨੂੰ ਮੋਹਾਲੀ ਮੋਰਚੇ ਉੱਤੇ ਇੱਕ ਵੱਡਾ ਇਕੱਠ ਕੀਤਾ ਜਾਵੇਗਾ । ਇਹਨਾ ਦੋਵੇ ਪ੍ਰੋਗਰਾਮਾਂ ਨੂੰ ਸਫਲ ਬਨਾਉਣ ਲਈ 22 ਅਗਸਤ ਨੂੰ ਇੱਕ ਵਿਸ਼ੇਸ਼ ਇਕੱਤਰਤਾ ਕਿਸਾਨ ਭਵਨ ਚੰਡੀਗੜ ਵਿਖੇ ਸਵੇਰੇ 11 ਵਜੇ ਰੱਖੀ ਗਈ ਹੈ ।ਇਸ ਇਕੱਤਰਤਾ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਦਿੱਲੀ ਸਿੱਖ ਗੁਰਦੁਆਰਾ ਮਨੇਜਮੈਂਟ ਕਮੇਟੀ , ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ , ਸਮੂਹ ਸੰਤ ਸੰਪਰਦਾਵਾਂ, ਸਮੂਹ ਕਿਸਾਨ ਜਥੇਬੰਦੀਆ , ਸਮੂਹ ਅਕਾਲੀ ਧੜੇ , ਸਮੂਹ ਪੰਥਕ ਜਥੇਬੰਦੀਆ , ਸਮੂਹ ਮਜ਼ਦੂਰ ਜਥੇਬੰਦੀਆ ਅਤੇ ਸਮੂਹ ਮਨੁੱਖੀ ਅਧਿਕਾਰ ਜਥੇਬੰਦੀਆਂ ਦੇ ਆਗੂਆਂ ਨੂੰ ਪ੍ਰੈਸ ਰਾਹੀਂ ਵੀ ਬੇਨਤੀ ਕੀਤੀ ਜਾਂਦੀ ਹੈ , ਟੈਲੀਫ਼ੋਨ ਅਤੇ ਮਿਲਕੇ ਵੀ ਸੱਦਾ ਪੱਤਰ ਦਿੱਤਾ ਜਾਏਗਾ । ਅੱਜ ਦੀ ਇਸ ਇਕੱਤਰਤਾ ਵਿੱਚ ਮਹਿਸੂਸ ਕੀਤਾ ਗਿਆ ਕਿ ਮੋਰਚੇ ਨੂੰ ਚਲਾਉਣ ਲਈ ਮਾਇਆ ਦੀ ਸਖ਼ਤ ਜ਼ਰੂਰਤ ਹੈ ਇਸ ਲਈ ਸਮੂਹ ਦਾਨੀ ਸੱਜਣਾਂ ਖਾਸ ਕਰਕੇ ਵਿਦੇਸ਼ਾਂ ਵਿੱਚ ਬੈਠੇ ਪੰਜਾਬੀਆਂ ਖਾਸ ਕਰਕੇ ਸਿੱਖ ਪੰਥ ਨੂੰ ਅਪੀਲ ਹੈ ਕਿ ਮੋਰਚੇ ਦੀ ਸਫਲਤਾ ਲਈ ਵੱਧ ਤੋਂ ਵੱਧ ਮਾਇਆ ਭੇਜਣ ਦੀ ਕਿਰਪਾਲਤਾ ਕੀਤੀ ਜਾਵੇ ।ਇਸ ਇਕੱਤਰਤਾ ਵਿੱਚ ਇੱਕ ਫੰਡ ਇਕੱਠਾ ਕਰਨ ਅਤੇ ਖਰਚ ਕਰਨ ਲਈ ਬਾਪੂ ਗੁਰਚਨ ਸਿੰਘ, ਗੁਰਦੀਪ ਸਿੰਘ ਬਠਿੰਡਾ, ਕਰਨੈਲ ਸਿੰਘ ਪੰਜੋਲੀ , ਬਲਵਿੰਦਰ ਸਿੰਘ ਫ਼ਿਰੋਜ਼ਪੁਰ, ਬਲਵਿੰਦਰ ਸਿੰਘ ਕਾਲਾ ਅਤੇ ਬਲਵੀਰ ਸਿੰਘ ਬੈਰੋਪੁਰ ਦੇ ਅਧਾਰਤ 6 ਮੈਂਬਰੀ ਕਮੇਟੀ ਬਣਾਈ ਗਈ । ਇਸ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ,ਬਾਪੂ ਗੁਰਚਰਨ ਸਿੰਘ, ਕਿਸਾਨ ਨੇਤਾ ਡਾ, ਦਰਸ਼ਨ ਪਾਲ , ਗੁਰਦੀਪ ਸਿੰਘ ਬਠਿੰਡਾ , ਬਲਵਿੰਦਰ ਸਿੰਘ ਫ਼ਿਰੋਜ਼ਪੁਰ , ਜਤਿੰਦਰ ਸਿੰਘ ਇਸਤੂ , ਅਮਰਜੀਤ ਸਿੰਘ ਬਡਗੁਜਰਾ , ਅਵਤਾਰ ਸਿੰਘ ਕੌਰਜੀਵਾਲਾ , ਰਣਜੀਤ ਸਿੰਘ ਚਰਨਾਥਲ , ਹਰਨੇਕ ਸਿੰਘ ਭੱਲਮਾਜਰ ਅਦਿ ਆਗੂ ਸ਼ਾਮਲ ਹੋਏ।

# ਬਠਿੰਡਾ 'ਚ ਦਿਨ-ਦਿਹਾੜੇ ਹਥਿਆਰਾਂ ਦੇ ਜ਼ੋਰ 'ਤੇ 20 ਲੱਖ ਦੀ ਲੁੱਟ

## ਨਹੰਗ ਬਾਣੇ 'ਚ ਆਏ ਲੁਟੇਰਿਆਂ ਨੇ ਵਾਰਦਾਤ ਨੂੰ ਦਿੱਤਾ ਅੰਜਾਮ, ਪੁਲਿਸ ਹੋਈ ਅਲਰਟ



ਬਠਿੰਡਾ, 7 ਜੁਲਾਈ (ਦੀਪਕ ਸ਼ਰਮਾ)ਸੋਮਵਾਰ ਦੇਰ ਸ਼ਾਮ ਕਰੀਬ ਸਾਢੇ ਪੰਜ ਵਜੇ ਸ਼ਹਿਰ ਦੇ ਸਭ ਤੋਂ ਭੀੜ-ਭੜੱਕੇ ਵਾਲੇ ਇਲਾਕੇ ਅਮਰੀਕ ਸਿੰਘ ਰੋਡ 'ਤੇ ਸਕੋਰਪੀਓ ਸਵਾਰ ਕੁਝ ਅਣਪਛਾਤੇ ਲੋਕਾਂ ਨੇ ਹਥਿਆਰ ਦੇ ਜ਼ੋਰ 'ਤੇ ਮਨੀ ਐਕਸਚੇਂਜ ਦਾ ਕੰਮ ਕਰਨ ਵਾਲੇ ਦੋ ਨੌਜਵਾਨਾਂ ਤੋਂ 20 ਲੱਖ ਰੁਪਏ ਦੀ ਨਕਦੀ ਵਾਲਾ ਬੈਗ ਖੋਹ ਕੇ ਫਰਾਰ ਹੋ ਗਏ।ਦੱਸਿਆ ਜਾ ਰਿਹਾ ਹੈ ਕਿ ਪੀੜਤ ਨੌਜਵਾਨ ਅਮਰੀਕ ਸਿੰਘ ਰੋਡ 'ਤੇ ਸਥਿਤ ਇੱਕ ਪਲਾਈਵੁੱਡ ਦੀ ਦੁਕਾਨ ਕਰਨ ਵਾਲੇ ਵਿਅਕਤੀ ਤੋਂ ਪੈਸੇ ਲੈ ਕੇ ਆਪਣੀ ਐਕਟਿਵਾ 'ਤੇ ਸਵਾਰ ਹੋ ਕੇ ਘਰ ਵੱਲ ਜਾ ਰਿਹਾ ਸੀ। ਜਦੋਂ ਉਹ ਅਮਰੀਕ ਸਿੰਘ ਰੋਡ 'ਤੇ ਪਹੁੰਚਿਆ, ਤਾਂ ਪਿੱਛੋਂ ਆ ਰਹੀ ਇੱਕ ਸਕੋਰਪੀਓ ਗੱਡੀ ਵਿੱਚ ਸਵਾਰ ਨਿਹੰਗ ਸਿੰਘ ਭੇਸ ਵਿੱਚ ਲੁਟੇਰਿਆਂ ਨੇ ਪਹਿਲਾਂ ਉਨ੍ਹਾਂ ਦੀ ਐਕਟਿਵਾ ਨੂੰ ਦੋ ਵਾਰ ਟੱਕਰ ਮਾਰੀ ਅਤੇ ਉਸ ਤੋਂ ਬਾਅਦ ਜਦੋਂ ਉਹ ਹੇਠਾਂ ਡਿੱਗ ਗਏ, ਤਾਂ ਗੱਡੀ ਤੋਂ ਹੇਠਾਂ ਉਤਰੇ ਦੋ ਲੋਕਾਂ ਨੇ ਉਸਨੂੰ ਬੰਦੂਕ ਦਿਖਾ ਕੇ ਪੈਸਿਆਂ ਵਾਲਾ ਬੈਗ ਖੋਹ ਕੇ ਫਰਾਰ ਹੋ ਗਏ। ਬੈਗ ਵਿੱਚ ਕਰੀਬ 20 ਲੱਖ ਰੁਪਏ ਦੀ ਰਕਮ ਹੋਣ ਦੀ ਗੱਲ ਦੱਸੀ ਜਾ ਰਹੀ ਹੈ। ਦਿਨ-ਦਿਹਾੜੇ ਹੋਈ ਇਸ ਵਾਰਦਾਤ ਤੋਂ ਬਾਅਦ ਪੂਰੇ ਸ਼ਹਿਰ ਵਿੱਚ ਸਨਸਨੀ ਫੈਲ ਗਈ, ਜਦੋਂ ਕਿ ਐਸ.ਪੀ. ਸਿਟੀ ਨਰਿੰਦਰ ਸਿੰਘ, ਡੀ.ਐਸ.ਪੀ. ਸਿਟੀ ਸੰਦੀਪ ਭਾਟੀ, ਥਾਣਾ ਕੋਤਵਾਲੀ, ਪੀ.ਸੀ.ਆਰ. ਅਤੇ ਸੀ.ਆਈ.ਏ. ਸਟਾਫ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਉੱਥੇ ਹੀ ਪੀੜਤ ਨੌਜਵਾਨ ਦੇ ਬਿਆਨ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ, ਜਦੋਂ ਕਿ ਪੁਲਿਸ ਟੀਮ ਨੇ ਘਟਨਾ ਸਥਾਨ ਦੇ ਆਸ-ਪਾਸ ਦੁਕਾਨਾਂ ਦੇ ਬਾਹਰ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਵੀ ਖੰਗਾਲਣੀ ਸ਼ੁਰੂ ਕਰ ਦਿੱਤੀ ਹੈ, ਤਾਂ ਜੋ ਲੁਟੇਰਿਆਂ ਦੀ ਪਛਾਣ ਹੋ ਸਕੇ ਅਤੇ ਪਤਾ ਲਗਾਇਆ ਜਾ ਸਕੇ ਕਿ ਉਹ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਕਿਸ ਦਿਸ਼ਾ ਵਿੱਚ ਭੱਜੇ ਹਨ। ਐਸ.ਪੀ. ਸਿਟੀ ਦਾ ਕਹਿਣਾ ਹੈ ਕਿ ਮਾਮਲੇ ਦੀ ਗੰਭੀਰਤਾ ਨਾਲ ਪੜਤਾਲ ਕੀਤੀ ਜਾ ਰਹੀ ਹੈ, ਅਤੇ ਜਲਦ ਹੀ ਲੁਟੇਰਿਆਂ ਨੂੰ ਫੜਨ ਲਈ ਪੁਲਿਸ ਨੂੰ ਅਲਰਟ ਕਰ ਦਿੱਤਾ ਗਿਆ ਹੈ ਅਤੇ ਸ਼ਹਿਰ ਦੇ ਅੰਦਰ ਆਉਣ ਤੇ ਬਾਹਰ ਜਾਣ ਵਾਲੇ ਰਸਤਿਆਂ 'ਤੇ ਨਾਕਾਬੰਦੀ ਕਰ ਦਿੱਤੀ ਗਈ ਹੈ, ਤਾਂ ਜੋ ਲੁਟੇਰੇ ਸ਼ਹਿਰ ਤੋਂ ਬਾਹਰ ਨਾ ਜਾ ਸਕਣ। ਮਿਲੀ ਜਾਣਕਾਰੀ ਅਨੁਸਾਰ ਜੁਝਾਰ ਸਿੰਘ ਨਗਰ ਨਿਵਾਸੀ ਕਮਲਦੀਪ ਸਿੰਘ ਸ਼ਹਿਰ ਵਿੱਚ ਮਨੀ ਐਕਸਚੇਂਜ ਦਾ ਕੰਮ ਕਰਦਾ ਹੈ। ਸੋਮਵਾਰ ਸ਼ਾਮ ਕਰੀਬ ਸਾਢੇ ਪੰਜ ਵਜੇ ਉਹ ਆਪਣੇ ਇੱਕ ਦੋਸਤ ਨਾਲ ਅਮਰੀਕ ਸਿੰਘ ਰੋਡ 'ਤੇ ਸਥਿਤ ਇੱਕ ਪਲਾਈਵੁੱਡ ਦੀ ਦੁਕਾਨ ਦੇ ਮਾਲਕ ਤੋਂ ਕਰੀਬ 20 ਲੱਖ ਰੁਪਏ ਦੀ ਨਕਦੀ ਲੈ ਕੇ ਆਪਣੀ ਐਕਟਿਵਾ ਨੰਬਰ ਪੀ.ਬੀ.-32ਵੀ-5387 'ਤੇ ਸਵਾਰ ਹੋ ਕੇ ਆਪਣੇ ਘਰ ਜੁਝਾਰ ਸਿੰਘ ਨਗਰ ਵੱਲ ਜਾ ਰਹੇ ਸਨ। ਜਦੋਂ ਉਹ ਅਮਰੀਕ ਸਿੰਘ ਰੋਡ 'ਤੇ ਸਥਿਤ ਉਡਾਣ ਸਿਨੇਮਾ ਦੇ ਕੋਲ ਪਹੁੰਚੇ, ਤਾਂ ਪਿੱਛੋਂ ਆ ਰਹੀ ਸਕੋਰਪੀਓ ਗੱਡੀ ਨੇ ਪਹਿਲਾਂ ਉਨ੍ਹਾਂ ਦੀ ਐਕਟਿਵਾ ਨੂੰ ਟੱਕਰ ਮਾਰੀ, ਜਿਸ ਵਿੱਚ ਉਹ ਡਿੱਗਣੋਂ ਬਚ ਗਏ। ਜਿਸ ਤੋਂ ਬਾਅਦ ਉਨ੍ਹਾਂ ਨੂੰ ਦੁਬਾਰਾ ਟੱਕਰ ਮਾਰੀ ਅਤੇ ਉਹ ਹੇਠਾਂ ਡਿੱਗ ਗਏ। ਜਿਸ ਤੋਂ ਬਾਅਦ ਗੱਡੀ ਤੋਂ ਦੋ ਲੋਕ ਹੇਠਾਂ ਉਤਰੇ ਅਤੇ ਉਨ੍ਹਾਂ ਬੰਦੂਕ ਦਿਖਾ ਕੇ ਉਨ੍ਹਾਂ ਤੋਂ ਪੈਸਿਆਂ ਵਾਲਾ ਬੈਗ ਅਤੇ ਉਨ੍ਹਾਂ ਦੀ ਐਕਟਿਵਾ ਦੀ ਚਾਬੀ ਲੈ ਕੇ ਮੌਕੇ ਤੋਂ ਫਰਾਰ ਹੋ ਗਏ। ਪੀੜਤ ਅਨੁਸਾਰ ਗੱਡੀ ਵਿੱਚ ਕੁੱਲ ਚਾਰ ਲੋਕ ਸਵਾਰ ਸਨ, ਜਦੋਂ ਕਿ ਗੱਡੀ ਤੋਂ ਹੇਠਾਂ ਉਤਰਨ ਵਾਲੇ ਲੋਕ ਨਿਹੰਗ ਸਿੰਘ ਦੇ ਵੇਸ ਵਿੱਚ ਸਨ। ਲੁੱਟ ਤੋਂ ਬਾਅਦ ਉਸਨੇ ਮਾਮਲੇ ਦੀ ਜਾਣਕਾਰੀ ਪੁਲਿਸ ਨੂੰ ਦਿੱਤੀ ਘਟਨਾ ਸਥਾਨ 'ਤੇ ਪਹੁੰਚੇ ਐਸ.ਪੀ. ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਪੀੜਤ ਨੌਜਵਾਨ ਦੇ ਬਿਆਨ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ, ਜਦੋਂ ਕਿ ਸ਼ਹਿਰ ਵਿੱਚ ਨਾਕਾਬੰਦੀ ਕਰਕੇ ਲੁਟੇਰਿਆਂ ਦੀ ਤਲਾਸ਼ ਕੀਤੀ ਜਾ ਰਹੀ ਹੈ। ਉੱਥੇ ਹੀ ਘਟਨਾ ਸਥਾਨ ਦੇ ਆਸ-ਪਾਸ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਚੈੱਕ ਕੀਤੀ ਜਾ ਰਹੀ ਹੈ, ਤਾਂ ਜੋ ਲੁਟੇਰਿਆਂ ਦੀ ਗੱਡੀ ਅਤੇ ਉਨ੍ਹਾਂ ਦੀ ਪਛਾਣ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਮਾਮਲੇ ਨੂੰ ਜਲਦ ਹੀ ਟਰੇਸ ਕਰ ਲਿਆ ਜਾਵੇਗਾ।

# ਡੀਸੀ ਤੇ ਐਸਐਸਪੀ ਨੇ ਜ਼ਿਲ੍ਹੇ ਦੀ ਟਾਪਰ ਵਿਦਿਆਰਥਣ ਸਿਮਰਨਜੋਤ ਕੌਰ ਦਾ ਕੀਤਾ ਸਨਮਾਨ



ਬਠਿੰਡਾ, 7 ਜੁਲਾਈ :ਜਗਸੀਰ ਭੁੱਲਰ :ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਅਤੇ ਐਸਐਸਪੀ ਮੈਡਮ ਅਮਨੀਤ ਕੌਂਡਲ ਵੱਲੋਂ 'ਇਕ ਦਿਨ ਡੀ.ਸੀ/ਐਸ.ਐਸ.ਪੀ. ਦੇ ਨਾਲ' ਪ੍ਰੋਗਰਾਮ ਤਹਿਤ ਜ਼ਿਲ੍ਹੇ ਦੇ ਪਿੰਡ ਮੌੜ ਖੁਰਦ ਦੀ 10ਵੀਂ ਜਮਾਤ ਵਿੱਚੋਂ 97ਫ਼ੀਸਦੀ ਨੰਬਰ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਸਿਮਰਨਜੋਤ ਕੌਰ ਦਾ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਉਸਦੀ ਹੌਂਸਲਾ ਅਫ਼ਜਾਈ ਕਰਦਿਆਂ ਉਸ ਨੂੰ ਜ਼ਿੰਦਗੀ ਵਿੱਚ ਹੋਰ ਅੱਗੇ ਵਧਣ ਲਈ ਪ੍ਰੇਰਿਤ ਵੀ ਕੀਤਾ ਗਿਆ। ਡਿਪਟੀ ਕਮਿਸ਼ਨਰ ਸ਼$ਰੀ ਸ਼ੌਕਤ ਅਹਿਮਦ ਪਰੇ ਵੱਲੋਂ ਆਪਣੇ ਦਫ਼ਤਰ ਵਿਖੇ ਪਹੁੰਚਣ ਤੇ ਵਿਦਿਆਰਥਣ ਸਿਮਰਨਜੋਤ ਕੌਰ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਉਸ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਤੇ ਜ਼ਿੰਦਗੀ ਵਿੱਚ ਸਖ਼ਤ ਮੇਹਨਤ ਕਰਕੇ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਵਿਦਿਆਰਥਣ ਨੂੰ 1 ਟੈਬ ਅਤੇ ਸਰਟੀਫ਼ਿਕੇਟ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਵਿਦਿਆਰਥਣ ਵੱਲੋਂ ਐਸ.ਐਸ.ਪੀ. ਦਫ਼ਤਰ ਵਿਖੇ ਜ਼ਿਲ੍ਹਾ ਪੁਲਿਸ ਮੁਖੀ ਮੈਡਮ ਅਮਨੀਤ ਕੌਂਡਲ ਨਾਲ ਵੀ ਕਾਫ਼ੀ ਸਮਾਂ ਗੁਜ਼ਾਰਿਆ। ਇਸ ਦੌਰਾਨ ਐਸ.ਐਸ.ਪੀ. ਮੈਡਮ ਵੱਲੋਂ ਵਿਦਿਆਰਥਣ ਸਿਮਰਨਜੋਤ ਕੌਰ ਨੂੰ ਪੁਲਿਸ ਪ੍ਰਸ਼ਾਸ਼ਨ ਨਾਲ ਸਬੰਧਤ ਕੰਮਾਂ ਬਾਰੇ ਜਾਣੂੰ ਕਰਵਾਉਣ ਦੇ ਨਾਲ-ਨਾਲ ਉਸ ਨੂੰ ਜ਼ਿੰਦਗੀ ਵਿੱਚ ਹੋਰ ਅੱਗੇ ਵਧਣ ਲਈ ਪ੍ਰੇਰਿਆ। ਇਸ ਉਪਰੰਤ ਵਿਦਿਆਰਥਣ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਪੂਨਮ ਸਿੰਘ ਨਾਲ ਵੀ ਉਨ੍ਹਾਂ ਦੇ ਦਫ਼ਤਰ ਵਿਖੇ ਕੁੱਝ ਸਮਾਂ ਗੁਜ਼ਾਰਿਆ।ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਉਨ੍ਹਾਂ ਨਾਲ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਵਿਦਿਆਰਥਣ ਸਿਮਰਨਜੋਤ ਕੌਰ ਨੂੰ ਮੁਕਾਬਲੇ ਦੇ ਇਮਿਤਿਹਾਨਾਂ ਬਾਰੇ ਜਾਣੂੰ ਕਰਵਾਇਆ। ਬਇਸ ਮੌਕੇ ਵਿਦਿਆਰਥਣ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਉਨ੍ਹਾਂ ਦੇ ਜੀਵਨ ਦਾ ਇਕ ਵਿਲੱਖਣ ਮੌਕਾ ਸੀ, ਜਿਸ ਨੇ ਉਨ੍ਹਾਂ ਨੂੰ ਪੰਜਾਬ ਦੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੀ ਪ੍ਰਕਿਰਿਆ, ਲੀਡਰਸ਼ਿਪ ਤੇ ਜਨਤਕ ਸੇਵਾਵਾਂ ਦੀਆਂ ਬਾਰੀਕੀਆਂ ਨੂੰ ਸਮਝਣ ਦਾ ਮੌਕਾ ਦਿੱਤਾ ਉਨ੍ਹਾਂ ਨੇ ਇਸ ਅਨੁਭਵ ਨੂੰ ਅਭੁੱਲ ਅਤੇ ਪ੍ਰੇਰਨਾਦਾਇਕ ਦੱਸਿਆ ਅਤੇ ਕਿਹਾ ਕਿ ਇਹ ਉਨ੍ਹਾਂ ਨੂੰ ਆਪਣੇ ਭਵਿੱਖ ਦੇ ਟੀਚੇ ਨਿਰਧਾਰਤ ਕਰਨ ਵਿਚ ਮਦਦ ਕਰੇਗਾ। ਉਨ੍ਹਾਂ ਅੱਜ ਦੇ ਦਿਨ ਨੂੰ ਆਪਣੀ ਜ਼ਿੰਦਗੀ ਦੇ ਯਾਦਗਾਰੀ ਤੇ ਸੁਨਹਿਰੀ ਪਲ ਦੱਸਦਿਆਂ ਕਿਹਾ ਕਿ ਅੱਜ ਉਨ੍ਹਾਂ ਨੂੰ ਜਿੱਥੇ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਬਾਰੇ ਬਹੁਤ ਕੁੱਝ ਸਿੱਖਣ ਨੂੰ ਮਿਲਿਆ ਹੈ, ਉਥੇ ਹੀ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਹੋਰ ਅੱਗੇ ਵਧਣ ਲਈ ਹੱਲਾਸ਼ੇਰੀ ਵੀ ਮਿਲੀ ਹੈ, ਜਿਸ ਨੂੰ ਉਸ ਵੱਲੋਂ ਕਦੇ ਵੀ ਨਹੀਂ ਭੁਲਾਇਆ ਜਾਵੇਗਾ। ਇਸ ਮੌਕੇ ਡੀ.ਐਸ.ਪੀ. ਸਪੈਸ਼ਲ ਕ੍ਰਾਈਮ ਕਰਮਜੀਤ ਸਿੰਘ ਸੰਧਾਂਵਾਲੀਆ, ਵਿਦਿਆਰਥਣ ਸਿਮਰਨਜੋਤ ਕੌਰ ਦੇ ਪਿਤਾ ਸ. ਧੀਰ ਸਿੰਘ ਆਦਿ ਹਾਜ਼ਰ ਸਨ।

# ਸੈਕੰਡਰੀ ਸਕੂਲ ਫੂਲ ਟਾਊਨ ਦੇ ਖਿਡਾਰੀਆਂ ਨੂੰ ਵੰਡੀਆਂ ਸਪੋਰਟਸ ਕਿੱਟਾਂ



ਬਠਿੰਡਾ 6 ਜੁਲਾਈ (ਜਗਸੀਰ ਭੁੱਲਰ): ਪ੍ਰਿੰਸੀਪਲ ਹਰਨੇਕ ਸਿੰਘ ਅਤੇ ਸਕੂਲ ਇੰਚਾਰਜ ਗੁਰਬਖ਼ਸ ਸਿੰਘ ਦੀ ਯੋਗ ਅਗਵਾਈ ਹੇਠ ਰਿਟਾਇਰਡ ਡੀਪੀਈ ਰੂਪ ਸਿੰਘ ਦੇ ਯਤਨਾਂ ਸਦਕਾ ਇਲਾਕੇ ਦੇ ਸਮਾਜਸੇਵੀ ਸੱਜਣਾਂ ਵੱਲੋ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਸਸਸਸ ਫੂਲ ਟਾਊਨ ਲੜਕੇ ਦੇ ਖਿਡਾਰੀਆਂ ਨੂੰ ਸਪੋਰਟਸ ਕਿੱਟਾਂ ਵੰਡੀਆ ਗਈਆ। ਜਿਸ ਬਾਰੇ ਜਾਣਕਾਰੀ ਦਿੰਦਿਆਂ ਹਰਚਰਨ ਸਿੰਘ ਕੰਪਿਊਟਰ ਅਧਿਆਪਕ ਨੇ ਦੱਸਿਆ ਕਿ ਇਸ ਸੰਸਥਾ ਤੋ ਰਿਟਾਇਰਡ ਡੀਪੀਈ ਰੂਪ ਸਿੰਘ ਆਪਣੇ ਸਮੇਂ ਦੇ ਐਥਲੇਟਿਕਸ ਦੇ ਨੈਸ਼ਨਲ ਲੈਵਲ ਦੇ ਖਿਡਾਰੀ ਰਹੇ ਹਨ। ਇਹਨਾਂ ਵੱਲੋ ਹੁਣ ਵੀ ਸਕੂਲ ਦੇ ਗਰਾਊਡ ਵਿੱਚ ਖਿਡਾਰੀਆਂ ਨੂੰ ਐਥਲੈਟਿਕਸ ਅਤੇ ਫੁੱਟਬਾਲ ਦੀ ਤਿਆਰੀ ਕਰਵਾਈ ਜਾਂਦੀ ਹੈ। ਇਹਨਾਂ ਵੱਲੋ ਪਿੰਡ ਦੇ ਐਨ ਆਰ ਆਈ ਅਤੇ ਹੋਰ ਪਤਵੰਤੇ ਸੱਜਣਾਂ ਤੋਂ ਦਾਨ ਇੱਕਠਾ ਕਰਕੇ ਸਕੂਲ ਵਿੱਚ ਟਰੈਕ ਤਿਆਰ ਕਰਵਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਖਿਡਾਰੀਆਂ ਨੂੰ ਖੇਡਾਂ ਨਾਲ ਜੋੜਣ ਲਈ ਇਹਨਾਂ ਦੇ ਯਤਨਾਂ ਸਦਕਾ ਹੀ ਸਮਾਜ ਸੇਵੀ ਜਿਲ੍ਹਾ ਪ੍ਰਧਾਨ ਪੰਜਾਬ ਕਾਂਗਰਸ ਸੇਵਾ ਦਲ ਬਠਿੰਡਾ ਸ੍ਰ ਜਗਮੀਤ ਸਿੰਘ ਬਰਾੜ ਵੱਲੋ 20 ਕਿੱਟਾਂ ਅੰਡਰ 14 ਫੁੱਟਬਾਲ ਟੀਮ ਲਈ, 10 ਕਿੱਟਾਂ ਕਬੱਡੀ 40 ਕਿਲੋ ਲਈ, 10 ਕਿੱਟਾਂ ਕਬੱਡੀ 62 ਕਿਲੋ ਲਈ, ਸੁਖਦਰਸ਼ਨ ਸਿੰਘ ਸੁੱਖੀ ਡੀਪੀਈ ਵੱਲੋ 11 ਕਿੱਟਾਂ ਅੰਡਰ 17 ਫੁੱਟਬਾਲ ਟੀਮ ਲਈ, ਮਨਪ੍ਰੀਤ ਸਿੰਘ ਚਹਿਲ ਜੇ ਈ ਅਤੇ ਗਗਨਦੀਪ ਸਿੰਘ ਵੱਲੋ 20 ਕਿੱਟਾਂ ਪ੍ਰਾਇਮਰੀ ਸਕੂਲ ਦੇ ਖਿਡਾਰੀਆਂ ਨੂੰ ਵੰਡੀਆ ਗਈਆ। ਪ੍ਰਿੰਸੀਪਲ ਹਰਨੇਕ ਸਿੰਘ ਵੱਲੋ ਸਮੂਹ ਦਾਨੀ ਸੱਜਣਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਗਿਆ ਕਿ ਖੇਡਾਂ ਜੀਵਨ ਦਾ ਅਹਿਮ ਅੰਗ ਹਨ। ਹਰ ਇੱਕ ਵਿਦਿਆਰਥੀ ਨੂੰ ਅਨੁਸ਼ਾਸ਼ਨ ਵਿੱਚ ਰਹਿ ਕੇ ਕੋਈ ਨਾ ਕੋਈ ਖੇਡ ਜਰੂਰ ਖੇਡਣੀ ਚਾਹੀਦੀ ਹੈ। ਜਿਸ ਨਾਲ ਮਨ ਅਤੇ ਸਰੀਰ ਤੰਦਰੁਸਤ ਰਹਿੰਦਾ ਹੈ। ਅੱਜ ਕੱਲ ਜ਼ਿਆਦਾਤਰ ਬੱਚੇ ਮੋਬਾਇਲ ਦੀ ਬੇਲੋੜੀ ਵਰਤੋ ਕਰਦੇ ਹਨ। ਜਿਸ ਨਾਲ ਉਹਨਾਂ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਰੁਕ ਜਾਂਦਾ ਹੈ। ਇਸ ਮੌਕੇ ਜਿਲ੍ਹਾ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਸੇਵਾ ਦਲ ਬਠਿੰਡਾ ਜਗਮੀਤ ਸਿੰਘ ਬਰਾੜ ਵਿਸੇਸ਼ ਤੌਰ ਤੇ ਹਾਜ਼ਰ ਹੋਏ, ਉਨ੍ਹਾਂ ਵੱਲੋਂ ਖਿਡਾਰੀਆਂ ਨੂੰ ਸਪੋਰਟਸ ਕਿੱਟਾਂ ਦੀ ਵੰਡ ਕਰਦੇ ਹੋਏ ਕਿਹਾ ਗਿਆ ਕਿ ਉਹ ਸਕੂਲ ਦੇ ਖਿਡਾਰੀਆਂ ਦੀ ਮੱਦਦ ਕਰਨ ਲਈ ਹਮੇਸ਼ਾ ਤਿਆਰ ਹਨ। ਅੰਤ ਵਿੱਚ ਸਕੂਲ ਇੰਚਾਰਜ ਗੁਰਬਖ਼ਸ ਸਿੰਘ ਵੱਲੋ ਸਮੂਹ ਦਾਨੀ ਸੱਜਣਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਖ਼ਤ ਮਿਹਨਤ ਨਾਲ ਕਿਸੇ ਵੀ ਮੰਜਿਲ ਨੂੰ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸ ਮੌਕੇ ਦਲਜੀਤ ਸਿੰਘ ਭੱਟੀ, ਗੁਰਮੀਤ ਸਿੰਘ ਬੁੱਟਰ ਅਤੇ ਸਮੂਹ ਸਕੂਲ ਸਟਾਫ ਮੈਂਬਰਜ਼ ਹਾਜ਼ਰ ਸਨ।

# ਸੀਵਰੇਜ ਬੋਰਡ ਦੇ ਆਊਟਸੋਰਸ ਕਰਮਚਾਰੀ ਹੜਤਾਲ 'ਤੇ

ਧੂਰੀ, 7 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) - ਸ਼ਹਿਰ ਦੀ ਵਾਟਰ ਸਪਲਾਈ ਅਤੇ ਸੀਵਰੇਜ ਸਕੀਮਾਂ 'ਚ ਕੰਮ ਕਰ ਰਹੇ ਆਊਟਸੋਰਸ ਕਰਮਚਾਰੀ 27 ਜੂਨ ਤੋਂ ਕੰਮ ਛੱਡ ਹੜਤਾਲ 'ਤੇ ਹਨ। ਦੱਸਣਯੋਗ ਹੈ ਕਿ ਇਹਨਾਂ ਕਰਮਚਾਰੀਆਂ ਵੱਲੋਂ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਵਿਭਾਗ ਰਾਹੀਂ ਚੱਲ ਰਹੇ ਪ੍ਰੋਜੈਕਟਾਂ ਦੀ ਦੇਖਭਾਲ ਕੀਤੀ ਜਾ ਰਹੀ ਸੀ, ਪਰ ਹੁਣ ਹੜਤਾਲ ਕਾਰਨ ਇਹ ਸੇਵਾਵਾਂ ਠੱਪ ਹੋ ਗਈਆਂ ਹਨ ।ਗੁਰਜੰਟ ਸਿੰਘ ਬੁਗਰਾ ਅਤੇ ਸੰਜੀਵ ਕੁਮਾਰ ਦੀ ਅਗਵਾਈ ਹੇਠ ਕਰਮਚਾਰੀਆਂ ਵੱਲੋਂ ਧੂਰੀ ਵਿੱਚ ਧਰਨਾ ਦਿੱਤਾ ਜਾ ਰਿਹਾ ਹੈ। ਸੰਘਰਸ਼ ਦੀ ਅਗਵਾਈ ਕਰ ਰਹੇ ਆਗੂਆਂ ਨੇ ਦੱਸਿਆ ਕਿ ਉਹ ਲੰਬੇ ਸਮੇਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਆਊਟਸੋਰਸ ਆਧਾਰ 'ਤੇ ਕੰਮ ਕਰ ਰਹੇ ਹਨ, ਜੋ ਅੱਜ ਦੇ ਮਹਿੰਗੇ ਸਮੇਂ ਵਿੱਚ ਗੁਜਾਰਾ ਕਰਨ ਲਈ ਅਸਮਰਥ ਹਨ। ਉਨ੍ਹਾਂ ਮੰਗ ਕੀਤੀ ਕਿ ਉਨ੍ਹਾਂ ਨੂੰ ਜਲਦ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ ਜਾਂ ਫਿਰ ਉਨ੍ਹਾਂ ਨੂੰ 1948 ਐਕਟ ਦੇ ਤਹਿਤ ਘੱਟੋ-ਘੱਟ 35,000 ਮਹੀਨਾ ਤਨਖਾਹ ਦਿੱਤੀ ਜਾਵੇ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਮੰਗਾਂ ਨਾ ਮਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਨਰਾਇਣ ਦੱਤ ਸ਼ਰਮਾ, ਰਾਮ ਆਸਰਾ, ਪਰਦੀਪ ਸਿੰਘ, ਦੀਪਕ ਕੁਮਾਰ, ਹਰਬੰਸ ਸਿੰਘ ਅਤੇ ਨਿੱਕਾ ਸਿੰਘ ਸਮੇਤ ਕਈ ਹੋਰ ਕਰਮਚਾਰੀ ਹਾਜ਼ਰ ਸਨ। ਦੱਸਣਯੋਗ ਹੈ ਕਿ ਬਰਸਾਤਾਂ ਦੇ ਮੌਸਮ ਵਿੱਚ ਵਾਟਰ ਲਾਈਨ ਅਤੇ ਸੀਵਰੇਜ ਪ੍ਰਣਾਲੀ ਦੀ ਰੱਖ-ਰਖਾਅ ਬਹੁਤ ਜ਼ਰੂਰੀ ਹੁੰਦੀ ਹੈ। ਹੜਤਾਲ ਕਾਰਨ ਜੇਕਰ ਤੁਰੰਤ ਕਾਰਵਾਈ ਨਾ ਕੀਤੀ ਗਈ ਤਾਂ ਪਾਣੀ ਨਿਕਾਸ ਦੀ ਵਿਵਸਥਾ ਪ੍ਰਭਾਵਿਤ ਹੋ ਸਕਦੀ ਹੈ ।

# ਕਾਂਗਰਸੀ ਆਗੂ ਜਗਜੀਤ ਸਿੰਘ ਪੰਚ ਸਾਥੀਆਂ ਸਮੇਤ ਅਕਾਲੀ ਦਲ ਚ ਸ਼ਾਮਿਲ



ਭਗਤਾ ਭਾਈ ਕਾ 7 ਜੁਲਾਈ (ਸਵਰਨ ਸਿੰਘ ਭਗਤਾ)ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਅਕਾਲੀ ਦਲ ਚ ਮੁੜ ਸਰਗਰਮ ਹੋਣ ਨਾਲ ਜਿੱਥੇ ਵਰਕਰ ਉਤਸ਼ਾਹਿਤ ਹਨ ਉਥੇ ਹੀ ਮਲੂਕਾ ਦੀਆਂ ਸਰਗਰਮੀਆਂ ਦੇ ਪਾਰਟੀ ਦੇ ਹੱਕ ਚ ਸਾਰਥਿਕ ਨਤੀਜੇ ਸਾਮਣੇ ਆਉਣ ਲੱਗੇ ਹਨ । ਜਿਸ ਦੇ ਤਹਿਤ ਭਗਤਾ ਭਾਈ ਕਾ ਦੇ ਕਾਂਗਰਸੀ ਪਰਿਵਾਰਾਂ ਨੇ ਅੱਜ ਸਿਕੰਦਰ ਸਿੰਘ ਮਲੂਕਾ ਦੀ ਹਾਜ਼ਰੀ ਵਿੱਚ ਅਕਾਲੀ ਦਲ ਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਮੌਜੂਦਾ ਪੰਚ ਜਗਜੀਤ ਸਿੰਘ ਬਾਦਲ,ਗੁਰਜੰਟ ਸਿੰਘ ਫੌਜੀ, ਸੇਵਾਮੁਕਤ ਪ੍ਰਿੰਸੀਪਲ ਹੰਸ ਸਿੰਘ ਸੋਹੀ,ਜੀਤਾ ਸਿੰਘ,ਕੁਲਵਿੰਦਰ ਸਿੰਘ ਆਦਿ ਨੇ ਅਕਾਲੀ ਦਲ ਚ ਸ਼ਮੂਲੀਅਤ ਕੀਤੀ ਇਨ੍ਹਾਂ ਦੇ ਨਾਲ ਨਾਲ ਆਮ ਆਦਮੀ ਪਾਰਟੀ ਦੇ ਰਮਜਾਨ ਖਾਨ ਨੇ ਵੀ ਪਰਿਵਾਰ ਸਮੇਤ ਅਕਾਲੀ ਦਲ ਚ ਸ਼ਾਮਿਲ ਹੋਣ ਦਾ ਐਲਾਨ ਕੀਤਾ ।ਇਸ ਮੌਕੇ ਮਲੂਕਾ ਨੇ ਅਕਾਲੀ ਦਲ ਚ ਸ਼ਾਮਿਲ ਹੋਣ ਵਾਲੇ ਆਗੂਆਂ ਨੂੰ ਸਨਮਾਨਿਤ ਕੀਤਾ। ਮਲੂਕਾ ਨੇ ਕਿਹਾ ਉਹ ਲਗਾਤਾਰ ਪਾਰਟੀ ਵਰਕਰਾਂ ਨਾਲ ਮਿਲ ਰਹੇ ਹਨ ਦੂਜੀਆਂ ਪਾਰਟੀਆਂ ਚ ਸ਼ਾਮਿਲ ਹੋਣ ਵਾਲੇ ਤੇ ਘਰ ਬੈਠੇ ਵਰਕਰਾਂ ਨੂੰ ਮੁੜ ਅਕਾਲੀ ਦਲ ਦਾ ਹਿੱਸਾ ਬਣਾਉਣਾ ਹੀ ਉਨ੍ਹਾਂ ਦੀ ਮੁਢਲੀ ਤਰਜੀਹ ਹੈ ਅਤੇ ਆਉਣ ਵਾਲੇ ਦਿਨਾਂ ਚ ਵੱਖ ਪਿੰਡਾਂ ਅਤੇ ਰਾਮਪੁਰਾ ਸ਼ਹਿਰ ਤੋਂ ਸੈਂਕੜੇ ਪਰਿਵਾਰ ਅਕਾਲੀ ਦਲ ਚ ਸ਼ਾਮਿਲ ਹੋਣਗੇ ਹਲਕਾ ਫੂਲ ਹੀ ਨਹੀਂ ਪੂਰੇ ਸੂਬੇ 'ਚ ਅਕਾਲੀ ਦਲ ਦਾ ਕਾਫ਼ਿਲਾ ਦਿਨੋਂ ਦਿਨ ਵੱਡਾ ਹੋਵੇਗਾ। ਇਸ ਮੌਕੇ ਸਾਬਕਾ ਚੇਅਰਮੈਨ ਗਗਨਦੀਪ ਗਰੇਵਾਲ, ਬੀ.ਸੀ ਵਿੰਗ ਪ੍ਰਧਾਨ ਮਨਜੀਤ ਸਿੰਘ ਧੁੰਨਾ, ਸਾਬਕਾ ਪ੍ਰਧਾਨ ਰਕੇਸ਼ ਗੋਇਲ, ਸੁਖਜਿੰਦਰ ਸਿੰਘ ਖਾਨਦਾਨ, ਸਤਵਿੰਦਰਪਾਲ ਸਿੰਘ ਪਿੰਦਰ,ਜਰਨੈਲ ਸਿੰਘ ਭੋਡੀਪੁਰਾ,ਹਰਦੇਵ ਸਿੰਘ ਗੋਗੀ,ਸੁਖਜਿੰਦਰ ਸਿੰਘ ਖਹਿਰਾ, ਸੁਖਮੰਦਰ ਸਿੰਘ ਭੋਲਾ,ਦਲਜੀਤ ਸਿੰਘ ਸਾਬਕਾ ਸਰਪੰਚ,ਲਾਲੀ ਸਿੰਘ, ਸੁਰਜੀਤ ਸਿੰਘ ਭੁੱਲਰ,ਸੁਖਮੰਦਰ ਸਿੰਘ ਸਹੋਤਾ, ਸਿੰਗਾਰਾ ਸਿੰਘ, ਕੁਲਦੀਪ ਕੌਰ ਬਰਾੜ,ਰਣਜੀਤ ਸਿੰਘ ਪਿਲਾ,ਜੀਤਾ ਸਿੰਘ ਅਤੇ ਮੀਡੀਆ ਇੰਚਾਰਜ ਰਤਨ ਸ਼ਰਮਾਂ ਮਲੂਕਾ ਹਾਜ਼ਰ ਸਨ।

# ਮੋਟਰਾਂ ਦੀਆਂ ਕੇਬਲ ਤਾਰਾਂ ਚੋਰੀ ਕਰਨ ਵਾਲਾ ਗ੍ਰੋਹ ਸਰਗਰਮ,

ਮੂਨਕ 7 ਜੁਲਾਈ (ਸਮਸ਼ੇਰ ਸਿੰਘ ਭੁਟਾਲ ) ਨੇੜਲੇ ਪਿੰਡ ਡੂਡੀਆਂ ਵਿਖੇ ਬੀਤੀ ਰਾਤ ਚੋਰਾਂ ਵੱਲੋਂ ਇੱਕੋ ਏਰੀਏ ਚੋਂ ਤਿੰਨ ਮੋਟਰਾਂ ਦੀਆਂ ਕੇਬਲ ਤਾਰਾਂ ਵੱਢ ਕੇ ਚੋਰੀ ਕਰ ਲਈਆਂ ਗਈਆਂ ਹਨ , ਸਵੇਰੇ ਘਟਨਾ ਦਾ ਪਤਾ ਲੱਗਦਿਆਂ ਹੀ ਕਿਸਾਨਾਂ ਵੱਲੋਂ ਥਾਣਾ ਮੂਨਕ ਪੁੱਜ ਕੇ ਲਿਖਤੀ ਸ਼ਿਕਾਇਤ ਦਿੱਤੀ ਗਈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਬਲਾਕ ਲਹਿਰਾ ਦੇ ਖਜਾਨਚੀ ਲਖਵਿੰਦਰ ਸਿੰਘ ਡੂਡੀਆਂ ਨੇ ਦੱਸਿਆ ਕਿ ਉਨਾਂ ਦੀ ਖੁਦ ਦੀ ਮੋਟਰ ਤੇ ਪੰਚਾਇਤੀ ਜ਼ਮੀਨ ਚ ਲੱਗੀਆਂ ਦੋ ਮੋਟਰਾਂ ਦੀਆਂ ਤਾਰਾਂ ਚੋਰ ਲੰਘੀ ਰਾਤ ਚੋਰੀ ਕਰਕੇ ਲੈ ਗਏ ਹਨ। ਉਨਾਂ ਦੱਸਿਆ ਕਿ ਉਨਾਂ ਦੀ ਮੋਟਰ ਦੇ ਕੋਠੇ ਦੀ ਤਾਕੀ ਦੇ ਲੱਗੇ ਸਰੀਏ ਪੁੱਟ ਕੇ ਸਟਾਰਟਰ ਚੋਂ ਤਾਰਾਂ ਨੂੰ ਖੋਲ ਕੇ ਚੋਰੀ ਕੀਤਾ ਗਿਆ ਹੈ ।ਉਨਾਂ ਕਿਹਾ ਕਿ ਚੋਰਾਂ ਦੇ ਹੌਸਲੇ ਇੰਨੇ ਬੁਲੰਦ ਹਨ ਕਿ ਮਹੀਨਾ ਕੁ ਪਹਿਲਾਂ ਵੀ ਉਨਾਂ ਦੀ ਮੋਟਰ ਸਮੇਤ 6 ਮੋਟਰਾਂ ਦੀਆਂ ਕੇਬਲ ਤਾਰਾਂ ਵੱਢ ਕੇ ਲਏ ਗਏ ਸੀ ਤੇ ਉਸ ਤੋਂ ਪਹਿਲਾਂ ਸਾਡੇ ਨਾਲ ਲੱਗਦੇ ਪਿੰਡ ਭੂਟਾਲ ਖੁਰਦ ਦੇ ਖੇਤਾਂ ਵਿੱਚੋਂ ਵੀ 30 ਤੋਂ ਵੱਧ ਮੋਟਰਾਂ ਦੀਆਂ ਕੇਬਲ ਤਾਰਾਂ ਵੱਢ ਕੇ ਲਏ ਗਏ ਸੀ।ਉਨਾਂ ਕਿਹਾ ਕਿ ਕੇਬਲ ਤਾਰ ਚੋਰੀ ਹੋਣ ਨਾਲ ਜਿੱਥੇ ਕਿਸਾਨ ਨੂੰ ਮੁੜ ਤੋਂ ਹਜ਼ਾਰਾਂ ਰੁਪਏ ਨਵੀਂ ਤਾਰ ਤੇ ਖਰਚਣੇ ਪੈਂਦੇ ਹਨ ਉਥੇ ਹੀ ਮਿਸਤਰੀ ਨੂੰ ਲੇਬਰ ਤੇ ਘੜੂਕੇ ਦਾ ਕਿਰਾਇਆ ਅਲੱਗ ਤੋਂ ਲੱਗਦਾ ਹੈ ।ਉਨਾਂ ਕਿਹਾ ਕਿ ਇਲਾਕੇ ਚ ਬਰਸਾਤ ਨਾ ਹੋਣ ਕਾਰਨ ਖੇਤਾਂ ਚ ਲੱਗੇ ਝੋਨੇ ਨੂੰ ਪੂਰਾ ਪਾਣੀ ਨਹੀਂ ਮਿਲ ਰਿਹਾ ਤੇ ਦੂਸਰੇ ਪਾਸੇ ਚੋਰਾਂ ਵੱਲੋਂ ਕੇਵਲ ਤਾਰਾਂ ਵੱਢ ਲੈਣ ਤੇ ਮੋਟਰਾਂ ਨਹੀਂ ਚੱਲਦੀਆਂ ਜਿਸ ਕਰਕੇ ਪਾਣੀ ਦੀ ਕਮੀਂ ਨਾਲ ਫਸਲਾਂ ਦਾ ਵੀ ਨੁਕਸਾਨ ਹੁੰਦਾ ਹੈ ।ਉਨਾਂ ਕਿਹਾ ਕਿ ਜੇਕਰ ਲਾਈਟ ਆਉਣ ਨਾਲ ਕੇਬਲ ਤਾਰ ਵਢਦੇ ਸਮੇਂ ਚੋਰਾਂ ਦਾ ਕਿਸੇ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਹੁੰਦਾ ਹੈ ਤਾਂ ਉਸਦਾ ਜਿੰਮੇਵਾਰ ਉਹ ਖੁਦ ਤੇ ਪ੍ਰਸ਼ਾਸਨ ਹੋਵੇਗਾ ।ਲਖਵਿੰਦਰ ਸਿੰਘ ਡੂਡੀਆਂ ਨੇ ਕਿਹਾ ਕਿ ਵਾਰ-ਵਾਰ ਕੇਬਲ ਤਾਰਾਂ ਚੋਰੀ ਹੋਣ ਸਬੰਧੀ ਪੁਲਿਸ ਪ੍ਰਸ਼ਾਸਨ ਦੇ ਧਿਆਨ ਚ ਲਿਆਉਣ ਦੇ ਬਾਵਜੂਦ ਵੀ ਪੁਲਿਸ ਪ੍ਰਸ਼ਾਸਨ ਦੇ ਹੱਥ ਖਾਲੀ ਹਨ , ਜੇਕਰ ਪੁਲਿਸ ਪ੍ਰਸ਼ਾਸਨ ਵੱਲੋਂ ਜਾਂਚ ਕਰਕੇ ਕੇਬਲ ਤਾਰਾਂ ਚੋਰੀ ਕਰਨ ਵਾਲੇ ਗ੍ਰੋਹ ਨੂੰ ਕਾਬੂ ਕਰਕੇ ਸਖਤ ਕਾਰਵਾਈ ਨਾ ਕੀਤੀ ਗਈ ਤਾਂ ਜਥੇਬੰਦੀ ਸੰਘਰਸ਼ ਕਰਨ ਤੋਂ ਗੁਰੇਜ਼ ਨਹੀਂ ਕਰੇਗੀ ।ਜੇਕਰ ਪੁਲਿਸ ਪ੍ਰਸ਼ਾਸਨ ਵੱਲੋਂ ਜਾਂਚ ਕਰਕੇ ਕੇਬਲ ਤਾਰਾਂ ਚੋਰੀ ਕਰਨ ਵਾਲੇ ਗ੍ਰੋਹ ਨੂੰ ਕਾਬੂ ਕਰਕੇ ਸਖਤ ਕਾਰਵਾਈ ਨਾ ਕੀਤੀ ਗਈ ਤਾਂ ਜਥੇਬੰਦੀ ਸੰਘਰਸ਼ ਕਰਨ ਤੋਂ ਗੁਰੇਜ਼ ਨਹੀਂ ਕਰੇਗੀ ।

# ਰੋਡਵੇਜ ਕਾਮਿਆਂ ਵਲੋਂ ਸੰਘਰਸ਼ ਪ੍ਰੋਗਰਾਮ ਦੇ ਸਮੱਰਥਨ ਦਾ ਐਲਾਨ



ਸੰਗਰੂਰ 7 ਜੁਲਾਈ (ਅਮਨਜੋਤ ਸਿੰਘ) ਫਾਇਰ ਬ੍ਰਿਗੇਡ ਯੂਨੀਅਨ ਪੰਜਾਬ ਦੀ ਲੀਡਰਸ਼ਿਪ ਵਲੋਂ, ਪੰਜਾਬ ਰੋਡਵੇਜ਼,ਪੱਨਬੱਸ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰ ਯੂਨੀਅਨ ਵਲੋਂ ਜੋ ਆਪਣੇ ਸਰਕਾਰ ਵਿਰੁੱਧ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਜਾਰੀ ਘੋਲ ਦੀ ਹਿਮਾਇਤ ਲਈ ਹੋਰ ਜਥੇਬੰਦੀਆਂ ਦੇ ਨਾਲ ਨਾਲ ਫਾਇਰ ਬ੍ਰਿਗੇਡ ਯੂਨੀਅਨ ਪੰਜਾਬ ਨੂੰ ਅਪੀਲ ਕੀਤੀ ਗਈ ਹੈ, ਫਾਇਰ ਬ੍ਰਿਗੇਡ ਯੂਨੀਅਨ ਪੰਜਾਬ ਇਨ੍ਹਾਂ ਮੁਲਾਜ਼ਮਾਂ ਦੇ ਹੱਕੀ ਸੰਘਰਸ਼ ਦੀ ਹਿਮਾਇਤ ਦਾ ਐਲਾਨ ਕਰਦੀ ਸਰਕਾਰ ਨੂੰ ਰੋਡਵੇਜ਼ ਅਤੇ ਪੀ ਆਰ ਟੀ ਸੀ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਬਿਨਾਂ ਦੇਰੀ ਪ੍ਰਵਾਨ ਕਰਨ ਦੀ ਸੁਣਵਾਈ ਕਰਦੀ ਹੈ ।ਫਾਇਰ ਬ੍ਰਿਗੇਡ ਯੂਨੀਅਨ ਪੰਜਾਬ ਦੇ ਸੂਬਾ ਆਗੂ ਅਮਨਜੋਤ ਸਿੰਘ, ਸਾਹਿਬ ਸਿੰਘ, ਕੁਲਵੰਤ ਸਿੰਘ, ਰਮਨਦੀਪ ਸਿੰਘ, ਹਰਵਿੰਦਰ ਸਿੰਘ ਸਿੰਘ, ਜਗਜੀਤ ਸਿੰਘ, ਸੰਦੀਪ ਸਿੰਘ, ਜਸਵਿੰਦਰ ਸਿੰਘ, ਸਰਬਜੀਤ ਸਿੰਘ, ਸੁਖਦੀਪ ਸਿੰਘ ਧੀਮਾਨ ਅਤੇ ਖੰਨਾ ਟੀਮ ਨੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਦੇ ਆਊਟਸੋਰਸਡ ਮੁਲਾਜ਼ਮ ਵੀ ਹੋਰ ਵਿਭਾਗੀ ਮੁਲਾਜ਼ਮ ਦੀ ਤਰ੍ਹਾਂ ਪੰਜਾਬ ਸਰਕਾਰ ਦੀਆਂ ਕਾਰਪੋਰੇਟ ਘਰਾਣਿਆਂ ਦੀ ਸੇਵਾ ਲਈ ਲਿਆਂਦੀਆਂ ਨੀਤੀਆਂ ਤੋਂ ਪੀੜਤ ਹਨ ਤੇ ਉਹ ਇਨ੍ਹਾਂ ਤਬਾਹਕੁੰਨ ਨੀਤੀਆਂ ਵਿਰੁੱਧ ਸੰਘਰਸ਼ ਦੇ ਰਾਹ ਤੇ ਹਨ ।ਇਸ ਤਰ੍ਹਾਂ ਇਨ੍ਹਾਂ ਮੁਲਾਜ਼ਮ ਸਾਥੀਆਂ ਦਾ ਸੰਘਰਸ਼ ਸਭਦੇ ਸਾਂਝੇ ਦੁਸ਼ਮਣ ਵਿਰੁੱਧ ਸਾਂਝੀਆਂ ਮੰਗਾਂ ਦੀ ਪ੍ਰਾਪਤੀ ਲਈ ਹੈ। ਇਸ ਲਈ ਫਾਇਰ ਬ੍ਰਿਗੇਡ ਯੂਨੀਅਨ ਪੰਜਾਬ, ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਮੁਲਾਜ਼ਮਾਂ ਦੇ ਸੰਘਰਸ਼ ਦਾ ਸਮਰਥਨ ਕਰਨ ਦਾ ਐਲਾਨ ਕਰਦੀ ਹੋਇਆ ਲੋਕ ਦੁਸ਼ਮਣ ਪੰਜਾਬ ਸਰਕਾਰ ਨੂੰ ਚਿਤਾਵਨੀ ਜਾਰੀ ਕਰਦੀ ਹੈ ਕਿ ਸੰਘਰਸ਼ਸ਼ੀਲ ਪੰਜਾਬ ਰੋਡਵੇਜ਼ ਦੇ ਮੁਲਾਜ਼ਮਾਂ ਦੀਆਂ ਤੁਰੰਤ ਗਲਬਾਤ ਕਰਕੇ ਮੰਗਾਂ ਪ੍ਰਵਾਨ ਕਰੇ।ਅਜਿਹਾ ਨਾ ਹੋਣ ਦੀ ਸੂਰਤ ਵਿੱਚ ਯੂਨੀਅਨ ਇਸ ਹਿਮਾਇਤ ਵਿੱਚ ਵਾਧੇ ਲਈ ਮਜਬੂਰ ਹੋਵੇਗਾ ਜਿਸ ਲਈ ਪੰਜਾਬ ਸਰਕਾਰ ਖੁਦ ਜ਼ਿੰਮੇਵਾਰ ਹੋਵੇਗੀ।

# ਬਾਰਿਸ਼ ਦੇ ਪਾਣੀ ਨਾਲ ਭਰਿਆ ਪ੍ਰਾਇਮਰੀ ਸਕੂਲ ਨੰਦਗੜ੍ਹ



ਸਰਦੂਲਗੜ੍ਹ, 7 ਜੁਲਾਈ ( ਲਛਮਣ ਸਿੱਧੂ ):- ਬਾਰਿਸ਼ ਨੇ ਸਿੱਖਿਆ ਕ੍ਰਾਂਤੀ ਦੀ ਪੋਲ ਖੋਲ ਕੇ ਰੱਖ ਦਿੱਤੀ ਸਰਦੂਲਗੜ੍ਹ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੰਦਗੜ੍ਹ ਦੀਆਂ ਤਸਵੀਰਾਂ ਨੇ ਜਿਸ ਵਿੱਚ ਬਾਰਿਸ਼ ਹੋਣ ਦੇ ਨਾਲ ਸਕੂਲ ਦੀ ਬਿਲਡਿੰਗ ਪਾਣੀ ਨਾਲ ਭਰ ਗਈ ਤੇ ਮਜਬੂਰੀ ਬੱਸ ਸਕੂਲ ਦੇ ਵਿੱਚੋਂ ਬੱਚਿਆਂ ਨੂੰ ਛੁੱਟੀ ਕਰਨੀ ਪਈ ਪਿੰਡ ਵਾਸੀਆਂ ਨੇ ਦੱਸਿਆ ਕਿ ਜਦੋਂ ਵੀ ਬਾਰਿਸ਼ ਆਉਂਦੀ ਹੈ ਤਾਂ ਇਸ ਸਕੂਲ ਛੱਪੜ ਦਾ ਰੂਪ ਧਾਰਨ ਕਰ ਲੈਂਦਾ ਹੈ ਉਹਨਾਂ ਦੱਸਿਆ ਕਿ ਇੱਕ ਪਾਸੇ ਸਰਕਾਰ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦਾ ਪੱਧਰ ਉੱਚਾ ਚੁੱਕਣ ਦੇ ਦਾਅਵੇ ਕਰ ਰਹੀ ਹੈ ਪਰ ਦੂਸਰੇ ਪਾਸੇ ਇਸ ਸਕੂਲ ਦੀ ਬਿਲਡਿੰਗ ਨੂੰ ਉੱਚਾ ਚੁੱਕਣ ਦੇ ਲਈ ਅਤੇ ਇਸਦੀ ਹਾਲਤ ਨੂੰ ਸੁਧਾਰਨ ਦੇ ਲਈ ਕਈ ਵਾਰ ਜਿਲਾ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਐਸਟੀਮੇਟ ਬਣਾ ਕੇ ਦੇ ਚੁੱਕੇ ਹਾਂ ਪਰ ਇਸ ਸਕੂਲ ਵੱਲ ਅਜੇ ਤੱਕ ਸਰਕਾਰ ਦੀ ਸਵੱਲੀ ਨਜ਼ਰ ਨਹੀਂ ਗਈ ਉਹਨਾਂ ਕਿਹਾ ਕਿ ਪਾਣੀ ਭਰ ਜਾਣ ਕਾਰਨ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਇਸ ਲਈ ਛੁੱਟੀ ਕਰ ਦਿੱਤੀ ਜਾਂਦੀ ਹੈ ਤਾਂ ਕਿ ਕੋਈ ਬਿਲਡਿੰਗ ਨਾ ਡਿੱਗ ਪਵੇ ਜਾਂ ਫਿਰ ਬਿਲਡਿੰਗ ਦੇ ਵਿੱਚ ਕਰੰਟ ਆਣ ਕਾਰਨ ਕੋਈ ਹਾਦਸਾ ਨਾ ਵਾਪਰ ਜਾਵੇ ਉਹਨਾਂ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਤੁਰੰਤ ਸਕੂਲ ਦੀ ਬਿਲਡਿੰਗ ਦੀ ਹਾਲਤ ਸੁਧਾਰੀ ਜਾਵੇ ਤਾਂ ਕਿ ਆਉਣ ਵਾਲੇ ਸਮੇਂ ਦੇ ਵਿੱਚ ਬੱਚੇ ਆਪਣੀ ਚੰਗੇਰੀ ਪੜ੍ਹਾਈ ਕਰ ਸਕਣ। ਇਸ ਮੌਕੇ ਮਨਪ੍ਰੀਤ ਸਿੰਘ ਮੰਟਾ ਨੰਬਰਦਾਰ/ਸਰਪੰਚ , ਸੁਰਿੰਦਰ ਕੁਮਾਰ, ਗੁਰਪਿਆਰ ਸਿੰਘ, ਹਰਵਿੰਦਰ ਸਿੰਘ ਕਾਕਾ ਆਦਿ ਮੌਕੇ 'ਤੇ ਮੌਜੂਦ ਸਨ

# ਬੈਗਲੈੱਸ ਡੇ ਮਨਾਇਆ ਗਿਆ



ਮੂਨਕ,7 ਜੁਲਾਈ ( ਸਮਸ਼ੇਰ ਸਿੰਘ ਭੁਟਾਲ) : ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀਆਂ ਹਦਾਇਤਾ ਅਨੁਸਾਰ ਸਕੂਲ ਮੁੱਖੀ ਸ੍ਰੀ ਸੰਦੀਪ ਸਿੰਘ ਦੀ ਅਗਵਾਈ ਹੇਠ ਸਕੂਲ ਵਿੱਚ ਬੈਗਲੈੱਸ ਡੇ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ। ਇਸ ਦਿਨ ਦੇ ਮੌਕੇ 'ਤੇ ਵਿਦਿਆਰਥੀਆਂ ਨੂੰ ਬੈਗ ਤੋਂ ਮੁਕਤ ਰੱਖ ਕੇ ਸਿੱਖਣ ਦੇ ਨਵੇਂ ਤਰੀਕਿਆਂ ਨਾਲ ਜੋੜਿਆ ਗਿਆ। ਸ੍ਰੀ ਸੰਦੀਪ ਸਿੰਘ ਨੇ ਦੱਸਿਆ ਹੈ ਕਿ ਬੈਗਲੈੱਸ ਡੇ ਦਾ ਮਕਸਦ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਬੋਝ ਤੋਂ ਰਹਿਤ ਕਰਨਾ ਅਤੇ ਉਹਨਾਂ ਨੂੰ ਰਚਨਾਤਮਕ, ਆਨੰਦਦਾਇਕ ਅਤੇ ਤਜਰਬੇ-ਆਧਾਰਿਤ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕਰਨਾ ਹੈ। ਇਸ ਦਿਨ ਵਿਦਿਆਰਥੀਆਂ ਨੇ ਕਈ ਗਤੀਵਿਧੀਆਂ ਜਿਵੇਂ ਕਿ ਵਿਦਿਅਕ ਗਤੀਵਿਧੀਆਂ ਜਿਵੇਂ ਚਾਰਟ ਮੁਕਾਬਲਾ ਕਰਵਾਇਆ ਗਿਆ ਅੱਵਲ ਆਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ ਲੈਕਚਰਾਰ ਮਲਕੀਤ ਸਿੰਘ ਅਤੇ ਨਰਿੰਦਰ ਕੌਰ ਨੇ ਵੀ ਇਸ ਮੌਕੇ ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਸ ਸ਼ਲਾਘਨੀਯ ਕਦਮ ਲਈ ਵਧਾਈ ਦਿੱਤੀ ਕਿ ਸਕੂਲ ਦੀ ਇਹ ਕੋਸ਼ਿਸ਼ ਹੈ ਕਿ ਅਜਿਹੇ ਦਿਨਾਂ ਰਾਹੀਂ ਵਿਦਿਆਰਥੀਆਂ ਨੂੰ ਮਾਨਸਿਕ ਅਤੇ ਸਾਰੇ ਪੱਖਾਂ ਤੋਂ ਵਿਕਸਤ ਕਰਨ ਦੇ ਮੌਕੇ ਪ੍ਰਦਾਨ ਕੀਤੇ ਜਾਣ। ਅਤੇ ਅੰਤ ਵਿੱਚ ਬੱਚਿਆਂ ਨੂੰ ਕੇਲੇ ਵੰਡੇ ਗਏ ਇਸ ਮੌਕੇ ਸ੍ਰੀ ਕਰਨੈਲ ਸਿੰਘ ਸ੍ਰੀ ਰਾਜ ਸਿੰਘ ਸਿੰਘ ਸ੍ਰੀ ਮੇਜਰ ਸਿੰਘ ਸ੍ਰੀ ਯਸ਼ਪ੍ਰੀਤ ਸਿੰਘ ਅਤੇ ਸਮੂਹ ਸਟਾਫ਼ ਹਾਜ਼ਿਰ ਸੀ

# ਬਠਿੰਡਾ 'ਚ ਮਿਲੀਆਂ ਤਿੰਨ ਲਾਸ਼ਾਂ, ਪੁਲਿਸ ਜਾਂਚ 'ਚ ਜੁਟੀ



ਬਠਿੰਡਾ, 7 ਜੁਲਾਈ (ਦੀਪਕ ਸ਼ਰਮਾ)ਐਤਵਾਰ ਨੂੰ ਸ਼ਹਿਰ ਵਿੱਚੋਂ ਵੱਖ-ਵੱਖ ਥਾਵਾਂ ਤੋਂ ਤਿੰਨ ਲਾਸ਼ਾਂ ਬਰਾਮਦ ਹੋਈਆਂ ਹਨ। ਪੁਲਿਸ ਨੇ ਤਿੰਨਾਂ ਮਾਮਲਿਆਂ 'ਚ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ ।ਜਾਣਕਾਰੀ ਅਨੁਸਾਰ ਐਤਵਾਰ ਰਾਤ ਗੋਨੀਆਣਾ ਰੋਡ 'ਤੇ ਝੀਲ ਨੰਬਰ 2 ਦੇ ਨੇੜੇ ਖੜ੍ਹੇ ਇੱਕ ਟਰੱਕ ਦੇ ਕੈਬਿਨ ਵਿੱਚੋਂ ਇੱਕ ਵਿਅਕਤੀ ਦੀ ਲਾਸ਼ ਮਿਲੀ, ਜਿਸ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ। ਸੂਚਨਾ ਮਿਲਦਿਆਂ ਹੀ ਸਹਾਰਾ ਜਨ ਸੇਵਾ ਦੀ ਲਾਈਫ ਸੇਵਿੰਗ ਬ੍ਰਿਗੇਡ ਹੈਲਪਲਾਈਨ ਟੀਮ ਦੇ ਮੈਂਬਰ ਸੰਦੀਪ ਗਿੱਲ ਅਤੇ ਕਿਸ਼ਨ ਥਾਪਰ ਐਂਬੂਲੈਂਸ ਸਮੇਤ ਮੌਕੇ 'ਤੇ ਪਹੁੰਚੇ।ਉਨ੍ਹਾਂ ਦੇਖਿਆ ਕਿ ਟਰੱਕ ਦੇ ਕੈਬਿਨ ਵਿੱਚ ਇੱਕ ਵਿਅਕਤੀ ਦੀ ਉਲਟੇ ਮੂੰਹ ਲਾਸ਼ ਪਈ ਸੀ ।ਸਹਾਰਾ ਟੀਮ ਵੱਲੋਂ ਮਾਮਲੇ ਦੀ ਜਾਣਕਾਰੀ ਥਾਣਾ ਥਰਮਲ ਪੁਲਿਸ ਨੂੰ ਦਿੱਤੀ ਗਈ।ਥਾਣਾ ਥਰਮਲ ਦੇ ਪੁਲਿਸ ਅਧਿਕਾਰੀ, ਡੀ.ਐਸ.ਪੀ. ਸਿਟੀ 2 ਅਤੇ ਫੋਰੈਂਸਿਕ ਟੀਮ ਵੀ ਘਟਨਾ ਸਥਾਨ 'ਤੇ ਜਾਂਚ ਲਈ ਪਹੁੰਚੀ। ਆਸ-ਪਾਸ ਦੇ ਲੋਕਾਂ ਨੇ ਦੱਸਿਆ ਕਿ ਇਹ ਟਰੱਕ ਸਵੇਰ ਤੋਂ ਇੱਥੇ ਖੜ੍ਹਾ ਸੀ ਅਤੇ ਬਿਸਕੁਟ ਉਤਾਰ ਕੇ ਆਇਆ ਸੀ। ਸਹਾਰਾ ਟੀਮ ਨੇ ਕੈਬਿਨ ਵਿੱਚ ਜਾ ਕੇ ਲਾਸ਼ ਨੂੰ ਸਿੱਧਾ ਕੀਤਾ ਅਤੇ ਚਾਦਰ ਵਿੱਚ ਲਪੇਟ ਕੇ ਹੇਠਾਂ ਉਤਾਰਿਆ ।ਪੁਲਿਸ ਕਾਰਵਾਈ ਤੋਂ ਬਾਅਦ, ਸਹਾਰਾ ਜਨ ਸੇਵਾ ਟੀਮ ਦੀ ਮਦਦ ਨਾਲ ਲਾਸ਼ ਨੂੰ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਪਹੁੰਚਾਇਆ ਗਿਆ, ਜਿੱਥੇ ਲਾਸ਼ ਨੂੰ ਸੁਰੱਖਿਅਤ ਰੱਖ ਦਿੱਤਾ ਗਿਆ ਹੈ। ਮ੍ਰਿਤਕ ਦੇ ਕੋਲੋਂ ਮਿਲੇ ਆਧਾਰ ਕਾਰਡ ਅਨੁਸਾਰ ਉਸ ਦੀ ਪਛਾਣ ਰਵੀ ਸੈਣੀ ਪੁੱਤਰ ਜਸਵਿੰਦਰ ਲਾਲ ਸੈਣੀ, ਵਾਸੀ ਹਿਮਾਚਲ ਪ੍ਰਦੇਸ਼ ਵਜੋਂ ਹੋਈ ਹੈ। ਮ੍ਰਿਤਕ ਦੀ ਮੌਤ ਕਿਵੇਂ ਹੋਈ, ਇਸ ਦਾ ਪਤਾ ਪੋਸਟਮਾਰਟਮ ਰਿਪੋਰਟ ਤੋਂ ਬਾਅਦ ਹੀ ਚੱਲੇਗਾ। ਫਿਲਹਾਲ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਬਠਿੰਡਾ ਪਹੁੰਚਣ ਤੋਂ ਬਾਅਦ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ ।ਇਸੇ ਤਰ੍ਹਾਂ ਐਤਵਾਰ ਰਾਤ ਇੱਕ ਹੋਰ ਘਟਨਾ ਵਿੱਚ, ਨਥਾਣਾ ਰੋਡ 'ਤੇ ਪੈਂਦੇ ਪਿੰਡ ਤੁੰਗਵਾਲੀ ਦੇ ਸੂਏ ਵਿੱਚੋਂ ਇੱਕ ਵਿਅਕਤੀ ਦੀ ਲਾਸ਼ ਬਰਾਮਦ ਹੋਈ। ਸੂਚਨਾ ਮਿਲਣ 'ਤੇ ਸਹਾਰਾ ਜਨ ਸੇਵਾ ਦੇ ਕਾਰਕੁਨ ਵਿੱਕੀ ਕੁਮਾਰ ਰਾਤ ਨੂੰ ਪਿੰਡ ਤੁੰਗਵਾਲੀ ਪਹੁੰਚੇ, ਜਿੱਥੇ ਪੁਲਿਸ ਟੀਮ ਪਹਿਲਾਂ ਹੀ ਮੌਜੂਦ ਸੀ ।ਸਹਾਰਾ ਟੀਮ ਨੇ ਲਾਸ਼ ਨੂੰ ਬਾਹਰ ਕੱਢਿਆ। ਲਾਸ਼ ਇੱਕ ਅਣਪਛਾਤੇ ਬਜ਼ੁਰਗ ਵਿਅਕਤੀ ਦੀ ਸੀ, ਜਿਸ ਦੇ ਕੋਲੋਂ 2800 ਰੁਪਏ ਵੀ ਮਿਲੇ। ਮ੍ਰਿਤਕ ਕੋਲੋਂ ਅਜਿਹੀ ਕੋਈ ਚੀਜ਼ ਨਹੀਂ ਮਿਲੀ, ਜਿਸ ਨਾਲ ਉਸ ਦੀ ਪਛਾਣ ਹੋ ਸਕੇ। ਸਹਾਰਾ ਟੀਮ ਨੇ ਪੁਲਿਸ ਕਾਰਵਾਈ ਤੋਂ ਬਾਅਦ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਪਹੁੰਚਾਇਆ, ਜਿੱਥੇ ਲਾਸ਼ ਨੂੰ ਸੁਰੱਖਿਅਤ ਰੱਖ ਦਿੱਤਾ ਗਿਆ ਹੈ। ਦੱਸ ਦੇਈਏ ਕਿ ਇਹ ਸੂਆ ਰਾਮਪੁਰਾ ਵੱਲੋਂ ਨਹਿਰ ਤੋਂ ਆਉਂਦਾ ਹੈ।ਸਹਾਰਾ ਟੀਮ ਵੱਲੋਂ ਮ੍ਰਿਤਕ ਬਜ਼ੁਰਗ ਦੀ ਪਛਾਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ ।ਇਸੇ ਤਰ੍ਹਾਂ, ਸਥਾਨਕ ਠੰਡੀ ਸੜਕ 'ਤੇ ਰੇਲਵੇ ਦੇ ਖੰਡਰ ਕਮਰੇ ਵਿੱਚੋਂ ਇੱਕ ਅਣਪਛਾਤੇ ਵਿਅਕਤੀ ਦੀ ਬਾਥਰੂਮ ਵਿੱਚੋਂ ਨਗਨ ਲਾਸ਼ ਬਰਾਮਦ ਹੋਈ। ਸੂਚਨਾ ਮਿਲਣ 'ਤੇ ਸਹਾਰਾ ਜਨ ਸੇਵਾ ਦੀ ਹੈਲਪਲਾਈਨ ਟੀਮ ਦੇ ਮੈਂਬਰ ਸੰਦੀਪ ਸਿੰਘ ਗਿੱਲ ਅਤੇ ਕਿਸ਼ਨ ਥਾਪਰ ਘਟਨਾ ਸਥਾਨ 'ਤੇ ਪਹੁੰਚੇ ਅਤੇ ਦੇਖਿਆ ਕਿ ਖੰਡਰ ਕਮਰੇ ਦੇ ਬਾਥਰੂਮ ਵਿੱਚ ਇੱਕ ਵਿਅਕਤੀ ਨਗਨ ਹਾਲਤ ਵਿੱਚ ਮ੍ਰਿਤਕ ਪਿਆ ਸੀ ।ਸਹਾਰਾ ਟੀਮ ਨੇ ਉਸ ਵਿਅਕਤੀ ਦੇ ਸਰੀਰ 'ਤੇ ਚਾਦਰ ਪਾਈ ਅਤੇ ਥਾਣਾ ਕੈਨਾਲ ਕਾਲੋਨੀ ਪੁਲਿਸ ਨੂੰ ਸੂਚਨਾ ਦਿੱਤੀ।ਥਾਣਾ ਕੈਨਾਲ ਪੁਲਿਸ ਕੁਝ ਸਮੇਂ ਬਾਅਦ ਪਹੁੰਚੀ ਅਤੇ ਘਟਨਾ ਦੀ ਜਾਂਚ ਕੀਤੀ। ਸਹਾਰਾ ਟੀਮ ਨੇ ਮ੍ਰਿਤਕ ਬਜ਼ੁਰਗ ਵਿਅਕਤੀ ਨੂੰ ਚਾਦਰ ਵਿੱਚ ਲਪੇਟ ਕੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਪਹੁੰਚਾਇਆ। ਲਾਸ਼ ਨੂੰ ਸੁਰੱਖਿਅਤ ਰੱਖ ਦਿੱਤਾ ਗਿਆ ਹੈ ਅਤੇ ਪਛਾਣ ਲਈ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਲੋਕਾਂ ਨੇ ਦੱਸਿਆ ਕਿ ਇਹ ਵਿਅਕਤੀ ਪਿਛਲੇ ਕਾਫੀ ਸਮੇਂ ਤੋਂ ਇਸੇ ਟੁੱਟੇ ਹੋਏ ਕਮਰੇ ਵਿੱਚ ਰਹਿੰਦਾ ਸੀ, ਪਰ ਕਿਸੇ ਨੂੰ ਕੁਝ ਨਹੀਂ ਪਤਾ ਸੀ ਕਿ ਉਹ ਕੀ ਕਰਦਾ ਸੀ।ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਅਮਨਦੀਪ ਕੌਰ ਦੀ ਜ਼ਮਾਨਤ ਦੀ ਅਰਜ਼ੀ ਖਾਰਜ

ਬਠਿੰਡਾ, 7 ਜੁਲਾਈ (ਦੀਪਕ ਸ਼ਰਮਾ) ਨਸ਼ਾ ਤਸਕਰੀ ਮਾਮਲੇ ਵਿੱਚ ਚਰਚਾ ਵਿੱਚ ਰਹੀ ਪੰਜਾਬ ਪੁਲਿਸ ਦੀ ਬਰਖਾਸਤ ਮਹਿਲਾ ਕਾਂਸਟੇਬਲ ਤੇ 'ਥਾਰ ਵਾਲੀ ਬੀਬੀ' ਵਜੋਂ ਜਾਣੀ ਜਾਂਦੀ ਅਮਨਦੀਪ ਕੌਰ ਨੂੰ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿੱਚ ਵੱਡਾ ਝਟਕਾ ਲੱਗਾ ਹੈ।ਵਿਜੀਲੈਂਸ ਵੱਲੋਂ ਦਰਜ ਕੀਤੇ ਗਏ ਕੇਸ ਵਿੱਚ ਉਸ ਦੀ ਜ਼ਮਾਨਤ ਪਟੀਸ਼ਨ ਅਦਾਲਤ ਨੇ ਖਾਰਜ ਕਰ ਦਿੱਤੀ ਹੈ। ਫਿਲਹਾਲ ਅਮਨਦੀਪ ਕੌਰ ਬਠਿੰਡਾ ਜੇਲ੍ਹ ਵਿੱਚ ਬੰਦ ਹੈ। ਉਸ ਨੂੰ ਵਿਜੀਲੈਂਸ ਬਿਊਰੋ ਬਠਿੰਡਾ ਦੀ ਟੀਮ ਨੇ ਬੀਤੀ 26 ਮਈ ਨੂੰ ਬਾਦਲ ਪਿੰਡ ਵਿੱਚ ਇੱਕ ਮਸ਼ਹੂਰ ਗਾਇਕ ਦੇ ਘਰੋਂ ਗ੍ਰਿਫਤਾਰ ਕੀਤਾ ਸੀ। ਗ੍ਰਿਫ਼ਤਾਰੀ ਤੋਂ ਬਾਅਦ ਉਹ ਵਿਜੀਲੈਂਸ ਦੀ ਪੁਲਿਸ ਰਿਮਾਂਡ 'ਤੇ ਵੀ ਸੀ, ਪਰ ਅਚਾਨਕ ਤਬੀਅਤ ਖਰਾਬ ਹੋਣ ਕਾਰਨ ਉਸ ਨੂੰ ਏਮਜ਼ ਹਸਪਤਾਲ ਬਠਿੰਡਾ ਵਿੱਚ ਭਰਤੀ ਕਰਵਾਇਆ ਗਿਆ ਸੀ। ਇਸ ਤੋਂ ਬਾਅਦ ਵਿਜੀਲੈਂਸ ਦੀ ਮੰਗ 'ਤੇ ਹੀ ਅਦਾਲਤ ਨੇ ਉਸ ਨੂੰਨਿਆਂਇਕ ਹਿਰਾਸਤ ਵਿੱਚ ਬਠਿੰਡਾ ਜੇਲ੍ਹ ਭੇਜ ਦਿੱਤਾ ਸੀ। ਜਿੱਥੋਂ ਉਸ ਨੇ ਇਹ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਸੀ, ਪਰ ਹੁਣ ਅਦਾਲਤ ਨੇ ਉਸ ਦੀ ਪਟੀਸ਼ਨ ਖਾਰਜ ਕਰ ਦਿੱਤੀ ਹੈ ।ਜ਼ਿਕਰਯੋਗ ਹੈ ਕਿ ਪੰਜਾਬ ਪੁਲਿਸ ਦੀ ਏ.ਐਨ.ਟੀ.ਐਫ. ਟੀਮ ਨੇ ਜ਼ਿਲ੍ਹਾ ਪੁਲਿਸ ਦੀ ਮਦਦ ਨਾਲ ਕਾਲੀ ਥਾਰ 'ਤੇ ਸਵਾਰ ਅਮਨਦੀਪ ਕੌਰ ਨੂੰ ਬਾਦਲ ਰੋਡ ਤੋਂ ਗ੍ਰਿਫਤਾਰ ਕੀਤਾ ਸੀ, ਜਿਸ ਕੋਲੋਂ 17.71 ਗ੍ਰਾਮ ਚਿੱਟਾ ਬਰਾਮਦ ਹੋਇਆ ਸੀ। ਇਸ ਦੇ ਚਲਦਿਆਂ ਡੀ.ਜੀ.ਪੀ. ਨੇ ਉਸ ਨੂੰ ਅਗਲੇ ਹੀ ਦਿਨ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਸੀ।

# ਫੂਡ ਸੇਫ਼ਟੀ ਟੀਮ ਵੱਲੋਂ ਖਾਧ ਪਦਾਰਥਾਂ ਦੀ ਜਾਂਚ, ਫੂਡ ਸਪਲੀਮੈਂਟ ਸਟੋਰਾਂ ਤੋਂ ਲਏ ਸੈਂਪਲ



ਬਰਨਾਲਾ, 7 ਜੁਲਾਈ (ਹਿਮਾਂਸ਼ੂ ਗਰਗ):ਸਿਹਤ ਵਿਭਾਗ ਬਰਨਾਲਾ ਦੀ ਫੂਡ ਸੇਫ਼ਟੀ ਟੀਮ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਟੀ. ਬੈਨਿਥ ਦੇ ਦਿਸ਼ਾ ਨਿਰਦੇਸ਼ ਅਤੇ ਡਾ. ਬਲਜੀਤ ਸਿੰਘ ਸਿਵਲ ਸਰਜਨ ਬਰਨਾਲਾ ਦੀ ਅਗਵਾਈ ਹੇਠ ਜ਼ਿਲ੍ਹੇ ਵਿਚ ਖਾਣ ਪੀਣ ਵਾਲੀਆਂ ਚੀਜ਼ਾਂ ਦੀ ਗੁਣਵੱਤਾ ਚੈੱਕ ਕਰਨ ਲਈ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਸਿਹਤ ਵਿਭਾਗ ਬਰਨਾਲਾ ਦੀ ਫੂਡ ਸੇਫ਼ਟੀ ਟੀਮ ਵੱਲੋਂ ਡਾ. ਜਸਪ੍ਰੀਤ ਸਿੰਘ ਜ਼ਿਲ੍ਹਾ ਸਿਹਤ ਅਫ਼ਸਰ ਬਰਨਾਲਾ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਸੈਂਪਲਿੰਗ ਕੀਤੀ ਗਈ।

ਇਸ ਸਬੰਧੀ ਮੈਡਮ ਸੀਮਾ ਰਾਣੀ ਫੂਡ ਸੇਫ਼ਟੀ ਅਫ਼ਸਰ ਨੇ ਦੱਸਿਆ ਕਿ ਟੀਮ ਵਲੋਂ ਸ਼ਹਿਰ ਦੇ ਵੱਖ ਵੱਖ ਫੂਡ ਸਪਲੀਮੈਂਟ ਸਟੋਰਾਂ ਤੋਂ 3 ਫੂਡ ਸਪਲੀਮੈਂਟ ਦੇ ਸੈਂਪਲ ਲਏ ਗਏ।

ਮੈਡਮ ਸੀਮਾ ਨੇ ਦੱਸਿਆ ਕਿ ਇਹ ਸੈਂਪਲਿੰਗ ਮਾਰਕਿਟ ਵਿੱਚ ਘਟੀਆ ਮਿਆਰ ਅਤੇ ਨਕਲੀ ਵਿਕਣ ਵਾਲੇ ਫੂਡ ਸਪਲੀਮੈਂਟਾਂ ਦੀ ਜਾਂਚ ਕਰਨ ਲਈ ਕੀਤੀ ਗਈ ਹੈ ਤਾਂ ਜੋ ਆਮ ਲੋਕਾਂ ਤੱਕ ਉੱਚ ਮਿਆਰ ਦੇ ਸਪਲੀਮੈਂਟ ਮੁਹੱਈਆ ਹੋ ਸਕਣ ਅਤੇ ਆਮ ਲੋਕਾਂ ਨੂੰ ਗੁੰਮਰਾਹ ਕਰਨ ਵਾਲੇ ਸਪਲੀਮੈਂਟ ਸਟੋਰਾਂ ਨੂੰ ਨੱਥ ਪਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ 3 ਹੋਰ ਸੈਂਪਲ ਜਿਸ ਵਿੱਚ 1 ਘਿਓ ਅਤੇ 2 ਪਨੀਰ ਦੇ ਲਏ ਗਏ ਹਨ। ਸਾਰੇ ਸੈਂਪਲ ਸੀਲ ਕਰਨ ਉਪਰੰਤ ਫੂਡ ਐਨਾਲਿਸਟ ਪੰਜਾਬ ਖਰੜ ਲੈਬ ਵਿਖੇ ਭੇਜੇ ਜਾ ਚੁੱਕੇ ਹਨ ਜਿਨ੍ਹਾਂ ਦੀਆਂ ਨਤੀਜਾ ਰਿਪੋਰਟਾਂ ਆਉਣ ਉਪਰੰਤ ਫੂਡ ਸੇਫ਼ਟੀ ਐਕਟ ਅਧੀਨ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਜੋਗੀ ਨਾਥ ਬਰਾਦਰੀ ਦੀ ਕਮੇਟੀ ਦਾ ਗਠਨ



ਭਦੌੜ, 7 ਜੁਲਾਈ (ਸੁਖਵਿੰਦਰ ਪਲਾਹਾ): ਜੋਗੀ ਬਰਾਦਰੀ ਦੇ ਚੇਅਰਮੈਨ ਅਸ਼ੋਕੀ ਭਲਵਾਨ ਭਦੌੜ ਦੀ ਅਗਵਾਈ ਵਿਚ ਜੋਗੀ ਨਾਥ ਬਿਰਾਦਰੀ ਦੁਆਰਾ ਇੱਕ ਕਮੇਟੀ ਦਾ ਸੰਗਠਨ ਕੀਤਾ ਗਿਆ, ਜਿਸ ਵਿਚ ਸਰਬ ਸੰਮਤੀ ਨਾਲ ਬਲਵਿੰਦਰ ਨਾਥ ਨੂੰ ਪ੍ਰਧਾਨ ਚੁਣਿਆ ਗਿਆ। ਉਪਰੰਤ ਬੁਲਾਰਿਆਂ ਨੇ ਦੱਸਿਆ ਕਿ ਜੋਗੀ ਬਿਰਾਦਰੀ ਅੰਦਰ ਵਿਵਾਹਿਕ ਲੜਕੀਆਂ ਜਾਂ ਉਨ੍ਹਾਂ ਨਾਲ ਹੋਰ ਆਉਂਦੀਆਂ ਸਮੱਸਿਆਵਾਂ ਪੂਰੀ ਚੰਗੀ ਤਰ੍ਹਾਂ ਉਪਰੰਤ ਪੁਲਿਸ ਥਾਣਿਆਂ ਤੋਂ ਬਿਨਾਂ ਜੋਗੀ ਬਰਾਦਰੀ ਵਿਚ ਹੀ ਉਨ੍ਹਾਂ ਦਾ ਸਮਝੌਤਾ ਕਰਵਾਇਆ ਜਾਵੇਗਾ । ਅਸ਼ੋਕ ਭਲਵਾਨ ਨੇ ਕਿਹਾ ਕਿ ਜੋ ਪਹਿਲਾਂ ਸਾਡੇ ਬਜ਼ੁਰਗਾਂ ਦੀ ਪ੍ਰੰਪਰਾ ਚਲਾਈ ਗਈ ਸੀ ਜੋਗੀ ਬਰਾਦਰੀ ਦੀਆਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਸਾਡੀਆਂ ਪੰਚਾਇਤਾਂ ਕਰਦੀਆਂ ਸਨ ਅਸੀਂ ਪੰਚਾਇਤ ਦੁਬਾਰਾ ਕੀਤਾ ਗਿਆ ਪੰਚਾਇਤੀ ਫੈਸਲਾ ਲਾਗੂ ਕਰਾਂਗੇ। ਇਸ ਸਮੇਂ ਇਸ ਕਮੇਟੀ ਵਿਚ ਪੰਜਾਬ ਪ੍ਰਧਾਨ ਮੇਵਾ ਸਿੰਘ ਤੋਂ ਇਲਾਵਾ ਪੂਰੇ ਪੰਜਾਬ ਦੀਆਂ ਵੱਖ ਵੱਖ ਪੰਚਾਇਤਾਂ ਨੇ ਸ਼ਿਰਕਤ ਕੀਤੀ ਜਿਸ ਵਿਚ ਅਸ਼ੋਕ ਕੁਮਾਰ ਭਲਵਾਨ ਨੂੰ ਚੇਅਰਮੈਨ, ਬਲਵਿੰਦਰ ਨਾਥ ਪ੍ਰਧਾਨ, ਪੱਪੂ ਨਾਥ ਮੀਤ ਪ੍ਰਧਾਨ ,ਸਲੀਮ ਨਾਥ ਸਰਪੰਚ ਜੋਗੀ ਬਰਾਦਰੀ, ਕਰਮਨਾਥ ਕੰਮਾ ਖਜਾਨਚੀ, ਰਮੇਸ਼ ਨਾਥ ਸਹਾਇਕ ਖਜਾਨਚੀ ,ਵਸੀਰ ਖਾਨ ਸਲਾਹਕਾਰ, ਸੋਨੀ ਨਾਥ ਸਹਾਇਕ ਸਲਾਹਕਾਰ ,ਸੋਮੀ ਕਲਿਆਣ ਅਤੇ ਸੁੱਖੀਨਾਥ ਸੈਕਟਰੀ, ਜੰਗਨਾਥ ਗਣੇਸ਼ ਨਾਥ ਜਰਨਲ ਸੈਕਟਰੀ ,ਨਾਨਕ ਸਿੰਘ ਜਗਤਨਾਥ ਪ੍ਰੈਸ ਸਕੱਤਰ, ਭੂਲਾ ਸਿੰਘ ਪ੍ਰੈਸ ਸਕੱਤਰ ,ਸਲੀਮ ਨਾਥ ਸਾਧ ਨਾਥ ਚੌਂਕੀਦਾਰ ਸੇਵਾਦਾਰ ਚੁਣਿਆ ਗਿਆ ਜਦਕਿ ਮੇਜਰ ਨਾਥ, ਅਮਰ ਨਾਥ, ਬੰਤ ਨਾਥ, ਭਗਤੂ ਨਾਥ ,ਮੰਗਾ ਨਾਥ, ਜਰਨੈਲ ਨਾਥ, ਹਲਕਾ ਨਾਥ, ਬੰਟੀ ਨਾਥ ,ਬਿੱਕਰ ਨਾਥ ,ਕਾਲਾ ਨਾਥ, ਮਿਸ਼ਰੀ ਨਾਥ ,ਸਾਈ ਨਾਥ ,ਰਮੇਸ਼ ਨਾਥ, ਬਲਵੀਰ ਨਾਥ ਨੂੰ ਕਮੇਟੀ ਮੈਂਬਰ ਲਿਆ ਗਿਆ।

# "ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ" ਮੁਹਿੰਮ ਤਹਿਤ ਡੇਂਗੂ ਵਿਰੁੱਧ ਕੀਤਾ ਜਾ ਰਿਹੈ ਜਾਗਰੂਕ : ਡਾ. ਬਲਜੀਤ ਸਿੰਘ



ਬਰਨਾਲਾ, 7 ਜੁਲਾਈ (ਕਪਿਲ): ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਬਰਨਾਲਾ ਵੱਲੋਂ ਆਮ ਲੋਕਾਂ ਨੂੰ ਮਲੇਰੀਆ ਅਤੇ ਡੇਂਗੂ ਤੋਂ ਬਚਾਅ ਅਤੇ ਇਲਾਜ ਲਈ "ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਵੱਖ-ਵੱਖ ਵਿਭਾਗਾਂ ਅਤੇ ਲੋਕਾਂ ਦੇ ਸਹਿਯੋਗ ਨਾਲ ਚਲਾਈ ਗਈ ਹੈ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ.ਬਲਜੀਤ ਸਿੰਘ ਨੇ ਕੀਤਾ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਦੇ ਪਿੰਡਾਂ, ਸ਼ਹਿਰਾਂ ਅਤੇ ਸਿਹਤ ਕੇਂਦਰਾਂ 'ਤੇ ਫੀਲਡ ਸਟਾਫ, ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵੱਲੋਂ ਲੋਕਾਂ ਨੂੰ ਡੇਂਗੂ ਬਾਰੇ ਜਾਗਰੂਕ ਕੀਤਾ ਜਾਂਦਾ ਹੈ ਅਤੇ ਹਰ ਸ਼ੁੱਕਰਵਾਰ ਨੂੰ ਖੁਸ਼ਕ ਦਿਨ ਪਾਣੀ ਦੇ ਸੋਮਿਆਂ ਨੂੰ ਸਾਫ਼ ਕਰਕੇ ਸੁਕਾ ਕੇ ਵਜੋਂ ਮਨਾਇਆ ਜਾਂਦਾ ਹੈ । ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਮੁਨੀਸ਼ ਕੁਮਾਰ ਨੇ ਦੱਸਿਆ ਮਲੇਰੀਆ ਦੀ ਜਾਂਚ ਅਤੇ ਇਸਦਾ ਇਲਾਜ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਮੁਫ਼ਤ ਕੀਤੀ ਜਾਂਦਾ ਹੈ। ਇਸ ਲਈ ਕੋਈ ਵੀ ਬੁਖਾਰ ਹੋਣ 'ਤੇ ਨੇੜੇ ਦੀ ਸਿਹਤ ਸੰਸਥਾ ਨਾਲ ਤੁਰੰਤ ਸੰਪਰਕ ਕੀਤਾ ਜਾਵੇ। ਇਸ ਸਮੇਂ ਸਿਹਤ ਸੁਪਰਵਾਇਜ਼ਰ ਗੁਰਮੇਲ ਸਿੰਘ ਢਿੱਲੋਂ ਅਤੇ ਸੁਰਿੰਦਰ ਸਿੰਘ ਨੇ ਡੇਂਗੂ ਦੇ ਲੱਛਣ, ਬਚਾਅ ਅਤੇ ਇਸ ਦੇ ਇਲਾਜ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਲੇਰੀਆ ਮਾਦਾ ਮੱਛਰ ਐਨਾਫ਼ਲੀਜ਼ ਦੇ ਕੱਟਣ ਨਾਲ ਫੈਲਦਾ ਹੈ ਜੋ ਕਿ ਖੜ੍ਹੇ ਪਾਣੀ ਵਿਚ ਪੈਦਾ ਹੁੰਦੇ ਹਨ ਅਤੇ ਇਹ ਮੱਛਰ ਰਾਤ ਤੇ ਸਵੇਰ ਵੇਲੇ ਕੱਟਦੇ ਹਨ , ਕਾਂਬੇ ਨਾਲ ਤੇਜ਼ ਬੁਖਾਰ, ਸਿਰ ਦਰਦ, ਬੁਖਾਰ ਉਤਰ ਜਾਣ 'ਤੇ ਪਸੀਨਾ ਆਉਣਾ, ਸਰੀਰਕ ਥਕਾਵਟ, ਕਮਜ਼ੋਰੀ ਆਦਿ ਇਸ ਦੇ ਮੁੱਖ ਲੱਛਣ ਹੁੰਦੇ ਹਨ । ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਖੜ੍ਹਾ ਨਹੀਂ ਹੋਣ ਦੇਣਾ ਚਾਹੀਦਾ। ਮੱਛਰਾਂ ਦੇ ਕੱਟਣ ਤੋਂ ਬਚਣ ਲਈ ਮੱਛਰਦਾਨੀ, ਮੱਛਰ ਭਜਾਊ ਕਰੀਮਾਂ, ਜਾਲੀਦਾਰ ਦਰਵਾਜੇ ਅਤੇ ਪੂਰਾ ਸਰੀਰ ਢੱਕਣ ਵਾਲੇ ਕੱਪੜਿਆਂ ਦੀ ਵਰਤੋਂ ਕਰਨੀ ਚਾਹੀਦੀ ਹੈ।

ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਹਰਜੀਤ ਸਿੰਘ ਨੇ ਦੱਸਿਆ ਕਿ ਲੋਕਾਂ ਨੂੰ ਮਲੇਰੀਆ ਡੇਂਗੂ ਤੋਂ ਬਚਾਅ ਲਈ ਪੋਸਟਰ,ਪੈਂਫਲੈਟਸ, ਸਕੂਲਾਂ 'ਚ ਬੱਚਿਆਂ ਨੂੰ ਜਾਗਰੂਕ ਕਰਕੇ ਅਤੇ ਪ੍ਰੈਸ ਕਵਰੇਜ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ।

# ਪੰਜਾਬ ਸਰਕਾਰ ਵਪਾਰੀਆਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ : ਅਨਿਲ ਠਾਕੁਰ




ਬਰਨਾਲਾ, 7 ਜੁਲਾਈ (ਬਘੇਲ ਸਿੰਘ ਧਾਲੀਵਾਲ): ਪੰਜਾਬ ਸਰਕਾਰ ਵਪਾਰੀ ਵਰਗ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਉੱਤੇ ਹੱਲ ਕਰਨ ਲਈ ਵਚਨਬੱਧ ਹੈ। ਇਸ ਤਹਿਤ ਮੁੱਖ ਮੰਤਰੀ ਪੰਜਾਬ ਸ਼੍ਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰ ਇੱਕ ਜ਼ਿਲ੍ਹੇ 'ਚ ਵਿਸ਼ੇਸ਼ ਬੈਠਕਾਂ ਕੀਤੀਆਂ ਜਾ ਰਹੀਆਂ ਹਨ।

ਅਨਿਲ ਠਾਕੁਰ, ਚੇਅਰਮੈਨ, ਪੰਜਾਬ ਵਪਾਰ ਕਮਿਸ਼ਨ, ਆਬਕਾਰੀ ਅਤੇ ਕਰ ਵਿਭਾਗ ਦੇ ਚੇਅਰਮੈਨ ਸ਼੍ਰੀ ਅਨਿਲ ਠਾਕੁਰ ਨੇ ਇਸ ਗੱਲ ਦਾ ਪ੍ਰਗਟਾਵਾ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹੇ ਦੇ ਵੱਖ-ਵੱਖ ਵਪਾਰਕ ਸੰਗਠਨਾਂ ਅਤੇ ਵਪਾਰਕ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਅਹਿਮ ਬੈਠਕ ਕਰਦਿਆਂ ਕੀਤਾ।

ਉਨ੍ਹਾਂ ਦੱਸਿਆ ਕਿ ਬਰਨਾਲਾ ਜ਼ਿਲ੍ਹੇ 'ਚ ਵਪਾਰਕ ਅਦਾਰਿਆਂ ਨੂੰ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਵੱਲੋਂ ਫੋਕਲ ਪੁਆਇੰਟ ਪਾਸ ਕਰ ਦਿੱਤਾ ਗਿਆ ਹੈ ਜਿਸ ਦੀ ਉਸਾਰੀ ਸਬੰਧੀ ਕੰਮ ਜਲਦ ਸ਼ੁਰੂ ਹੋ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ੍ਰੀ ਅਨਿਲ ਠਾਕੁਰ ਨੇ ਕਿਹਾ ਕਿ ਵਪਾਰੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਅਨੁਸਾਰ, ਉਨ੍ਹਾਂ ਨੇ ਸਾਲ 2017-18 ਦੀ ਪਹਿਲੀ ਤਿਮਾਹੀ ਦੇ ਬਕਾਇਆ ਟੈਕਸ ਬਕਾਏ ਦੇ ਮਾਮਲਿਆਂ ਦੇ ਹੱਲ ਲਈ ਓ. ਟੀ. ਐਸ (ਵਨ ਟਾਈਮ ਸੈਟਲਮੈਂਟ) ਸਕੀਮ ਲਾਗੂ ਕਰਨ ਲਈ ਵਿੱਤ ਮੰਤਰੀ, ਪੰਜਾਬ ਨੂੰ ਸਿਫ਼ਾਰਸ਼ ਭੇਜੀ ਹੈ ਅਤੇ ਇਹ ਸਕੀਮ ਜਲਦੀ ਹੀ ਲਾਗੂ ਕਰ ਦਿੱਤੀ ਜਾਵੇਗੀ।

ਚੇਅਰਮੈਨ ਵੱਲੋਂ ਵਪਾਰੀਆਂ ਅਤੇ ਉਦਯੋਗਿਕ ਇਕਾਈਆਂ ਦੇ ਨੁਮਾਇੰਦਿਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਗਿਆ, ਜਿਨ੍ਹਾਂ ਵਿੱਚੋਂ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਵਿਭਾਗੀ ਅਧਿਕਾਰੀਆਂ ਦੀ ਮਦਦ ਨਾਲ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ। ਬਾਕੀ ਰਹਿੰਦੇ ਗੁੰਝਲਦਾਰ ਮੁੱਦਿਆਂ ਨੂੰ ਜੀਐਸਟੀ ਕੌਂਸਲ ਰਾਹੀਂ ਹੱਲ ਕਰਨ ਦਾ ਭਰੋਸਾ ਵੀ ਦਿੱਤਾ ਗਿਆ।

ਉਨ੍ਹਾਂ ਜੀ ਐੱਸ ਟੀ ਨਾਲ ਸਬੰਧਿਤ ਕਰ ਵਿਭਾਗ ਨੂੰ ਸਖ਼ਤ ਹਿਦਾਇਤ ਕੀਤੀ ਕਿ ਉਹ ਆਪਣੇ ਦਫਤਰ ਵਿਖੇ ਵਪਾਰੀਆਂ ਦੇ ਬੈਠਣ ਲਈ ਵਿਸ਼ੇਸ਼ ਵੇਟਿੰਗ ਹਾਲ ਤਿਆਰ ਕਰਨ ਅਤੇ ਵਿਭਾਗ ਵਿਖੇ ਆਉਣ ਵਾਲੇ ਹਰ ਇੱਕ ਵਪਾਰੀ ਦੀ ਗੱਲ ਧਿਆਨ ਨਾਲ. ਸੁਣੀ ਜਾਵੇ।

ਸ੍ਰੀ ਠਾਕੁਰ ਨੇ ਸਾਰੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਟੈਕਸ ਅਦਾ ਕਰਨ ਵਿੱਚ ਸਹਿਯੋਗ ਕਰਨ ਤਾਂ ਜੋ ਸੂਬੇ ਦੇ ਮਾਲੀਏ ਵਿੱਚ ਵਾਧਾ ਕੀਤਾ ਜਾ ਸਕੇ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ।

ਇਸ ਮੌਕੇ ਏ.ਸੀ.ਐਸ.ਟੀ. ਸੁਮਿਤ ਥਾਪਰ, ਈ.ਟੀ.ਓ. ਸੁਨੀਲ ਗੋਇਲ, ਈ.ਟੀ.ਓ. ਜਸਵਿੰਦਰ ਸਿੰਘ, ਨੀਰਜ ਜਿੰਦਲ, ਪ੍ਰਧਾਨ ਵਪਾਰ ਮੰਡਲ, ਅਨਿਲ ਬਾਂਸਲ,ਪ੍ਰਧਾਨ ਵਪਾਰ ਮੰਡਲ, ਵਿਕਾਸ ਗੋਇਲ, ਪ੍ਰਧਾਨ ਇੰਡਸਟਰੀਅਲ ਚੈਂਬਰ, ਵਿਜੈ ਗਰਗ, ਚੈਅਰਮੈਨ ਇੰਡਸਟਰੀਅਲ ਚੈਂਬਰ, ਵਿਜੈ ਕੁਮਾਰ ਭਦੌੜ, ਪ੍ਰਧਾਨ ਵਪਾਰ ਮੰਡਲ ਅਤੇ ਜਿਲ੍ਹਾ ਪ੍ਰਧਾਨ ਅਗਰਵਾਲ ਸਭਾ, ਪਵਨ ਬਾਂਸਲ, ਚੇਅਰਮੈਨ ਕਰਿਆਨਾ ਐਸੋਸੀਏਸਨ, ਰਾਕੇਸ ਸਿੰਗਲ, ਪ੍ਰਧਾਨ ਕਰਿਆਨਾ ਐਸੋਸੀਏਸ਼ਨ, ਦੀਨੇਸ਼ ਕੁਮਾਰ, ਸੈਕਟਰੀ ਜਿਲ੍ਹਾ ਇੰਟਸਟਰੀਅਲ ਚੈਂਬਰ, ਵਿਜੇ ਕੁਮਾਰ, ਚੇਅਰਮੈਨ ਭੱਠਾ ਐਸੋਸੀਏਸਨ, ਸੀਤਲ ਕੁਮਾਰ, ਪ੍ਰਧਾਨ ਵਪਾਰ ਮੰਡਲ ਅਤੇ ਬਰਨਾਲਾ ਸ਼ਹਿਰ ਦੇ ਵਪਾਰੀ ਹਾਜ਼ਰ ਸਨ।

# ਬੂਥ ਪੱਧਰੀ ਅਫ਼ਸਰਾਂ ਨੂੰ ਦਿੱਤੀ ਸਿਖਲਾਈ



ਬਰਨਾਲਾ, 7 ਜੁਲਾਈ (ਅਮਨਦੀਪ ਸਿੰਘ);ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਵੱਲੋਂ ਪ੍ਰਾਪਤ ਹਦਾਇਤਾਂ ਅਨੁਸਾਰ 2 ਜੁਲਾਈ ਤੋਂ 17 ਜੁਲਾਈ ਦੌਰਾਨ ਵਿਧਾਨ ਸਭਾ ਹਲਕੇ ਦੇ ਬੀ.ਐਲ.ਓਜ਼ ਨੂੰ ਸਿਖਲਾਈ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।

ਇਨ੍ਹਾਂ ਹਦਾਇਤਾਂ ਦੀ ਪਾਲਣਾ ਵਿੱਚ ਵਿਧਾਨ ਸਭਾ ਚੋਣ ਹਲਕਾ-103-ਬਰਨਾਲਾ ਵੱਲੋਂ 212 ਬੀ.ਐਲ.ਓਜ਼ ਨੂੰ 7 ਬੈਚਾਂ ਵਿੱਚ ਰੈਡ ਕਰਾਸ ਭਵਨ ਮੀਟਿੰਗ ਹਾਲ ਬਰਨਾਲਾ ਵਿਖੇ ਸਿਖਲਾਈ ਦਾ ਪ੍ਰੋਗਰਾਮ ਤਿਆਰ ਕੀਤਾ ਗਿਆ। ਅੱਜ ਦੂਸਰੇ ਬੈਚ ਵਿੱਚ 29 ਬੀ. ਐਲ. ਓਜ਼ ਨੂੰ ਸ੍ਰੀ ਹਰਪ੍ਰੀਤ ਸਿੰਘ ਅਟਵਾਲ ਈ ਆਰ ਓ -ਕਮ-ਉਪ ਮੰਡਲ ਮੈਜਿਸਟਰੇਟ ਬਰਨਾਲਾ, ਸੁਖਵਿੰਦਰ ਸਿੰਘ ਸਿੱਧੂ ਬੀ.ਡੀ.ਪੀ.ਓ. ਬਰਨਾਲਾ, ਸ੍ਰੀ ਕੁਲਦੀਪ ਸਿੰਘ, ਸ੍ਰੀ ਮਨਮੋਹਨ ਸਿੰਘ, ਸ੍ਰੀ ਪ੍ਰਿੰਸ, ਸ੍ਰੀ ਸੋਨੂੰ ਗੋਇਲ ਮਾਸਟਰ ਟਰੇਨਰਜ਼ ਵੱਲੋਂ ਉਲੀਕੇ ਗਏ ਸੈਸ਼ਨ ਅਨੁਸਾਰ ਸਿਖਲਾਈ ਦਿੱਤੀ ਗਈ।

ਮਾਸਟਰ ਟਰੇਨਰਜ਼ ਵੱਲੋਂ ਬੀ.ਐਲ.ਓਜ਼ ਪਾਸੋਂ ਪੇਪਰ ਲਿਆ ਗਿਆ ਤੇ ਸਿਖਲਾਈ ਦੇ ਅੰਤ ਵਿੱਚ ਸ੍ਰੀ ਕਮਲਜੀਤ ਸਿੰਘ ਸਾਦ ਸੁਪਰਡੰਟ ਦਫਤਰ ਉਪ ਮੰਡਲ ਮੈਜਿਸਟਰੇਟ ਬਰਨਾਲਾ ਵੱਲੋਂ ਸਰਟੀਫਿਕੇਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਸ੍ਰੀ ਨਰਪਿੰਦਰਪਾਲ ਸਿੰਘ ਸੀਨੀਅਰ ਸਹਾਇਕ, ਸ੍ਰੀ ਵਿਕਾਸ ਗੋਇਲ ਇਲੈਕਸ਼ਨ ਕਲਰਕ, ਸ੍ਰੀ ਬਰਿੰਦਰਜੀਤ ਸਿੰਘ, ਸ੍ਰੀ ਅਮਨਦੀਪ ਸਿੰਘ, ਸ੍ਰੀ ਹਰਦੀਪ ਸਿੰਘ, ਸ੍ਰੀ ਜਸਪਾਲ ਸਿੰਘ ਚੋਣ ਸਟਾਫ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਪਾਰਕ ਵਿਖੇ ਸ਼ਾਮ ਨੂੰ ਹਨੇਰਾ ਹੋਣ ਸਮੇਂ ਨਸ਼ੇੜੀ ਲਗਾਉਂਦੇ ਨੇ ਟੀਕੇ : ਲਲਿਤ ਗਰਗ



ਬਰਨਾਲਾ, 7 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ): ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਹੋਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ 'ਚ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਿਸ ਨੇ ਤਸਕਰਾਂ ਤੇ ਨਸ਼ੇੜੀਆਂ ਵਿਰੁੱਧ ਵੱਡੀ ਪੱਧਰ 'ਤੇ ਕਾਰਵਾਈ ਕਰਕੇ ਸ਼ਲਾਘਾਯੋਗ ਪ੍ਰਾਪਤੀਆਂ ਕੀਤੀਆਂ ਹਨ ਪਰੰਤੂ ਫਿਰ ਵੀ ਨਸ਼ਿਆਂ ਦੇ ਸੇਵਨ ਦਾ ਰੁਝਾਨ ਅਜੇ ਖਤਮ ਨਹੀਂ ਹੋਇਆ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਵਪਾਰ ਮਹਾਸੰਘ ਬਰਨਾਲਾ ਦੇ ਪ੍ਰਧਾਨ ਲਲਿਤ ਗਰਗ ਅਤੇ ਮੀਤ ਪ੍ਰਧਾਨ ਲਖਵਿੰਦਰ ਸਿੰਘ ਕਾਲਾ ਨੇ ਕਿਹਾ ਕਿ ਸ਼ਾਮ ਦੇ ਸਮੇਂ ਜਦੋਂ ਹਨੇਰਾ ਹੋ ਜਾਂਦਾ ਹੈ, ਤਾਂ ਸ਼ਹੀਦ ਭਗਤ ਭਗਤ ਸਿੰਘ ਪਾਰਕ 'ਚ ਬਣੇ ਬਾਥਰੂਮਾਂ 'ਚ ਨਸ਼ੇੜੀ ਨਸ਼ਿਆਂ ਦੇ ਟੀਕੇ ਲਗਾਉਂਦੇ ਹਨ। ਉਨ੍ਹਾਂ ਨੇ ਕਈ ਵਾਰ ਨਸ਼ੇੜੀਆਂ ਨੂੰ ਟੀਕੇ ਲਗਾਉਂਦੇ ਹੋਏ ਪਕੜਿਆ ਵੀ ਹੈ। ਉਨ੍ਹਾਂ ਇੱਕ ਦਿਨ ਤਾਂ ਪੀ ਸੀ ਆਰ ਵਾਲੇ ਪੁਲਿਸ ਮੁਲਾਜ਼ਮਾਂ ਨੂੰ ਵੀ ਬੁਲਾਇਆ ਤਾਂ ਉਨ੍ਹਾਂ ਨੇ ਨਸ਼ੇੜੀ ਨੂੰ ਤਾੜਨਾ ਕੀਤੀ। ਉਨ੍ਹਾਂ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਾਮ ਨੂੰ ਹਨੇਰਾ ਹੋਣ ਸਮੇਂ ਪਾਰਕ ਵਿਖੇ ਵਿਸ਼ੇਸ਼ ਚੈਕਿੰਗ ਕੀਤੀ ਜਾਵੇ ਤਾਂ ਜੋ ਕੋਈ ਅਣਹੋਣੀ ਘਟਨਾ ਨਾ ਹੋ ਸਕੇ। ਉਹਨਾਂ ਪੁਲਿਸ ਪ੍ਰਸ਼ਾਸਨ ਨੂੰ ਵਿਸ਼ਵਾਸ ਦਿਵਾਇਆ ਕਿ ਵਪਾਰ ਮਹਾਸੰਘ ਇਸ ਕੰਮ ਚ ਪੁਲਿਸ ਨੂੰ ਪੂਰਾ ਸਹਿਯੋਗ ਦੇਣ ਲਈ ਤਿਆਰ ਹੈ। ਇਸੇ ਤਰ੍ਹਾਂ ਹੀ ਸਵੇਰੇ ਲਗਭਗ 10 ਤੋਂ 12 ਵਜੇ ਤੱਕ ਕਾਲਜਾਂ ਦੇ ਮੁੰਡੇ ਅਤੇ ਕੁੜੀਆਂ ਆ ਕੇ ਨਸ਼ਿਆਂ ਦਾ ਸੇਵਨ ਕਰਦੇ ਹਨ। ਆਮ ਲੋਕ ਨਸ਼ੇੜੀਆਂ ਨੂੰ ਕੁਝ ਕਹਿਣ ਤੋਂ ਡਰਦੇ ਹਨ। ਵਪਾਰ ਮਹਾਸੰਘ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਲਲਿਤ ਗਰਗ, ਰਾਹੁਲ ਬਾਲੀ, ਸ਼ਮਸ਼ੇਰ ਭੰਡਾਰੀ, ਲਖਵਿੰਦਰ ਸਿੰਘ ਕਾਲਾ, ਬਿਮਲ ਕੁਮਾਰ, ਹਿਤੇਸ਼ ਬਾਂਸਲ, ਪਵਨ ਕੁਮਾਰ ਅਤੇ ਸਮੀਰ ਕੁਮਾਰ ਨੇ ਪਾਰਕ ਵਿਖੇ ਨਸ਼ਿਆਂ ਦੇ ਹੋ ਰਹੇ ਸੇਵਨ ਵਿਰੁੱਧ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਦਾ ਐਲਾਨ ਕੀਤਾ ਹੈ।

# ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ਵਿੱਚ ਦੂਜਾ ਸਥਾਨ ਹਾਸਲ ਕਰਕੇ ਸਕੂਲ ਅਤੇ ਪਿੰਡ ਹਮੀਦੀ ਦਾ ਨਾਮ ਚਮਕਾਇਆ



ਬਰਨਾਲਾ, 7 ਜੁਲਾਈ (ਸੁਖਵਿੰਦਰ ਸਿੰਘ ਭੰਡਾਰੀ): ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਦੀ ਵਿਦਿਆਰਥਣ ਸੁਖਦੀਪ ਕੌਰ ਨੇ ਅੰਤਰਰਾਸ਼ਟਰੀ ਪੱਧਰ 'ਤੇ ਕਰਵਾਈ ਗਈ ਪੰਜਾਬੀ ਓਲੰਪਿਆਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਿਲ ਕੀਤਾ। ਇਸ ਪ੍ਰਾਪਤੀ ਰਾਹੀਂ ਸੁਖਦੀਪ ਕੌਰ ਨੇ ਆਪਣੇ ਸਕੂਲ ਦਾ ਨਾ ਸਿਰਫ਼ ਮਾਣ ਵਧਾਇਆ, ਸਗੋਂ ਪਿੰਡ ਅਤੇ ਜ਼ਿਲ੍ਹੇ ਦਾ ਨਾਮ ਵੀ ਰੌਸ਼ਨ ਕੀਤਾ। ਇਨਾਮ ਵੰਡ ਸਮਾਰੋਹ ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਵਿਖੇ ਮਾਨਯੋਗ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਵੱਲੋਂ ਇਸ ਵਿਦਿਆਰਥਣ ਨੂੰ 3100 ਰੁਪਏ ਨਕਦ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਇਹ ਪ੍ਰਤੀਯੋਗਤਾ ਵਿਦਿਆਰਥੀਆਂ ਵਿੱਚ ਪੰਜਾਬੀ ਭਾਸ਼ਾ ਪ੍ਰਤੀ ਰੁਚੀ ਪੈਦਾ ਕਰਨ ਅਤੇ ਭਾਸ਼ਾ ਦੇ ਗਿਆਨ ਦੀ ਪਰਖ ਲਈ ਹਰ ਸਾਲ ਅੰਤਰਰਾਸ਼ਟਰੀ ਪੱਧਰ 'ਤੇ ਕਰਵਾਈ ਜਾਂਦੀ ਹੈ। ਸੁਖਦੀਪ ਕੌਰ ਦੀ ਇਸ ਜਿੱਤ 'ਤੇ ਸਕੂਲ ਦੇ ਅਧਿਆਪਕਾਂ, ਮਾਪਿਆਂ ਅਤੇ ਸਮੁੱਚੇ ਪਿੰਡ ਵਾਸੀਆਂ ਨੇ ਉਸਨੂੰ ਵਧਾਈਆਂ ਦਿੱਤੀਆਂ।

ਸਕੂਲ ਮੁਖੀ ਅਸ਼ਵਨੀ ਕੁਮਾਰ ਨੇ ਕਿਹਾ ਕਿ ਇਹ ਕਾਮਯਾਬੀ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਭਾਸ਼ਾ ਵੱਲ ਉਤਸ਼ਾਹਤ ਕਰੇਗੀ ਅਤੇ ਹੋਰ ਬੱਚਿਆਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ। ਸੁਖਦੀਪ ਕੌਰ ਨੇ ਆਪਣੀ ਸਫ਼ਲਤਾ ਦਾ ਸਿਹਰਾ ਆਪਣੇ ਅਧਿਆਪਕਾਂ, ਮਾਪਿਆਂ ਅਤੇ ਆਪਣੇ ਦ੍ਰਿੜ ਇਰਾਦੇ ਨੂੰ ਦਿੱਤਾ।

# ਹੜ੍ਹਾਂ ਨੂੰ ਰੋਕਣ ਲਈ ਵਿਭਾਗ ਵੱਲੋਂ ਤਪਾ, ਘੁੰਨਸ ਅਤੇ ਢਿੱਲਵਾਂ ਡਰੇਨ ਦੀ ਸਫਾਈ ਸ਼ੁਰੂ ਅਖ਼ਬਾਰਾਂ ਵਿਚ ਲੱਗੀਆ ਖਬਰਾਂ ਦਾ ਅਸਰ




ਤਪਾ ਮੰਡੀ, 7 ਜੁਲਾਈ (ਭੂਸ਼ਨ ਘੜੈਲਾ): ਘੁੰਨਸ ਅਤੇ ਤਪਾ, ਢਿੱਲਵਾਂ ਦੀ ਡਰੇਨ ਦੀ ਸਫਾਈ ਦਾ ਕੰਮ ਸ਼ੁਰੂ ਹੋ ਚੁੱਕਿਆ ਹੈ। ਜ਼ਿਲ੍ਹਾ ਬਰਨਾਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਟੀ ਬੈਨਿਥ ਨੂੰ ਤਪਾ ਮੀਡੀਆ ਰਾਹੀਂ ਪਤਾ ਲੱਗਿਆ ਸੀ ਡਰੇਨ ਦੀ ਸਫਾਈ ਨਹੀਂ ਹੋਈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੰਭਾਵੀ ਹੜ੍ਹਾਂ ਦੀ ਰੋਕਥਾਮ ਹਿੱਤਾਂ ਪੂਰੇ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋਂ ਕਿਸੇ ਵੀ ਕਿਸਮ ਦੀ ਦਿੱਕਤਾਂ ਤੋਂ ਬਚਿਆ ਜਾ ਸਕੇ।ਉਨ੍ਹਾਂ ਨੇ ਕਿਹਾ ਕੀ ਉਨ੍ਹਾਂ ਵੱਲੋਂ ਬਾਅਦ ਵਿੱਚ ਡਰੇਨ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਜਿਸ ਤਹਿਤ ਤਪਾ, ਘੁੰਨਸ ਅਤੇ ਢਿੱਲਵਾਂ ਡਰੇਨ ਦੀ ਸਫਾਈ ਕਰਨ ਲਈ ਟੈਂਡਰ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।ਡਰੇਨ ਵਿਭਾਗ ਵੱਲੋਂ ਟੈਂਡਰ ਲਗਾਕੇ ਡਰੇਨ ਦੀ ਸਫਾਈ ਦਾ ਕੰਮ ਸ਼ੁਰੂ ਕੀਤਾ ਗਿਆ ਹੈ।

ਇਸ ਮੌਕੇ ਅਤਵਾਰ ਸਿੰਘ ਅਤੇ ਸੁਖਦੇਵ ਸਿੰਘ ਨੇ ਦੱਸਿਆ ਕਿ ਤਪਾ, ਘੁੰਨਸ ਅਤੇ ਢਿੱਲਵਾਂ ਦੀ ਡਰੇਨ ਸਫਾਈ ਦਾ ਕੰਮ 20 ਦਿਨਾਂ ਵਿੱਚ ਪੂਰਾ ਕੀਤਾ ਜਾਵੇਗਾ। ਪ੍ਰਸ਼ਾਸਨ ਵੱਲੋਂ ਹੜ੍ਹਾਂ ਦੀ ਰੋਕਥਾਮ ਲਈ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਕਿ ਮੌਕੇ ਸਿਰ ਕਿਸੇ ਤਰ੍ਹਾਂ ਦੀ ਵੀ ਕਿਸਾਨਾਂ ਅਤੇ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਨਾ ਹੋਵੇ।

# ਸੀ.ਬੀ.ਐੱਸ.ਈ. ਵੱਲੋਂ ਜਾਰੀ ਖੇਡ ਕੈਲੰਡਰ ਅਨੁਸਾਰ ਖੋ-ਖੋ ਚੈਂਪੀਅਨਸ਼ਿਪ ਡੀ.ਏ.ਵੀ. ਸਕੂਲ ਵਿਖੇ 8 ਅਗਸਤ ਤੋਂ : ਡਾ. ਮਨਜੀਤ ਸਿੰਘ



ਲਹਿਰਾਗਾਗਾ, ਜੁਲਾਈ (ਗੁਰਦੀਪ ਸਿੰਘ) : ਸੀ.ਬੀ.ਐੱਸ.ਈ. ਨਵੀਂ ਦਿੱਲੀ ਵੱਲੋਂ ਡਾ. ਮਨਜੀਤ ਸਿੰਘ ਡਿਪਟੀ ਸੈਕਟਰੀ ਸੀ.ਬੀ.ਐੱਸ.ਈ. ਅਤੇ ਇੰਚਾਰਜ਼ ਖੇਡ ਵਿਭਾਗ ਵੱਲੋਂ ਜਾਰੀ ਕੀਤੇ ਖੇਡ ਕੈਲੰਡਰ 2025-26 ਅਨੁਸਾਰ ਕਲੱਸਟਰ-17 ਦੇ ਖੋ-ਖੋ ਮੁਕਾਬਲੇ ਡਾ. ਦੇਵ ਰਾਜ ਡੀ.ਏ.ਵੀ. ਸੀਨੀ. ਸੈਕੰ. ਪਬਲਿਕ ਸਕੂਲ ਖਾਈ/ਲਹਿਰਾਗਾਗਾ ਵਿਖੇ ਹੋਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼੍ਰੀ ਐਲ. ਕੇ. ਖੋਖਰ, ਜਰਨਲ ਸੈਕਟਰੀ ਪੀ. ਕੇ. ਖੋਖਰ, ਕਾਨੂੰਨੀ ਸਲਾਹਕਾਰ ਐਡਵੋਕੇਟ ਅਨਿਰੁੱਧ ਕੋਸ਼ਲ, ਬਿਮਲਾ ਰਾਣੀ, ਪ੍ਰਿੰਸੀਪਲ ਨਵਦੀਪ ਭਾਰਦਵਾਜ ਨੇ ਦੱਸਿਆ ਕਿ ਸੀ.ਬੀ.ਐੱਸ.ਈ. ਵੱਲੋਂ ਜੋ ਕਲੱਸਟਰ-17 ਦੀ ਖੋ-ਖੋ ਚੈਂਪੀਅਨਸ਼ਿੱਪ (ਲੜਕੇ ਅਤੇ ਲੜਕੀਆਂ) ਅਲਾਟ ਕੀਤੀ ਗਈ ਹੈ, ਉਹ 8, 9 ਅਤੇ 10 ਅਗਸਤ (ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ) ਨੂੰ ਸਕੂਲ ਕੈਂਪਸ ਵਿੱਚ ਕਰਵਾਈ ਜਾਵੇਗੀ, ਜਿਸ ਵਿੱਚ ਪੰਜਾਬ ਦੇ ਮੁਕਤਸਰ, ਬਠਿੰਡਾ, ਮਾਨਸਾ, ਪਟਿਆਲਾ, ਸੰਗਰੂਰ, ਬਰਨਾਲਾ, ਰੂਪਨਗਰ, ਮੋਹਾਲੀ ਅਤੇ ਚੰਡੀਗੜ੍ਹ ਦੇ ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਕੂਲਾਂ ਦੇ ਖਿਡਾਰੀ ਭਾਗ ਲੈਣਗੇ । ਉਨਾਂ ਇਹ ਵੀ ਦੱਸਿਆ ਕਿ ਇਸ ਵਿੱਚ ਇੰਨਾਂ ਸਕੂਲਾਂ ਦੇ ਅੰਡਰ-14, ਅੰਡਰ-17 ਤੇ ਅੰਡਰ-19 ਵਰਗ ਦੇ ਖਿਡਾਰੀ ਭਾਗ ਲੈ ਸਕਣਗੇ ।

# ਤਪਾ ਵਿੱਚ ਭਾਰੀ ਮੀਂਹ, ਕਿਸਾਨ ਹੋਏ ਬਾਗੋਬਾਗ, ਸ਼ਹਿਰ ਦੀਆਂ ਸੜਕਾਂ ਹੋਈਆਂ ਜਲਥਲ



ਤਪਾ ਮੰਡੀ, 7 ਜੁਲਾਈ (ਭੂਸ਼ਨ ਘੜੈਲਾ): ਸਾਉਣ ਮਹੀਨੇ ਦੀ ਪਹਿਲੀ ਬਰਸਾਤ ਕਾਰਨ ਲੋਕਾਂ ਨੂੰ ਕੜਾਕੇ ਦੀ ਗਰਮੀ ਤੋਂ ਰਾਹਤ ਮਿਲੀ ਹੈ ਉੱਥੇ ਤਪਾ ਸ਼ਹਿਰ ਦੇ ਬਾਜ਼ਾਰਾਂ ਗਲੀਆਂ ਮਹੱਲਿਆਂ ਵਿੱਚ ਗੋਡੇ ਗੋਡੇ ਪਾਣੀ ਖੜਣ ਨਾਲ ਸਾਰਾ ਸ਼ਹਿਰ ਜਲ ਥਲ ਹੋ ਗਿਆ ਹੈ, ਜਿਸ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਤੇਜ਼ ਬਰਸਾਤ ਕਾਰਨ ਕਿਸਾਨਾਂ ਦੇ ਚਿਹਰੇ ਵੀ ਖਿੱਲ ਉਠੇ ਹਨ। ਜਿਕਰਯੋਗ ਹੈ ਕਿ ਸਾਉਣ ਮਹੀਨੇ ਦੇ ਪਹਿਲੇ ਮੀਂਹ ਨੇ ਸ਼ਹਿਰ ਦੇ ਸਦਰ ਬਾਜ਼ਾਰ ,ਅਨਾਜ ਮੰਡੀ, ਸਕੂਲ ਰੋਡ ਤੋਂ ਇਲਾਵਾ ਘੁੰਨਸ ਰੋਡ,ਆਜਾਦ ਨਗਰ ਰੋਡ, ਮਾਡਲ ਟਾਊਨ, ਅਨੰਦਪੁਰ ਬਸਤੀ, ਪਿਆਰਾ ਲਾਲ ਬਸਤੀ ,ਬਾਜੀਗਰ ਬਸਤੀ ਵਿਖੇ ਗੋਡੇ ਗੋਡੇ ਪਾਣੀ ਖੜ ਗਿਆ ਹੈ ਜਿਸ ਕਾਰਨ ਆਉਣ ਜਾਣ ਵਾਲਿਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਜਦੋਂ ਕਿਸਾਨ ਜਗਸੀਰ ਸਿੰਘ ਭੁੱਲਰ ,ਪਰਮਜੀਤ ਸਿੰਘ ਪੰਮਾ ,ਜਗਤਾਰ ਸਿੰਘ ਬਾਸੀ ,ਗੁਰਦੀਪ ਸਿੰਘ ਚੱਠਾ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਮੂੰਗੀ ਅਤੇ ਮੱਕੀ ਵਾਲੇ ਖੇਤਾਂ ਵਿੱਚ ਝੋਨੇ ਦੀ ਲਵਾਈ ਬਾਕੀ ਰਹਿੰਦੀ ਹੈ ਪਰ ਤੇਜ਼ ਬਰਸਾਤ ਝੋਨੇ ਦੀ ਫਸਲ ਲਈ ਲਾਹੇਵੰਦ ਸਾਬਤ ਹੋਵੇਗੀ ਕਿਉਂਕਿ ਝੋਨੇ ਦੀ ਫਸਲ ਨੂੰ ਮੀਂਹ ਦਾ ਪਾਣੀ ਇੱਕ ਸਾਰ ਲੱਗ ਜਾਂਦਾ ਹੈ ਉਹਨਾਂ ਕਿਹਾ ਕਿ ਤੇਜ਼ ਬਰਸਾਤ ਕਾਰਨ ਸਬਜ਼ੀਆਂ, ਹਰਾ ਚਾਰਾ, ਮੱਕੀ ਲਈ ਵੀ ਕਾਫੀ ਲਾਹੇਵੰਦ ਸਾਬਤ ਹੋਵੇਗਾ। ਨੇੜਲੇ ਪਿੰਡ ਤਾਜੋਕੇ ਦੇ ਡਾਕਟਰ ਹਰਬੰਸ ਸਿੰਘ ਡਾਕਟਰ ਨਰਜੀਤ ਸਿੰਘ ਘੜੈਲੀ ਅਤੇ ਜਗਸੀਰ ਸਿੰਘ ਭੁੱਲਰ ਨੇ ਦੱਸਿਆ ਕਿ ਤੇਜ਼ ਬਰਸਾਤ ਕਾਰਨ ਮੌਸਮ ਕਾਫੀ ਠੰਡਾ ਹੋ ਗਿਆ ਹੈ ਅਤੇ ਪਿੰਡ ਦੀਆਂ ਗਲੀਆਂ ਵਿੱਚ ਮੀਂਹ ਦਾ ਪਾਣੀ ਖੜ ਚੁੱਕਾ ਹੈ, ਜਿਸ ਕਾਰਨ ਲੋਕਾਂ ਨੂੰ ਆਉਣ ਜਾਣ ਵਿੱਚ ਕਾਫੀ ਮੁਸ਼ਕਿਲ ਪੇਸ਼ ਆ ਰਹੀ ਹੈ।

# 'ਆਪ' ਸਰਕਾਰ ਲੈਂਡ ਪੂਲਿੰਗ ਸਕੀਮ ਤਹਿਤ ਕਿਸਾਨਾਂ ਦੀਆਂ ਜਮੀਨਾਂ ਉੱਤੇ ਡਾਕਾ ਮਾਰਨ ਦੀ ਤਾਕ 'ਚ : ਦੁੱਲਟ



ਸੰਗਰੂਰ, 7 ਜੁਲਾਈ (ਹਰਕੰਵਲ ਸਿੰਘ ਹੈਪੀ): ਪੰਜਾਬ ਸਰਕਾਰ ਦੀ ਚਰਚਿਤ ਲੈਂਡ ਪੂਲਿੰਗ ਸਕੀਮ ਉੱਤੇ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਸੰਗਰੂਰ ਤੋਂ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਦੁੱਲਟ ਨੇ ਇਸਨੂੰ 'ਆਪ' ਪਾਰਟੀ ਦਾ ਪੰਜਾਬ ਦੇ ਕਿਸਾਨਾਂ ਦੀਆਂ ਜਮੀਨਾਂ ਉੱਤੇ ਸਿੱਧਾ ਡਾਕਾ ਕਰਾਰ ਦਿੱਤਾ।ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਦਿੱਲੀ ਦੇ ਆਕਾਵਾਂ ਅਤੇ ਉਹਨਾਂ ਦੇ ਚਹੇਤਿਆਂ ਨੂੰ ਪੰਜਾਬ ਦੀਆਂ ਜ਼ਮੀਨਾਂ ਉੱਤੇ ਕਬਜ਼ਾ ਕਰਵਾਉਣ ਦੀ ਤਾਕ ਵਿੱਚ ਹੈ ਤੇ ਇਸੇ ਤਹਿਤ ਪੰਜਾਬ ਸਰਕਾਰ ਵੱਲੋਂ ਇਹ ਲੈਂਡ ਪੂਲਿੰਗ ਸਕੀਮ ਲਿਆਂਦੀ ਜਾ ਰਹੀ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਕਰਜੇ 'ਤੇ ਕਰਜੇ ਚੱਕਕੇ ਪੰਜਾਬ ਨੂੰ ਪੂਰੀ ਤਰ੍ਹਾਂ ਕਰਜ਼ੇ ਵਿੱਚ ਡੋਬ ਚੁੱਕੇ ਹਨ ਤੇ ਇਹ ਪੈਸਾ ਸਿੱਧੇ ਤੌਰ 'ਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਦਿੱਲੀ ਦੇ ਹੋਰ ਲੀਡਰਾਂ ਅਤੇ ਪਾਰਟੀ ਦੇ ਦੇਸ਼ ਭਰ ਵਿੱਚ ਪ੍ਰਚਾਰ ਤੇ ਪ੍ਰਸਾਰ ਉੱਤੇ ਖਰਚਿਆ ਜਾ ਰਿਹਾ ਹੈ ਆਪਣੇ ਆਕਾ ਉੱਤੇ ਪੰਜਾਬ ਦਾ ਐਨਾ ਸਰਮਾਇਆ ਲੁਟਾਕੇ ਵੀ ਮੁੱਖ ਮੰਤਰੀ ਮਾਨ ਦਾ ਮਨ ਨਹੀਂ ਸੀ ਭਰਿਆ ਤੇ ਹੁਣ ਉਹ ਆਪਣੇ ਦਿੱਲੀ ਦੇ ਆਕਾਵਾਂ ਨੂੰ ਖੁਸ਼ ਕਰਨ ਲਈ ਲੈਂਡ ਪੂਲਿੰਗ ਸਕੀਮ ਲਿਆ ਰਹੇ ਹਨ ਇਸ ਤਹਿਤ ਪੰਜਾਬ ਦੇ ਕਿਸਾਨਾਂ ਦੀਆਂ ਸ਼ਹਿਰਾਂ ਨਾਲ ਲੱਗਦੀਆਂ ਮਹਿੰਗੀਆਂ ਜ਼ਮੀਨਾਂ ਉੱਤੇ ਕਬਜ਼ਾ ਕੀਤਾ ਜਾਵੇਗਾ ਅਤੇ ਦਿੱਲੀ ਦੇ ਆਕਾਵਾਂ ਅਤੇ ਉਹਨਾਂ ਦੇ ਚਹੇਤਿਆਂ ਦੀਆਂ ਜੇਬਾਂ ਭਰੀਆਂ ਜਾਣਗੀਆਂ। ਉਹਨਾਂ ਕਿਹਾ ਕਿ ਇਸ ਸਕੀਮ ਤੋਂ ਬਾਅਦ ਕਿਸਾਨ ਆਪਣੀ ਮਰਜ਼ੀ ਨਾਲ ਆਪਣੀ ਜ਼ਮੀਨ ਨਹੀਂ ਵੇਚ ਸਕਣਗੇ ਅਤੇ ਸਰਕਾਰ ਕਬਜ਼ਾ ਕਰਕੇ ਉੱਥੇ ਡਿਵੈਲਪਮੈਂਟ ਕਰੇਗੀ ਅਤੇ ਜੋ ਰੇਟ ਹੋਵੇਗਾ ਉਸ ਅਨੁਸਾਰ ਕਿਸਾਨ ਨੂੰ ਭਵਿੱਖ ਵਿੱਚ ਪਲਾਟ ਅਲਾਟ ਕੀਤੇ ਜਾਣਗੇ ਜੋ ਕਿ ਕਿਸਾਨਾਂ ਨਾਲ ਸਰੇਆਮ ਧੱਕਾ ਅਤੇ ਜਮੀਨਾਂ ਉੱਤੇ ਡਾਕਾ ਮਾਰਨ ਦੀ ਬਹੁਤ ਹੀ ਡੂੰਘੀ ਸਾਜਿਸ਼ ਹੈ, ਉਹਨਾਂ ਕਿਹਾ ਕਿ ਇਸ ਸਕੀਮ ਨਾਲ ਪੰਜਾਬ ਵਿੱਚ ਵੱਡੇ ਪੱਧਰ ਤੇ ਕਿਸਾਨ ਬਰਬਾਦੀ ਦੀ ਕਗਾਰ ਤੇ ਪੁੱਜੇ ਜਾਣਗੇ, ਕਿਉਂਕਿ ਜਿਨ੍ਹਾਂ ਕਿਸਾਨਾਂ ਦੀ ਜਮੀਨ ਇਸ ਲੈਂਡ ਪੂਲਿੰਗ ਸਕੀਮ ਦੇ ਘੇਰੇ ਵਿੱਚ ਆਵੇਗੀ ਉਹਨਾਂ ਨੂੰ ਮੁਆਵਜੇ ਦੀ ਥਾਂ ਪਲਾਟ ਦਿੱਤੇ ਜਾਣਗੇ ਅਤੇ ਕਿਸਾਨ ਇਹਨਾਂ ਪਲਾਟਾਂ ਨੂੰ ਕਿਵੇਂ ਵੇਚੇਗਾ ਇਹ ਵੀ ਵੱਡਾ ਸਵਾਲ ਹੈ । ਸਰਕਾਰ ਦੀ ਇਹ ਸਕੀਮ ਪੰਜਾਬ ਦੇ ਕਿਸਾਨਾਂ ਦੀਆਂ ਜਮੀਨਾਂ ਨੂੰ ਹੜਪਣ ਲਈ ਲਿਆ ਰਹੀ ਹੈ। ਉਹਨਾਂ ਕਿਹਾ ਕਿ ਚੋਣਾਂ ਦੌਰਾਨ ਪੂਰੀ ਲੀਡਰਸ਼ਿਪ ਵੱਲੋਂ ਰੰਗਲੇ ਪੰਜਾਬ ਅਤੇ ਕਿਸਾਨਾਂ ਨੂੰ ਵੱਡੇ ਵੱਡੇ ਸਬਜਬਾਗ ਦਿਖਾਏ ਗਏ ਪਰ ਅੱਜ ਸਰਕਾਰ ਵੱਡੇ ਪੱਧਰ ਤੇ ਕਿਸਾਨਾਂ ਨੂੰ ਉਜਾੜਨ ਜਾ ਰਹੀ ਹੈ ਭਾਜਪਾ ਇਸ ਦਾ ਪੁਰਜੋਰ ਵਿਰੋਧ ਕਰੇਗੀ ਅਤੇ ਪੰਜਾਬ ਦੇ ਕਿਸਾਨਾਂ ਸਾਥ ਦਵੇਗੀ ਅਤੇ ਪੰਜਾਬ ਸਰਕਾਰ ਦਾ ਸੜਕਾਂ ਉੱਤੇ ਵਿਰੋਧ ਕਰਨ ਦੇ ਨਾਲ ਨਾਲ ਮਾਨਯੋਗ ਅਦਾਲਤਾਂ ਵਿੱਚ ਵੀ ਪੰਜਾਬ ਦੇ ਕਿਸਾਨਾਂ ਦੀ ਲੜਾਈ ਲੜੇਗੀ

# ਪ੍ਰਾਚੀਨ ਸਰਾਂ ਮੰਦਿਰ 'ਚ ਸ੍ਰੀ ਖਾਟੂ ਸ਼ਿਆਮ ਦੀ ਚੌਕੀ ਲਗਾਈ



ਤਪਾ ਮੰਡੀ, 7 ਜੁਲਾਈ (ਭੂਸ਼ਨ ਘੜੈਲਾ):ਪ੍ਰਾਚੀਨ ਸਰਾਂ ਮੰਦਿਰ 'ਚ ਇਕਾਦਸੀ ਮੌਕੇ ਦੀਵਾਨੇ ਖਾਟੂ ਵਾਲੇ ਦੇ ਸੇਵਾ ਸੰਘ ਤਪਾ ਵੱਲੋਂ ਚੌਂਕੀ ਸ੍ਰੀ ਖਾਟੂ ਸਿਆਮ ਜੀ ਦੀ ਲਗਾਈ ਗਈ ਜਿਸ ਵਿੱਚ ਸੈਂਕੜੇ ਭਗਤਾਂ ਨੇ ਸ਼ਮੂਲੀਅਤ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।

ਇਕਾਦਸੀ ਮੌਕੇ ਮੰਦਿਰ ਬਾਬਾ ਸ਼ਿਆਮ ਦੇ ਸਵਰੂਪ ਨੂੰ ਫੁੱਲਾਂ ਨਾਲ ਸਜਾਇਆ ਗਿਆ। ਪੂਜਨ ਦੀ ਰਸਮ ਕ੍ਰਿਸ਼ਨ ਗੋਇਲ ਨੇ ਮੰਦਿਰ 'ਚ ਪਹੁੰਚਕੇ ਵਿਧੀ ਵਿਧਾਂਤ ਨਾਲ ਪੂਜਾ ਅਰਚਨਾ ਕੀਤੀ ਸੁੱਖ-ਸ਼ਾਂਤੀ ਦੀ ਕਾਮਨਾ ਕੀਤੀ ਗਈ। ਇਸ ਮੌਕੇ ਸੰਕੀਰਤਨ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਦੀਪਿਕਾ ਜਿੰਦਲ ਬਠਿੰਡਾ ਵਾਲੇ ਨੇ ਖਾਟੂ ਸਿਆਮ ਵਾਲੇ ਦੇ ਭਜਨ ਸੁਣਾਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਾਸਤਰੀ ਅਨਿਲ ਸ਼ਰਮਾ ਨੇ ਦੱਸਿਆ ਕਿ ਹਾੜ ਦੇ ਮਹੀਨੇ ਨੂੰ ਜ਼ਿਆਦਾ ਮਹੱਤਵਪੂਰਨ ਮੰਨਿਆਂ ਜਾਂਦਾ ਹੈ। ਇਸ ਮੌਕੇ ਅਮਿਤ ਕੁਮਾਰ,ਅਰੁਣ ਗੋਇਲ,ਗੌਰਵ ਗਰਗ,ਅਨਿਲ ਗਰਗ ਯੋਗੀ,ਕਮਲ ਬਾਂਸਲ,ਵਿਪੁਨ ਬਾਂਸਲ,ਸਿਵਮ ਬਾਂਸਲ,ਰਿੰਕੂ ਬਾਂਸਲ, ਹੈਪੀ ਗੋਇਲ,ਰਾਕੇਸ਼ ਗਰਗ,ਪੰਕਜ ਮਿੱਤਲ ਆਦਿ ਹਾਜ਼ਰ ਸਨ। ਸੇਵਾ ਸੰਘ ਵੱਲੋਂ ਸ਼ਰਧਾਲੂਆਂ ਲਈ ਭੰਡਾਰਾ ਵਰਤਾਇਆ ਗਿਆ।

# ਰਾਮ ਨਗਰ ਬਸਤੀ ਵਿਖੇ ਨਸ਼ਾ ਤਸਕਰਾਂ ਵੱਲੋਂ ਕੀਤੀ ਨਾਜਾਇਜ਼ ਉਸਾਰੀ ਢਾਹੀ




ਸੰਗਰੂਰ, 7 ਜੁਲਾਈ:(ਹਰਕੰਵਲ ਸਿੰਘ ਹੈਪੀ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸਰਤਾਜ ਸਿੰਘ ਚਾਹਲ ਦੀ ਅਗਵਾਈ ਵਿੱਚ ਪੁਲੀਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਰਾਮ ਨਗਰ ਬਸਤੀ ਉਭਾਵਾਲ ਰੋਡ ਵਿਖੇ ਨਸ਼ਾ ਤਸਕਰਾਂ ਵੱਲੋਂ ਉਸਾਰੇ ਨਾਜਾਇਜ਼ ਮਕਾਨ ਨੂੰ ਢਾਹਿਆ ਗਿਆ । ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਮੁਲਜ਼ਮ ਅਮਰਜੀਤ ਕੌਰ ਉਰਫ ਮਾਣੋ ਖਿਲਾਫ ਐਨ.ਡੀ.ਪੀ.ਐੱਸ. ਐਕਟ ਦੇ 09 ਅਤੇ ਹੋਰ ਵੱਖ ਵੱਖ ਮਾਮਲਿਆਂ ਸਬੰਧੀ 03, ਕੁੱਲ 12 ਕੇਸ ਦਰਜ ਹਨ। ਅਮਰਜੀਤ ਕੌਰ ਉਰਫ ਮਾਣੋ ਦੇ ਪਤੀ ਭੋਲਾ ਸਿੰਘ ਉਰਫ ਹਰਬੰਸ ਸਿੰਘ ਉਰਫ ਅਵਤਾਰ ਖਿਲਾਫ ਐਨ.ਡੀ.ਪੀ.ਐੱਸ. ਐਕਟ ਦੇ 02 ਕੇਸ ਦਰਜ ਹਨ। ਅਮਰਜੀਤ ਕੌਰ ਉਰਫ ਮਾਣੋ ਦੀ ਸੱਸ ਸੁਰਜੀਤ ਕੌਰ ਉਰਫ ਜੀਤੋ ਖਿਲਾਫ ਐਨ.ਡੀ.ਪੀ.ਐੱਸ. ਐਕਟ ਦੇ 06 ਕੇਸ ਦਰਜ ਹਨ। ਅਮਰਜੀਤ ਕੌਰ ਉਰਫ ਮਾਣੋ ਦੀ ਧੀ ਜੈਸਮੀਨ ਉਰਫ ਕਾਲੋ ਖਿਲਾਫ ਐਨ.ਡੀ.ਪੀ.ਐੱਸ. ਐਕਟ ਦਾ 01 ਕੇਸ ਦਰਜ ਹੈ। ਇਸ ਤਰ੍ਹਾਂ ਇੱਕੋ ਪਰਿਵਾਰ ਦੇ 04 ਮੈਂਬਰਾਂ 'ਤੇ 21 ਕੇਸ ਦਰਜ ਹਨ।ਜ਼ਿਲ੍ਹਾ ਪੁਲਿਸ ਮੁਖੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਜਿਹੜੇ ਨੌਜਵਾਨ ਨਸ਼ਾ ਛੱਡ ਕੇ ਚੰਗੀ ਜ਼ਿੰਦਗੀ ਜਿਉਣਾ ਚਾਹੁੰਦੇ ਹਨ, ਉਹ ਅੱਗੇ ਆਉਣ ਪੰਜਾਬ ਸਰਕਾਰ ਉਹਨਾਂ ਦੀ ਹਰ ਹਾਲ ਮਦਦ ਕਰ ਰਹੀ ਹੈ। ਇਸ ਸਬੰਧੀ ਜ਼ਿਲ੍ਹੇ ਦੇ ਵਿੱਚ ਸਰਕਾਰੀ ਨਸ਼ਾ ਛੁੜਾਊ ਤੇ ਮੁੜਵਸੇਬਾ ਕੇਂਦਰ ਕਾਰਰਸ਼ੀਲ ਹਨ।ਜ਼ਿਲ੍ਹਾ ਪੁਲੀਸ ਮੁਖੀ ਨੇ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ।

# ਖਾਟੂ ਸ਼ਿਆਮ ਸੰਕੀਰਤਨ ਸਮਾਗਮ ਉਤਸ਼ਾਹ ਤੇ ਸ਼ਰਧਾ ਨਾਲ ਹੋਇਆ





ਧੂਰੀ, 7 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਸਮਸਤ ਸ਼ਿਆਮ ਮੰਡਲ ਧੂਰੀ ਵੱਲੋਂ ਦੇਵਦਸ਼ਮੀ ਇਕਾਦਸ਼ੀ ਦੇ ਪਵਿੱਤਰ ਮੌਕੇ 'ਤੇ ਸ੍ਰੀ ਸਨਾਤਨ ਧਰਮ ਮੰਦਰ, ਧੂਰੀ ਵਿਖੇ ਸ੍ਰੀ ਖਾਟੂ ਸ਼ਿਆਮ ਸੰਕੀਰਤਨ ਸਮਾਗਮ ਬੜੇ ਧਾਰਮਿਕ ਉਤਸ਼ਾਹ ਅਤੇ ਸ਼ਰਧਾ ਨਾਲ ਆਯੋਜਿਤ ਕੀਤਾ ਗਿਆ।ਇਸ ਸੰਕੀਰਤਨ ਸਮਾਗਮ ਦੌਰਾਨ ਪ੍ਰਸਿੱਧ ਭਜਨ ਗਾਇਕਾ ਮੀਨੂੰ ਅਰੋੜਾ (ਗੋਬਿੰਦਗੜ੍ਹ) ਨੇ ਆਪਣੀ ਮਧੁਰ ਆਵਾਜ਼ ਵਿੱਚ ਸ੍ਰੀ ਖਾਟੂ ਸ਼ਿਆਮ ਜੀ ਦੇ ਸੁੰਦਰ ਭਜਨਾਂ ਦੀ ਰਸਮਈ ਪੇਸ਼ਕਸ਼ ਕਰਕੇ ਸਾਰਿਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਉਤਸ਼ਾਹਿਤ ਕੀਤਾ ਅਤੇ ਉਪਰੋ ਥਲੀ ਸ੍ਰੀ ਬਾਲਾ ਜੀ ਅਤੇ ਸ੍ਰੀ ਖਾਟੂ ਜੀ ਸ਼ਿਆਮ ਦੇ ਭਜਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਸੈਂਕੜੇ ਸ਼ਰਧਾਲੂਆਂ ਨੇ ਹਾਜਰੀ ਲਗਾ ਕੇ ਸ੍ਰੀ ਸ਼ਿਆਮ ਜੀ ਦੇ ਚਰਨਾਂ 'ਚ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਕੀਤਾ। ਇਸ ਮੌਕੇ ਜੋਨੀ ਜਿੰਦਲ, ਸੌਰਵ ਬਾਂਸਲ, ਵਿਵੇਕ ਗੋਇਲ, ਪੁਨੀਤ ਗੋਇਲ, ਧੀਰਜ ਕੁਮਾਰ, ਸੋਨੂ ਕੁਮਾਰ, ਕ੍ਰਿਸ਼ਨ ਕੁਮਾਰ, ਸੰਜੀਵ ਸੰਜੂ ਗੋਇਲ, ਮਨੋਜ ਗਰਗ ਵੀ ਹਾਜ਼ਰ ਰਹੇ। ਸਮਾਪਤੀ ਤੇ ਪ੍ਰਸਾਦ ਵੰਡਿਆ ਗਿਆ ਅਤੇ ਸਮੂਹ ਸੰਗਤ ਨੇ ਵਾਤਾਵਰਨ ਨੂੰ ਸ਼ਰੀ ਸ਼ਿਆਮ ਰੰਗ ਵਿੱਚ ਰੰਗ ਦਿੱਤਾ।

# ਸੀਮਿੰਟ ਨਾਲ ਭਰੇ ਟਰਾਲੇ ਵਿੱਚੋਂ 900 ਕਿੱਲੋ ਭੁੱਕੀ ਬਰਾਮਦ

## ਰਾਜਸਥਾਨ ਤੋਂ ਆ ਰਹੀ ਸੀ ਭੁੱਕੀ ਦੀ ਖੇਪ, ਤਿੰਨ ਜਣੇ ਗ੍ਰਿਫ਼ਤਾਰ



ਬਠਿੰਡਾ, 7 ਜੁਲਾਈ (ਦੀਪਕ ਸ਼ਰਮਾ) :ਲੰਘੇ ਐਤਵਾਰ ਬਠਿੰਡਾ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸੀ ਨੇ ਇੱਕ ਸਾਂਝੀ ਕਾਰਵਾਈ ਦੌਰਾਨ ਸਮਿੰਟ ਨਾਲ ਭਰੇ ਟਰਾਲੇ ਨੂੰ ਜਬਤ ਕਰਕੇ ਨੌਂ ਕੁਇੰਟਲ ਭੁੱਕੀ ਬਰਾਮਦ ਕੀਤੀ ਗਈ ਹੈ। ਇਸ ਕਾਰਵਾਈ ਦੌਰਾਨ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਵੀ ਕੀਤਾ ਗਿਆ ਹੈ।ਕਥਿਤ ਦੋਸ਼ੀਆਂ ਕੋਲੋਂ ਕੀਤੀ ਗਈ ਮੁਢਲੀ ਪੁੱਛ ਪੜਤਾਲ ਦੌਰਾਨ ਇਸ ਗੱਲ ਦਾ ਖੁਲਾਸਾ ਹੋਇਆ ਹੈ ਕਿ ਉਕਤ ਵਿਅਕਤੀ ਪੁਲਿਸ ਦੀਆਂ ਨਜ਼ਰਾਂ ਤੋਂ ਬਚਣ ਲਈ ਟਰਾਲੇ ਵਿੱਚ ਸਮਿੰਟ ਭਰ ਕੇ ਲਿਆਏ ਸਨ। ਉਕਤ ਵਿਅਕਤੀਆਂ ਨੇ ਸਮਿੰਟ ਦੀਆਂ ਬੋਰੀਆਂ ਦੇ ਵਿਚਾਲੇ 45 ਬੋਰੀਆਂ ਵਿੱਚ ਭੁੱਕੀ ਡੋਡਾ ਪੋਸਤ ਰੱਖੇ ਹੋਏ ਸਨ। ਕਥਿਤ ਦੋਸ਼ੀਆਂ ਖਿਲਾਫ ਥਾਣਾ ਕੈਨਾਲ ਕਲੋਨੀ ਵਿਖੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਹੋਇਆਂ ਐਸਐਸਪੀ ਅਵਨੀਤ ਕੌਂਡਲ ਨੇ ਦੱਸਿਆ ਹੈ ਕਿ ਸੂਬਾ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਬਠਿੰਡਾ ਪੁਲਿਸ ਵੱਲੋ ਨਸ਼ਾ ਤਸਕਰਾਂ ਖਿਲਾਫ ਲਗਾਤਾਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ, ਜਿਸ ਦੇ ਤਹਿਤ ਬਠਿੰਡਾ ਪੁਲਿਸ ਨੇ ਭੁੱਕੀ ਦੀ ਇਹ ਖੇਪ ਬਰਾਮਦ ਕੀਤੀ ਹੈ। ਇਸ ਸਬੰਧੀ ਕਾਊਂਟਰ ਇੰਟੈਲੀਜੈਂਸੀ ਦੇ ਏਆਈਜੀ ਅਵਨੀਤ ਕੌਰ ਨੇ ਦੱਸਿਆ ਹੈ ਕੀ ਲੰਘੇ ਐਤਵਾਰ ਕਾਊਂਟਰ ਇੰਟੈਲੀਜੈਂਸੀ ਅਤੇ ਬਠਿੰਡਾ ਪੁਲਿਸ ਵੱਲੋਂ ਇੱਕ ਸਾਂਝਾ ਅਭਿਆਨ ਚਲਾਇਆ ਗਿਆ ਸੀ। ਇਸ ਦੌਰਾਨ ਡੀਐਸਪੀ ਸੰਦੀਪ ਭਾਟੀ ਦੀ ਅਗਵਾਈ ਵਿੱਚ ਪੁਲਿਸ ਟੀਮਾਂ ਵੱਲੋਂ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਤਲਾਸ਼ੀ ਲਈ ਜਾ ਰਹੀ ਸੀ। ਪੁਲਿਸ ਅਧਿਕਾਰੀ ਅਨੁਸਾਰ ਇਸ ਦੌਰਾਨ ਨੰਨੀ ਛਾਂ ਚੌਂਕ ਦੇ ਕੋਲ ਇੱਕ ਟਰਾਲਾ ਖੜਾ ਸੀ। ਉਕਤ ਟਰਾਲੇ ਦੇ ਕੋਲ ਹੀ ਤਿੰਨ ਵਿਵਿਅਕਤ ਤਰਪਾਲ ਨਾਲ ਛੇੜ ਛਾੜ ਕਰ ਰਹੇ ਸਨ। ਸ਼ੱਕ ਪੈਣ 'ਤੇ ਜਦ ਪੁਲਿਸ ਵੱਲੋਂ ਉਕਤ ਵਿਅਕਤੀਆਂ ਦੇ ਕੋਲੋਂ ਟਰਾਲੇ ਵਿੱਚ ਲੱਦੇ ਸਮਾਨ ਬਾਰੇ ਪੁੱਛ ਪੜਤਾਲ ਕੀਤੀ ਤਾਂ ਉਕਤ ਵਿਅਕਤੀ ਕੋਈ ਤਸੱਲੀ ਬਖਸ਼ ਜਵਾਬ ਨਹੀਂ ਦੇ ਸਕੇ। ਸ਼ੱਕ ਪੈਣ 'ਤੇ ਜਦ ਟਰਾਲੇ ਦੀ ਤਲਾਸ਼ੀ ਲਈ ਤਾਂ ਉਸ ਵਿੱਚ ਸਮਿੰਟ ਲੱਦਿਆ ਹੋਇਆ ਸੀ। ਪਰ ਸੀਮੈਂਟ ਦੀਆਂ ਬੋਰੀਆਂ ਦੇ ਵਿਚਕਾਰ 45 ਬੋਰੀਆਂ ਵਿੱਚ ਭੁੱਕੀ ਲੁਕੋ ਕੇ ਰੱਖੀ ਹੋਈ ਸੀ, ਜਿਸ ਦਾ ਵਜਨ ਨੌਂ ਕੁਇੰਟਲ ਦੇ ਕਰੀਬ ਸੀ। ਪੁਲਿਸ ਅਧਿਕਾਰੀ ਅਨੁਸਾਰ ਇਸ 'ਤੇ ਕਾਰਵਾਈ ਕਰਦਿਆਂ ਹੋਇਆਂ ਟਰਾਲੇ ਨੂੰ ਕਬਜ਼ੇ ਵਿੱਚ ਲੈ ਕੇ ਤਿੰਨਾਂ ਵਿਅਕਤੀਆਂ ਨੂੰ ਮੌਕੇ ਤੇ ਹੀ ਗ੍ਰਿਫਤਾਰ ਕਰ ਲਿਆ ਗਿਆ ਅਤੇ ਉਹਨਾਂ ਉੱਪਰ ਥਾਣਾ ਕੈਨਾਲ ਕਲੋਨੀ ਵਿਖੇ ਪਰਚਾ ਦਰਜ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਤਿੰਨ ਵਿਅਕਤੀਆਂ ਦੀ ਪਛਾਣ ਸਾਵਰ ਲਾਲ ਵਾਸੀ ਅਜਮੇਰ, ਰਾਜਸਥਾਨ (ਉਮਰ ਕਰੀਬ 37 ਸਾਲ, ਕਿੱਤਾ ਟਰੱਕ ਮਾਲਕ ਅਤੇ ਡਰਾਈਵਰ), ਜਗਦੀਪ ਸਿੰਘ ਵਾਸੀ ਪਿੰਡ ਨਿਊਰ, ਜ਼ਿਲ੍ਹਾ ਬਠਿੰਡਾ (ਉਮਰ ਕਰੀਬ 30 ਸਾਲ, ਕਿੱਤਾ ਖੇਤੀਬਾੜੀ) ਅਤੇ ਗੁਰਤੇਜ ਸਿੰਘ ਵਾਸੀ ਪਿੰਡ ਕੋਠਾ ਗੁਰੂ, ਜ਼ਿਲ੍ਹਾ ਬਠਿੰਡਾ (ਉਮਰ ਕਰੀਬ 50 ਸਾਲ, ਕਿੱਤਾ ਖੇਤੀਬਾੜੀ) ਵਜੋਂ ਹੋਈ ਹੈ। ਪੁੱਛ ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਉਕਤ ਵਿਅਕਤੀ ਰਾਜਸਥਾਨ ਦੇ ਅਜਮੇਰ ਸ਼ਹਿਰ ਵਿੱਚ ਕਿਸੇ ਥਾਂ ਤੋਂ ਭੁੱਕੀ ਦੀ ਇਹ ਖੇਪ ਲੈ ਕੇ ਆਏ ਸਨ। ਉਕਤ ਵਿਅਕਤੀਆਂ ਨੇ ਅੱਗੇ ਗੋਨਿਆਣੇ ਜਾਣਾ ਸੀ। ਇਸ ਤੋਂ ਇਲਾਵਾ ਮੁੱਢਲੀ ਪੁੱਛਗਿੱਛ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਗੁਰਤੇਜ ਸਿੰਘ ਖ਼ਿਲਾਫ਼ ਪਹਿਲਾਂ ਵੀ ਦੋ ਮੁਕੱਦਮੇ ਦਰਜ ਹਨ, ਜਿਨ੍ਹਾਂ ਵਿੱਚੋਂ ਐੱਨ.ਡੀ.ਪੀ.ਐੱਸ. ਐਕਟ ਥਾਣਾ ਸਦਰ ਅਬੋਹਰ ਅਤੇ ਦੂਜਾ ਮੁਕੱਦਮਾ ਅ/ਧ 52 ਏ ਪ੍ਰੀਜ਼ਨ ਐਕਟ ਥਾਣਾ ਸਿਟੀ ਫਿਰੋਜ਼ਪੁਰ ਵਿੱਚ ਦਰਜ ਹੈ। ਬਾਕੀ ਦੋਵਾਂ ਗ੍ਰਿਫ਼ਤਾਰ ਵਿਅਕਤੀਆਂ ਖ਼?ਲਾਫ਼ ਕੋਈ ਪੁਰਾਣਾ ਮੁਕੱਦਮਾ ਦਰਜ ਨਹੀਂ ਹੈ ਪੁਲਿਸ ਅਨੁਸਾਰ, ਇਸ ਭੁੱਕੀ ਡੋਡੇ ਪੋਸਤ ਦੇ ਸਰੋਤ ਅਤੇ ਇਸਦੀ ਅੱਗੇ ਸਪਲਾਈ ਚੇਨ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਹੋਰ ਵੀ ਅਹਿਮ ਖੁਲਾਸੇ ਹੋ ਸਕਣ।

# ਸ੍ਰੀ ਰਮਾਇਣ ਜੀ ਦੇ ਪਾਠ ਦਾ ਭੋਗ ਪਾਇਆ



ਸੁਨਾਮ ਊਧਮ ਸਿੰਘ ਵਾਲਾ, 7 ਜੁਲਾਈ( ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ):ਸ੍ਰੀ ਰਾਮ ਆਸ਼ਰਮ ਮੰਦਿਰ ਦੇ ਵਿੱਚ ਸ਼ਰਧਾਲੂਆਂ ਵੱਲੋਂ ਸ੍ਰੀ ਰਮਾਇਣ ਜੀ ਦੇ ਪਾਠ ਕਰਵਾਏ ਜਾਂਦੇ ਹਨ ਇਸੇ ਲੜੀਵਾਰ ਤਹਿਤ ਪ੍ਰੇਮ ਚੰਦ ਗਰਗ ਅਤੇ ਉਨਾਂ ਦੀ ਪਤਨੀ ਨੀਲਮ ਰਾਣੀ ਭਤੀਜਾ ਸ਼ਾਮ ਸੁੰਦਰ ਅਤੇ ਪਤਨੀ ਰੇਣੁਕਾ ਗਰਗ ਵੱਲੋਂ ਸ੍ਰੀ ਰਾਮ ਆਸ਼ਰਮ ਮੰਦਰ ਦੇ ਵਿੱਚ ਸ਼੍ਰੀ ਰਮਾਇਣ ਜੀ ਦਾ ਪਾਠ ਆਯੋਜਿਤ ਕਰਵਾਇਆ ਗਿਆ ਮੰਦਰ ਵਿੱਚ ਪਹੁੰਚੇ ਸ਼ਰਧਾਲੂਆਂ ਨੇ ਬੜੇ ਹੀ ਸ਼ਰਧਾ ਦੇ ਨਾਲ ਭਗਵਾਨ ਸ੍ਰੀ ਰਾਮ ਜੀ ਦਾ ਗੁਣਗਾਨ ਕੀਤਾ ਕੀਰਤਨ ਮੰਡਲੀਆਂ ਨੇ ਵੀ ਆਪਣੇ ਕੀਰਤਨਾਂ ਰਾਹੀਂ ਸ਼ਰਧਾਲੂਆਂ ਨੂੰ ਖੂਬ ਨਚਾਇਆ ਮੰਦਰ ਕਮੇਟੀ ਦੇ ਪ੍ਰਧਾਨ ਤਰੁਣ ਬਾਂਸਲ ਨੇ ਮੰਚ ਤੇ ਯਜਮਾਨ, ਮੁਹੱਲਾ ਨਿਵਾਸੀਆਂ, ਅਤੇ ਸ਼ਰਧਾਲੂਆਂ ਦਾ ਸਵਾਗਤ ਕੀਤਾ, ਅਤੇ ਕਿਹਾ ਕਿ ਸ੍ਰੀ ਰਾਮ ਆਸ਼ਰਮ ਮੰਦਰ ਤਰੱਕੀ ਵੱਲ ਹੈ ਤੇ ਸਭ ਦੇ ਸਹਿਯੋਗ ਦੀ ਲੋੜ ਹੈ। ਇਸ ਮੌਕੇ ਗੋਪਾਲ ਕ੍ਰਿਸ਼ਨ ਗਰਗ ਡਿਪਟੀ ਡਾਇਰੈਕਟਰ ਚਿੱਤਕਾਰਾ ਕਾਲਜ, ਇੰਦਰ ਲਤਾ ਗਰਗ ਰਿਟਾਇਰਡ ਟੀਚਰ ਮੁਹਾਲੀ, ਦਿਨੇਸ਼ ਗਰਗ,ਸ਼ਿਲਪੀ ਗਰਗ ਜ਼ੀਰਕਪੁਰ, ਸਰੋਜ ਰਾਣੀ, ਸਰੋਜ ਰਾਣੀ, ਪਰਨਿਆ ਗਰਗ ਅਵਨੀ ਗਰਗ, ਰੀਵਿਕ ਗਰਗ, ਜੈਨਸ ਗਰਗ, ਰਿਤੂ ਗਰਗ ਭਾਵੇਸ਼ ਗਰਗ,ਤ੍ਰਿਸ਼ਵ ਗਰਗ, ਸੋਰਿਆ ਵੀਰ ਗਰਗ, ਜਤਿੰਦਰ ਗਰਗ, ਚੀਨੂ ਗਰਗ ਪ੍ਰੀਆ ਗਰਗ, ਯਸ਼ਪਾਲ ਗਰਗ, ਐਡਵੋਕੇਟ ਨਵੀਨ ਗਰਗ,ਮੋਨਿਕਾ ਜੈਨ, ਮੰਗਤ ਰਾਏ, ਰਾਜ ਕੁਮਾਰ, ਬੰਤ ਰਾਮ, ਨਰੇਸ਼ ਕੁਮਾਰ ਟੋਨੀ ਗੋਇਲ, ਗੁਰਦਿਆਲ ਗਰਗ ਸੌਰਵ ਜੈਨ,ਮਨੀਸ਼ ਘਰਾਚੋਂ ਗਗਨਦੀਪ ਗਰਗ ਅਤੇ ਹੋਰ ਮੌਜੂਦ ਸਨ।

# 'ਹਰ.ਫਾਂ ਦੀ ਲੋਅ' ਪੰਜਾਬੀ ਸਾਹਿਤਕ ਸੱਥ ਨੇ ਦੂਜਾ ਸਾਹਿਤਕ ਸਮਾਗਮ ਕਰਵਾਇਆ



ਬਠਿੰਡਾ, 7 ਜੁਲਾਈ (ਇੰਦਰਪਾਲ ਬਾਂਸਲ) : ਹਰਫ਼ਾਂ ਦੀ ਲੋਅ ਪੰਜਾਬੀ ਸਾਹਿਤਕ ਸੱਥ ਵੱਲੋਂ ਬੀਤੇ ਕੱਲ ਫੂਲ ਟਾਊਨ (ਬਠਿੰਡਾ) ਵਿਖੇ ਦੂਜਾ ਸਾਹਿਤਕ ਸਮਾਗਮ ਸਿੱਧ ਬੀਬੀ ਪਾਰੋ ਮੰਦਰ ਵਿਖੇ ਕਰਵਾਇਆ ਗਿਆ ਜੋ ਕਿ ਯਾਦਗਾਰ ਹੋ ਨਿਬੜਿਆ। ਜਾਣਕਾਰੀ ਦਿੰਦਿਆਂ ਸਮਾਗਮ ਦੇ ਮੁੱਖ ਪ੍ਰਬੰਧਕ ਸਮਸ਼ੇਰ ਸਿੰਘ ਮੱਲੀ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਲੱਗਭਗ 120 ਦੇ ਕਰੀਬ ਕਲਮਕਾਰਾਂ ਨੇ ਸ਼ਿਰਕਤ ਕੀਤੀ ਤੇ ਆਪਣੀਆਂ ਰਚਨਾਵਾਂ ਨਾਲ ਹਾਜ਼ਰੀ ਲਵਾਈ। ਉਨਾਂ ਦੱਸਿਆ ਕਿ ਸਮਾਗਮ ਦੌਰਾਨ ਤਿੰਨ ਕਿਤਾਬਾਂ ਕਾਮਰੇਡ ਮੇਘ ਰਾਜ ਫੌਜੀ ਦੀ ਮੜਕ ਚਾਨਣੀ ਧੁੱਪ, ਨਾਜਮਾ ਖਾਤੂਨ ਦੀ ਸਮੁੰਦਰਾਂ ਨਾਲ ਟੱਕਰ ਅਤੇ ਕਿਰਨਦੀਪ ਕੌਰ ਕਿਰਨ ਭਾਈਰੂਪਾ ਦਾ ਨਾਵਲ ਰਿਸ਼ਤਿਆਂ ਦੀ ਧੁੱਪ ਛਾਂ ਲੋਕ ਅਰਪਣ ਕੀਤੀਆਂ ਗਈਆਂ। ਇਹ ਪ੍ਰੋਗਰਾਮ ਸੰਸਥਾ ਦੇ ਸਰਪ੍ਰਸਤ ਮਾਹੀ ਮਿੱਠਾਪੁਰੀਆ ਕੈਨੇਡਾ ਦੇ ਨਿਰਦੇਸ਼ਾਂ ਅਨੁਸਾਰ ਹਰਫ਼ਾਂ ਦੀ ਲੋਅ ਕਮੇਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਐਸ ਐਸ ਚੱਠਾ,ਚੇਅਰਮੈਨ ਫਤਿਹ ਗਰੁੱਪ ਰਾਮਪੁਰਾ ਫੂਲ ਅਤੇ ਪ੍ਰਧਾਨਗੀ ਮੰਡਲ ਵਿੱਚ ਰਵੀਨਾ ਖਾਨ ਮੀਰ ਪ੍ਰਧਾਨ ਵੂਮੈਨ ਕਾਫਿਲਾ ਏ ਮੀਰ ਆਲ ਇੰਡੀਆ, ਮੂਲ ਚੰਦ ਸ਼ਰਮਾ ਧੂਰੀ, ਸੁਰਜੀਤ ਸਿੰਘ ਚੇਲਾ ਵਿਰਾਸਤੀ ਬਾਗ, ਕ੍ਰਿਸ਼ਨ ਸਿੰਘ ਫੌਜੀ ਪ੍ਰਧਾਨ ਮੰਦਰ ਬੀਬੀ ਪਾਰੋ, ਹਰੀਸ਼ ਗਰੋਵਰ, ਜਸਵਿੰਦਰ ਪੰਜਾਬੀ, ਲਖਵਿੰਦਰ ਕੌਰ ਪਿੰਕੀ ਅਤੇ ਸਰਬਜੀਤ ਕੌਰ ਸਹੋਤਾ ਸਨ। ਇਸ ਮੌਕੇ ਗ੍ਰੀਨ ਮਿਸ਼ਨ ਵੈਲਫੇਅਰ ਸੁਸਾਇਟੀ ਰਾਮਪੁਰਾ ਫੂਲ ਵੱਲੋਂ ਕਨਵੀਨਰ ਧਰਮਪਾਲ ਢੱਡਾ ਜੀ, ਧਰਮਵੀਰ ਖੰਨਾ ਨਾਜਰ ਸਿੰਘ ਨਾਫਰੀਆ ਐਡਵੋਕੇਟ ਕ੍ਰਿਸ਼ਨ ਚੰਦ ਜੈਨ ਅਤੇ ਗੁਰ ਗਿਆਨ ਸਿੰਘ ਜੇਈ ਵੱਲੋਂ ਬੂਟਿਆਂ ਦਾ ਲੰਗਰ ਲਗਾਇਆ ਗਿਆ ਅਤੇ ਕਿਤਾਬਾਂ ਦੀ ਸਟਾਲ,, ਕੈਫੇ ਵਰਲਡ ਪਬਲੀਕੇਸ਼ਨ ਸੁਖਰਾਜ ਸਿੰਘ ਵੱਲੋਂ ਲਗਾਈ ਗਈ। ਇਸ ਸਮਾਗਮ ਵਿੱਚ ਪ੍ਰਧਾਨ ਸਰਬਜੀਤ ਕੌਰ ਢਿੱਲੋਂ, ਕਰਮਜੀਤ ਕੌਰ ਕਿੱਕਰ, ਖੇੜਾ, ਲਖਵਿੰਦਰ ਕੌਰ ਪਿੰਕੀ, ਸਰਬਜੀਤ ਕੌਰ ਸਹੋਤਾ ਗੁਰਦੀਪ ਸਿੰਘ ਲੋਟੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਪ੍ਰੋਗਰਾਮ ਦਾ ਸਮੁੱਚਾ ਪ੍ਰਬੰਧ ਸਰਬਜੀਤ ਸਿੰਘ ਨਮੋਲ, ਹਰਦੀਪ ਸਿੰਘ ਰਾਜੂ ਮੰਡੇਰ ਪਟਵਾਰੀ, ਹਰਜਿੰਦਰ ਸਿੰਘ ਮਹਿਣਾ, ਸਤਬੀਰ ਸਿੰਘ , ਸੁਖਵਿੰਦਰ ਸਿੰਘ ਅਟਵਾਲ ਅਤੇ ਹਰਜਿੰਦਰ ਸਿੰਘ ਮਹਿਣਾ ਦੀ ਮਿਹਨਤ ਸਦਕਾ ਸ਼ਲਾਘਾਯੋਗ ਰਿਹਾ। ਮੱਲੀ ਨੇ ਦੱਸਿਆ ਕਿ ਹਰਫਾਂ ਦੀ ਲੋਅ ਸਾਹਿਤਕ ਸੱਥ ਦੀ ਸਾਰੀ ਕਮੇਟੀ ਇਸ ਉਪਰਾਲੇ ਲਈ ਵਧਾਈ ਦੀ ਪਾਤਰ ਹੈ। ਉਮੀਦ ਹੈ ਕਿ ਇਹਨਾਂ ਵਾਂਗ ਹੋਰ ਸੰਸਥਾਵਾਂ ਵੀ ਪੰਜਾਬੀ ਬੋਲੀ ਦੀ ਸਾਂਭ ਸੰਭਾਲ ਲਈ ਉਪਰਾਲੇ ਕਰਨਗੀਆਂ ਕਿਉਂਕਿ ਅੱਜ ਦੇ ਸਮੇਂ ਵਿੱਚ ਇਸ ਤਰ੍ਹਾਂ ਦੇ ਕੰਮ ਕਰਨ ਦੀ ਸਖਤ ਜ਼ਰੂਰਤ ਹੈ।ਇਸ ਸਮਾਗਮ ਦੌਰਾਨ ਕਮੇਟੀ ਵੱਲੋਂ ਆਏ ਹੋਏ ਲੇਖਕਾਂ ਅਤੇ ਸਨਮਾਨਯੋਗ ਸ਼ਖਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਅਖੀਰ ਵਿੱਚ ਲੱਗਦੇ ਰਹਿਣ ਖੁਸ਼ੀ ਦੇ ਮੇਲੇ ,ਮਿਲਦੀਆਂ ਰਹਿਣ ਵਧਾਈਆਂ, ਦੇ ਉਪਦੇਸ਼ ਨਾਲ ਇਹ ਸਾਹਿਤਕ ਸਮਾਗਮ ਅਗਲੇ ਸਾਲ ਦੀ ਉਡੀਕ ਨਾਲ ਯਾਦਗਾਰੀ ਹੋ ਨਿੱਬੜਿਆ।

# ਰੋਇਲ ਕਾਨਵੈਂਟ ਸਕੂਲ ਵੱਲੋਂ ਵਿਦਿਆਰਥੀਆਂ ਦਾ ਸਨਮਾਨ



ਸਰਦੂਲਗੜ੍ਹ, 7 ਜੁਲਾਈ ( ਲਛਮਣ ਸਿੱਧੂ ): ਰੋਇਲ ਕਾਨਵੈਂਟ ਸਕੂਲ, ਸਰਦੂਲਗੜ੍ਹ ਵਿੱਚ ਇੰਡੀਆਨ ਟੈਲੈਂਟ ਓਲੰਪਿਆਡ ਪ੍ਰਤਿਯੋਗਿਤਾ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਸਕੂਲ ਪ੍ਰੰਗਣ ਵਿੱਚ ਆਯੋਜਿਤ ਸਮਾਰੋਹ ਦੌਰਾਨ ਪ੍ਰਿੰਸੀਪਲ ਸ਼੍ਰੀਮਤੀ ਪ੍ਰਮਪਾਲ ਕੌਰ ਨੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੀ ਕਾਬਿਲੀਅਤ ਅਤੇ ਮਿਹਨਤ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਤੇ ਰਾਜ ਪੱਧਰੀ ਇਨਾਮ ਜੇਤੂ ਜੈਸਮੀਨ ਤਨਵਾਰ ਨੂੰ ਵਿਗਿਆਨ ਵਿਸ਼ੇ ਵਿੱਚ ਰੈਂਕ 4 ਲਈ 1200/- ਵਜੀਫਾ ਰਾਸ਼ੀ ਅਤੇ ਪ੍ਰਭਨੂਰ ਕੌਰ ਨੂੰ ਜਨਰਲ ਨੌਲਿਜ ਵਿਸ਼ੇ ਵਿੱਚ ਰੈਂਕ 8 ਲਈ 700/- ਵਜੀਫਾ ਰਾਸ਼ੀ ਦਿੱਤੀ ਗਈ। ਨਾਲ ਹੀ, ਐਕਸੀਲੈਂਸ ਮੈਡਲ ਜੇਤੂ ਵਿਦਿਆਰਥੀ ਭਵਿਆ (ਗਣਿਤ, ਰੈਂਕ 23), ਨਵਦੀਪ (ਹਿੰਦੀ, ਰੈਂਕ 21), ਧਨਿਸ਼ਠਾ ਜੈਨ (ਅੰਗਰੇਜ਼ੀ, ਰੈਂਕ 22) ਅਤੇ ਅਨੀਸ਼ਾ ਰਾਣੀ (ਵਿਗਿਆਨ, ਰੈਂਕ 22) ਨੂੰ ਵੀ ਸਨਮਾਨਿਤ ਕੀਤਾ ਗਿਆ।ਪ੍ਰਿੰਸੀਪਲ ਸ਼੍ਰੀਮਤੀ ਪ੍ਰਮਪਾਲ ਕੌਰ ਨੇ ਕਿਹਾ, "ਇਹ ਸਫਲਤਾ ਵਿਦਿਆਰਥੀਆਂ ਦੀ ਲਗਨ ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਪ੍ਰਿੰਸੀਪਲ ਮੈਡਮ ਨੇ ਵਿਦਿਆਰਥੀਆਂ ਦੇ ਮਾਤਾ-ਪਿਤਾ ਦੇ ਨਾਲ-ਨਾਲ ਸਬੰਧਿਤ ਵਿਸ਼ੇ ਦੇ ਅਧਿਆਪਕਾ ਨੂੰ ਵੀ ਵਧਾਈ ਦਿੱਤੀ।ਇਸ ਮੌਕੇ 'ਤੇ ਸਕੂਲ ਮੈਨੇਜਮੈਂਟ ਦੇ ਚੇਅਰਮੈਨ, ਸ਼੍ਰੀ ਮੋਹਿਤ ਜੈਨ, ਅਤੇ ਵਾਈਸ-ਚੇਅਰਮੈਨ, ਸ਼੍ਰੀ ਮਨੀਸ਼ ਮੰਗਲਾ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਅਜਿਹੀਆਂ ਪ੍ਰਤਿਯੋਗਿਤਾਵਾਂ ਦੇ ਆਯੋਜਨ ਦੀ ਘੋਸ਼ਣਾ ਕੀਤੀ।ਇਹ ਸਮਾਗਮ ਸਕੂਲ ਲਈ ਮਾਣ ਅਤੇ ਉਤਸ਼ਾਹ ਦਾ ਸਰੋਤ ਬਣਿਆ।

# ਨਰੇਸ਼ ਜਿੰਦਲ ਸਰਬਸੰਮਤੀ ਨਾਲ ਕੈਮਿਸਟ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਬਣੇ



ਸੁਨਾਮ ਊਧਮ ਸਿੰਘ ਵਾਲਾ, 7 ਜੁਲਾਈ( ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ):ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਦੀ ਮੀਟਿੰਗ ਵਿੱਚ ਨਰੇਸ਼ ਜਿੰਦਲ ਨੂੰ ਫਿਰ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ। ਰਾਜੀਵ ਜੈਨ ਨੂੰ ਸਕੱਤਰ ਚੁਣਿਆ ਗਿਆ। ਜ਼ਿਲ੍ਹੇ ਦੇ ਕੈਮਿਸਟ ਲੰਬੇ ਸਮੇਂ ਤੋਂ ਉਕਤ ਪ੍ਰਤੀਨਿਧੀਆਂ 'ਤੇ ਵਿਸ਼ਵਾਸ ਪ੍ਰਗਟ ਕਰਦੇ ਆ ਰਹੇ ਹਨ। ਇਸ ਤੋਂ ਪਹਿਲਾਂ ਐਸੋਸੀਏਸ਼ਨ ਨੇ ਜਨਤਕ ਤੌਰ 'ਤੇ ਉਕਤ ਅਹੁਦਿਆਂ ਲਈ ਅਰਜ਼ੀਆਂ ਮੰਗੀਆਂ ਸਨ। ਪਰ ਕਿਸੇ ਵੀ ਕੈਮਿਸਟ ਨੇ ਅਰਜ਼ੀ ਨਹੀਂ ਦਿੱਤੀ। ਮੀਟਿੰਗ ਵਿੱਚ, ਕੈਮਿਸਟਾਂ ਨੂੰ ਦੁਬਾਰਾ ਇਨ੍ਹਾਂ ਅਹੁਦਿਆਂ ਲਈ ਅੱਗੇ ਆਉਣ ਲਈ ਕਿਹਾ ਗਿਆ। ਕੈਮਿਸਟਾਂ ਨੇ ਨਰੇਸ਼ ਜਿੰਦਲ ਅਤੇ ਰਾਜੀਵ ਜੈਨ ਦੀ ਅਗਵਾਈ ਵਿੱਚ ਵਿਸ਼ਵਾਸ ਦਾ ਪ੍ਰਗਟਾਵਾ ਕੀਤਾ ਅਤੇ ਦੋਵਾਂ ਨੂੰ ਕ੍ਰਮਵਾਰ ਪ੍ਰਧਾਨ ਅਤੇ ਸਕੱਤਰ ਚੁਣਿਆ। ਇਸ ਮੌਕੇ ਨਰੇਸ਼ ਜਿੰਦਲ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਕਿਸੇ ਵੀ ਕੈਮਿਸਟ ਦੇ ਹਿੱਤਾਂ ਨੂੰ ਨੁਕਸਾਨ ਨਹੀਂ ਪਹੁੰਚਣ ਦੇਣਗੇ। ਕੈਮਿਸਟਾਂ ਨੂੰ ਡਰੱਗ ਵਿਭਾਗ ਦੇ ਨਿਯਮਾਂ ਅਤੇ ਕਾਨੂੰਨਾਂ ਦੇ ਅੰਦਰ ਰਹਿ ਕੇ ਆਪਣਾ ਕਾਰੋਬਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਕੈਮਿਸਟ ਆਨਲਾਈਨ ਕਾਰੋਬਾਰ ਤੋਂ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਉਨ੍ਹਾਂ ਕੇਂਦਰ ਅਤੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਦਵਾਈਆਂ ਦੀ ਆਨਲਾਈਨ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਈ ਜਾਵੇ। ਆਲ ਇੰਡੀਆ ਕੈਮਿਸਟ ਐਸੋਸੀਏਸ਼ਨ ਲਗਾਤਾਰ ਕੇਂਦਰ ਨਾਲ ਸੰਪਰਕ ਸਥਾਪਿਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦਵਾਈਆਂ ਦੇ ਆਨਲਾਈਨ ਕਾਰੋਬਾਰ ਨੂੰ ਰੋਕਣ ਲਈ ਕੈਮਿਸਟ ਐਸੋਸੀਏਸ਼ਨ ਹਰ ਤਰ੍ਹਾਂ ਦੇ ਸੰਘਰਸ਼ ਲਈ ਤਿਆਰ ਹੈ। ਇਸ ਦੌਰਾਨ ਸੰਗਰੂਰ ਬਲਾਕ ਕੈਮਿਸਟ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਜਿਸ ਵਿੱਚ ਬਲਵਿੰਦਰ ਸਿੰਘ ਬਬਲਾ ਨੂੰ ਪ੍ਰਧਾਨ, ਵਿਨੀਤ ਜਿੰਦਲ ਨੂੰ ਜਨਰਲ ਸਕੱਤਰ ਬਣਾਇਆ ਗਿਆ। ਇਸ ਤੋਂ ਇਲਾਵਾ ਮੁਨੀਸ਼ ਸਿੰਗਲਾ ਨੂੰ ਥੋਕ ਕੈਮਿਸਟ ਐਸੋਸੀਏਸ਼ਨ ਦਾ ਪ੍ਰਧਾਨ ਅਤੇ ਸੁਸ਼ੀਲ ਉੱਪਲ ਨੂੰ ਜਨਰਲ ਸਕੱਤਰ ਬਣਾਇਆ ਗਿਆ। ਪ੍ਰੇਮ ਚੰਦ ਨੂੰ ਚੇਅਰਮੈਨ, ਸਤੀਸ਼ ਸਿੰਗਲਾ ਨੂੰ ਖਜ਼ਾਨਚੀ, ਵਿਨੋਦ ਹੈਪੀ ਨੂੰ ਸੰਗਠਨ ਸਕੱਤਰ, ਰਾਕੇਸ਼ ਧੂਰੀ ਅਤੇ ਦਵਿੰਦਰ ਵਸ਼ਿਸ਼ਟ ਨੂੰ ਸੀਨੀਅਰ ਉਪ ਪ੍ਰਧਾਨ, ਪਰਮਿੰਦਰ ਸਿੰਘ, ਸਤਿੰਦਰ ਕੁਮਾਰ, ਫਕੀਰ ਚੰਦ, ਸਤਪਾਲ ਸ਼ਰਮਾ, ਕੌਰ ਸਿੰਘ ਢੀਂਡਸਾ, ਡਾ. ਰਾਮਲਾਲ, ਡਾ. ਗੁਰਚਰਨ ਸਿੰਘ, ਗੱਗੀ ਚੀਮਾ ਨੂੰ ਉਪ ਪ੍ਰਧਾਨ ਬਣਾਇਆ ਗਿਆ। ਯੋਗੇਸ਼ ਚੋਪੜਾ ਨੂੰ ਵਧੀਕ ਜਨਰਲ ਸਕੱਤਰ, ਅਜਾਇਬ ਸਿੰਘ ਸੈਣੀ ਨੂੰ ਪੀ.ਆਰ.ਓ., ਡਾ. ਦਲਜੀਤ ਸਿੰਘ, ਖੁਸ਼ਵਿੰਦਰ ਸ਼ਰਮਾ, ਭੂਸ਼ਣ ਗੋਇਲ, ਗੁਰਜੰਟ ਸਿੰਘ, ਰਾਕੇਸ਼ ਕੁਮਾਰ, ਪ੍ਰਵੀਨ ਮਦਾਨ, ਗੁਰਿੰਦਰ ਕੁਮਾਰ, ਜਸਪ੍ਰੀਤ ਰੰਮੀ ਨੂੰ ਸੰਯੁਕਤ ਸਕੱਤਰ ਨਿਯੁਕਤ ਕੀਤਾ ਗਿਆ ਹੈ।

# ਕਰਮਜੀਤ ਕੌਰ ਮਾਨ ਸਰਪੰਚ ਯੂਨੀਅਨ ਦੇ ਪ੍ਰਧਾਨ ਬਣੇ



ਰਾਮਪੁਰਾ ਫੂਲ, 7 ਜੁਲਾਈ (ਮਨਪ੍ਰੀਤ ਮਿੱਟੂ):ਬਲਾਕ ਰਾਮਪੁਰਾ ਦੇ ਸਰਪੰਚਾਂ ਦੀ ਇੱਕ ਅਹਿਮ ਮੀਟਿੰਗ ਮਹਿਫ਼ਲ ਹੋਟਲ ਰਾਮਪੁਰਾ ਫੂਲ ਵਿਖੇ ਹੋਈ। ਜਿੱਥੇ ਬਲਾਕ ਰਾਮਪੁਰਾ ਦੇ ਤਕਰੀਬਨ ਦੋ ਦਰਜਨ ਤੋਂ ਵੱਧ ਪਿੰਡਾਂ ਦੇ ਸਰਪੰਚਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸਮੂਹ ਸਰਪੰਚਾਂ ਨੇ ਸਮੂਹ ਬਲਾਕ ਦੀਆਂ ਪੰਚਾਇਤਾਂ ਨੂੰ ਆ ਰਹੀਆਂ ਸਮੱਸਿਆਵਾਂ ਤੇ ਵਿਚਾਰ ਚਰਚਾ ਕੀਤੀ। ਚੋਣ ਵਿਚ ਸਰਬਸੰਮਤੀ ਨਾਲ‹ ਬਲਾਕ ਰਾਮਪੁਰਾ ਦੀ ਪੰਚਾਇਤ ਯੂਨੀਅਨ ਦਾ ਗਠਨ ਕੀਤਾ ਗਿਆ, ਜਿਸ ਵਿੱਚ ਚੇਅਰਮੈਨ ਬਲਵੀਰ ਸਿੰਘ ਸਰਪੰਚ ਭੁੱਗਰਾਂ, ਪ੍ਰਧਾਨ ਕਰਮਜੀਤ ਕੌਰ ਮਾਨ ਸਰਪੰਚ ਨੰਦਗੜ੍ਹ ਕੋਟੜਾ ਪਤਨੀ ਅਵਤਾਰ ਸਿੰਘ ਮਾਨ, ਮੀਤ ਪ੍ਰਧਾਨ ਜਸਵੰਤ ਦਰਦ ਪ੍ਰੀਤ ਸਰਪੰਚ ਕੋਠੇ ਮੰਡੀ ਕਲਾਂ, ਜਨਰਲ ਸਕੱਤਰ ਅਮਰਦੀਪ ਕੌਰ ਸਰਪੰਚ ਕੋਟੜਾ ਕੌੜਿਆਂ ਵਾਲਾ ਪਤਨੀ ਕਰਮਪਾਲ ਸਿੰਘ, ਖ਼ਜ਼ਾਨਚੀ ਸਰਬਜੀਤ ਕੌਰ ਸਰਪੰਚ ਖੋਖਰ ਪਤਨੀ ਜਗਸੀਰ ਸਿੰਘ, ਸਕੱਤਰ ਗੁਰਪ੍ਰੀਤ ਸਿੰਘ ਸਰਪੰਚ ਮੰਡੀ ਖੁਰਦ, ਪ੍ਰੈੱਸ ਸਕੱਤਰ ਹਰਬੰਸ ਸਿੰਘ ਗਿੱਲ ਦੀ ਪਤਨੀ ਸਰਪੰਚ ਚੁਣੇ ਗਏ। ਇਸ ਮੌਕੇ ਮੰਡੀ ਕਲਾਂ ਦੀ ਸਰਪੰਚ ਮਨਜਿੰਦਰ ਕੌਰ ਪਤਨੀ ਮਲਕੀਤ ਸਿੰਘ, ਭੂੰਦੜ ਪਿੰਡ ਦੀ ਸਰਪੰਚ ਸਰਬਜੀਤ ਕੌਰ, ਬੱਲੋ ਪਿੰਡ ਦੀ ਸਰਪੰਚ ਅਮਰਜੀਤ ਕੌਰ ਅਤੇ ਚਾਉਕੇ ਪਿੰਡ ਦੀ ਸਰਪੰਚ ਕੁਲਜੀਤ ਕੌਰ , ਜੈਦ ਪਿੰਡ ਤੋਂ ਸਰਪੰਚ ਸਰਬਜੀਤ ਕੌਰ, ਜਿਉਂਦ ਪਿੰਡ ਤੋਂ ਸਰਪੰਚ ਕੁਲਦੀਪ ਕੌਰ, ਬਦਿਆਲਾ ਪਿੰਡ ਤੋਂ ਲਛਮਣ ਸਿੰਘ ਨੇ ਵੀ ਫੋਨ ਤੇ ਪੰਚਾਇਤ ਯੂਨੀਅਨ ਦੀ ਹੋਈ ਚੋਣ ਤੇ ਸਹਿਮਤੀ ਜਤਾਈ। ਘੜੈਲਾ ਪਿੰਡ ਤੋਂ ਸਰਪੰਚ ਬਲਜਿੰਦਰ ਸਿੰਘ , ਭੈਣੀ ਤੋਂ ਸਰਪੰਚ ਭੁਪਿੰਦਰ ਸਿੰਘ, ਨੇ ਵੀ ਸ਼ਿਰਕਤ ਕੀਤੀ।

# ਗਰੀਨ ਮਿਸ਼ਨ ਸੁਸਾਇਟੀ ਨੇ ਪੰਛੀਆਂ, ਜਾਨਵਰਾਂ ਲਈ ਬਣਾਈਆਂ ਪਾਣੀ ਦੀਆਂ ਡਿੱਗੀਆਂ



ਰਾਮਪੁਰਾ ਫੂਲ, 7ਜੁਲਾਈ(ਮਨਪ੍ਰੀਤ ਮਿੱਟੂ):ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ (ਰਜਿ.) ਰਾਮਪੁਰਾ ਫੂਲ ਵੱਲੋਂ ਸਥਾਨਕ ਬੀੜ ਵਿੱਚ ਪੰਛੀਆਂ ਅਤੇ ਜਾਨਵਰਾਂ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕਰਵਾਈਆਂ ਪਾਣੀ ਦੀਆਂ ਡਿੱਗੀਆਂ (ਵਾਟਰ ਟੈਂਕੀਆਂ/ )ਦਾ ਉਦਘਾਟਨ ਇੰਦਰਜੀਤ ਸਿੰਘ ਮਾਨ, ਚੇਅਰਮੈਨ ਪੰਜਾਬ ਖਾਦੀ ਬੋਰਡ, ਅਤੇ 'ਆਪ' ਦੇ ਸੂਬਾ ਸਕੱਤਰ ਮਾਲਵਾ ਜ਼ੋਨ ਪੰਜਾਬ ਨੇ ਕੀਤਾ।ਇਸ ਮੌਕੇ ਉਨ੍ਹਾਂ ਸੁਸਾਇਟੀ ਦੀ ਪ੍ਰਸ਼ੰਸਾ ਕਰਦਿਆਂ 21,000 ਦੀ ਮਾਲੀ ਸਹਾਇਤਾ ਵੀ ਦਿੱਤੀ। ਇਸ ਮੌਕੇ ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ "ਮੈਂ ਲਹਿਰਾ ਬੇਗਾ ਟੋਲ ਪਲਾਜ਼ਾ ਨੂੰ ਰਾਮਪੁਰਾ ਪਿੰਡ ਦੀ ਤਰਜ਼ 'ਤੇ ਰਾਮਪੁਰਾ ਸ਼ਹਿਰ ਵਾਸੀਆਂ ਲਈ ਮੁਫ਼ਤ ਕਰਵਾਉਣ ਸਬੰਧੀ ਮਾਨਯੋਗ ਡਿਪਟੀ ਕਮਿਸ਼ਨਰ ਬਠਿੰਡਾ ਨਾਲ ਜਲਦ ਹੀ ਮੁਲਾਕਾਤ ਕਰਾਂਗਾ ਅਤੇ ਹੋਰ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਈ ਜਾਵੇਗੀ। ਸੁਸਾਇਟੀ ਦੇ ਕਨਵੀਨਰ ਧਰਮਪਾਲ ਢੱਡਾ ਅਤੇ ਪ੍ਰਧਾਨ ਧਰਮਵੀਰ ਦੀ ਅਗਵਾਈ ਹੇਠ ਵਲੰਟੀਅਰਾਂ ਨੇ ਬੀੜ ਵਿੱਚ ਘੁੰਮ-ਘੁੰਮ ਕੇ ਸੰਵੇਦਨਸ਼ੀਲ ਥਾਵਾਂ ਦੀ ਪਛਾਣ ਕੀਤੀ, ਅਤੇ ਉਥੇ ਹਥੀਂ ਕੰਮ ਕਰਕੇ ਡਿੱਗੀਆਂ ਤਿਆਰ ਕੀਤੀਆਂ, ਜੋ ਪਾਣੀ ਦੀ ਲਗਾਤਾਰ ਉਪਲੱਬਧਤਾ ਯਕੀਨੀ ਬਣਾਉਣਗੀਆਂ।

# ਤਾਰ ਚੋਰ ਗਿਰੋਹ ਕਾਬੂ, ਦਸ ਕਿੱਲੋ ਤਾਰ ਬਰਾਮਦ



ਲਹਿਰਾਗਾਗਾ, 7 ਜੁਲਾਈ (ਗੁਰਦੀਪ ਸਿੰਘ): ਥਾਣਾ ਲਹਿਰਾ ਦੇ ਮੁਖੀ ਸਬ ਇੰਸਪੈਕਟਰ ਸਰਦਾਰ ਕਰਮਜੀਤ ਸਿੰਘ ਦੀ ਅਗਵਾਈ ਹੇਠ ਸਮਾਜ ਵਿਰੋਧੀ ਅਨਸਰਾ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਲਹਿਰਾਗਾਗਾ ਦੇ ਇਲਾਕੇ ਵਿੱਚੋ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਇੱਕ ਮੋਟਰਾਂ ਦੀ ਤਾਰ ਚੋਰੀ ਕਰਨ ਵਾਲੇ ਗਰੋਹ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ, ਇਹ ਗਰੋਹ ਰਾਤ ਸਮੇਂ ਖੇਤਾਂ ਵਾਲੀਆਂ ਮੋਟਰਾਂ ਦੀਆਂ ਕੇਵਲ ਤਾਰਾਂ ਵੱਢਣ ਅਤੇ ਹੋਰ ਚੋਰੀਆਂ ਕਰਨ ਦਾ ਆਦੀ ਸੀ, ਥਾਣਾ ਲਹਿਰਾ ਦੇ ਮੁਖੀ ਸਰਦਾਰ ਕਰਮਜੀਤ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਗੁਰਤੇਜ ਸਿੰਘ ਵਾਸੀ ਨੰਗਲਾ, ਜਸਵੀਰ ਸਿੰਘ ਵਾਸੀ ਲਹਿਲ ਕਲਾਂ ਅਤੇ ਕਰਮਜੀਤ ਸਿੰਘ ਵਾਸੀ ਗੋਬਿੰਦਗੜ੍ਹ ਜੇਜੀਆਂ ਪਿਛਲੇ ਕਾਫੀ ਸਮੇਂ ਤੋਂ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਸਨ, ਜਿਨਾਂ ਨੂੰ ਕਾਬੂ ਕਰਦਿਆਂ ਅੱਜ ਇਹਨਾਂ ਦੇ ਕਬਜ਼ੇ ਵਿੱਚੋਂ ਦਸ ਕਿਲੋ ਤਾਂਬੇ ਦੀ ਤਾਰ ਬਰਾਮਦ ਕਰਦਿਆਂ ਵੱਖ-ਵੱਖ ਧਾਰਾਵਾਂ ਹੇਠ ਥਾਣਾ ਲਹਿਰਾ ਵਿਖੇ ਪਰਚਾ ਦਰਜ ਕੀਤਾ ਗਿਆ ਹੈ, ਉਹਨਾਂ ਦੱਸਿਆ ਕਿ ਉਕਤ ਦੋਸ਼ੀਆਂ ਖਿਲਾਫ ਪਹਿਲਾਂ ਵੀ ਕਈ ਮੁਕਦਮੇ ਦਰਜ ਹਨ, ਇਸ ਲਈ ਇਹਨਾਂ ਦਾ ਰਿਮਾਂਡ ਹਾਸਲ ਕਰਕੇ ਇਲਾਕੇ ਵਿੱਚ ਹੋਈਆਂ ਹੋਰ ਵੀ ਚੋਰੀਆਂ ਦੀਆਂ ਵਾਰਦਾਤਾਂ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਇਸ ਮੌਕੇ ਸਬ ਇੰਸਪੈਕਟਰ ਸਰਬਜੀਤ ਸਿੰਘ, ਸਹਾਇਕ ਥਾਣੇਦਾਰ ਸਤਪਾਲ ਸਿੰਘ,ਥਾਣੇਦਾਰ ਰਣਜੀਤ ਸਿੰਘ ਚੌਂਕੀ ਚਾਰ ਚੋਟੀਆਂ ਅਤੇ ਖੁਫੀਆ ਵਿਭਾਗ ਦੇ ਇੰਚਾਰਜ ਰਾਜ ਸਿੰਘ ਤੋਂ ਇਲਾਵਾ ਹੋਰ ਵੀ ਪੁਲਿਸ ਮੁਲਾਜ਼ਮ ਮੌਜੂਦ ਸਨ, ਜਿਨਾਂ ਕਿਸਾਨਾਂ ਦੀਆਂ ਮੋਟਰਾਂ ਉੱਤੋਂ ਕੇਵਲ ਤਾਰਾਂ ਕੱਟ ਕੇ ਚੋਰੀ ਕੀਤੀਆਂ ਗਈਆਂ ਸਨ, ਉਹਨਾਂ ਵਿੱਚੋਂ ਭੋਲਾ ਸਿੰਘ, ਜਗਸੀਰ ਸਿੰਘ ਸਮੇਤ ਦਰਜਨਾਂ ਕਿਸਾਨਾਂ ਨੇ ਅੱਜ ਪੱਤਰਕਾਰਾਂ ਸਾਹਮਣੇ ਥਾਣੇ ਵਿੱਚ ਆ ਕੇ ਥਾਣਾ ਮੁਖੀ ਅਤੇ ਥਾਣੇ ਦੇ ਸਮੂਹ ਸਟਾਫ ਦੀ ਇਸ ਕਾਰਗੁਜ਼ਾਰੀ ਦੀ ਭਰਪੂਰ ਸਲਾਘਾ ਕਰਦਿਆਂ ਕਿਹਾ ਕਿ ਸਾਡੀਆਂ ਲੱਗਭੱਗ ਦੋ-ਤਿੰਨ ਸੌ ਮੋਟਰਾਂ ਤੋਂ ਤਾਰਾਂ ਚੋਰੀ ਹੋ ਚੁੱਕੀਆਂ ਹਨ, ਇਸ ਗਰੋਹ ਵੱਲੋਂ ਇਲਾਕੇ ਦੇ ਕਿਸਾਨ ਬਹੁਤ ਤਪਾਏ ਹੋਏ ਸਨ, ਹੁਣ ਇਹਨਾਂ ਦੇ ਫੜੇ ਜਾਣ ਨਾਲ ਜਿੱਥੇ ਚੋਰੀਆਂ ਨੂੰ ਠੱਲ ਪਵੇਗੀ ਉਥੇ ਅਸੀਂ ਅੱਜ ਤੋਂ ਬਾਅਦ ਸੁਖ ਦੀ ਨੀਂਦ ਸੌਂ ਸਕਾਂਗੇ।

# ਲਾਇਨਜ਼ ਕਲੱਬ ਦੀ ਜਨਰਲ ਬਾਡੀ ਦੀ ਪਹਿਲੀ ਮੀਟਿੰਗ ਹੋਈ

ਸੁਨਾਮ, 7 ਜੁਲਾਈ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ):ਲਾਇਨਜ਼ ਕਲੱਬ ਸੁਨਾਮ ਦੀ ਪਹਿਲੀ ਜਨਰਲ ਬਾਡੀ ਮੀਟਿੰਗ ਪ੍ਰਧਾਨ ਮਨੋਜ ਬਾਂਸਲ ਅਤੇ ਟੀਮ ਸਕੱਤਰ ਖੁਸ਼ਬੀਰ ਬਾਂਸਲ , ਪ੍ਰਬੰਧਕ ਚੰਦਰ ਪ੍ਰਕਾਸ਼, ਕੈਸ਼ੀਅਰ ਲਵਿਤ ਗੋਇਲ , ਪੀਆਰਓ ਰਾਜੇਸ਼ ਗਰਗ ਦੁਆਰਾ ਹੋਟਲ ਰੈਮਸੰਸ ਕਰਾਊਨ ਸੰਗਰੂਰ ਵਿਖੇ ਰੱਖੀ ਗਈ। ਇਸ ਮੀਟਿੰਗ ਦਾ ਪ੍ਰਬੰਧ ਪ੍ਰੋਜੈਕਟ ਚੇਅਰਪਰਸਨ ਜਗਰੂਪ ਸਿੰਘ ਅਤੇ ਅਨੁਪਿੰਦਰ ਸਿੰਘ ਜੀ ਦੁਆਰਾ ਕੀਤਾ ਗਿਆ। ਪ੍ਰਧਾਨ ਜੀ ਦੁਆਰਾ ਮੀਟਿੰਗ ਸ਼ੁਰੂ ਕਰਨ ਦੀ ਆਗਿਆ ਤੋਂ ਬਾਅਦ ਸਕੱਤਰ ਖੁਸ਼ਬੀਰ ਬਾਂਸਲ ਨੇ ਕਲੱਬ ਦੇ ਅਗਲੇਰੇ ਪ੍ਰੋਜੈਕਟਾਂ ਬਾਰੇ ਦੱਸਿਆ ਅਤੇ ਹਾਊਸ ਨਾਲ ਇਸ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਕਲੱਬ ਦੇ ਕੈਸ਼ੀਅਰ ਲਵਿਤ ਗੋਇਲ ਜੀ ਨੇ ਕਲੱਬ ਦੇ ਬਜਟ ਬਾਰੇ ਚਰਚਾ ਕੀਤੀ ਨਾਲ ਹੀ ਪ੍ਰਬੰਧਕ ਸ੍ਰੀ ਚੰਦਰ ਪ੍ਰਕਾਸ਼ ਜੀ ਨੇ ਕਲੱਬ ਨੂੰ ਹੋਰ ਮਜਬੂਤ ਕਰਨ ਵਾਸਤੇ ਸੇਧ ਦਿੱਤੀ ਨਵਨਿਯੁਕਤ ਟੀਮ ਨੂੰ ਪਿਨ ਲਗਾਕੇ ਸਨਮਾਨਿਤ ਕੀਤਾ। ਪੀਆਰਓ ਰਾਜੇਸ਼ ਗਰਗ ਜੀ ਨੇ ਵਿਸ਼ਵਾਸ ਦਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਕਲੱਬ ਕਲੱਬ ਨੂੰ ਹੋਰ ਵੱਧ ਤੋਂ ਵੱਧ ਸਮਾਜਿਕ ਗਤੀਵਿਧੀਆਂ ਨਾਲ ਜੋੜਿਆ ਜਾਵੇਗਾ। ਅੰਤ ਵਿੱਚ ਪ੍ਰਧਾਨ ਮਨੋਜ ਬਾਂਸਲ ਨੇ ਸਮੂਹ ਕਲੱਬ ਮੈਂਬਰਾਂ ਦਾ ਇਸ ਮੀਟਿੰਗ ਵਿੱਚ ਪਹੁੰਚਣ 'ਤੇ ਧੰਨਵਾਦ ਕੀਤਾ।

# ਕੋਰੋਨਾ ਦੌਰਾਨ ਮਾਪਿਆਂ ਨੂੰ ਗਵਾਉਣ ਵਾਲੇ ਬੱਚਿਆਂ ਨੂੰ ਦਿੱਤਾ ਜਾ ਰਿਹੈ ਪੀ.ਐਮ. ਕੇਅਰ ਫਾਰ ਚਿਲਡਰਨ ਸਕੀਮ ਦਾ ਲਾਭ

ਧੂਰੀ/ਸੰਗਰੂਰ , 7 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਆਪਣੇ ਦਫਤਰ ਵਿਖੇ ਪੀ.ਐਮ. ਕੇਅਰ ਫਾਰ ਚਿਲਡਰਨ ਅਧੀਨ ਕਰੋਨਾ ਦੌਰਾਨ ਮਾਪਿਆਂ ਨੂੰ ਗਵਾਉਣ ਵਾਲੇ 4 ਬੱਚਿਆਂ ਨਾਲ ਮੁਲਾਕਾਤ ਕੀਤੀ। ਡਿਪਟੀ ਕਮਿਸ਼ਨਰ ਵੱਲੋਂ ਹਰ ਸਾਲ ਇਹਨਾਂ ਬੱਚਿਆਂ ਨਾਲ ਮੁਲਾਕਾਤ ਕੀਤੀ ਜਾਂਦੀ ਹੈ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਬੱਚਿਆਂ ਦੀ ਪੜ੍ਹਾਈ, ਸਿਹਤ ਤੇ ਹੋਰ ਵੱਖ-ਵੱਖ ਪੱਖਾਂ ਸਬੰਧੀ ਵਿਚਾਰ ਚਰਚਾ ਕਰਦਿਆਂ ਸੁਨਿਸ਼ਚਿਤ ਕੀਤਾ ਗਿਆ ਕਿ ਇਹਨਾਂ ਬੱਚਿਆਂ ਨੂੰ ਸਪਾਂਸਰਸ਼ਿਪ ਸਕੀਮ ਅਧੀਨ 4000 ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ ਅਤੇ ਬੱਚਿਆਂ ਦੀ ਉਮਰ 23 ਸਾਲ ਹੋਣ 'ਤੇ 10 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਸ਼੍ਰੀ ਰਿਸ਼ੀ ਨੇ ਕਿਹਾ ਕਿ ਜੇਕਰ ਕਿਸੇ ਵੀ ਬੱਚੇ ਨੂੰ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਬੱਚੇ ਉਹਨਾਂ ਨਾਲ ਸਿੱਧੇ ਤੌਰ 'ਤੇ ਸੰਪਰਕ ਕਰ ਸਕਦੇ ਹਨ, ਤਾਂ ਜੋ ਉਹਨਾਂ ਦੀਆਂ ਮੁਸ਼ਕਿਲਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾ ਸਕੇ। ਇਸ ਮੌਕੇ ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਦੀਆਂ ਸਾਰੀਆਂ ਸਕੀਮਾਂ ਦਾ ਲਾਭ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਤਕ ਪੁਜਦਾ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਇਸ ਦੇ ਨਾਲ ਹੀ ਉਹਨਾਂ ਦੁਆਰਾ ਬੱਚਿਆਂ ਦੇ ਉੱਜਲ ਭਵਿੱਖ ਦੀ ਕਾਮਨਾ ਕੀਤੀ ਗਈ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿੱਚ ਵਾਤਾਵਰਨ ਦਿਵਸ ਮਨਾਇਆ



ਭਗਤਾ ਭਾਈ ਕਾ, 7 ਜੁਲਾਈ (ਸਵਰਨ ਸਿੰਘ ਭਗਤਾ):ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਧੀਨ ਚੱਲ ਰਹੀ ਮਾਲਵੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿੱਚ ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ਦੀ ਅਗਵਾਈ ਹੇਠ ਵਣ ਮਹਾਉਤਸਵ ਮਨਾਇਆ ਗਿਆ। ਇਹ ਐਕਟੀਵਿਟੀ ਇੰਚਾਰਜ ਮੈਡਮ ਅਮਨਦੀਪ ਕੌਰ (ਸੀਨੀਅਰ) ਅਤੇ ਰਜੀਵ ਕੌਰ (ਜੂਨੀਅਰ)ਵੱਲੋਂ ਕਰਵਾਈ ਗਈ। ਵਣ ਮਹਾਉਤਸਵ ਦੇ ਮੌਕੇ ਸਾਇੰਸ ਅਧਿਆਪਕ ਮੈਡਮ ਲਵਪ੍ਰੀਤ ਕੌਰ ਵੱਲੋਂ ਸਵੇਰ ਦੀ ਸਭਾ ਵਿੱਚ ਆਪਣੇ ਸੰਬੋਧਨ ਰਾਹੀਂ ਉਹਨਾਂ ਨੇ ਵਿਦਿਆਰਥੀਆਂ ਨੂੰ ਇਸ ਇਸ ਬਾਰੇ ਦੱਸਿਆ,ਵਾਤਾਵਰਨ ਦਿਵਸ ਹਰ ਸਾਲ ਮਨਾਇਆ ਜਾਂਦਾ ਹੈ।ਇਹ ਪ੍ਰੋਗਰਾਮ ਸੰਯੁਕਤ ਰਾਸ਼ਟਰ ਦੁਆਰਾ ਚਲਾਇਆ ਜਾਂਦਾ ਹੈ।ਅਸੀਂ ਸਾਰੇ ਹੀ ਵੱਧ ਤੋਂ ਵੱਧ ਪੌਦੇ ਲਗਾ ਕੇ ਵਾਤਾਵਰਨ ਨੂੰ ਸੁਰੱਖਿਤ ਕਰ ਸਕਦੇ ਹਾਂ,ਜਿਵੇਂ ਕਿ ਅਸੀਂ ਜਾਣਦੇ ਹੀ ਹਾਂ ਅੱਜ ਕੱਲ ਤਾਪਮਾਨ 47 ਡਿਗਰੀ ਡਿਗਰੀ ਤੱਕ ਪਹੁੰਚ ਜਾਂਦਾ ਹੈ,ਜਿਸ ਨਾਲ ਇਨਸਾਨਾਂ,ਪਸ਼ੂ,ਪੰਛੀਆਂ ਨੂੰ ਵੀ ਬਹੁਤ ਹੀ ਜ਼ਿਆਦਾ ਗਰਮੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਅਸੀਂ ਵੱਧ ਤੋਂ ਵੱਧ ਰੁੱਖ ਲਗਾਈਏ ਅਤੇ ਵਾਤਾਵਰਨ ਨੂੰ ਸ਼ੁੱਧ ਰੱਖੀਏ ਅਤੇ ਆਪਣੀ ਧਰਤੀ ਨੂੰ ਬਚਾਈਏ। ਇਸ ਮੌਕੇ ਸਕੂਲ ਦੇ ਸਾਰੇ ਹੀ ਵਿਦਿਆਰਥੀਆਂ ਵੱਲੋਂ ਪੌਦੇ ਲਗਾਏ ਗਏ।ਇਹ ਐਕਟੀਵਿਟੀ 5 ਜੁਲਾਈ ਨੂੰ ਕਰਵਾਈ ਗਈ ।ਜਿਸ ਵਿੱਚ ਜੂਨੀਅਰ ਵਿੰਗ ਨਰਸਰੀ ਤੋਂ ਦੂਜੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਪੌਦੇ ਲਿਆਂਦੇ ਗਏ ਅਤੇ ਸਕੂਲ ਵਿੱਚ ਪੌਦੇ ਲਗਾਏ ਗਏ।ਇਸੇ ਤਹਿਤ ਨਰਸਰੀ ਤੋਂ ਯੂ.ਕੇ.ਜੀ ਜਮਾਤ ਦੇ ਵਿਦਿਆਰਥੀਆਂ ਨੇ ਰੁੱਖ ਵਿੱਚ ਥੰਬ ਇੰਪਰੈਸ਼ਨ ਨਾਲ ਰੰਗ ਭਰੇ ,ਜਮਾਤ ਪਹਿਲੀ ਦੇ ਵਿਦਿਆਰਥੀਆਂ ਵੱਲੋਂ ਕੋਈ ਕਵਿਤਾ ਜਾ ਕੁਝ ਲਾਈਨਾਂ ਬੋਲੀਆਂ ਗਈਆਂ,ਜਮਾਤ ਦੂਸਰੀ ਵੱਲੋਂ ਰੁੱਖ ਬਚਾਓ ਦੇ ਪੋਸਟਰ ਬਣਾਏ ਗਏ।ਇਸੇ ਤਹਿਤ ਜਮਾਤ ਤੀਸਰੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਵੱਲੋਂ ਪੇਪਰ ਬੈਗ ਬਣਾਏ ਗਏ ਜਿਸ ਤਰਾਂ ਰਾਹੀਂ ਮੈਸੇਜ ਦਿੱਤਾ ਗਿਆ ਕਿ ਪਲਾਸਟਿਕ ਦੇ ਬੈਗ ਨਾ ਵਰਤੇ ਜਾਣ,ਜਮਾਤ ਛੇਵੀਂ ਤੋਂ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ ਸਾਰੀਆਂ ਹੀ ਜਮਾਤਾਂ ਦੇ ਵਿਦਿਆਰਥੀਆਂ ਨੇ ਵਾਤਾਵਰਨ ਬਚਾਓ ਨਾਲ ਸੰਬੰਧਿਤ ਪੋਸਟਰ ਬਣਾਏ,ਜਮਾਤ ਨੂੰ ਨੌਵੀ ਤੋਂ ਬਾਰਵੀਂ ਦੇ ਵਿਦਿਆਰਥੀਆਂ ਦਾ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ ਗਿਆ।ਜਿਸ ਵਿੱਚ ਹਾਊਸ ਵਾਈਜ ਟੀਮਾਂ ਬਣਾਈਆਂ ਗਈਆਂ ਅਤੇ ਵਣ ਮਹਾਂਉਤਸਵ ਨਾਲ ਸੰਬੰਧਿਤ ਪ੍ਰਸ਼ਨ ਪੁੱਛੇ ਗਏ।ਇਹ ਐਕਟੀਵਿਟੀ ਮੈਥ ਅਧਿਆਪਕ ਪਰਮਜੀਤ ਸਿੰਘ,ਮੈਥ ਅਧਿਆਪਕ ਮਨਪ੍ਰੀਤ ਕੌਰ ਅਤੇ ਸਮਾਜਿਕ ਅਧਿਆਪਕ ਕਿਰਨਜੀਤ ਕੌਰ ਵੱਲੋਂ ਕਰਵਾਈ ਗਈ। ਈਕੋ ਕਲੱਬ ਦੇ ਅਧਿਆਪਕਾਂ ਦੁਆਰਾ ਧਰਤੀ ਬਚਾਓ ਦੇ ਪੋਸਟਰ ਬਣਾਏ ਗਏ ਅਤੇ ਵੱਧ ਤੋਂ ਵੱਧ ਰੁੱਖ ਲਗਾਏ ਗਏ।ਵਿਦਿਆਰਥੀਆਂ ਨੇ ਧਰਤੀ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਪੋਸਟਰ ਬਣਾਏ।ਪ੍ਰਿੰਸੀਪਲ ਮੈਡਮ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕੀ ਸਾਨੂੰ ਆਪਣੇ ਵਾਤਾਵਰਣ ਨੂੰ ਸਾਫ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਅਤੇ ਪਲਾਸਟਿਕ ਬੈਗ ਦੀ ਵਰਤੋਂ ਵਰਤੋ ਨਹੀਂ ਕਰਨੀ ਚਾਹੀਦੀ। ਇਹ ਪਲਾਸਟਿਕ ਬੈਗ ਧਰਤੀ ਨੂੰ ਪ੍ਰਦੂਸ਼ਿਤ ਕਰਦੇ ਹਨ ਅਤੇ ਕਈ ਵਾਰ ਜਾਨਵਰਾਂ ਦੀ ਮੌਤ ਦਾ ਕਾਰਨ ਵੀ ਬਣਦੇ ਹਨ। ਇਸ ਲਈ ਉਹਨਾਂ ਨੇ ਬੱਚਿਆਂ ਨੂੰ ਪ੍ਰੇਰਿਤ ਕੀਤਾ ਕਿ ਹਰ ਇੱਕ ਬੱਚਾ ਇੱਕ ਇੱਕ ਪੌਦਾ ਲਗਾਏ ਕਿਉਂਕਿ ਧਰਤੀ ਅਤੇ ਪਾਣੀ ਨੂੰ ਬਚਾਉਣਾ ਸਾਡਾ ਸਭ ਦਾ ਫਰਜ ਹੈ ਅਤੇ ਸਾਨੂੰ ਇਹ ਫਰਜ਼ ਤਨਦੇਹੀ ਨਾਲ ਅਦਾ ਕਰਨਾ ਚਾਹੀਦਾ ਹੈ।

# ਅਗਨੀ ਵੀਰ ਭਰਤੀ ਸਬੰਧੀ ਫਿਜ਼ੀਕਲ ਦੀ ਮੁਫ਼ਤ ਤਿਆਰੀ ਲਈ ਕੈਂਪ ਸ਼ੁਰੂ

ਸ੍ਰੀ ਮੁਕਤਸਰ ਸਾਹਿਬ, 7 ਜੁਲਾਈ: (ਐਚ ਐਸ ਕਪੂਰ)ਸੀ:ਪਾਈਟ ਕੈਂਪ, ਹਕੂਮਤ ਸਿੰਘ ਵਾਲਾ (ਫਿਰੋਜ਼ਪੁਰ) ਦੇ ਕੈਂਪ ਟਰੇਨਿੰਗ ਅਫ਼ਸਰ ਕੈਪਟਨ (ਰਿਟਾਇਡ) ਗੁਰਦਰਸ਼ਨ ਸਿੰਘ ਨੇ ਜਾਣਕਾਰੀ ਦਿੰਦਾਂ ਕਿਹਾ ਕਿ ਕਿ ਜਿਨ੍ਹਾਂ ਨੌਜਵਾਨਾਂ ਨੇ ਜੁਲਾਈ 2025 ਵਿੱਚ ਅਗਨੀਵੀਰ ਦੀ ਲਿਖਤੀ ਪ੍ਰੀਖਿਆ ਦੇ ਦਿੱਤੀ ਹੈ ਅਤੇ ਉਹ ਨੌਜਵਾਨ ਫ਼ਿਜ਼ੀਕਲ ਦੀ ਤਿਆਰੀ ਕਰਨਾ ਚਾਹੁੰਦੇ ਹਨ, ਉਹ ਨੌਜਾਵਨ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਰਿਪੋਰਟ ਕਰਨ ਅਤੇ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਉਠਾਉਣ। ਸ੍ਰੀ ਮੁਕਤਸਰ ਸਾਹਿਬ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਫਰੀਦਕੋਟ ਜ਼ਿਲ੍ਹਿਆਂ ਦੇ ਯੁਵਕਾਂ ਦੀ ਫ਼?ਜ਼ੀਕਲ ਟੈਸਟ ਦੀ ਟਰੇਨਿੰਗ ਚੱਲ ਰਹੀ ਹੈ। ਅਗਨੀ ਵੀਰ ਆਰਮੀ ਭਰਤੀ 17 ਅਗਸਤ 2025 ਤੋਂ ਸ਼ੁਰੂ ਹੋ ਰਹੀ ਹੈ। ਇਸ ਲਈ ਨੌਜਵਾਨ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਹੂਲਤ ਦਾ ਲਾਭ ਉਠਾਉਣ ਲਈ ਜਲਦੀ ਤੋਂ ਜਲਦੀ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਰਿਪੋਰਟ ਕਰਨ ਦੀ ਕ੍ਰਿਪਾਲਤਾ ਕਰਨ ਕਿਉਂਕਿ ਫ਼ਜ਼ੀਕਲ ਦੀ ਤਿਆਰੀ ਲਈ ਸਮਾਂ ਬਹੁਤ ਘੱਟ ਹੈ। ਨੌਜਵਾਨ ਸਵੇਰੇ 09:00 ਵਜੇ ਤੋਂ 11:30 ਵਜੇ ਤੱਕ ਕੈਂਪ ਵਿੱਚ ਪਹੁੰਚ ਕੇ ਐਡਮਿਸ਼ਨ ਕਰਵਾ ਸਕਦੇ ਹਨ ।ਕੈਂਪ ਵਿੱਚ ਆਉਣ ਸਮੇਂ ਆਨ ਲਾਈਨ ਰਜਿਸਟਰੇਸ਼ਨ ਦੀ ਇੱਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤਿ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ, ਇੱਕ ਕਾਪੀ ਇੱਕ ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ।ਨੌਜਵਾਨ ਦੀ ਛਾਤੀ ਬਿਨ੍ਹਾਂ ਫੁਲਾ ਕੇ 77 ਸੈਂਟੀਮੀਟਰ ਤੇ ਫੁਲਾ ਕੇ 82 ਸੈਂਟੀਮੀਟਰ ਅਤੇ ਕੱਦ 05 ਫੁੱਟ 07 ਇੰਚ ਹੋਵੇ। ਕੈਂਪ ਵਿੱਚ ਰਹਿਣ ਸਮੇਂ ਖਾਣਾ ਅਤੇ ਰਿਹਾਇਸ਼ ਬਿਲਕੁਲ ਮੁਫ਼ਤ ਦਿੱਤੀ ਜਾਵੇਗੀ ਅਤੇ ਫਿਜ਼ੀਕਲ ਦੀ ਤਿਆਰੀ ਦੀ ਕੋਈ ਵੀ ਫ਼ੀਸ ਨਹੀਂ ਲਈ ਜਾਵੇਗੀ ਅਤੇ ਵਧੇਰੇ ਜਾਣਕਾਰੀ ਲਈ 73476-66557 ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ।



# ਪਟਿਆਲਾ-ਆਸ/ਪਾਸ



## ਡਾਇਰੀਆ (ਉਲਟੀਆਂ-ਦਸਤ) ਰੋਕਥਾਮ ਲਈ ਡੀ.ਸੀ. ਵੱਲੋਂ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ

☛ਬਰਸਾਤੀ ਮੌਸਮ 'ਚ ਚੁਕੰਨੇ ਰਹਿਣ ਦੇ ਆਦੇਸ਼

➢ਸਿਹਤ ਵਿਭਾਗ ਨੂੰ ਜਾਗਰੂਕਤਾ ਕੈਂਪ ਲਗਾਉਣ ਲਈ ਕਿਹਾ




ਪਟਿਆਲਾ, 7 ਜੁਲਾਈ (ਰੁਪਾਣਾ) : ਡਾਇਰੀਆ (ਉਲਟੀਆਂ ਦਸਤ) ਬਿਮਾਰੀ ਦੀ ਰੋਕਥਾਮ ਲਈ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ ਨੇ ਸਮੂਹ ਐਸ.ਡੀ.ਐਮਜ਼, ਸਿਵਲ ਸਰਜਨ ਅਧਿਕਾਰੀ ਅਤੇ ਸਮੂਹ ਐਸ.ਐਮ.ਓਜ਼ ਅਤੇ ਨਗਰ ਨਿਗਮ ਦੇ ਸਮੂਹ ਅਧਿਕਾਰੀਆਂ ਨੂੰ ਬਰਸਾਤਾਂ ਦੇ ਮੌਸਮ ਵਿੱਚ ਚੁਕੰਨੇ ਰਹਿਣ ਦੀ ਹਦਾਇਤਾਂ ਜਾਰੀ ਕੀਤੀਆਂ। ਉਹਨਾਂ ਕਿਹਾ ਕਿ ਸਮੂਹ ਸਬੰਧਤ ਅਧਿਕਾਰੀ ਆਪਣੀ ਆਪਣੀ ਜ਼ੁੰਮੇਵਾਰੀ ਨੂੰ ਸਮਝਦਿਆਂ ਬਿਨਾਂ ਕਿਸੇ ਲਾਪਰਵਾਹੀ ਦੇ ਇਸ ਬਿਮਾਰੀ ਤੋਂ ਨਿਜਾਤ ਪਾਉਣ ਵਿੱਚ ਆਪਣਾ ਯੋਗਦਾਨ ਦੇਣ। ਉਹਨਾਂ ਸਮੂਹ ਐਸ.ਡੀ.ਐਮਜ਼ ਨੂੰ ਕਿਹਾ ਕਿ ਉਹ ਆਪਣੇ ਇਲਾਕਿਆਂ ਵਿੱਚ ਨਗਰ ਨਿਗਮ ਕਮੇਟੀਆਂ ਦੇ ਈ.ਓ.ਜ਼ ਅਤੇ ਵਾਟਰ ਸਪਲਾਈ ਮਹਿਕਮਿਆਂ ਨਾਲ ਤਾਲਮੇਲ ਕਰਦੇ ਹੋਏ ਪਿਛਲੇ ਪੰਜਾਂ ਸਾਲਾਂ ਦੌਰਾਨ ਪ੍ਰਭਾਵਿਤ ਰਹੇ ਇਲਾਕਿਆਂ ਦੀ ਐਚ2ਐਸ ਕਿਟਾਂ ਰਾਹੀਂ ਲੋਕਲ ਟੈਸਟ ਕਰਨਗੇ ਅਤੇ ਖਰਾਬ ਪਾਏ ਜਾਣ ਵਾਲੇ ਸੈਂਪਲਾਂ ਦੀ ਪੁਸ਼ਟੀ ਲੈਬ ਰਾਹੀਂ ਕਰਵਾਉਣੀ ਯਕੀਨੀ ਬਣਾਉਣਗੇ। ਡਾ: ਪ੍ਰੀਤੀ ਯਾਦਵ ਨੇ ਸਪੱਸ਼ਟ ਤੌਰ 'ਤੇ ਅਧਿਕਾਰੀਆਂ ਨੂੰ ਕਿਹਾ ਕਿ ਗੰਦੇ ਪਾਣੀ ਨੂੰ ਚੈਕ ਕਰਨ ਵਿੱਚ ਸਮਾਂ ਗਵਾਉਣ ਦੀ ਲੋੜ ਨਹੀ ਹੈ, ਸਿੱਧੀ ਅਤੇ ਜਲਦੀ ਕਾਰਵਾਈ ਕਰਦੇ ਹੋਏ ਸਾਫ਼ ਅਤੇ ਪੀਣ ਯੋਗ ਪਾਣੀ ਦੀ ਪਹੁੰਚ ਲੋਕਾਂ ਤੱਕ ਬਿਨ੍ਹਾਂ ਕਿਸੇ ਦੇਰੀ ਤੋਂ ਯਕੀਨੀ ਬਣਾਈ ਜਾਵੇ। ਉਹਨਾਂ ਇਹ ਵੀ ਹਦਾਇਤ ਦਿੱਤੀ ਕਿ ਕਿਸੇ ਵੀ ਕਿਸਮ ਦੀ ਲਾਪਰਵਾਹੀ ਨਾ ਹੋਵੇ ਅਤੇ ਜਲ ਸਪਲਾਈ ਸਿਸਟਮ ਨੂੰ ਸੁਰੱਖਿਅਤ ਅਤੇ ਸਾਫ਼ ਬਣਾਉਣ ਲਈ ਤੁਰੰਤ ਕਦਮ ਚੁੱਕੇ ਜਾਣ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਡਾਇਰੀਆ (ਉਲਟੀਆਂ ਦਸਤ) ਵਿਰੁੱਧ ਲੜਾਈ ਸਿਰਫ਼ ਸਰਕਾਰੀ ਸਹਿਯੋਗ ਨਾਲ ਹੀ ਨਹੀ, ਸਗੋਂ ਲੋਕਾਂ ਦੀ ਭਾਗੀਦਾਰੀ ਨਾਲ ਹੀ ਸੰਭਵ ਹੈ । ਇਸ ਲਈ ਉਹਨਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਜਾਗਰੂਕਤਾ ਕੈਂਪ ਲਗਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਕੈਂਪ ਲੋਕਾਂ ਵਿੱਚ ਡਾਇਰੀਆ (ਉਲਟੀਆਂ ਦਸਤ) ਦੀ ਰੋਕਥਾਮ, ਸਿਹਤਮੰਦ ਰਹਿਣ ਦੇ ਤਰੀਕਿਆਂ , ਸਾਫ਼ ਸੁਥਰਾ ਪਾਣੀ ਅਤੇ ਸੁਰੱਖਿਅਤ ਖੁਰਾਕ ਬਾਰੇ ਜਾਣਕਾਰੀ ਦੇਣਗੇ। ਉਹਨਾਂ ਕਿਹਾ ਕਿ ਇਹਨਾਂ ਕੈਂਪਾਂ ਨਾਲ ਡਾਇਰੀਆ ਦੇ ਫੈਲਾਅ ਨੂੰ ਰੋਕਣ ਵਿੱਚ ਸਹਾਇਤਾ ਮਿਲੇਗੀ। ਉਹਨਾਂ ਸਮੂਹ ਐਸ.ਐਮ.ਓ.ਜ਼ ਨੂੰ ਆਪਣੇ ਇਲਾਕੇ ਵਿੱਚ ਆਉਣ ਵਾਲੇ ਡਾਇਰੀਆ (ਉਲਟੀਆਂ ਦਸਤ) ਦੇ ਕੇਸਾਂ ਦੀ ਜਾਣਕਾਰੀ ਰੋਜ਼ਾਨਾ ਇਕੱਤਰ ਕਰਕੇ ਸਿਵਲ ਸਰਜਨ ਦਫਤਰ ਵਿਖੇ ਪੁਜੱਦੀ ਕਰਨ ਦੇ ਆਦੇਸ਼ ਦਿੱਤੇ । ਉਹਨਾਂ ਸਿਵਲ ਸਰਜਨ ਨੂੰ ਕਿਹਾ ਕਿ ਆਸ਼ਾ ਵਰਕਰਾਂ ਦੀ ਡਿਊਟੀ ਲਗਾਈ ਜਾਵੇ ਕਿ ਉਹ ਘਰ ਘਰ ਜਾ ਕੇ ਸਰਵੇ ਕਰਨ ਅਤੇ ਸਿਹਤ ਸਬੰਧੀ ਜਾਣਕਾਰੀ ਇਕੱਠੀ ਕਰਨ ਵਿੱਚ ਆਪਣੀ ਭੂਮਿਕਾ ਨਿਭਾਉਣ । ਡਾ: ਪ੍ਰੀਤੀ ਯਾਦਵ ਨੇ ਕਿਹਾ ਕਿ ਨਗਰ ਨਿਗਮ ਦੇ ਅਧਿਕਾਰੀਆਂ ਵੱਲੋਂ ਪਿੰਡ ਅਲੀਪੁਰ ਅਰਾਈਆਂ ਵਿਖੇ ਪਾਣੀ ਦੀ ਸਪਲਾਈ ਕੀਤੀ ਜਾ ਰਹੀ ਕੁਆਲਟੀ ਦੀ ਦੁਬਾਰਾ ਜਾਂਚ ਕੀਤੀ ਜਾਵੇ ਅਤੇ ਲੋਕਾਂ ਵੱਲੋਂ ਕੀਤੀ ਜਾ ਰਹੀ ਗੰਦਲਾ ਪਾਣੀ ਆਉਣ ਦੀ ਸ਼ਿਕਾਇਤ ਜਾਂ ਤਾਂ ਤੁਰੰਤ ਠੀਕ ਕੀਤੀ ਜਾਵੇ ਜਾਂ ਠੀਕ ਹੋਣ ਤੱਕ ਪਾਣੀ ਦੀ ਸਪਲਾਈ ਬੰਦ ਕੀਤੀ ਜਾਵੇ ਤਾਂ ਜੋ ਨਵੇਂ ਕੇਸਾਂ 'ਚ ਵਾਧਾ ਨਾ ਹੋਵੇ। ਉਹਨਾਂ ਡਾਇਰੀਆ ਰੋਕਥਾਮ ਲਈ ਗੈਰਕਾਨੂੰਨੀ ਕੁਨੈਕਸ਼ਨਾਂ ਨੂੰ ਕੱਟਣ ਲਈ ਵੀ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਉਹਨਾਂ ਕਿਹਾ ਕਿ ਇਹ ਗੈਰ ਕਾਨੂੰਨੀ ਕੁਨੈਕਸ਼ਨ ਪਾਣੀ ਦੀ ਸਪਲਾਈ ਸਿਸਟਮ ਵਿੱਚ ਰੁਕਾਵਟ ਬਣ ਰਹੇ ਹਨ। ਉਹਨਾਂ ਕਿਹਾ ਕਿ ਇਹ ਕਦਮ ਪਾਣੀ ਦੀ ਸਾਫ਼ ਸੁਥਰੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਲਏ ਜਾ ਰਹੇ ਹਨ, ਜਿਸ ਨਾਲ ਪਾਣੀ ਵਿੱਚ ਬੈਕਟੀਰੀਆ ਦਾ ਫੈਲਾਅ ਰੋਕਿਆ ਜਾ ਸਕੇਗਾ ਅਤੇ ਲੋਕਾਂ ਦੀ ਸਿਹਤ ਤੇ ਸਕਾਰਾਤਮਕ ਪ੍ਰਭਾਵ ਪਵੇਗਾ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਐਸ.ਡੀ.ਐਮ. ਗੁਰਦੇਵ ਸਿੰਘ ਧੰਮ, ਸਿਵਲ ਸਰਜਨ ਜਗਪਾਲਇੰਦਰ ਸਿੰਘ , ਐਸ.ਐਮ.ਓ. ਡਾ ਨਾਗਰਾ ਸਮੂਹ ਐਸ.ਐਮ.ਓਜ਼ ਅਤੇ ਜ਼ਿਲ੍ਹਾ ਅਪੀਡੀਮੋਲੋਜਿਸਟ ਡਾ: ਸੁਮੀਤ ਸਿੰਘ ਤੋਂ ਇਲਾਵਾ ਨਗਰ ਨਿਗਮ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਜੌੜਾਮਾਜਰਾ ਵੱਲੋਂ ਸਮਾਣਾ ਹਲਕੇ ਦੇ ਐਸ. ਸੀ. ਭਾਈਚਾਰੇ ਦੇ 86 ਲਾਭਪਾਤਰੀਆਂ ਨੂੰ 1.36 ਕਰੋੜ ਦੀ ਕਰਜ਼ਾ ਮੁਆਫ਼ੀ ਦਾ ਲਾਭ ਪ੍ਰਦਾਨ

ਸਮਾਣਾ, 7 ਜੁਲਾਈ (ਵਿਜੇ ਕੁਮਾਰ/ਜਵੰਦਾ/ਸੁਖਜਿੰਦਰ/ਅਮਿਤ) : ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਹਲਕੇ ਦੇ ਐਸ.ਸੀ. ਭਾਈਚਾਰੇ ਦੇ 86 ਲਾਭਪਾਤਰੀਆਂ ਨੂੰ 1.36 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਪ੍ਰਦਾਨ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਕਰਜ਼ੇ ਮੁਆਫ਼ ਕਰਕੇ ਗਰੀਬ ਪਰਿਵਾਰਾਂ ਦੀ ਬਾਂਹ ਫੜਨ ਦਾ ਵੱਡਾ ਉਪਰਾਲਾ ਕੀਤਾ ਹੈ, ਜਿਸ ਨਾਲ ਇਹ ਲਾਭਪਾਤਰੀ ਪਰਿਵਾਰ ਹੁਣ ਆਪਣੇ ਭਵਿੱਖ ਨੂੰ ਨਵੀਂ ਦਿਸ਼ਾ ਦੇ ਸਕਣਗੇ ਅਤੇ ਆਰਥਿਕ ਤੌਰ 'ਤੇ ਖੁਦਮੁਖਤਿਆਰ ਬਣ ਸਕਣਗੇ। ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਅੰਦਰ 400 ਲਾਭਪਾਤਰੀਆਂ ਨੂੰ 4 ਕਰੋੜ 83 ਲੱਖ ਰੁਪਏ ਦੀ ਕਰਜ਼ਾ ਮੁਆਫ਼ੀ ਦਾ ਲਾਭ ਮਿਲਿਆ ਹੈ ਅਤੇ ਇਸ ਲਈ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਧਾਈ ਦੀ ਪਾਤਰ ਹੈ, ਜਿਸ ਨੇ ਇਸ ਭਾਈਚਾਰੇ ਦੇ ਲੋਕਾਂ ਨਾਲ ਕੀਤਾ ਵਾਅਦਾ ਪੁਗਾਇਆ ਹੈ। ਵਿਧਾਇਕ ਜੌੜਾਮਾਜਰਾ ਨੇ ਦੱਸਿਆ ਕਿ ਐਸ.ਸੀ. ਭਾਈਚਾਰੇ ਨਾਲ ਸੰਬੰਧਤ ਪਰਿਵਾਰਾਂ ਵੱਲੋਂ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਤੋਂ ਲਏ ਗਏ ਕਰਜ਼ਿਆਂ ਨੂੰ ਮਾਫ ਕਰਕੇ ਇਕ ਵੱਡੀ ਰਾਹਤ ਪ੍ਰਦਾਨ ਕੀਤੀ ਹੈ। ਉਨ੍ਹਾਂ ਨੇ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਵੰਡਦਿਆਂ ਕਿਹਾ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਲੋੜਵੰਦ ਲੋਕਾਂ ਦੀ ਮਦਦ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਐਸ.ਸੀ ਭਾਈਚਾਰੇ ਵੱਲੋਂ ਲੰਬੇ ਸਮੇਂ ਤੋਂ ਇਹ ਮੰਗ ਕੀਤੀ ਜਾ ਰਹੀ ਸੀ ਕਿ ਉਨ੍ਹਾਂ ਦੇ ਕਰਜ਼ੇ ਮਾਫ ਕੀਤੇ ਜਾਣ, ਕਿਉਂਕਿ ਹੜਾਂ, ਬਿਮਾਰੀਆਂ ਅਤੇ ਆਰਥਿਕ ਕਮਜ਼ੋਰੀ ਕਾਰਨ ਬਹੁਤ ਸਾਰੇ ਪਰਿਵਾਰ ਉਕਤ ਕਰਜ਼ੇ ਅਦਾ ਕਰਨ ਵਿੱਚ ਅਸਮਰੱਥ ਸਨ। ਉਨ੍ਹਾਂ ਅੱਗੇ ਕਿਹਾ,ਪੰਜਾਬ ਸਰਕਾਰ ਦੇ ਇਸ ਕਦਮ ਨਾਲ ਜਿੱਥੇ ਗਰੀਬ ਪਰਿਵਾਰਾਂ ਦੀ ਮਾਨਸਿਕ ਤਣਾਅ ਨੂੰ ਖ਼ਤਮ ਕੀਤਾ ਗਿਆ ਹੈ, ਉੱਥੇ ਹੀ ਉਨ੍ਹਾਂ ਨੂੰ ਆਰਥਿਕ ਪੱਖੋਂ ਖੜ੍ਹੇ ਹੋਣ ਦਾ ਮੌਕਾ ਵੀ ਮਿਲਿਆ ਹੈ। ਉਨ੍ਹਾਂ ਕਿਹਾ ਕਿ ਕਾਰਪੋਰੇਸ਼ਨ ਵੱਲੋਂ ਵੱਖ-ਵੱਖ ਸਕੀਮਾਂ ਹੇਠ ਇਹ ਕਰਜ਼ੇ ਘੱਟ ਵਿਆਜ ਦਰਾਂ 'ਤੇ ਦਿੱਤੇ ਜਾਂਦੇ ਹਨ, ਜਿਸ ਨਾਲ ਗਰੀਬ ਪਰਿਵਾਰਾਂ ਨੂੰ ਵਪਾਰ, ਰੋਜ਼ਗਾਰ ਅਤੇ ਸਵੈਰੋਜ਼ਗਾਰ ਸਥਾਪਿਤ ਕਰਨ ਵਿੱਚ ਮਦਦ ਮਿਲਦੀ ਹੈ। ਇਸ ਮੌਕੇ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਪਟਿਆਲਾ ਵੱਲੋਂ ਜ਼ਿਲ੍ਹਾ ਮੈਨੇਜਰ ਮੰਜੂ ਬਾਲਾ, ਸਹਾਇਕ ਜ਼ਿਲ੍ਹਾ ਮੈਨੇਜਰ ਹਰਪ੍ਰੀਤ ਕੌਰ ਅਤੇ ਕਲਰਕ ਹਰਦੀਪ ਸ਼ਰਮਾ ਵੀ ਹਾਜ਼ਰ ਸਨ। ਜ਼ਿਲ੍ਹਾ ਮੈਨੇਜਰ ਮੰਜੂ ਬਾਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 31 ਮਾਰਚ 2020 ਤੱਕ ਦੇ ਸਾਰੇ ਕਰਜ਼ਾਂ ਕੇਸਾਂ ਵਿੱਚ ਕਰਜ਼ਾ ਮੁਆਫੀ ਕਰ ਦਿੱਤੀ ਗਈ ਹੈ। ਇਸ ਮੌਕੇ ਲਾਭਪਾਤਰੀ ਪਰਿਵਾਰਾਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਕਰਜ਼ਾ ਮਾਫ ਕਰਕੇ ਉਨ੍ਹਾਂ ਨੂੰ ਵਿੱਤੀ ਬੋਝ ਤੋਂ ਮੁਕਤ ਕੀਤਾ। ਉਨ੍ਹਾਂ ਕਿਹਾ ਕਿ ਹੁਣ ਉਹ ਆਪਣੇ ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰ ਦੀਆਂ ਜ਼ਰੂਰਤਾਂ ਲਈ ਬਿਹਤਰ ਤਰੀਕੇ ਨਾਲ ਯਤਨ ਕਰ ਸਕਣਗੇ। ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਗੁਰਦੇਵ ਸਿੰਘ ਟਿਵਾਣਾ ਅਤੇ ਵੱਡੀ ਗਿਣਤੀ ਵਿਚ ਲਾਭਪਾਤਰੀ ਮੌਜੂਦ ਸਨ।



## ਲੜਕੀ ਨੂੰ ਵਰਗਲਾ ਕੇ ਵਿਆਹ ਦਾ ਝਾਂਸਾ ਦੇਣ 'ਤੇ ਮਾਮਲਾ ਦਰਜ

ਪਟਿਆਲਾ, 7 ਜੁਲਾਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੁਖਵਿੰਦਰ ਸਿੰਘ ਵਾਸੀ ਗੋਪਾਲ ਕਲੋਨੀ ਪਟਿਆਲਾ ਵਿਰੁੱਧ ਧਾਰਾ 137(2),87 ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਲੜਕੀ ਉਮਰ ਕਰੀਬ 15/16 ਸਾਲ, ਜੋ ਕਿ ਆਪਣੇ ਘਰ ਦੇ ਬਾਹਰ ਖੜ੍ਹੀ ਮੁਹੱਲੇ ਦੀਆ ਸਹੇਲੀਆਂ ਨਾਲ ਗੱਲਬਾਤ ਕਰ ਰਹੀ ਸੀ, ਪਰ ਉਸ ਤੋਂ ਬਾਅਦ ਘਰ ਵਾਪਿਸ ਨਹੀਂ ਆਈ ਅਤੇ ਕਾਫੀ ਭਾਲ ਕਰਨ ਪਰ ਪਤਾ ਲੱਗਾ ਕਿ ਉਕਤ ਕਥਿਤ ਦੋਸ਼ੀ ਉਸ ਦੀ ਲੜਕੀ ਨੂੰ ਵਰਗਲਾ ਫੁਸਲਾ ਕੇ ਵਿਆਹ ਕਰਾਉਣ ਦਾ ਝਾਂਸਾ ਦੇ ਕੇ ਭਜਾ ਕੇ ਲੈ ਗਿਆ।

## ਨਸ਼ੀਲਾ ਪਾਊਡਰ ਤੇ ਡਰੱਗ ਮਨੀ ਬ੍ਰਾਮਦ

ਪਟਿਆਲਾ, 7 ਜੁਲਾਈ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਮੋਹਿਤ ਵਰਮਾ ਵਾਸੀ ਫੇਸ-2 ਅਰਬਨ ਅਸਟੇਟ ਪਟਿਆਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ।ਏ.ਐਸ.ਆਈ. ਕੁਲਦੀਪ ਸਿੰਘ ਸਮੇਤ ਪੁਲਿਸ ਫੇਸ-2 ਅਰਬਨ ਅਸਟੇਟ ਪਟਿਆਲਾ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ 'ਤੇ 10 ਗ੍ਰਾਮ ਨਸ਼ੀਲਾ ਪਾਊਡਰ ਅਤੇ 800 ਰੁਪਏ ਡਰੱਗ ਮਨੀ ਬ੍ਰਾਮਦ ਹੋਈ।

## ਘਰ 'ਚ ਦਾਖ਼ਲ ਹੋ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 7 ਜੁਲਾਈ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਮਨਪ੍ਰੀਤ ਕੌਰ ਪਤਨੀ ਚਰਨਜੀਤ ਸਿੰਘ ਵਾਸੀ ਪਿੰਡ ਮਰਦਾਹੇੜੀ ਹਾਲ ਪਿੰਡ ਭਟੇੜੀ ਕਲਾਂ ਨੇ ਕਥਿਤ ਦੋਸ਼ੀਆਂ ਗੁਰਜੀਤ ਸਿੰਘ, ਹਰਪਾਲ ਸਿੰਘ ਵਾਸੀ ਪਿੰਡ ਭਟੇੜੀ ਕਲਾਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀ ਨੇ ਉਸ ਦੇ ਘਰ ਅੰਦਰ ਦਾਖਲ ਹੋ ਕੇ ਉਸ ਅਤੇ ਉਸ ਦੀ ਲੜਕੀ ਰਚਨਾ ਦੀ ਕੁੱਟਮਾਰ ਕੀਤੀ। ਪੁਲਿਸ ਨੇ ਧਾਰਾ 115(2), 127(1),3(5) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਕੱਢੀ ਜਾਗਰੂਕਤਾ ਰੈਲੀ

ਪਟਿਆਲਾ, 7 ਜੁਲਾਈ (ਚ.ਨ.ਸ.) : ਨਿਊ ਪਟਿਆਲਾ ਵੈਲਫੇਅਰ ਕਲੱਬ ਵੱਲੋਂ ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਦੀ ਅਗਵਾਈ ਹੇਠ ਵੱਖ-ਵੱਖ ਸ਼ਹਿਰਾਂ ਦੇ ਬਜ਼ਾਰਾਂ ਇਲਾਕਿਆਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਚਲਾਈ ਗਈ, ਜਿਸ ਦੀ ਸ਼ੁਰੂਆਤ ਪਟਿਆਲਾ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਇਲਾਕਿਆਂ ਵਿੱਚ ਖੁੱਲ੍ਹੀਆਂ ਗੱਡੀਆਂ ਦੇ ਕਾਫਲੇ ਨਾਲ ਜਾਗਰੂਕਤਾ ਰੈਲੀ ਕੱਢੀ ਗਈ, ਜਿੱਥੇ ਨਸ਼ਿਆਂ ਤੋਂ ਨੌਜਵਾਨਾਂ ਨੂੰ ਦੂਰ ਰਹਿਣ ਲਈ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਉੱਥੇ ਹੀ ਲੋਕਾਂ ਦਾ ਭਾਰੀ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਨੇ ਨਸ਼ਿਆਂ ਦੇ ਕੋਹੜ ਨੂੰ ਜਲਦ ਜੜ੍ਹੋਂ ਖਤਮ ਕਰਨ ਦੀ ਮੰਗ ਸਰਕਾਰ ਤੋਂ ਕਰਦਿਆ ਕਿਹਾ ਕਿ ਅੱਜ ਵੀ ਨਸ਼ਿਆਂ ਦਾ ਜਾਨਲੇਵਾ ਦੈਂਤ ਪੰਜਾਬ ਵਿੱਚ ਰੁਕਣ ਦਾ ਨਾਂ ਨਹੀਂ ਲੈ ਰਿਹਾ। ਨਸ਼ਿਆਂ ਖਿਲਾਫ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਦੇ ਸਾਰਥਕ ਨਤੀਜੇ ਨਹੀਂ ਨਿੱਕਲ ਰਹੇ। ਅੱਜ ਵੀ ਪੰਜਾਬ ਦੇ ਵੱਖ-ਵੱਖ ਇਲਾਕਿਆਂ ਦੇ ਨੌਜਵਾਨ ਨਸ਼ੇ ਕਰ ਇੱਧਰ ਉੱਧਰ ਆਮ ਘੁੰਮਦੇ ਵੇਖੇ ਜਾ ਸਕਦੇ ਹਨ। ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਜਦੋਂ ਵੀ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਤਾਂ ਉਸ ਨੂੰ ਸਖ਼ਤੀ ਨਾਲ ਨਹੀਂ ਚਲਾਇਆ ਗਿਆ। ਉਨ੍ਹਾਂ ਨੇ ਮਾਨ ਸਰਕਾਰ ਤੋਂ ਮੰਗ ਕੀਤੀ ਕਿ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਨਾਨ ਸਟਾਪ ਨਸ਼ਾ ਵਿਰੋਧੀ ਮੁਹਿੰਮ ਤੇਜ਼ ਗਤੀ ਨਾਲ ਚਲਾਈ ਜਾਵੇ। ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਨੇ ਕਿਹਾ ਕਿ ਜਦੋਂ ਤੱਕ ਨਸ਼ਾ ਜੜ੍ਹੋਂ ਖਤਮ ਨਹੀਂ ਹੁੰਦਾ ਉਦੋਂ ਤੱਕ ਸੰਘਰਸ਼ ਲਗਾਤਾਰ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਤਰਨ ਸ਼ਰਮਾ, ਮੋਹਿਤ ਕਾਂਸਲ, ਸੰਨੀ ਕੁਮਾਰ, ਪਵਨ ਕੁਮਾਰ, ਹਿਮਾਂਸ਼ੂ ਵਡੇਰਾ, ਪੰਕਜ ਸ਼ਰਮਾ, ਬੌਬੀ ਸਿੰਘ, ਰਾਜ ਕੁਮਾਰ, ਰਮਨ ਸਿੰਘ, ਰਾਮ ਸਿੰਘ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

## ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਗੁਰਵਿੰਦਰ ਸਿੰਘ ਦਾ ਜਾਣਿਆ ਹਾਲ-ਚਾਲ

### ਅਸਿਸਟੈਂਟ ਐਡਵੋਕੇਟ ਜਨਰਲ ਸੜਕ ਹਾਦਸੇ 'ਚ ਹੋਏ ਸਨ ਜ਼ਖ਼ਮੀ



ਪਟਿਆਲਾ, 7 ਜੁਲਾਈ (ਅਰਜੀਤ ਸਿੰਘ) : ਆਮ ਪਾਰਟੀ ਦੇ ਸੀਨੀਅਰ ਆਗੂ ਅਤੇ ਬਾਰ ਐਸੋਸੀਏਸ਼ਨ ਨਾਭਾ ਦੇ ਪ੍ਰਧਾਨ ਗਿਆਨ ਸਿੰਘ ਮੂੰਗੋ ਦੇ ਭਾਣਜੇ ਅਸਿਸਟੈਂਟ ਐਡਵੋਕੇਟ ਜਨਰਲ ਗੁਰਵਿੰਦਰ ਸਿੰਘ ਕਾਲੋਮਾਜਰਾ ਸੜਕ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋ ਗਏ ਸਨ ਅਤੇ ਉਹ ਕਈ ਦਿਨ ਨਿਜੀ ਹਸਪਤਾਲ ਵਿੱਚ ਵੀ ਜੇਰੇ ਇਲਾਜ ਵੀ ਰਹੇ। ਉਹਨਾਂ ਦਾ ਹਾਲ ਚਾਲ ਪੁੱਛਣ ਦੇ ਲਈ ਰਾਜ ਸਭਾ ਮੈਂਬਰ ਸ੍ਰੀ ਸੰਜੇ ਸਿੰਘ ਉਹਨਾਂ ਦੇ ਗ੍ਰਹਿ ਵਿਖੇ ਪਹੁੰਚੇ ਅਤੇ ਪਰਿਵਾਰ ਨਾਲ ਮੁਲਾਕਾਤ ਕੀਤੀ। ਇਸ ਮੌਕੇ 'ਤੇ ਸੰਜੇ ਸਿੰਘ ਨੇ ਕਿਹਾ ਕਿ ਗਿਆਨ ਸਿੰਘ ਮੂੰਗੋ ਜੋ ਕਿ ਪਿਛਲੇ ਕਈ ਸਮੇਂ ਤੋਂ ਆਮ ਆਦਮੀ ਪਾਰਟੀ ਦੇ ਵਿੱਚ ਬਤੌਰ ਸੇਵਾ ਕਰ ਰਹੇ ਹਨ ਅਤੇ ਨਾਲ ਹੀ ਉਹ ਹਰ ਸਮੇਂ ਲੋਕਾਂ ਨੂੰ ਕਾਨੂੰਨ ਦੇ ਮੁਤਾਬਿਕ ਗਰੀਬ ਲੋਕਾਂ ਨੂੰ ਇਨਸਾਫ ਦਵਾਉਣ ਦੇ ਵਿੱਚ ਸਹਾਈ ਹੁੰਦੇ ਹਨ ਕਈ ਵਾਰ ਨਾਭਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਬਣ ਚੁੱਕੇ ਹਨ ਸੋ ਉਹਨਾਂ ਦੀ ਸੇਵਾ ਅਤੇ ਲਗਨ ਤੇ ਪਿਆਰ ਨੂੰ ਦੇਖਦਿਆਂ ਹੋਇਆਂ ਪਰਿਵਾਰ ਦੇ ਨਾਲ ਮੇਰੇ ਨਿੱਜੀ ਸਬੰਧ ਹਨ, ਸੋ ਇਸ ਕਰਕੇ ਚਲਦਿਆਂ ਹੋਇਆਂ ਮੈਨੂੰ ਬੀਤੀ ਦਿਨੀਂ ਗੁਰਵਿੰਦਰ ਸਿੰਘ ਦੇ ਐਕਸੀਡੈਂਟ ਦਾ ਪਤਾ ਲੱਗਾ ਤਾਂ ਮੈਂ ਚੰਡੀਗੜ੍ਹ ਵੀ ਗਿਆ ਸੀ ਪਰ ਉਦੋਂ ਇਸ ਨੂੰ ਸ਼ਿਫਟ ਕਰ ਦਿੱਤਾ ਗਿਆ ਸੀ ਅਤੇ ਅੱਜ ਮੈਂ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਘਰ ਪਹੁੰਚਿਆ ਹਾਂ ਅਤੇ ਮੈਂ ਪਰਮਾਤਮਾ ਅੱਗੇ ਪ੍ਰਾਰਥਨਾ ਕਰਦਾ ਹਾਂ ਕਿ ਇਹ ਬੱਚਾ ਛੇਤੀ ਠੀਕ ਹੋਵੇ ਅਤੇ ਲੋਕਾਂ ਦੀ ਸੇਵਾ ਕਰਦਾ ਰਹੇ। ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਆਮ ਪਾਰਟੀ ਸੀਨੀਅਰ ਆਗੂ ਕਰਨਵੀਰ ਸਿੰਘ ਟਿਵਾਣਾ, ਜਸਪਾਲ ਸਿੰਘ , ਹਰਜਿੰਦਰ ਸਿੰਘ, ਸੁਖਦੀਪ ਸਿੰਘ, ਨਿਰਭੈ ਸਿੰਘ, ਗੁਰਮੁਖ ਸਿੰਘ ਸਰਪੰਚ ਤੋਂ ਇਲਾਵਾ ਪਰਵਾਰਿਕ ਮੈਂਬਰ ਵੀ ਮੌਜੂਦ ਸਨ।

## ਚੁਣੇ ਹੋਏ ਵਿਧਾਇਕ, ਕਮਿਸ਼ਨਰ ਅਤੇ ਜ਼ਿੰਮੇਵਾਰ ਅਧਿਕਾਰੀ 6 ਮਹੀਨੇ ਦੀ ਤਨਖ਼ਾਹ ਮੁਆਵਜ਼ੇ ਦੇ ਰੂਪ 'ਚ ਦੇਣ: ਹਰਿੰਦਰਪਾਲ ਚੰਦੂਮਾਜਰਾ

ਦੇਵੀਗੜ੍ਹ, 7 ਜੁਲਾਈ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਅਧੀਨ ਪੈਂਦੇ ਪਿੰਡ ਅਲੀਪੁਰ ਅਰਾਈਆਂ ਜਿਹੜਾ ਕਿ ਨਗਰ ਨਿਗਮ ਪਟਿਆਲਾ ਦੀ ਹੱਦ ਅੰਦਰ ਆਉਂਦਾ ਹੈ ਵਿਖੇ ਨਾਨੀ ਅਤੇ ਦੋਹਤੀ ਦੀ ਦੋਹਰੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਨ ਲਈ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਪਹੁੰਚੇ ਅਤੇ ਉਨ੍ਹਾਂ ਵੱਲੋਂ ਉਸ ਥਾਂ ਦਾ ਜਾਇਜ਼ਾ ਵੀ ਲਿਆ ਗਿਆ, ਜਿੱਥੇ ਪੀਣ ਵਾਲੇ ਪਾਣੀ ਵਿਚ ਸੀਵਰੇਜ਼ ਦਾ ਪਾਣੀ ਮਿਕਸ ਹੋਇਆ ਸੀ, ਜਿਸ ਦੇ ਕਾਰਨ ਦੋ ਮੌਤਾਂ ਹੋਈਆਂ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਦੋਨੋਂ ਮੌਤਾਂ ਸਰਕਾਰ ਦੀ ਲਾਪਰਵਾਹੀ ਦੇ ਕਾਰਨ ਹੋਈਆਂ ਹਨ ਅਤੇ ਅਜਿਹੀ ਜਾਨਲੇਵਾ ਲਾਪਰਵਾਹੀ ਵੱਡੀ ਚਿੰਤਾ ਦਾ ਵਿਸ਼ਾ ਹੈ। ਹਰਿੰਦਰਪਾਲ



ਚੰਦੂਮਾਜਰਾ ਨੇ ਪਰਿਵਾਰ ਨੂੰ ਹੌਸਲਾ ਦਿੱਤਾ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਚੁਣੇ ਹੋਏ ਵਿਧਾਇਕ, ਨਗਰ ਨਿਗਮ ਦੇ ਕਮਿਸ਼ਨਰ ਅਤੇ ਸਬੰਧਤ ਜਿੰਮੇਵਾਰ ਅਧਿਕਾਰੀਆਂ ਦੀਆਂ 6-6 ਮਹੀਨੇ ਦੀ ਤਨਖਾਹ ਕੱਟ ਕੇ ਪੀੜ੍ਹਤ ਪਰਿਵਾਰ ਨੂੰ ਮੁਆਵਜ਼ੇ ਦੇ ਤੌਰ 'ਤੇ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਗਰੀਬ ਪਰਿਵਾਰ ਹੈ। ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਇਸ ਪੀਣ ਵਾਲੇ ਪਾਣੀ ਵਿਚ ਸੀਵਰੇਜ਼ ਦਾ ਪਾਣੀ ਮਿਕਸ ਹੋਣ ਨਾਲ ਇਸ ਇਲਾਕੇ ਵਿਚ ਦਰਜ਼ਨਾਂ ਲੋਕ ਅਜੇ ਵੀ ਬਿਮਾਰ ਪਏ ਹਨ ਅਤੇ ਨਗਰ ਨਿਗਮ ਵੱਲੋਂ ਕੋਈ ਉਚਿਤ ਕਦਮ ਨਹੀਂ ਚੁੱਕੇ ਜਾ ਰਹੇ। ਰਾਹਤ ਅਤੇ ਸੁਧਾਰ ਦੇ ਨਾਮ 'ਤੇ ਸਿਰਫ ਦਿਖਾਵੇ ਨੂੰ ਜ਼ਿਆਦਾ ਤਰਜ਼ੀਹ ਦਿੱਤੀ ਜਾ ਰਹੀ ਹੈ। ਇਸ ਮੌਕੇ ਜਗਜੀਤ ਸਿੰਘ ਕੋਹਲੀ, ਇਲਾਕੇ ਦੇ ਸਾਬਕਾ ਕੌਂਸਲਰ ਜਰਨੈਲ ਸਿੰਘ ਰਾਠੌਰ, ਸੁਖਦੇਵ ਸਿੰਘ ਅਲੀਪੁਰ ਅਤੇ ਕੈਪਟਨ ਖੁਸ਼ਵੰਤ ਸਿੰਘ ਵੀ ਹਾਜ਼ਰ ਸਨ।

## ਭਗਵਾਨ ਪਰਸ਼ੂਰਾਮ ਧਰਮਸ਼ਾਲਾ ਤੇ ਬ੍ਰਾਹਮਣ ਸਭਾ ਦੀ ਮਹੀਨਾਵਾਰ ਮੀਟਿੰਗ



ਸਮਾਣਾ, 7 ਜੁਲਾਈ (ਵਿਜੇ ਕੁਮਾਰ) ਭਗਵਾਨ ਪਰਸ਼ੂਰਾਮ ਧਰਮਸ਼ਾਲਾ ਅਤੇ ਬ੍ਰਾਹਮਣ ਸਭਾ ਰਜਿ. 1093 ਸਮਾਣਾ ਦੀ ਮਹੀਨਾਵਾਰ ਮੀਟਿੰਗ ਧਰਮਪਾਲ ਜੋਸ਼ੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸਮਾਜਿਕ ਅਤੇ ਧਾਰਮਿਕ ਪ੍ਰੋਗ੍ਰਾਮ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਜਾਣਕਾਰੀ ਦਿੰਦਿਆਂ ਧਰਮਪਾਲ ਜੋਸ਼ੀ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਮੈਂਬਰ ਪਾਰਲੀਮੈਂਟ ਧਰਮਵੀਰ ਗਾਂਧੀ ਪਾਸੋਂ ਭਗਵਾਨ ਪਰਸ਼ੂਰਾਮ ਧਰਮਸ਼ਾਲਾ ਮੁਰੰਮਤ ਲਈ ਪਾਸ ਕੀਤੀ ਗਈ ਗਰਾਂਟ ਵਰਤਨ ਬਾਰੇ ਚਾਨਣਾ ਪਾਇਆ ਗਿਆ, ਜਿਸ ਦੀ ਪੈਮਾਇਸ਼ ਮੰਡੀਕਰਨ ਬੋਰਡ ਦੇ ਜੂਨੀਅਰ ਇੰਜੀਨੀਅਰ ਸ੍ਰੀ ਰਵੀ ਸ਼ਰਮਾ ਵੱਲੋਂ ਕੀਤੀ ਗਈ ਹੈ। ਸ੍ਰੀ ਰਵੀ ਸ਼ਰਮਾ ਨੇ ਇਸ ਪੈਮਾਇਸ਼ ਨੂੰ ਉੱਚ ਅਧਿਕਾਰੀਆਂ ਤੱਕ ਪਹੁੰਚਾ ਦਿੱਤਾ ਹੈ। ਮੀਟਿੰਗ ਦੌਰਾਨ ਜਤਿੰਦਰ ਸ਼ਰਮਾ ਨੂੰ ਮੰਡਲ ਪ੍ਰਧਾਨ ਭਾਜਪਾ ਬਣਨ 'ਤੇ ਸਨਮਾਨਿਤ ਕੀਤਾ ਗਿਆ। ਇਸ ਮੀਟਿੰਗ ਵਿੱਚ ਸ੍ਰੀ ਬਲਦੇਵ ਰਾਮ,ਵਰਿੰਦਰ ਪਾਠਕ, ਨਰੇਸ਼ ਸ਼ਰਮਾ ਕੈਸ਼ੀਅਰ , ਤਜਿੰਦਰ ਕੁਮਾਰ ਸ਼ਰਮਾ, ਸਬ ਇੰਸਪੈਕਟਰ ਕਮਲਜੀਤ ਸ਼ਰਮਾ ,ਸੁਸ਼ੀਲ ਸ਼ਰਮਾ ਜਨਰਲ ਸਕੱਤਰ, ਵਿਕਾਸ ਸ਼ਰਮਾ, ਪਿੰਸ ਸ਼ਰਮਾ , ਰਿਕਸ਼ਤ ਪਾਠਕ ਪ੍ਰਧਾਨ ਜੋਤ ਬ੍ਰਾਹਮਣ ਸਭਾ ਸਮਾਣਾ ,ਗੁਰ ਪ੍ਰਸਾਦ ਸ਼ਰਮਾ, ਕੁਲਦੀਪ ਸ਼ਰਮਾ, ਭੁਪਿੰਦਰ ਪਾਲ ਸ਼ਰਮਾ, ਚੈਨ ਰਾਮ ਸ਼ਰਮਾਂ ,ਗੁਰਵਿੰਦਰ ਸ਼ਰਮਾ , ਚੰਦਰ ਸ਼ੇਖਰ ਸ਼ਰਮਾ, ਰਾਹੁਲ ਸ਼ਰਮਾ ਵੀ ਮੌਜੂਦ ਸਨ।

## 342 ਕਰੋੜ ਰੁਪਏ ਦਾ ਪਟਿਆਲਾ ਜਲ ਪ੍ਰੋਜੈਕਟ ਇੱਕ ਹੋਰ ਸਮਾਂ-ਸੀਮਾ ਤੋਂ ਖੁੰਝ ਗਿਆ

ਪਟਿਆਲਾ, 7 ਜੁਲਾਈ (ਚ.ਨ.ਸ.) : ਪਟਿਆਲਾ ਦੇ ਲਗਭਗ ਪੰਜ ਲੱਖ ਵਸਨੀਕਾਂ ਦੀਆਂ ਪੀਣ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ 342 ਕਰੋੜ ਰੁਪਏ ਦਾ ਮਹੱਤਵਾਕਾਂਖੀ ਸਤਹੀ ਪਾਣੀ ਪ੍ਰੋਜੈਕਟ ਘੱਟੋ-ਘੱਟ ਸਾਲ ਦੇ ਅੰਤ ਤੱਕ ਸ਼ੁਰੂ ਹੋਣ ਦੀ ਸੰਭਾਵਨਾ ਨਹੀਂ ਹੈ, ਇੱਕ ਵਾਰ ਫਿਰ ਸਮਾਂ ਸੀਮਾ ਨੂੰ ਛੱਡ ਕੇ। ਅਧਿਕਾਰੀਆਂ ਦੇ ਅਨੁਸਾਰ, ਸਰਕਾਰ ਨੇ ਪ੍ਰੋਜੈਕਟ ਦੇ ਪਹਿਲੇ ਪੜਾਅ ਨੂੰ ਸ਼ੁਰੂ ਕਰਨ ਦੀ ਸਮਾਂ ਸੀਮਾ ਇਸ ਸਾਲ ਜੁਲਾਈ ਤੱਕ ਵਧਾ ਦਿੱਤੀ ਸੀ, ਕਿਉਂਕਿ ਇਸ ਤੋਂ ਪਾਣੀ ਦੀ ਸਪਲਾਈ ਅਕਤੂਬਰ 2023 ਵਿੱਚ ਸ਼ੁਰੂ ਨਹੀਂ ਹੋ ਸਕੀ ਸੀ, ਜੋ ਕਿ ਪ੍ਰੋਜੈਕਟ ਨੂੰ ਪੂਰਾ ਕਰਨ ਦੀ ਸ਼ੁਰੂਆਤੀ ਕੱਟ-ਆਫ ਮਿਤੀ ਸੀ। ਭੂਮੀਗਤ ਪਾਣੀ 'ਤੇ ਨਿਰਭਰਤਾ ਘਟਾ ਕੇ ਅਤੇ ਨਹਿਰ-ਅਧਾਰਤ ਸਪਲਾਈ ਵਿੱਚ ਤਬਦੀਲ ਕਰਕੇ ਸ਼ਹਿਰ ਦੀਆਂ ਪੀਣ ਵਾਲੇ ਪਾਣੀ ਦੀਆਂ ਜ਼ਰੂਰਤਾਂ ਨੂੰ ਬਿਹਤਰ ਬਣਾਉਣ ਲਈ ਸ਼ੁਰੂ ਕੀਤੇ ਗਏ ਪ੍ਰੋਜੈਕਟ 'ਤੇ ਕੰਮ ਅਕਤੂਬਰ 2020 ਵਿੱਚ ਸ਼ੁਰੂ ਕੀਤਾ ਗਿਆ ਸੀ। ਇਸਦੇ ਤਹਿਤ, 312 ਕਿੱਲੋਮੀਟਰ ਪਾਈਪਲਾਈਨਾਂ ਦਾ ਇੱਕ ਨੈੱਟਵਰਕ ਵਿਛਾਇਆ ਜਾਣਾ ਹੈ। ਹੁਣ ਤੱਕ, ਠੇਕੇਦਾਰ-ਲਾਰਸਨ ਐਂਡ ਟੂਬਰੋ ਦੁਆਰਾ ਸਿਰਫ 212 ਕਿੱਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ। ਇਸ ਪ੍ਰੋਜੈਕਟ ਵਿੱਚ 21 ਭੂਮੀਗਤ ਜਲ ਭੰਡਾਰ ਅਤੇ 12 ਓਵਰਹੈੱਡ ਟੈਂਕਾਂ ਦਾ ਨਿਰਮਾਣ ਵੀ ਸ਼ਾਮਲ ਹੈ, ਜਿਨ੍ਹਾਂ ਨੂੰ ਸਰਹਿੰਦ ਨਹਿਰ ਦੇ ਇੱਕ ਹਿੱਸੇ, ਪਟਿਆਲਾ ਨੈਵੀਗੇਸ਼ਨ ਚੈਨਲ ਤੋਂ ਪਾਣੀ ਸਪਲਾਈ ਕੀਤਾ ਜਾਵੇਗਾ। ਸਿਹਤ ਮੰਤਰੀ ਅਤੇ ਪਟਿਆਲਾ ਦਿਹਾਤੀ ਵਿਧਾਇਕ ਬਲਬੀਰ ਸਿੰਘ ਨੇ ਦੇਰੀ ਨੂੰ ਲੈ ਕੇ ਵਧਦੀ ਜਨਤਾ ਦੀ ਨਿਰਾਸ਼ਾ ਨੂੰ ਸਵੀਕਾਰ ਕੀਤਾ ਅਤੇ ਕਿਹਾ ਕਿ ਠੇਕੇਦਾਰ 'ਤੇ ਪਹਿਲਾਂ ਹੀ 9.5 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਜਾ ਚੁੱਕਾ ਹੈ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਤਕਨੀਕੀ ਚੁਣੌਤੀਆਂ ਲਈ ਟੈਲੀਕਾਮ ਅਤੇ ਪਾਣੀ ਦੀਆਂ ਲਾਈਨਾਂ ਨੂੰ ਨੁਕਸਾਨ ਤੋਂ ਬਚਾਉਣ ਲਈ ਵਾਧੂ ਸਾਵਧਾਨੀ ਦੀ ਵੀ ਲੋੜ ਹੈ। ਸ਼ੁਰੂਆਤੀ ਮਾਨਸੂਨ ਨੇ ਪ੍ਰਗਤੀ ਵਿੱਚ ਰੁਕਾਵਟ ਪਾਈ, ਪਰ ਅਸੀਂ ਇਮਾਨਦਾਰ ਯਤਨ ਕਰ ਰਹੇ ਹਾਂ। ਕੁੱਲ ਪ੍ਰੋਜੈਕਟ ਲਾਗਤ ਵਿੱਚੋਂ, 16.33 ਕਰੋੜ ਰੁਪਏ ਸ਼ੁਰੂ ਵਿੱਚ ਸੜਕ ਦੀ ਮੁਰੰਮਤ ਲਈ ਰੱਖੇ ਗਏ ਸਨ, ਜਿਸ ਨੂੰ ਬਾਅਦ ਵਿੱਚ ਸੋਧਿਆ ਗਿਆ। ਹੁਣ, ਨਗਰ ਨਿਗਮ ਨੂੰ 20 ਕਰੋੜ ਰੁਪਏ ਦੀ ਲਾਗਤ ਨਾਲ ਸੜਕ ਦੀ ਮੁਰੰਮਤ ਦਾ ਕੰਮ ਸੌਂਪਿਆ ਗਿਆ ਹੈ। ਟੈਂਡਰ ਜਾਰੀ ਕੀਤੇ ਗਏ ਹਨ ਅਤੇ 1 ਕਰੋੜ ਰੁਪਏ ਤੋਂ ਵੱਧ ਦੀ ਬਚਤ ਹੋਈ ਹੈ।

## ਨੌਜਵਾਨ ਨਸ਼ੇ ਦਾ ਸੇਵਨ ਕਰਦਾ ਕਾਬੂ

ਸਮਾਣਾ, 7 ਜੁਲਾਈ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਇੱਕ ਨੌਜਵਾਨ ਨੂੰ ਚਿੱਟਾ/ਹੈਰੋਇਨ ਪੀਂਦੇ ਹੋਏ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਨੌਜਵਾਨ ਦੀ ਪਛਾਣ ਵਿਕਰਮਜੀਤ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਮਲਕਾਣਾ ਪੱਤੀ, ਸਮਾਣਾ ਵਜੋਂ ਹੋਈ ਹੈ। ਸਿਟੀ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਸਬ-ਇੰਸਪੈਕਟਰ ਰਾਜਵੀਰ ਸਿੰਘ ਨੂੰ ਵੜੈਚਾਂ ਮੋੜ 'ਤੇ ਗਸ਼ਤ ਦੌਰਾਨ ਸੂਚਨਾ ਮਿਲੀ ਕਿ ਮੁਲਜ਼ਮ ਚਿੱਟਾ/ਹੈਰੋਇਨ ਪੀਣ ਦਾ ਆਦੀ ਹੈ ਅਤੇ ਉਹ ਹੁਣ ਵੀ ਗ੍ਰੀਨ ਹਾਊਸ ਨੇੜੇ ਕੋਆਪ੍ਰੇਟਿਵ ਸੁਸਾਇਟੀ ਕੋਲ ਬੈਠਾ ਨਸ਼ੇ ਦਾ ਸੇਵਨ ਕਰ ਰਿਹਾ ਹੈ। ਪੁਲਿਸ ਪਾਰਟੀ ਸਮੇਤ ਛਾਪਾ ਮਾਰਨ 'ਤੇ ਇੱਕ ਲਾਈਟਰ ਅਤੇ ਇੱਕ ਸਿਲਵਰ ਪੇਪਰ ਦਾ ਟੁਕੜਾ ਬਰਾਮਦ ਹੋਣ 'ਤੇ ਪੁਲਸ ਨੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਅਤੇ ਮਾਣਯੋਗ ਅਦਾਲਤ ਦੇ ਹੁਕਮਾਂ 'ਤੇ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ।

## ਗੁਜਰਾਤ ਹਵਾਈ ਹਾਦਸੇ ਦੇ ਮ੍ਰਿਤਕਾਂ ਦੀ ਆਤਮਾ ਦੀ ਸ਼ਾਤੀ ਲਈ ਹਵਨ ਯੱਗ ਕਰਵਾਇਆ



ਪਟਿਆਲਾ, 7 ਜੁਲਾਈ (ਚ.ਨ.ਸ.) : ਭਗਵਾਨ ਪਰਸ਼ੂ ਰਾਮ ਵਾਟੀਕਾ ਵਿੱਚ ਸ੍ਰੀ ਬ੍ਰਾਹਮਣ ਸਮਾਜ ਰਜਿ: ਪਟਿਆਲਾ ਵੱਲੋਂ ਸ੍ਰੀ ਸੂਰਜ ਭਾਨ ਸ਼ਰਮਾ ਦੀ ਅਗਵਾਈ ਵਿੱਚ ਗੁਜਰਾਤ ਹਵਾਈ ਹਾਦਸੇ ਦੇ ਮ੍ਰਿਤਕਾਂ ਦੀ ਆਤਮਾ ਦੀ ਸ਼ਾਤੀ ਲਈ ਅਤੇ ਸਮਰੱਥ ਭਾਰਤ ਨਿਵਾਸੀਆਂ ਦੀ ਖੁਸ਼ਹਾਲੀ ਲਈ 33ਵਾਂ ਹਵਨ ਯੱਗ ਪੰਡਿਤ ਨਹਿਰੂ ਮਿਸ਼ਰਾ ਵੱਲੋਂ ਮੁੱਖ ਮਹਿਮਾਨ ਅਜੇ ਸ਼ਰਮਾ ਦੁਆਰਾ ਨਵਗ੍ਰਹਿ ਪੂਜਾ ਕਰਵਾ ਕੇ ਵਿਧੀ ਪੂਰਵਕ ਕੀਤਾ ਗਿਆ। ਇਸ ਮੌਕੇ ਹਵਨ ਉਪਰੰਤ ਵਾਟਿਕਾ ਵਿੱਚ ਬਣ ਰਹੇ ਭਗਵਾਨ ਪਰਸ਼ੂ ਰਾਮ ਦੇ ਮੰਦਿਰ ਤੇ ਚੱਲ ਰਹੇ ਕੰਮਾਂ ਬਾਰੇ ਵਿਚਾਰ ਵਟਾਂਦਰੇ ਕੀਤੇ। ਇਸ ਮੌਕੇ ਯਾਦਵਿੰਦਰ ਸ਼ਰਮਾ ਜਨਰਲ ਸਕੱਤਰ ਵੱਲੋਂ ਆਏ ਵਿਅਕਤੀਆਂ ਦਾ ਧੰਨਵਾਦ ਕੀਤਾ ਅਤੇ ਮੁੱਖ ਮਹਿਮਾਨ ਅਜੇ ਸ਼ਰਮਾ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ 'ਤੇ ਅਨਿਲ ਸ਼ਰਮਾ, ਕੈਨਾਸ਼ ਕੁਮਾਰ ਸ਼ਰਮਾ, ਈਸ਼ਵਰ ਸ਼ਰਮਾ, ਮਦਨ ਰਾਮ, ਦਰਸ਼ਨ ਸ਼ਰਮਾ, ਐਡਵੋਕੇਟ ਰਾਜ ਕੁਮਾਰ, ਐਡਵੋਕੇਟ ਦੇਵੀ ਦਾਸ, ਐਡਵੋਕੇਟ ਟੀ.ਐਨ. ਸ਼ਰਮਾ, ਪ੍ਰੋ. ਪ੍ਰੇਮ ਕੁਮਾਰ ਸ਼ਰਮਾ, ਪ੍ਰੋ. ਕੇ.ਕੇ. ਮੋਦਗਿੱਲ, ਡਾ. ਰਵਿੰਦਰ ਰਵੀ, ਚੰਦਰ ਸ਼ੇਖਰ, ਜਗਦੀਸ਼ ਭਾਰਦਵਾਜ, ਨੀਰਜ ਸ਼ਰਮਾ ਅਤੇ ਅਸ਼ਵਨੀ ਸ਼ਰਮਾ ਆਦਿ ਮੌਜੂਦ ਸਨ।

## ਨਸ਼ਾ ਜਿੱਥੇ ਸਾਡੀ ਬੁੱਧੀ ਦਾ ਨਾਸ ਕਰਦੈ ਉੱਥੇ ਸਰੀਰਕ ਤੌਰ 'ਤੇ ਵੀ ਨੁਕਸਾਨ ਪਹੁੰਚਾਉਂਦੈ: ਬਾਜਵਾ, ਭਲਵਾਨ




ਪਟਿਆਲਾ, 7 ਜੁਲਾਈ (ਚ.ਨ.ਸ.) : ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਵੱਲੋਂ ਸਰਕਾਰੀ ਆਈ ਟੀ ਆਈ ਲੜਕੀਆਂ ਵਿਖੇ ਪ੍ਰਿੰਸੀਪਲ ਮਨਮੋਹਨ ਸਿੰਘ ਦੇ ਸਹਿਯੋਗ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦੀ ਪ੍ਰਧਾਨਗੀ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ, ਵਿਸ਼ੇਸ਼ ਤੌਰ 'ਤੇ ਸਰਕਾਰੀ ਆਈ ਟੀ ਆਈ ਲੜਕੀਆਂ ਦੇ ਵਾਇਸ ਪ੍ਰਿੰਸੀਪਲ ਆਸੀਮਾ ਗੋਇਲ, ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1 , ਐਸ ਆਈ ਜਸਪਾਲ ਸਿੰਘ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2, ਪਰਮਿੰਦਰ ਕੌਰ ਮਨਚੰਦਾ ਪ੍ਰੋਜੈਕਟ ਡਾਇਰੈਕਟਰ ਪੰਜਾਬ ਰੈਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਪਟਿਆਲਾ, ਸਟੇਟ ਐਵਾਰਡੀ ਰੁਪਿੰਦਰ ਕੌਰ, ਉਪਕਾਰ ਸਿੰਘ, ਰੁਦਰਪ੍ਰਤਾਪ ਸਿੰਘ, ਹਰਮਨਜੀਤ ਸਿੰਘ ਰੰਧਾਵਾ, ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਤੋਂ ਇਲਾਵਾ ਸਰਕਾਰੀ ਆਈਂ ਟੀ ਆਈ ਲੜਕੀਆਂ ਦੇ ਸਟਾਫ ਮਨਦੀਪ ਕੌਰ, ਏਕਮਪ੍ਰੀਤ ਕੌਰ, ਮਨੀਸ਼ਾ ਰਾਣੀ, ਡਿੰਪਲ, ਰਿਤਿਕਾ ਸ਼ਰਮਾ, ਸੁਖਬੀਰ ਕੌਰ, ਰਾਜਵੀਰ ਕੌਰ, ਮੀਨਾਕਸ਼ੀ ਭੱਲਾ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਅਤੇ ਪਰਮਿੰਦਰ ਭਲਵਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਕਰਨ ਵਾਲਾ ਹਰ ਵਿਅਕਤੀ ਸ਼ੁਰੂ ਵਿੱਚ ਆਪਣੇ ਆਪ ਨੂੰ ਲੁਕਾਉਂਦਾ ਹੈ, ਫਿਰ ਉਸਦਾ ਪਰਿਵਾਰ ਵੀ ਇਸ ਨੂੰ ਲੁਕਾਉਣ ਦੀ ਕੋਸ਼ਿਸ਼ ਕਰਦਾ ਹੈ। ਉਹਨਾਂ ਕਿਹਾ ਕਿ ਨਸ਼ਿਆਂ ਤੋਂ ਸਾਡੀ ਯੁਵਾ ਪੀੜ੍ਹੀ ਕਾਫੀ ਪ੍ਰਭਾਵਿਤ ਹੋ ਰਹੀ ਹੈ। ਉਹਨਾਂ ਕਿਹਾ ਕਿ ਨਸ਼ਾ ਜਿਥੇ ਸਾਡੀ ਬੁੱਧੀ ਦਾ ਨਾਸ਼ ਕਰਕੇ ਸਦਾਚਾਰਕ ਤੋਰ ਤੇ ਮਨੁੱਖ ਨੂੰ ਨੀਵਾਂ ਰੱਖਦੇ ਹਨ, ਉਥੇ ਸ਼ਰੀਰਿਕ ਤੌਰ ਤੇ ਵੀ ਕਾਫੀ ਨੁਕਸਾਨ ਪਹੁਚਾਉਂਦੇ ਹਨ। ਉਹਨਾਂ ਕਿਹਾ ਕਿ ਜਿਹੜੇ ਵਿਅਕਤੀ ਨਸ਼ਿਆਂ ਦੀ ਵਰਤੋਂ ਦੇ ਆਦੀ ਹੋ ਚੁੱਕੇ ਹਨ। ਇਸ ਮੌਕੇ ਪ੍ਰੋਗਰਾਮ ਦੇ ਅਖੀਰ ਵਿੱਚ ਨਸ਼ੇ ਨਾ ਕਰਨ, ਨਸ਼ੇ ਕਰਨ ਵਾਲਿਆਂ ਦੀ ਨਸ਼ਾ ਛੁਡਾਉਣ ਵਿੱਚ ਮੱਦਦ ਕਰਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਸਹੁੰ ਵੀ ਚੁਕਾਈ ਗਈ ਅਤੇ ਯੂਥ ਆਗੂ ਰੂਦਰਪ੍ਰਤਾਪ ਸਿੰਘ ਵੱਲੋਂ ਡਰੱਗ ਫਰੀ ਵਲੱਡ ਕੈਲੀਫੋਰਨੀਆ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਕਿਤਾਬਾਂ ਵੰਡੀਆਂ ਗਈਆਂ।

## ਵੈਟਰਨਰੀ ਅਫ਼ਸਰਾਂ ਵੱਲੋਂ ਸਰਕਾਰ ਨੂੰ ਮੰਗਾਂ ਲਾਗੂ ਕਰਨ ਲਈ 10 ਦਿਨ ਦਾ ਅਲਟੀਮੇਟਮ

### ਪੇਅ-ਪੈਰਿਟੀ ਦੀ ਬਹਾਲੀ ਨਾ ਹੋਈ ਤਾਂ ਉਤਰਨਗੇ ਸੜਕਾਂ 'ਤੇ



ਸਮਾਣਾ, 7 ਜੁਲਾਈ (ਸੁਖਜਿੰਦਰ ਸਿੰਘ ਕੁਲਾਰਾਂ) ਭਾਵੇਂ ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਹੋ ਇਸਦੇ ਉਲਟ ਰਿਹਾ ਹੈ, ਸਰਕਾਰ ਦੇ ਲਾਰਿਆਂ ਤੋਂ ਤੰਗ ਹੋਕੇ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਵਿਚ ਕੰਮ ਕਰਦੇ ਵੈਟਰਨਰੀ ਅਫ਼ਸਰਾਂ ਵੱਲੋਂ ਦੁਬਾਰਾ ਸੰਘਰਸ਼ ਦਾ ਐਲਾਨ ਕਰ ਦਿੱਤਾ ਗਿਆ ਹੈ। ਇਹ ਫੈਸਲਾ ਜੁਆਇੰਟ ਐਕਸ਼ਨ ਕਮੇਟੀ ਆਫ ਵੈਟਸ ਫਾਰ ਪੇਅ-ਪੈਰਿਟੀ ਦੀ ਸੂਬਾ ਕਮੇਟੀ ਵੱਲੋਂ ਵੀਡੀਓ ਕਾਨਫਰੰਸ ਰਾਹੀਂ ਕੀਤੀ ਗਈ ਮੀਟਿੰਗ ਵਿੱਚ ਲਿਆ ਗਿਆ। ਇਸ ਤਹਿਤ ਸੰਘਰਸ਼ ਕਮੇਟੀ ਵੱਲੋਂ ਕੇਂਦਰ ਸਰਕਾਰ ਦੀ ਸਕੀਮ 'ਸੁਰਭੀ ਚਇਨ ਸਰੰਖਲਾ ਨੂੰ ਰੋਕ ਦਿੱਤਾ ਗਿਆ ਹੈ। ਇਸਦੇ ਨਾਲ ਹੀ ਸੰਘਰਸ਼ ਕਮੇਟੀ ਵੱਲੋਂ ਸਰਕਾਰ ਨੂੰ 10 ਦਿਨ ਦਾ ਅਲਟੀਮੇਟਮ ਦਿੱਤਾ ਗਿਆ ਹੈ , ਮੰਗਾਂ ਨਾ ਮੰਨੀਆਂ ਜਾਣ ਦੀ ਸੂਰਤ ਵਿੱਚ ਪੰਜਾਬ ਦੇ ਸਮੂਹ ਵੈਟਰਨਰੀ ਡਾਕਟਰ ਸਰਕਾਰ ਵਿਰੁੱਧ ਸੜਕਾਂ 'ਤੇ ਉੱਤਰਨ ਲਈ ਮਜਬੂਰ ਹੋਣਗੇ। ਇੱਥੇ ਜ਼ਿਕਰਯੋਗ ਹੈ ਕਿ ਵੈਟਰਨਰੀ ਅਫ਼ਸਰਾਂ ਦੇ ਐਂਟਰੀ ਪੇਅ-ਸਕੇਲ ਛੇਵੇਂ ਪੇਅ-ਕਮਿਸ਼ਨ ਦੇ ਬਹਾਨੇ ਨਾਲ ਪਿਛਲੀ ਸਰਕਾਰ ਵਲੋਂ ਘਟਾ ਦਿੱਤੇ ਗਏ ਸਨ ਅਤੇ ਉਹਨਾਂ ਦੀ ਮੈਡੀਕਲ ਅਫ਼ਸਰਾਂ ਨਾਲ 42 ਸਾਲ ਤੋਂ ਚੱਲੀ ਆ ਰਹੀ ਪੇਅ-ਪੈਰਿਟੀ ਤੋੜ ਦਿੱਤੀ ਗਈ ਸੀ। ਮੀਟਿੰਗ ਵਿੱਚ ਸੰਘਰਸ਼ ਸਬੰਧੀ ਬੋਲਦਿਆਂ ਸੰਘਰਸ਼ ਕਮੇਟੀ ਦੇ ਕਨਵੀਨਰ ਡਾ. ਗੁਰਚਰਨ ਸਿੰਘ ਨੇ ਕਿਹਾ ਕਿ ਵੈਟਰਨਰੀ ਅਫ਼ਸਰਾਂ ਦੀ ਮੈਡੀਕਲ ਅਫ਼ਸਰਾਂ ਨਾਲ ਪੇਅ-ਪੈਰਿਟੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਮਿਲੀ ਹੋਈ ਸੀ। ਸਰਕਾਰ ਨੇ ਸਰਵਿਸ ਰੂਲਾਂ ਦੀ ਵੀ ਉਲੰਘਣਾ ਕੀਤੀ। ਕੇਂਦਰ ਸਰਕਾਰ ਦੇ 7ਵੇਂ ਤਨਖਾਹ ਕਮਿਸ਼ਨ ਨੇ ਵੈਟਰਨਰੀ ਅਫਸਰਾਂ ਨੂੰ 56100 ਦਾ ਸਕੇਲ ਰੈਕਮੈਂਡ ਕੀਤਾ ਹੈ। ਪਰ ਸਰਕਾਰ ਨੇ ਧੋਖੇ ਨਾਲ ਵੈਟਰਨਰੀ ਅਫਸਰਾਂ ਨੂੰ 47600 ਦਾ ਸਕੇਲ ਥੋਪ ਦਿੱਤਾ। ਪੇਅ-ਪੈਰਿਟੀ ਨੂੰ ਬਹਾਲ ਕਰਵਾਉਣ ਲਈ ਇਸ ਸਬੰਧੀ ਲਗਾਤਾਰ ਸੂਬਾ ਸਰਕਾਰ ਦੇ ਪੱਧਰ 'ਤੇ ਵਾਰ-ਵਾਰ ਮੰਗ ਪੱਤਰ ਦਿੱਤੇ ਗਏ । ਪਸ਼ੂ ਪਾਲਣ ਵਿਭਾਗ ਦੇ ਸਾਬਕਾ ਮੰਤਰੀਆਂ ਕੁਲਦੀਪ ਸਿੰਘ ਧਾਲੀਵਾਲ, ਲਾਲਜੀਤ ਸਿੰਘ ਭੁੱਲਰ ਅਤੇ ਮੌਜੂਦਾ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਵੀ ਵਾਰ-ਵਾਰ ਮੰਗ ਪੱਤਰ ਦਿੱਤੇ ਗਏ ਹਨ। ਵਿਭਾਗ ਦੇ ਮੰਤਰੀ ਨਾਲ ਬਹੁਤ ਵਾਰ ਮੀਟਿੰਗਾਂ ਹੋ ਚੁੱਕੀਆਂ ਹਨ। ਸਰਕਾਰ ਦੀ ਕੈਬਨਿਟ ਸਬ ਕਮੇਟੀ ਨਾਲ ਵੀ ਕਈ ਵਾਰ ਮੀਟਿੰਗਾਂ ਹੋ ਚੁੱਕੀਆਂ ਹਨ। ਪਰ ਅਜੇ ਤੱਕ ਸਿਵਾਏ ਵਾਅਦਿਆਂ ਤੋਂ ਵੱਧ ਕੁੱਝ ਵੀ ਨਹੀਂ ਕੀਤਾ ਗਿਆ। ਕਮੇਟੀ ਦੇ ਕੋ-ਕਨਵੀਨਰ ਡਾ. ਪੁਨੀਤ ਮਲਹੋਤਰਾ , ਡਾ. ਅਬਦੁਲ ਮਜੀਦ ਅਤੇ ਕਮੇਟੀ ਦੇ ਬੁਲਾਰੇ ਡਾ. ਗੁਰਿੰਦਰ ਸਿੰਘ ਵਾਲੀਆ ਨੇ ਕਿਹਾ ਕਿ ਜੇਕਰ ਸਰਕਾਰ ਨੇ ਆਉਣ ਵਾਲੀ 15 ਜੁਲਾਈ ਤੱਕ ਪੇਅ-ਪੈਰਿਟੀ ਬਹਾਲ ਨਾ ਕੀਤੀ ਗਈ ਤਾਂ ਵੈਟਰਨਰੀ ਡਾਕਟਰਾਂ ਦਾ ਸਮੁੱਚਾ ਭਾਈਚਾਰਾ ਸੜਕਾਂ ਤੇ ਉੱਤਰਨ ਲਈ ਮਜਬੂਰ ਹੋਵੇਗਾ।



# ਪਟਿਆਲਾ-ਆਸ/ਪਾਸ



## ਪਟਿਆਲਾ 'ਚ ਵੱਡੀ ਨਦੀ ਦੀ ਸਫ਼ਾਈ ਲਈ ਪੋਕਲੇਨ ਮਸ਼ੀਨ ਦਾ ਉਦਘਾਟਨ

### ☛ਨਦੀ ਦੀ ਸਫ਼ਾਈ ਆਪਣੇ ਵਾਤਾਵਰਨ, ਭਵਿੱਖ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਸਿਹਤ ਨੂੰ ਵੀ ਸੁਰੱਖਿਅਤ ਕਰਨ ਦੀ ਪਹਿਲ : ਮੇਅਰ



ਪਟਿਆਲਾ, 7 ਜੁਲਾਈ (ਰੁਪਾਣਾ) : ਪਟਿਆਲਾ ਸ਼ਹਿਰ ਵਿੱਚ ਵੱਡੀ ਨਦੀ ਦੀ ਨਿਰੰਤਰ ਸਫਾਈ ਲਈ ਨਗਰ ਨਿਗਮ ਵੱਲੋਂ ਨਵੀਂ ਉੱਦਮਸ਼ੀਲ ਪਹਿਲ ਕੀਤੀ ਗਈ। ਇਸ ਤਹਿਤ ਵੱਡੀ ਨਦੀ ਦੀ ਲਗਾਤਾਰ ਸਫਾਈ ਯਕੀਨੀ ਬਣਾਉਣ ਲਈ ਨਵੀਂ ਪੋਕਲੇਨ ਮਸ਼ੀਨ ਚਲਵਾ ਕੇ ਮੇਅਰ ਨਗਰ ਨਿਗਮ ਕੁੰਦਨ ਗੋਗੀਆ ਅਤੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਵੱਲੋ ਉਦਘਾਟਨ ਕੀਤਾ ਗਿਆ। ਦੱਸਣਯੋਗ ਹੈ ਕਿ ਪੋਕਲੇਨ ਮਸ਼ੀਨ ਇੱਕ ਤਕਨੀਕੀ ਯੰਤਰ ਹੈ, ਜੋ ਖਾਸ ਤੌਰ 'ਤੇ ਪਾਣੀ ਵਾਲੀਆਂ ਥਾਵਾਂ ਜਿਵੇਂ ਨਦੀਆਂ ਨਾਲਿਆ ਜਾਂ ਝੀਲਾਂ ਵਿੱਚੋਂ ਗੰਦਗੀ ਕਚਰਾ ਕਾਈ ਆਦਿ ਨੂੰ ਹਟਾਉਣ ਲਈ ਵਰਤੀ ਜਾਂਦੀ ਹੈ। ਇਹ ਮਸ਼ੀਨ ਮਕੈਨੀਕਲ ਬਹਾਲੀ ਦੀ ਤਕਨੀਕ ਰਾਹੀਂ ਕੰਮ ਕਰਦੀ ਹੈ। ਇਹ ਮਸ਼ੀਨ ਨਦੀ ਵਿੱਚ ਇਕੱਠੀ ਹੋ ਰਹੀ ਗੰਦਗੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹਟਾਉਣ ਲਈ ਵਰਤੀ ਜਾਵੇਗੀ, ਜੋ ਖ਼ਾਸ ਕਰਕੇ ਮੌਨਸੂਨ ਦੌਰਾਨ ਵਹਾਅ ਵਿੱਚ ਰੁਕਾਵਟਾਂ ਅਤੇ ਹੜ੍ਹਾਂ ਦੇ ਖ਼ਤਰੇ ਨੂੰ ਘਟਾਉਣ ਵਿੱਚ ਸਹਾਇਕ ਹੋਵੇਗੀ। ਇਸ ਮੌਕੇ ਮੇਅਰ ਗੋਗੀਆ ਅਤੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਨੇ ਕਿਹਾ ਕਿ ਵੱਡੀ ਨਦੀ ਦੀ ਸਫਾਈ ਸਿਰਫ਼ ਇੱਕ ਕੌਮੀ ਜ਼ਿੰਮੇਵਾਰੀ ਨਹੀਂ, ਸਗੋਂ ਹਰੇਕ ਪਟਿਆਲਵੀ ਪ੍ਰਤੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਆਹਵਾਨ ਕੀਤਾ ਕਿ ਲੋਕ ਨਗਰ ਨਿਗਮ ਦੇ ਨਾਲ ਮਿਲਕੇ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਵੀ ਅੱਗੇ ਆਉਣ। ਉਨ੍ਹਾਂ ਕਿਹਾ ਕਿ ਅਸੀਂ ਨਦੀ ਨੂੰ ਸਿਰਫ਼ ਸਾਫ਼ ਨਹੀਂ ਕਰ ਰਹੇ, ਸਗੋਂ ਆਪਣੇ ਵਾਤਾਵਰਨ, ਭਵਿੱਖ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਸਿਹਤ ਨੂੰ ਵੀ ਸੁਰੱਖਿਅਤ ਕਰ ਰਹੇ ਹਾਂ। ਮੇਅਰ ਨੇ ਇਹ ਵੀ ਦੱਸਿਆ ਕਿ ਇਹ ਸਿਰਫ਼ ਸ਼ੁਰੂਆਤ ਹੈ ਅਤੇ ਅਗਲੇ ਦਿਨਾਂ 'ਚ ਹੋਰ ਇਲਾਕਿਆਂ 'ਚ ਵੀ ਇਨ੍ਹਾਂ ਮਸ਼ੀਨਾਂ ਰਾਹੀਂ ਨਦੀ ਜਾਂ ਹੋਰ ਨਿਕਾਸੀ ਮਾਰਗਾਂ ਦੀ ਸਫਾਈ ਕੀਤੀ ਜਾਵੇਗੀ। ਸਥਾਨਕ ਨਿਵਾਸੀਆਂ ਨੇ ਵੀ ਨਦੀ ਦੀ ਸਫਾਈ ਮੁਹਿੰਮ ਦੀ ਸਾਰਾਹਨਾ ਕਰਦਿਆਂ ਕਿਹਾ ਕਿ ਜੇਕਰ ਹਰੇਕ ਵਾਸੀ ਆਪਣੀ ਭੂਮਿਕਾ ਨਿਭਾਵੇ ਤਾਂ ਵੱਡੀ ਨਦੀ ਦੀ ਪੁਰਾਤਨ ਰੌਣਕ ਮੁੜ ਲਿਆਉਣੀ ਸੰਭਵ ਹੈ। ਇਸ ਮੌਕੇ ਨਿਗਮ ਟੀਮ ਤੋਂ ਮਨੀਸ਼ ਕੈਂਥ ਐਸ ਡੀ ਓ, ਪਵਿੱਤਰ ਸਿੰਘ ਜੇ.ਈ. ਤੋਂ ਇਲਾਵਾ ਨਿਗਮ ਟੀਮ ਦੇ ਨੁਮਾਇੰਦੇ ਮੌਜੂਦ ਸਨ।

## ਹਰਸ਼ ਬਲੱਡ ਡੋਨਰ ਸੁਸਾਇਟੀ ਵਲੋਂ ਐਸ.ਪੀ. ਸ਼ਰਮਾ ਦਾ ਸਨਮਾਨ




ਨਾਭਾ, 7 ਜੁਲਾਈ (ਗੁਰਚਰਨ ਸਿੰਘ ਚੌਧਰੀ ਮਾਜਰਾ)- ਹਰਸ਼ ਬਲੱਡ ਡੋਨਰ ਸੋਸਾਇਟੀ ਨਾਭਾ ਦੀ ਟੀਮ ਵੱਲੋ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਦੀ ਅਗਵਾਈ ਵਿੱਚ ਪਟਿਆਲਾ ਜਿਲੇ ਦੇ ਨਵ-ਨਿਯੁਕਤ ਐਸ.ਪੀ ਟ੍ਰੈਫਿਕ ਸ੍ਰੀ ਅੱਛਰੂ ਰਾਮ ਸ਼ਰਮਾ ਨੂੰ ਮਿਲ ਕੇ ਪਟਿਆਲਾ ਜਿਲੇ ਨੂੰ ਵਧੀਆ ਸੇਵਾਵਾਂ ਦੇਣ ਦੇ ਲਈ ਸੋਸਾਇਟੀ ਦੀ ਪ੍ਰਤਿਮਾ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਪ੍ਰਧਾਨ ਭਾਸ਼ੀ ਨੇ ਐਸ.ਪੀ ਸ਼ਰਮਾ ਨੂੰ ਕਿਹਾ ਕੀ ਪ੍ਰਮਾਤਮਾ ਨਾ ਕਰੇ ਅਗਰ ਦੁਬਾਰਾ ਕਿਸੇ ਵੀ ਤਰਾਂ ਦੀ ਕਰੋਨਾ ਮਹਾਮਾਰੀ ਦੌਰਾਨ ਲੋੜ ਹੋਵੇ ਤਾ ਅਸੀਂ ਹਮੇਸ਼ਾ ਕਿਸੇ ਵੀ ਤਰਾਂ ਦੀ ਸੇਵਾ ਲਈ ਹਾਜਰ ਹਾਂ ਉਹ ਮਦਦ ਚਾਹੇ ਸ਼ਹਿਰ ਸੈਨੀਟਾਈਜ਼ ਕਰਨ ਲਈ ਹੋਵੇ ਜਾ ਟ੍ਰੈਫਿਕ ਪੁਲਿਸ ਟੀਮ ਨਾਲ ਕਿਸੇ ਵੀ ਤਰਾਂ ਦਾ ਸਹਿਯੋਗ ਕਰਨ ਲਈ ਹੋਵੇ ਜਾ ਫੇਰ ਕੋਵਾ ਐੱਪ ਰਾਹੀਂ ਲੋਕਾਂ ਨੂੰ ਜਾਗਰੂਕ ਕਰਨ ਦੀ ਹੋਵੇ ਅਸੀਂ ਪੰਜਾਬ ਦੀ ਟ੍ਰੈਫਿਕ ਪੁਲਿਸ ਦੇ ਨਾਲ ਹਮੇਸ਼ਾ ਹਾਜਰ ਖੜੇ ਹਾਂ। ਹਮੇਸ਼ਾ ਹੀ ਸਾਡੀ ਸਾਰੀ ਟੀਮ ਐਮਰਜੰਸੀ ਖੂਨ ਦਾਨ ਕਰਨ ਲਈ ਵੀ ਹਾਜਰ ਰਹਿੰਦੀ ਹੈ ਚਾਹੇ ਉਹ ਪੰਜਾਬ ਸਰਕਾਰ ਵੱਲੋ ਚਲਾਏ ਯੁੱਧ ਨਸ਼ੇ ਵਿਰੁੱਧ ਦੀ ਗੱਲ ਹੋਏ ਹਰ ਜਗਾ ਹਮੇਸ਼ਾ ਹਾਜ਼ਰ ਰਹਾਂਗੇ ਅਤੇ ਐਸ.ਪੀ ਸ਼ਰਮਾ ਨੇ ਕਿਹਾ ਕਿ ਜਿਥੇ ਵੀ ਸਾਨੂੰ ਹਰਸ਼ ਬਲੱਡ ਡੋਨਰ ਸੋਸਾਇਟੀ ਟੀਮ ਦੀ ਜਰੂਰਤ ਪਏਗੀ ਅਸੀਂ ਜਰੂਰ ਮਦਦ ਲਵਾਗੇ ਸਮਾਜ ਦੀਆਂ ਸੰਸਥਾਵਾਂ ਦੇ ਸਹਿਯੋਗ ਨਾਲ ਹੀ ਹਰੇਕ ਕਾਰਜ ਸੰਭਵ ਹੋ ਸਕਦਾ ਹੈ ਉਸ ਮੌਕੇ ਨਾਲ ਸੋਸਾਇਟੀ ਵੱਲੋ ਚੇਅਰਮੈਨ ਜਿਪਸੀ ਬਾਂਸਲ, ਸਰਪ੍ਰਸਤ ਕੁਲਦੀਪ ਭਾਟੀਆ, ਮੈਨੇਜਰ ਰੋਹਿਤ ਭਾਟੀਆ, ਚਿਤੇਸ਼ ਭਾਟੀਆ ਹਾਜਰ ਸਨ।

## ਐਸ.ਡੀ.ਐਮ. ਸਮਾਣਾ ਦੀ ਟੀਮ ਵੱਲੋਂ ਸੇਫ਼ ਸਕੂਲ ਵਾਹਨ ਨੀਤੀ ਤਹਿਤ ਸਕੂਲ ਵਾਹਨਾਂ ਦੀ ਚੈਕਿੰਗ

### ਖਾਮੀਆਂ ਸਾਹਮਣੇ ਆਉਣ 'ਤੇ 22 ਚਲਾਨ ਕੱਟੇ



ਸਮਾਣਾ, 7 ਜੁਲਾਈ (ਵਿਜੇ ਕੁਮਾਰ/ਸੁਖਜਿੰਦਰ/ਜਵੰਦਾ/ਅਮਿਤ): ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠ ਵਿਸ਼ੇਸ਼ ਟੀਮ ਨੇ ਅੱਜ ਸਕੂਲ ਖੁਲ੍ਹਦਿਆਂ ਹੀ ਸਬ ਡਵੀਜਨ ਅੰਦਰ ਪੈਂਦੇ ਪ੍ਰਾਈਵੇਟ ਸਕੂਲਾਂ ਦੇ ਵਾਹਨਾਂ ਦੀ ਚੈਕਿੰਗ ਕੀਤੀ। ਇਸ ਦੌਰਾਨ ਸੇਫ ਸਕੂਲ ਵਾਹਨ ਨੀਤੀ ਤਹਿਤ ਸਾਹਮਣੇ ਆਈਆਂ ਖਾਮੀਆਂ ਕਰਕੇ 22 ਚਲਾਨ ਕੱਟੇ ਗਏ। ਜਿਕਰਯੋਗ ਹੈਕਿ ਸਮਾਣਾ ਰੋਡ ਉਤੇ ਹੋਏ ਭਿਆਨਕ ਸੜਕ ਹਾਦਸੇ ਵਿੱਚ ਬੱਚਿਆਂ ਦੀਆਂ ਜਾਨਾਂ ਜਾਣ ਦਾ ਗੰਭੀਰ ਨੋਟਿਸ ਲੈਂਦਿਆਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਮੁਤਾਬਿਕ ਸਬ ਡਵੀਜਨ, ਸਮਾਣਾ ਦੇ ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਟੀਮ ਗਠਿਤ ਕੀਤੀ ਗਈ ਸੀ। ਇਸ ਬਾਰੇ ਜਾਣਕਾਰੀ ਦਿੰਦਿਆਂ ਉਪ ਮੰਡਲ ਮੈਜਿਸਟਰੇਟ ਰਿਚਾ ਗੋਇਲ ਨੇ ਦੱਸਿਆ ਕਿ ਜੂਨ, ਮਹੀਨੇ ਵਿੱਚ ਸਾਰੇ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਇਨਚਾਰਜਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਸਨ, ਜਿਸ ਵਿੱਚ ਸਾਰੇ ਸਕੂਲਾਂ ਨੂੰ ਹਦਾਇਤ ਕੀਤੀ ਗਈ ਕਿ ਸਕੂਲਾਂ ਲਈ ਵਰਤੀ ਜਾ ਰਹੀ ਸਕੂਲ ਅਤੇ ਪ੍ਰਾਈਵੇਟ ਟਰਾਂਸਪੋਰਟ ਦਾ ਡਾਟਾ ਭੇਜਿਆ ਜਾਵੇ ਤਾਂ ਜੋ ਉਹਨਾਂ ਦੇ ਕਾਗਜ਼ਾਤ ਚੈਕ ਕੀਤੇ ਜਾ ਸਕਨ। ਉਨ੍ਹਾਂ ਦੱਸਿਆ ਕਿ ਅੱਜ ਸਕੂਲ ਖੁੱਲ੍ਹਣ ਉਪਰੰਤ ਸਕੂਲਾਂ ਦੇ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ ਸੇਫ ਵਾਹਨ ਪਾਲਿਸੀ ਤਹਿਤ ਜੋ ਖਾਮੀਆਂ ਪਾਈਆਂ ਗਈਆਂ ਉਹਨਾਂ ਸਬੰਧੀ ਮੌਕੇ ਉਤੇ ਹੀ 22 ਚਲਾਨ ਕੱਟੇ ਗਏ। ਇਸ ਤੋਂ ਇਲਾਵਾ ਸਾਰੇ ਸਕੂਲਾਂ ਨੂੰ ਹਦਾਇਤਾਂ ਜਾਰੀ ਕੀਤੀ ਗਈ ਕਿ ਆਉਣ ਵਾਲੇ ਦਿਨਾਂ ਵਿੱਚ ਕਮੇਟੀ ਵਲੋਂ ਚੈਕਿੰਗ ਜਾਰੀ ਰਹੇਗੀ। ਇਸ ਲਈ ਜਿਹਨਾਂ ਸਕੂਲਾਂ ਦੇ ਵਾਹਨਾਂ ਦੇ ਕਾਗਜਾਂ ਵਿੱਚ ਜੋ ਵੀ ਕਮੀਆਂ ਹਨ, ਉਨਾਂ ਨੂੰ ਤੁਰੰਤ ਮੁਕੰਮਲ ਕਰ ਲਿਆ ਜਾਵੇ। ਇਹ ਵੀ ਕਿਹਾ ਗਿਆ ਕਿ ਜੇਕਰ ਸਕੂਲਾਂ ਦੇ ਵਾਹਨਜ ਜਾਂ ਪ੍ਰਾਈਵੇਟ ਵਾਹਨ ਹਰ ਪਖੋਂ ਸਹੀ ਹੋਣਗੇ ਤਾਂ ਹੀ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ। ਬੱਚਿਆਂ ਦੀ ਸੁਰੱਖਿਆ ਪ੍ਰਸ਼ਾਸਨ, ਸਕੂਲਾਂ, ਮਾਪਿਆਂ ਆਦਿ ਸਭ ਦੀ ਸਮੂਹਿਕ ਜਿੰਮੇਵਾਰੀ ਹੈ। ਇਸ ਤੋਂ ਇਲਾਵਾ ਕਈ ਸਕੂਲਾਂ ਵੱਲੋਂ ਐਸਡੀਐਮ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਉਹਨਾਂ ਵੱਲੋਂ ਬੱਸਾਂ ਦੇ ਫਿਟਨੈਸ ਸਰਟੀਫਿਕੇਟ ਤੇ ਪਰਮਿਟ ਆਦਿ ਲੈਣ ਲਈ ਅਪਲਾਈ ਕੀਤਾ ਹੋਇਆ ਹੈ। ਪਰੰਤੂ ਉਹਨਾਂ ਨੂੰ ਫਾਇਨਲ ਕਾਗਜਾਤ ਪ੍ਰਾਪਤ ਨਹੀਂ ਹੋਏ। ਇਸ ਲਈ ਮੌਕੇ 'ਤੇ ਮੌਜੂਦ ਏ.ਡੀ.ਟੀ.ਓ ਨੇ ਦੱਸਿਆ ਕਿਇਸ ਸਬੰਧੀ ਜਲਦ ਤੋਂ ਜਲਦ ਕਾਰਵਾਈ ਮੁਕੰਮਲ ਕਰ ਦਿੱਤੀ ਜਾਵੇਗੀ। ਸਕੂਲ ਮੈਨੇਜਮੈਂਟ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਖਾਮੀਆਂ ਨੂੰ ਆਉਣ ਵਾਲੇ 10ਤੋਂ 15 ਦਿਨਾਂ ਵਿੱਚ ਦੂਰ ਕੀਤਾ ਜਾਵੇ ਅਤੇ ਟੀਮ ਵਲੋਂ ਮੁੜ ਤੋਂ ਨਿਰੀਖਣ ਕੀਤਾ ਜਾਵੇਗ ਪਰ ਜੇਕਰ ਦੁਬਾਰਾ ਕੋਈ ਕਮੀ ਮਿਲਦੀ ਹੈ ਤਾਂ ਨਿਯਮਾਂ ਮੁਤਾਬਕ ਮੁੜ ਤੋਂ ਚਲਾਨ ਕੀਤਾ ਜਾਵੇਗਾ ਅਤੇ ਬੱਸਾਂ ਨੂੰ ਜ਼ਬਤ ਵੀ ਕੀਤਾ ਜਾਵੇਗਾ।

## ਪਿਤਾ ਦੀ ਯਾਦ 'ਚ ਸਕੂਲ ਨੂੰ ਐਲ.ਸੀ.ਡੀ. ਦਾਨ ਕੀਤੀ




ਸਮਾਣਾ, 7 ਜੁਲਾਈ (ਵਿਜੇ ਕੁਮਾਰ) : ਮਾਡਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ, ਇੱਕ ਸਾਦੇ ਸਮਾਗਮ ਦੌਰਾਨ ਸਵਰਗੀ ਪ੍ਰੇਮ ਚੰਦ ਗੁਪਤਾ (ਸਾਬਕਾ ਐਸਬੀਆਈ ਕਰਮਚਾਰੀ) ਦੇ ਪੁੱਤਰਾਂ ਰਾਜੀਵ ਗੁਪਤਾ ਅਤੇ ਆਸ਼ੀਸ਼ ਗੁਪਤਾ ਨੇ ਆਪਣੇ ਪਿਤਾ ਦੀ ਪਿਆਰ ਭਰੀ ਯਾਦ ਵਿੱਚ ਸਕੂਲ ਦੇ ਪ੍ਰਾਇਮਰੀ ਵਿੰਗ ਨੂੰ 40 ਇੰਚ ਐਲਸੀਡੀ ਟੀਵੀ ਦਾਨ ਕੀਤਾ। ਜਿਨ੍ਹਾਂ ਦਾ ਸਕੂਲ ਮੈਨੇਜਮੈਂਟ ਅਤੇ ਅਧਿਆਪਕਾਂ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸਕੂਲ ਚੇਅਰਮੈਨ ਡਾਕਟਰ ਕੇ ਕੇ ਜੌਹਰੀ ਨੇ ਸਕੂਲ ਦੇ ਬੁਨਿਆਦੀ ਢਾਂਚੇ ਬਾਰੇ ਬੋਲਦਿਆਂ ਦੱਸਿਆ ਕਿ ਸ਼ਹਿਰ ਦੇ ਦਿਲ ਵਿੱਚ ਸਥਿਤ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸੰਬੰਧਿਤ ਇਹ ਸਕੂਲ ਮੁੱਖ ਤੌਰ 'ਤੇ ਬਹੁਤ ਘੱਟ ਫੀਸਾਂ 'ਤੇ ਗਰੀਬ ਪਰਿਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਦਿੰਦਾ ਹੈ, ਇਹ ਯਕੀਨੀ ਬਣਾਉਂਦਾ ਹੈ ਕਿ ਮਿਆਰੀ ਸਿੱਖਿਆ ਸਾਰਿਆਂ ਲਈ ਪਹੁੰਚਯੋਗ ਹੋਵੇ। ਇਸ ਮੌਕੇ ਉਦਯੋਗਪਤੀ ਰਮੇਸ਼ ਗਰਗ ਸੀ ਏ. ਲਲਿਤ ਸਿੰਗਲਾ, ਅਸ਼ੀਮ ਬਾਂਸਲ, ਸਕੂਲ ਪ੍ਰਿੰਸੀਪਲ ਸਾਲਗਰਾਮ ਦੱਤ, ਗਰਗ ਪਾਈਪ ਸਟੋਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਚੰਦਰੇਸ਼ਵਰ ਸਿੰਘ ਮੋਹੀ ਦਾ ਸਨਮਾਨ, ਕਾਂਗਰਸ ਨੂੰ ਮਜ਼ਬੂਤ ਬਣਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ



ਨਾਭਾ, 7 ਜੁਲਾਈ (ਬਲਜਿੰਦਰ ਮਾਨ) : ਨਾਭਾ ਵਿਧਾਨ ਸਭਾ ਹਲਕੇ ਦੇ ਪਿੰਡ ਹੱਲਾ ਵਿੱਚ ਬਲਾਕ ਸਮਿਤੀ ਮੈਂਬਰ ਰਾਜ ਕੁਮਾਰ ਦੇ ਘਰ ਪਹੁੰਚਣ 'ਤੇ ਐਸ.ਸੀ. ਕਮਿਸ਼ਨ ਦੇ ਸਾਬਕਾ ਚੇਅਰਮੈਨ ਚੰਦਰੇਸ਼ਵਰ ਸਿੰਘ ਮੋਹੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਚੰਦਰੇਸ਼ਵਰ ਸਿੰਘ ਮੋਹੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਰਾਜ ਕੁਮਾਰ ਇੱਕ ਸੀਨੀਅਰ ਪੱਕੇ ਕਾਂਗਰਸੀ ਹਨ ਜਿਨ੍ਹਾਂ ਨੇ ਹਮੇਸ਼ਾ ਕਾਂਗਰਸ ਪਾਰਟੀ ਦੀ ਚੜ੍ਹਤ ਲਈ ਦਿਨ ਰਾਤ ਮਿਹਨਤ ਕੀਤੀ ਹੈ ਅਤੇ ਉਹ ਦੋ ਵਾਰ ਬਲਾਕ ਕਮੇਟੀ ਮੈਂਬਰ ਵੀ ਰਹਿ ਚੁੱਕੇ ਹਨ ਅਤੇ ਇਸ ਸਮੇਂ ਉਨ੍ਹਾਂ ਦੇ ਭਰਾ ਅਮਰੀਕ ਸਿੰਘ ਪਿੰਡ ਦੇ ਮੌਜੂਦਾ ਸਰਪੰਚ ਹਨ। ਚੰਦਰੇਸ਼ਵਰ ਸਿੰਘ ਮੋਹੀ ਨੇ ਕਿਹਾ ਕਿ ਇਸ ਮੌਕੇ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ, ਘਰ ਬੈਠੇ ਕਾਂਗਰਸੀਆਂ ਨੂੰ ਮੁੜ ਸਰਗਰਮ ਕਰਨ ਅਤੇ 2027 ਦੀਆਂ ਆਉਣ ਵਾਲੀਆਂ ਚੋਣਾਂ ਵਿੱਚ ਨੌਜਵਾਨਾਂ ਦੀ ਭੂਮਿਕਾ ਅਤੇ ਮਹੱਤਵ ਕੀ ਹੋਣਾ ਚਾਹੀਦਾ ਹੈ, ਇਸ ਨਾਲ ਸਬੰਧਤ ਸਾਰੇ ਮੁੱਦਿਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ ਗਈ। ਇਸ ਮੌਕੇ ਹਾਕਮ ਗਿਰ ਪੰਚ, ਤਰਸੇਮ ਲਾਲ ਪੰਚ, ਚਰਨਜੀਤ ਕੌਰ ਪੰਚ, ਸਰਤਾਜ ਸਿੰਘ ਪੰਚ, ਜਗਜੀਵਨ ਕੌਰ ਪੰਚ, ਭੁਪਿੰਦਰ ਸਿੰਘ, ਗੁਰਪ੍ਰੀਤ ਸਿੰਘ, ਜਸਵੀਰ ਸਿੰਘ, ਡਾ. ਵਜ਼ੀਰ ਗਿਰ, ਜੋਗਿੰਦਰ ਸਿੰਘ ਨੰਬਰਦਾਰ ਆਦਿ ਵੱਲੋਂ ਚੰਦਰੇਸ਼ਵਰ ਸਿੰਘ ਮੋਹੀ ਨੂੰ ਰਾਜ ਕੁਮਾਰ ਦੀ ਅਗਵਾਈ ਹੇਠ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚੰਦਰਸ਼ੇਖਰ ਸਿੰਘ ਮੋਹੀ ਨੇ ਰਾਜ ਕੁਮਾਰ ਅਤੇ ਸਮੂਹ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।

## ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

ਪਟਿਆਲਾ, 7 ਜੁਲਾਈ (ਚ.ਨ.ਸ.) : ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਮੇਜਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਬਿਊਰੋ ਵੱਲੋਂ 8 ਜੁਲਾਈ ਨੂੰ ਵੱਖ ਵੱਖ ਆਸਾਮੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਈ.ਸੀ.ਆਈ.ਸੀ.ਆਈ. ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਵਿੱਚ ਸਲਾਹਕਾਰ ਦੀ ਆਸਾਮੀ ਲਈ ਜਦਕਿ ਵੇਚ ਨਿਊਟ੍ਰਿਸ਼ਨ ਪ੍ਰਾਈਵੇਟ ਲਿਮਿਟਡ ਵਿੱਚ ਸੇਲਜ਼ ਪ੍ਰਤੀਨਿਧ ਦੀ ਆਸਾਮੀ ਲਈ ਚੋਣ ਕੀਤੀ ਜਾਵੇਗੀ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਸਲਾਹਕਾਰ ਦੀ ਆਸਾਮੀ ਲਈ ਵਿੱਦਿਅਕ ਯੋਗਤਾ ਬਾਰ੍ਹਵੀਂ ਪਾਸ ਤੇ ਉਮਰ 18 ਤੋਂ ਵੱਧ ਹੋਣੀ ਚਾਹੀਦੀ ਹੈ ਇਸ ਆਸਾਮੀ ਲਈ ਮਹਿਲਾ ਤੇ ਪੁਰਸ਼ ਦੋਵੇਂ ਅਪਲਾਈ ਕਰ ਸਕਦੇ ਹਨ। ਇਸ ਤੋਂ ਸੇਲਜ਼ ਪ੍ਰਤੀਨਿਧ ਦੀ ਆਸਾਮੀ ਲਈ ਵਿੱਦਿਅਕ ਯੋਗਤਾ ਗ੍ਰੈਜੂਏਸ਼ਨ ਤੇ ਉਮਰ 25 ਤੋਂ 35 ਸਾਲ ਤੇ ਕੇਵਲ ਪੁਰਸ਼ ਹੀ ਇਸ ਆਸਾਮੀ ਲਈ ਅਪਲਾਈ ਕਰ ਸਕਦੇ ਹਨ। ਉਨ੍ਹਾਂ ਨੌਕਰੀ ਦੇ ਚਾਹਵਾਨ ਉਮੀਦਵਾਰਾਂ ਨੂੰ ਇਸ ਪਲੇਸਮੈਂਟ ਕੈਂਪ ਵਿਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 8 ਜੁਲਾਈ ਦਿਨ ਮੰਗਲਵਾਰ ਨੂੰ ਸਵੇਰੇ 10:00 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ, ਬਲਾਕ ਡੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨੇੜੇ ਸੇਵਾ ਕੇਂਦਰ ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿਚ ਹਿੱਸਾ ਲੈ ਸਕਦੇ ਹਨ। ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਸੰਪਰਕ ਨੰਬਰ 98776-10877 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਚੌਂਕੀ ਫੱਗਣਮਾਜਰਾ ਪੁਲਿਸ ਵੱਲੋਂ 5 ਗ੍ਰਾਮ ਹੈਰੋਇਨ ਬ੍ਰਾਮਦ

ਪਟਿਆਲਾ, 7 ਜੁਲਾਈ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਅਧੀਨ ਪੈਂਦੀ ਚੌਂਕੀ ਫੱਗਣਮਾਜਰਾ ਪੁਲਿਸ ਨੇ ਕਥਿਤ ਦੋਸ਼ੀ ਗੋਰਾ ਲਾਲ ਵਾਸੀ ਗਲੀ ਨੰ. 10 ਤਫੱਜਲਪੁਰਾ ਪਟਿਆਲਾ ਹਾਲ ਏਕਤਾ ਨਗਰ-ਏ ਨੇੜੇ ਫੋਕਲ ਪੁਆਇੰਟ ਪਟਿਆਲਾ ਵਿਰੁੱਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਚੌਂਕੀ ਫੱਗਣਮਾਜਰਾ ਦੇ ਏ.ਐਸ.ਆਈ. ਮਨਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਨੇੜੇ ਏਸ਼ੀਅਨ ਕਾਲਜ ਸਰਹੰਦ ਰੋਡ ਪਟਿਆਲਾ ਮੌਜੂਦ ਸੀ। ਉਸ ਸਮੇਂ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ 'ਤੇ 5 ਗ੍ਰਾਮ ਚਿੱਟਾ/ਹੈਰੋਇਨ ਬ੍ਰਾਮਦ ਹੋਈ।

## ਨਸ਼ੀਲੀਆਂ ਗੋਲ਼ੀਆਂ ਰੱਖਣ ਵਾਲੇ ਨੂੰ ਸਜ਼ਾ

ਪਟਿਆਲਾ, 7 ਜੁਲਾਈ (ਵਿਨੋਦ ਸ਼ਰਮਾ) : ਨਸ਼ੀਲੀਆਂ ਗੋਲ਼ੀਆਂ ਰੱਖਣ ਦੇ ਮਾਮਲੇ 'ਚ ਅਦਾਲਤ ਨੇ ਦੋਸ਼ੀ ਬਲਬੀਰ ਸਿੰਘ ਉਰਫ ਬੀਰਾ ਨੂੰ ਪੰਜ ਸਾਲ ਦੀ ਸਜ਼ਾ ਸੁਣਾਈ ਹੈ ਅਤੇ 500 ਰੁਪਏ ਜੁਰਮਾਨਾ ਭਰਨ ਦੇ ਆਦੇਸ਼ ਦਿੱਤੇ ਹਨ। ਪੁਲਿਸ ਨੇ ਉਸ ਤੋਂ 500 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ ਕਰਕੇ ਸਾਲ 2019 ਵਿਚ ਮਾਮਲਾ ਦਰਜ ਕੀਤਾ ਸੀ।

## ਕਾਂਗਰਸ ਨੇ 13 ਮੰਡਲ ਪ੍ਰਧਾਨ ਨਿਯੁਕਤ ਕੀਤੇ



ਨਾਭਾ, 7 ਜੁਲਾਈ (ਗੁਰਚਰਨ ਸਿੰਘ ਚੌਧਰੀ ਮਾਜਰਾ) : ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਚੋਣਾਂ ਨੂੰ ਵੇਖਦਿਆਂ ਹੀ ਮੰਡਲ ਪ੍ਰਧਾਨ ਨਿਯੁਕਤ ਕੀਤੇ ਗਏ ਹਨ। ਪੰਜ ਸ਼ਹਿਰੀ ਮੰਡਲ ਪ੍ਰਧਾਨ ਅਤੇ ਅੱਠ ਦਿਹਾਤੀ ਮੰਡਲ ਪ੍ਰਧਾਨ ਨਿਯੁਕਤ ਕੀਤੇ ਗਏ ਹਨ ਜਿਨ੍ਹਾਂ ਦੇ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਮੰਡਲ ਪ੍ਰਧਾਨ ਭੀਮ ਸਿੰਘ ਬਨੇਰਾ ਕਲਾ, ਚਮਕੌਰ ਸਿੰਘ ਨਿੱਕੂ ਬੌੜਾ ਕਲਾਂ, ਸਹਿਜ ਵੀਰ ਸਿੰਘ ਚੱਠਾ, ਗੁਰਵਿੰਦਰ ਸਿੰਘ ਸਾਲੂਵਾਲ, ਕੁਲਵੀਰ ਸਿੰਘ ਗਦਾਈਆ, ਸੁਖਜੀਵਨ ਕੁਮਾਰ ਭੋਲਾ ਭਾਦਸੋਂ, ਸਤਨਾਮ ਸਿੰਘ ਰਾਮਣ ਮਾਜਰੀ, ਅਮਰੀਸ ਸਿੰਘ ਜੱਸੋ ਮਾਜਰਾ, ਪਰਵੀਨ ਮਿੱਤਲ ਗੋਗੀ ਨਾਭਾ, ਸ਼ਸ਼ੀ ਜਿੰਦਲ, ਨਰੇਸ਼ ਸ਼ਰਮਾ, ਅਜੈਬ ਸਿੰਘ ਜੈਬੂ, ਗੁਰਦਿੱਤ ਸੇਠ, ਬਲਵਿੰਦਰ ਸਿੰਘ ਬਿੱਟੂ ਢਿੰਗੀ, ਵਿਵੇਕ ਸਿੰਗਲਾ ਸ਼ਹਿਰੀ ਪ੍ਰਧਾਨ, ਕੁਆਰਡੀਨੇਟਰ ਨਰਿੰਦਰ ਲਾਲੀ ਹਾਜ਼ਰ ਸਨ।

## 9 ਨੂੰ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਕਿਸਾਨ ਜਥੇਬੰਦੀਆਂ ਅਤੇ ਟਰੇਡ ਯੂਨੀਅਨ ਆਗੂਆਂ ਦੀ ਮੀਟਿੰਗ



ਨਾਭਾ, 7 ਜੁਲਾਈ (ਗੁਰਚਰਨ ਸਿੰਘ ਚੌਧਰੀਮਾਜਰਾ) : 9 ਜੁਲਾਈ ਨੂੰ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਪੂਰੇ ਭਾਰਤ ਵਿੱਚ ਕੀਤੀ ਜਾਣ ਵਾਲੀ ਹੜਤਾਲ ਦੇ ਸਬੰਧ ਵਿੱਚ ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਅਤੇ ਟਰੇਡ ਯੂਨੀਅਨ ਆਗੂਆਂ ਦੀ ਸਾਂਝੀ ਮੀਟਿੰਗ ਕੀਤੀ ਗਈ। ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਗੁਰਮੀਤ ਸਿੰਘ ਛੱਜੂਭੱਟ ਅਤੇ ਵਰਿੰਦਰ ਕੁਮਾਰ ਬੈਣੀ ਟਰੇਡ ਯੂਨੀਅਨ ਕੌਂਸਲ ਨਾਭਾ ਦੇ ਪ੍ਰਧਾਨ ਦੀ ਸਾਂਝੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਜਿਸ ਵਿੱਚ ਸਮੂਹ ਟਰੇਡ ਯੂਨੀਅਨ ਜਥੇਬੰਦੀਆਂ ਵੱਲੋਂ ਜਥੇਬੰਦੀ ਦੇ ਉਲੀਕੇ ਐਕਸ਼ਨ ਪ੍ਰੋਗਰਾਮ ਹੜਤਾਲ ਦੇ ਸਬੰਧ ਵਿੱਚ ਫੈਸਲਾ ਕੀਤਾ ਗਿਆ ਕਿ ਆਉਣ ਵਾਲੀ 9 ਜੁਲਾਈ (ਦਿਨ ਬੁੱਧਵਾਰ) ਸਮੁੱਚੀਆਂ ਜਥੇਬੰਦੀਆਂ ਵੱਲੋਂ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ ਅਤੇ ਪੰਜਾਬ ਅਤੇ ਕੇਂਦਰ ਸਰਕਾਰ ਦੇ ਵਿਰੁੱਧ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਗਿਆ। ਨਾਭਾ ਦੇ ਪਟਿਆਲਾ ਗੇਟ ਸਥਿਤ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਤੋਂ ਰੋਸ ਮਾਰਚ ਸ਼ੁਰੂ ਕਰਕੇ ਸ਼ਹਿਰ ਵਿੱਚ ਹੁੰਦੇ ਹੋਏ ਬੌੜਾਂ ਗੇਟ ਵਿਖੇ ਸਮਾਪਤੀ ਕੀਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਸ਼ਾਮਲ ਹੋਈਆਂ ਜਥੇਬੰਦੀਆਂ ਦੇ ਆਗੂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਕੁਲ ਹਿੰਦ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ, ਕਰਾਂਤੀਕਾਰੀ ਕਿਸਾਨ ਯੂਨੀਅਨ, ਕਿਸਾਨ ਵਿਕਾਸ ਫਰੰਟ, ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਟਰੇਡ ਯੂਨੀਅਨ ਕੌਂਸਲ, ਬਲਦੇਵ ਸਿੰਘ ਸੀ.ਪੀ.ਆਈ., ਆਲ ਇੰਡੀਆ ਪੋਸਟਲ ਯੂਨੀਅਨ, ਕੁਲ ਹਿੰਦ ਖੇਤ ਮਜਦੂਰ ਯੂਨੀਅਨ, ਜੰਗਲਾਤ ਵਿਭਾਗ ਯੂਨੀਅਨ ਆਦਿ ਯੂਨੀਅਨ ਦੇ ਅਹੁੱਦੇਦਾਰ ਤੇ ਮੈਂਬਰ ਹਾਜ਼ਰ ਸਨ।

## ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਦੀ ਚੋਣ ਲਈ ਡੈਲੀਗੇਟਾਂ ਦੀ ਮੀਟਿੰਗ



ਪਟਿਆਲਾ, 7 ਜੁਲਾਈ (ਰੁਪਾਣਾ) : ਸ਼੍ਰੋਮਣੀ ਅਕਾਲੀ ਦਲ ਦੇ ਵੱਲੋਂ ਨਵੇਂ ਬਣਾਏ ਜਾਣ ਵਾਲੇ ਜ਼ਿਲ੍ਹਾ ਸ਼ਹਿਰੀ ਅਤੇ ਦੇਹਾਤੀ ਪ੍ਰਧਾਨਾਂ ਦੀ ਚੋਣ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਵੱਲੋਂ ਨਿਯੁਕਤ ਕੀਤੇ ਗਏ ਜ਼ਿਲ੍ਹਾ ਡੈਲੀਗੇਟਾਂ ਨੇ ਇਸ ਮੀਟਿੰਗ ਦੇ ਵਿੱਚ ਵੱਧ ਚੜ ਕੇ ਹਿੱਸਾ ਲਿਆ ਉੱਥੇ ਹੀ ਪਾਰਟੀ ਦੇ ਵੱਲੋਂ ਨਿਯੁਕਤ ਕੀਤੇ ਗਏ ਜ਼ਿਲ੍ਹਾ ਓਬਜਰਵਰ ਐਨ.ਕੇ ਸ਼ਰਮਾ ਅਤੇ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੀ ਅਗਵਾਈ ਦੇ ਵਿੱਚ ਅੱਜ ਇਹ ਮੀਟਿੰਗ ਪਟਿਆਲਾ ਦੇ ਇਤਿਹਾਸਿਕ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਵਿਖੇ ਰੱਖੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਪਟਿਆਲਾ ਜ਼ਿਲ੍ਹੇ ਦੇ ਸ਼ਹਿਰੀ ਪ੍ਰਧਾਨ ਅਮਿਤ ਸਿੰਘ ਰਾਠੀ ਪਟਿਆਲਾ ਦਿਹਾਤੀ ਤੋਂ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਪਟਿਆਲਾ ਸ਼ਹਿਰੀ ਤੋਂ ਇੰਚਾਰਜ ਅਮਰਿੰਦਰ ਸਿੰਘ ਬਜਾਜ ਹਲਕਾ ਸ਼ੁਤਰਾਣਾ ਤੋਂ ਇਨਚਾਰਜ ਬਾਬੂ ਕਬੀਰ ਦਾਸ ਹਲਕਾ ਨਾਭਾ ਤੋਂ ਇੰਚਾਰਜ ਮੱਖਣ ਸਿੰਘ ਲਾਲਕਾ ਹਲਕਾ ਘਨੌਰ ਤੋਂ ਇੰਚਾਰਜ ਫੌਜਇੰਦਰ ਸਿੰਘ ਮੁਖਮੈਲਪੁਰ ਸਨੌਰ ਤੋਂ ਇੰਚਾਰਜ ਕ੍ਰਿਸ਼ਨ ਸਨੌਰ ਜਸਮੇਲ ਸਿੰਘ ਲਾਛੜੂ ਮਨਪ੍ਰੀਤ ਸਿੰਘ ਚੱਡਾ ਹਰਮੀਤ ਹਰਿਆਓ ਜਗਮੀਤ ਹਰਿਆਓ ਬੀਬੀ ਸ਼ਮਿੰਦਰ ਕੌਰ ਜਗਪ੍ਰੀਤ ਸਿੰਘ ਬੱਬਰ ਯੂਥ ਅਕਾਲੀ ਦਲ ਦੇ ਪਟਿਆਲਾ ਸ਼ਹਿਰੀ ਪ੍ਰਧਾਨ ਕਰਨ ਸਾਹਨੀ ਪਟਿਆਲਾ ਦਿਹਾਤੀ ਤੋਂ ਪ੍ਰਧਾਨ ਅੰਮ੍ਰਿਤਪਾਲ ਸਿੰਘ ਲੰਗ ਅਤੇ ਹੋਰ ਵੱਡੀ ਗਿਣਤੀ ਸਾਬਕਾ ਕੌਂਸਲਰਾਂ ਅਤੇ ਅਕਾਲੀ ਦਲ ਦੇ ਆਗੂਆਂ ਨੇ ਇਸ ਮੀਟਿੰਗ ਦੇ ਵਿੱਚ ਹਾਜ਼ਰੀ ਲਗਾਈ। ਉਥੇ ਹੀ ਇਸ ਮੀਟਿੰਗ ਦੇ ਵਿੱਚ ਪਹੁੰਚੇ ਸਾਰੇ ਹੀ ਡੈਲੀਗੇਟਾਂ ਨੂੰ ਜਿੱਥੇ ਓਬਜਰਵਰ ਸ੍ਰੀ ਐਨ ਕੇ ਸ਼ਰਮਾ ਅਤੇ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੇ ਵੱਲੋਂ ਸੰਬੋਧਨ ਕੀਤਾ ਗਿਆ ਅਤੇ ਪੰਜਾਬ ਦੇ ਭਵਿੱਖ ਦੇ ਲਈ ਸਾਰੇ ਹੀ ਅਧਿਕਾਰ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਦਿੱਤੇ ਗਏ ਨੇ ਅਤੇ ਉਹਨਾਂ ਆਖਿਆ ਕਿ ਅੱਜ ਦੀ ਮੀਟਿੰਗ ਦੇ ਸਬੰਧੀ ਵੀ ਸਾਰੀ ਰਿਪੋਰਟ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਸੌਂਪੀ ਜਾਏਗੀ।

## ਡਾਇਰੀਆ ਅਤੇ ਪੀਣ ਵਾਲੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਸਿਹਤ ਵਿਭਾਗ ਵੱਲੋਂ ਯਤਨ ਜਾਰੀ

### ਆਈ.ਐਮ.ਏ. ਮੈਂਬਰਾਂ ਤੇ ਪ੍ਰਾਈਵੇਟ ਹਸਪਤਾਲਾਂ ਦੇ ਡਾਕਟਰਾਂ ਨਾਲ ਮੀਟਿੰਗ



ਪਟਿਆਲਾ, 7 ਜੁਲਾਈ (ਰੁਪਾਣਾ): ਡਾਇਰੀਆ ਅਤੇ ਪੀਣ ਵਾਲੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਸਿਵਲ ਸਰਜਨ ਡਾ.ਜਗਪਾਲਇੰਦਰ ਸਿੰਘ ਵੱਲੋਂ ਇੰਡੀਅਨ ਮੈਡੀਕਲ ਐਸੋਸੀਏਸ਼ਨ ਅਤੇ ਪ੍ਰਾਇਵੇਟ ਹਸਪਤਾਲਾ ਦੇ ਡਾਕਟਰਾਂ ਅਤੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਨੋਟੀਫਾਐਬਲ ਬਿਮਾਰੀਆਂ ਜਿਵੇਂ ਕਿ ਡੇਂਗੂ, ਡਾਇਰੀਆ, ਹੈਜਾ, ਪੀਲੀਆ, ਮਲੇਰੀਆ ਆਦਿ ਦੇ ਕੇਸਾਂ ਦੀ ਰੋਜ਼ਾਨਾ ਰਿਪੋਰਟਿੰਗ ਲਈ ਕਿਹਾ ਗਿਆ। ਰੋਜ਼ਾਨਾ ਰਿਪੋਰਟਿੰਗ ਦਾ ਫਾਰਮੈਟ, ਜਿਸ ਵਿੱਚ ਮਰੀਜ਼ ਦਾ ਵੈਰਵਾ, ਲੱਛਣ ਅਤੇ ਹਾਲਤ ਜ਼ਿਲ੍ਹਾ ਸਿਹਤ ਵਿਭਾਗ ਨਾਲ ਸਾਂਝਾ ਕਰਨ ਨੂੰ ਕਿਹਾ ਗਿਆ। ਉਹਨਾਂ ਵੱਲੋਂ ਜ਼ਿਲ੍ਹੇ ਦੇ ਹਾਈ ਰਿਸਕ ਇਲਾਕਿਆਂ ਦੀ ਲਿਸਟ ਵੀ ਸਾਂਝੀ ਕੀਤੀ। ਮੀਟਿੰਗ ਵਿੱਚ ਆਏ ਆਈ.ਐਮ.ਏ ਅਤੇ ਪ੍ਰਾਈਵੇਟ ਹਸਪਤਾਲਾਂ ਦੇ ਨੁਮਾਇੰਦਿਆਂ ਵੱਲੋਂ ਸਿਹਤ ਵਿਭਾਗ ਦਾ ਰਿਪੋਰਟਿੰਗ ਵਿੱਚ ਪੂਰਨ ਸਹਯੋਗ ਦੇਣ ਸਬੰਧੀ ਵਿਸ਼ਵਾਸ ਦਵਾਇਆ ਗਿਆ। ਇਸ ਮੀਟਿੰਗ ਵਿੱਚ ਡੀ.ਐਮ.ਸੀ ਡਾ.ਜਸਵਿੰਦਰ ਸਿੰਘ, ਐਸ.ਐਮ.ਓ ਨਾਭਾ ਡਾ.ਵੀਨੂ ਗੋਇਲ, ਐਸ.ਐਮ.ਓ ਮਾਤਾ ਕੁਸ਼ੱਲਿਆ ਡਾ.ਵਿਕਾਸ ਗੋਇਲ ਅਤੇ ਡਾ.ਅਸ਼ਰਫਜੀਤ ਸਿੰਘ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ.ਸੁਮੀਤ ਸਿੰਘ ਅਤੇ ਡਾ. ਦਿਵਜੋਤ ਸਿੰਘ, ਆਈ.ਐਮ.ਏ. ਅਤੇ ਪ੍ਰਾਈਵੇਟ ਹਸਪਤਾਲਾਂ ਦੇ ਨੁਮਾਇੰਦੇ ਸ਼ਾਮਲ ਸਨ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਗਾਜ਼ੀਪੁਰ ਗਊਸ਼ਾਲਾ ਵਿੱਖੇ ਹਰੇ-ਚਾਰੇ ਦੀ ਸੇਵਾ ਕੀਤੀ



ਸਮਾਣਾ, 7 ਜੁਲਾਈ (ਵਿਜੇ ਕੁਮਾਰ) : ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਗਾਜ਼ੀਪੁਰ ਸਰਕਾਰੀ ਗਾਊਸ਼ਾਲਾ ਵਿੱਖੇ ਹਰੇ ਚਾਰੇ ਦੀ ਜ਼ਰੂਰਤ ਨੂੰ ਦੇਖਦਿਆਂ 1 ਟਰਾਲੀ ਹਰੇ ਚਾਰੇ ਦੀ ਸੇਵਾ ਕੀਤੀ ਗਈ। ਦਲ ਦੇ ਮੈਂਬਰਾਂ ਨੇ ਆਪਣੇ ਹੱਥੀਂ ਖੁਰਲੀਆਂ ਵਿੱਚ ਹਰਾ ਚਾਰਾ ਪਾ ਕੇ ਸਕੂਨ ਮਹਿਸੂਸ ਕੀਤਾ। ਇਸ ਮੌਕੇ ਸ਼ਿਵ ਸ਼ੰਕਰ ਯੂਥ ਸੇਵਾ ਦਲ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਦੱਸਿਆ ਕਿ ਸਮਾਜ ਸੇਵਾ ਇੱਕ ਉੱਦਮ ਸੇਵਾ ਹੈ ਉਹ ਅੱਗੇ ਤੋ ਵੀ ਗੌਵੰਸ ਲਈ ਹਰੇ ਚਾਰੇ ਦੀ ਸੇਵਾ ਕਰਦੇ ਰਹਿਣਗੇ। ਇਸ ਮੌਕੇ 'ਤੇ ਸੰਜੇ ਮੰਤਰੀ, ਕਮਲ ਸ਼ਰਮਾ, ਅਮਨ ਵਰਮਾ, ਮਨੋਜ ਰਹੇਜਾ, ਅਮਿਤ ਧੀਮਾਨ, ਰੋਕੀ ਗਰਗ, ਸੰਨੀ ਥਰੇਜਾ, ਸਾਹਿਲ ਭਟਨਾਗਰ, ਮੋਹਨ ਚਾਵਲਾ, ਰਾਕੇਸ਼ ਕੁਮਾਰ, ਬਲਵਿੰਦਰ ਕੁਮਾਰ ਮੌਜੂਦ ਸਨ।

## ਉਮੰਗ ਵੈਲ.ਫੇਅਰ ਫਾਊਂਡੇਸ਼ਨ ਦੀ 9ਵੀਂ ਵਰ੍ਹੇਗੰਢ ਮੌਕੇ ਸਨਮਾਨ ਸਮਾਰੋਹ

### ਅਜਿਹੀਆਂ ਸੰਸਥਾਵਾਂ ਸਮਾਜਿਕ ਚੇਤਨਾ ਨੂੰ ਜਾਗਰੂਕ ਕਰਨ 'ਚ ਨਿਭਾਅ ਰਹੀਆਂ ਨੇ ਅਹਿਮ ਭੂਮਿਕਾ : ਚੇਅਰਮੈਨ ਰਣਜੋਧ ਹਡਾਨਾ



ਪਟਿਆਲਾ, 7 ਜੁਲਾਈ (ਅਮਰਜੀਤ) : ਉਮੰਗ ਵੈਲਫੇਅਰ ਫੌਂਡੇਸ਼ਨ ਵੱਲੋਂ ਆਪਣੀ 9ਵੀਂ ਵਰੇਗੰਢ ਭਾਸ਼ਾ ਵਿਭਾਗ ਪਟਿਆਲਾ ਵਿਖੇ ਇਕ ਵਿਸ਼ੇਸ਼ ਸਮਾਰੋਹ ਰਾਹੀਂ ਮਨਾਈ ਗਈ। ਇਹ ਸਮਾਰੋਹ ਸਮਾਜ ਸੇਵਾ, ਸਿੱਖਿਆ ਅਤੇ ਮਨੁੱਖਤਾ ਦੀ ਸੇਵਾ ਵਿਚ ਯੋਗਦਾਨ ਪਾਉਣ ਵਾਲੇ ਵਿਅਕਤੀਆਂ ਨੂੰ ਸਨਮਾਨਿਤ ਕਰਨ ਲਈ ਸਮਰਪਿਤ ਸੀ। ਇਸ ਸਮਾਰੋਹ ਵਿੱਚ ਰਣਜੋਧ ਸਿੰਘ ਹਡਾਨਾ ਚੇਅਰਮੈਨ ਪੀ ਆਰ ਟੀ ਸੀ ਤੇ ਸੂਬਾ ਸਕੱਤਰ ਪੰਜਾਬ ਨੇ ਮੁੱਖ ਮਹਿਮਾਨ ਅਤੇ ਰਿਟਾਇਰਡ ਸਹਾਇਕ ਡਾਇਰੈਕਟਰ ਡਾ. ਹਰਨੇਕ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਦੱਸਣਯੋਗ ਹੈ ਕਿ ਉਮੰਗ ਵੈਲਫੇਅਰ ਫਾਊਂਡੇਸ਼ਨ ਇੱਕ ਗੈਰ-ਲਾਭਕਾਰੀ ਸੰਸਥਾ ਹੈ ਜੋ 2016 ਤੋਂ ਸਮੇਂ ਤੋਂ ਸਮਾਜ ਦੀ ਭਲਾਈ ਲਈ ਕੰਮ ਕਰ ਰਹੀ ਹੈ। ਰਣਜੋਧ ਸਿੰਘ ਹਡਾਨਾ ਨੇ ਆਪਣੇ ਭਾਸ਼ਣਾਂ ਰਾਹੀਂ ਉਮੰਗ ਵੈਲਫੇਅਰ ਫਾਊਂਡੇਸ਼ਨ ਦੀ ਕਾਰਗੁਜ਼ਾਰੀ ਦੀ ਪ੍ਰਸ਼ੰਸਾ ਕੀਤੀ ਅਤੇ ਸਮਾਜ ਸੇਵਾ ਲਈ ਕੀਤੀ ਜਾ ਰਹੀ ਪ੍ਰੇਰਕ ਕੋਸ਼ਿਸ਼ ਨੂੰ ਮਿਸਾਲ ਦੱਸਦੇ ਹੋਏ ਹੋਰਾਂ ਨੂੰ ਵੀ ਅਜਿਹੀਆਂ ਸੰਸਥਾਵਾਂ ਨਾਲ ਜੁੜਨ ਦਾ ਆਹਵਾਨ ਕੀਤਾ। ਉਨ੍ਹਾਂ ਨੇ ਸਮਾਜ ਦੇ ਹਰੇਕ ਵਰਗ ਨੂੰ ਇਕਜੁਟ ਹੋ ਕੇ ਅਜਿਹੀਆਂ ਸੰਸਥਾਵਾਂ ਦੀ ਮਦਦ ਕਰਨ ਦੀ ਅਪੀਲ ਕੀਤੀ। ਸਮਾਰੋਹ ਦੀ ਸਮਾਪਤੀ ਮੌਕੇ ਉਮੰਗ ਵੈਲਫੇਅਰ ਫਾਊਂਡੇਸ਼ਨ ਦੇ ਪ੍ਰਧਾਨ ਅਰਵਿੰਦਰ ਸਿੰਘ ਅਤੇ ਸਮੂਹ ਟੀਮ ਨੇ ਇਸ ਗੱਲ ਦਾ ਵਿਸ਼ਵਾਸ ਦਵਾਇਆ ਕਿ ਉਹ ਭਵਿੱਖ ਵਿੱਚ ਵੀ ਸਮਾਜ ਸੇਵਾ ਲਈ ਨਿਰੰਤਰ ਯਤਨਸ਼ੀਲ ਰਹਿਣਗੇ ਅਤੇ ਲੋਕਾਂ ਦੀ ਭਲਾਈ ਲਈ ਨਵੇਂ ਉਪਰਾਲੇ ਕਰਦੇ ਰਹਿਣਗੇ। ਇਸ ਮੌਕੇ ਉਨ੍ਹਾਂ ਨਾਲ ਸੰਸਥਾ ਦੇ ਮੈਂਬਰ ਅਨੁਰਾਗ ਅਚਾਰਿਆ, ਯੋਗੇਸ਼ ਪਾਠਕ, ਰਾਜਿੰਦਰ ਸਿੰਘ, ਡਾ.ਗਗਨਪ੍ਰੀਤ ਕੌਰ, ਵਿਮਲ ਸ਼ਰਮਾ, ਪਰਮਜੀਤ ਸਿੰਘ, ਗੁਰਦੀਪ ਸਿੰਘ, ਰੁਪਿੰਦਰ ਸੋਨੂ, ਹਿਮਾਨੀ, ਅਜੇ ਸ਼ਰਮਾਂ, ਤੀਰਥ ਟੱਕਰ, ਨਰਿੰਦਰ ਗੋਲਡੀ, ਭਾਵਨਾ ਅਚਾਰਿਆ, ਦੀਪੂ, ਕਮਲਪ੍ਰੀਤ ਸਿੰਘ, ਸਤਵਿੰਦਰ ਸਿੰਘ ਤਾਇਕੋਵਾਂਡੋ ਕੋਚ, ਐਸ.ਪੀ. ਸਿੰਘ ਐਚ ਓ ਡੀ ਵੀ ਮੌਜੂਦ ਸਨ। ਸਨਮਾਨ ਸ਼ਖਸੀਅਤਾਂ ਵਿੱਚ ਡਾ.ਮਨਪ੍ਰੀਤ ਕੌਰ ਸੰਤ ਕਬੀਰ ਕਾਲਜ, ਪ੍ਰਿੰਸੀਪਲ ਮਨਦੀਪ ਕੌਰ ਅੰਟਾਲ ਪੁਰਾਣੀ ਪੁਲਿਸ ਲਾਈਨ ਸਕੂਲ, ਸੀਨੀਅਰ ਕੁਆਰਡੀਨੇਟਰ ਸ਼ਿਖਾ ਅਰੋੜਾ ਜੈਮਸ ਸਕੂਲ, ਸਤੀਸ਼ ਵਿਦਰੋਹੀ ਅਧਿਆਪਕ ਅਤੇ ਕਵੀ, ਪ੍ਰਿੰਸੀਪਲ ਰੇਖਾ ਗੁਪਤਾ ਸੁਸ਼ੀਲਾ ਦੇਵੀ ਸਕੂਲ, ਵਿਕਾਸ ਗੋਲਡਨ ਏਰਾ ਸਕੂਲ, ਜਸਵੀਰ ਕੌਰ ਪਲੇਵੇਜ ਸੀਨੀਅਰ ਸੈਕੰਡਰੀ ਸਕੂਲ, ਹਰਨੀਤ ਕੌਰ ਅਨੰਦ ਮਾਤਾ ਸਾਹਿਬ ਕੌਰ ਕਾਲਜ, ਸਤਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਸਕੂਲ, ਡਾ.ਅਜੈ ਭਾਸਕਰ, ਮਨਦੀਪ ਸਿੰਘ ਹੈਲਪਿੰਗ ਹੈਂਡਸ, ਅਮਨਦੀਪ ਸਿੰਘ ਨੇਚਰ ਲਵ ਏਕਮ, ਸੁਖਜੀਤ ਜੀ ਖਾਲਸਾ ਏਡਜ਼, ਨਰੇਸ਼, ਰਾਜੇਸ਼, ਗੁਰਮੁੱਖ ਮਰੀਜ਼ ਮਿੱਤਰਾ, ਸਤੀਸ਼, ਆਰਚਰੀ ਪਲੇਅਰ ਗੁਰਪ੍ਰੀਤ ਕੌਰ ਗੁਰਸਾਜ, ਗੌਤਮ, ਪਰਮਿੰਦਰ ਸਿੰਘ, ਸੁਰੇਸ਼ ਕਾਮਰਾ ਤੋਂ ਇਲਾਵਾ ਹੋਰ ਅਧਿਆਪਕ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਸਨ।

## ਸ਼ਹੀਦ ਕਰਨੈਲ ਸਿੰਘ ਸਪੋਰਟਸ ਕਲੱਬ ਵੱਲੋਂ ਖ਼ੂਨਦਾਨੀ ਪ੍ਰਿਥੀਪਾਲ ਸਿੰਘ ਇਸੜੂ ਦਾ ਸਨਮਾਨ



ਨਾਭਾ, 7 ਜੁਲਾਈ (ਬਲਜਿੰਦਰ ਮਾਨ) : ਸ਼ਹੀਦ ਕਰਨੈਲ ਸਿੰਘ ਸਪੋਰਟਸ ਕਲੱਬ ਦੇ ਸਾਲਾਨਾ ਸਮਾਗਮ ਵਿਚ ਉੱਘੇ ਸਮਾਜ ਸੇਵਕ ਅਤੇ ਅਨੇਕਾਂ ਵਾਰ ਖੂਨ ਦਾਨ ਕਰ ਚੁੱਕੇ ਖੂਨਦਾਨੀ ਪ੍ਰਿਥੀਪਾਲ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਇਸ ਮੌਕੇ ਕਲੱਬ ਦੇ ਪ੍ਰਧਾਨ ਗਗਨ ਦੀਪ ਸਿੰਘ ਨੇ ਕਿਹਾ ਕੇ ਪ੍ਰਿਥੀਪਾਲ ਸਿੰਘ ਈਸੜੂ ਪਿੰਡ ਦਾ ਹੀ ਨਹੀਂ ਸੱਗੂ ਪੂਰੇ ਇਲਾਕੇ ਦਾ ਚਲਦਾ ਫਿਰਦਾ ਬਲੱਡ ਬੈਂਕ ਹੈ। ਉਹਨਾਂ ਅੱਗੇ ਬੋਲਦਿਆਂ ਕਿਹਾ ਕੇ ਪ੍ਰਿਥੀਪਾਲ ਸਿੰਘ ਨੇ ਕਿਸੇ ਸਰਟੀਫਿਕੇਟ ਦੇ ਸਨਮਾਨ ਦੀ ਇੱਛਾ ਨਹੀਂ ਕੀਤੀ ਸਗੋਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੇ ਵਿਅਕਤੀਆ ਨੂੰ ਅਨੇਕਾਂ ਵਾਰ ਖੂਨ ਦਾਨ ਅਤੇ ਮਾਲੀ ਸਹਾਇਤਾ ਕੀਤੀ ਜਾਂਦੀ ਰਹੀ ਹੈ। ਉਹਨਾਂ ਇਸ ਪਰਿਵਾਰ ਬਾਰੇ ਬੋਲਦਿਆਂ ਕਿਹਾ ਕੇ ਪਰਿਵਾਰ ਅਜ਼ਾਦੀ ਘੁਲਾਟੀਆ ਪਰਿਵਾਰ ਹੋਣ ਕਰਕੇ ਪਹਿਲਾਂ ਹੀ ਦੇਸ਼ ਦੇ ਲੋਕਾਂ ਲਈ ਅਰਪਤ ਸੀ। ਉਹਨਾਂ ਅੱਗੇ ਕਿਹਾ ਕਿ ਪ੍ਰਿਥੀਪਾਲ ਜਿਥੇ ਇਸ ਕਲੱਬ ਦੇ ਵੱਖ ਵੱਖ ਆਉਦਿਆਂ ਓਥੇ ਹੀ ਇਲਾਕੇ ਦੇ ਵਿਚ ਚੰਗਾ ਨਾਮ ਰੱਖਦਾ ਹੈ। ਕਲੱਬ ਵਲੋਂ ਇਸ ਮੌਕੇ ਤੇ ਪ੍ਰਿਥੀਪਾਲ ਸਿੰਘ ਵੱਲੋਂ ਲਿਖੀ ਕਿਤਾਬ 'ਖ਼ੂਨ ਦਾਨ ਮਹਾਂ ਦਾਨ' ਜਾਰੀ ਕੀਤੀ ਗਈ, ਜੋ ਕਿ ਪਰਿਵਾਰ ਵੱਲੋਂ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਜਾਗ੍ਰਿਤ ਕਰਨ ਲਈ ਫਰੀ ਵੰਡੀ ਗਈ। ਇਸ ਮੌਕੇ ਗਗਨ ਦੀਪ ਸਿੰਘ ਕਲੱਬ ਮੈਂਬਰ ਰਾਹੁਲ ਲੁਟਾਵਾ, ਹਰਸ਼ਦੀਪ ਬੈਨੀਪਾਲ, ਰਮਨਦੀਪ ਸਿੰਘ, ਜਗਜੀਤ ਸਿੰਘ ਆਦਿ ਸ਼ਾਮਿਲ ਸਨ।